ਮੰਗਲਵਾਰ, 24 ਜੂਨ, 2025

10 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 23

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 24 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪ੍ਰੂਫ-ਰੀਡ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਆਪ ਨੇ ਲੁਧਿਆਣਾ ਪੱਛਮੀ ਸੀਟ ਬਰਕਰਾਰ ਰੱਖੀ

## ਸੰਜੀਵ ਅਰੋੜਾ ਨੇ ਕਾਂਗਰਸ ਦੇ ਆਸ਼ੂ ਨੂੰ 10637 ਵੋਟਾਂ ਦੇ ਫਰਕ ਨਾਲ ਹਰਾਇਆ, ਭਾਜਪਾ ਤੀਜੇ ਤੇ ਅਕਾਲੀ ਦਲ ਚੌਥੇ ਨੰਬਰ 'ਤੇ

**ਲੁਧਿਆਣਾ (ਰੈਕਟਰ ਕਥੂਰੀਆ)**

ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ ਤੋਂ ਜੇਤੂ ਰਹੇ ਹਨ। ਉਨ੍ਹਾਂ ਕਾਂਗਰਸ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ 10,637 ਵੋਟਾਂ ਦੇ ਫਰਕ ਨਾਲ ਹਰਾਇਆ। ਇਸ ਸਾਲ ਜਨਵਰੀ ਵਿੱਚ 'ਆਪ' ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ ਮੌਤ ਤੋਂ ਬਾਅਦ ਇਹ ਸੀਟ ਖਾਲੀ ਹੋ ਗਈ ਸੀ।

ਅਰੋੜਾ ਨੂੰ 35179 ਵੋਟਾਂ ਮਿਲੀਆਂ, ਜਦਕਿ ਆਸ਼ੂ ਨੂੰ 24542 ਵੋਟਾਂ ਪਈਆਂ। ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਜੀਵਨ ਗੁਪਤਾ ਨੇ 20323 ਵੋਟਾਂ ਲਈਆਂ।ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਪਾਏ ਉਪਕਾਰ ਸਿੰਘ ਘੁੰਮਣ ਨੂੰ 8203 ਵੋਟਾਂ ਪ੍ਰਾਪਤ ਹੋਈਆਂ।

ਜ਼ਿਕਰਯੋਗ ਹੈ ਕਿ ਇਸ ਸੀਟ ਲਈ 14 ਉਮੀਦਵਾਰ ਮੈਦਾਨ ਵਿੱਚ ਸਨ। ਅਨੂ ਨੂੰ 280 ਵੋਟਾਂ ਮਿਲੀਆਂ, ਨੈਸ਼ਨਲ ਲੋਕ ਸੇਵਾ ਪਾਰਟੀ ਦੇ ਜਤਿੰਦਰ ਕੁਮਾਰ ਸ਼ਰਮਾ ਨੂੰ 173 ਵੋਟਾਂ, ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਵਾਲੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਨਵਨੀਤ ਕੁਮਾਰ ਗੋਪੀ ਨੂੰ 171 ਵੋਟਾਂ ਪ੍ਰਾਪਤ ਹੋਈਆਂ।ਆਜ਼ਾਦ ਉਮੀਦਵਾਰ ਨੀਟੂ ਨੂੰ 112, ਰੇਣੂ ਨੂੰ 108, ਬਲਦੇਵ ਰਾਜ ਕਤਨਾ ਦੇਬੀ ਨੂੰ 102, ਰਾਜੇਸ਼ ਸ਼ਰਮਾ ਨੂੰ 87, ਪਵਨਦੀਪ ਸਿੰਘ ਨੂੰ 37, ਇੰਜੀਨੀਅਰ ਪਰਮਜੀਤ ਸਿੰਘ ਭਰਾਜ ਨੂੰ 27 ਤੇ ਗੁਰਦੀਪ ਸਿੰਘ ਕਾਹਲੋਂ ਨੂੰ 21 ਵੋਟਾਂ ਪਈਆਂ।ਨੋਟਾ ਦਾ ਬਟਨ 793 ਲੋਕਾਂ ਨੇ ਦੱਬਿਆ।

ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਭਾਜਪਾ ਹਾਲਾਂਕਿ ਜਿੱਤ ਨਹੀਂ ਸਕੀ, ਪਰ ਭਾਜਪਾ ਦੇ ਉਮੀਦਵਾਰ ਜੀਵਨ ਗੁਪਤਾ ਨੇ ਜੋ ਵੋਟਾਂ ਹਾਸਲ ਕੀਤੀਆਂ, ਉਹ ਕਾਬਿਲ-ਏ-ਤਾਰੀਫ ਹਨ। ਬਿੱਟੂ ਨੇ ਕਿਹਾ ਕਿ 'ਆਪ' ਦੇ ਉਮੀਦਵਾਰ ਸੰਜੀਵ ਅਰੋੜਾ ਨੂੰ ਮਿਲੀਆਂ 35,179 ਵੋਟਾਂ ਦੇ ਮੁਕਾਬਲੇ ਜੇ ਬਾਕੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਮਿਲੀਆਂ ਵੋਟਾਂ ਦਾ ਜੋੜ ਦੇਖਿਆ ਜਾਵੇ ਤਾਂ ਉਹ ਤਕਰੀਬਨ 52,000 ਦਾ ਅੰਕੜਾ ਪਾਰ ਕਰਦਾ ਹੈ ਜਿਸ ਤੋਂ ਸਾਫ ਸੰਕੇਤ ਦਿਖਾਈ ਦਿੰਦਾ ਹੈ ਕਿ ਲੋਕ ਅੱਜ ਵੀ 'ਆਪ' ਦੀਆਂ ਨੀਤੀਆਂ ਦਾ ਵਿਰੋਧ ਕਰਦੇ ਹਨ। ਇਹ ਨਤੀਜਾ ਸਾਫ ਦੱਸ ਰਿਹਾ ਹੈ ਕਿ ਲੋਕਾਂ ਨੇ 'ਆਪ' ਖਿਲਾਫ ਫਤਵਾ ਦਿੱਤਾ ਹੈ।




ਬਿੱਟੂ ਨੇ ਭਾਜਪਾ ਉਮੀਦਵਾਰ ਜੀਵਨ ਗੁਪਤਾ ਦੀ ਹਾਰ ਦੀ ਜ਼ਿੰਮੇਵਾਰੀ ਆਪਣੇ ਸਿਰ ਲੈਂਦੇ ਹੋਏ ਕਿਹਾ ਕਿ ਭਾਜਪਾ ਜ਼ਮੀਨੀ ਹਕੀਕਤਾਂ ਨੂੰ ਸਮਝਦੇ ਹੋਏ 2027 ਵਿੱਚ ਪੂਰੀ ਤਾਕਤ ਨਾਲ ਪੰਜਾਬ ਵਿੱਚ ਵਾਪਸੀ ਕਰੇਗੀ।

'ਆਪ' ਉਮੀਦਵਾਰ ਇਟਾਲੀਆ ਗੋਪਾਲ ਨੇ ਗੁਜਰਾਤ ਦੇ ਵਿਸਾਵਦਰ ਅਸੈਂਬਲੀ ਹਲਕੇ ਦੀ ਜ਼ਿਮਨੀ ਚੋਣ ਜਿੱਤ ਲਈ ਹੈ। ਗੋਪਾਲ ਨੇ ਭਾਜਪਾ ਦੇ ਕਿਰਿਤ ਪਟੇਲ ਨੂੰ 17554 ਵੋਟਾਂ ਨਾਲ ਹਰਾਇਆ। ਗੋਪਾਲ ਨੂੰ ਕੁੱਲ 75942 ਵੋਟਾਂ ਪਈਆਂ। ਪਟੇਲ 58388 ਵੋਟਾਂ ਨਾਲ ਦੂਜੇ ਜਦੋਂਕਿ ਕਾਂਗਰਸੀ ਉਮੀਦਵਾਰ ਨਿਤਿਨ ਰਣਪਾਰੀਆ 5501 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ। ਵਿਸਾਵਦਰ ਸੀਟ ਦਸੰਬਰ 2023 ਵਿੱਚ ਤਤਕਾਲੀ 'ਆਪ' ਵਿਧਾਇਕ ਭੂਪੇਂਦਰ ਭਯਾਨੀ ਦੇ ਅਸਤੀਫਾ ਦੇਣ ਅਤੇ ਸੱਤਾਧਾਰੀ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਖਾਲੀ ਹੋ ਗਈ ਸੀ। ਉਧਰ ਕਾਡੀ ਸੀਟ ਤੋਂ ਭਾਜਪਾ ਉਮੀਦਵਾਰ ਰਾਜੇਂਦਰ ਚਾਵੜਾ 39,452 ਵੋਟਾਂ ਦੇ ਵੱਡੇ ਫਰਕ ਨਾਲ ਜੇਤੂ ਰਹੇ। ਰਾਜੇਂਦਰ ਚਾਵੜਾ ਨੂੰ 99742 ਵੋਟਾਂ ਪਈਆਂ ਜਦੋਂਕਿ ਦੂਜੇ ਨੰਬਰ 'ਤੇ ਰਹੇ ਕਾਂਗਰਸ ਦੇ ਰਮੇਸ਼ਭਾਈ ਚਾਵੜਾ ਨੂੰ 60290 ਵੋਟਾਂ ਮਿਲੀਆਂ। ਅਨੁਸੂਚਿਤ ਜਾਤੀ (ਐੱਸ ਸੀ) ਉਮੀਦਵਾਰ ਲਈ ਰਾਖਵਾਂ ਕਾਡੀ ਹਲਕਾ ਫਰਵਰੀ ਵਿੱਚ ਭਾਜਪਾ ਵਿਧਾਇਕ ਕਰਸਨ ਸੋਲੰਕੀ ਦੀ ਮੌਤ ਤੋਂ ਬਾਅਦ ਖਾਲੀ ਹੋ ਗਿਆ ਸੀ।

ਦੋ ਸੀਟਾਂ 'ਤੇ ਮਿਲੀ ਜਿੱਤ ਤੋਂ ਬਾਅਦ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਦੋਵਾਂ ਸੀਟਾਂ 'ਤੇ ਜਨਤਾ ਨੇ ਭਾਜਪਾ ਤੇ ਕਾਂਗਰਸ ਨੂੰ ਨਕਾਰ ਦਿੱਤਾ ਹੈ। ਉਨ੍ਹਾ ਐਕਸ 'ਤੇ ਪੋਸਟ 'ਚ ਲਿਖਿਆ, ਗੁਜਰਾਤ ਦੀ ਵਿਸਾਵਦਰ ਅਤੇ ਪੰਜਾਬ ਦੀ ਲੁਧਿਆਣਾ ਪੱਛਮੀ ਸੀਟ 'ਤੇ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ 'ਤੇ ਤੁਹਾਨੂੰ ਸਾਰਿਆਂ ਨੂੰ ਬਹੁਤ-ਬਹੁਤ ਵਧਾਈ। ਗੁਜਰਾਤ ਅਤੇ ਪੰਜਾਬ ਦੇ ਲੋਕਾਂ ਨੂੰ ਬਹੁਤ ਵਧਾਈ ਅਤੇ ਧੰਨਵਾਦ। ਦੋਵਾਂ ਥਾਵਾਂ 'ਤੇ ਪਿਛਲੀਆਂ ਚੋਣਾਂ ਦੇ ਮੁਕਾਬਲੇ ਲੱਗਭੱਗ ਦੋ ਗੁਣਾ ਮਾਰਜਨ ਨਾਲ ਜਿੱਤ ਹੋਈ ਹੈ। ਇਹ ਦਿਖਾਉਂਦਾ ਹੈ ਕਿ ਪੰਜਾਬ ਦੇ ਲੋਕ ਸਾਡੀ ਸਰਕਾਰ ਦੇ ਕੰਮਾਂ ਤੋਂ ਖੁਸ਼ ਹਨ ਅਤੇ ਉਨ੍ਹਾ ਨੇ 2022 ਤੋਂ ਵੀ ਜ਼ਿਆਦਾ ਵੋਟ ਦਿੱਤਾ ਹੈ। ਗੁਜਰਾਤ ਦੀ ਜਨਤਾ ਹੁਣ ਭਾਜਪਾ ਤੋਂ ਪ੍ਰੇਸ਼ਾਨ ਹੋ ਚੁੱਕੀ ਹੈ ਅਤੇ ਉਨ੍ਹਾ ਨੂੰ ਆਮ ਆਦਮੀ ਪਾਰਟੀ 'ਚ ਉਮੀਦ ਦਿਖਾਈ ਦੇ ਰਹੀ ਹੈ।

## ਪੰਜਾਬ ਵਜ਼ਾਰਤ 'ਚ ਰੱਦੋਬਦਲ ਛੇਤੀ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਨੇ ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਜਿੱਤਣ ਮਗਰੋਂ ਪੰਜਾਬ ਕੈਬਨਿਟ ਵਿੱਚ ਵਿਸਤਾਰ ਦੀ ਤਿਆਰੀ ਖਿੱਚ ਲਈ ਹੈ। ਵਜ਼ਾਰਤ ਵਿਚ ਵਾਧੇ ਮੌਕੇ ਨਵੇਂ ਚੁਣੇ ਵਿਧਾਇਕ ਸੰਜੀਵ ਅਰੋੜਾ ਨੂੰ ਮੰਤਰੀ ਬਣਾਇਆ ਜਾਵੇਗਾ। ਅਰੋੜਾ ਦੀ ਜਿੱਤ ਦਾ ਮਤਲਬ ਹੈ ਕਿ ਉਹ ਹੁਣ ਰਾਜ ਸਭਾ ਦੀ ਮੈਂਬਰੀ ਤੋਂ ਅਸਤੀਫਾ ਦੇਣਗੇ ਤੇ ਪਾਰਟੀ ਦੇ ਕਿਸੇ ਸਿਖਰਲੇ ਆਗੂ ਲਈ ਰਾਜ ਸਭਾ 'ਚ ਜਾਣ ਦਾ ਰਾਹ ਪੱਧਰਾ ਹੋ ਜਾਵੇਗਾ। ਪਾਰਟੀ ਸੂਤਰਾਂ ਮੁਤਾਬਕ ਪੰਜਾਬ ਵਜ਼ਾਰਤ ਵਿਚ ਵਾਧਾ ਬਹੁਤ ਜਲਦੀ ਹੋਣ ਦੀ ਉਮੀਦ ਹੈ।

'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅਰੋੜਾ ਦੇ ਚੋਣ ਪ੍ਰਚਾਰ ਦੌਰਾਨ ਐਲਾਨ ਕੀਤਾ ਸੀ ਕਿ ਚੁਣੇ ਜਾਣ 'ਤੇ ਸੰਜੀਵ ਅਰੋੜਾ ਨੂੰ ਪੰਜਾਬ ਕੈਬਨਿਟ ਵਿੱਚ ਸ਼ਾਮਲ ਕੀਤਾ ਜਾਵੇਗਾ। ਅਜਿਹੇ ਸਿਆਸੀ ਕਿਆਸ ਲਾਏ ਜਾ ਰਹੇ ਹਨ ਕਿ ਘੱਟੋਘੱਟ ਇੱਕ ਮੰਤਰੀ ਨੂੰ ਅਹੁਦਾ ਛੱਡਣ ਲਈ ਕਿਹਾ ਜਾ ਸਕਦਾ ਹੈ ਜਦੋਂਕਿ ਕੁਝ ਦੇ ਵਿਭਾਗਾਂ ਵਿੱਚ ਫੇਰਬਦਲ ਕੀਤਾ ਜਾ ਸਕਦਾ ਹੈ।

ਇਸ ਦੌਰਾਨ ਲੁਧਿਆਣਾ ਪੱਛਮੀ ਹਲਕੇ ਦੀ ਚੋਣ ਜਿੱਤਣ ਨਾਲ 'ਆਪ' ਦਾ ਮਨੋਬਲ ਵਧੇਗਾ ਕਿਉਂਕਿ ਪਾਰਟੀ ਇਸ ਸਾਲ ਫਰਵਰੀ ਦੇ ਸ਼ੁਰੂ ਵਿੱਚ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਹਾਰ ਗਈ ਸੀ। 'ਆਪ' ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ

• ਬਾਕੀ ਸਫਾ 2 'ਤੇ

# ਈਰਾਨ ਦੱਸੇ, ਸਾਥੋਂ ਕੀ ਚਾਹੁੰਦੈ : ਰੂਸ



**ਮਾਸਕੋ** : ਰੂਸ ਨੇ ਕਿਹਾ ਹੈ ਕਿ ਉਹ ਈਰਾਨੀ ਸੁਪਰੀਮ ਲੀਡਰ ਅਲੀ ਹੋਸੈਨੀ ਖਾਮੇਨੇਈ ਵੱਲੋਂ ਕੀਤੀ ਗਈ ਅਪੀਲ ਤੋਂ ਬਾਅਦ ਈਰਾਨੀ ਲੋਕਾਂ ਦੀ ਮਦਦ ਕਰਨ ਲਈ ਤਿਆਰ ਹੈ। ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਕਚੀ ਨਾਲ ਗੱਲਬਾਤ ਦੌਰਾਨ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਈਰਾਨ 'ਤੇ ਅਮਰੀਕੀ ਹਮਲੇ ਨੂੰ ਨਾਜਾਇਜ਼ ਕਰਾਰ ਦਿੱਤਾ। ਅਰਾਕਚੀ ਨੇ ਅਮਰੀਕੀ ਹਮਲੇ ਦੀ ਨਿੰਦਾ ਕਰਨ ਲਈ ਪੁਤਿਨ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਰੂਸ ਇਤਿਹਾਸ ਦੇ ਸਹੀ ਪਾਸੇ ਖੜ੍ਹਾ ਹੈ। ਰੂਸ ਨੇ ਕਿਹਾ ਹੈ ਕਿ ਇਹ ਈਰਾਨ 'ਤੇ ਨਿਰਭਰ ਕਰਦਾ ਹੈ ਕਿ ਉਹ ਰੂਸ ਤੋਂ ਕੀ ਚਾਹੁੰਦਾ ਹੈ। ਉਂਜ ਪੁਤਿਨ ਨੇ ਕਿਹਾ ਹੈ ਕਿ ਰੂਸ ਸਿੱਧੇ ਤੌਰ 'ਤੇ ਇਸ ਤਣਾਅ ਵਿੱਚ ਨਹੀਂ ਪੈ ਸਕਦਾ।ਇਸਦਾ ਕਾਰਨ ਇਜ਼ਰਾਈਲ 'ਚ ਰਹਿਣ ਵਾਲੇ ਰੂਸੀ ਭਾਸ਼ਾਈ ਲੋਕ ਹਨ, ਜਿਨ੍ਹਾਂ ਦੀ ਜਾਨ ਨੂੰ ਖ਼ਤਰਾ ਹੋ ਸਕਦਾ ਹੈ।ਰੂਸ ਅਤੇ ਈਰਾਨ ਦੇ ਸੰਬੰਧ ਦਹਾਕਿਆਂ ਪੁਰਾਣੇ ਹਨ। ਹਾਲਾਂਕਿ ਪੁਤਿਨ ਈਰਾਨ ਅਤੇ ਇਜ਼ਰਾਈਲ ਵਿਚਕਾਰ ਹਾਲ ਹੀ ਵਿੱਚ ਹੋਏ ਤਣਾਅ 'ਤੇ ਨਿਰਪੱਖ ਰਹਿਣ ਦੀ ਕੋਸ਼ਿਸ਼ ਕਰ ਰਹੇ ਹਨ।ਇਸ ਦਾ ਇੱਕ ਵੱਡਾ ਕਾਰਨ ਇਜ਼ਰਾਈਲ 'ਚ ਮੌਜੂਦ ਵੱਡੀ ਗਿਣਤੀ ਵਿੱਚ ਰੂਸੀ ਆਬਾਦੀ ਹੈ।ਇਜ਼ਰਾਈਲ ਦੀ ਇੱਕ ਵੱਡੀ ਆਬਾਦੀ ਰੂਸੀ ਭਾਸ਼ਾ ਬੋਲਦੀ ਹੈ। ਅਜਿਹੀ ਸਥਿਤੀ 'ਚ ਖੁੱਲ੍ਹ ਕੇ ਈਰਾਨ ਦਾ ਸਮਰਥਨ ਕਰਨਾ ਰਾਸ਼ਟਰਪਤੀ ਪੁਤਿਨ ਲਈ ਮੁਸੀਬਤ ਦਾ ਕਾਰਨ ਬਣ ਸਕਦਾ ਹੈ।ਸੇਂਟ ਪੀਟਰਸਬਰਗ ਵਿੱਚ ਅੰਤਰਰਾਸ਼ਟਰੀ ਆਰਥਿਕ ਫੋਰਮ ਦੌਰਾਨ, ਪੁਤਿਨ ਨੇ ਕਿਹਾ, 'ਮੈਂ ਤੁਹਾਨੂੰ ਸਾਰਿਆਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਸੋਵੀਅਤ ਯੂਨੀਅਨ ਅਤੇ ਰੂਸ ਦੇ 20 ਲੱਖ ਤੋਂ ਵੱਧ ਲੋਕ ਇਜ਼ਰਾਈਲ ਵਿੱਚ ਰਹਿੰਦੇ ਹਨ।ਅੱਜ ਇਹ ਇੱਕ ਰੂਸੀ ਭਾਸ਼ੀ ਦੇਸ਼ ਹੈ ਅਤੇ ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਸਾਨੂੰ ਕੋਈ ਵੀ ਫੈਸਲਾ ਲੈਣ ਤੋਂ ਪਹਿਲਾਂ ਇਸ ਤੱਥ ਨੂੰ ਯਾਦ ਰੱਖਣਾ ਹੋਵੇਗਾ।'

ਈਰਾਨ ਦੇ ਉਪ ਵਿਦੇਸ਼ ਮੰਤਰੀ ਮਾਜਿਦ ਤਖ਼ਤ ਰਵਾਂਚੀ ਨੇ ਕਿਹਾ ਕਿ ਈਰਾਨ ਆਪਣਾ ਪ੍ਰਮਾਣੂ ਪ੍ਰੋਗਰਾਮ ਨਹੀਂ ਰੋਕੇਗਾ। ਈਰਾਨ ਦੀ ਮਿਲਟਰੀ

• ਬਾਕੀ ਸਫਾ 2 'ਤੇ

# ਸ਼ੇਅਰ ਬਾਜ਼ਾਰ 'ਚ ਭਾਰੀ ਗਿਰਾਵਟ

**ਮੁੰਬਈ** : ਸੋਮਵਾਰ ਸਥਾਨਕ ਸਟਾਕ ਮਾਰਕੀਟ 'ਚ ਭਾਰੀ ਗਿਰਾਵਟ ਦੇਖਣ ਨੂੰ ਮਿਲੀ।ਪੱਛਮੀ ਏਸ਼ੀਆ 'ਚ ਵਧ ਰਹੇ ਭੂ-ਰਾਜਨੀਤਿਕ ਤਣਾਅ ਅਤੇ ਕੱਚੇ ਤੇਲ ਦੀਆਂ ਕੀਮਤਾਂ 'ਚ ਵਾਧੇ ਕਾਰਨ ਨਿਵੇਸ਼ਕਾਂ ਨੇ ਭਾਰੀ ਵਿਕਰੀ ਦਰਜ ਕੀਤੀ ਹੈ। ਸੈਂਸੈਕਸ 511.38 ਅੰਕ ਭਾਵ 0.62% ਦੀ ਗਿਰਾਵਟ ਨਾਲ 81,896.79 ਦੇ ਪੱਧਰ 'ਤੇ ਬੰਦ ਹੋਇਆ ਹੈ।ਇਸ ਦੇ ਨਾਲ ਹੀ ਸੈਂਸੈਕਸ ਦੇ 9 ਸਟਾਕ ਵਾਧੇ ਨਾਲ ਅਤੇ 21 ਸਟਾਕ ਗਿਰਾਵਟ ਨਾਲ ਕਾਰੋਬਾਰ ਕਰਦੇ ਦੇਖੇ ਗਏ।ਦੂਜੇ ਪਾਸੇ ਨਿਫਟੀ 'ਚ ਵੀ ਗਿਰਾਵਟ ਦੇਖਣ ਨੂੰ ਮਿਲੀ ਅਤੇ ਇਹ 140.50 ਅੰਕ ਭਾਵ 0.56 ਫੀਸਦੀ ਦੀ ਗਿਰਾਵਟ ਨਾਲ 24,971.90 ਦੇ ਪੱਧਰ 'ਤੇ ਬੰਦ ਹੋਇਆ ਹੈ।ਬ੍ਰੈਂਟ ਕਰੂਡ ਫਿਊਚਰਜ਼ ਦੀ ਕੀਮਤ ਲੱਗਭੱਗ 2 ਫੀਸਦੀ ਵਧ ਕੇ 78 ਡਾਲਰ ਪ੍ਰਤੀ ਬੈਰਲ ਦੇ ਆਸਪਾਸ ਵਪਾਰ ਕਰ ਰਹੀ ਹੈ।ਇਸ ਦੇ ਨਾਲ ਹੀ ਕਰੂਡ ਦੀ ਕੀਮਤ 1.7 ਫੀਸਦੀ ਵਧ ਕੇ 75 ਡਾਲਰ ਪ੍ਰਤੀ ਬੈਰਲ ਦੇ ਨੇੜੇ ਪਹੁੰਚ ਗਈ ਹੈ।ਅਮਰੀਕਾ ਵੱਲੋਂ ਈਰਾਨ ਦੇ ਤਿੰਨ ਪ੍ਰਮਾਣੂ ਟਿਕਾਣਿਆਂ 'ਤੇ ਹਵਾਈ ਹਮਲੇ ਕਰਨ ਤੋਂ ਬਾਅਦ, ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀ ਸਪਲਾਈ ਵਿੱਚ ਵਿਘਨ ਪੈਣ ਦੀ ਸੰਭਾਵਨਾ ਹੈ।ਇਸ ਤੋਂ ਇਲਾਵਾ ਈਰਾਨੀ ਸੰਸਦ ਨੇ ਹੋਰਮੁਜ਼ ਜਲਡਮਰੂ ਨੂੰ ਬੰਦ ਕਰਨ ਦੇ ਪ੍ਰਸਤਾਵ ਦਾ ਸਮਰਥਨ ਕੀਤਾ ਹੈ, ਜੋ ਕਿ ਪੂਰੀ ਦੁਨੀਆ ਲਈ ਤੇਲ ਦੀ ਸ਼ਿਪਮੈਂਟ ਲਈ ਇੱਕ ਮਹੱਤਵਪੂਰਨ ਰਸਤਾ ਹੈ।ਭਾਰਤ ਆਪਣੀਆਂ ਤੇਲ ਦੀਆਂ ਜ਼ਰੂਰਤਾਂ ਦਾ ਇੱਕ ਵੱਡਾ ਹਿੱਸਾ ਆਯਾਤ ਕਰਦਾ ਹੈ, ਇਸ ਲਈ ਕੀਮਤਾਂ ਵਿੱਚ ਵਾਧਾ ਭਾਰਤੀ ਅਰਥਵਿਵਸਥਾ ਲਈ ਚੰਗਾ ਨਹੀਂ ਮੰਨਿਆ ਜਾਂਦਾ ਹੈ।ਭਾਰਤੀ ਸਟਾਕ ਮਾਰਕੀਟਾਂ ਦੇ ਖੁੱਲ੍ਹਣ ਤੋਂ ਪਹਿਲਾਂ ਜ਼ਿਆਦਾਤਰ ਏਸ਼ੀਆਈ ਬਾਜ਼ਾਰ ਗਿਰਾਵਟ ਨਾਲ ਵਪਾਰ ਕਰ ਰਹੇ ਸਨ।ਦੱਖਣੀ ਕੋਰੀਆ ਦਾ ਕੋਸਪੀ, ਜਾਪਾਨ ਦਾ ਨਿੱਕੇਈ 225 ਅਤੇ ਹਾਂਗਕਾਂਗ ਦਾ ਹੈਂਗ ਸੇਂਗ ਲਾਲ ਨਿਸ਼ਾਨ ਵਿੱਚ ਸਨ। ਸ਼ੁੱਕਰਵਾਰ ਨੂੰ ਅਮਰੀਕੀ ਬਾਜ਼ਾਰ ਵੀ ਕਮਜ਼ੋਰੀ ਨਾਲ ਬੰਦ ਹੋਏ ਅਤੇ ਵਾਲ ਸਟਰੀਟ ਫਿਊਚਰਜ਼ ਵੀ ਸੋਮਵਾਰ ਸਵੇਰੇ ਲਾਲ ਨਿਸ਼ਾਨ ਵਿੱਚ ਰਹੇ। ਸੋਮਵਾਰ ਨੂੰ ਸ਼ੁਰੂਆਤੀ ਕਾਰੋਬਾਰ ਵਿੱਚ ਅਮਰੀਕੀ ਡਾਲਰ ਦੇ ਮੁਕਾਬਲੇ ਭਾਰਤੀ ਰੁਪਏ ਦੀ ਕੀਮਤ 17 ਪੈਸੇ ਡਿੱਗ ਕੇ 86.72 'ਤੇ ਆ ਗਈ।ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਅਤੇ ਘਰੇਲੂ ਸਟਾਕ ਬਾਜ਼ਾਰਾਂ ਵਿੱਚ ਗਿਰਾਵਟ ਕਾਰਨ ਰੁਪਏ 'ਤੇ ਦਬਾਅ ਹੈ।

## ਪ੍ਰਾਪਰਟੀ ਡੀਲਰ ਨੂੰ ਗੋਲੀ ਮਾਰੀ

**ਜ਼ੀਰਕਪੁਰ** : ਸੋਮਵਾਰ ਬਾਅਦ ਦੁਪਹਿਰ ਢਾਈ ਵਜੇ ਦੇ ਕਰੀਬ ਇੱਥੇ ਥਾਣੇ ਤੋਂ ਮਹਿਜ਼ 50 ਮੀਟਰ ਦੀ ਦੂਰੀ 'ਤੇ ਐਕਟਿਵਾ ਸਵਾਰ ਪ੍ਰਾਪਰਟੀ ਡੀਲਰ ਨੂੰ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਗੋਲੀ ਮਾਰ ਕੇ ਜ਼ਖਮੀ ਕਰ ਦਿੱਤਾ। ਪ੍ਰਾਪਰਟੀ ਡੀਲਰ ਦਾ ਸਾਥੀ ਗੋਲੀ ਦਾ ਛਰ੍ਹਾ ਵੱਜਣ ਕਾਰਨ ਮਾਮੂਲੀ ਜ਼ਖ਼ਮੀ ਹੋ ਗਿਆ। ਪ੍ਰਾਪਰਟੀ ਡੀਲਰ ਦੀ ਪਛਾਣ ਜਗਤਾਰ ਸਿੰਘ ਵਾਸੀ ਪਿੰਡ ਖੇੜੀ ਸੁੰਡਰਾ ਡੇਰਾ ਬੱਸੀ ਦੇ ਰੂਪ ਵਿੱਚ ਹੋਈ ਹੈ। ਉਹ ਸਾਥੀ ਨਾਲ ਜ਼ੀਰਕਪੁਰ ਤਹਿਸੀਲ ਵੱਲ ਜਾ ਰਿਹਾ ਸੀ। ਜਦ ਉਹ ਰਾਹ 'ਚ ਇੱਕ ਡਾਕੂਮੈਂਟ ਸੈਂਟਰ ਦੀ ਦੁਕਾਨ ਦੇ ਬਾਹਰ ਰੁਕਿਆ ਤਾਂ ਪਿੱਛੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਹਮਲਾਵਰਾਂ ਨੇ ਪਿੱਛੇ ਬੈਠੇ ਪ੍ਰਾਪਰਟੀ ਡੀਲਰ 'ਤੇ ਫਾਇਰ ਕੀਤਾ, ਜੋ ਉਸ ਦੀ ਪਿੱਠ 'ਤੇ ਲੱਗਿਆ। ਐਕਟਿਵਾ ਚਲਾ ਰਿਹਾ ਉਸ ਦਾ ਸਾਥੀ ਜਗਤਾਰ ਸਿੰਘ ਵਾਸੀ ਪੰਡਵਾਲਾ ਛਰ੍ਹਾ ਲੱਗਣ ਨਾਲ ਜ਼ਖਮੀ ਹੋ ਗਿਆ। ਹਮਲਾਵਰਾਂ ਨੇ ਆਪਣੀ ਪਛਾਣ ਛੁਪਾਉਣ ਲਈ ਹੈਲਮਟ ਪਾਏ ਹੋਏ ਸਨ, ਜੋ ਗੋਲੀ ਮਾਰਨ ਤੋਂ ਬਾਅਦ ਥਾਣੇ ਵੱਲ ਤੰਗ ਗਲੀਆਂ 'ਚੋਂ ਹੁੰਦੇ ਹੋਏ ਫਰਾਰ ਹੋ ਗਏ।

## ਜਗਨ ਮੋਹਨ ਰੈਡੀ 'ਤੇ ਐੱਫ ਆਈ ਆਰ

**ਹੈਦਰਾਬਾਦ** : ਆਂਧਰਾ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਮੰਤਰੀ ਜਗਨ ਮੋਹਨ ਰੈਡੀ ਖਿਲਾਫ਼ ਹਿਟ ਐਂਡ ਰਨ ਮਾਮਲੇ 'ਚ ਐਫ ਆਈ ਆਰ ਦਰਜ ਹੋ ਗਈ ਹੈ। ਇਹ ਜਾਣਕਾਰੀ ਗੰਟੂਰ ਜ਼ਿਲ੍ਹੇ ਦੇ ਐੱਸ ਪੀ ਸਤੀਸ਼ ਕੁਮਾਰ ਨੇ ਐਤਵਾਰ ਦੇਰ ਰਾਤ ਪ੍ਰੈੱਸ ਕਾਨਫਰੰਸ 'ਚ ਦਿੱਤੀ। ਐੱਸ ਪੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਦੀ ਕਾਰ ਨੇ 5 ਦਿਨ ਪਹਿਲ ਰੋਡ ਸ਼ੋਅ ਦੌਰਾਨ 53 ਸਾਲ ਦੇ ਵਿਅਕਤੀ ਨੂੰ ਕੁਚਲ ਦਿੱਤਾ ਸੀ। ਹਸਪਤਾਲ ਲਿਜਾਂਦੇ ਜਾਂਦੇ ਸਮੇਂ ਉਸ ਦੀ ਮੌਤ ਹੋ ਗਈ। ਮ੍ਰਿਤਕ ਦਾ ਨਾਂਅ ਚੀਲੀ ਸਿੰਘੈਯਾ ਹੈ। ਉਹ ਜਗਨ ਦੀ ਪਾਰਟੀ ਵਾਈ ਐੱਸ ਆਰ ਸੀ ਪੀ ਦਾ ਵਰਕਰ ਸੀ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਕਾਰਵਾਈ ਕੀਤੀ ਗਈ। ਘਟਨਾ 18 ਜੂਨ ਦੀ ਹੈ। ਜਗਨ ਪਾਲਨਾਡੂ ਜ਼ਿਲ੍ਹੇ ਦੇ ਰੇਂਟਾਪੱਲਾ ਪਿੰਡ 'ਚ ਪਾਰਟੀ ਦੇ ਇੱਕ ਵਰਕਰ ਦੇ ਪਰਵਾਰ ਨੂੰ ਮਿਲਣ ਜਾ ਰਹੇ ਸਨ। ਵਰਕਰ ਨੇ ਪਿਛਲੇ ਸਾਲ ਪੁਲਸ ਤੋਂ ਪ੍ਰੇਸ਼ਾਨ ਹੋ ਕੇ ਆਤਮਹੱਤਿਆ ਕਰ ਲਈ ਸੀ। ਜਗਨ ਮੋਹਨ ਉਸ ਦੇ ਸਮਰਥਨ 'ਚ ਰੋਡ ਸ਼ੋਅ ਕਰ ਰਹੇ ਸਨ। ਜਦ ਕਾਫਲਾ ਏਤੁਕੁਰੂ ਬਾਈਪਾਸ ਕੋਲੋਂ ਲੰਘ ਰਿਹਾ ਸੀ ਤਾਂ ਇਹ ਹਾਦਸਾ ਹੋਇਆ।

# ਰੇਲਵੇ ਬੋਰਡ ਦਾ ਫੈਸਲਾ ਬੇਰੁਜ਼ਗਾਰੀ ਨੂੰ ਹੋਰ ਵਧਾਏਗਾ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਏਟਕ ਦੇ ਜਨਰਲ ਸਕੱਤਰ ਅਮਰਜੀਤ ਕੌਰ ਵੱਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਹੈ ਕਿ ਇੱਕ ਅਜਿਹੇ ਦੇਸ਼ ਵਿੱਚ ਜਿੱਥੇ ਕਰੋੜਾਂ ਬੇਰੁਜ਼ਗਾਰ ਨੌਜਵਾਨ ਨੌਕਰੀ ਦੀ ਉਡੀਕ ਕਰ ਰਹੇ ਹਨ, ਇਹ ਬਹੁਤ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਰੇਲਵੇ ਮੰਤਰਾਲੇ ਅਧੀਨ ਰੇਲਵੇ ਬੋਰਡ ਨੇ ਇੱਕ ਨੀਤੀ ਦਸਤਾਵੇਜ਼ ਜਾਰੀ ਕੀਤਾ ਹੈ, ਜਿਸ ਵਿੱਚ ਰੇਲਵੇ ਡਵੀਜ਼ਨਲ ਮੈਨੇਜਰਾਂ ਨੂੰ ਨਾ ਸਿਰਫ ਸੇਵਾਮੁਕਤ ਅਧਿਕਾਰੀਆਂ ਨੂੰ, ਸਗੋਂ ਗੈਰ-ਗਜ਼ਟਿਡ ਅਤੇ ਉਦਯੋਗਿਕ ਕਰਮਚਾਰੀਆਂ ਨੂੰ ਵੀ ਗਰੁੱਪ 'ਸੀ' ਅਤੇ ਗਰੁੱਪ 'ਬੀ' ਅਸਾਮੀਆਂ ਵਿੱਚ ਦੁਬਾਰਾ ਭਰਤੀ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ, ਜਿਸ ਦਾ ਅਰਥ ਹੈ ਤਨਖਾਹ ਪੱਧਰ 1 ਤੋਂ 9 ਤੱਕ। ਅਜਿਹੀ ਮੁੜ ਭਰਤੀ ਠੇਕੇ ਦੇ ਆਧਾਰ 'ਤੇ ਕੀਤੀ ਜਾ ਸਕਦੀ ਹੈ। ਭਾਜਪਾ ਸਰਕਾਰ, ਜੋ ਦਾਅਵਾ ਕਰਦੀ ਹੈ ਕਿ ਉਹ ਸਾਡੇ ਦੇਸ਼ ਦੀ 'ਯੁਵਾ ਸ਼ਕਤੀ' ਦੀ ਪਰਵਾਹ ਕਰਦੀ ਹੈ, ਇਸ ਤਰ੍ਹਾਂ ਦੇ ਅਨੁਚਿਤ ਅਭਿਆਸਾਂ ਰਾਹੀਂ ਸਾਡੇ ਦੇਸ਼ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਵਾਂਝਾ ਕਰ ਰਹੀ ਹੈ। ਰੇਲਵੇ ਵਿੱਚ ਅੰਦਾਜ਼ਨ 3 ਲੱਖ ਤੋਂ ਵੱਧ ਅਸਾਮੀਆਂ ਖਾਲੀ ਪਈਆਂ ਹਨ ਅਤੇ ਰੇਲਵੇ ਮੰਤਰਾਲਾ ਰੇਲਵੇ ਰਨਿੰਗ ਲਾਈਨਾਂ, ਸੰਚਾਲਨ, ਰੇਲਵੇ ਵਰਕਸ਼ਾਪਾਂ ਅਤੇ ਉਤਪਾਦਨ ਇਕਾਈਆਂ ਵਿੱਚ ਉਪਲੱਬਧ ਇਨ੍ਹਾਂ ਖਾਲੀ ਅਸਾਮੀਆਂ ਨੂੰ ਭਰ ਨਹੀਂ ਰਿਹਾ। ਸਭ ਤੋਂ ਸਤਿਕਾਰਯੋਗ ਰੇਲਵੇ ਵਿੱਚ ਸੁਰੱਖਿਆ ਨਾਲ ਸੰਬੰਧਤ ਸ਼੍ਰੇਣੀਆਂ ਹਨ। ਲੋਕੋ ਪਾਇਲਟ ਆਪਣੇ ਅਸਧਾਰਨ ਕੰਮ ਦੇ ਘੰਟਿਆਂ ਨੂੰ ਘਟਾਉਣ ਲਈ ਨਿਰੰਤਰ ਲੜ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਰੋਜ਼ਾਨਾ 12 ਤੋਂ 14 ਘੰਟੇ ਕੰਮ ਕਰਨਾ ਪੈਂਦਾ ਹੈ। ਸਿਰਫ ਕੇਂਦਰ ਸਰਕਾਰ ਵਿੱਚ ਹੀ ਰੇਲਵੇ, ਰੱਖਿਆ, ਡਾਕ ਅਤੇ ਹੋਰ ਵਿਭਾਗਾਂ ਸਮੇਤ 15 ਲੱਖ ਅਸਾਮੀਆਂ ਖਾਲੀ ਹਨ। ਬੈਂਕਾਂ ਸਮੇਤ ਜਨਤਕ ਖੇਤਰ ਦੇ ਉਦਯੋਗਾਂ ਵਿੱਚ ਵੀ ਲਗਭਗ 10 ਲੱਖ ਅਸਾਮੀਆਂ ਖਾਲੀ ਹਨ। ਤੱਥ ਇਹ ਹੈ ਕਿ ਮੌਜੂਦਾ ਕਰਮਚਾਰੀਆਂ 'ਤੇ ਵਾਧੂ ਕੰਮ ਦਾ ਬੋਝ ਹੈ ਜਿਸ ਦੇ ਨਤੀਜੇ ਵਜੋਂ ਮਾਨਸਿਕ ਤਣਾਅ, ਉਦਾਸੀ ਅਤੇ ਹੋਰ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਹੋ ਰਹੀਆਂ ਹਨ। ਸੇਵਾਮੁਕਤ ਕਰਮਚਾਰੀਆਂ ਨੂੰ ਦੁਬਾਰਾ ਨਿਯੁਕਤ ਕਰਕੇ ਸਰਕਾਰ ਰੇਲਵੇ ਅਤੇ ਰੱਖਿਆ ਦੇ ਸਿਖਲਾਈ ਪ੍ਰਾਪਤ ਅਪ੍ਰੈਂਟਿਸਾਂ ਦੇ ਨੌਕਰੀ ਦੇ ਮੌਕੇ ਖੋਹ ਰਹੀ ਹੈ, ਜੋ ਸਰਕਾਰੀ ਨੌਕਰੀ ਲਈ ਕਤਾਰ ਵਿੱਚ ਹਨ ਅਤੇ ਸਰਕਾਰੀ ਨੌਕਰੀਆਂ ਵਿੱਚ ਓ ਬੀ ਸੀ, ਐੱਸ ਸੀ ਅਤੇ ਐੱਸ ਟੀ ਦੇ ਨੌਜਵਾਨਾਂ ਅਤੇ ਸਰੀਰਕ ਤੌਰ 'ਤੇ ਅਪਾਹਜ ਵਿਅਕਤੀਆਂ ਲਈ ਰਾਖਵੇਂਕਰਨ ਦੇ ਸੰਵਿਧਾਨਕ ਪ੍ਰਬੰਧ ਨੂੰ ਪੂਰੀ ਤਰ੍ਹਾਂ ਤਬਾਹ ਕਰ ਰਹੀ ਹੈ। ਏਟਕ ਰੇਲਵੇ ਬੋਰਡ ਦੁਆਰਾ ਲਏ ਗਏ ਫੈਸਲੇ ਦਾ ਵਿਰੋਧ ਕਰਦੀ ਹੈ। ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੂੰ ਦੁਬਾਰਾ ਨੌਕਰੀ ਦੇਣ ਨਾਲ ਇਸ ਦੇਸ਼ ਦੇ ਬੇਰੁਜ਼ਗਾਰ ਨੌਜਵਾਨਾਂ ਦੇ ਰੁਜ਼ਗਾਰ ਦੇ ਮੌਕੇ ਖੁੱਸ ਜਾਣਗੇ। ਏਟਕ ਭਾਰਤ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਉਹ

• ਬਾਕੀ ਸਫਾ 2 'ਤੇ

# 4.916 ਕਿੱਲੋ ਹੈਰੋਇਨ ਬਰਾਮਦ, 2 ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਪੁਲਸ ਨੇ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰਦਿਆਂ ਐੱਨ ਡੀ ਪੀ ਐੱਸ ਐਕਟ ਅਧੀਨ ਦੋ ਵੱਖ-ਵੱਖ ਮਾਮਲਿਆਂ ਵਿਚ 2 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਇਸ ਦੌਰਾਨ 4 ਕਿੱਲੋ 916 ਗ੍ਰਾਮ ਹੈਰੋਇਨ, ਇੱਕ ਮੋਟਰਸਾਈਕਲ ਅਤੇ ਇੱਕ ਮੋਬਾਇਲ ਫੋਨ ਬਰਾਮਦ ਕੀਤਾ ਗਿਆ। ਐੱਸ ਐੱਸ ਪੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖਾਤਮੇ, ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਰੋਕਣ ਲਈ ਸਪੈਸ਼ਲ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਇਹ ਟੀਮਾਂ ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ ਪੂਰੀ ਮੁਸਤੈਦੀ ਨਾਲ ਕੰਮ ਕਰ ਰਹੀਆਂ ਹਨ। ਐੱਸ ਪੀ (ਡੀ) ਅਤੇ ਡੀ ਐੱਸ ਪੀ ਰੂਰਲ ਘੱਲ ਖੁਰਦ ਦੀ ਟੀਮ ਨੇ ਪਹਿਲੇ ਮਾਮਲੇ ਵਿਚ ਨਿਰਮਲ ਸਿੰਘ ਉਰਫ ਸੋਨੂੰ ਵਾਸੀ ਨਿਹੰਗਾਂ ਵਾਲੇ ਝੁੱਗੇ ਨੂੰ ਪੁਲ ਸੇਮ ਨਾਲਾ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਨੇੜੇ ਗ੍ਰਿਫਤਾਰ ਕੀਤਾ। ਉਸ ਦੇ ਕਬਜ਼ੇ ਵਿੱਚੋਂ 4 ਕਿੱਲੋ 516 ਗ੍ਰਾਮ ਹੈਰੋਇਨ ਅਤੇ ਇੱਕ ਮੋਬਾਇਲ ਫੋਨ ਬਰਾਮਦ ਹੋਇਆ। ਦੂਜੇ ਮਾਮਲੇ ਵਿਚ ਗੁਰਜੀਤ ਸਿੰਘ ਵਾਸੀ ਪਿੰਡ ਖਾਨੇ ਕੇ ਨੂੰ ਬੰਦ ਪਏ ਸ਼ੈਲਰ ਰੱਖੜੀ ਰੋਡ ਤੋਂ ਕਾਬੂ ਕੀਤਾ ਗਿਆ। ਉਸ ਕੋਲੋਂ 400 ਗ੍ਰਾਮ ਹੈਰੋਇਨ ਅਤੇ ਇੱਕ ਮੋਟਰਸਾਈਕਲ (ਨੰਬਰ ਪੀ ਬੀ 04ਏ ਜੀ 1028) ਜ਼ਬਤ ਕੀਤਾ ਗਿਆ। ਪੁਲਸ ਮੁਤਾਬਕ ਗੁਰਜੀਤ ਸਿੰਘ ਦਾ ਅਪਰਾਧਿਕ ਰਿਕਾਰਡ ਹੈ, ਜਿਸ ਵਿਚ ਥਾਣਾ ਸਦਰ ਫਿਰੋਜ਼ਪੁਰ ਅਤੇ ਥਾਣਾ ਕੈਂਟ ਫਿਰੋਜ਼ਪੁਰ ਵਿੱਚ ਦੋ ਮੁਕੱਦਮੇ ਦਰਜ ਹਨ। ਇਹ ਮੁਕੱਦਮੇ ਚੋਰੀ, ਲੁੱਟ, ਹਥਿਆਰ ਐਕਟ ਅਤੇ ਸਮਾਜ ਵਿਰੋਧੀ ਗਤੀਵਿਧੀਆਂ ਨਾਲ ਸੰਬੰਧਤ ਹਨ।



# .ਗਦਰੀ ਗੁਲਾਬ ਕੌਰ ਦੀ 100ਵੀਂ ਵਰ੍ਹੇਗੰਢ ਮਨਾਉਣ ਲਈ ਜੁੜੀ ਇਕੱਤਰਤਾ




**ਜਲੰਧਰ** : ਗਦਰ ਪਾਰਟੀ ਵਿੱਚ ਆਪਣਾ ਸਾਰਾ ਜੀਵਨ ਸਮਰਪਿਤ ਕਰ ਗਈ ਵੀਰਾਂਗਣਾ ਗਦਰੀ ਗੁਲਾਬ ਬੀਬੀ ਗੁਲਾਬ ਕੌਰ ਦੇ ਵਿਛੋੜੇ ਦੀ 100ਵੀਂ ਵਰ੍ਹੇਗੰਢ ਮਨਾਉਣ ਸੰਬੰਧੀ ਸੋਮਵਾਰ ਦੇਸ਼ ਭਗਤ ਯਾਦਗਾਰ ਕਮੇਟੀ ਦੇ ਵਫ਼ਦ ਨੇ ਕੋਟਲਾ ਨੌਧ ਸਿੰਘ ਨਗਰ ਨਿਵਾਸੀਆਂ ਨਾਲ ਉਚੇਚੀ ਮਿਲਣੀ ਕੀਤੀ।ਚੇਤੇ ਰਹੇ ਕਿ 28 ਜੁਲਾਈ 1925 ਨੂੰ ਬੀਬੀ ਗੁਲਾਬ ਕੌਰ ਨੇ ਪਿੰਡ ਕੋਟਲਾ ਨੌਧ ਸਿੰਘ ਵਿੱਚ ਆਖਰੀ ਸਾਹ ਲਏ ਸਨ। ਉਹਨਾਂ ਦੇ ਵਿਛੋੜੇ ਦੀ 100ਵੀਂ ਵਰ੍ਹੇਗੰਢ ਦੇਸ਼-ਵਿਦੇਸ਼ ਵਿਚ ਮਨਾਈ ਜਾ ਰਹੀ ਹੈ।

ਪਿੰਡ ਬਖਸ਼ੀ ਵਾਲਾ (ਸੰਗਰੂਰ) ਦੀ ਜੰਮਪਲ ਅਤੇ ਲਾਗਲੇ ਪਿੰਡ ਜਖੇਪਲ ਦੇ ਮਾਨ ਸਿੰਘ ਨਾਲ ਵਿਆਹੀ ਗਈ ਗੁਲਾਬ ਕੌਰ ਮਨੀਲਾ ਫਿਲਪਾਈਨ ਵਿੱਚੋਂ ਗਦਰੀ ਦੇਸ਼ ਭਗਤਾਂ ਦੇ ਨਾਲ ਆਜ਼ਾਦੀ ਦਾ ਪਰਚਮ ਲਹਿਰਾਉਂਦੇ, ਗਦਰੀ ਗੂੰਜਾਂ ਗਾਉਂਦੇ ਆਪਣੇ ਵਤਨ ਆਈ ਸੀ। ਉਸ ਨੇ ਸਾਰਾ ਜੀਵਨ ਗਦਰੀ ਦੇਸ਼ ਭਗਤਾਂ ਦੇ ਨਾਲ ਕੰਮ ਕੀਤਾ।

ਪਿੰਡ ਕੋਟੜਾ ਨੌਧ ਸਿੰਘ ਦੇ ਹੀ ਹਰਨਾਮ ਸਿੰਘ ਟੁੰਡੀਲਾਟ, ਬਾਬਾ ਅਮਰ ਸਿੰਘ ਅਤੇ ਬਾਬਾ ਸ਼ਿਵ ਸਿੰਘ ਤੋਂ ਇਲਾਵਾ ਇਰਦ-ਗਿਰਦ ਦੇ ਦਰਜਨਾਂ ਪਿੰਡਾਂ ਦੇ ਗ਼ਦਰੀ ਦੇਸ਼ ਭਗਤਾਂ ਨਾਲ਼ ਗੁਲਾਬ ਕੌਰ ਨੇ ਆਜ਼ਾਦੀ ਦੀ ਜੱਦੋਜਹਿਦ ਵਿਚ ਸਰਗਰਮ ਭੂਮਿਕਾ ਅਦਾ ਕੀਤੀ।

ਕੋਟਲਾ ਨੌਧ ਸਿੰਘ ਵਿੱਚ ਜੁੜੇ ਨਗਰ ਨਿਵਾਸੀਆਂ, ਦੇਸ਼ ਭਗਤ ਯਾਦਗਾਰ ਹਾਲ ਦੇ ਵਫ਼ਦ ਅਤੇ ਗੁਲਾਬ ਕੌਰ ਦੇ ਸੁਪਨਿਆਂ ਦੀ ਪੂਰਤੀ ਲਈ ਕੰਮ ਕਰਦੇ ਇਲਾਕੇ ਦੇ ਪ੍ਰਤੀਨਿਧਾਂ ਵੱਲੋਂ ਮੀਟਿੰਗ ਦਾ ਆਗਾਜ਼ ਗੁਲਾਬ ਕੌਰ ਅਤੇ ਸਮੂਹ ਦੇਸ਼ ਭਗਤਾਂ ਨੂੰ ਸਿਜਦਾ ਕਰਨ ਅਤੇ ਜਸਪ੍ਰੀਤ ਕੌਰ ਨੰਗਲ ਖਿਲਾੜੀਆਂ ਦੇ ਗੀਤ ਨਾਲ਼ ਹੋਇਆ।

ਕਿਸਾਨ ਆਗੂ ਤਲਵਿੰਦਰ ਹੀਰ ਨੇ ਕਿਹਾ ਕਿ ਨਗਰ ਕੋਟਲਾ ਨੌਧ ਸਿੰਘ ਦੇ ਵਿਸ਼ੇਸ਼ ਉੱਦਮ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ਼ ਹੋਣ ਵਾਲੇ ਬੀਬੀ ਗੁਲਾਬ ਕੌਰ ਯਾਦਗਾਰੀ ਸਮਾਗਮ ਦਾ ਇਤਿਹਾਸਕ ਮਹੱਤਵ ਹੈ ਅਤੇ ਚੜ੍ਹਦੀ ਜਵਾਨੀ ਇਸ ਸਮਾਗਮ ਤੋਂ ਖ਼ੂਬਸੂਰਤ ਜ਼ਿੰਦਗੀ ਦੀ ਪ੍ਰੇਰਨਾ ਲਵੇਗੀ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਨੇ ਕੋਟਲਾ ਨੌਧ ਸਿੰਘ ਵਿੱਚ ਸਮਾਗਮ ਦੀ ਯਾਦਗਾਰੀ ਭੂਮਿਕਾ, ਗ਼ਦਰ ਲਹਿਰ, ਬੀਬੀ ਗੁਲਾਬ ਕੌਰ, ਅਜੋਕੇ ਸਮੇਂ ਉਹਨਾਂ ਦੀ ਅਦੁੱਤੀ ਕੁਰਬਾਨੀ ਦੀ ਪ੍ਰਸੰਗਿਕਤਾ, ਸਾਡੇ ਸਮਿਆਂ ਅੰਦਰ ਮਘਦੇ ਸੁਆਲਾਂ ਸਮੇਂ ਅੱਜ ਗ਼ਦਰੀ ਦੇਸ਼ ਭਗਤਾਂ ਦੇ ਵਾਰਸਾਂ ਦੇ ਬਣਦੇ ਫਰਜ਼ਾਂ ਬਾਰੇ ਵਿਚਾਰਾਂ ਕੀਤੀਆਂ।

ਲੋਕ ਆਗੂ ਤਲਵਿੰਦਰ ਹੀਰ ਦੇ ਵਿਸ਼ੇਸ਼ ਉੱਦਮ ਸਦਕਾ ਕੋਟਲਾ ਨੌਧ ਸਿੰਘ ਦੇ ਹੀ ਗ਼ਦਰੀ ਬਾਬਾ ਅਮਰ ਸਿੰਘ ਦੇ ਪੋਤਰੇ ਮਾਸਟਰ ਜਰਨੈਲ ਸਿੰਘ, ਗ਼ਦਰੀ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਲੁਧਿਆਣੇ ਵਿੱਚ ਆ ਪਾਰਟੀ ਆਪ ਜਿੱਤੀ,
ਕਾਂਗਰਸ ਪਾਰਟੀ ਨੂੰ ਹੋਈ ਹੈ ਹਾਰ ਬੇਲੀ।
ਭਾਜਪਾ ਆਗੂ ਹਨ ਹੋਏ ਮਾਯੂਸ ਫਿਰ ਤੋਂ,
ਆਇਆ ਕੰਮ ਨਹੀਂ ਕੀਤਾ ਪ੍ਰਚਾਰ ਬੇਲੀ।
ਹੋਰ ਵੀ ਬੁਰੀ ਹੈ ਹੋਈ ਗੁਜਰਾਤ ਦੇ ਵਿੱਚ,
ਕਿਸ਼ਤੀ ਜਿੱਥੇ ਨਹੀਂ ਲੱਗੀ ਸੀ ਪਾਰ ਬੇਲੀ।
ਅਕਾਲੀ ਪਾਰਟੀ ਦਾ ਕਿਸੇ ਨੇ ਕੀ ਕਹਿਣਾ,
ਪਾਟਕ ਡੋਬੇ ਪਿਆ ਅੱਧ ਵਿਚਕਾਰ ਬੇਲੀ।
ਫਤਵਾ ਲੋਕਾਂ ਤੋਂ ਜਿੱਦਾਂ ਹੈ ਸਾਫ ਆਇਆ,
ਵਧ ਗਈ ਨਾਲ ਹੀ ਲੋਕਾਂ ਦੀ ਆਸ ਬੇਲੀ।
ਬੁੱਤਾ ਸਾਰਨ ਦੀ ਆਦਤ ਤਾਂ ਛੱਡਣੀ ਪਊ,
ਵਰਨਾ ਚੋਣ ਅਗਲੀ ਆ ਰਹੀ ਪਾਸ ਬੇਲੀ।

-ਤੀਸ ਮਾਰ ਖਾਂ

# ਪੰਜਾਬ ਇਤਿਹਾਸਕ ਉਦਯੋਗਿਕ ਇਨਕਲਾਬ ਦੀ ਗਵਾਹੀ ਭਰ ਰਿਹੈ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਵਿਕਾਸ ਨੀਤੀਆਂ ਦੇ ਨਤੀਜੇ ਸਦਕਾ ਸੂਬਾ ਇੱਕ ਇਤਿਹਾਸਕ ਉਦਯੋਗਿਕ ਕ੍ਰਾਂਤੀ ਦੀ ਗਵਾਹੀ ਭਰ ਰਿਹਾ ਹੈ।ਉਨ੍ਹਾ ਕਿਹਾ ਕਿ ਸੂਬੇ ਦੇ ਅੰਦਰ ਉਦਯੋਗਿਕ ਵਿਕਾਸ ਨੂੰ ਹੋਰ ਤੇਜ਼ ਕਰਨ ਲਈ ਇਸ ਸਮੇਂ ਕਈ ਨਵੀਆਂ ਪਹਿਲਕਦਮੀਆਂ ਪ੍ਰਕ੍ਰਿਆ ਅਧੀਨ ਹਨ।

ਐੱਚ ਐੱਮ ਟੀ ਇੰਡਸਟਰੀਅਲ ਪਾਰਕ ਅਤੇ ਮਾਇਆ ਗਾਰਡਨ ਗਰੁੱਪ ਵੱਲੋਂ ਐਤਵਾਰ ਦੇਰ ਸ਼ਾਮ ਸਾਂਝੇ ਤੌਰ 'ਤੇ ਕਰਵਾਏ ਗਏ ਵਪਾਰ ਮੇਲੇ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਾਲ ਹੀ ਵਿੱਚ ਲਾਗੂ ਕੀਤੇ ਗਏ ਫਾਸਟ ਟਰੈਕ ਸਿੰਗਲ ਵਿੰਡੋ ਸਿਸਟਮ 'ਤੇ ਚਾਨਣਾ ਪਾਇਆ।ਉਨ੍ਹਾ ਕਿਹਾ ਕਿ ਇਹ ਨਵੀਨਤਾਕਾਰੀ ਪ੍ਰਣਾਲੀ ਇਹ ਯਕੀਨੀ ਬਣਾਉਂਦੀ ਹੈ ਕਿ ਜ਼ਰੂਰੀ ਪ੍ਰੋਜੈਕਟ ਪ੍ਰਵਾਨਗੀਆਂ 45 ਦਿਨਾਂ ਦੇ ਅੰਦਰ-ਅੰਦਰ ਦਿੱਤੀਆਂ ਜਾਣ, ਜੇਕਰ ਇਸ ਸਮਾਂ-ਸੀਮਾ ਦੇ ਅੰਦਰ ਪ੍ਰਵਾਨਗੀਆਂ ਨਹੀਂ ਦਿੱਤੀਆਂ ਜਾਂਦੀਆਂ ਤਾਂ ਇਸ ਨੂੰ ਖੁਦ-ਬ-ਖੁਦ ਪ੍ਰਵਾਨ ਹੋਇਆ ਸਮਝਿਆ ਜਾਵੇਗਾ ਅਤੇ ਇਸ ਲਈ ਸੰਬੰਧਤ ਅਧਿਕਾਰੀਆਂ ਦੀ ਜਵਾਬਦੇਹੀ ਹੋਵੇਗੀ।ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ ਵਿੱਤ ਮੰਤਰੀ ਨੇ ਖੁਲਾਸਾ ਕੀਤਾ ਕਿ ਪੰਜਾਬ ਸਰਕਾਰ ਨੇ ਰਜਿਸਟਰਡ ਸੇਲ ਡੀਡ ਜਾਰੀ ਕਰਨ ਲਈ ਰੰਗੀਨ ਕੋਡੇਡ ਸਟੈਂਪ ਪੇਪਰ ਵੀ ਲਾਗੂ ਕੀਤਾ ਹੈ, ਜਿਸ ਵਿੱਚ ਹੁਣ ਪਹਿਲਾਂ ਤੋਂ ਹੀ ਚੇਂਜ ਆਫ ਲੈਂਡ ਯੂਜ਼ (ਸੀ ਐੱਲ ਯੂ) ਪ੍ਰਵਾਨਗੀ ਸ਼ਾਮਲ ਹੈ।ਉਨ੍ਹਾ ਕਿਹਾ ਕਿ ਇਸ ਤਹਿਤ ਛੇ ਮੁੱਖ ਵਿਭਾਗਾਂ ਮਾਲ, ਰਿਹਾਇਸ਼ ਅਤੇ ਸ਼ਹਿਰੀ ਵਿਕਾਸ, ਸਥਾਨਕ ਸਰਕਾਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਜੰਗਲਾਤ ਅਤੇ ਜੰਗਲੀ ਜੀਵ ਅਤੇ ਕਿਰਤ ਅਤੇ ਫੈਕਟਰੀਆਂ ਦੁਆਰਾ ਨਿਰਧਾਰਤ ਸਮਾਂ-ਸੀਮਾਵਾਂ ਦੇ ਅੰਦਰ ਸਿੰਗਲ ਵਿੰਡੋ ਸਿਸਟਮ ਰਾਹੀਂ ਪੂਰਵ-ਮਨਜ਼ੂਰੀਆਂ ਸੰਬੰਧੀ ਕੁਸ਼ਲਤਾ ਨਾਲ ਪ੍ਰਕਿਰਿਆ ਸੰਪੂਰਨ ਕੀਤੀ ਜਾਂਦੀ ਹੈ।




ਉਹਨਾ ਇਹ ਵੀ ਖੁਲਾਸਾ ਕੀਤਾ ਕਿ ਪੰਜਾਬ ਸਰਕਾਰ ਨੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਨੇ ਪਲਾਟਾਂ ਦੇ ਕਲੱਬਿਗ ਅਤੇ ਡੀ-ਕਲੱਬਿਗ ਲਈ ਇੱਕ ਵਿਆਪਕ ਪਾਲਿਸੀ ਦੀ ਪ੍ਰਵਾਨਗੀ ਦੇ ਨਾਲ ਭੂਮੀ ਵਰਤੋਂ ਕੁਸ਼ਲਤਾ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ।ਇਹ ਫੈਸਲਾ ਉਦਯੋਗਿਕ ਭਾਈਵਾਲਾਂ ਵੱਲੋਂ ਜ਼ਮੀਨ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਅਤੇ ਪ੍ਰੋਜੈਕਟ ਦੇ ਵਿਸਥਾਰ ਲਈ ਨਾਲ ਲੱਗਦੇ ਪਲਾਟਾਂ ਨੂੰ ਮਿਲਾਉਣ ਜਾਂ ਵੰਡਣ ਸੰਬੰਧੀ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਦਾ ਹੱਲ ਕਰੇਗਾ।ਉਨ੍ਹਾ ਇਹ ਵੀ ਐਲਾਨ ਕੀਤਾ ਕਿ ਸੂਬਾ ਸਰਕਾਰ ਲੀਜ਼ ਹੋਲਡ ਪਲਾਟਾਂ ਨੂੰ ਫ੍ਰੀ ਹੋਲਡ ਵਿੱਚ ਬਦਲਣ ਲਈ ਇੱਕ ਨੀਤੀ ਲਿਆਉਣ ਸੰਬੰਧੀ ਯੋਜਨਾ ਬਣਾ ਰਹੀ ਹੈ।ਸੂਬਾ ਸਰਕਾਰ ਦੁਆਰਾ ਸੀ ਐੱਲ ਯੂ ਪ੍ਰਕਿਰਿਆ ਨੂੰ ਸਰਲ ਬਣਾਉਣ ਲਈ ਕੀਤੇ ਉਪਰਾਲਿਆਂ 'ਤੇ ਜ਼ੋਰ ਦਿੰਦੇ ਹੋਏ ਵਿੱਤ ਮੰਤਰੀ ਨੇ ਕਿਹਾ ਕਿ ਸਟੈਂਡਲੋਨ ਇੰਡਸਟਰੀਜ਼ ਲਈ ਇਜਾਜ਼ਤਯੋਗ ਜ਼ੋਨਾਂ ਵਿੱਚ ਸੀ ਐੱਲ ਯੂ ਪ੍ਰਵਾਨਗੀਆਂ ਪ੍ਰਾਪਤ ਕਰਨ ਦੀ ਸ਼ਰਤ ਨੂੰ ਹਟਾ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਇਸ ਮਹੱਤਵਪੂਰਨ ਤਬਦੀਲੀ ਨੇ ਸੂਬੇ ਭਰ ਵਿੱਚ ਨਵੀਆਂ ਉਦਯੋਗਿਕ ਇਕਾਈਆਂ ਸਥਾਪਤ ਕਰਨ ਵਿੱਚ ਹੁੰਦੀ ਦੇਰੀ ਅਤੇ ਪੇਚੀਦਗੀ ਨੂੰ ਘਟਾ ਦਿੱਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਉਦਯੋਗਿਕ ਵਿਕਾਸ ਨੂੰ ਵੱਧ ਤੋਂ ਵੱਧ ਉਤਸ਼ਾਹਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿੱਤ ਮੰਤਰੀ ਨੇ ਕਿਹਾ ਕਿ ਵਿੱਤੀ ਸਾਲ 2025-26 ਦੇ ਪਹਿਲੇ ਦੋ ਮਹੀਨਿਆਂ ਦੌਰਾਨ ਹੀ ਉਦਯੋਗਿਕ ਖੇਤਰ ਨੂੰ 180 ਕਰੋੜ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਸੂਬਾ ਸਰਕਾਰ ਨਾ ਸਿਰਫ਼ ਮੌਜੂਦਾ ਉਦਯੋਗਾਂ ਨੂੰ ਉਤਸ਼ਾਹਤ ਕਰਨ ਲਈ ਸਗੋਂ ਸੂਬੇ ਦੇ ਉਦਯੋਗਿਕ ਵਾਤਾਵਰਣ ਨੂੰ ਮਜ਼ਬੂਤ ਕਰਦਿਆਂ ਨਵੇਂ ਉਦਮਾਂ ਨੂੰ ਆਕਰਸ਼ਿਤ ਕਰਨ ਲਈ ਵੀ ਲਗਾਤਾਰ ਯਤਨਸ਼ੀਲ ਹੈ।

ਸੂਬਾ ਸਰਕਾਰ ਦੀਆਂ ਇਨ੍ਹਾਂ ਪਹਿਲਕਦਮੀਆਂ ਦਾ ਧੰਨਵਾਦ ਕਰਦਿਆਂ ਐੱਚ ਐੱਮ ਟੀ

• ਬਾਕੀ ਸਫਾ 2 'ਤੇ

## ਚੰਡੀਗੜ੍ਹ ਚਰਚ 'ਤੇ ਹਮਲੇ ਨੂੰ ਰੋਕਿਆ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬੀਤੇ ਦਿਨੀਂ ਗੁਰਪ੍ਰੀਤ ਉਦਾਸੀ ਅਤੇ ਭਗਤ ਸਿੰਘ ਦੋਆਬੀ ਵੱਲੋਂ ਪ੍ਰੌਫੇਟ ਬਜਿੰਦਰ ਸਿੰਘ ਮਿਨਿਸਟ੍ਰੀ ਦੇ ਚੰਡੀਗੜ੍ਹ ਚਰਚ ਵਿੱਚ ਜਾ ਕੇ ਕਾਫ਼ੀ ਭੱਦੀ ਸ਼ਬਦਾਵਲੀ ਵਰਤੀ ਗਈ ਤੇ ਬੁਲਡੋਜ਼ਰ ਲੈ ਕੇ ਚਰਚ ਨੂੰ ਤੋੜਨ ਦੀ ਅਤੇ ਖ਼ਤਮ ਕਰਨ ਦੀ ਗੱਲ ਕੀਤੀ ਗਈ, ਜਿਸ ਉਪਰੰਤ ਸ੍ਰੀ ਜਤਿੰਦਰ ਮਸੀਹ ਗੌਰਵ ਵੱਲੋਂ ਉਸ ਚਰਚ ਦੇ ਪ੍ਰਧਾਨ ਅਵਤਾਰ ਸਿੰਘ ਨਾਲ ਇਸ ਮਸਲੇ 'ਤੇ ਵਿਚਾਰ ਚਰਚਾ ਕਰ ਕਾਨੂੰਨੀ ਪਹਿਲੂਆਂ ਨੂੰ ਦੇਖਦੇ ਹੋਏ ਇਨ੍ਹਾਂ ਨੂੰ ਰੋਕਿਆ ਗਿਆ ਅਤੇ ਪ੍ਰਸ਼ਾਸਨ ਨਾਲ ਗੱਲਬਾਤ ਕਰਕੇ ਇਨ੍ਹਾਂ ਨੂੰ ਅਰੈਸਟ ਕਰਵਾਇਆ ਗਿਆ। ਅਸੀਂ ਇਸਦੇ ਲਈ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹਾਂ ਤੇ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਇਸ ਮਸਲੇ ਦੇ 'ਤੇ ਪੀਬੀਐਸਐਮ ਮਿਨਿਸਟ੍ਰੀ ਦਾ ਸਾਥ ਦੇਵੇਗੀ ਅਤੇ ਚਰਚ ਨੂੰ ਤੋੜਨ ਨਹੀਂ ਦਿੱਤਾ ਜਾਏਗਾ। ਇਸ ਮੌਕੇ ਕੋ-ਆਰਡੀਨੇਟਰ ਵਲੈਣ ਮਸੀਹ ਬੰਟੀ ਅਨਜਾਨਾ 'ਤੇ ਪ੍ਰਧਾਨ ਸ੍ਰੀ ਲੂਕਸ ਮਸੀਹ ਵੀ ਹਾਜ਼ਰ ਸਨ।

## ਹਰਸ਼ ਬਲੱਡ ਡੋਨਰ ਸੁਸਾਇਟੀ ਵੱਲੋਂ ਐੱਸ ਐੱਸ ਪੀ ਸਨਮਾਨਤ



**ਨਾਭਾ (ਵਰਿੰਦਰ ਵਰਮਾ)**-ਹਰਸ਼ ਬਲੱਡ ਡੋਨਰ ਸੁਸਾਇਟੀ ਰਜਿ 1069 ਨਾਭਾ ਦੀ ਟੀਮ ਵੱਲੋਂ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਦੀ ਅਗਵਾਈ ਵਿੱਚ ਪਟਿਆਲਾ ਜ਼ਿਲ੍ਹੇ ਦੇ ਨਵ-ਨਿਯੁਕਤ ਐਸ.ਐਸ.ਪੀ ਸ੍ਰੀ ਵਰੁਣ ਸ਼ਰਮਾ ਨੂੰ ਮਿਲ ਕੇ ਪਟਿਆਲਾ ਜ਼ਿਲ੍ਹੇ ਨੂੰ ਵਧੀਆ ਸੇਵਾਵਾਂ ਦੇਣ ਦੇ ਲਈ ਸੁਸਾਇਟੀ ਦੀ ਪ੍ਰਤਿਮਾ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਪ੍ਰਧਾਨ ਭਾਸ਼ੀ ਨੇ ਐਸ.ਐਸ.ਪੀ ਸ਼ਰਮਾ ਨੂੰ ਕਿਹਾ ਕਿ ਪ੍ਰਮਾਤਮਾ ਨਾ ਕਰੇ ਜੇ ਦੁਬਾਰਾ ਕਿਸੇ ਵੀ ਤਰ੍ਹਾਂ ਦੀ ਕਰੋਨਾ ਮਹਾਮਾਰੀ ਦੌਰਾਨ ਲੋੜ ਹੋਵੇ ਤਾਂ ਅਸੀਂ ਹਮੇਸ਼ਾ ਕਿਸੇ ਵੀ ਤਰਾਂ ਦੀ ਸੇਵਾ ਲਈ ਹਾਜ਼ਰ ਹਾਂ। ਉਹ ਮਦਦ ਚਾਹੇ ਸ਼ਹਿਰ ਸੈਨੇਟਾਈਜ਼ ਕਰਨ ਲਈ ਹੋਵੇ ਜਾਂ ਪੁਲਸ ਟੀਮ ਨਾਲ ਕਿਸੇ ਵੀ ਤਰ੍ਹਾਂ ਦਾ ਸਹਿਯੋਗ ਕਰਨ ਲਈ ਹੋਵੇ ਜਾਂ ਫੇਰ ਕੋਵਾ ਐਪ ਰਾਹੀਂ ਲੋਕਾਂ ਨੂੰ ਜਾਗਰੂਕ ਕਰਨ ਦੀ ਹੋਵੇ, ਅਸੀਂ ਪੰਜਾਬ ਪੁਲਿਸ ਨਾਲ ਹਮੇਸ਼ਾ ਹਾਜ਼ਰ ਖੜੇ ਹਾਂ। ਅਸੀਂ ਪਿਛਲੇ ਸਮੇਂ ਦੌਰਾਨ ਵੀ 24 ਮਾਰਚ 2020 ਤੋਂ 06 ਅਪ੍ਰੈਲ 2020 ਤੱਕ ਨਾਭਾ ਸ਼ਹਿਰ ਤੇ ਸ਼ਹਿਰ ਦੀ ਕੋਤਵਾਲੀ ਅਤੇ ਸਦਰ ਥਾਣਾ ਆਪਣੀ ਟੀਮ ਦੇ ਸਹਿਯੋਗ ਨਾਲ ਬਿਨਾਂ ਆਪਣੀ ਜਾਨ ਦੀ ਪ੍ਰਵਾਹ ਕੀਤੇ ਸੈਨੇਟਾਈਜ਼ ਕੀਤਾ ਸੀ, ਹੁਣ ਵੀ ਸਾਡੀ ਜਿਸ ਤਰ੍ਹਾਂ ਦੀ ਮਦਦ ਦੀ ਲੋੜ ਹੋਏ ਅਸੀਂ ਹਾਜ਼ਰ ਹਾਂ ਤੇ ਹਮੇਸ਼ਾ ਹੀ ਸਾਡੀ ਸਾਰੀ ਟੀਮ ਐਮਰਜੈਂਸੀ ਖੂਨਦਾਨ ਕਰਨ ਲਈ ਵੀ ਹਾਜ਼ਰ ਰਹਿੰਦੀ ਹੈ।

## ਲੁਧਿਆਣਾ ਜਿੱਤ ਨੇ ਮੁੱਖ ਮੰਤਰੀ ਦੀਆਂ ਨੀਤੀਆਂ ਦਾ ਦਿੱਤਾ ਸਾਥ : ਭਸੌੜ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਲੁਧਿਆਣਾ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਇਤਿਹਾਸਕ ਜਿੱਤ ਨੇ ਪੰਜਾਬ ਦੀ ਰਾਜਨੀਤੀ ਵਿੱਚ ਨਵੀਂ ਲਹਿਰ ਜਗਾ ਦਿੱਤੀ ਹੈ। ਇਸ ਜਿੱਤ ਤੇ ਵਕਫ਼ ਬੋਰਡ ਪੰਜਾਬ ਦੇ ਮੈਂਬਰ ਡਾ. ਅਨਵਰ ਭਸੌੜ ਨੇ ਖੁਸ਼ੀ ਜਤਾਉਂਦੇ ਹੋਏ ਕਿਹਾ ਕਿ ਇਹ ਜਿੱਤ ਸਿਰਫ਼ ਇੱਕ ਪੰਜਾਬ ਤੇ ਖਾਸ ਕਰਕੇ ਲੁਧਿਆਣਾ ਦੇ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਕੇਂਦਰੀ ਨੀਤੀਆਂ ਤੇ ਪੂਰਾ ਭਰੋਸਾ ਜਤਾਇਆ ਹੈ। ਡਾ. ਅਨਵਰ ਭਸੌੜ ਦੀ ਅਗਵਾਈ ਹੇਠ ਸੈਂਕ ਸਟੇਟ ਵਿੱਚ ਲੱਡੂ ਵੀ ਵੰਡੇ ਗਏ। ਡਾ. ਭਸੌੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਵਿੱਚ ਜੋ ਵਿਕਾਸਮਈ ਕੰਮ ਕੀਤੇ ਹਨ, ਉਹ ਲੋਕਾਂ ਦੇ ਦਿਲਾਂ 'ਚ ਆਪਣੀ ਥਾਂ ਬਣਾਉਣ ਵਿੱਚ ਕਾਮਯਾਬ ਰਹੇ ਹਨ। ਵਿੱਦਿਆ, ਸਿਹਤ, ਬਿਜਲੀ, ਪਾਣੀ ਤੇ ਨੌਕਰੀਆਂ ਦੇ ਮੈਦਾਨ ਵਿੱਚ ਹੋ ਰਹੇ ਸੁਧਾਰਾਂ ਨੇ ਲੋਕਾਂ ਨੂੰ ਸਰਕਾਰ ਵੱਲ ਖਿੱਚਿਆ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਜਿੱਤ ਸਿਰਫ਼ ਇਕ ਸੀਟ ਨਹੀਂ, ਸਗੋਂ ਇਹ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਪੇਸ਼ੀਨਗੋਈ ਹੈ। ਲੋਕਾਂ ਨੇ ਇਹ ਸਾਫ਼ ਸੰਕੇਤ ਦੇ ਦਿੱਤਾ ਹੈ ਕਿ ਉਹ ਆਮ ਆਦਮੀ ਪਾਰਟੀ ਨੂੰ ਹੀ ਆਪਣੇ ਭਵਿੱਖ ਦੀ ਸਰਕਾਰ ਦੇ ਰੂਪ ਵਿੱਚ ਵੇਖ ਰਹੇ ਹਨ। ਡਾ. ਭਸੌੜ ਨੇ ਕਿਹਾ ਕਿ ਲੁਧਿਆਣਾ ਦੇ ਲੋਕਾਂ ਨੇ ਨਕਾਰ ਦਿੱਤਾ ਕਿ ਝੂਠ, ਭਰਮ ਤੇ ਦੁਰਪ੍ਰਚਾਰ ਦੀ ਰਾਜਨੀਤੀ ਹੁਣ ਚੱਲਣ ਵਾਲੀ ਨਹੀਂ। ਲੋਕ ਸੱਚ ਦੀ ਸਿਆਸਤ, ਸਾਫ਼ ਸੁਥਰੇ ਚਿਹਰਿਆਂ ਤੇ ਕੰਮ ਵਾਲੀ ਸਰਕਾਰ ਚਾਹੁੰਦੇ ਹਨ।

## ਸਮਾਧਾਨ ਕੈਂਪ ਬਣੇ ਲੋਕਾਂ ਦੀ ਪਸੰਦ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਾ. ਪ੍ਰਗਿਆ ਜੈਨ ਐਸ.ਐਸ.ਪੀ, ਜਿਨ੍ਹਾਂ ਵੱਲੋਂ ਸਮੇਂ-ਸਮੇਂ 'ਤੇ ਪਬਲਿਕ ਦੀ ਸਹੂਲਤ ਲਈ ਕਦਮ ਉਠਾਏ ਜਾਂਦੇ ਹਨ, ਉਨ੍ਹਾਂ ਦੇ ਨਿਰਦੇਸ਼ਾਂ ਤਹਿਤ ਜਨਤਾ ਨੂੰ ਬਿਹਤਰ ਪ੍ਰਸ਼ਾਸਨਿਕ ਸੁਵਿਧਾਵਾਂ ਪ੍ਰਦਾਨ ਕਰਨ ਤੇ ਸ਼ਿਕਾਇਤਾਂ ਦਾ ਤਤਕਾਲ ਹੱਲ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੇ ਸਾਰੇ ਥਾਣਿਆਂ ਅਤੇ ਚੌਂਕੀਆਂ ਵਿੱਚ ਵਿਸ਼ੇਸ਼ ਸਮਾਧਾਨ ਕੈਂਪਾਂ ਦਾ ਆਯੋਜਤ ਕੀਤੇ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਵਿਅਕਤੀਗਤ, ਪਰਵਾਰਕ, ਜਾਇਦਾਦੀ ਜਾਂ ਹੋਰ ਕਿਸੇ ਕਿਸਮ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ, ਉਸਦਾ ਤੁਰੰਤ ਨਿਵਾਰਨ ਕਰਨਾ ਹੈ, ਤਾਂ ਜੁ ਨਾਗਰਿਕਾਂ ਨੂੰ ਜਲਦੀ ਅਤੇ ਨਿਆਪੂਰਨ ਇਨਸਾਫ ਮਿਲ ਸਕੇ। ਇਸ ਉਪਰਾਲੇ ਨਾਲ ਲੋਕਾਂ ਦਾ ਕੀਮਤੀ ਸਮਾਂ ਵੀ ਬਚਾਇਆ ਜਾ ਰਿਹਾ ਹੈ ਤੇ ਉਨ੍ਹਾਂ ਦੀ ਪੁਲਿਸ ਪ੍ਰਸ਼ਾਸਨ ਉੱਤੇ ਭਰੋਸਾ ਹੋਰ ਮਜ਼ਬੂਤ ਹੋਇਆ ਹੈ। ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਇਨ੍ਹਾਂ ਸਮਾਧਾਨ ਕੈਂਪਾਂ ਦਾ ਮੂਲ ਉਦੇਸ਼ ਜਨਤਕ ਸ਼ਿਕਾਇਤਾਂ ਦਾ ਤੁਰੰਤ, ਨਿਰਪੱਖ ਤੇ ਕਾਨੂੰਨੀ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਕੈਂਪ ਲੋਕਾਂ ਲਈ ਨਾ ਸਿਰਫ਼ ਸੁਣਵਾਈ ਦਾ ਇਕ ਮਜ਼ਬੂਤ ਮਾਧਿਅਮ ਬਣ ਰਹੇ ਹਨ, ਸਗੋਂ ਪੂਰੇ ਵਿਸ਼ਵਾਸ ਨਾਲ ਇਨਸਾਫ ਦੀ ਪਹੁੰਚ ਵੀ ਦੇ ਰਹੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਫਰੀਦਕੋਟ ਪੁਲਸ ਭਵਿੱਖ ਵਿੱਚ ਵੀ ਇਨ੍ਹਾਂ ਸਮਾਧਾਨ ਕੈਂਪਾਂ ਦੀ ਲੜੀ ਜਾਰੀ ਰਖੇਗੀ, ਤਾਂ ਜੋ ਜਨਤਾ ਨੂੰ ਜਲਦ ਤੇ ਨਿਆਪੂਰਨ ਢੰਗ ਨਾਲ ਇਨਸਾਫ਼ ਮਿਲ ਸਕੇ।

## ਐੱਸ ਆਰ ਐੱਸ ਵਿੱਦਿਆਪੀਠ 'ਚ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ



**ਸਮਾਣਾ (ਇਕਬਾਲ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਉਤਸ਼ਾਹ ਨਾਲ਼ ਮਨਾਇਆ ਗਿਆ। ਇਹ ਦਿਵਸ ਜਮਾਤ ਪਲੇਅ ਵੇਅ ਤੋਂ ਲੈ ਕੇ 12ਵੀਂ ਜਮਾਤ ਤੱਕ ਸਾਰੀਆਂ ਜਮਾਤਾਂ ਦੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਨਾਲ ਮਨਾਇਆ ਗਿਆ। ਇਸ ਦਿਵਸ ਨੂੰ ਮਨਾਉਣ ਦਾ ਉਦੇਸ਼ ਸਰੀਰਕ ਤੰਦਰੁਸਤੀ, ਮਾਨਸਿਕ ਸਪੱਸ਼ਟਤਾ ਤੇ ਭਾਵਨਾਤਮਕ ਸੰਤੁਲਨ ਨੂੰ ਵਧਾਉਣ ਦੇ ਨਾਲ਼-ਨਾਲ਼ ਵਿਦਿਆਰਥੀਆਂ ਨੂੰ ਯੋਗਾ ਨੂੰ ਜੀਵਨ ਭਰ ਅਭਿਆਸ ਵਜੋਂ ਅਪਣਾਉਣ ਲਈ ਉਤਸ਼ਾਹਤ ਕਰਨਾ ਹੈ। ਸਿਖਲਾਈ ਪ੍ਰਾਪਤ ਕੋਚ ਦੁਆਰਾ ਅਸਲ ਵਿੱਚ ਮਾਰਗ ਦਰਸ਼ਨ ਵਿੱਚ, ਵਿਦਿਆਰਥੀਆਂ ਨੇ ਆਪਣੇ ਘਰਾਂ ਦੇ ਆਰਾਮ ਵਿੱਚ ਉਮਰ ਦੇ ਅਨੁਕੂਲ ਆਸਣ, ਸਾਹ ਲੈਣ ਦੀਆਂ ਤਕਨੀਕਾਂ ਤੇ ਧਿਆਨ ਦੇ ਅਭਿਆਸ ਕੀਤੇ।

## ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਕੀਤੀਆਂ ਪ੍ਰਸ਼ਾਸਨਿਕ ਤਿਆਰੀਆਂ ਦਾ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਟਿਆਲਾ ਡਵੀਜ਼ਨ ਦੇ ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਸਮੇਤ ਹੋਰਨਾਂ ਪ੍ਰਸ਼ਾਸਨਿਕ ਤੇ ਪੁਲਸ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਕੀਤੀਆਂ ਤਿਆਰੀਆਂ ਬਾਰੇ ਜਾਇਜ਼ਾ ਲਿਆ। ਡਵੀਜ਼ਨਲ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਵਧੇਰੇ ਚੌਕਸੀ ਵਰਤਣ ਦੀ ਹਦਾਇਤ ਕੀਤੀ ਅਤੇ ਲੋਕਾਂ ਨਾਲ ਨਿਰੰਤਰ ਤਾਲਮੇਲ ਰੱਖਣ ਲਈ ਪ੍ਰੇਰਿਆ। ਸ੍ਰੀ ਬੁਬਲਾਨੀ ਨੇ ਕਿਹਾ ਕਿ ਜਿਹੜੇ ਇਲਾਕਿਆਂ ਵਿੱਚ ਪਿਛਲੇ ਵਰ੍ਹਿਆਂ ਦੌਰਾਨ ਹੜ੍ਹਾਂ ਦਾ ਪਾਣੀ ਆਇਆ ਸੀ, ਉਥੇ ਵਧੇਰੇ ਧਿਆਨ ਰੱਖਿਆ ਜਾਵੇ ਅਤੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਵਿਭਾਗੀ ਤਾਲਮੇਲ ਪੱਖੋਂ ਕਿਸੇ ਪੱਧਰ 'ਤੇ ਕੋਈ ਕਮੀ ਨਾ ਛੱਡੀ ਜਾਵੇ। ਵਿਨੈ ਬੁਬਲਾਨੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਉਹ ਪਟਿਆਲਾ ਡਵੀਜ਼ਨ ਅਧੀਨ ਆਉਂਦੇ ਜ਼ਿਲ੍ਹਿਆਂ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ ਤੇ ਇਸੇ ਉਦੇਸ਼ ਨਾਲ ਪ੍ਰਸ਼ਾਸਨ ਨਾਲ ਸਮੀਖਿਆ ਕੀਤੀ ਜਾ ਰਹੀ ਹੈ ਤਾਂ ਜੁ ਭਾਰੀ ਬਰਸਾਤ ਤੋਂ ਪਹਿਲਾਂ ਹੀ ਹਰ ਲੋੜੀਂਦੇ ਪ੍ਰਬੰਧ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਡਰੇਨਾਂ, ਨਦੀ ਨਾਲਿਆਂ, ਸੂਇਆਂ ਦੀ ਸਾਫ ਸਫਾਈ ਵਿੱਚ ਬੇਲੋੜੀ ਦੇਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ ਹਦਾਇਤ ਕੀਤੀ ਕਿ ਸਬ ਡਵੀਜ਼ਨਾਂ ਵਿੱਚ ਹੜ੍ਹ ਸੰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਜਾਵੇ ਤੇ ਤਾਲਮੇਲ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਪ੍ਰਸ਼ਾਸਨਿਕ ਪੱਧਰ 'ਤੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ ਅਤੇ ਜ਼ਿਲ੍ਹਾ ਪੱਧਰ 'ਤੇ ਅਤੇ ਸਬ ਡਵੀਜ਼ਨ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ, ਜਿਨ੍ਹਾਂ ਉਤੇ ਸਟਾਫ਼ ਦੀ ਤਾਇਨਾਤੀ ਕੀਤੀ ਗਈ ਹੈ।

# ਟਰੱਕ ਯੂਨੀਅਨ ਭਗਤਾ ਦੇ ਥਾਪੇ ਅਹੁਦੇਦਾਰ ਲਾਂਭੇ, ਨਾਇਬ ਤਹਿਸੀਲਦਾਰ ਕੋਲ ਹੀ ਰਹੇਗਾ ਚਾਰਜ : ਸੂਤਰ

**■ ਡੀ ਸੀ ਬਠਿੰਡਾ ਦੇ ਛੁੱਟੀ ਤੋਂ ਪਰਤਣ ਤੱਕ ਮਾਮਲਾ ਲਟਕਿਆ**

**ਬਠਿੰਡਾ (ਰਾਜੀਵ ਗੋਇਲ)**

ਬੀਤੇ ਦਿਨੀਂ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਵਿਖੇ ਟਰੱਕ ਯੂਨੀਅਨ ਦੇ ਥਾਪੇ ਗਏ ਅਹੁਦੇਦਾਰਾਂ ਨੂੰ ਪ੍ਰਸ਼ਾਸਨ ਵੱਲੋਂ ਲਾਂਭੇ ਕੀਤੇ ਜਾਣ ਦੀ ਗੱਲ ਸੂਤਰਾਂ ਤੋਂ ਪ੍ਰਾਪਤ ਹੋਈ ਹੈ। ਬੀਤੇ ਕੱਲ੍ਹ ਪਰਮਜੀਤ ਸਿੰਘ ਪੰਮਾ ਨੂੰ ਪ੍ਰਧਾਨ ਤੇ ਸੰਜੀਵ ਕੁਮਾਰ ਬੰਟੀ ਨੂੰ ਟਰੱਕ ਯੂਨੀਅਨ ਭਗਤਾ ਦਾ ਮੀਤ ਪ੍ਰਧਾਨ ਥਾਪਿਆ ਗਿਆ ਸੀ ਅਤੇ ਇਨ੍ਹਾਂ ਥਾਪੇ ਗਏ ਅਹੁਦੇਦਾਰਾਂ ਦੀ ਨਿਯੁਕਤੀ ਨੂੰ ਲੈ ਕੇ ਰੋਸ ਪ੍ਰਗਟ ਕਰਦੇ ਹੋਏ ਬਹੁ-ਗਿਣਤੀ ਟਰੱਕ ਆਪ੍ਰੇਟਰਾਂ ਵੱਲੋਂ ਭਗਤਾ ਭਾਈ ਕਾ ਦੇ ਮੁੱਖ ਚੌਕ 'ਚ ਧਰਨਾ ਲਗਾ ਦਿੱਤਾ ਸੀ ਅਤੇ ਡੀ.ਐੱਸ.ਪੀ. ਫੂਲ ਤੇ ਨਾਇਬ ਤਹਿਸੀਲਦਾਰ ਭਗਤਾ ਵੱਲੋਂ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਮੀਟਿੰਗ ਦੇ ਭਰੋਸੇ ਮਗਰੋਂ ਇਹ ਧਰਨਾ ਚੁਕਵਾ ਦਿੱਤਾ ਗਿਆ ਸੀ।

ਇਸ ਸਾਰੇ ਮਸਲੇ ਨੂੰ ਲੈ ਕੇ ਅੱਜ ਯੂਨੀਅਨ ਆਗੂ ਏ.ਡੀ.ਸੀ. ਬਠਿੰਡਾ ਪਾਸ ਪੁੱਜੇ, ਜਿੱਥੇ ਇਸ ਮਸਲੇ ਸੰਬੰਧੀ ਗੱਲਬਾਤ ਹੋਈ ਅਤੇ ਉਸ ਤੋਂ ਬਾਅਦ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਆਗੂ ਬੂਟਾ ਸਿੰਘ ਜਲਾਲ ਨੇ ਦੱਸਿਆ ਕਿ ਪ੍ਰਸ਼ਾਸਨ ਨੇ ਇਸ ਨਿਯੁਕਤੀ ਨੂੰ ਖਾਰਜ ਕਰ ਦਿੱਤਾ ਹੈ ਅਤੇ ਡਿਪਟੀ ਕਮਿਸ਼ਨਰ ਬਠਿੰਡਾ ਦੇ ਛੁੱਟੀ ਤੋਂ ਮੁੜ ਡਿਊਟੀ 'ਤੇ ਪਰਤਣ ਤੱਕ ਇਹ ਚਾਰਜ਼ ਨਾਇਬ ਤਹਿਸੀਲਦਾਰ ਪਾਸ ਹੀ ਰਹੇਗਾ। ਗੱਲਬਾਤ ਕਰਦਿਆਂ ਰਿਤੇਸ਼ ਕੁਮਾਰ ਰਿੰਕੂ ਨੇ ਦੱਸਿਆ ਕਿ ਇਹ ਅਹੁਦੇਦਾਰ ਜਾਲ੍ਹੀ ਤੌਰ 'ਤੇ ਥਾਪੇ ਗਏ ਸਨ ਅਤੇ ਆਪ੍ਰੇਟਰਾਂ ਵੱਲੋਂ ਕੋਈ ਚੋਣ ਕਰਵਾਈ ਹੀ ਨਹੀਂ ਗਈ, ਸਿਰਫ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ਪਾਸੋਂ ਨਜਾਇਜ਼ ਕਬਜ਼ਿਆਂ ਨੂੰ ਖਾਲੀ ਕਰਵਾਉਣ ਲਈ ਫੋਰਸ ਸੱਦੀ ਗਈ ਸੀ, ਜਿਸ ਦੀ ਗਲਤ ਵਰਤੋਂ ਕਰਦਿਆਂ ਇਹ ਅਹੁਦੇਦਾਰ ਥਾਪੇ ਗਏ ਸਨ। ਉਨ੍ਹਾਂ ਦੱਸਿਆ ਕਿ ਅਸੀਂ ਐੱਸ.ਐੱਸ.ਪੀ. ਬਠਿੰਡਾ ਤੇ ਐੱਸ.ਡੀ.ਐੱਮ. ਫੂਲ ਨੂੰ ਧਾਰਾ 145 ਦਾ ਉਲੰਘਣ ਕਰਨ ਤੇ ਨਜਾਇਜ਼ ਤੌਰ 'ਤੇ ਇਨ੍ਹਾਂ ਨਿਯੁਕਤੀਆਂ ਵਿਰੁੱਧ ਸ਼ਿਕਾਇਤ ਦੇਣ ਜਾ ਰਹੇ ਹਾਂ। ਇਸ ਮਸਲੇ ਨੂੰ ਲੈ ਕੇ ਹਲਕਾ ਵਿਧਾਇਕ ਦੇ ਪੀ ਏ ਦਾ ਕਹਿਣਾ ਸੀ ਕਿ ਆਪ੍ਰੇਟਰਾਂ ਵੱਲੋਂ ਹੀ ਇਹ ਚੋਣ ਕੀਤੀ ਗਈ ਹੈ। ਸਾਡੀ ਅਫਸਰਾਂ ਨਾਲ ਗੱਲਬਾਤ ਹੋ ਗਈ ਹੈ, ਉਹ ਸਾਰੀ ਸਥਿਤੀ ਦੇਖ ਰਹੇ ਹਨ। ਪਰ ਇਸ ਮਸਲੇ ਨੂੰ ਲੈ ਕੇ ਸਿਵਲ ਪ੍ਰਸ਼ਾਸਨ ਵੱਲੋਂ ਹਾਲੇ ਕਿਸੇ ਵੀ ਤਰ੍ਹਾਂ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ। ਜਾਨਣ ਲਈ ਸੰਪਰਕ ਕਰਨ 'ਤੇ ਕਿਸੇ ਵੀ ਅਧਿਕਾਰੀ ਵੱਲੋਂ ਫੋਨ ਨਹੀਂ ਚੁੱਕਿਆ ਗਿਆ।

## ਫਤਿਹ ਇਮੀਗ੍ਰੇਸ਼ਨ ਵੱਲੋਂ ਨਸ਼ਾ ਰੋਕੂ ਕਮੇਟੀ ਨੂੰ ਵਿੱਤੀ ਮਦਦ



**ਸ਼ੇਰਪੁਰ (ਰਵੀ ਟਿੱਬਾ)**-ਪਿਛਲੇ ਲੰਬੇ ਸਮੇਂ ਤੋਂ ਸ਼ੇਰਪੁਰ ਵਿਖੇ ਨਸ਼ਿਆਂ ਖਿਲਾਫ ਜੰਗ ਲੜ ਰਹੀ ਨਸ਼ਾ ਰੋਕੂ ਕਮੇਟੀ ਸ਼ੇਰਪੁਰ ਤੇ ਖੇੜੀ ਕਲਾਂ ਨੂੰ ਫਤਿਹ ਇਮੀਗ੍ਰੇਸ਼ਨ ਦੇ ਐੱਮ ਡੀ ਯਾਦਵਿੰਦਰ ਸਿੰਘ ਮਾਹੀ ਸ਼ੇਰਗਿੱਲ ਤੇ ਜਸਵੀਰ ਸਿੰਘ ਸੀਰਾ ਸ਼ੇਰਗਿੱਲ ਵੱਲੋਂ 11000 ਰੁਪਏ ਦੀ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਸ਼ਾ ਰੋਕੂ ਕਮੇਟੀ ਦੇ ਸੰਚਾਲਕ ਬਲਵਿੰਦਰ ਸਿੰਘ ਬਿੰਦਾ ਖੇੜੀ ਤੇ ਗੋਪੀ ਗਰੇਵਾਲ ਸ਼ੇਰਪੁਰ ਨੇ ਦੱਸਿਆ ਕਿ ਇਹ ਨਸ਼ਾ ਕਮੇਟੀ ਦਾਨੀ ਸੱਜਣਾਂ ਤੇ ਲੋਕਾਂ ਦੇ ਸਹਿਯੋਗ ਨਾਲ ਲਗਭਗ ਪਿਛਲੇ ਦੋ ਸਾਲਾਂ ਤੋਂ ਇੱਥੇ ਨਸ਼ਿਆਂ ਖਿਲਾਫ ਜੰਗ ਲੜ ਰਹੀ ਹੈ ਅਤੇ ਨਸ਼ਾ ਰੋਕੂ ਕਮੇਟੀ ਆਪਣੇ ਪੱਧਰ 'ਤੇ ਹੀ ਨਸ਼ਿਆਂ ਤੇ ਚੋਰਾਂ ਖਿਲਾਫ 24 ਘੰਟੇ ਸਰਗਰਮ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਜੇਕਰ ਪੁਲਸ ਪ੍ਰਸ਼ਾਸਨ ਤੇ ਲੋਕਾਂ ਦੇ ਸਹਿਯੋਗ ਨਸ਼ਾ ਰੋਕੂ ਕਮੇਟੀ ਨੂੰ ਲਗਾਤਾਰ ਮਿਲਦਾ ਰਿਹਾ ਤਾਂ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਨਸ਼ਿਆਂ ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਜੰਗ ਜਾਰੀ ਰਹੇਗੀ। ਆਗੂਆਂ ਨੇ ਵੱਖ-ਵੱਖ ਪਿੰਡਾਂ ਵਿੱਚ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਖਿਲਾਫ ਅੱਗੇ ਹੋ ਕੇ ਲੜਾਈ ਲੜਨ ਤਾਂ ਜੋ ਪੰਜਾਬ 'ਚੋਂ ਨਸ਼ਿਆਂ ਦਾ ਖਾਤਮਾ ਕੀਤਾ ਜਾ ਸਕੇ। ਇਸ ਮੌਕੇ ਹਰਜਿੰਦਰ ਸਿੰਘ ਕਾਕਾ ਸਲੇਮਪੁਰ, ਗੌਰਵ ਗੋਇਲ ਮੈਨੇਜਰ ਐੱਚ.ਡੀ.ਐੱਫ.ਸੀ. ਬੈਂਕ ਸ਼ੇਰਪੁਰ, ਜੱਗੀ ਹੰਸ ਤੇ ਹੋਰ ਆਗੂ ਮੌਜੂਦ ਸਨ।

## ਮੁੱਖ ਮੰਤਰੀ ਦੀ ਥਾਂ ਗੈਰ ਚੁਣੇ ਮੁੱਖ ਸਕੱਤਰ ਦੀ ਨਿਯੁਕਤੀ ਮੰਦਭਾਗੀ : ਦੌਲਤਪੁਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਥਾਂ ਇੱਕ ਗੈਰ-ਚੁਣੇ ਹੋਏ ਮੁੱਖ ਸਕੱਤਰ ਨੂੰ ਰਾਜ ਦੀਆਂ ਪ੍ਰਮੁੱਖ ਵਿਕਾਸ ਅਥਾਰਟੀਆਂ ਦਾ ਚੇਅਰਮੈਨ ਨਿਯੁਕਤ ਕਰਨ ਦੇ ਫ਼ੈਸਲੇ ਨੂੰ ਅਣਹੋਣਾ ਕਦਮ ਕਰਾਰ ਦਿੰਦਿਆਂ ਇਸਦੀ ਨਿੰਦਾ ਕਰਦਿਆਂ ਮੰਦਭਾਗਾ ਦੱਸਿਆ ਹੈ। ਉਨ੍ਹਾਂ ਹਾਲ ਹੀ ਵਿੱਚ ਐਲਾਨੇ ਗਏ ਇਸ ਫੈਸਲੇ ਨੇ ਜਮਹੂਰੀ ਸਿਧਾਂਤਾਂ ਦੀ ਇਤਿਹਾਸਕ ਤੇ ਚਿੰਤਾਜਨਕ ਤੌਰ 'ਤੇ ਉਲੰਘਣਾ ਕੀਤੀ ਹੈ, ਕਿਉਂਕਿ ਇਸ ਨਾਲ ਚੁਣੇ ਹੋਏ ਮੁੱਖ ਮੰਤਰੀ ਨੂੰ ਹਾਸ਼ੀਏ 'ਤੇ ਧੱਕ ਕੇ ਮਹੱਤਵਪੂਰਨ ਸ਼ਾਸਨ ਸੰਬੰਧੀ ਜ਼ਿੰਮੇਵਾਰੀਆਂ ਨੂੰ ਇੱਕ ਨੌਕਰਸ਼ਾਹ ਦੇ ਹੱਥ ਵਿੱਚ ਸੌਂਪ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਅਜ਼ਾਦੀ ਦੇ 75 ਸਾਲਾਂ ਵਿੱਚ ਪਹਿਲੀ ਵਾਰ ਇੱਕ ਮੁੱਖ ਮੰਤਰੀ ਭਗਵੰਤ ਮਾਨ, ਨੂੰ ਇੱਕ ਅਹਿਮ ਅਹੁਦੇ 'ਤੇ ਇੱਕ ਨੌਕਰਸ਼ਾਹ ਨਾਲ ਬਦਲਿਆ ਗਿਆ ਹੈ। ਇਹ ਪੰਜਾਬ ਦੀ ਜਮਹੂਰੀ ਸੰਰਚਨਾ 'ਤੇ ਸਿੱਧਾ ਹਮਲਾ ਹੈ ਤੇ ਇਹ ਸਪੱਸ਼ਟ ਸੰਕੇਤ ਹੈ ਕਿ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਅਸਲ ਮੁੱਖ ਮੰਤਰੀ ਦੀ ਭੂਮਿਕਾ ਸੰਭਾਲ ਲਈ ਹੈ। ਭਗਵੰਤ ਮਾਨ ਨੂੰ ਸਿਰਫ਼ ਇੱਕ ਕਠਪੁਤਲੀ ਤੇ ਸਜਾਵਟੀ ਮੁੱਖ ਮੰਤਰੀ ਤੱਕ ਸੀਮਤ ਕਰ ਦਿੱਤਾ ਗਿਆ ਹੈ, ਜਿਸ ਨੂੰ ਕੇਜਰੀਵਾਲ ਅਤੇ ਉਸ ਦੀ ਦਿੱਲੀ ਅਧਾਰਤ ਟੋਲੀ ਦੁਆਰਾ ਚਲਾਇਆ ਜਾ ਰਿਹਾ ਹੈ। ਕਾਂਗਰਸ ਨੇਤਾ ਨੇ 'ਆਪ' ਸਰਕਾਰ 'ਤੇ ਪੰਜਾਬ ਦੇ ਵੋਟਰਾਂ ਦੇ ਭਰੋਸੇ ਨੂੰ ਧੋਖਾ ਦੇਣ ਦਾ ਦੋਸ਼ ਲਾਇਆ, ਜਿਨ੍ਹਾਂ ਨੇ 2022 ਵਿੱਚ ਭਗਵੰਤ ਮਾਨ ਨੂੰ ਮੁੱਖ ਮੰਤਰੀ ਵਜੋਂ ਚੁਣਿਆ ਸੀ। ਪੰਜਾਬ ਦੇ ਲੋਕਾਂ ਨੇ ਭਗਵੰਤ ਮਾਨ ਨੂੰ ਚੁਣਿਆ ਸੀ, ਨਾ ਕਿ ਕਿਸੇ ਗੈਰ-ਚੁਣੇ ਹੋਏ ਮੁੱਖ ਸਕੱਤਰ ਜਾਂ ਅਰਵਿੰਦ ਕੇਜਰੀਵਾਲ ਨੂੰ। ਕੇਜਰੀਵਾਲ ਨੂੰ ਪਰਦੇ ਪਿੱਛੋਂ ਸੰਚਾਲਨ ਕਰਨ ਦੀ ਇਜਾਜ਼ਤ ਦੇ ਕੇ, ਮਾਨ ਨੇ ਪੰਜਾਬ ਦੇ ਸਵੈਮਾਨ ਤੇ ਸੁਤੰਤਰਤਾ ਨੂੰ ਸਮਰਪਣ ਕਰ ਦਿੱਤਾ ਹੈ। ਇਹ ਇੱਕ ਖਤਰਨਾਕ ਮਿਸਾਲ ਹੈ, ਜੋ ਲੋਕਾਂ ਦੀ ਇੱਛਾ ਤੇ ਚੁਣੇ ਹੋਏ ਪ੍ਰਤੀਨਿਧੀਆਂ ਦੀ ਪਵਿੱਤਰਤਾ ਨੂੰ ਕਮਜ਼ੋਰ ਕਰਦੀ ਹੈ।

# ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਖੱਜਲ-ਖੁਆਰ ਕਰਨਾ ਬੰਦ ਕਰੇ ਸਰਕਾਰ : ਤਖਤੂਪੁਰਾ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੌਧਰ ਤੇ ਚੇਅਰਮੈਨ ਸੋਹਣ ਸੈਦੋਕੇ ਦੀ ਪ੍ਰਧਾਨਗੀ ਹੇਠ ਕਾਮਰੇਡ ਗੁਰਬਖ਼ਸ਼ ਸਿੰਘ ਯਾਦਗਾਰੀ ਹਾਲ ਨਿਹਾਲ ਸਿੰਘ ਵਾਲਾ ਵਿਖੇ ਹੋਈ। ਮੀਟਿੰਗ ਦੀ ਸ਼ੁਰੂਆਤ ਸਮੇਂ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੀ ਭੈਣ ਕਮਲੇਸ਼ ਰਾਣੀ ਦੀ ਬੇਵਕਤੀ ਮੌਤ 'ਤੇ ਮੌਨ ਧਾਰਨ ਕਰਕੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੀਟਿੰਗ ਵਿੱਚ ਸੂਬਾ ਜਰਨਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਸਿੰਘ ਲੋਪੋ ਤੇ ਬਲਾਕ ਦੇ ਸੀਨੀਅਰ ਆਗੂ ਰਣਜੀਤ ਕੁਮਾਰ ਬਾਵਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਬਲਾਕ ਸੀਨੀਅਰ ਆਗੂ ਰਣਜੀਤ ਕੁਮਾਰ ਬਾਵਾ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ।

ਮੀਟਿੰਗ ਦੌਰਾਨ ਬਹਾਦਰ ਸਿੰਘ ਮੱਲੇਆਣਾ, ਮਨਪ੍ਰੀਤ ਰਾਮਾ, ਅਮਨਪ੍ਰੀਤ ਲੋਪੋ, ਗਗਨ ਡਾਲਾ ਵੱਲੋਂ ਮੌਸਮੀ ਬਿਮਾਰੀਆਂ ਸੰਬੰਧੀ ਜਾਣਕਾਰੀ ਦਿੱਤੀ ਗਈ। ਸੂਬਾ ਜਨਰਲ ਸਕੱਤਰ ਗੁਰਮੇਲ ਮਾਛੀਕੇ, ਰਜਿੰਦਰ ਲੋਪੋ, ਸੀਨੀਅਰ ਆਗੂ ਜਗਸੀਰ ਸਿੰਘ ਹਿੰਮਤਪੁਰਾ, ਬਲਾਕ ਸਕੱਤਰ ਅਮਨਦੀਪ ਦੌਧਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਅਸੀਂ ਜਥੇਬੰਦੀ ਦੇ 29ਵੇਂ ਵਰ੍ਹੇ ਵਿੱਚ ਸ਼ਾਮਲ ਹੋ ਚੁੱਕੇ ਹਾਂ, 6 ਮਾਰਚ 1996 ਨੂੰ ਪੰਜਾਬ ਪੱਧਰ ਦੀਆਂ ਵੱਖ-ਵੱਖ 25 ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਸ਼ਾਮਲ ਕਰਕੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨਾਮ ਦੀ ਜਥੇਬੰਦੀ ਦੀ ਸਥਾਪਨਾ ਕੀਤੀ ਗਈ, ਜਿਸ ਨੇ ਸ਼ੁਰੂਆਤੀ ਦੌਰ ਤੋਂ ਲੈ ਕੇ ਅੱਜ ਤੱਕ ਆਪਣੇ ਸ਼ਾਨਾਮੱਤੀ ਸੰਘਰਸ਼ ਰਾਹੀਂ ਪ੍ਰੈਕਟੀਸ਼ਨਰ ਨੂੰ ਆ ਰਹੀਆਂ ਚੁਣੌਤੀਆ ਦਾ ਸਾਹਮਣਾ ਕਰਦੇ ਕਰਦੇ ਆਪਣੇ ਕਿੱਤੇ ਦੀ ਰਾਖੀ ਕੀਤੀ ਹੈ। ਉਨ੍ਹਾਂ 26 ਨਵੰਬਰ 2024 ਨੂੰ ਮਾਨਯੋਗ ਸਿਹਤ ਮੰਤਰੀ ਤੇ ਉੱਚ ਅਧਿਕਾਰੀਆਂ ਨਾਲ ਪੈਨਲ ਮੀਟਿੰਗ ਵਿੱਚ ਹੋਏ ਫੈਸਲੇ ਮੁਤਾਬਿਕ ਜਲਦੀ ਤੋਂ ਜਲਦੀ 100 ਟਰਮ ਟਰੇਨਿੰਗ ਕੋਰਸ ਸ਼ੁਰੂ ਕਰਨ ਦੀ ਮੰਗ ਕੀਤੀ। ਉਨ੍ਹਾਂ ਸਰਕਾਰ ਨੂੰ ਚੈਲੇਂਜ ਕਰਦੇ ਹੋਏ ਕਿਹਾ ਕਿ ਜੇਕਰ ਹੋਰਨਾਂ ਸਰਕਾਰਾਂ ਵਾਂਗ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਮੰਗ ਨੂੰ ਅਣਗੌਲਿਆ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਖ਼ਤ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ। ਬਲਾਕ ਕੈਸ਼ੀਅਰ ਚਮਕੌਰ ਸਿੰਘ ਖਾਈ, ਪ੍ਰੈੱਸ ਸਕੱਤਰ ਭਗਵਾਨ ਸਿੰਘ ਘੋਟੇ, ਡਾਕਟਰ ਚਮਕੌਰ ਸਿੰਘ ਤਖਤੂਪੁਰਾ ਨੇ ਸਿਹਤ ਵਿਭਾਗ ਤੇ ਪੁਲਸ ਪ੍ਰਸ਼ਾਸਨ ਵੱਲੋਂ ਡਿਗਰੀ ਦੀ ਅਣਹੋਂਦ ਤੇ ਨਸ਼ਿਆਂ ਦੀ ਆੜ ਹੇਠ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਖੱਜਲ ਖੁਆਰੀ ਕਰਨੀ ਬੰਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਥੇਬੰਦੀ ਆਪਣੇ ਸੰਵਿਧਾਨ ਮੁਤਾਬਿਕ ਨਸ਼ਿਆਂ, ਭਰੂਣ ਹੱਤਿਆਵਾਂ ਤੇ ਦਾਜ ਦਹੇਜ ਵਰਗੀਆਂ ਅਲਾਮਤਾਂ ਖਿਲਾਫ ਲੰਮੇ ਸਮੇਂ ਤੋਂ ਚੇਤਾਵਨੀ ਮਾਰਚ, ਸੈਮੀਨਾਰ ਤੇ ਨੁੱਕੜ ਮੀਟਿੰਗਾਂ ਰਾਹੀਂ ਸਮਾਜ ਵਿੱਚ ਪ੍ਰਚਾਰ ਕਰ ਰਹੀ ਹੈ, ਜੋ ਕਿ ਅੱਜ ਤੱਕ ਜਾਰੀ ਹੈ ਤੇ ਰਹੇਗਾ। ਇਨ੍ਹਾਂ ਤੋਂ ਇਲਾਵਾ ਇਸ ਸਮੇਂ ਡਾਕਟਰ ਕੇਵਲ ਮਾਛੀਕੇ, ਜਗਸੀਰ ਸਿੰਘ ਬਿਲਾਸਪੁਰ, ਨਿਰਮਲ ਸਿੰਘ ਰਾਮਾ, ਗੁਰਪ੍ਰੀਤ ਸਿੰਘ ਰੌਂਤਾ, ਅਕਬਰ ਖ਼ਾਨ, ਪੂਰਨ ਸਿੰਘ ਦੀਦਾਰੇ ਵਾਲਾ ਆਦਿ ਹਾਜ਼ਰ ਸਨ।

# ਵਿਕਾਸ ਕਾਰਜਾਂ ਸੰਬੰਧੀ ਨਹੀਂ ਰਹਿਣ ਦਿੱਤੀ ਜਾ ਰਹੀ ਕਮੀ : ਅਮਨ ਅਰੋੜਾ



**ਸੰਗਰੂਰ/ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸ਼ਹੀਦ ਊਧਮ ਸਿੰਘ ਦੀ ਧਰਤੀ ਵਿਧਾਨ ਸਭਾ ਹਲਕਾ ਸੁਨਾਮ ਵਿੱਚ ਵਿਕਾਸ ਕਾਰਜਾਂ ਸੰਬੰਧੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ ਤੇ ਵਿਕਾਸ ਕਾਰਜਾਂ ਲਈ ਫੰਡ ਬੇਰੋਕ ਦਿੱਤੇ ਜਾ ਰਹੇ ਹਨ ਤਾਂ ਜੁ ਇਹ ਹਲਕਾ ਮਿਸਾਲੀ ਹਲਕੇ ਵਜੋਂ ਉਭਰ ਕੇ ਸਾਹਮਣੇ ਆਵੇ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਪਿੰਡ ਉਪਲੀ, ਬਡਰੁੱਖਾਂ ਤੇ ਕੁਲਾਰ ਖੁਰਦ ਵਿਖੇ ਵਿਕਾਸ ਕਾਰਜਾਂ ਦੇ ਚੈੱਕ ਵੰਡਣ ਲਈ ਰੱਖੇ ਸਾਦੇ ਪਰ ਪ੍ਰਭਾਵਸਾਲੀ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਕੀਤਾ। ਪਿੰਡ ਬਡਰੁੱਖਾਂ ਵਿਖੇ ਉਨ੍ਹਾਂ ਨੇ ਪੰਚਾਇਤ ਦੇ ਆਮ ਇਜਲਾਸ ਵਿੱਚ ਵੀ ਸ਼ਿਰਕਤ ਕੀਤੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਉਪਲੀ ਵਿਖੇ ਕਰੀਬ 14 ਲੱਖ 60 ਹਜਾਰ ਰੁਪਏ ਦਾ ਚੈੱਕ ਗੰਦੇ ਪਾਣੀ ਦੀ ਨਿਕਾਸੀ ਲਈ ਦਿੱਤਾ ਗਿਆ, ਜਿਸ ਤਹਿਤ 01 ਕਿਲੋਮੀਟਰ ਲੰਬੀ ਪਾਈਪ ਲਾਈਨ ਵੀ ਪਾਈ ਜਾਣੀ ਹੈ। ਇਸੇ ਤਰ੍ਹਾਂ ਪਿੰਡ ਬਡਰੁੱਖਾਂ ਵਿਖੇ ਗਲੀਆਂ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਲਈ ਕਰੀਬ 47 ਲੱਖ ਰੁਪਏ ਤੇ ਪਿੰਡ ਕੁਲਾਰ ਖੁਰਦ ਵਿਖੇ 47 ਲੱਖ ਰੁਪਏ ਗੰਦੇ ਪਾਣੀ ਦੀ ਨਿਕਾਸੀ ਦੇ ਪ੍ਰੋਜੈਕਟ ਲਈ ਦਿੱਤੇ ਗਏ ਹਨ। ਸ੍ਰੀ ਅਰੋੜਾ ਨੇ ਦੱਸਿਆ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਓਦੋਂ ਤੋਂ ਲੈ ਕੇ ਹੁਣ ਤੱਕ ਪਿੰਡ ਉਪਲੀ ਨੂੰ ਕਰੀਬ 02 ਕਰੋੜ 90 ਲੱਖ ਰੁਪਏ ਤੇ ਪਿੰਡ ਬਡਰੁੱਖਾਂ ਨੂੰ ਕਰੀਬ 08 ਕਰੋੜ ਰੁਪਏ ਵਿਕਾਸ ਕਾਰਜਾਂ ਲਈ ਦਿੱਤੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ ਕਈ ਪ੍ਰੋਜੈਕਟ ਪੂਰੇ ਹੋ ਚੁੱਕੇ ਹਨ ਤੇ ਬਾਕੀਆਂ ਸਬੰਧੀ ਕੰਮ ਜੰਗੀ ਪੱਧਰ ਉੱਤੇ ਜਾਰੀ ਹਨ।

## ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ

**ਫ਼ਾਜ਼ਿਲਕਾ (ਸਿਵਲ ਸਰਜਨ)**-ਡਾ. ਰਾਜ ਕੁਮਾਰ ਤੇ ਜ਼ਿਲ੍ਹਾ ਐਪੀਡੀਮਾਲੋਜਿਸਟ ਡਾਕਟਰ ਸੁਨੀਤਾ ਕੰਬੋਜ ਦੇ ਦਿਸ਼ਾ-ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਸੀ ਐਚ ਸੀ ਡੱਬਵਾਲਾ ਕਲਾਂ ਡਾਕਟਰ ਪੰਕਜ ਚੌਹਾਨ, ਡਾ. ਰਿਤਿਕ ਕੰਬੋਜ ਮੈਡੀਕਲ ਅਫ਼ਸਰ ਟਾਹਲੀ ਵਾਲਾ ਬੋਦਲਾ ਦੀ ਯੋਗ ਅਗਵਾਈ ਤੇ ਐਸ ਆਈ ਵਿਜੇ ਕੁਮਾਰ ਨਾਗਪਾਲ ਦੀ ਰਹਿਨੁਮਾਈ ਹੇਠ ਸਬ ਸੈਂਟਰ ਟਾਹਲੀ ਵਾਲਾ ਬੋਦਲਾ ਵਿਖੇ ਪਿੰਡ ਦੇ ਲੋਕਾਂ ਨੂੰ ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਲਾਇਆ ਗਿਆ। ਮਲੇਰੀਆ ਬੁਖਾਰ ਦੇ ਲੱਛਣਾਂ ਤੇ ਇਲਾਜ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਿਹਤ ਕ੍ਰਮਚਾਰੀ ਬਲਦੇਵ ਰਾਜ ਨੇ ਦੱਸਿਆ ਕਿ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਘਰ ਦੇ ਆਲੇ-ਦੁਆਲੇ ਦੀ ਸਫ਼ਾਈ ਰੋਜ਼ਾਨਾ ਕੀਤੀ ਜਾਵੇ ਤੇ ਕਿਸੇ ਵੀ ਤਰ੍ਹਾਂ ਦਾ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ, ਜਿਥੇ ਵੀ ਸਾਫ਼ ਜਾਂ ਗੰਦਾ ਪਾਣੀ ਇਕੱਠਾ ਹੋਏਗਾ, ਉਥੇ ਹਮੇਸ਼ਾ ਹੀ ਮੱਛਰਾਂ ਦੇ ਪੈਦਾ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ, ਜਿਸ ਵਿੱਚ ਬਾਰਿਸ਼ ਦਾ ਪਾਣੀ ਇਕੱਠਾ ਹੋ ਸਕਦਾ ਹੋਵੇ, ਘਰਾਂ ਵਿੱਚ ਪਏ ਵਾਧੂ ਦੇ ਕਬਾੜ ਨੂੰ ਛੱਤ ਥੱਲੇ ਰੱਖ ਦਿੱਤਾ ਜਾਵੇ, ਕੋਈ ਵੀ ਕਬਾੜ ਖੁੱਲ੍ਹੇ ਵਿਹੜੇ ਵਿੱਚ ਨਾ ਰੱਖਿਆ ਜਾਵੇ। ਪਾਣੀ ਵਾਲੇ ਬਰਤਨਾਂ ਨੂੰ ਹਮੇਸ਼ਾ ਢੱਕ ਕੇ ਰੱਖਿਆ ਜਾਵੇ ਤੇ ਇਨ੍ਹਾਂ ਦੀ ਹਫ਼ਤੇ ਵਿਚ ਇੱਕ ਦਿਨ ਸਫਾਈ ਕੀਤੀ ਜਾਵੇ।

## ਕਾਮਰੇਡ ਜੀਤਾਂ ਕੌਰ ਨੂੰ ਬਰਸੀ ਮੌਕੇ ਪਾਰਟੀ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ (ਐਮ ਐਲ) ਲਿਬਰੇਸ਼ਨ ਵੱਲੋਂ ਕਾਮਰੇਡ ਜੀਤਾਂ ਕੌਰ ਦੀ 18ਵੀਂ ਬਰਸੀ ਮੌਕੇ ਉਨ੍ਹਾਂ ਨਮਿਤ ਯਾਦਗਾਰੀ ਮੀਟਿੰਗ ਕੀਤੀ ਗਈ। ਬਾਬਾ ਬੂਝਾ ਸਿੰਘ ਯਾਦਗਾਰੀ ਭਵਨ ਮਾਨਸਾ ਵਿਖੇ ਹੋਈ ਮੀਟਿੰਗ ਨੂੰ ਪਾਰਟੀ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾ. ਨਛੱਤਰ ਸਿੰਘ ਖੀਵਾ, ਪਾਰਟੀ ਤੇ ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਦੀਆਂ ਆਗੂ ਕਾਮਰੇਡ ਜਸਬੀਰ ਕੌਰ ਨੱਤ, ਬਲਵਿੰਦਰ ਕੌਰ ਖਾਰਾ, ਹਰਜੀਤ ਕੌਰ ਮਾਨਸਾ ਤੇ ਸੀਨੀਅਰ ਪਾਰਟੀ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਾ. ਜੀਤਾ ਕੌਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਾਰਟੀ ਤੇ ਇਨਕਲਾਬੀ ਲਹਿਰ ਪ੍ਰਤੀ ਕਾ. ਜੀਤਾ ਕੌਰ ਦੇ ਸਮਰਪਣ ਤੇ ਮਿਸਾਲੀ ਅਨੁਸ਼ਾਸਨ ਨੂੰ ਯਾਦ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਪਾਰਟੀ ਨੂੰ ਉਸਾਰਨ ਵਿੱਚ ਉਨ੍ਹਾਂ ਵੱਲੋਂ ਨਿਭਾਈ ਭੂਮਿਕਾ ਨੂੰ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਕਾ. ਖੀਵਾ ਨੇ ਜ਼ੋਰ ਦਿੱਤਾ ਕਿ ਸਾਨੂੰ ਸੂਬੇ, ਦੇਸ਼ ਤੇ ਦੁਨੀਆ ਵਿੱਚ ਵਾਪਰ ਰਹੀਆਂ ਅਹਿਮ ਘਟਨਾਵਾਂ ਬਾਰੇ ਲੋਕਾਂ ਨੂੰ ਕਮਿਊਨਿਸਟ ਨਜ਼ਰੀਏ ਤੋਂ ਜਾਗਰਤ ਕਰਨ ਲਈ ਲਗਾਤਾਰ ਪ੍ਰਚਾਰ ਮੁਹਿੰਮ ਚਲਾਉਣ ਦੀ ਸਖ਼ਤ ਜ਼ਰੂਰਤ ਹੈ।

## ਬੱਚਿਆਂ ਨੂੰ ਗੁਰਸਿੱਖੀ 'ਚ ਪ੍ਰਪੱਕ ਬਣਾਉਣਾ ਸਮੇਂ ਦੀ ਮੁੱਖ ਲੋੜ : ਖ਼ਾਲਸਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਦੇ ਹਜ਼ੂਰੀ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਵੱਲੋਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਮਹਿਲ ਕਲਾਂ ਸੋਢੇ ਵਿਖੇ ਗੁਰਮਤਿ ਦੀਆਂ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿੱਚ 40 ਦੇ ਕਰੀਬ ਵਿਦਿਆਰਥੀ ਗੁਰਬਾਣੀ ਸੰਥਿਆ ਲੈ ਰਹੇ ਹਨ। ਮੁੱਖ ਪ੍ਰਬੰਧਕ ਭਾਈ ਜਗਸੀਰ ਸਿੰਘ ਖ਼ਾਲਸਾ ਨੇ ਕਿਹਾ ਕਿ ਅੱਜ ਦੇ ਦੌਰ 'ਚ ਬੱਚਿਆ ਨੂੰ ਗੁਰਸਿੱਖੀ ਵਿੱਚ ਪ੍ਰਪੱਕ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਦੱਸਿਆ ਕਿ ਸਕੂਲਾਂ ਵਿੱਚ ਛੁੱਟੀਆਂ ਹੋਣ ਕਰਕੇ ਬੱਚਿਆਂ ਨੂੰ ਗੁਰਬਾਣੀ ਸਿੱਖਿਆ ਦੇਣ ਲਈ ਕਲਾਸਾਂ ਚਲਾ ਕੇ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਭਾਈ ਖ਼ਾਲਸਾ ਨੇ ਦੱਸਿਆ ਕਿ ਇਹ ਕਲਾਸਾਂ ਦੀ ਸਮਾਪਤੀ ਸਮੇਂ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

## ਬਿਰਧ ਆਸ਼ਰਮ ਮਸਤੂਆਣਾ 'ਚ ਇੰਟਰਨੈਸ਼ਨਲ ਯੋਗ ਡੇ ਮਨਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਬਿਰਧ ਆਸ਼ਰਮ ਮਸਤੂਆਣਾ ਸਾਹਿਬ ਵਿੱਚ ਇੰਟਰਨੈਸ਼ਨਲ ਯੋਗ ਡੇ ਮਨਾਇਆ ਗਿਆ। ਇਸ ਮੌਕੇ ਰੈੱਡ ਕਰਾਸ ਸੋਸਾਇਟੀ ਵੱਲੋਂ ਸ਼੍ਰੀਮਤੀ ਗੀਤਾ ਜੈਨ, ਸ਼੍ਰੀਮਤੀ ਸੁਚੀਤਾ, ਜਸਪ੍ਰੀਤ ਕੌਰ, ਯੋਗ ਟਰੇਨਰ ਮੈਡਮ ਗੁਰਜੀਤ ਕੌਰ ਨੇ ਬਿਰਧ ਆਸ਼ਰਮ ਵਿੱਚ ਆ ਕੇ ਬਜ਼ੁਰਗਾਂ ਨਾਲ ਯੋਗਾ ਡੇ ਮਨਾਇਆ। ਬਜ਼ੁਰਗਾਂ ਨੂੰ ਯੋਗ ਕਰਾਉਣ ਦੇ ਨਾਲ ਨਾਲ ਉਨ੍ਹਾਂ ਨੂੰ ਸਰੀਰਕ ਸਿਹਤ ਸਬੰਧੀ ਹੋਰ ਵੀ ਬਹੁਤ ਸਾਰੀਆਂ ਗੱਲਾਂ ਦੱਸੀਆਂ। ਇਸ ਤੋਂ ਇਲਾਵਾ ਅਭਿਆਨ ਫਾਉਂਡੇਸ਼ਨ ਦੇ ਸਟਾਫ ਵੱਲੋਂ ਬਜ਼ੁਰਗਾਂ ਨੂੰ ਹਫਤੇ ਵਿੱਚ ਦੋ ਵਾਰ ਸਰੀਰਕ ਕਸਰਤਾਂ ਕਰਵਾਈਆਂ ਜਾਂਦੀਆਂ ਹਨ ਅਤੇ ਉਨ੍ਹਾਂ ਨੂੰ ਰੋਜ਼ਾਨਾ ਸਰੀਰਕ ਜਾਣਕਾਰੀ ਦਿੱਤੀ ਜਾਂਦੀ ਹੈ। ਯੋਗ ਕਰਵਾਉਣ ਤੋਂ ਬਾਅਦ ਬਜ਼ੁਰਗਾਂ ਨੂੰ ਉਨ੍ਹਾਂ ਦੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਸੰਤੁਲਿਤ ਖੁਰਾਕ ਦਾ ਵੀ ਪ੍ਰਬੰਧ ਕੀਤਾ ਗਿਆ। ਰੈੱਡ ਕਰਾਸ ਸੋਸਾਇਟੀ ਵੱਲੋਂ ਮੈਡਮ ਓਮਾ ਗਰੋਵਰ ਸਲਾਈ ਟੀਚਰ, ਜਸਪ੍ਰੀਤ ਕੌਰ, ਯੋਗ ਟਰੇਨਰ ਮੈਡਮ ਗੀਤਾ ਜੈਨ, ਮੈਡਮ ਗੁਰਜੀਤ ਕੌਰ ਤੇ ਅਭਿਆਨ ਫਾਉਂਡੇਸ਼ਨ ਦੇ ਸਾਰੇ ਸਟਾਫ ਨੇ ਮਿਲ ਕੇ ਜੋਗਾ ਡੇ ਸੈਲੀਬਰੇਟ ਕੀਤਾ।

## ...ਸ.ਫ਼ਾ 1 ਦੇ ਬਾਕੀ

### ਪੰਜਾਬ ਵਜ਼ਾਰਤ 'ਚ...

ਅਚਾਨਕ ਮੌਤ ਤੋਂ ਬਾਅਦ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਦੀ ਲੋੜ ਪਈ ਸੀ। ਇਹ ਸੀਟ 'ਆਪ' ਲਈ ਵੱਕਾਰ ਦਾ ਸਵਾਲ ਸੀ।

ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੇ ਇੱਥੇ ਸਖਤ ਚੋਣ ਪ੍ਰਚਾਰ ਕੀਤਾ। ਇੱਥੋਂ ਤੱਕ ਕਿ 'ਆਪ' ਦੇ ਕੌਮੀ ਕਨਵੀਨਰ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਉਨ੍ਹਾ ਦੀ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਨੇ ਵੀ ਕਈ ਰੋਡ ਸ਼ੋਅ ਅਤੇ ਮੀਟਿੰਗਾਂ ਕੀਤੀਆਂ। ਲੁਧਿਆਣਾ ਪੱਛਮੀ ਹਲਕੇ 'ਚ ਕਰੀਬ 65 ਫੀਸਦ ਹਿੰਦੂ ਵੋਟਰ ਹਨ, ਜਿਨ੍ਹਾਂ ਵਿਚੋਂ ਬਹੁਗਿਣਤੀ ਵਪਾਰੀਆਂ ਅਤੇ ਕਾਰੋਬਾਰੀਆਂ ਦੀ ਹੈ। ਇਨ੍ਹਾਂ ਨੂੰ ਰਵਾਇਤੀ ਭਾਜਪਾ ਵੋਟਰ ਮੰਨਿਆ ਜਾਂਦਾ ਹੈ। ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ 2012 ਅਤੇ 2017 ਵਿੱਚ ਇਥੋਂ ਜਿੱਤੇ ਸਨ, ਜਿਸ ਲਈ 'ਆਪ' ਨੂੰ ਸਖਤ ਚੁਣੌਤੀ ਦਾ ਸਾਹਮਣਾ ਕਰਨਾ ਪਿਆ। 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਰੀਬ 19 ਮਹੀਨੇ ਬਾਕੀ ਹੋਣ ਦੇ ਬਾਵਜੂਦ, ਵੋਟਰ ਸੱਤਾਧਾਰੀ ਪਾਰਟੀ ਦੇ ਨਾਲ ਚਲੇ ਗਏ, ਜਿਸ ਨਾਲ 'ਆਪ' ਨੂੰ ਬਹੁਤ ਲੋੜੀਂਦੀ ਸਿਆਸੀ ਜਿੱਤ ਮਿਲੀ ਹੈ।

### ਪੰਜਾਬ ਇਤਿਹਾਸਕ ਉਦਯੋਗਿਕ...

ਗਰੁੱਪ ਦੇ ਸੀ ਐੱਮ ਡੀ ਮੇਘਰਾਜ ਗਰਗ ਨੇ ਕਿਹਾ ਕਿ 'ਰੈੱਡ ਜ਼ੋਨ' ਵਿੱਚ ਸਥਿਤ ਐੱਚ ਐੱਮ ਟੀ ਇੰਡਸਟਰੀਅਲ ਪਾਰਕ ਹਰ ਕਿਸਮ ਦੇ ਉਦਯੋਗ ਦੀ ਸਥਾਪਨਾ ਦੀ ਪ੍ਰਵਾਨਗੀ ਦਿੰਦਾ ਹੈ। ਉਨ੍ਹਾ ਉਦਯੋਗਿਕ ਵਿਕਾਸ ਲਈ ਲੋੜੀਂਦੇ ਅਨੁਕੂਲ ਵਾਤਾਵਰਣ ਨੂੰ ਉਤਸ਼ਾਹਤ ਕਰਨ ਅਤੇ ਸਮੇਂ ਸਿਰ ਪ੍ਰੋਜੈਕਟ ਪ੍ਰਵਾਨਗੀਆਂ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਜ਼ਿਕਰਯੋਗ ਹੈ ਕਿ ਲਾਲੜੂ ਵਿਖੇ ਸਥਿਤ ਐੱਚ ਐੱਮ ਟੀ ਇੰਡਸਟਰੀਅਲ ਪਾਰਕ ਉਭਰ ਰਹੇ ਉਦਯੋਗਾਂ ਲਈ ਇੱਕ ਹੱਬ ਵਜੋਂ ਕੰਮ ਕਰ ਰਿਹਾ ਹੈ ਅਤੇ ਐੱਨ ਐੱਚ 22, ਐੱਨ ਐੱਚ 72 ਅਤੇ ਐੱਨ ਐੱਚ 73 ਨੂੰ ਸ਼ਾਨਦਾਰ ਸੰਪਰਕ ਪ੍ਰਦਾਨ ਕਰਦਾ ਹੈ। ਇਸ ਮੌਕੇ ਮੌਜੂਦ ਹੋਰ ਪ੍ਰਮੁੱਖ ਪਤਵੰਤਿਆਂ ਵਿੱਚ ਡਾਇਰੈਕਟਰ ਐੱਚ ਐੱਮ ਟੀ ਸੁਦਰਸ਼ਨ ਸਿੰਗਲਾ ਅਤੇ ਸੀ ਐੱਮ ਡੀ ਮਾਇਆ ਗਾਰਡਨ ਗਰੁੱਪ ਸਤੀਸ਼ ਜਿੰਦਲ ਸ਼ਾਮਲ ਸਨ।

### ਗ਼ਦਰੀ ਗੁਲਾਬ ਕੌਰ...

ਬਾਬਾ ਸ਼ਿਵ ਸਿੰਘ ਦੇ ਪੋਤਰੇ ਭੁਪਿੰਦਰ ਸਿੰਘ, ਤੇਜਿੰਦਰ ਸਿੰਘ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੁਰਿੰਦਰ ਕੁਮਾਰੀ ਕੋਛੜ ਦਾ ਸਨਮਾਨ ਵੀ ਕੀਤਾ ਗਿਆ। ਇਸ ਇਕੱਤਰਤਾ ਵਿੱਚ ਲੋਕਾਂ ਵਿਚ ਜਾਗ੍ਰਿਤੀ ਪੈਦਾ ਕਰਦੇ ਅਤੇ ਗੁਲਾਬ ਕੌਰ ਦੇ ਮਾਰਗ 'ਤੇ ਅਗੇਰੇ ਤੁਰਨ ਲਈ ਲੋਕਾਂ ਨੂੰ ਪ੍ਰੇਰਦੇ ਇਸ ਨਗਰ ਤੋਂ ਹੀ ਸੇਵਾ ਮੁਕਤ ਹੋਏ ਮਾਸਟਰ ਮਦਨ ਲਾਲ ਬੁੱਲ੍ਹੋਵਾਲ, ਤਲਵਿੰਦਰ ਹੀਰ ਨੰਗਲ ਖਿਲਾੜੀਆਂ, ਮਾਸਟਰ ਸ਼ਿੰਗਾਰਾ ਸਿੰਘ, ਰਾਜਿੰਦਰ ਹੁਸ਼ਿਆਰਪੁਰ, ਬਲਵਿੰਦਰ ਕੁਮਾਰ ਮਨੋਲੀਆਂ, ਮਾਸਟਰ ਮਹਿੰਦਰਪਾਲ ਸ਼ਾਮ ਚੁਰਾਸੀ, ਗੁਰਮੇਲ ਸਿੰਘ ਹਾਜ਼ਰ ਸਨ। ਉਹਨਾਂ ਨੇ ਸਮਾਗਮ ਦੀ ਸਫ਼ਲਤਾ ਲਈ ਸਹਿਯੋਗੀ ਮੋਢਾ ਲਾਉਣ ਅਤੇ ਹੋਰ ਭਰਾਤਰੀ ਸੰਸਥਾਵਾਂ ਨੂੰ ਵੀ ਨਾਲ਼ ਜੋੜਨ ਦਾ ਯਤਨ ਕਰਨ ਦਾ ਭਰੋਸਾ ਦਿੱਤਾ। ਨਗਰ ਨਿਵਾਸੀਆਂ ਨੇ ਬਹੁਤ ਹੀ ਸਮਾਗਮ ਸੰਬੰਧੀ ਭਰਵਾਂ ਹੁੰਗਾਰਾ ਭਰਿਆ। ਉਹਨਾਂ ਫੈਸਲਾ ਕੀਤਾ ਕਿ ਜਲਦੀ ਹੀ ਗੁਲਾਬ ਕੌਰ ਯਾਦਗਾਰੀ ਸ਼ਤਾਬਦੀ ਸਮਾਗਮ ਨੂੰ ਅੰਤਿਮ ਛੋਹਾਂ ਦਿੱਤੀਆਂ ਜਾਣਗੀਆਂ।

### ਰੇਲਵੇ ਬੋਰਡ ਦਾ ਫੈਸਲਾ...

ਸੇਵਾਮੁਕਤ ਕਰਮਚਾਰੀਆਂ ਨੂੰ ਠੇਕੇ 'ਤੇ ਰੁਜ਼ਗਾਰ ਅਤੇ ਨਿਸ਼ਚਿਤ ਮਿਆਦ ਰੁਜ਼ਗਾਰ ਆਦਿ ਵਰਗੇ ਅਨੁਚਿਤ ਅਭਿਆਸਾਂ ਨੂੰ ਬੰਦ ਕਰੇ ਅਤੇ ਰੇਲਵੇ, ਰੱਖਿਆ ਅਤੇ ਹੋਰ ਵਿਭਾਗਾਂ ਅਤੇ ਜਨਤਕ ਅਦਾਰਿਆਂ ਦੀਆਂ ਸਾਰੀਆਂ ਅਸਾਮੀਆਂ ਨੂੰ ਭਰਨ ਲਈ ਤੁਰੰਤ ਰੁਜ਼ਗਾਰ ਮੁਹਿੰਮ ਸ਼ੁਰੂ ਕਰੇ। ਏਟਕ ਰੇਲਵੇ ਅਤੇ ਸਾਰੇ ਖੇਤਰਾਂ ਦੀਆਂ ਟਰੇਡ ਯੂਨੀਅਨਾਂ ਨੂੰ ਸਾਰੀਆਂ ਅਸਾਮੀਆਂ ਨੂੰ ਭਰਨ ਲਈ ਆਪਣੀ ਲੜਾਈ ਤੇਜ਼ ਕਰਨ ਦਾ ਸੱਦਾ ਦਿੰਦੀ ਹੈ।

## ਸੰਜੀਵ ਅਰੋੜਾ ਨੇ ਉੱਪ-ਚੋਣ 'ਚ ਰਿਕਾਰਡ ਤੋੜ ਜਿੱਤ ਪ੍ਰਾਪਤ ਕੀਤੀ : ਡਾ. ਅਰੋੜਾ

*2027 'ਚ ਵੀ 'ਆਪ' ਪੰਜਾਬ 'ਚ ਸਰਕਾਰ ਬਣਾਏਗੀ*

**ਮੋਗਾ (ਇਕਬਾਲ ਸਿੰਘ ਖਹਿਰਾ)**-ਲੁਧਿਆਣਾ ਵਿੱਚ ਹੋਈ ਉਪ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੇ ਰਿਕਾਰਡ ਤੋੜ ਜਿੱਤ ਪ੍ਰਾਪਤ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ ਅਤੇ ਵਿਰੋਧੀਆਂ ਨੂੰ ਹਰਾ ਕੇ ਚੋਣ ਜਿੱਤੀ ਹੈ। 'ਆਪ' ਦੀ ਜਿੱਤ ਨੂੰ ਲੈ ਕੇ 'ਆਪ' ਪਾਰਟੀ ਦੇ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਇਨ੍ਹਾਂ ਵਿਚਾਰਾਂ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ, ਮਾਲਵਾ ਸੈਂਟਰਲ ਮੇਨ ਵਿੰਗ ਦੀ ਉਪ ਪ੍ਰਧਾਨ



ਤੇ ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, 'ਆਪ' ਪੰਜਾਬ ਪ੍ਰਧਾਨ ਅਮਨ ਅਰੋੜਾ ਨੂੰ ਉਮੀਦਵਾਰ ਸੰਜੀਵ ਅਰੋੜਾ ਦੀ ਜਿੱਤ 'ਤੇ ਵਧਾਈ ਦਿੰਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤਾ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਆਪ' ਉਮੀਦਵਾਰ ਸੰਜੀਵ ਅਰੋੜਾ ਦੀ ਇਹ ਜਿੱਤ ਹਰ ਉਸ ਅਧਿਕਾਰੀ, ਵਰਕਰ, ਵਲੰਟੀਅਰ ਦੇ ਨਾਮ ਹੈ, ਜਿਸ ਨੇ ਦਿਨ-ਰਾਤ ਮਿਹਨਤ ਕੀਤੀ ਤੇ ਧੁੱਪ, ਹਨੇਰੀ ਤੇ ਛਾਂ ਦੀ ਪ੍ਰਵਾਹ ਕੀਤੇ ਬਿਨਾਂ ਪਾਰਟੀ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ 2027 ਵਿੱਚ ਵੀ ਆਮ ਆਦਮੀ ਪਾਰਟੀ ਪੰਜਾਬ ਵਿੱਚ ਇਤਿਹਾਸਕ ਜਿੱਤ ਪ੍ਰਾਪਤ ਕਰਕੇ ਸਰਕਾਰ ਬਣਾਏਗੀ, ਕਿਉਂਕਿ ਸੂਬੇ ਦਾ ਹਰ ਵਰਗ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਖੁਸ਼ ਹੈ ਅਤੇ ਅੱਜ ਪੰਜਾਬ ਵਿੱਚ ਰਿਕਾਰਡ ਤੋੜ ਵਿਕਾਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੇ ਗਏ ਸਾਰੇ ਵਿਕਾਸ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ ਅਤੇ ਅੱਜ ਪੰਜਾਬ ਪੂਰੀ ਤਰ੍ਹਾਂ ਖੁਸ਼ਹਾਲੀ ਦੇ ਰਾਹ 'ਤੇ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਯੂਥ ਆਗੂ ਅਮਿਤ ਪੁਰੀ, ਕੁਲਜੀਤ ਸਿੰਘ, ਰਾਜਵੀਰ ਸਿੰਘ, ਅਵਤਾਰ ਸਿੰਘ, ਕ੍ਰਿਸ਼ਨਾ, ਵਿਸ਼ਾਲ, ਅਮਿਤ, ਸੂਰਜ, ਮਨੀ, ਮਿਲਾਪ ਸਿੰਘ, ਰਿਤੇਸ਼ ਕੁਮਾਰ, ਹਰਮੀਤ, ਮਨਪ੍ਰੀਤ, ਮਿੰਟੂ ਆਦਿ ਆਗੂ ਹਾਜ਼ਰ ਸਨ।

### ਈਰਾਨ 'ਤੇ ਨਿਰਭਰ...

ਸੈਂਟਰਲ ਕਮਾਂਡ ਦੇ ਬੁਲਾਰੇ ਇਬਰਾਹਿਮ ਜ਼ੋਲਫਾਗਰੀ ਨੇ ਕਿਹਾ, 'ਗੈਂਬਲਰ ਟਰੰਪ, ਤੁਸੀਂ ਯੁੱਧ ਸ਼ੁਰੂ ਕੀਤਾ, ਪਰ ਇਸ ਨੂੰ ਖ਼ਤਮ ਅਸੀਂ ਕਰਾਂਗੇ।'

ਇਸੇ ਦੌਰਾਨ ਈਰਾਨ ਨੇ ਲਗਭਗ 40 ਮਿੰਟਾਂ ਤੱਕ ਇਜ਼ਰਾਈਲ 'ਤੇ ਕਈ ਮਿਜ਼ਾਈਲਾਂ ਦਾਗੀਆਂ, ਜਿਸ ਨਾਲ ਇਜ਼ਰਾਈਲ ਦਾ ਭਾਰੀ ਨੁਕਸਾਨ ਹੋਇਆ ਹੈ। ਇਜ਼ਰਾਈਲ ਇਲੈਕਟ੍ਰਿਕ ਕਾਰਪੋਰੇਸ਼ਨ ਨੇ ਸੋਮਵਾਰ ਕਿਹਾ ਕਿ ਈਰਾਨ ਨੇ ਅਸ਼ਦੋਦ ਪਾਵਰ ਪਲਾਂਟ 'ਤੇ ਬੰਬਾਰੀ ਕੀਤੀ ਹੈ, ਜਿਸ ਕਾਰਨ ਇਜ਼ਰਾਈਲ ਨੂੰ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯੇਰੂਸ਼ਲਮ ਵਿੱਚ ਧਮਾਕੇ ਸੁਣੇ ਗਏ। ਈਰਾਨ ਵੱਲੋਂ ਤੇਲ ਅਵੀਵ ਅਤੇ ਹਾਇਫਾ ਵਰਗੇ ਸ਼ਹਿਰਾਂ 'ਤੇ ਲਗਾਤਾਰ ਬੰਬਾਰੀ ਕੀਤੀ ਜਾ ਰਹੀ ਹੈ। ਐਤਵਾਰ ਇਜ਼ਰਾਈਲੀ ਹਵਾਈ ਅੱਡਾ ਅਥਾਰਟੀ ਨੇ ਇਜ਼ਰਾਈਲ ਦੇ ਹਵਾਈ ਖੇਤਰ ਨੂੰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਸੀ।

ਇਜ਼ਰਾਈਲ ਨੇ ਰਾਜਧਾਨੀ ਤਹਿਰਾਨ ਦੇ ਦੱਖਣ-ਪੂਰਬ ਹਿੱਸਿਆਂ 'ਚ ਸਥਿਤ ਛੇ ਹਵਾਈ ਅੱਡਿਆਂ ਨੂੰ ਨਿਸ਼ਾਨਾ ਬਣਾ ਕੇ 15 ਏਅਰਕਰਾਫਟ ਅਤੇ ਹੈਲੀਕਾਪਟਰਾਂ ਨੂੰ ਤਬਾਹ ਕਰ ਦਿੱਤਾ। ਇਜ਼ਰਾਇਲੀ ਡਿਫੈਂਸ ਨੇ ਕਿਹਾ ਕਿ ਇਸ ਮਿਸ਼ਨ 'ਚ ਰਿਮੋਟਲੀ ਅਪਰੇਟਿਡ ਏਅਰਕਰਾਫਟ ਦਾ ਉਪਯੋਗ ਕੀਤਾ ਗਿਆ। ਈਰਾਨ ਮੀਡੀਆ 'ਨੂਰ ਨਿਊਜ਼' ਨੇ ਹਮਲੇ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਤਹਿਰਾਨ ਅਤੇ ਕਰਜ ਵਰਗੇ ਵੱਡੇ ਸ਼ਹਿਰਾਂ 'ਚ ਹਵਾਈ ਰੱਖਿਆ ਪ੍ਰਣਾਲੀਆਂ ਨੇ ਕਈ ਹਮਲਿਆਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।

## ਜੇਲ੍ਹ 'ਚ ਐੱਚ ਆਈ ਵੀ, ਸਿਫਲਿਸ, ਟੀਬੀ ਤੇ ਏਡਜ਼ ਸਬੰਧੀ ਸਕਰੀਨਿੰਗ ਕੈਂਪ ਲਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਪਟਿਆਲਾ ਵੱਲੋਂ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਐੱਚਆਈਵੀ, ਸਿਫਲਿਸ, ਟੀਬੀ ਤੇ ਏਡਜ਼ ਦੇ ਨਾਲ ਨਾਲ ਕਾਲੇ ਪੀਲੀਏ ਦੀ ਸਕਰੀਨਿੰਗ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦੇ ਸਬੰਧ ਵਿੱਚ ਜ਼ਿਲ੍ਹਾ ਏਡਜ਼ ਤੇ ਟੀਬੀ ਅਫਸਰ ਡਾ. ਗੁਰਪ੍ਰੀਤ ਸਿੰਘ ਨਾਗਰਾ ਨੇ ਦੱਸਿਆ ਕਿ ਇਹ ਮੁਹਿੰਮ ਹਰ ਸਾਲ ਜੇਲ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਚਲਾਈ ਜਾਂਦੀ ਹੈ, ਜਿਸ ਤਹਿਤ ਸਮੁੱਚੀ ਜੇਲ੍ਹ ਦੇ ਕੈਦੀਆਂ ਦੀ ਐੱਚਆਈਵੀ, ਸਿਫਲਿਸ, ਟੀਬੀ, ਏਡਜ਼ ਤੇ ਕਾਲੇ ਪੀਲੀਏ ਦੀ ਸਕਰੀਨਿੰਗ ਤੋਂ ਇਲਾਵਾ ਉਨ੍ਹਾਂ ਨੂੰ ਉਕਤ ਬਿਮਾਰੀਆਂ ਦੇ ਬਚਾਅ ਤੇ ਇਲਾਜ ਸਬੰਧੀ ਜਾਗਰੂਕ ਵੀ ਕੀਤਾ ਜਾਂਦਾ ਹੈ। ਕੇਂਦਰੀ ਜੇਲ੍ਹ ਪਟਿਆਲਾ ਦੇ ਮੈਡੀਕਲ ਅਫਸਰ ਡਾ. ਜਸਪ੍ਰੀਤ ਸਿੰਘ ਭੱਟੀ ਨੇ ਦੱਸਿਆ ਕਿ ਜੋ ਵੀ ਕੈਦੀ ਇਨ੍ਹਾਂ ਬਿਮਾਰੀਆਂ ਵਿੱਚੋਂ ਕਿਸੇ ਇੱਕ ਨਾਲ ਵੀ ਪੀੜਤ ਪਾਇਆ ਜਾਂਦਾ ਹੈ, ਉਸ ਦਾ ਇਲਾਜ ਜੇਲ੍ਹ ਵਿੱਚ ਹੀ ਪਹਿਲ ਦੇ ਅਧਾਰ ਉੱਤੇ ਸ਼ੁਰੂ ਕਰ ਦਿੱਤਾ ਜਾਵੇਗਾ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਜੇਲ੍ਹ ਵਿੱਚ ਕੈਦੀਆਂ ਨੂੰ ਹਰ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਇਸ ਮੌਕੇ ਕੇਂਦਰੀ ਜੇਲ੍ਹ ਸੁਪਰਡੈਂਟ ਵਰੁਣ ਸ਼ਰਮਾ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਯਤਨਾਂ ਸਦਕਾ ਉਕਤ ਮੁਹਿੰਮ ਤਹਿਤ ਜੇਲ੍ਹ ਦੇ ਲੱਗਭੱਗ 2300 ਕੈਦੀਆਂ ਦੀ ਸਕਰੀਨਿੰਗ ਕੀਤੀ ਜਾਵੇਗੀ। ਉਨ੍ਹਾਂ ਆਖਿਆ ਕਿ ਜੇਲ੍ਹ ਪ੍ਰਸ਼ਾਸਨ ਅਜਿਹੇ ਉੱਦਮਾਂ ਲਈ ਹਮੇਸ਼ਾ ਤਿਆਰ ਰਹਿੰਦਾ ਹੈ। ਉਨ੍ਹਾਂ ਆਖਿਆ ਕਿ ਅਜਿਹਾ ਇਸ ਲਈ ਕੀਤਾ ਜਾਂਦਾ ਹੈ ਤਾਂ ਕਿ ਜੇਲ੍ਹ ਵਿੱਚ ਕੈਦੀਆਂ ਦੀ ਸਿਹਤ ਪੱਖੋਂ ਹਰ ਤਰ੍ਹਾਂ ਦੀ ਜਾਂਚ ਹੋ ਸਕੇ ਤੇ ਉਨ੍ਹਾਂ ਨੂੰ ਕਿਸੇ ਸਿਹਤ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਸੁਪਰਡੈਂਟ ਅਰਪਣਜੋਤ ਸਿੰਘ, ਪ੍ਰੋਜੈਕਟ ਕੋਆਰਡੀਨੇਟਰ ਜੇਲ੍ਹ ਐਨਸੀਪੀਆਈ ਲਖਵੀਰ ਸਿੰਘ, ਐਮਐਲਟੀ ਲਖਵਿੰਦਰ ਸਿੰਘ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਭੁੱਲੇਚੱਕ 'ਚ ਕੇਬਲ ਤਾਰ ਦੇ ਨੰਗੇ ਤੇ ਨੀਵੇਂ ਜੋੜ ਬਿਜਲੀ ਮਹਿਕਮਾ ਸਾਲ ਭਰ 'ਚ ਨਹੀਂ ਢੱਕ ਸਕਿਆ !

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਪਾਵਰਕਾਮ ਦੀ ਸਬ-ਡਵੀਜ਼ਨ ਪੰਡੋਰੀ ਮਹੰਤਾ ਅਧੀਨ ਪੈਂਦੇ ਪਿੰਡ ਭੁੱਲੇ ਚੱਕ ਤੋਂ



ਖੇਡ ਸਟੇਡੀਅਮ ਗੋਹਤ ਖੋਖਰ ਨੂੰ ਜਾਣ ਵਾਲੀ ਸੜਕ 'ਤੇ ਬਿਜਲੀ ਬੋਰਡ ਦੀ ਕੇਬਲ ਦੇ ਜੋੜ ਨੰਗੇ ਅਤੇ ਨੀਵੇਂ ਹੋਣ ਕਾਰਨ ਪਿੰਡ ਵਾਸੀ ਕਾਫੀ ਪਰੇਸ਼ਾਨ ਹਨ। ਬਿਜਲੀ ਮਹਿਕਮਾ ਇਸ ਪਾਸੇ ਕੋਈ ਵੀ ਧਿਆਨ ਨਹੀਂ ਦੇ ਰਿਹਾ ਜਿਸ ਕਰਕੇ ਲੋਕਾਂ ਦਾ ਪਾਵਰ ਕਾਮ ਦੇ ਉਚ ਅਧਿਕਾਰੀਆਂ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਕੇਬਲ ਦੇ ਨੰਗੇ ਜੋੜ ਨੀਵੇਂ ਸੜਕ ਕੰਢੇ ਡਿੱਗੇ ਪਏ ਹਨ ਅਤੇ ਇਸ ਦੀ ਸ਼ਿਕਾਇਤ ਉਪ ਮੰਡਲ ਅਫਸਰ ਪੰਡੋਰੀ ਮਹੰਤਾ ਨੂੰ ਕਰਨ ਦੇ ਬਾਵਜੂਦ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਬਿਜਲੀ ਦੇ ਜੋੜ ਨੰਗੇ ਹਨ ਜਿਸ ਕਰਕੇ ਬਰਸਾਤਾਂ ਦੇ ਦਿਨਾਂ ਵਿੱਚ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਜ਼ਿੰਮੇਵਾਰ ਕੌਣ ਹੋਵੇਗਾ ? ਉਨ੍ਹਾਂ ਦੱਸਿਆ ਕਿ ਬਿਜਲੀ ਮੁਲਾਜ਼ਮਾਂ ਕੋਲ ਇੱਕੋ-ਇੱਕ ਬਹਾਨਾ ਹੈ ਕਿ ਪਾਵਰਕਾਮ ਵਿਚ ਬਿਜਲੀ ਮੁਲਾਜ਼ਮਾਂ ਦੀ ਘਾਟ ਹੋਣ ਕਰਕੇ ਕੰਮ ਸਮੇਂ ਸਿਰੇ ਨਹੀਂ ਹੁੰਦਾ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਸਿਆਸੀ ਆਗੂਆਂ ਦੇ ਧਿਆਨ ਵਿੱਚ ਵੀ ਹੈ ਅਤੇ ਫਿਰ ਵੀ ਬਿਜਲੀ ਮੁਲਾਜ਼ਮ ਆਪਣੇ ਕੰਮ ਕਾਜ ਵਿੱਚ ਢਿੱਲੀ ਕਾਰਗੁਜ਼ਾਰੀ ਦਿਖਾ ਰਹੇ ਹਨ ਜਿਸ ਕਰਕੇ ਲੋਕ ਮਹਿਕਮੇ ਤੋਂ ਕਾਫੀ ਖਫ਼ਾ ਨਜ਼ਰ ਆ ਰਹੇ ਹਨ। ਉਨ੍ਹਾਂ ਨੇ ਐੱਸ. ਈ. ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡ ਭੁੱਲੇਚੱਕ ਵਿਚ ਬਿਜਲੀ ਦੀਆਂ ਨੀਵੀਂ ਅਤੇ ਨੰਗੇ ਜੋੜਾਂ ਵਾਲੀ ਕੇਬਲ ਨੂੰ ਉੱਚਾ ਕਰਨ ਵਾਸਤੇ ਪਾਵਰਕਾਮ ਦੀ ਸਬ-ਡਵੀਜ਼ਨ ਪੰਡੋਰੀ ਮਹੰਤਾਂ ਦੇ ਉਪ ਮੰਡਲ ਅਫਸਰ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਲੋਕਾਂ ਦਾ ਕੋਈ ਵੀ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।



# ਇੰਗਲੈਂਡ ਦੇ ਐੱਮਪੀ ਤਨਮਨਜੀਤ ਸਿੰਘ ਢੇਸੀ ਵੱਲੋਂ ਸੰਤ ਬਾਬਾ ਸੱਜਣ ਸਿੰਘ ਦਾ ਸਨਮਾਨ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦਾ ਜਿੱਥੇ ਇੰਗਲੈਂਡ ਦੀ ਧਰਤੀ ਉਪਰ ਪੁੱਜਣ ਤੇ ਵੱਖ-ਵੱਖ ਸਿੱਖ ਅਦਾਰਿਆਂ ਅਤੇ ਸੇਵਕਾਂ ਵੱਲੋਂ ਮਾਣ ਸਨਮਾਨ ਕੀਤਾ ਜਾ ਰਿਹਾ ਹੈ ਉਥੇ ਹੀ ਇੰਗਲੈਂਡ ਦੇ ਬਣੇ ਐੱਮ. ਪੀ. ਸਰਦਾਰ ਤਨਮਨਜੀਤ ਸਿੰਘ ਢੇਸੀ ਵੱਲੋਂ ਸੰਤ ਬਾਬਾ ਸੱਜਣ ਸਿੰਘ ਦਾ ਮਾਣ ਸਨਮਾਨ ਸਲੋਹ ਯੂ. ਕੇ. ਵਿੱਚ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਭਾਈ ਹਰਪਾਲ ਸਿੰਘ ਕੋਟ ਖਹਿਰਾ, ਗਿਆਨੀ ਸੁਲੱਖਣ ਸਿੰਘ ਕੱਲਾ ਅਤੇ ਇੰਦਰਜੀਤ ਸਿੰਘ ਮੋਹਨਪੁਰਾ ਆਦਿ ਹਾਜ਼ਰ ਸਨ।

# ਨਸ਼ਾ ਤਸਕਰਾਂ ਦੀਆਂ ਜ਼ਮਾਨਤਾਂ ਕਰਵਾਉਣ ਵਾਲਿਆਂ ਦੇ ਨਾਂਅ ਜਨਤਕ ਕਰੇਗਾ ਨਸ਼ਾ ਮੁਕਤੀ ਮੋਰਚਾ : ਸੋਨੀਆ ਮਾਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਨਸ਼ਾ ਮੁਕਤੀ ਮੋਰਚਾ ਦੇ ਕੋਆਰਡੀਨੇਟਰ ਮੈਡਮ ਸੋਨੀਆ ਮਾਨ ਨੇ ਅੰਮ੍ਰਿਤਸਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਿਹੜੇ ਵੀ ਲੋਕ ਨਸ਼ਾ ਵੇਚਣ ਵਾਲੇ ਵਿਅਕਤੀਆਂ ਦੀ ਸਿਫਾਰਸ਼ ਲਈ ਪੁਲਸ ਕੋਲ ਜਾਣਗੇ ਜਾਂ ਉਨ੍ਹਾਂ ਦੀਆਂ ਅਦਾਲਤ ਵਿੱਚ ਜ਼ਮਾਨਤਾਂ ਦੇਣਗੇ, ਦੇ ਨਾਮ ਜਨਤਕ ਕੀਤੇ ਜਾਣਗੇ ਅਤੇ ਲੋਕਾਂ ਨੂੰ ਇਨ੍ਹਾਂ ਦੇ ਸਮਾਜਿਕ ਬਾਈਕਾਟ ਦਾ ਸੱਦਾ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਲੋਕਾਂ ਵੱਲੋਂ ਵੱਡਾ ਸਾਥ ਮਿਲ ਰਿਹਾ ਹੈ ਅਤੇ ਇਸ ਦਾ ਅਗਲਾ ਪੜਾਅ ਇੱਕ ਜੁਲਾਈ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸੰਬਧੀ ਨਸ਼ਾ ਮੁਕਤੀ ਮੋਰਚਾ ਦੇ ਮੈਂਬਰਾਂ ਨਾਲ ਗੱਲਬਾਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੋਨੀਆ ਮਾਨ ਨੇ ਦੱਸਿਆ ਕਿ ਮੋਰਚੇ ਨੂੰ ਪਿੰਡ ਪੱਧਰ ਉਤੇ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਵੀ ਛੇਤੀ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ



ਵਿੱਚ ਪੁਲਸ, ਆਮ ਲੋਕਾਂ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਮਿਲ ਰਹੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਬਿਮਾਰੀ ਨੂੰ ਮੁੱਢੋਂ ਪੁੱਟਣ ਲਈ ਸਾਰਿਆਂ ਨੂੰ ਇੱਕ ਟੀਮ ਵਰਕ ਦੇ ਤੌਰ ਤੇ ਕੰਮ ਕਰਨਾ ਜ਼ਰੂਰੀ ਹੈ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਸਾਰੀਆਂ ਧਿਰਾਂ ਨਸ਼ੇ ਦੀ ਅਲਾਮਤ ਨੂੰ ਹਟਾਉਣ ਲਈ ਇੱਕ ਹੋ ਕੇ ਕੰਮ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲੀਆਂ ਸਰਕਾਰਾਂ ਨੇ ਨਸ਼ੇ ਵਿਰੁੱਧ ਗੰਭੀਰਤਾ ਨਹੀਂ ਵਿਖਾਈ ਜਿਸ ਕਾਰਨ ਇਸ ਅਲਾਮਤ ਨੇ ਵਿਕਰਾਲ ਰੂਪ ਧਾਰਨ ਕਰ ਲਿਆ ਸੀ, ਜਿਸ ਨੂੰ ਹੁਣ ਖ਼ਤਮ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਪਾਰਟੀ ਦੋਨੋਂ ਮਿਲ ਕੇ ਕੰਮ ਕਰ ਰਹੇ ਹਨ।ਉਨ੍ਹਾਂ ਆਮ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਦੇ ਰੋਗੀਆਂ ਨਾਲ ਹਮਦਰਦੀ ਨਾਲ ਪੇਸ਼ ਆਉਣ, ਕਿਉਂਕਿ ਇਹ ਅਪਰਾਧੀ ਨਹੀਂ ਬਲਕਿ ਨਸ਼ਾ ਲੈਣ ਦੇ ਰੋਗੀ ਹਨ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ ਨਸ਼ਾ ਛੁਡਾਊ ਕੇਂਦਰਾਂ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਅਜਿਹੇ ਰੋਗੀਆਂ ਦੇ ਮੁਫ਼ਤ ਇਲਾਜ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਜੋ ਵੀ ਵਿਅਕਤੀ ਨਸ਼ੇ ਦਾ ਰੋਗੀ ਹੈ ਉਸ ਨੂੰ ਇਨ੍ਹਾਂ ਕੇਂਦਰਾਂ ਵਿੱਚ ਲਿਆਓ ਅਤੇ ਇਲਾਜ ਕਰਵਾਓ।ਉਨ੍ਹਾਂ ਨਾਲ ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਆਗੂ ਦੀਕਸ਼ਤ ਧਵਨ, ਕੁਲਦੀਪ ਸਿੰਘ ਮੱਤੇਵਾਲ, ਹੁਸਨ ਪ੍ਰੀਤ, ਹਨੀ, ਯੁਵਰਾਜ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਬਰਮਾਂ ਨੂੰ ਪੱਧਰਾ ਕਰਨ ਦਾ ਕੰਮ ਅੱਧ ਵਿਚਾਲੇ ਲਟਕਿਆ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਦਰਿਆ ਬਿਆਸ ਕੰਡੇ ਤੱਕ ਲੰਬਾਈ ਜੋ 16 ਕਿਲੋਮੀਟਰ ਬਣਦੀ ਹੈ, ਦੀ ਉਸਾਰੀ ਕੁਝ ਸਮਾਂ ਹੀ ਪਹਿਲਾਂ ਕਰੋੜਾਂ ਰੁਪਏ ਖਰਚ ਕੇ ਕਰਵਾਈ ਗਈ ਹੈ ਪਰ ਸੰਬੰਧਿਤ ਵਿਭਾਗ ਵੱਲੋਂ ਇਸ ਸੜਕ ਕੰਢੇ ਬਣੇ ਬਰ੍ਹਮਾਂ ਨੂੰ ਪੱਧਰਾ ਕਰਨ ਦਾ ਕੰਮ ਅੱਧ ਵਿਚਕਾਰ ਹੀ ਛੱਡ ਦਿੱਤਾ ਗਿਆ ਹੈ ਅਤੇ ਸੜਕ ਕੰਢੇ ਕੁਝ ਥਾਵਾਂ 'ਤੇ ਬਰ੍ਹਮ ਅੱਜ ਵੀ ਉਚੇ-ਨੀਵੇਂ ਹੋਣ ਕਰਕੇ ਨਿੱਤ ਰੋਜ਼ ਹਾਦਸੇ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਇਸ ਸੜਕ ਦੀ ਚੌੜਾਈ ਲਗਭਗ 22 ਫੁੱਟ ਹੈ ਅਤੇ ਖਾਸ ਕਰਕੇ ਜਦੋਂ ਦੋ ਪਹੀਆ ਸਕੂਟਰ ਚਾਲਕਾਂ ਦੀ ਕਿਸੇ ਵੱਡੇ ਵਾਹਨ ਤੋਂ ਡਰਦੇ ਹੋਏ ਕੱਚੀ ਸੜਕ 'ਤੇ ਉਤਰਦੇ ਹਨ ਤੇ ਬਾਅਦ ਵਿੱਚ ਦੁਬਾਰਾ ਪੱਕੀ ਸੜਕ 'ਤੇ ਬਰ੍ਹਮ ਉਚੇ ਹੋਣ ਕਾਰਨ ਚੜ੍ਹਨਾ ਮੁਸ਼ਕਿਲ ਹੋ ਜਾਂਦਾ ਹੈ ਅਤੇ ਸਕੂਟਰ ਪਲਟਣ ਦਾ ਡਰ ਵੀ ਬਣ ਜਾਂਦਾ ਹੈ। ਕਈ ਵਾਰ ਸਕੂਟਰ ਪਲਟ ਜਾਂਦਾ ਹੈ ਜਿਸ 'ਤੇ ਸਕੂਟਰ ਚਾਲਕ ਦੇ ਸੱਟਾਂ ਵਗੈਰਾ ਲੱਗ ਜਾਂਦੀਆਂ ਹਨ। ਪੁਰਾਣਾ ਸਾਲਾ ਤੋਂ ਦਰਿਆ ਬਿਆਸ ਕੰਢੇ ਇੱਕ ਨਿੱਜੀ ਸਕੂਲ ਨੇੜੇ ਕਾਫੀ ਥਾਵਾਂ 'ਤੇ ਬਰ੍ਹਮ ਉਚੇ ਨੀਵੇਂ ਹਨ ਅਤੇ ਕਈ ਥਾਵਾਂ 'ਤੇ ਕੱਚੀ ਸੜਕ ਵੀ ਕਾਫੀ ਘੱਟ ਹੈ ਜਿਸ ਕਾਰਨ ਛੋਟੇ-ਵੱਡੇ ਵਾਹਨ ਆਹਮਣੇ-ਸਾਹਮਣੇ ਗੁਜਰਨ ਵੇਲੇ ਕਈ ਵਾਰ ਸੜਕ ਥੱਲੇ ਕੱਚੇ ਰਸਤੇ 'ਤੇ ਉਤਰ ਜਾਂਦੇ ਹਨ। ਇਲਾਕਾ ਵਾਸੀਆਂ ਦੀ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਇਸ ਸੜਕ 'ਤੇ ਕਈ ਥਾਵਾਂ 'ਤੇ ਉਚੇ ਨੀਵੇਂ ਬਰ੍ਹਮਾ ਨਾਲ ਮਿੱਟੀ ਪਵਾਈ ਜਾਵੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਵਰਨਣਯੋਗ ਹੈ ਕਿ ਇਸ ਸੜਕ ਵਿਚਕਾਰ ਦਰਿਆ ਬਿਆਸ ਤੋਂ ਤਿੱਬੜੀ ਬਾਈਪਾਸ ਤੱਕ ਸਫੈਦ ਪੱਟੀ ਲੱਗ ਚੁੱਕੀ ਹੈ ਜਦਕਿ ਤਿੱਬੜੀ ਬਾਈਪਾਸ ਤੋਂ ਲਾਈਬ੍ਰੇਰੀ ਚੌਕ ਤੱਕ ਸਫੈਦ ਅਤੇ ਪੀਲੀ ਪੱਟੀ ਨਹੀਂ ਲੱਗੀ ਜਿਸ ਨੂੰ ਲਗਾਇਆ ਜਾਵੇ।



# ਵਿਸ਼ਵ ਯੋਗਾ ਦਿਵਸ ਮੌਕੇ ਆਯੂਰਵੈਦਿਕ ਮੈਡੀਕਲ ਅਫ਼ਸਰ ਡਾ. ਪਰਨੀਤ ਕੌਰ ਤੇ ਡਾ. ਅਮਿਤਾ ਸ਼ਰਮਾ ਸਨਮਾਨਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ 21 ਜੂਨ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੈਂਡ ਪੋਰਟ ਅਥਾਰਟੀ ਦੇ ਸਹਿਯੋਗ ਨਾਲ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ, ਡੇਰਾ ਬਾਬਾ ਨਾਨਕ ਵਿਖੇ ਕਰਵਾਏ ਗਏ ਯੋਗਾ ਸਮਾਗਮ ਦੌਰਾਨ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਗੁਰਦਾਸਪੁਰ ਡਾ. ਪ੍ਰਦੀਪ ਸਿੰਘ ਦੇ ਪ੍ਰਬੰਧਾਂ ਹੇਠ ਆਯੂਰਵੈਦਿਕ ਮੈਡੀਕਲ ਅਫ਼ਸਰ ਡਾ. ਪਰਨੀਤ ਕੌਰ, ਡਾ. ਅਮਿਤਾ ਸ਼ਰਮਾ ਅਤੇ ਸੀ. ਐੱਮ. ਦੀ ਯੋਗਸ਼ਾਲਾ ਦੇ ਯੋਗਾ ਇੰਸਟਰਕਟਰ ਗੁਰਜੀਤ ਸਿੰਘ ਨੂੰ ਕੈਂਪ ਦੌਰਾਨ ਵਧੀਆ ਢੰਗ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਬਦਲੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਹੈ।ਡਾ. ਪਰਨੀਤ ਕੌਰ ਦੀ ਅਗਵਾਈ ਹੇਠ ਵਿਸ਼ੇਸ਼ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ 287 ਮਰੀਜ਼ਾਂ ਦਾ ਚੈੱਕਅਪ ਕਰ ਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਲੋਕਾਂ ਵੱਲੋਂ ਇਸ ਆਯੂਰਵੈਦਿਕ ਮੈਡੀਕਲ ਕੈਂਪ ਦੀ ਭਰਪੂਰ ਸ਼ਲਾਘਾ ਕੀਤੀ ਗਈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਾ. ਪਰਨੀਤ ਕੌਰ, ਡਾ. ਅਮਿਤਾ ਸ਼ਰਮਾ ਤੇ ਯੋਗਾ ਮਾਹਿਰ ਗੁਰਜੀਤ ਸਿੰਘ ਨੂੰ ਸਨਮਾਨਿਤ ਕਰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਵੱਲੋਂ ਯੋਗਾ ਕੈਂਪ ਦੌਰਾਨ ਆਪਣੀਆਂ ਸੇਵਾਵਾਂ ਨੂੰ ਬਾਖ਼ੂਬੀ ਨਿਭਾ ਕੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਉੱਘਾ ਯੋਗਦਾਨ ਪਾਇਆ ਹੈ।ਉਨ੍ਹਾਂ ਕਿਹਾ ਕਿ ਆਯੂਰਵੈਦਿਕ ਵਿਭਾਗ ਦੇ ਇਹ ਮੈਡੀਕਲ ਅਫ਼ਸਰ ਬਹੁਤ ਕਾਬਲ ਹਨ ਅਤੇ ਅਵਾਮ ਦੀ ਸੇਵਾ ਨੂੰ ਵਧੀਆ ਢੰਗ ਨਾਲ ਨਿਭਾ ਰਹੇ ਹਨ।ਓਧਰ ਆਯੂਰਵੈਦਿਕ ਮੈਡੀਕਲ ਅਫ਼ਸਰ ਡਾ. ਪਰਨੀਤ ਕੌਰ ਨੇ ਇਸ ਸਨਮਾਨ ਲਈ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਅਤੇ ਐੱਸ. ਡੀ. ਐੱਮ. ਡੇਰਾ ਬਾਬਾ ਨਾਨਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਹੋਰ ਮਿਹਨਤ ਤੇ ਲਗਨ ਨਾਲ ਕੰਮ ਕਰਨ ਨੂੰ ਪ੍ਰੇਰਿਤ ਕਰੇਗਾ।ਉਨ੍ਹਾਂ ਕਿਹਾ ਕਿ ਆਯੂਰਵੈਦ ਅਤੇ ਯੋਗਾ ਸਾਡੇ ਦੇਸ਼ ਦੀ ਸੰਸਕ੍ਰਿਤੀ ਦਾ ਅਨਿੱਖੜਵਾਂ ਅੰਗ ਹਨ ਅਤੇ ਇਹ ਇਲਾਜ ਵਿਧੀਆਂ ਬਹੁਤ ਕਾਰਗਰ ਤੇ ਕਾਮਯਾਬ ਹਨ। ਉਨ੍ਹਾਂ ਕਿਹਾ ਕਿ ਆਯੂਰਵੈਦ ਰੋਗਾਂ ਨੂੰ ਜੜ੍ਹ ਤੋਂ ਖ਼ਤਮ ਕਰਦਾ ਹੈ ਅਤੇ ਇਸ ਇਲਾਜ ਪ੍ਰਣਾਲੀ ਦਾ ਮਨੁੱਖੀ ਸਰੀਰ ਉਪਰ ਕੋਈ ਮਾੜਾ ਪ੍ਰਭਾਵ ਵੀ ਨਹੀਂ ਪੈਂਦਾ ਹੈ।ਡਾ. ਪਰਨੀਤ ਕੌਰ ਨੇ ਕਿਹਾ ਕਿ ਲੋਕਾਂ ਨੂੰ ਤੰਦਰੁਸਤ ਤੇ ਨਿਰੋਗ ਜੀਵਨ ਲਈ ਆਯੂਰਵੈਦ ਤੇ ਯੋਗਾ ਨਾਲ ਜੁੜਨਾ ਚਾਹੀਦਾ ਹੈ।ਇਸ ਮੌਕੇ ਆਯੂਰਵੈਦਿਕ ਵਿਭਾਗ ਵੱਲੋਂ ਪੁਨੀਤ ਕੁਮਾਰ, ਸੰਦੀਪ ਸਿੰਘ, ਰਾਜ ਕੁਮਾਰ, ਰੇਨੂ ਬਾਲਾ ਸਮੇਤ ਵਿਭਾਗ ਦਾ ਹੋਰ ਸਟਾਫ਼ ਵੀ ਹਾਜ਼ਰ ਸੀ।




# ਦਿੱਲੀ ਕਮੇਟੀ ਬੇਲੋੜੀ ਬਿਆਨਬਾਜ਼ੀ ਕਰਕੇ ਸੰਗਤਾਂ ਨੂੰ ਕਰ ਰਹੀ ਹੈ ਗੁੰਮਰਾਹ: ਸ਼੍ਰੋਮਣੀ ਕਮੇਟੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ ਦੀ ਮਾਲਕੀ ਵਾਲੇ ਕੁਝ ਪਲਾਟ ਵੇਚਣ ਦੇ ਮਾਮਲੇ ਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਬੇਲੋੜੀ ਬਿਆਨਬਾਜ਼ੀ ਕਰਕੇ ਸੰਗਤਾਂ ਨੂੰ ਗੁੰਮਰਾਹ ਕਰਨ ਦਾ ਯਤਨ ਕਰ ਰਹੇ ਹਨ।ਇਹ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਅਸੀਂ ਪਹਿਲਾਂ ਵੀ ਸਪੱਸ਼ਟ ਕਰ ਚੁੱਕੇ ਹਾਂ ਕਿ ਗੁਰਦੁਆਰਾ ਸਾਹਿਬ ਦੀ ਵਰਤੋਂ ਵਿਚ ਨਾ ਆ ਰਹੀ ਹੋਣ ਕਰਕੇ ਅਤੇ ਲੋਕਾਂ ਵੱਲੋਂ ਕਬਜ਼ੇ ਕਰਨ ਕਰਕੇ ਸ੍ਰੀ ਦਰਬਾਰ ਸਾਹਿਬ ਤਰਨਤਾਰਨ ਦੀ ਤੰਗ ਗਲੀਆਂ ਵਿਚ ਛੋਟੇ ਪਲਾਟਾਂ ਦੇ ਰੂਪ ਵਿਚ ਕੁਝ ਜਗ੍ਹਾ ਨੂੰ ਨਿਯਮਾਂ ਅਨੁਸਾਰ ਜਾਇਦਾਦ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਵੇਚਣ ਦਾ ਫੈਸਲਾ ਕੀਤਾ ਸੀ।ਇਸ ਬਾਰੇ ਇਸ਼ਤਿਹਾਰ ਲਗਾ ਕੇ ਕਈ ਵਾਰ ਖੁੱਲ੍ਹੀ ਬੋਲੀ ਰੱਖੀ ਸੀ, ਜਿਸ ਵਿੱਚ ਸਭ ਤੋਂ ਵੱਧ ਬੋਲੀ ਦੇਣ ਵਾਲੇ ਨੂੰ ਇਹ ਜਗ੍ਹਾ ਵੇਚੀ ਗਈ ਸੀ।ਉਨ੍ਹਾਂ ਕਿਹਾ ਕਿ ਇਸ ਜਗ੍ਹਾ ਦੀ ਕੀਮਤ ਨੂੰ ਲੈ ਕੇ ਕੁਝ ਲੋਕਾਂ ਵੱਲੋਂ ਸੰਗਤਾਂ ਨੂੰ ਲਗਾਤਾਰ ਗੁਮਰਾਹ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ 16 ਲੱਖ ਦੀ ਜਗ੍ਹਾ ਨੂੰ 60 ਲੱਖ ਦੀ ਪ੍ਰਚਾਰਨਾਂ ਨਰੋਲ ਸਿਆਸੀ ਬਿਆਨਬਾਜ਼ੀ ਹੈ।ਜੇਕਰ ਦਿੱਲੀ ਕਮੇਟੀ ਚਾਹੇ ਤਾਂ 60 ਲੱਖ ਦੀ ਲੈ ਸਕਦੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਅਜਿਹਾ ਕੋਈ ਵੀ ਕਾਰਜ ਨਹੀਂ ਕਰਦੀ ਜਿਸ ਨਾਲ ਸਿੱਖ ਮਨਾਂ ਨੂੰ ਠੇਸ ਪਹੁੰਚੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਗੁਰਦੁਆਰਾ ਸਾਹਿਬ ਦੀ ਕੋਈ ਜਾਇਦਾਦ ਜੋ ਵਰਤੋਂ ਵਿੱਚ ਨਾ ਆ ਰਹੀ ਹੋਵੇ ਨੂੰ ਵੇਚਿਆ ਜਾਂਦਾ ਹੈ ਤਾਂ ਉਸ ਪੈਸੇ ਨਾਲ ਗੁਰਦੁਆਰਾ ਸਾਹਿਬ ਦੀ ਹੋਰ ਜਾਇਦਾਦ ਖਰੀਦ ਕਰ ਲਈ ਜਾਂਦੀ ਹੈ।ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਭਾਵੇਂ ਸਿੱਖ ਸੰਸਥਾ ਨੇ ਨਿਯਮਾਂ ਅਨੁਸਾਰ ਇਹ ਜਾਇਦਾਦ ਖੁੱਲ੍ਹੀ ਬੋਲੀ ਰਾਹੀਂ ਵੇਚੀ ਸੀ ਪ੍ਰੰਤੂ ਇਸ ਉਤੇ ਬੇਲੋੜੇ ਵਿਵਾਦ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਇਸ ਬੋਲੀ ਨੂੰ ਰੱਦ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦੇ ਅਹੁਦੇਦਾਰ ਇਸ ਮਾਮਲੇ ਨੂੰ ਸਿਆਸੀ ਤੌਰ 'ਤੇ ਤੂਲ ਨਾ ਦੇਣ। ਆਪਣੀ ਸਿਆਸਤ ਚਮਕਾਉਣ ਲਈ ਸਿੱਖ ਸੰਸਥਾਵਾਂ ਖਿਲਾਫ਼ ਤੱਥਾਂ ਰਹਿਤ ਬਿਆਨਬਾਜੀ ਕਰਨੀ ਜ਼ੁੰਮੇਵਾਰ ਆਹੁਦੇ ਤੇ ਬੈਠੇ ਵਿਅਕਤੀਆਂ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਸੰਗਤਾਂ ਨੂੰ ਵੀ ਅਜਿਹੀ ਅਧਾਰਹੀਣ ਤੇ ਗੁੰਮਰਾਹਕੁੰਨ ਬਿਆਨਬਾਜ਼ੀ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ।



# ਲੁਧਿਆਣਾ ਜ਼ਿਮਨੀ ਚੋਣ 'ਚ 'ਆਪ' ਦੀ ਜਿੱਤ ਨੇ 2027 ਦੀ ਤਸਵੀਰ ਸਾਫ ਕੀਤੀ : ਸ਼ਮਸ਼ੇਰ ਸਿੰਘ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਲੁਧਿਆਣਾ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਸ਼ਾਨਦਾਰ ਜਿੱਤ ਮਗਰੋਂ




ਦੀਨਾਨਗਰ ਵਿਧਾਨਸਭਾ ਹਲਕੇ ਅੰਦਰ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਆਪ ਵਰਕਰਾਂ ਨੇ ਭੰਗੜੇ ਪਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਲੁਧਿਆਣਾ ਜ਼ਿਮਨੀ ਚੋਣ ਦੇ ਨਤੀਜਿਆਂ ਨੇ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ ਦੀ ਤਸਵੀਰ ਪੂਰੀ ਤਰ੍ਹਾਂ ਸਾਫ ਕਰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸੂਝਵਾਨ ਲੋਕ ਹੁਣ ਰਵਾਇਤੀ ਪਾਰਟੀਆਂ ਨੂੰ ਪੂਰੀ ਤਰ੍ਹਾਂ ਨਕਾਰ ਚੁੱਕੇ ਹਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਖੁਸ਼ ਅਤੇ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੁਧਿਆਣਾ ਜ਼ਿਮਨੀ ਚੋਣ ਵਿੱਚ ਆਪ ਉਮੀਦਵਾਰ ਦੀ ਜਿੱਤ ਸਿਰਫ ਇਕ ਵਿਅਕਤੀ ਦੀ ਜਿੱਤ ਨਹੀਂ ਮਗਰੋਂ ਆਮ ਆਦਮੀ ਪਾਰਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਉੱਤੇ ਲੋਕਾਂ ਵੱਲੋਂ ਲਾਈ ਗਈ ਮੋਹਰ ਹੈ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਸਿਰਫ ਪੰਜਾਬ ਵਿੱਚ ਹੀ ਨਹੀਂ ਸਗੋਂ ਦੇਸ਼ ਭਰ ਅੰਦਰ ਪਸੰਦ ਕੀਤਾ ਜਾ ਰਿਹਾ ਹੈ ਜਿਸਦਾ ਸਬੂਤ ਭਾਜਪਾ ਦੇ ਗੜ੍ਹ ਗੁਜਰਾਤ ਅੰਦਰ ਵੀ ਵਿਸਾਵਦਰ ਹਲਕੇ ਦੀ ਜ਼ਿਮਨੀ ਚੋਣ ਵਿੱਚ ਆਪ ਉਮੀਦਵਾਰ ਈਟਾਲੀਆ ਗੋਪਾਲ ਨੇ ਸ਼ਾਨਦਾਰ ਜਿੱਤ ਹਾਸਲ ਕਰਕੇ ਸਾਬਤ ਕੀਤਾ ਹੈ ਕਿ ਲੋਕ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀਆਂ ਨੀਤੀਆਂ ਵਿੱਚ ਯਕੀਨ ਰੱਖਦੇ ਹਨ।ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਹੋਈਆਂ ਪੰਜ ਵਿਧਾਨਸਭਾ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਵਿੱਚੋਂ ਦੋ ਹਲਕੇ ਜਿੱਤ ਕੇ ਨਾ ਸਿਰਫ ਆਪ ਅਪਣੀਆਂ ਸੀਟਾਂ ਨੂੰ ਮੁੜ ਅਪਣੇ ਕੋਲ ਰੱਖਣ ਵਿੱਚ ਕਾਮਯਾਬ ਹੋਈ ਹੈ ਸਗੋਂ ਆਪ ਨੇ ਸਾਬਤ ਕਰ ਦਿੱਤਾ ਹੈ ਕਿ ਦੇਸ਼ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਹਨ।ਇਸ ਮੌਕੇ ਨਸ਼ਾ ਵਿਰੋਧੀ ਕਮੇਟੀ ਦੇ ਹਲਕਾ ਕੋਆਡੀਨੇਟਰ ਕਾਰਤਿਕ ਦੋਆਬਾ, ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਪਿੰਟਾ, ਨਿਸ਼ਾਨ ਸਿੰਘ ਗੂੰਝੀਆਂ, ਕਾਜਲ ਪੱਖੋਵਾਲ, ਮਧੂ ਥਾਪਾ, ਰਾਜੀਵ ਸੈਣੀ ਚੱਕ, ਨੋਬਲ ਸਿੰਘ ਤਲਵੰਡੀ, ਸਰਪੰਚ ਬਲਵਿੰਦਰ ਪਾਲ ਦਾਊਵਾਲ, ਚਿਮਨ ਲਾਲ ਅਵਾਂਖਾ, ਸਰਪੰਚ ਗੁਰਨਾਮ ਸਿੰਘ ਸਿੰਗੋਵਾਲ ਦੇ ਇਲਾਵਾ ਵੱਡੀ ਗਿਣਤੀ ਚ ਆਪ ਅਹੁਦੇਦਾਰ ਤੇ ਵਰਕਰ ਹਾਜਰ ਸਨ।

# ਈਟੀਓ ਵੱਲੋਂ ਪਿੰਡ ਸਰਜਾ ਵਿਖੇ 1.5 ਕਰੋੜ ਦੇ ਕਰੀਬ ਵਿਕਾਸ ਕਾਰਜਾਂ ਦੇ ਉਦਘਾਟਨ

**ਟਾਂਗਰਾ (ਲਾਡੀ ਮੱਲ੍ਹੀ)**- ਪਿੰਡ ਸਰਜਾ ਦੀ ਨੁਹਾਰ ਬਦਲ ਦਿਆਂਗੇ। ਸਰਜਾ ਵਿਖੇ 1.5 ਕਰੋੜ ਦੇ ਕਰੀਬ ਲਾਗਤ ਨਾਲ ਕਮਿਊਨਿਟੀ ਹਾਲ, ਛੱਪੜ ਦੇ ਚੁਫੇਰੇ ਪੱਕੀ ਕੰਧ ਦੀ ਉਸਾਰੀ ਅਤੇ ਹੋਰ ਵਿਕਾਸ ਕਾਰਜ ਕਰਾਏ ਜਾ ਰਹੇ ਹਨ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਪਿੰਡ ਸਰਜਾ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕਰਵਾਏ ਸਮਾਗਮ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਇਹ ਸਾਰੇ ਵਿਕਾਸ ਆਉਂਦੇ 6 ਮਹੀਨਿਆਂ ਵਿਚ ਪੂਰੇ ਕੀਤੇ ਜਾਣਗੇ ।ਗੁਣਵੱਤਾ ਵਿਚ ਕੋਈ ਕਮੀ ਮੇਰੇ ਧਿਆਨ ਵਿਚ ਆਉਣ 'ਤੇ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਤਹਿਸੀਲਾਂ ਵਿੱਚ ਈ ਜਮ੍ਹਾਂਬੰਦੀ ਆਨਲਾਈਨ ਸ਼ੁਰੂ ਕੀਤੀ ਹੈ। ਲੋਕ ਸਮਾਂ ਗਵਾਏ ਬਿਨਾਂ ਘਰ ਬੈਠੇ ਘਰ, ਪਲਾਟ ਆਦਿ ਦੀ ਜਮ੍ਹਾਂਬੰਦੀ ਲੈ ਕੇ ਇੰਤਕਾਲ ਕਰਵਾ ਸਕਣਗੇ। ਇਸ ਮੌਕੇ ਸਰਪੰਚ ਗੁਰਮੁਖ ਸਿੰਘ ਸਰਜਾ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਵਿਧਾਇਕ ਖਡੂਰ ਸਾਹਿਬ ਮਨਜਿੰਦਰ ਸਿੰਘ ਲਾਲਪੁਰਾ ਅਤੇ ਉਨ੍ਹਾਂ ਦੀ ਸੁਪਤਨੀ ਸਹਿੰਦਰ ਕੌਰ ਦਾ ਪਿੰਡ ਸਰਜਾ ਪਹੁੰਚਣ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਵਿੱਚ ਕਰਵਾਏ ਜਾ ਰਹੇ ਜੰਗੀ ਪੱਧਰ ਤੇ ਵਿਕਾਸ ਕਾਰਜਾਂ ਦਾ ਕੋਈ ਤੋੜ ਨਹੀਂ ਜਿਸ ਕਰਕੇ ਲੋਕ ਉਨ੍ਹਾਂ ਨੂੰ ਹਲਕੇ ਵਿੱਚ ਵਿਕਾਸ ਪੁਰਸ਼ ਕਹਿ ਕੇ ਸਨਮਾਨ ਦੇਣ ਲੱਗੇ ਹਨ ।ਉਨ੍ਹਾਂ ਕਿਹਾ ਪਿੰਡ ਦੀਆਂ ਸਾਰੀਆਂ ਸੜਕਾਂ 18 ਫੁੱਟ, ਪੰਚਾਇਤੀ ਜ਼ਮੀਨ ਵਿੱਚ ਅੰਡਰ ਪਾਈਪ ਲਾਈਨ, ਇਸੇ ਨੂੰ ਹੀ ਤਾਂ ਬਦਲਾਅ ਕਹਿੰਦੇ ਹਨ ।ਕਿਉਂਕਿ ਤਿੰਨ ਸਾਲਾਂ ਤੋਂ ਕਿਸਾਨਾਂ ਨੂੰ ਪੂਰੀ ਬਿਜਲੀ ਕਰਕੇ ਮਜ਼ਦੂਰਾਂ ਦੀ ਦਿਹਾੜੀ ਲਗਾਤਾਰ ਲੱਗ ਰਹੀ ਹੈ। ਨਹਿਰੀ ਪਾਣੀ ਵੀ ਖਾਲ ਪਵਾ ਕੇ ਟੇਲਾਂ ਤੱਕ ਪੁੱਜਦਾ ਕੀਤਾ ਜਾ ਰਿਹਾ ਹੈ ।ਇਸ ਮੌਕੇ ਵਿਧਾਇਕ ਖਡੂਰ ਸਾਹਿਬ ਮਨਜਿੰਦਰ ਸਿੰਘ ਲਾਲਪੁਰਾ, ਭਰਾਤਾ ਈਟੀਓ ਸਤਿੰਦਰ ਸਿੰਘ, ਚੇਅਰਮੈਨ ਛਨਾਖ ਸਿੰਘ, ਨਿਰਮਲ ਸਿੰਘ, ਬਲਾਕ ਪ੍ਰਧਾਨ ਭੁਪਿੰਦਰ ਸਿੰਘ, ਬਲਰਾਜ ਸਿੰਘ, ਹਰਪਾਲ ਸਿੰਘ, ਜਥੇ: ਗੁਰਦਿਆਲ ਸਿੰਘ, ਜਰਨੈਲ ਸਿੰਘ ਪ੍ਰਧਾਨ ਕੋਪ. ਸੁਸਾਇਟੀ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਡਾ. ਗੁਰਦੀਪ ਸਿੰਘ ਸਰਪੰਚ ਕੋਟਲਾ, ਹਰਿੰਦਰ ਸਿੰਘ ਗੱਗੀ, ਜਸਵੰਤ ਸਿੰਘ ਹੌਲਦਾਰ, ਦਵਿੰਦਰ ਸਿੰਘ ਮੰਨੂ ਸਰਪੰਚ, ਸਰੂਪ ਸਿੰਘ ਯੂ ਕੇ, ਸਵਿੰਦਰ ਸਿੰਘ ਫੌਜੀ ਮੁੱਛਲ, ਰਮਨਜੀਤ ਸਿੰਘ ਸਿੱਧੂ, ਅਮਰੀਕ ਸਿੰਘ ਸਾਬਕਾ ਸਰਪੰਚ, ਜਗਦੀਪ ਸਿੰਘ ਸਰਪੰਚ, ਅਜੀਤ ਸਿੰਘ ਜੋਧਾਨਗਰੀ, ਸਰਪੰਚ ਜਰਮਨਜੀਤ ਸਿੰਘ, ਸੁਖਵਿੰਦਰ ਸਿੰਘ ਲਵਲੀ ਸਰਪੰਚ, ਸੁਖਵਿੰਦਰ ਸਿੰਘ ਸ਼ਾਹ ਸਰਪੰਚ, ਅਵਤਾਰ ਸਿੰਘ , ਕਸ਼ਮੀਰ ਸਿੰਘ, ਹੀਰਾ ਸਿੰਘ, ਮੱਸਾ ਸਿੰਘ ਰਾਏਪੁਰ, ਮਿਰਜ਼ਾ ਸਿੰਘ ਮੈਂਬਰ, ਹੀਰਾ ਸਿੰਘ ਜਸਪਾਲ, ਜੇ ਈ ਹਰਜਿੰਦਰ ਸਿੰਘ, ਅੰਗਰੇਜ਼ ਸਿੰਘ ਮੈਂਬਰ, ਨਿਰਮਲ ਸਿੰਘ ਮੈਂਬਰ, ਸੁਰਜਨ ਸਿੰਘ ਮੈਂਬਰ, ਜਗੀਰ ਸਿੰਘ ਫੌਜੀ, ਲੱਖਾ ਸਿੰਘ, ਜਸਵੰਤ ਸਿੰਘ, ਸਤਨਾਮ ਸਿੰਘ, ਨਿਸ਼ਾਨ ਸਿੰਘ, ਅਵਤਾਰ ਸਿੰਘ, ਹੀਰਾ ਸਿੰਘ, ਸਵਰਨ ਸਿੰਘ, ਨਿਰਮਲ ਸਿੰਘ, ਅਨੰਦ ਸਿੰਘ, ਜਸਮੇਲ ਸਿੰਘ, ਬਲਬੀਰ ਸਿੰਘ, ਸਤਨਾਮ ਸਿੰਘ, ਸੁਰਿੰਦਰ ਸਿੰਘ ਪੱਪੂ, ਪਰਗਟ ਸਿੰਘ, ਅਵਤਾਰ ਸਿੰਘ, ਹਰਪਾਲ ਸਿੰਘ, ਨਿਰਮਲ ਸਿੰਘ ਡਾਕਟਰ, ਅਮਰ ਸਿੰਘ, ਸੁਖਚੈਨ ਸਿੰਘ, ਕਰਤਾਰ ਸਿੰਘ ਫ਼ੌਜੀ, ਜਗੀਰ ਸਿੰਘ ਕਾਮਰੇਡ, ਅਮਰੀਕ ਸਿੰਘ, ਗੁਰਪ੍ਰੀਤ ਸਿੰਘ ਪਿੰਡ ਵਾਸੀ ਹਾਜ਼ਰ ਸਨ।



# ਸੋਸ਼ਲ ਮੀਡੀਆ 'ਤੇ ਅਸ਼ਲੀਲਤਾ ਫੈਲਾਉਣ ਵਾਲਿਆਂ 'ਤੇ ਸਖ਼ਤੀ ਸ਼ਲਾਘਾਯੋਗ : ਸੰਜੀਵਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਦੇ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਕਿ ਸੋਸ਼ਲ ਮੀਡੀਆ 'ਤੇ ਅਸ਼ਲੀਲ ਸਮੱਗਰੀ ਪਾਉਣ ਜਾਂ ਲੱਚਰਤਾ ਫੈਲਾਉਂਣ ਵਾਲਿਆਂ ਖਿਲਾਫ਼ ਸਰਕਾਰ ਵੱਲੋਂ ਕੇਸ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਦੀ, ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਨੇ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਵਿਚ ਕੋਈ ਸ਼ੱਕ ਨਹੀਂ ਹੈ ਕਿ ਸੋਸ਼ਲ ਮੀਡੀਆਂ 'ਤੇ ਅਸ਼ਲੀਲਤਾ ਅਤੇ ਲੱਚਰਤਾ ਫੈਲਾਉਂਣ ਵਾਲੇ ਅਨਸਰ ਸਾਡੀਆਂ ਨੌਜਵਾਨੀ ਅਤੇ ਆਉਂਣ ਵਾਲੀਆਂ ਨਸਲਾਂ ਨੂੰ ਤਬਾਹ ਅਤੇ ਗੁੰਰਾਹ ਕਰ ਰਹੇ ਹਨ ਪਰ ਅਸ਼ਲੀਲਤਾ, ਲਚੱਰਤਾ, ਨਸ਼ਿਆਂ ਅਤੇ ਹਥਿਆਰਾਂ ਦੇ ਪ੍ਰਚਾਰ ਕਰ ਰਹੀ ਗੀਤਕਾਰੀ ਅਤੇ ਗਾਇਕੀ ਨੂੰ ਠੱਲ੍ਹ ਪਾਉਣ ਲਈ ਪੰਜਾਬ ਸਰਕਾਰ ਅਤੇ ਸਾਰੀਆਂ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਧਿਰਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।ਕਿਉਂਕਿ ਇਸ ਕਿਸਮ ਦੀ ਗਾਇਕੀ ਅਤੇ ਗੀਤਕਾਰੀ ਵੀ ਸਮਾਜ ਵਿਚ ਨਸ਼ਿਆਂ, ਅਪਾਰਧਿਕ ਮਾਮਲਿਆਂ ਅਤੇ ਔਰਤਾਂ ਪ੍ਰਤੀ ਅਪਰਾਧਾਂ ਨੂੰ ਵਧਾਉਂਣ ਵਿਚ ਸਹਾਈ ਹੋ ਰਹੀ ਹੈ।ਉਨ੍ਹਾਂ ਅੱਗੇ ਕਿਹਾ ਜ਼ਿਕਰਯੋਗ ਹੈ ਕਿ ਇਪਟਾ, ਪੰਜਾਬ ਪਿੱਛਲੇ ਤਿੰਨ ਦਹਾਕਿਆਂ ਤੋਂ ਸਭਿਆਚਾਰਕ ਪ੍ਰਦੂਸ਼ਣ ਖਿਲਾਫ਼ ਅਵਾਜ਼ ਬੁਲੰਦ ਕਰਦੀ ਆ ਰਹੀ ਹੈ ਅਤੇ ਸਾਰੀਆਂ ਰਾਜ ਕਰ ਚੁੱਕੀਆਂ ਰਾਜਨੀਤਿਕ ਪਾਰਟੀਆਂ ਅਤੇ ਹੁਣ ਹਕੂਮਤ ਕਰ ਰਹੀ ਪਾਰਟੀ ਨੂੰ ਦਰਜਨਾਂ ਵਾਰ ਲਿਖਤੀ ਬੇਨਤੀਆਂ ਕਰ ਚੁੱਕੀ ਹੈ ਪਰ ਕੋਈ ਵੀ ਟੱਸ ਤੋਂ ਮੱਸ ਨਹੀਂ ਹੋ ਰਿਹਾ।

# ਸੋਨੀਆ ਮਾਨ ਨੇ ਸਰਕਾਰੀ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਦਾ ਕੀਤਾ ਦੌਰਾ

**ਗੁਰਦਾਸਪੁਰ (ਜਨਕ ਮਹਾਜਨ)**- ਨਸ਼ਾ ਮੁਕਤੀ ਮੋਰਚਾ ਮਾਝਾ ਦੇ ਕੋਆਰਡੀਨੇਟਰ ਸੋਨੀਆਂ ਮਾਨ ਵੱਲੋਂ ਗੁਰਦਾਸਪੁਰ ਸਥਿਤ ਸਰਕਾਰੀ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਦਾ ਦੌਰਾ ਕੀਤਾ ਗਿਆ।ਇਸ ਮੌਕੇ



ਉਨ੍ਹਾਂ ਨਾਲ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਮਾਰਕਿਟ ਕਮੇਟੀ ਸ੍ਰੀ ਹਰਗੋਬਿੰਦਪੁਰ ਦੇ ਚੇਅਰਮੈਨ ਨਿਸ਼ਾਨ ਸਿੰਘ ਬੋਲੇਵਾਲ, ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰ ਮਨਜੀਤ ਸਿੰਘ ਬਮਰਾਹ, ਅਰਸ਼ਦੀਪ ਸਿੰਘ, ਵੀਨੂ ਕਾਹਲੋਂ, ਅਮਰੀਕ ਸਿੰਘ ਨੰਬਰਦਾਰ, ਪ੍ਰੀਤਪਾਲ ਸਿੰਘ, ਸਤਨਾਮ ਸਿੰਘ, ਕਰਮਜੀਤ ਸਿੰਘ ਤੋਂ ਇਲਾਵਾ ਹੋਰ ਆਗੂ ਵੀ ਮੌਜੂਦ ਸਨ।ਸੋਨੀਆ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਦੇ ਪੰਚਾਇਤ ਵਿਭਾਗ, ਸਿਹਤ ਵਿਭਾਗ, ਪੁਲਸ ਵਿਭਾਗ, ਪਿੰਡ ਵਾਸੀਆਂ, ਪਿੰਡ ਪੱਧਰੀ ਸੁਰੱਖਿਆ ਕਮੇਟੀਆਂ, ਯੂਥ ਕਲੱਬਾਂ ਤੇ ਵੱਡੀ ਗਿਣਤੀ ਵਿੱਚ ਲੋਕਾਂ ਦੇ ਸਹਿਯੋਗ ਨਾਲ ਦੇ ਸਾਰਥਿਕ ਸਿੱਟੇ ਨਿਕਲਣੇ ਸ਼ੁਰੂ ਹੋ ਗਏ ਹਨ ਅਤੇ ਜਲਦ ਹੀ ਪੰਜਾਬ ਦੀ ਜਵਾਨੀ ਨੂੰ ਨਸ਼ੇ ਵਰਗੀ ਨਾਮੁਰਾਦ ਬਿਮਾਰੀ ਦੇ ਚੁੰਗਲ ਵਿੱਚੋਂ ਕੱਢ ਕੇ ਆਮ ਜੀਵਨ ਧਾਰਾ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਸਭ ਤੋਂ ਵੱਡੀ ਲੋੜ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਈਏ ਅਤੇ ਗੁਰਬਾਣੀ ਨਾਲ ਜੋੜੀਏ ਤਾਂ ਜੋ ਉਹ ਜ਼ਿੰਦਗੀ ਵਿੱਚ ਸਿੱਧੇ ਰਾਹ ਚੱਲ ਸਕਣ।ਉਨ੍ਹਾਂ ਕਿਹਾ ਕਿ ਜੋ ਲੋਕ ਨਸ਼ੇ ਛੱਡਣ ਦੇ ਚਾਹਵਾਨ ਹਨ, ਉਹ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਜਾਂ ਮਾਨਤਾ ਪ੍ਰਾਪਤ ਕੇਂਦਰਾਂ ਤੋਂ ਹੀ ਆਪਣਾ ਇਲਾਜ ਕਰਵਾਉਣ।



# ਸਰਬਹਿਤਕਾਰੀ ਸਕੂਲ 'ਚ ਵੱਖ-ਵੱਖ ਯੋਗਾ ਆਸਣਾਂ ਦਾ ਕੀਤਾ ਅਭਿਆਸ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਦੀਨਾਨਗਰ ਤੇ ਸਰਬਹਿੱਤਕਾਰੀ ਸਕੂਲ ਵਿੱਚ ਵੀ ਯੋਗਾ ਦਿਵਸ ਮਨਾਇਆ ਗਿਆ। ਇਸ ਯੋਗਾ ਦਿਵਸ ਮੌਕੇ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਆਗੂ ਵਿਨੈ ਚੌਧਰੀ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਜੋਗਾ ਨਾ ਸਿਰਫ ਸਰੀਰ ਨੂੰ ਸਿਹਤਮੰਦ ਰੱਖਣ ਦਾ ਸਾਧਨ ਹੈ ਸਗੋਂ ਮਾਨਸਿਕ ਸੰਤੁਲਨ ਅਤੇ ਮਾਨਸਿਕ ਸ਼ਾਂਤੀ ਦਾ ਮਾਰਗ ਵੀ ਹੈ। ਇਸ ਮੌਕੇ ਨੌਜਵਾਨਾਂ, ਔਰਤਾਂ ਅਤੇ ਬਜ਼ੁਰਗ ਨਾਗਰਿਕਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਇਸ ਤਰ੍ਹਾਂ ਯੋਗ ਦਿਵਸ ਮੌਕੇ ਦੀਨਾਨਗਰ ਵਿੱਚ ਸਿਹਤ ਅਤੇ ਜਾਗਰੂਕਤਾ ਦਾ ਇੱਕ ਵਿਲੱਖਣ ਸੰਗਮ ਦੇਖਣ ਨੂੰ ਮਿਲਿਆ। ਇਸ ਮੌਕੇ ਅਜੇ ਧਮਨ, ਸਾਬਕਾ ਨਗਰ ਕੌਂਸਲ ਪ੍ਰਧਾਨ ਰਾਕੇਸ਼ ਮਹਾਜਨ, ਰਾਜੇਸ਼ ਸ਼ਰਮਾ, ਰਕੇਸ਼ ਮਹਾਜਨ ਮੰਡਲ ਪ੍ਰਧਾਨ ਅਤੇ ਅੰਕੁਰ ਨਾਯਰ ਆਦਿ ਹਾਜ਼ਰ ਸਨ।

# ਲੁਧਿਆਣੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਵਿਕਾਸ ਕੰਮਾਂ 'ਤੇ ਮੋਹਰ ਲਾਈ : ਧਾਲੀਵਾਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪੰਜਾਬ ਵਿੱਚ ਹੋਈ ਲੁਧਿਆਣਾ ਦੀ ਜ਼ਿਮਨੀ ਚੋਣ ਦੇ ਨਤੀਜਿਆਂ ਨੇ ਦੱਸ ਦਿੱਤਾ ਹੈ ਕਿ ਪੰਜਾਬ ਦੇ ਲੋਕ ਪੰਜਾਬ ਦੀ ਖੁਸ਼ਹਾਲੀ ਅਮਨ ਸ਼ਾਂਤੀ ਅਤੇ ਵਿਕਾਸ ਦੇ ਮਸੀਹਾ ਪਾਰਟੀ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਖੜੇ ਹਨ ਅਤੇ ਉਥੋਂ ਦੇ ਉਮੀਦਵਾਰ ਸੰਜੀਵ ਅਰੋੜਾ ਨੂੰ ਭਾਰੀ ਵੋਟਾਂ ਦੇ ਫਰਕ ਨਾਲ ਜਿਤਾ ਕੇ ਆਮ ਆਦਮੀ ਪਾਰਟੀ ਦਾ ਹੋਰ ਮਨੋਬਲ ਉਚਾ ਕੀਤਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਕੁਲਦੀਪ ਸਿੰਘ ਧਾਰੀਵਾਲ ਨੇ ਅਜਨਾਲਾ ਸ਼ਹਿਰ ਦੇ ਮੇਨ ਚੌਂਕ ਵਿੱਚ ਪਹੁੰਚ ਕੇ ਖੁਸ਼ੀ ਦੇ ਜਸ਼ਨ ਮਨਾਏ ਅਤੇ ਲੁਧਿਆਣੇ ਦੀ ਜਨਤਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਜਿਸ ਤਰ੍ਹਾਂ ਉਨ੍ਹਾਂ ਨੇ ਵਿਸ਼ਵਾਸ ਕਰਕੇ ਆਮ ਆਦਮੀ ਪਾਰਟੀ ਦੇ ਕੰਮਾਂ 'ਤੇ ਮੋਹਰ ਲਾਈ ਹੈ ਅਤੇ ਆਮ ਆਦਮੀ ਪਾਰਟੀ ਦੇ ਐੱਮਐੱਲਏ ਸੰਜੀਵ ਅਰੋੜਾ ਅਤੇ ਪੰਜਾਬ ਸਰਕਾਰ ਉਨਾਂ ਦੇ ਨਾਲ ਹਰ ਸੁੱਖ ਦੁੱਖ ਵਿੱਚ ਖੜੀ ਹੈ।ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਆਮ ਆਦਮੀ ਪਾਰਟੀ ਸ਼ਹਿਰੀ ਪ੍ਰਧਾਨ ਅਮਿਤ ਕੁਮਾਰ ਔਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਅਮਿਤ ਪੁਰੀ, ਰਮੇਸ਼ ਕੁਮਾਰ ਮਹਾਜਨ, ਸ਼ਮਸ਼ੇਰ ਸਿੰਘ ਸ਼ੇਰਾ, ਸੁਖਦਿਆਲ ਸਿੰਘ, ਕੌਂਸਲਰ ਅਵਿਨਾਸ਼ ਮਸੀਹ, ਕੌਂਸਲਰ ਨੰਦ ਲਾਲ ਬਾਊ, ਸ਼ਿਵ ਚਾਹਲ, ਯੁੱਧਵੀਰ ਸਿੰਘ, ਮੈਡਮ ਗੀਤਾ ਗਿੱਲ ਜ਼ਿਲਾ ਸੈਕਟਰੀ, ਗੁਰਦੀਪ ਕੌਰ, ਦਿਲਬਾਗ ਸਿੰਘ ਘੁੱਲੀ, ਅਜੇ ਸ਼ਰਮਾ, ਹਰਪ੍ਰੀਤ ਸੋਹਲ, ਰਾਜਬੀਰ ਸਿੰਘ ਰਾਜੂ ਆਦਿ ਹਾਜ਼ਰ ਸਨ।



# ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟਸ ਧਾਰੀਵਾਲ ਵਿਖੇ ਵਿਸ਼ਵ ਯੋਗ ਦਿਵਸ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਇੰਸਟੀਚਿਊਟਸ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਸ਼ਵ ਯੋਗ ਦਿਵਸ ਮਨਾਇਆ ਗਿਆ। ਇੰਸਟੀਚਿਊਟਸ ਦੇ ਅਸਿਸਟੈਂਟ ਪ੍ਰੋਫੈਸਰ ਗਗਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਐੱਡ, ਡੀ.ਐੱਲ.ਐੱਡ (ਈ.ਟੀ.ਟੀ) ਦੇ ਵਿਦਿਆਰਥੀ ਅਤੇ ਸਮੂਹ ਸਟਾਫ ਨੇ ਯੋਗ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਯੋਗ ਦੇ ਵੱਖ-ਵੱਖ ਅਭਿਆਸ ਕੀਤੇ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਆਪਣੇ ਭਾਸ਼ਣ ਰਾਹੀਂ ਸਰੀਰ ਨੂੰ ਤੰਦਰੁਸਤ ਅਤੇ ਸਿਹਤਮੰਦ ਰੱਖਣ ਲਈ ਯੋਗ ਦੀ ਮਹੱਤਤਾ ਨੂੰ ਦਰਸਾਇਆ ਗਿਆ। ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਰੋਜ਼ਾਨਾ ਯੋਗਾ ਕਰਨ ਲਈ ਪ੍ਰੇਰਿਤ ਕਰਦੇ ਹੋਏ ਦੱਸਿਆ ਕਿ ਯੋਗਾ ਕਰਨ ਨਾਲ ਸਾਡੇ ਸਰੀਰ ਨੂੰ ਤੰਦਰੁਸਤੀ ਮਿਲਦੀ ਹੈ। ਰੋਜ਼ਾਨਾ ਯੋਗ ਕਰਨ ਨਾਲ ਅਸੀਂ



ਮਾਨਸਿਕ ਅਤੇ ਸਰੀਰਕ ਤੌਰ ਤੇ ਤੰਦਰੁਸਤ ਰਹਿੰਦੇ ਹਾਂ। ਇਸ ਲਈ ਯੋਗ ਸਾਧਨਾ ਨੂੰ ਆਪਣੀ ਜ਼ਿੰਦਗੀ ਦੀਆਂ ਰੋਜ਼ਾਨਾ ਕਿਰਿਆਵਾਂ ਵਿੱਚ ਸ਼ਾਮਿਲ ਕਰਨਾ ਬਹੁਤ ਜ਼ਰੂਰੀ ਹੈ।

# ਐੱਸ ਡੀ ਐੱਮ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਐੱਸ.ਡੀ.ਐੱਮ ਜਸ਼ਨਜੀਤ ਸਿੰਘ ਵਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਜਿਸ 'ਚ ਉਨ੍ਹਾਂ ਨੇ ਸਮੂਹ ਕਾਨੂੰਗੋ ਨੂੰ ਹਦਾਇਤ ਕੀਤੀ ਕਿ ਆਮ ਜਨਤਾ ਵਲੋਂ ਕਰਵਾਈਆਂ ਰਜਿਸਟਰੀਆਂ ਦੇ ਇੰਤਕਾਲਾਂ ਦਾ 30 ਦਿਨਾਂ ਦੇ ਅੰਦਰ ਅੰਦਰ ਨਿਪਟਾਰਾ ਕੀਤਾ ਜਾਵੇ। ਇਸ ਤੋਂ ਇਲਾਵਾ ਤਹਿਸੀਲਦਾਰ/ਨਾਇਬ ਤਹਿਸੀਲਦਾਰ ਨੂੰ ਜਮੀਨਾਂ ਸਬੰਧੀ ਚੱਲਦੇ ਕੇਸਾਂ ਦਾ ਨਿਪਟਾਰਾ ਵੀ ਜਲਦ ਕਰਨ ਦੀ ਹਦਾਇਤ ਕੀਤੀ ਗਈ।ਉਨ੍ਹਾਂ ਦੱਸਿਆ ਕਿ ਸਰਕਾਰ ਵਲੋ 1 ਜੁਲਾਈ ਨੂੰ ਈਜੀ ਰਜਿਸਟਰੀ ਪ੍ਰੋਜੈਕਟ ਸਾਰੇ ਪੰਜਾਬ 'ਚ ਲਾਗੂ ਕੀਤਾ ਜਾਣਾ ਹੈ, ਜਿਸ ਦੀਆਂ ਤਿਆਰੀਆਂ ਦਾ ਵੀ ਜਾਇਜਾ ਲਿਆ ਗਿਆ। ਜਿਸ ਨਾਲ ਉਹ ਕਪੂਰਥਲੇ ਜਿਲ੍ਹੇ ਦੇ ਅੰਦਰ ਕਿਸੇ ਵੀ ਤਹਿਸੀਲ ਤੋਂ ਦੂਸਰੀ ਤਹਿਸੀਲ ਦੀ ਰਜਿਸਟਰੀ ਕਰਵਾ ਸਕੇਗਾ। ਮੀਟਿੰਗ 'ਚ ਜਸਵਿੰਦਰ ਸਿੰਘ ਤਹਿਸੀਲਦਾਰ, ਗੁਰਚਰਨ ਸਿੰਘ ਨਾਇਬ ਤਹਿਸੀਲਦਾਰ, ਸਤਿੰਦਰ ਸਿੰਘ ਏ.ਐੱਸ.ਐੱਮ. , ਪਰਮਜੀਤ ਰਾਮ ਕਾਨੂੰਗੋ, ਪਰਮਜੀਤ ਸਿੰਘ ਕਾਨੂੰਗੋ ਰਾਣੀਪੁਰ, ਕਰਮ ਸਿੰਘ ਕਾਨੂੰਗੋ ਰਿਹਾਣਾ ਜੱਟਾਂ ਆਦਿ ਹਾਜ਼ਰ ਸਨ।

# ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਬਲੀਦਾਨ ਦਿਵਸ 'ਤੇ ਸ਼ਰਧਾ ਦੇ ਫੁੱਲ ਭੇਟ

**ਬਟਾਲਾ (ਤਰਲੋਕ ਬੱਗਾ)**- ਜ਼ਿਲ੍ਹਾ ਭਾਜਪਾ ਪ੍ਰਧਾਨ ਹੀਰਾ ਵਾਲੀਆ ਦੀ ਪ੍ਰਧਾਨਗੀ ਹੇਠ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਦਾ ਬਲੀਦਾਨ ਦਿਵਸ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ।ਇਸ ਮੌਕੇ ਪੰਜਾਬ ਮਹਿਲਾ ਮੋਰਚਾ ਦੇ ਜਨਰਲ ਸੈਕਟਰੀ ਅੰਬਿਕਾ ਖੰਨਾ ਵੀ ਪਹੁੰਚੇ ਇਸ ਮੌਕੇ ਤੇ ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ ਜ਼ਿਲਾ ਵਾਈਸ ਪ੍ਰਧਾਨ ਸ਼ਕਤੀ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਦੇ ਬਲੀਦਾਨ ਦਿਵਸ ਤੇ ਜ਼ਿਲ੍ਹਾ ਟੀਮ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਭਾਵੇਂ ਸਾਡੇ ਵਿਚ ਸਰੀਰਕ ਤੌਰ ਤੇ ਮੌਜੂਦ ਨਹੀਂ ਹਨ ਪਰ ਉਨ੍ਹਾਂ ਦੇ ਦਿੱਤੇ ਗਏ ਵਿਚਾਰ ਸਾਨੂੰ ਅੱਜ ਵੀ ਰਾਸ਼ਟਰੀ ਹਿਤ ਅਤੇ ਦੇਸ਼ ਸੇਵਾ ਦੀ ਸਿੱਖਿਆ ਦਿੰਦੇ ਹਨ।ਉਨ੍ਹਾਂ ਕਿਹਾ ਕਿ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਵੱਲੋਂ 23 ਜੂਨ 1953 ਨੂੰ ਸ਼੍ਰੀਨਗਰ ਦੀ ਜੇਲ ਵਿਚ ਅੰਤਿਮ ਸਾਹ ਲਿਆ ਸੀ। ਰੋਸ਼ਨ ਲਾਲ, ਸ਼ਕਤੀ ਸ਼ਰਮਾ ਨੇ ਕਿਹਾ ਕਿ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਨੇ ਇਕ ਵਿਚਾਰਧਾਰਾ ਲਈ ਆਪਣਾ ਪੂਰਾ ਜੀਵਨ ਲਗਾ ਦਿੱਤਾ।ਉਨ੍ਹਾਂ ਕਿਹਾ ਕਿ ਰਾਸ਼ਟਰੀ ਦੀ ਏਕਤਾ ਅਖੰਡਤਾ ਲਈ ਇਕ ਵਿਧਾਨ ਇਕ ਨਿਸ਼ਾਨ ਤੇ ਇਕ ਪ੍ਰਧਾਨ ਦਾ ਸਿੱਧਾਂਤ ਦੀ ਪ੍ਰੇਰਨਾ ਦੇਣ ਵਾਲੇ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਸਾਡੇ ਸਭ ਲਈ ਪ੍ਰੇਰਨਾ ਸਰੋਤ ਹੈ।ਇਸ ਮੌਕ ਵੱਖ ਵੱਖ ਬੁਲਾਰਿਆਂ ਵਿੱਚੋਂ ਓਮ ਪ੍ਰਕਾਸ਼, ਪੰਕਜ ਸ਼ਰਮਾ, ਬਲਵਿੰਦਰ ਕੁਮਾਰ ਨੇ ਮਹਿਤਾ ਦੱਸਿਆ ਕਿ ਸ਼ਿਆਮਾ ਪ੍ਰਸਾਦ ਮੁਖਰਜੀ ਨੇ ਅਪਣਾ ਸਾਰਾ ਜੀਵਨ ਵਿਚਾਰਧਾਰਾ ਲਈ ਪੂਰਾ ਜੀਵਨ ਲਗਾ ਦਿੱਤਾ। ਇਸ ਮੌਕੇ ਸੰਦੀਪ ਅਜ਼ਾਦ, ਦੀਪਕ ਜੋਸ਼ੀ, ਵੇਦ ਪ੍ਰਕਾਸ਼, ਸੂਰਜ ਪ੍ਰਕਾਸ਼, ਅੰਮ੍ਰਿਤਪਾਲ ਸਿੰਘ, ਸੰਮੀ ਭੱਟੀ, ਅਨਿਲ ਭੱਟੀ, ਜਸਪਾਲ ਸਿੰਘ, ਰਾਜੂ ਗੌਂਸਪੁਰੀਆ, ਸੁਰਿੰਦਰ ਸਿੰਘ, ਵਿਜੇ ਕੁਮਾਰ, ਰਾਜੂ ਕਮਲ, ਅਮਿਤ ਸੋਢੀ, ਅੰਕੁਰ ਅਗਰਵਾਲ, ਵਰੁਣ ਡਡਵਾਲ, ਪਲਵਿੰਦਰ ਸਿੰਘ ਚੀਮਾ ਮੰਡਲ ਪ੍ਰਧਾਨ ਅਤੇ ਅਮਨਪ੍ਰੀਤ ਸਿੰਘ ਆਦਿ ਮੌਜੂਦ ਸਨ।



# ਰਿੱਪਲ ਟੀ ਵੀ ਸੈਂਟਰ ਸ਼ੋਅਰੂਮ ਨੇ ਠੰਡੇ-ਮਿੱਠੇ ਜਲ ਦੀ ਛਬੀਲ ਤੇ ਲੰਗਰ ਭੰਡਾਰਾ ਲਗਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਤੋ ਬਟਾਲਾ ਰੋਡ ਐੱਚ ਡੀ ਐੱਫ ਸੀ ਬੈਂਕ ਨੇੜੇ ਕਸਬੇ ਦੇ ਨਾਮਵਰ ਕਾਰੋਬਾਰੀ ਰਿੰਪਲ ਟੀ ਵੀ ਸੈਂਟਰ ਸ਼ੋਅਰੂਮ ਦੇ ਮਾਲਕ ਗਿਆਨੀ ਮਹਿੰਦਰ ਸਿੰਘ ਦੇ ਪਰਿਵਾਰ ਵੱਲੋਂ ਹਰ



ਸਾਲ ਦੀ ਤਰ੍ਹਾਂ ਸੰਗਤਾਂ ਲਈ ਠੰਡੇ-ਮਿੱਠੇ ਜਲ ਦੀ ਛਬੀਲ ਅਤੇ ਲੰਗਰ ਲਗਾਇਆ ਗਿਆ ।ਇਸ ਮੌਕੇ ਕਸਬੇ ਦੇ ਬਜ਼ਾਰ ਜੌੜੀਆਂ ਵਾਲਾ ਸਥਿਤ ਬਾਬਾ ਸ਼੍ਰੀ ਚੰਦ ਆਸ਼ਰਮ ਦੇ ਮਹੰਤ ਬਾਬਾ ਚੇਤਨ ਦਾਸ ਵੱਲੋਂ ਰਿੱਪਲ ਟੀ ਵੀ ਸ਼ੋਅਰੂਮ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਲੰਗਰ ਭੰਡਾਰਾ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਦੀ ਸ਼ੁਰੂਆਤ ਕੀਤੀ ਗਈ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸ਼ੋਅਰੂਮ ਦੇ ਮਾਲਕ ਗਿਆਨੀ ਮਹਿੰਦਰ ਸਿੰਘ ਤੇ ਉਨ੍ਹਾਂ ਦੇ ਸਪੁੱਤਰ ਸੁਰਿੰਦਰ ਸਿੰਘ ਰਿੰਪਲ ਨੇ ਸਾਂਝੇ ਤੌਰ ਤੇ ਦੱਸਿਆਂ ਕਿ 21 ਜੂਨ 1998 ਨੂੰ ਸਾਡੇ ਪਰਿਵਾਰ ਵੱਲੋਂ ਰਿੰਪਲ ਟੀ ਵੀ ਸੈਂਟਰ ਸ਼ੋਅਰੂਮ ਦੀ ਸ਼ੁਰੂਆਤ ਕੀਤੀ ਗਈ ਸੀ ਅਤੇ ਸਾਡੇ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਆਪਣੇ ਵੱਡ-ਵਡੇਰਿਆਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਲਗਾਇਆ ਹੈ। ਉਨ੍ਹਾਂ ਕਿਹਾ ਕਿ ਲੰਗਰ ਤੇ ਛਬੀਲ ਦੀ ਸੇਵਾ ਸਾਡੇ ਪਰਿਵਾਰ ਵੱਲੋਂ ਹਰ ਸਾਲ ਅੱਗੋਂ ਵੀ ਇਸੇ ਤਰ੍ਹਾਂ ਨਿਰੰਤਰ ਚੱਲਦੀ ਰਹੇਗੀ।ਇਸ ਮੌਕੇ ਮਨਕੀਰਤ ਸਿੰਘ, ਰਵਕੀਰਤ ਸਿੰਘ, ਬੀਬੀ ਬਲਜੀਤ ਕੌਰ, ਬੀਬੀ ਮਨਜੀਤ ਕੌਰ, ਜੋਗਿੰਦਰ ਸਿੰਘ ਪਾਂਡੀ, ਪ੍ਰਭਜੋਤ ਸਿੰਘ ਪਾਂਡੀ, ਗੁਰਪ੍ਰੀਤ ਸਿੰਘ ਅਸਟ੍ਰੇਲੀਆ, ਮਨਦੀਪ ਕੌਰ ਅਸਟ੍ਰੇਲੀਆ, ਨਿਮਰਤ ਕੌਰ, ਗੁਨੀਤ ਕੌਰ, ਕਬੀਰ ਸਿੰਘ, ਸਤਬੀਰ ਸਿੰਘ ਬਿੱਟੂ, ਡਾਕਟਰ ਮਦਨ ਮੋਹਨ ਮਹਾਜਨ, ਗੁਰਜੀਤ ਸਿੰਘ, ਰਵਿੰਦਰ ਸਿੰਘ ਹੈਪੀ, ਸੋਨੂੰ ਬੇਦੀ, ਰਮਨਦੀਪ ਸਿੰਘ ਬੇਦੀ, ਸੋਨੂੰ ਪਾਡੀ, ਸੋਨੀਆ ਕੁਮਾਰੀ, ਹਰਪ੍ਰੀਤ ਸਿੰਘ ਹਨੀ, ਬਲਜੀਤ ਸਿੰਘ, ਅਜੇ ਮਸੀਹ, ਰੋਹਿਤ ਸ਼ਰਮਾ, ਚੇਤਨ ਹਾਂਡਾ, ਯਕੂਬ ਮਸੀਹ, ਪ੍ਰਵੀਨ ਕੌਰ, ਮਾਸਟਰ ਦਵਿੰਦਰ ਕੁਮਾਰ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

# ਅੰਮ੍ਰਿਤਸਰ ਦੱਖਣੀ ਹਲਕੇ 'ਚ ਡਿਜੀਟਲ ਵਾਰੀਅਰਜ਼ ਟੀਮ ਦਾ ਸ਼ਾਨਦਾਰ ਆਗਾਜ਼



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਅੱਜ ਅੰਮ੍ਰਿਤਸਰ ਸਾਊਥ ਵਿਧਾਨ ਸਭਾ ਹਲਕੇ ਵਿੱਚ ਡਿਜੀਟਲ ਵਾਰੀਅਰਜ਼ ਨਾਮਕ ਸੋਸ਼ਲ ਮੀਡੀਆ ਟੀਮ ਦੀ ਰਚਨਾ ਕੀਤੀ ਗਈ, ਜਿਸ ਦਾ ਭਰਵਾਂ ਸਮਾਰੋਹ ਇੱਕ ਨਾਮੀ ਹੋਟਲ ਕੋਟ ਮਿਤ ਸਿੰਘ ਵਿਖੇ ਕੀਤਾ ਗਿਆ।ਇਹ ਟੀਮ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ, ਸਰਕਾਰੀ ਨੀਤੀਆਂ ਅਤੇ ਜਨ-ਹਿਤ ਸੰਦੇਸ਼ਾਂ ਨੂੰ ਡਿਜੀਟਲ ਮਾਧਿਅਮ ਰਾਹੀਂ ਲੋਕਾਂ ਤੱਕ ਪਹੁੰਚਾਏਗੀ।ਡਾ. ਇੰਦਰਬੀਰ ਸਿੰਘ ਨਿੱਜਰ (ਐੱਮ.ਐੱਲ.ਏ., ਅੰਮ੍ਰਿਤਸਰ ਸਾਊਥ) ਨੇ ਟੀਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡਿਜੀਟਲ ਵਾਰੀਅਰਜ਼ ਮੇਰੀ ਆਵਾਜ਼ ਬਣ ਕੇ ਹਲਕੇ ਦੇ ਕੋਨੇ-ਕੋਨੇ ਤੱਕ ਸੱਚਾਈ, ਸਮਰਪਣ ਅਤੇ ਵਿਕਾਸਮਈ ਕੰਮਾਂ ਦੀ ਗੂੰਜ ਪਹੁੰਚਾਉਣਗੇ। ਇਹ ਟੀਮ ਨਵੀਂ ਸੋਚ, ਨਵੀਂ ਦਿਸ਼ਾ ਅਤੇ ਨਵੇਂ ਜੋਸ਼ ਨਾਲ ਕੰਮ ਕਰੇਗੀ।ਸਮਾਰੋਹ ਵਿੱਚ ਲਗਭਗ 250 ਵਲੰਟੀਅਰਾਂ ਨੇ ਭਾਗ ਲਿਆ।ਹਰ ਇੱਕ ਮੈਂਬਰ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਪ੍ਰਗਟਾਇਆ ਗਿਆ।

ਨਵਾਂ ਜ਼ਮਾਨਾ
ਮੰਗਲਵਾਰ, 24 ਜੂਨ 2025

# ਅਮਰੀਕੀ ਦਾਦਾਗਿਰੀ

ਈਰਾਨੀ ਪ੍ਰਮਾਣੂ ਟਿਕਾਣਿਆਂ 'ਤੇ ਬੰਬਾਰੀ ਕਰਨ ਤੋਂ ਬਾਅਦ ਅਮਰੀਕੀ ਉਪ ਰਾਸ਼ਟਰਪਤੀ ਜੇ ਡੀ ਵੈਂਸ ਨੇ ਕਿਹਾ ਕਿ ਅਮਰੀਕਾ ਨੇ ਈਰਾਨ 'ਤੇ ਹਮਲਾ ਨਹੀਂ ਕੀਤਾ, ਉਸ ਦੇ ਫੌਜੀ ਟਿਕਾਣਿਆਂ 'ਤੇ ਹਮਲਾ ਨਹੀਂ ਕੀਤਾ, ਉਸ ਦੇ ਸ਼ਹਿਰੀ ਟਿਕਾਣਿਆਂ 'ਤੇ ਹਮਲਾ ਨਹੀਂ ਕੀਤਾ, ਸਿਰਫ ਪ੍ਰਮਾਣੂ ਊਰਜਾ ਪਲਾਂਟਾਂ 'ਤੇ ਹਮਲਾ ਕੀਤਾ। ਭਾਰਤ ਸਰਕਾਰ ਨੇ ਵੀ ਪਹਿਲਗਾਮ ਦੀ ਘਟਨਾ ਤੋਂ ਬਾਅਦ ਪਾਕਿਸਤਾਨ ਦੇ ਟਿਕਾਣਿਆਂ ਉੱਤੇ ਹਮਲਾ ਕਰਨ ਦੇ ਬਾਅਦ ਕਿਹਾ ਸੀ ਕਿ ਉਸ ਨੇ ਪਾਕਿਸਤਾਨ 'ਤੇ ਹਮਲਾ ਨਹੀਂ ਕੀਤਾ, ਉਥੇ ਰਹਿ ਰਹੇ ਦਹਿਸ਼ਤਗਰਦਾਂ ਦੇ ਟਿਕਾਣਿਆਂ ਨੂੰ ਹੀ ਨਿਸ਼ਾਨਾ ਬਣਾਇਆ, ਪਰ ਪਾਕਿਸਤਾਨ ਨੇ ਭਾਰਤ ਦੇ ਬਿਆਨ ਨੂੰ ਅਸਵੀਕਾਰ ਕਰਕੇ ਜਵਾਬੀ ਹਮਲੇ ਕੀਤੇ, ਜਦਕਿ ਈਰਾਨ ਨੇ ਅਮਰੀਕਾ ਨੂੰ ਉਸ ਦੇ ਹਮਲੇ ਦੇ ਜਵਾਬ ਦੀ ਉਡੀਕ ਕਰਨ ਲਈ ਕਿਹਾ ਹੈ।

ਅਮਰੀਕੀ ਹਮਲਿਆਂ ਤੋਂ ਬਾਅਦ ਕਈ ਪੱਛਮੀ ਦੇਸ਼ਾਂ ਨੇ ਈਰਾਨ ਨੂੰ ਕਿਹਾ ਹੈ ਕਿ ਹੁਣ ਉਸ ਨੂੰ ਅਮਨ ਲਈ ਤਿਆਰ ਹੋ ਜਾਣਾ ਚਾਹੀਦਾ ਹੈ। ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਈਰਾਨੀ ਰਾਸ਼ਟਰਪਤੀ ਨਾਲ ਫੋਨ 'ਤੇ ਗੱਲਬਾਤ ਦੌਰਾਨ ਮਸਲੇ ਦਾ ਹੱਲ ਸੰਵਾਦ ਨਾਲ ਕਰਨ ਲਈ ਪ੍ਰੇਰਿਆ ਹੈ। ਦਿਲਚਸਪ ਗੱਲ ਹੈ ਕਿ ਸਭ ਹਮਲੇ ਦਾ ਸ਼ਿਕਾਰ ਈਰਾਨ ਨੂੰ ਗੱਲਬਾਤ ਲਈ ਕਹਿ ਰਹੇ ਹਨ, ਅਮਰੀਕਾ ਤੇ ਇਜ਼ਰਾਈਲ ਨੂੰ ਕੋਈ ਸਲਾਹ ਨਹੀਂ ਦੇ ਰਿਹਾ। ਇਹ ਸਵਾਲ ਕੋਈ ਨਹੀਂ ਕਰ ਰਿਹਾ ਕਿ ਇਜ਼ਰਾਈਲ ਨੂੰ ਪ੍ਰਮਾਣੂ ਬੰਬ ਰੱਖਣ ਦਾ ਹੱਕ ਕਿਉਂ ਹੋਣਾ ਚਾਹੀਦਾ ਹੈ ਅਤੇ ਈਰਾਨ ਨੂੰ ਨਹੀਂ। ਆਖਰ ਪਿਛਲੇ 40 ਸਾਲ ਵਿੱਚ ਇਜ਼ਰਾਈਲ ਨੇ ਜਿੰਨੀਆਂ ਲੜਾਈਆਂ ਕੀਤੀਆਂ ਹਨ, ਈਰਾਨ ਨੇ ਨਹੀਂ। ਫਿਰ ਵੱਡਾ ਖਤਰਾ ਕੌਣ ਹੈ? ਇਸ ਵੱਡੇ ਖਤਰੇ ਇਜ਼ਰਾਈਲ ਨੂੰ ਕਿਉਂ ਨਹੀਂ ਬੇਹਥਿਆਰ ਕੀਤਾ ਜਾਣਾ ਚਾਹੀਦਾ? ਅਫਸੋਸ ਦੀ ਗੱਲ ਹੈ ਕਿ ਭਾਰਤ ਵਰਗੇ ਦੇਸ਼ ਵੀ ਇਹ ਸਵਾਲ ਨਹੀਂ ਕਰ ਪਾ ਰਹੇ। ਅਮਰੀਕਾ ਨੂੰ ਇਕਤਰਫਾ ਤੌਰ 'ਤੇ ਤੈਅ ਕਰਨ ਦਾ ਅਧਿਕਾਰ ਦੇ ਦਿੱਤਾ ਗਿਆ ਹੈ ਕਿ ਕਿਹੜੇ ਦੇਸ਼ 'ਤੇ ਕੌਣ ਹਮਲੇ ਕਰੇਗਾ। ਕੌਣ ਪ੍ਰਮਾਣੂ ਊਰਜਾ ਵਿਕਸਤ ਕਰ ਸਕਦਾ ਹੈ ਤੇ ਕੌਣ ਨਹੀਂ? ਕੀ ਹੁਣ ਇਹ ਤੈਅ ਹੋ ਗਿਆ ਹੈ ਕਿ ਜਿਸ ਕੋਲ ਜ਼ਿਆਦਾ ਬੰਬ ਹੋਣਗੇ, ਉਹ ਦੁਨੀਆ 'ਤੇ ਰਾਜ ਕਰੇਗਾ? ਕੀ ਰਾਸ਼ਟਰਾਂ ਦੀ ਪ੍ਰਭੂਸੱਤਾ ਦੇ ਸਿਧਾਂਤ ਨੂੰ ਤਿਲਾਂਜਲੀ ਦੇ ਦਿੱਤੀ ਗਈ ਹੈ?

# ਚਾਰ ਲੇਬਰ ਕੋਡ : ਕਿਰਤ ਕਾਨੂੰਨਾਂ 'ਤੇ ਨਵ-ਉਦਾਰਵਾਦੀ ਹਮਲਾ

**ਲਾਭ ਸਿੰਘ ਅਕਲੀਆ**

ਮੋਦੀ ਸਰਕਾਰ ਵੱਲੋਂ ਕਾਰਪੋਰੇਟ ਪੂੰਜੀ ਦੇ ਹਿੱਤ ਵਿਚ ਨਵ-ਉਦਾਰਵਾਦੀ ਨੀਤੀਆਂ ਨੂੰ ਪ੍ਰਵਾਨ ਚੜ੍ਹਾਉਣ ਲਈ ਮਜ਼ਦੂਰ ਵਰਗ 'ਤੇ ਤਿੱਖੇ ਹਮਲੇ ਕੀਤੇ ਜਾ ਰਹੇ ਹਨ। ਕੇਂਦਰ ਸਰਕਾਰ ਵੱਲੋਂ 44 ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ 'ਚਾਰ ਲੇਬਰ ਕੋਡ' ਵਿਚ ਬਦਲ ਦਿੱਤਾ ਗਿਆ ਹੈ, ਜਿਸ ਨਾਲ ਸੰਗਠਿਤ ਅਤੇ ਅਸੰਗਠਿਤ ਖੇਤਰ ਦੇ ਮਜ਼ਦੂਰਾਂ ਦੇ ਹੱਕ ਕੁਚਲੇ ਜਾਣਗੇ। ਮਜ਼ਦੂਰ ਵਰਗ ਨੇ ਇਹ ਹੱਕ ਲੰਮੇ ਅਤੇ ਕੁਰਬਾਨੀਆਂ ਭਰੇ ਸੰਘਰਸ਼ਾਂ ਰਾਹੀਂ ਪ੍ਰਾਪਤ ਕੀਤੇ ਸਨ। ਜੇ ਦੇਖਿਆ ਜਾਵੇ ਤਾਂ ਕਈ ਦਹਾਕਿਆਂ ਤੋਂ ਹੀ ਕਿਰਤ ਕਾਨੂੰਨਾਂ ਨੂੰ ਬੇਅਸਰ ਕਰਨ ਲਈ ਕੋਸ਼ਿਸ਼ਾਂ ਹੋ ਰਹੀਆਂ ਹਨ।

ਕਿਰਤ ਕਾਨੂੰਨਾਂ ਵਿਚ ਕੀਤੀਆਂ ਗਈਆਂ ਤਬਦੀਲੀਆਂ ਨੂੰ ਸਮਝਣ ਲਈ, ਪਹਿਲਾਂ ਇਸ ਦੇ ਇਤਿਹਾਸਕ ਮਹੱਤਵ ਨੂੰ ਸਮਝਣ ਦੀ ਲੋੜ ਹੈ। ਜਦੋਂ ਦੁਨੀਆ ਵਿਚ ਕਿਰਤ ਕਾਨੂੰਨ ਬਣਾਏ ਜਾ ਰਹੇ ਸੀ, ਤਾਂ ਉਹ ਦੌਰ ਮਜ਼ਦੂਰ ਜਮਾਤ ਦੇ ਤਿੱਖੇ ਅੰਦਲੋਨਾਂ ਅਤੇ ਜਿੱਤਾਂ ਦਾ ਦੌਰ ਸੀ, ਜਿਸ ਨੇ ਪੂੰਜੀਵਾਦੀ ਵਿਵਸਥਾ ਨੂੰ ਹੱਥਾਂ-ਪੈਰਾਂ ਦੀ ਪਾ ਦਿੱਤੀ ਸੀ। 1917 ਵਿਚ ਰੂਸ ਵਿਚ ਮਜ਼ਦੂਰ ਜਮਾਤ ਦੀ ਅਗਵਾਈ ਹੇਠ ਜਮਹੂਰੀ ਕ੍ਰਾਂਤੀ ਦੀ ਜਿੱਤ ਹੋਈ ਅਤੇ ਪਹਿਲੇ ਸਮਾਜਵਾਦ ਦੀ ਸਥਾਪਨਾ ਕੀਤੀ ਗਈ। ਇਹ ਜਿੱਤ ਦੁਨੀਆ ਭਰ ਦੇ ਦੱਬੇ-ਕੁਚਲੇ ਲੋਕਾਂ ਅਤੇ ਮਜ਼ਦੂਰਾਂ ਦੇ ਲਈ ਪ੍ਰੇਰਣਾ ਸ੍ਰੋਤ ਸੀ, ਜਿਸ ਦੀ ਪ੍ਰੇਰਣਾ ਸਦਕਾ ਯੂਰਪ, ਏਸ਼ੀਆ, ਅਫ਼ਰੀਕਾ ਅਤੇ ਲਾਤੀਨੀ ਅਮਰੀਕਾ ਦੇ ਅਨੇਕਾਂ ਦੇਸ਼ਾਂ ਵਿਚ ਕਮਿਊਨਿਸ਼ਟ ਪਾਰਟੀਆਂ ਦਾ ਜਨਮ ਹੋਇਆ ਅਤੇ ਮਜ਼ਦੂਰ ਜਮਾਤ ਦੀ ਅਗਵਾਈ ਹੇਠ ਤਿੱਖੇ ਕ੍ਰਾਂਤੀਕਾਰੀ ਘੋਲਾਂ ਦੀ ਸ਼ੁਰੂਆਤ ਹੋਈ। 1949 ਵਿਚ ਚੀਨ ਵਿਚ ਮਜ਼ਦੂਰਾਂ-ਕਿਸਾਨਾਂ ਦਾ ਰਾਜ ਸਥਾਪਤ ਹੋਇਆ। ਏਨਾ ਹੀ ਨਹੀਂ, ਦੂਜੇ ਵਿਸ਼ਵ ਯੁੱਧ ਤੋਂ ਬਾਅਦ ਦੁਨੀਆਂ ਦੀ ਇੱਕ ਤਿਹਾਈ ਧਰਤੀ 'ਤੇ 'ਲਾਲ ਪਰਚਮ' ਲਹਿਰਾਉਣ ਲੱਗ ਪਿਆ ਸੀ। ਵੱਖ-ਵੱਖ ਦੇਸ਼ਾਂ ਵਿਚ ਮਜ਼ਦੂਰਾਂ, ਕਿਸਾਨਾਂ ਅਤੇ ਦੱਬੇ-ਕੁਚਲੇ ਲੋਕਾਂ ਦੇ ਅੰਦੋਲਨਾਂ ਨੇ ਬੇ-ਮਿਸਾਲ ਗਤੀ ਫੜ ਲਈ ਸੀ। ਸਿੱਟੇ ਵਜੋਂ ਪੂੰਜੀਪਤੀਆਂ ਅਤੇ ਭੂ-ਸਵਾਮੀਆਂ ਨੂੰ ਕ੍ਰਾਂਤੀ ਦੇ ਭੈਅ ਕਾਰਨ ਮਜ਼ਦੂਰਾਂ-ਕਿਸਾਨਾਂ ਅਤੇ ਹੋਰਨਾਂ ਵਰਗਾ ਨੂੰ 'ਕਾਨੂੰਨੀ ਅਧਿਕਾਰ' ਦੇਣ ਲਈ ਅਤੇ 'ਪੂੰਜੀਵਾਦੀ ਵਿਵਸਥਾ' ਨੂੰ ਬਚਾਉਣ ਲਈ 'ਕਲਿਆਣਕਾਰੀ ਨੀਤੀਆਂ' ਦਾ ਚੋਲ਼ਾ ਪਹਿਨਣ ਲਈ ਮਜਬੂਰ ਹੋਣਾ ਪਿਆ ਸੀ। ਉਸ ਸਮੇਂ ਆਰਥਿਕ ਸੁਧਾਰ, ਕਿਰਤ ਕਾਨੂੰਨ ਅਤੇ ਸਮਾਜ ਭਲਾਈ ਦੀਆਂ ਸਕੀਮਾਂ ਅਮਲ ਵਿਚ ਲਿਆਂਦੀਆਂ ਗਈਆਂ। ਇਸ ਨਾਲ ਮਜ਼ਦੂਰਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਵਰਗੇ ਅਧਿਕਾਰ ਪ੍ਰਾਪਤ ਹੋਏ ਅਤੇ ਕਿਰਤ ਕਾਨੂੰਨ ਬਣਾਏ ਗਏ। ਸਾਡੇ ਦੇਸ਼ ਵਿਚ ਪਹਿਲੀ ਵਾਰ 1966 ਵਿਚ 'ਜਸਟਿਸ ਗਜੇਂਦਰ ਗਡਕਰ' ਦੀ ਅਗਵਾਈ ਹੇਠ 'ਪਹਿਲਾ ਰਾਸ਼ਟਰੀ ਕਿਰਤ ਕਮਿਸ਼ਨ' ਹੋਂਦ ਵਿਚ ਆਇਆ, ਜਿਸ ਵੱਲੋਂ 1969 ਵਿਚ ਆਪਣੀਆਂ ਸਿਫ਼ਾਰਸ਼ਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਰਿਪੋਰਟ ਵਿਚ ਕਿਹਾ ਗਿਆ ਸੀ, 'ਜਿਨ੍ਹਾਂ ਮਜ਼ਦੂਰਾਂ/ਮੁਲਾਜ਼ਮਾਂ ਨੂੰ ਮਨਜ਼ੂਰਸ਼ੁਦਾ ਢੰਗ ਨਾਲ ਭਰਤੀ ਕੀਤਾ ਗਿਆ ਹੈ ਅਤੇ ਜਿਨ੍ਹਾਂ ਨੇ ਉਦਯੋਗਿਕ ਰੁਜ਼ਗਾਰ ਐਕਟ 1946 ਦੇ ਤਹਿਤ 240 ਦਿਨ ਕੰਮ ਕੀਤਾ ਹੈ, ਉਹਨਾਂ ਮਜ਼ਦੂਰਾਂ ਨੂੰ ਸਥਾਈ ਮਜ਼ਦੂਰਾਂ ਵਿਚ ਸ਼ਾਮਿਲ ਕੀਤਾ ਜਾਵੇ।' ਉਸ ਸਮੇਂ ਸੁਪਰੀਮ ਕੋਰਟ ਨੇ ਵੀ ਕੁਝ ਉਲਝਣਾ ਦੂਰ ਕਰਦਿਆਂ ਫ਼ੈਸਲਾ ਸੁਣਾਇਆ ਸੀ, 'ਜੇਕਰ ਮਜ਼ਦੂਰ/ਮੁਲਾਜ਼ਮ ਸਹਿਜ ਢੰਗ ਨਾਲ 240 ਦਿਨ ਸੇਵਾ ਪੂਰੀ ਕਰਦਾ ਹੈ, ਤਾਂ ਉਹ ਪੱਕਾ ਹੋਣ ਦਾ ਹੱਕਦਾਰ ਹੈ।' ਕਿਰਤ ਕਮਿਸ਼ਨ ਵੱਲੋਂ ਮਜ਼ਦੂਰਾਂ ਨੂੰ ਪਹਿਲਾਂ ਮਿਲੇ ਅਧਿਕਾਰਾਂ ਨੂੰ ਬਰਕਰਾਰ ਰੱਖਣ ਦੀ ਵੀ ਜ਼ੋਰਦਾਰ ਸਿਫ਼ਾਰਿਸ਼ ਕੀਤੀ ਗਈ ਸੀ।

ਕੌਮੀ ਪੱਧਰ 'ਤੇ ਮਜ਼ਦੂਰਾਂ ਦੇ ਵਧ ਰਹੇ ਸੰਘਰਸ਼ਾਂ ਕਾਰਨ ਬਸਤੀਵਾਦੀ ਦੌਰ ਤੋਂ ਲੈ ਕੇ 80ਵੇਂ ਦਹਾਕੇ ਤੱਕ ਅਨੇਕਾਂ ਕਿਰਤ ਕਾਨੂੰਨ ਅਮਲ ਵਿਚ ਲਿਆਂਦੇ ਗਏ ਸਨ, ਜਿਵੇਂ: ਕਰਮਚਾਰੀ ਮੁਆਵਜ਼ਾ ਐਕਟ 1923, ਟਰੇਡ ਯੂਨੀਅਨ ਐਕਟ 1926, ਮਜ਼ਦੂਰੀ ਭੁਗਤਾਨ ਐਕਟ 1936, ਉਦਯੋਗਿਕ ਰੁਜ਼ਗਾਰ ਐਕਟ 1946 ਉਦਯੋਗਿਕ ਵਿਵਾਦ ਐਕਟ 1947, ਉਦਯੋਗਿਕ ਐਕਟ 1948, ਅਪ੍ਰੈਂਟਸ਼ਿਪ ਐਕਟ 1961, ਬਾਲ ਅਤੇ ਕਿਸ਼ੋਰ ਲੇਬਰ ਐਕਟ 1986 ਆਦਿ ਕਾਨੂੰਨ ਹੋਂਦ ਵਿਚ ਆਏ ਸਨ।

ਹੁਣ ਸਵਾਲ ਇਹ ਹੈ ਕਿ ਮੋਦੀ ਸਰਕਾਰ ਇਹਨਾਂ ਕਿਰਤ ਕਾਨੂੰਨਾਂ ਨੂੰ ਕਿਉਂ ਖ਼ਤਮ ਕਰਨਾ ਚਾਹੁੰਦੀ ਹੈ? ਅੱਜ ਵਿਸ਼ਵ ਪੱਧਰ 'ਤੇ ਹੀ ਮਜ਼ਦੂਰ ਲਹਿਰ ਬੇਹੱਦ ਕਮਜ਼ੋਰ ਹੋ ਚੁੱਕੀ ਹੈ ਅਤੇ ਵਿਚਾਰਧਾਰਕ, ਰਾਜਨੀਤਕ ਕਮਜ਼ੋਰੀ ਦੇ ਕਾਰਣ ਟੁੱਟ, ਖਿੰਡਾਅ ਦਾ ਸ਼ਿਕਾਰ ਹੈ। ਦੁਨੀਆ ਭਰ ਵਿਚ ਕੋਈ ਵੀ ਸਮਾਜਵਾਦੀ ਕੈਂਪ ਨਹੀਂ ਰਿਹਾ, ਜੋ ਸਾਮਰਾਜਵਾਦ ਨੂੰ ਚੁਣੌਤੀ ਦੇ ਸਕੇ। ਸਮਾਜਵਾਦੀ ਦੇਸ਼ਾਂ ਵਿੱਚ ਪੂੰਜੀਵਾਦ ਦੀ ਮੁੜ ਸਥਾਪਨਾ ਤੋਂ ਬਾਅਦ ਪੂੰਜੀਪਤੀ ਵਰਗ ਵਧੇਰੇ ਤਾਕਤਵਰ ਹੋ ਗਿਆ ਹੈ ਅਤੇ ਉਸ ਨੇ ਨਵ-ਫਾਸ਼ੀਵਾਦ ਦਾ ਰੂਪ ਧਾਰਨ ਕਰ ਲਿਆ। 1980 ਦੇ ਦਹਾਕੇ ਵਿਚ ਭਾਰਤ ਦਾ ਪੂੰਜੀਪਤੀ ਵਰਗ ਵੀ ਇਸ ਸਿੱਟੇ 'ਤੇ ਪਹੁੰਚ ਗਿਆ, ਜਿਸ ਨੇ 'ਨਹਿਰੂਵਾਦੀ ਵਿਕਾਸ ਮਾਡਲ' ਨੂੰ ਤਿਆਗ ਦਿੱਤਾ ਅਤੇ ਕਾਰਪੋਰੇਟੀਕਰਨ ਦੇ ਰਸਤੇ 'ਤੇ ਚੱਲਣ ਲੱਗ ਪਿਆ। 1991 ਤੋਂ ਉਦਾਰੀਕਰਨ, ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਉੱਪਰ ਅਮਲ ਕਰਨਾ ਸ਼ੁਰੂ ਕਰ ਦਿੱਤਾ ਅਤੇ ਭਾਰਤੀ ਪੂੰਜੀ ਦਾ ਵਿਸ਼ਵ ਪੂੰਜੀ ਨਾਲ ਏਕੀਕਰਨ ਹੋ ਗਿਆ। ਇਹਨਾਂ ਨੀਤੀਆਂ ਦੇ ਕਾਰਨ ਹੀ ਕਿਰਤ ਕਾਨੂੰਨਾਂ ਉੱਪਰ ਤਿੱਖਾ ਹਮਲਾ ਕੀਤਾ ਜਾ ਰਿਹਾ ਹੈ। 1998 ਵਿਚ ਵਾਜਪਾਈ ਸਰਕਾਰ ਦੇ ਕਾਰਜਕਾਲ ਸਮੇਂ 'ਸ੍ਰੀ ਰਵਿੰਦਰ ਵਰਮਾ' ਦੀ ਅਗਵਾਈ ਹੇਠ 'ਦੂਜਾ ਰਾਸ਼ਟਰੀ ਕਿਰਤ ਕਮਿਸ਼ਨ' ਸਥਾਪਤ ਕੀਤਾ ਗਿਆ ਸੀ, ਜਿਸ ਨੇ 2002 ਵਿਚ ਆਪਣੀਆਂ ਸਿਫ਼ਾਰਿਸ਼ਾਂ ਦੀ ਰਿਪੋਰਟ ਪੇਸ਼ ਕੀਤੀ, ਜੋ ਪੂਰੀ ਤਰ੍ਹਾਂ ਮਜ਼ਦੂਰ ਵਿਰੋਧੀ ਸਨ। ਦੂਜੇ ਕਿਰਤ ਕਮਿਸ਼ਨ ਨੇ ਕਾਰਪੋਰੇਟ ਨੀਤੀਆਂ ਦੇ ਸਾਹਮਣੇ ਪੂਰੀ ਤਰ੍ਹਾਂ ਗੋਡੇ ਟੇਕ ਦਿੱਤੇ ਸਨ। ਕਮਿਸ਼ਨ ਦਾ ਇਹ ਕਹਿਣਾ ਸੀ, 'ਮਜ਼ਦੂਰਾਂ ਤੋਂ ਅਸਥਾਈ ਜਾਂ ਠੇਕਾ ਅਧਾਰਤ ਕੰਮ ਲੈਣਾ ਅਤੇ ਉਸ ਨੂੰ ਨਿਸ਼ਚਿਤ ਮਿਆਦ ਵਿਚ ਬਦਲਣਾ, ਉਦਯੋਗਿਕ ਅਤੇ ਵਪਾਰਕ, ਅਦਾਰਿਆਂ ਦੀ ਇਕ ਆਰਥਕ ਲੋੜ ਬਣ ਗਈ ਹੈ।'

ਮੋਦੀ ਸਰਕਾਰ ਨੇ ਆਪਣੀ ਪਹਿਲੀ ਕੈਬਨਿਟ ਮੀਟਿੰਗ ਵਿਚ 'ਕਿਰਤ ਕਾਨੂੰਨਾਂ ਵਿਚ ਸੋਧ' ਕਰਨ ਦਾ ਫ਼ੈਸਲਾ ਕਰ ਲਿਆ। ਸੰਸਦ ਵਿਚ ਵਿਰੋਧੀ ਧਿਰ ਦੀ ਸਹਿਮਤੀ ਤੋਂ ਬਗੈਰ ਅਤੇ 'ਰਾਜ ਸਭਾ' ਵਿਚ ਲੋੜੀਂਦੀ ਗਿਣਤੀ ਨਾ ਹੋਣ ਕਾਰਨ ਮੋਦੀ ਸਰਕਾਰ ਭਾਵੇਂ ਸੰਵਿਧਾਨਿਕ ਤੌਰ 'ਤੇ ਅਸਫ਼ਲ ਰਹੀ, ਪਰ ਭਾਜਪਾ ਸ਼ਾਸਨ ਵਾਲੇ ਰਾਜਾਂ ਦੀਆਂ ਵਿਧਾਨ ਸਭਾਵਾਂ ਵਿਚ ਪਾਸ ਕਰਵਾ ਕੇ ਕਿਰਤ ਕਾਨੂੰਨਾਂ ਵਿਚ ਬਦਲਾਅ ਕਰਨੇ ਸ਼ੁਰੂ ਕਰ ਦਿੱਤੇ। ਕਾਰਪੋਰੇਟ ਜਗਤ ਚਾਹੁੰਦਾ ਸੀ ਕਿ ਕਿਰਤ ਕਾਨੂੰਨਾਂ ਵਿਚ ਕੇਂਦਰੀ ਪੱਧਰ 'ਤੇ ਬਦਲਾਅ ਹੋਣ, ਤਾਂ ਜੋ ਸਾਰੇ ਦੇਸ਼ ਵਿਚ ਲਾਗੂ ਕੀਤੇ ਜਾ ਸਕਣ। ਮੋਦੀ ਸਰਕਾਰ ਆਪਣੇ ਦੂਜੇ ਕਾਰਜਕਾਲ ਵਿਚ ਹੋਰ ਖ਼ੂੰਖਾਰ ਹੋ ਗਈ, ਜਿਸ ਨੇ ਸਭ ਵਿਰੋਧੀਆਂ ਨੂੰ ਦਰਕਿਨਾਰ ਕਰਕੇ 8 ਅਗਸਤ 2019 ਨੂੰ ਪਹਿਲਾ ਲੇਬਰ ਕੋਡ (ਉਜਰਤ ਕੋਡ) ਪਾਸ ਕਰਵਾ ਲਿਆ। ਕੋਵਿਡ ਮਹਾਂਮਾਰੀ ਦੇ ਦੌਰ ਦਾ ਢੁਕਵਾਂ ਮੌਕਾ ਦੇਖ ਕੇ (ਜਦੋਂ ਕਿ ਪੂਰੀ ਵਿਰੋਧੀ ਧਿਰ ਸੰਸਦ ਵਿਚ ਮੌਜੂਦ ਹੀ ਨਹੀਂ ਸੀ) 23 ਸਤੰਬਰ 2020 ਨੂੰ ਬਾਕੀ 'ਤਿੰਨੇ ਲੇਬਰ ਕੋਡ' ਵੀ ਪਾਸ ਕਰਵਾ ਲਏ। ਹੁਣ ਇਹਨਾਂ ਨੂੰ 'ਚਾਰ ਲੇਬਰ ਕੋਡ' ਦੇ ਨਾਂਅ ਹੇਠ ਕਾਨੂੰਨ ਦਾ ਦਰਜਾ ਵੀ ਮਿਲ ਗਿਆ ਹੈ।

* ਨਵੇਂ ਕੋਡ ਅਨੁਸਾਰ ਮਜ਼ਦੂਰਾਂ ਦੇ ਟਰੇਡ ਯੂਨੀਅਨ ਅਧਿਕਾਰਾਂ ਉੱਪਰ ਵੀ ਤਿੱਖਾ ਹਮਲਾ ਕੀਤਾ ਗਿਆ ਹੈ। ਪਹਿਲਾਂ ਫੈਕਟਰੀ ਅੰਦਰ ਯੂਨੀਅਨ ਬਣਾਉਣ ਲਈ ਕਾਨੂੰਨੀ ਤੌਰ 'ਤੇ ਸੱਤ ਮਜ਼ਦੂਰ ਮਾਲਕਾਂ ਨੂੰ ਨੋਟਿਸ ਦੇ ਸਕਦੇ ਸਨ ਪਰ ਹੁਣ ਕੁੱਲ ਮਜ਼ਦੂਰਾਂ ਦਾ 10 ਪ੍ਰਤੀਸ਼ਤ ਜਾਂ ਘੱਟੋ-ਘੱਟ 100 ਮਜ਼ਦੂਰਾਂ ਦੀ ਸ਼ਰਤ ਲਗਾ ਦਿੱਤੀ ਹੈ। ਇਸ ਦਾ ਸਿੱਧਾ ਮਤਲਬ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਦੇ ਅਧਿਕਾਰ ਤੋਂ ਵਾਂਝਾ ਕਰਨਾ ਹੈ।

ਨਵੇਂ ਲੇਬਰ ਕੋਡ ਵਿਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਮਜ਼ਦੂਰ ਯੂਨੀਅਨ ਵੱਲੋਂ ਚੋਣਾ ਕਰਵਾਉਣ, ਰੀਟਰਨ ਦਾਖ਼ਲ ਕਰਨ ਅਤੇ ਰਿਕਾਰਡ ਰੱਖਣ ਵਿਚ ਕਿਸੇ ਪ੍ਰਕਾਰ ਦੀ ਦੇਰੀ ਜਾਂ ਲਾਪ੍ਰਵਾਹੀ ਵਰਤੀ ਗਈ, ਉਸ ਹਾਲਤ ਵਿਚ ਜੁਰਮਾਨੇ ਤੋਂ ਲੈ ਕੇ ਯੂਨੀਅਨ ਦੀ ਰਜਿਸਟ੍ਰੇਸ਼ਨ ਖ਼ਤਮ ਕੀਤੀ ਜਾ ਸਕਦੀ ਹੈ। ਨਵੇਂ ਕਾਨੂੰਨਾਂ ਅਨੁਸਾਰ ਪੂੰਜੀਪਤੀਆਂ ਨੂੰ ਮਜ਼ਦੂਰਾਂ ਦੀ ਬੇਕਿਰਕ ਲੁੱਟ ਕਰਨ ਦਾ ਸਰਟੀਫਿਕੇਟ ਮਿਲ ਗਿਆ ਹੈ। ਅਸਲ ਗੱਲ ਇਹ ਹੈ ਕਿ ਯੂਨੀਅਨਾਂ ਸਰਮਾਏਦਾਰਾਂ ਦੇ ਧਨ ਦੇ ਪਸਾਰੇ ਵਿਚ ਵੱਡੀ ਰੁਕਾਵਟ ਬਣਦੀਆਂ ਹਨ।

ਨਵੀਂ ਨਿਯਮਾਂਵਲੀ ਮਜ਼ਦੂਰ ਵਿਰੋਧੀ ਫੈਸਲੇ ਕਰਦੀ ਹੋਈ ਇੱਥੋਂ ਤੱਕ ਪਹੁੰਚ ਗਈ ਹੈ ਕਿ ਮਜ਼ਦੂਰਾਂ ਅਤੇ ਮਾਲਕਾਂ ਵਿਚਕਾਰ ਕਿਸੇ ਵੀ ਝਗੜੇ ਨੂੰ ਲੈ ਕੇ ਸਮਝੌਤਾ ਕਰਨ ਲਈ 'ਲੇਬਰ ਕੋਰਟ' ਨੂੰ ਪੂਰੀ ਤਰ੍ਹਾਂ ਨਿਕਾਰ ਦਿੱਤਾ ਗਿਆ ਹੈ। ਲੇਬਰ ਕੋਰਟ ਦੀ ਥਾਂ ਵੱਖਰਾ ਟ੍ਰਿਬਿਊਨਲ ਸਥਾਪਤ ਕਰਨ ਦੀ ਸਿਫ਼ਾਰਸ਼ ਕੀਤੀ ਗਈ ਹੈ। ਨਾਲ ਇਹ ਵੀ ਕਿਹਾ ਗਿਆ ਹੈ ਕਿ ਟ੍ਰਿਬਿਊਨਲ ਦੇ ਫੈਸਲਿਆਂ ਨੂੰ ਕਿਸੇ ਵੀ ਕੋਰਟ ਵਿਚ ਚੁਣੌਤੀ ਨਹੀਂ ਦਿੱਤੀ ਜਾ ਸਕੇਗੀ।

ਪਹਿਲਾਂ ਜਿਸ ਕਾਰਖਾਨੇ ਵਿਚ 50 ਮਜ਼ਦੂਰ ਕੰਮ ਕਰਦੇ ਸਨ, ਕਿਰਤ ਕਾਨੂੰਨਾਂ ਅਨੁਸਾਰ ਮਜ਼ਦੂਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੰਮ ਬੰਦ ਕਰਨਾ ਜਾਂ ਜਦੋਂ ਹੜਤਾਲ ਕਰਨੀ ਪੈਂਦੀ ਸੀ ਤਾਂ ਮਾਲਕਾਂ ਵੱਲੋਂ ਮਹਿੰਗਾਈ ਭੱਤੇ ਸਮੇਤ ਤਨਖਾਹ ਦਾ ਅੱਧਾ ਹਿੱਸਾ ਮਜ਼ਦੂਰਾਂ ਨੂੰ ਦੇਣਾ ਪੈਂਦਾ ਸੀ, ਪਰ ਹੁਣ ਨਵੇਂ ਲੇਬਰ ਕੋਡ ਅਨੁਸਾਰ ਕਿਸੇ ਕਿਸਮ ਦਾ ਭੁਗਤਾਨ ਨਹੀਂ ਕੀਤਾ ਜਾਵੇਗਾ।

ਕਿਰਤ ਕਾਨੂੰਨਾਂ ਉੱਪਰ ਹਮਲਾ, ਜਿੰਨਾ ਕੇਂਦਰ ਸਰਕਾਰ ਵੱਲੋਂ ਕੀਤਾ ਜਾ ਰਿਹਾ, ਉਸ ਤੋਂ ਕਈ ਗੁਣਾ ਜ਼ਿਆਦਾ ਭਾਜਪਾ ਸ਼ਾਸਤ ਰਾਜਾਂ ਜਿਨ੍ਹਾਂ ਵਿਚ ਰਾਜਸਥਾਨ, ਹਰਿਆਣਾ, ਗੁਜਰਾਤ, ਮੱਧ ਪ੍ਰਦੇਸ਼, ਉੱਤਰਾਖੰਡ ਆਦਿ ਸੂਬਾ ਸਰਕਾਰਾਂ ਵੱਲੋਂ ਕੀਤਾ ਜਾ ਰਿਹਾ।

ਪੂੰਜੀਪਤੀ ਵਰਗ ਵੱਲੋਂ ਲਗਾਤਾਰ ਇਹ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ 93 ਪ੍ਰਤੀਸ਼ਤ ਮਜ਼ਦੂਰ ਅਸੰਗਠਿਤ ਖੇਤਰ ਵਿਚ ਕੰਮ ਕਰਦੇ ਹਨ, ਜੋ ਕਿਰਤ ਕਾਨੂੰਨਾਂ ਦੇ ਦਾਇਰੇ ਵਿਚ ਨਹੀਂ ਆਉਂਦੇ। ਉਹਨਾਂ ਦੇ ਇਸ ਪ੍ਰਚਾਰ ਦਾ ਮਕਸਦ ਅਸੰਗਠਿਤ ਖੇਤਰ ਅਤੇ ਸੰਗਠਿਤ ਖੇਤਰ ਦੇ ਮਜ਼ਦੂਰਾਂ ਵਿਚ ਵਿਰੋਧ ਖੜ੍ਹਾ ਕਰਨਾ ਹੈ, ਤਾਂ ਕਿ ਕਿਰਤ ਕਾਨੂੰਨਾਂ ਉੱਪਰ ਹਮਲਾ ਕਰਨਾ ਸੌਖਾ ਹੋ ਸਕੇ। ਜੇਕਰ ਸੰਗਠਿਤ ਖੇਤਰ ਦੇ ਮਜ਼ਦੂਰਾਂ ਨੂੰ ਹਾਸਿਲ ਅਧਿਕਾਰਾਂ ਅਤੇ ਕਿਰਤ ਕਾਨੂੰਨਾਂ ਨੂੰ ਬੇ-ਅਸਰ ਕਰ ਦਿੱਤਾ ਗਿਆ, ਤਾਂ ਇਸ ਦਾ ਖਮਿਆਜਾ ਅਸੰਗਠਿਤ ਖੇਤਰ ਦੇ ਮਜ਼ਦੂਰਾਂ ਨੂੰ ਵੀ ਭੁਗਤਣਾ ਪਵੇਗਾ। ਇਹ 'ਕਿਰਤ ਸੁਧਾਰ' 1991 ਤੋਂ ਜਾਰੀ ਕਾਰਪੋਰੇਟ ਪ੍ਰਸਤ ਨੀਤੀਆਂ ਅਤੇ ਆਰਥਿਕ ਸੁਧਾਰਾਂ ਦੀ ਪ੍ਰਕਿਰਿਆ ਦਾ ਹੀ ਅਟੁੱਟ ਹਿੱਸਾ ਹਨ। ਅੱਜ ਜਦੋਂ ਪੂਰੀ ਦੁਨੀਆਂ ਆਰਥਕ ਮੰਦੀ ਦੀ ਲਪੇਟ ਵਿਚ ਹੈ, ਤਾਂ ਭਾਰਤ ਦਾ ਪੂੰਜੀਪਤੀ ਵਰਗ ਇਹਨਾਂ ਸੁਧਾਰਾਂ ਨੂੰ ਤੇਜ਼ੀ ਨਾਲ ਲਾਗੂ ਕਰਕੇ ਆਪਣੇ ਮੁਨਾਫ਼ੇ ਨੂੰ ਹੋਰ ਪੱਕਾ ਕਰਨਾ ਚਾਹੁੰਦਾ ਹੈ ਅਤੇ ਆਰਥਿਕ ਮੰਦੀ ਦੇ ਬੋਝ ਨੂੰ ਮਜ਼ਦੂਰ ਜਮਾਤ ਅਤੇ ਸਮੁੱਚੀ ਮਿਹਨਤਕਸ਼ ਜਨਤਾ ਦੇ ਮੋਢਿਆਂ 'ਤੇ ਲੱਦਣਾ ਚਾਹੁੰਦਾ ਹੈ।

ਅਮੀਰਾਂ ਅਤੇ ਗ਼ਰੀਬਾਂ ਵਿਚ ਵਧ ਰਹੀ ਪਾੜੇ ਦੀ ਲਕੀਰ, ਚਾਰੇ ਪਾਸੇ ਗੈਰ-ਕਾਨੂੰਨੀ ਠੇਕੇਦਾਰੀ ਪ੍ਰਥਾ, ਗ਼ਰੀਬ ਕਿਸਾਨਾਂ-ਮਜ਼ਦੂਰਾਂ ਦੀ ਹੋ ਰਹੀ ਬਰਬਾਦੀ ਅਤੇ ਵਧ ਰਹੀਆਂ ਆਤਮ ਹੱਤਿਆਵਾਂ, ਪੜ੍ਹੇ-ਲਿਖੇ ਨੌਜਵਾਨਾਂ ਦਾ ਬੇਰੁਜ਼ਗਾਰੀ ਦੀ ਭੱਠੀ ਵਿਚ ਸੜਨਾ, ਸੇਵਾ-ਮੁਕਤ ਮੁਲਾਜ਼ਮਾਂ ਤੋਂ ਗੁਜ਼ਾਰਾ ਪੈਨਸ਼ਨ ਅਤੇ ਸਿਹਤ ਸਹੂਲਤਾਂ ਦਾ ਅਧਿਕਾਰ ਖੋ ਲੈਣਾ ਅਤੇ ਸਿੱਖਿਆ ਦਾ ਨਿੱਜੀਕਰਨ ਅਤੇ ਭਗਵਾਂਕਰਣ ਕਰਨ ਲਈ ਉਦਾਰੀਕਰਨ ਦੀਆਂ ਨੀਤੀਆਂ ਹੀ ਜ਼ਿੰਮੇਵਾਰ ਹਨ। ਇਹਨਾਂ ਨੀਤੀਆਂ ਨੂੰ ਲਾਗੂ ਕਰਨਾ ਅੱਜ ਸੰਘੀ ਮਨੂੰਵਾਦੀ ਮੋਦੀ ਸਰਕਾਰ ਦੇ ਵਿਕਾਸ ਮਾਡਲ ਦਾ ਮੁੱਖ ਏਜੰਡਾ ਹੈ, ਜਿਸ ਰਾਹੀਂ ਉਹ ਜਨਤਾ ਨੂੰ ਸੰਪ੍ਰਦਾਇਕ ਮੁੱਦਿਆਂ ਵਿਚ ਉਲਝਾ ਕੇ ਅਤੇ ਮੁਸਲਿਮ-ਫੋਬੀਆ ਖੜ੍ਹਾ ਕਰਕੇ ਦੇਸ਼ ਨੂੰ ਫਿਰਕੂ ਲੀਹਾਂ 'ਤੇ ਵੰਡਣਾ ਚਾਹੁੰਦੀ ਹੈ। ਵਿਕਾਸ ਦੇ ਇਸ ਮਾਡਲ ਰਾਹੀਂ ਵਿਦੇਸ਼ੀ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਬੈਂਕ, ਬੀਮਾ, ਪ੍ਰਚੂਨ ਵਪਾਰ, ਸੁਰੱਖਿਆ, ਉਦਯੋਗ, ਖੇਤੀ ਅਤੇ ਸਿੱਖਿਆ ਆਦਿ ਖੇਤਰਾਂ ਵਿਚ ਸਿੱਧੇ ਪੂੰਜੀ ਨਿਵੇਸ਼ ਲਈ ਚਾਰੇ ਦਰਵਾਜ਼ੇ ਖੋਲ੍ਹ ਦਿੱਤੇ ਹਨ। ਮਾਈਨਿੰਗ ਖੇਤਰ ਦੀ ਲੁੱਟ ਕਰਨ ਲਈ ਵਾਤਾਵਰਣ ਨਿਯਮਾਂ ਨੂੰ ਤੋੜਿਆ-ਮਰੋੜਿਆ ਜਾ ਰਿਹਾ ਹੈ।

20ਵੀਂ ਸਦੀ ਵਿਚ ਮਜ਼ਦੂਰਾਂ ਨੂੰ ਜੋ ਕਾਨੂੰਨੀ ਅਧਿਕਾਰ ਮਿਲੇ ਸਨ, ਉਸ ਦੇ ਪਿੱਛੇ ਰਾਸ਼ਟਰੀ-ਅੰਤਰਰਾਸ਼ਟਰੀ ਪੱਧਰ 'ਤੇ ਮਜ਼ਦੂਰਾਂ ਦੀਆਂ ਕੁਰਬਾਨੀਆਂ ਅਤੇ ਖਾੜਕੂ ਸੰਘਰਸ਼ ਰਹੇ ਹਨ, ਪਰ ਹੁਣ ਸਰਮਾਏਦਾਰੀ ਅਤੇ ਮਜ਼ਦੂਰ ਜਮਾਤ ਦਰਮਿਆਨ ਸ਼ਕਤੀ ਸੰਤੁਲਿਨ ਵਿਗੜ ਗਿਆ ਹੈ। 80ਵੇਂ ਦਹਾਕੇ ਤੋਂ ਬਾਅਦ ਵਿਕਸਤ ਹੋਈ ਸੁਧਾਰਵਾਦੀ, ਸਮਝਾਉਤਾਵਾਦੀ ਅਤੇ ਸੁਵਿਧਾਪ੍ਰਸਤ ਟਰੇਡ ਯੂਨੀਅਨਾਂ ਦੀ ਲੀਡਰਸ਼ਿਪ ਸਰਮਾਏਦਾਰੀ ਦੇ ਵੱਡੇ ਹਮਲਿਆਂ ਦਾ ਮੁਕਾਬਲਾ ਕਰਨ ਦੇ ਸਮਰੱਥ ਨਹੀਂ ਰਹੀ। ਉਸੇ ਸਮੇਂ ਮੋਦੀ ਸਰਕਾਰ ਵੱਲੋਂ ਪਾਸ ਕੀਤੇ 'ਤਿੰਨ ਕਾਲੇ ਕਾਨੂੰਨਾਂ' ਦੇ ਖਿਲਾਫ਼ ਦਿੱਲੀ ਦੀਆਂ ਬਰੂਹਾਂ 'ਤੇ ਦੇਸ ਭਰ ਦੇ ਕਿਸਾਨਾਂ ਵੱਲੋਂ 14 ਮਹੀਨੇ ਜੁਝਾਰੂ ਸੰਘਰਸ਼ ਲੜ ਕੇ ਫਾਸ਼ੀਵਾਦੀ ਸਰਕਾਰ ਦੇ ਨੱਕ ਵਿਚ ਦਮ ਕਰ ਦਿੱਤਾ ਸੀ ਅਤੇ ਮੋਦੀ ਨੂੰ ਕਾਲੇ ਕਾਨੂੰਨ ਵਾਪਿਸ ਲੈਣੇ ਪਏ, ਪਰ ਨਵੇਂ ਚਾਰ ਲੇਬਰ ਕੋਡ ਦੇ ਖਿਲਾਫ਼ ਇਸ ਤਰ੍ਹਾਂ ਦਾ ਅੰਦੋਲਨ ਨਹੀਂ ਲੜਿਆ ਗਿਆ। ਅੱਜ ਕ੍ਰਾਂਤੀਕਾਰੀ ਤਾਕਤਾਂ ਨੂੰ ਚਾਹੀਦਾ ਹੈ ਕਿ ਉਹ ਆਪਣੀ ਏਕਤਾ ਨੂੰ ਹੋਰ ਮਜਬੂਤ ਕਰਦੇ ਹੋਏ ਕਿਰਤ ਕਾਨੂੰਨਾਂ ਉੱਪਰ ਕੀਤੇ ਜਾ ਰਹੇ ਹਮਲਿਆਂ ਦਾ ਮੂੰਹੋਂ-ਤੋੜ ਜਵਾਬ ਦੇਣ ਲਈ ਮਜ਼ਦੂਰਾਂ ਦੇ ਹੱਕੀ ਅਤੇ ਖਾੜਕੂ ਘੋਲਾਂ ਦੀ ਅਗਵਾਈ ਆਪਣੇ ਹੱਥ ਲੈਣ ਅਤੇ ਫ਼ੌਲਾਦੀ ਸੰਘਰਸ਼ਾਂ ਨੂੰ ਤਿੱਖਾ ਕਰਨ ਦਾ ਵਕਤ ਹੈ।

ਨੋਟ : ਤੱਥ ਅਤੇ ਅੰਕੜੇ ਹਿੰਦੀ ਮੈਗਜ਼ੀਨ ਸੈਂਟਰ ਕਮੇਟੀ ਮੈਂਬਰ 'ਰੈੱਡ ਸਟਾਰ' ਵਿਚੋਂ ਲਏ ਗਏ ਹਨ। ਟਰੇਡ ਯੂਨੀਅਨ ਸੈਂਟਰ ਆਫ਼ ਇੰਡੀਆ (ਟੂਸੀ)

# ਸੰਪਰਕ : 94636-10661

# ਮੀਂਹ ਆਇਆ ਮੋਹਲੇਧਾਰ, ਝੱਖੜ-ਝੋਲੇ ਨਾਲ



ਸੁਰਿੰਦਰ ਸ਼ਰਮਾ ਨਾਗਰਾ

ਇਸ ਵਾਰ ਮਾਰਚ-ਅਪ੍ਰੈਲ ਵਿੱਚ ਬਹੁਤ ਗਰਮੀ ਪਈ। ਤਾਪਮਾਨ 45 ਡਿਗਰੀ ਤੋਂ ਲੈ ਕੇ ਕਈ ਜਗ੍ਹਾ 48 ਡਿਗਰੀ ਤੱਕ ਪਹੁੰਚ ਗਿਆ। ਪਾਣੀ ਦੇ ਸਰੋਤਾਂ ਉੱਪਰ ਵੀ ਮਾੜਾ ਅਸਰ ਪਿਆ। ਪਾਣੀ ਲਈ ਤ੍ਰਾਹੀ ਤ੍ਰਾਹੀ ਹੋ ਗਈ। ਧਰਤੀ ਦਾ ਪਾਣੀ ਪਹਿਲਾਂ ਨਾਲੋਂ ਪੰਜ-ਛੇ ਫੁੱਟ ਨੀਵਾਂ ਚਲਾ ਗਿਆ। ਅਖਬਾਰਾਂ, ਟੈਲੀਵਿਜ਼ਨ ਵਾਲਿਆਂ ਤੇ ਸੋਸ਼ਲ ਮੀਡੀਆ ਉੱਪਰ ਵਿਦਵਾਨਾਂ, ਬੁੱਧੀਜੀਵੀਆਂ ਤੇ ਆਮ ਗਿਆਨ ਰੱਖਣ ਵਾਲੇ ਵਿਅਕਤੀਆਂ ਨੇ "ਪਾਣੀ ਬਚਾਓ, ਪਾਣੀ ਬਚਾਓ" ਦੀ ਬਹੁਤ ਹਾਏ ਦੁਹਾਈ ਮਚਾਈ। ਇੱਥੋਂ ਤੱਕ ਕਿਸਾਨਾਂ ਨੂੰ ਵੀ ਨਸੀਹਤ ਦਿੱਤੀ ਗਈ ਕਿ ਝੋਨੇ ਦੀ ਬਜਾਏ ਹੋਰ ਬਦਲਵੀਆਂ ਫਸਲਾਂ ਬੀਜੋ। ਸੂਰਜ ਦੀ ਧੁੱਪ ਨੇ ਫੁੱਲ-ਬੂਟੇ ਸਾਰੇ ਫੂਕ ਦਿੱਤੇ। ਲੱਗਭੱਗ ਸਾਰੇ ਦਰੱਖਤਾਂ ਦੇ ਪੱਤੇ ਇਕੱਲਾ ਬਰੋਟਾ ਛੱਡ ਕੇ ਫੂਕ ਦਿੱਤੇ। ਨਿੰਮ ਦਾ ਦਰੱਖਤ ਕਦੇ ਨਹੀਂ ਸੁੱਕਿਆ ਸੀ, ਇਸ ਵਾਰ ਉਹ ਵੀ ਮਚਾ ਦਿੱਤਾ। ਹੁਣ ਮਹੀਨੇ ਡੇਢ ਮਹੀਨੇ ਪਿੱਛੋਂ ਬੜੀ ਮੁਸ਼ਕਲ ਨਿੰਮ ਦੇ ਦਰੱਖਤ ਫੁੱਟੇ ਹਨ। ਇਹ ਗਲੋਬਲ ਵਾਰਮਿੰਗ ਦਾ ਨਤੀਜਾ ਹੈ ਤੇ ਧਰਤੀ ਦਾ ਤਾਪਮਾਨ ਵੀ ਆਮ ਤਾਪਮਾਨ ਨਾਲੋਂ 2 ਡਿਗਰੀ ਵਧਿਆ ਹੈ। ਹਰ ਰੋਜ਼ ਮੌਸਮ ਦਾ ਹਾਲ ਨੈੱਟ 'ਤੇ ਦੇਖਦੇ ਰਹਿੰਦੇ ਹਾਂ। ਐਨੀ ਗਰਮੀ ਕਿ ਸਵੇਰ ਤੋਂ ਲੈ ਕੇ ਸ਼ਾਮ ਤੱਕ ਬਾਜ਼ਾਰਾਂ 'ਚ ਤੇ ਗਲੀਆਂ 'ਚ ਸੰਨਾਟਾ ਪਸਰ ਗਿਆ। ਕੋਈ ਬੰਦਾ ਕੋਈ ਜਾਨਵਰ ਇਸ ਟੀਟ ਦੁਪਹਿਰ ਵਿੱਚ ਨਜ਼ਰ ਨਹੀਂ ਆਉਂਦਾ ਸੀ। ਅਖੀਰ ਇਕ ਦਿਨ ਦੱਬ ਕੇ ਮੀਂਹ ਪਿਆ। ਫਿਰ ਕਈ ਦਿਨ ਪਿਆ ਨਾ। ਉਸ ਕਰਕੇ ਹੁੰਮਸ ਭਰਿਆ ਵਾਤਾਵਰਣ ਬਣ ਗਿਆ।

ਤਾਜ਼ੀ ਘਟਨਾ ਅਨੁਸਾਰ ਇੱਕ ਰਾਤ ਨੂੰ ਸਾਡਾ ਸਾਰਾ ਟੱਬਰ ਸੁੱਤਾ ਪਿਆ ਸੀ। ਸਵੇਰੇ ਚਾਰ ਕੁ ਵਜੇ ਬਿਜਲੀ ਲਿਸ਼ਕੀ ਤੇ ਬੱਦਲਾਂ ਦੀ ਗੜਗੜਾਹਟ ਹੋਈ। ਸੋਚਿਆ ਸ਼ਾਇਦ ਮੀਂਹ ਪਵੇਗਾ, ਇਸ ਕਰਕੇ ਪਾਸਾ ਜਿਹਾ ਲੈ ਕੇ ਪੈ ਗਏ। ਅਜੇ ਅੱਖ ਲੱਗੀ ਹੀ ਕਿ ਟੀਨ ਜਿਹੇ ਖੜਕਣ ਲੱਗੇ ਤੇ ਦਰੱਖਤਾਂ ਦੇ ਝੂਲਣ ਦੀ ਆਵਾਜ਼ ਆਈ, ਬਾਹਰ ਨਿਕਲ ਕੇ ਵੇਖਿਆ ਸਾਰਾ ਇਲਾਕਾ ਝੱਖੜ ਨੇ ਘੇਰ ਲਿਆ। ਬਹੁਤ ਹੀ ਤੇਜ਼ ਹਵਾ ਨੇ ਸਾਡੇ ਘਰ ਦੇ ਅੱਗੇ ਲੱਗੇ ਦਰੱਖਤ ਨੂੰ ਹਿਲਾ ਦਿੱਤਾ ਤੇ ਉਹ ਡਿੱਗ ਡਿੱਗ ਜਾਵੇ। ਨਾਲ ਹੀ ਪਾਣੀ ਦੀਆਂ ਤੇਜ਼ ਬੁਛਾੜਾਂ ਘੁੰਮ-ਘੁੰਮ ਕੇ ਆਉਣ ਲੱਗੀਆਂ। ਘਰ ਦੇ ਬਾਹਰ ਬਹੁਤ ਹੀ ਵੱਡਾ ਤੇ ਬਿਲਕੁਲ ਛਤਰੀ ਬਣਿਆ ਸਤਪਤੀਆ ਦਰੱਖਤ (ਬਲੈਕਬੋਰਡ ਟ੍ਰੀ ) ਝੂਮ ਰਿਹਾ ਸੀ। ਜਦੋਂ ਮਕਾਨ ਬਣਾਇਆ ਸੀ ਸਭ ਤੋਂ ਪਹਿਲਾਂ ਇਸ ਦਾ ਬੂਟਾ ਲਾਇਆ ਸੀ। ਇਸ ਦੀ ਐਨੀ ਸੰਘਣੀ ਛਾਂ ਹੈ ਕਿ ਆਉਂਦੇ-ਜਾਂਦੇ ਲੋਕ ਛਾਂ ਦਾ ਅਨੰਦ ਮਾਣਦੇ ਹਨ । ਕਾਲੋਨੀ 'ਚ ਕੰਮ ਕਰਨ ਵਾਲੇ ਮਜ਼ਦੂਰ ਛਾਂ 'ਚ ਖਾਣਾ ਖਾਂਦੇ ਤੇ ਦੁਪਹਿਰ ਨੂੰ ਆਰਾਮ ਕਰਦੇ ਰਹਿੰਦੇ ਹਨ। ਬਹੁਤ ਤੇਜ਼ ਧੁੱਪ ਵਿੱਚ ਲੋਕ ਗੱਡੀਆਂ ਤੇ ਸਕੂਟਰ ਵਗੈਰਾ ਵੀ ਖਲ੍ਹਾਰ ਦਿੰਦੇ ਹਨ। ਸਵੇਰ ਦਾ ਸੁਭਾਖਲਾ ਹੋ ਚੁੱਕਿਆ ਸੀ। ਅਸੀਂ ਸਾਰੇ ਦਰਵਾਜ਼ੇ ਦੀ ਜਾਲੀ ਵਿੱਚੋਂ ਦੀ ਝੱਖੜ ਦੀ ਰਫਤਾਰ ਦੇਖਦੇ ਰਹੇ। ਐਨੇ 'ਚ ਤੇਜ਼ ਝੱਖੜ ਦਾ ਝੋਲਾ ਆਇਆ ਕਿ ਦਰੱਖਤ ਦੇ ਉੱਪਰਲੇ ਦੋ ਡਾਹਣੇ ਟੁੱਟ ਕੇ ਘਰ ਅੰਦਰ ਬਣੇ ਕਾਰਾਂ ਦੇ ਸ਼ੈੱਡ ਉੱਪਰੋਂ ਦੀ ਡਿੱਗ ਕੇ ਵਿਹੜੇ ਵਿੱਚ ਆ ਡਿੱਗੇ।

ਐਨਾ ਸ਼ੁਕਰ ਕਿ ਸ਼ੈੱਡ ਮਜ਼ਬੂਤ ਬਣਿਆ ਸੀ, ਇਸ ਕਰਕੇ ਟੁੱਟਿਆ ਨਹੀਂ, ਨਹੀਂ ਤਾਂ ਉਸ ਹੇਠਾਂ ਖੜ੍ਹੀਆਂ ਦੋਵੇਂ ਕਾਰਾਂ ਚਕਨਾਚੂਰ ਹੋ ਜਾਂਦੀਆਂ। ਘਰ ਵਾਲਿਆਂ ਨੇ ਚੀਕਾਂ ਮਾਰ ਕੇ ਛੱਤ ਚੁੱਕ ਦਿੱਤੀ। ਪਰ ਹੁਣ ਕਰ ਕੀ ਸਕਦੇ ਸੀ। ਬਾਹਰ ਤਾਂ ਝੱਖੜ ਝੁੱਲ ਰਿਹਾ ਸੀ। ਜਦੋਂ ਮੀਂਹ ਰੁਕਿਆ ਤੇ ਬਾਹਰ ਨਿਕਲ ਕੇ ਵੇਖਿਆ, ਕਾਰਾਂ ਬਚ ਗਈਆਂ ਸਨ, ਹੋਰ ਵੀ ਕੋਈ ਨੁਕਸਾਨ ਨਹੀਂ ਹੋਇਆ ਸੀ। ਸਭ ਨੇ ਪ੍ਰਮਾਤਮਾ ਦਾ ਸ਼ੁਕਰ ਮਨਾਇਆ। ਉਸ ਝੱਖੜ ਝੋਲੇ ਨੇ ਸ਼ਹਿਰ ਦੇ ਬਹੁਤ ਸਾਰੇ ਦਰੱਖਤ, ਪਿੰਡਾਂ ਨੂੰ ਜਾਂਦੀਆਂ ਸੜਕਾਂ ਉੱਤੇ ਲੱਗੇ ਬਿਰਖ ਜੜ੍ਹੋਂ ਉਖਾੜ ਦਿੱਤੇ। ਬਿਜਲੀ ਦੇ ਖੰਭੇ ਟੁੱਟ ਗਏ, ਤਾਰਾਂ ਆਪਸ ਵਿੱਚ ਉਲਝ ਕੇ ਟੁੱਟ ਗਈਆਂ, ਬਾਅਦ ਵਿੱਚ ਖਬਰਾਂ ਆਈਆਂ ਕਿ ਬਹੁਤ ਸ਼ੈੱਡਾਂ ਦੇ ਟੀਨ ਉੱਡ ਗਏ, ਕਈ ਜਗ੍ਹਾ ਕੰਧਾਂ ਵੀ ਗਿਰ ਗਈਆਂ। ਇਸ ਝੱਖੜ ਝੋਲੇ ਨੇ ਕੁੱਲ ਮਿਲਾ ਕੇ ਬਹੁਤ ਨੁਕਸਾਨ ਕੀਤਾ।

# ਸੰਪਰਕ : 98786-46595

# ਇਖਲਾਕੋਂ ਹੌਲੀ ਹੁੰਦੀ ਜਾਂਦੀ ਦੁਨੀਆ

**ਲਾਭ ਸਿੰਘ ਸ਼ੇਰਗਿੱਲ**

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਅੱਜ ਅਸੀਂ ਆਧੁਨਿਕ ਯੁੱਗ ਵਿੱਚੋਂ ਗੁਜ਼ਰ ਰਹੇ ਹਾਂ। ਤਕਨਾਲੋਜੀ ਦੇ ਪਸਾਰੇ ਨਾਲ ਹਰ ਖੇਤਰ ਵਿੱਚ ਨਵੇਂ-ਨਵੇਂ ਤਜਰਬਿਆਂ ਸਦਕਾ ਵਿਕਾਸ ਦੀ ਰਫਤਾਰ ਤੇਜ਼ ਹੁੰਦੀ ਜਾ ਰਹੀ ਹੈ, ਜਿਸ ਨਾਲ ਜਿੱਥੇ ਆਦਮੀ ਦਾ ਜੀਵਨ ਪੱਧਰ ਉੱਚਾ ਹੋ ਰਿਹਾ ਹੈ, ਉਹ ਭੌਤਿਕ ਸੁੱਖਾਂ ਲਈ ਮਨ ਤੋਂ ਪੂਰੀ ਤਰ੍ਹਾਂ ਪਦਾਰਥਵਾਦੀ ਹੁੰਦਾ ਜਾ ਰਿਹਾ ਹੈ, ਉੱਥੇ ਦਿਨ ਪਰ ਦਿਨ ਉਸ ਦਾ ਇਖਲਾਕੀ ਪੱਧਰ ਨੀਵਾਂ ਹੁੰਦਾ ਜਾ ਰਿਹਾ ਹੈ। ਕਿਸੇ ਸਮੇਂ ਇੱਕ ਦਾਇਰੇ ਵਿੱਚ ਬੱਝੇ, ਕਦਰਾਂ ਕੀਮਤਾਂ ਨਾਲ ਲਬਰੇਜ਼ ਮਨੁੱਖ ਅੱਜ ਉਸ ਦਾਇਰੇ ਤੋਂ ਨਿਕਲ ਕੇ ਚਮਕ-ਦਮਕ ਵਾਲੀ ਦੁਨੀਆ ਵੱਲ ਖਿੱਚਿਆ ਜਾ ਰਿਹਾ ਹੈ। ਪਹਿਲਾਂ ਵੱਡਿਆਂ ਦੀ ਸ਼ਰਮ ਤੇ ਪਰਦਾ ਹੁੰਦਾ ਸੀ, ਪਰ ਅੱਜ ਮਨੁੱਖ ਇਹ ਸਭ ਦੀ ਪ੍ਰਵਾਹ ਕੀਤੇ ਬਿਨਾਂ ਆਪਣੀ ਹੱਦ ਨੂੰ ਪਾਰ ਕਰਦਾ ਜਾ ਰਿਹਾ ਹੈ। ਬਹੁਤਾਤ ਸੰਖਿਆ ਵਿੱਚ ਨਵੀਂ ਪੀੜ੍ਹੀ ਸੋਸ਼ਲ ਮੀਡੀਆ ਦੀ ਗੁਲਾਮ ਬਣਦੀ ਜਾ ਰਹੀ ਹੈ। ਦੂਜੇ ਵਿਕਸਤ ਮੁਲਕਾਂ ਦੀ ਨਿਸਬਤ ਸਾਡੇ ਦੇਸ਼ ਵਿੱਚ ਜ਼ਿਆਦਾ ਲੋਕ ਕੋਈ ਕੰਮ ਕਰਨ ਦੀ ਬਜਾਇ ਵਿਹਲੇ ਰਹਿ ਕੇ ਡੰਗ ਟਪਾਉਣ ਦੇ ਆਦੀ ਹਨ। ਨੌਜਵਾਨ ਮੁੰਡੇ-ਕੁੜੀਆਂ ਕਿਸੇ ਛੋਟੀ ਮੋਟੀ ਨੌਕਰੀ ਕਰਨ ਦੀ ਥਾਂ ਅਜਿਹਾ ਕੋਈ ਰਸਤਾ ਭਾਲਣ ਦੀ ਕੋਸ਼ਿਸ਼ ਕਰਦੇ ਹਨ, ਜਿਸ ਨਾਲ ਬਿਨਾਂ ਕੰਮ ਕੀਤਿਆਂ ਪੈਸੇ ਆਉਂਦੇ ਰਹਿਣ। ਬਹੁਤਿਆਂ ਨੇ ਇਹ ਸੌਖਾ ਤਰੀਕਾ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਆਪਣੇ ਚੈਨਲ ਬਣਾ ਕੇ ਉਸ 'ਤੇ ਅਸੱਭਿਅਕ ਕੰਟੈਂਟ ਜਿਸ ਨੂੰ ਕੋਈ ਵੀ ਪਰਵਾਰ ਇਕੱਠਿਆਂ ਬੈਠ ਕੇ ਨਹੀਂ ਦੇਖ ਸਕਦਾ, ਅਜਿਹਾ ਕੁਝ ਪਾਇਆ ਜਾ ਰਿਹਾ ਹੈ। ਨੈਤਿਕਤਾ ਨੂੰ ਪੂਰੀ ਤਰ੍ਹਾਂ ਛਿੱਕੇ ਟੰਗ ਦਿੱਤਾ ਗਿਆ ਹੈ। ਅੱਗੋਂ ਦੇਖਣ ਵਾਲਿਆਂ ਦੀ ਮੱਤ ਸ਼ਾਇਦ ਬਿਲਕੁਲ ਮਾਰੀ ਗਈ ਹੈ। ਅਜਿਹੇ ਭੱਦੇ ਕੰਟੈਂਟਸ ਦੇ ਲੱਖਾਂ ਵਿੱਚ ਫੌਲੋਅਰਜ਼ ਹੋ ਕੇ ਅਸੀਂ ਕੀ ਸਾਬਤ ਕਰਨਾ ਚਾਹੁੰਦੇ ਹਾਂ ਕਿ ਸਾਡੀ ਸੋਚ ਬਸ ਇੱਥੇ ਹੀ ਰੁਕੀ ਹੋਈ ਹੈ। ਸਰਕਾਰਾਂ ਨੂੰ ਚਾਹੀਦਾ ਹੈ ਕਿ ਇਹੋ ਜਿਹੀਆਂ ਉਕਸਾਹਟ ਵਿਸ਼ਿਆਂ ਨਾਲ ਸੰਬੰਧਤ ਵੀਡੀਓਜ਼ ਅੱਪਲੋਡ ਕਰਨ ਵਾਲਿਆਂ 'ਤੇ ਸਖਤ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਇਨ੍ਹਾਂ ਦੇ ਜਿਹੜੇ ਵੀ ਇੰਸਟਾਗ੍ਰਾਮ, ਫੇਸਬੁਕ ਜਾਂ ਹੋਰ ਰੂਪਾਂ ਵਿੱਚ ਅਕਾਊਂਟ ਚੱਲਦੇ ਹਨ, ਉਹ ਬੰਦ ਕਰ ਦੇਣੇ ਚਾਹੀਦੇ ਹਨ। ਬਹੁਤ ਸਾਰੀਆਂ ਅਜਿਹੀਆਂ ਸਾਈਟਸ ਵੀ ਸਾਡੇ ਨੈੱਟ 'ਤੇ ਉਪਲੱਬਧ ਹਨ, ਜਿਨ੍ਹਾਂ ਤੋਂ ਅਸੀਂ ਵਧੀਆ, ਗਿਆਨ ਭਰਪੂਰ ਕੰਟੈਂਟ ਦੇਖ ਕੇ ਜਿੱਥੇ ਆਪਣੇ ਗਿਆਨ ਵਿੱਚ ਵਾਧਾ ਕਰ ਸਕਦੇ ਹਾਂ, ਉੱਥੇ ਨੌਜਵਾਨ ਪੀੜ੍ਹੀ ਇਨ੍ਹਾਂ ਰਾਹੀਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਬਹੁਤ ਚੰਗੇ ਤਰੀਕੇ ਨਾਲ ਤਿਆਰੀ ਕਰਕੇ ਸਫਲਤਾ ਹਾਸਲ ਕਰ ਸਕਦੀ ਹੈ। ਹਾਂ, ਜੇਕਰ ਤੁਹਾਡੇ 'ਚ ਕਲਾ ਹੈ ਰੀਲਾਂ ਬਣਾਓ ਆਜ਼ਾਦੀ ਹੈ ਬਣਾ ਸਕਦੇ ਹੋ। ਆਪਣੀ ਪ੍ਰਤਿਭਾ ਨੂੰ ਦੁਨੀਆਂ ਸਾਹਮਣੇ ਪੇਸ ਕਰ ਸਕਦੇ ਹੋ, ਪਰ ਸੀਮਾ 'ਚ ਰਹਿ ਕੇ। ਲੀਹੋਂ ਉੱਤਰ ਕੇ ਕਿਸੇ ਦੀ ਭਾਵਨਾ ਨੂੰ ਸੱਟ ਮਾਰਨ ਵਾਲੀਆਂ, ਉਕਸਾਹਟ ਤੇ ਅਸ਼ਲੀਲ ਵਿਸ਼ੇ ਵਾਲੀਆਂ ਵੀਡੀਓਜ਼ ਪਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਬਹੁਤ ਸਾਰੇ ਅਜਿਹੇ ਕਲਾ ਦੇ ਧਾਰਨੀ ਵੀ ਹਨ, ਜਿਹੜੇ ਵਧੀਆ ਸੱਭਿਅਕ ਕੰਟੈਂਟ ਤੇ ਸਮਾਜਿਕ ਬੁਰਾਈਆਂ ਨੂੰ ਉਜਾਗਰ ਕਰਨ ਵਾਲੀਆਂ ਵੀਡੀਓਜ਼ ਜੋ ਸਮਾਜ ਨੂੰ ਚੰਗਾ ਸੰਦੇਸ਼ ਦਿੰਦੀਆਂ ਹਨ, ਪੋਸਟ ਕਰਦੇ ਹਨ। ਸਾਨੂੰ ਪੈਸੇ ਦੀ ਦੌੜ ਤੇ ਮਸ਼ਹੂਰ ਹੋਣ ਲਈ ਏਨੇ ਅੰਨ੍ਹੇ ਨਹੀਂ ਬਣਨਾ ਚਾਹੀਦਾ ਕਿ ਅਸੀਂ ਆਪਣੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਇਸ ਤਰ੍ਹਾਂ ਭੁੱਲ ਹੀ ਜਾਈਏ।

# ਸੰਪਰਕ : 86995-35708

# ਧਰਮ-ਨਿਰਪੱਖਤਾ ਤੇ ਲੋਕ ਸੰਘਰਸ਼

**ਪ੍ਰਦੀਪ ਮੁਸਾਹਿਬ**

ਜਮਾਤੀ ਸਮਾਜ ਜਦੋਂ ਤੋਂ ਹੋਂਦ ਵਿੱਚ ਆਇਆ ਹੈ, ਉਦੋਂ ਤੋਂ ਹੀ ਤਾਕਤਵਰ ਧਿਰਾਂ ਕਮਜ਼ੋਰ ਧਿਰਾਂ ਜਾਂ ਦੇਸ਼ਾਂ ਉੱਤੇ ਹਮਲੇ ਕਰਦੀਆਂ ਆਈਆਂ ਹਨ। ਇਹਨਾਂ ਹਮਲਿਆਂ ਨੇ ਬਾਅਦ ਵਿੱਚ ਨਿਹੱਕੀਆਂ ਜੰਗਾਂ ਦਾ ਰੂਪ ਅਖਤਿਆਰ ਕਰ ਲਿਆ। ਨਿਹੱਕੀ ਜੰਗਾਂ ਦਾ ਮੁੱਖ ਮੰਤਵ ਆਪਣੇ ਆਪ ਨੂੰ ਵਧੇਰੇ ਸ਼ਕਤੀਸ਼ਾਲੀ ਸਾਬਤ ਕਰਨਾ, ਲੁੱਟ ਖਸੁੱਟ ਨੂੰ ਤੇਜ ਕਰਨਾ ਸੀ ਤੇ ਜੋ ਕੇ ਅੱਜ ਵੀ ਹੈ। ਸਮਾਜ ਵਿੱਚ ਜਦੋਂ ਤੋਂ ਨਿਹੱਕੀ ਜੰਗਾਂ ਹੋਣ ਲੱਗੀਆਂ ਹਨ ਉਸ ਤੋਂ ਬਾਅਦ ਇਹ ਰੁਕਣ ਦਾ ਨਾਅ ਹੀ ਨਹੀਂ ਲੈ ਰਹੀਆਂ ਹਨ। ਹੁਣ ਤਾਂ ਜੰਗ ਵੀ ਖੁਦ ਨਾਲ ਜੰਗ ਕਰ ਰਹੀ ਹੈ । ਹਕੀਕਤ ਇਹ ਵੀ ਹੈ ਕਿ ਇਹ ਜੰਗ ਕਦੇ ਆਪਸੀ ਭਰਾ ਮਾਰ ਲੜਾਈ 'ਚ ਉਲਝਾ ਦਿੰਦੀ ਹੈ।

ਹੱਕੀ ਜੰਗ ਦੀ ਸਭ ਤੋਂ ਵੱਡੀ ਤਾਕਤ ਲੋਕ-ਪੱਖੀ ਨਾਅਰਾ ਹੁੰਦੀ ਹੈ ਜੋ ਸਮਾਜ ਵਿੱਚ ਫੈਲੀ ਗੰਦਗੀ ਖਿਲਾਫ, ਗੈਰ ਬਰਾਬਰਤਾ, ਊਚ-ਨੀਚ ਦੇ ਪਾੜੇ ਖਿਲਾਫ ਜਾਂ ਜਾਬਰ ਹਕੂਮਤਾਂ ਖਿਲਾਫ ਉੱਚੀ ਤੇ ਜੋਸ਼ ਭਰੀ ਆਵਾਜ਼ ਵਿੱਚ ਲਗਾਇਆ ਜਾਂਦਾ ਹੈ ਪਰ ਕਈ ਵਾਰ ਜਲਸਿਆਂ ਅੰਦੋਲਨਾਂ ਵਿੱਚ ਸਮਝਦਾਰ ਆਗੂ ਵੀ ਮਜ਼ਹਬੀ ਨਾਅਰਾ, ਮਜ਼ਹਬੀ ਸਲਾਮ ਜਾਂ ਮਜ਼ਹਬੀ ਗੱਲਾਂ ਕਰਕੇ ਉਸ ਲੋਕ-ਪੱਖੀ ਅੰਦੋਲਨ ਨੂੰ ਜਾਂ ਲੋਕ-ਪੱਖੀ ਇਨਕਲਾਬ ਨੂੰ ਕਮਜ਼ੋਰ ਕਰ ਦਿੰਦੇ ਹਨ। ਭਾਰਤ ਸੰਘਰਸ਼ਾਂ ਦਾ ਗੜ੍ਹ ਰਿਹਾ ਹੈ। ਉਨ੍ਹਾਂ ਵਿੱਚੋਂ ਬਹੁਤ ਸਾਰੇ ਕਾਮਯਾਬ ਤੇ ਬਹੁਤ ਸਾਰੇ ਨਾ-ਕਾਮਯਾਬ ਰਹੇ ਹਨ। ਬਹੁਤ ਸਾਰਿਆਂ ਮਾਮਲਿਆਂ ਵਿਚ ਧਰਮ ਦੀ ਸਿਆਸਤ ਭਾਰੀ ਪੈ ਜਾਂਦੀ ਹੈ ਜੋ ਲੋਕ ਏਕਤਾ ਹੋਣ ਦੀ ਬਜਾਏ ਕਿਸੇ ਇੱਕ ਫਿਰਕੇ ਜਾਂ ਧਰਮ ਦਾ ਬਣ ਕੇ ਰਹਿ ਜਾਂਦੀ ਹੈ। ਸੋ, ਇਸੇ ਤਰ੍ਹਾਂ ਪੰਜਾਬ ਨੂੰ ਅੰਦੋਲਨਾਂ ਸੰਘਰਸ਼ਾਂ ਦੀ ਧਰਤੀ ਕਿਹਾ ਜਾਂਦਾ ਹੈ। ਕਦੇ ਇੱਥੇ ਮੁਗਲਾਂ ਦੇ ਜਬਰ ਖਿਲਾਫ ਬਗਾਵਤ ਉੱਠੀ, ਕਦੇ ਅੰਗਰੇਜ਼ੀ ਹਕੂਮਤ ਦੇ ਖਿਲਾਫ। ਇਹਨਾਂ ਅੰਦੋਲਨਾਂ ਵਿੱਚੋਂ ਬਹੁਤ ਸਾਰੇ ਲੋਕਨਾਇਕ ਵੀ ਉੱਭਰ ਕੇ ਆਏ, ਜਿਹਨਾਂ ਨੇ ਲੋਕਾਂ ਦੀ ਲੁੱਟ ਖਿਲਾਫ ਆਵਾਜ਼ ਉਠਾਈ ਤੇ ਜਾਨਾਂ ਕੁਰਬਾਨ ਕਰ ਗਏ। ਸਮੇਂ-ਸਮੇਂ 'ਤੇ ਜਾਬਰ ਸਰਕਾਰਾਂ ਸੱਤਾ 'ਤੇ ਕਾਬਜ਼ ਹੋਈਆਂ, ਜਿਨ੍ਹਾਂ ਨੇ ਲੋਕ ਮਾਰੂ ਕਾਨੂੰਨ ਬਣਾਏ। ਇਸੇ ਤਰ੍ਹਾਂ ਹੀ 2020 ਵਿੱਚ ਭਾਜਪਾ ਸਰਕਾਰ ਨੇ ਤਿੰਨ ਖੇਤੀਬਾੜੀ ਕਾਨੂੰਨ ਬਣਾਏ ਜੋ ਕਿਸਾਨਾਂ ਮਜ਼ਦੂਰਾਂ ਸਮੇਤ ਹੋਰ ਕਿਰਤੀ ਲੋਕਾਂ ਦੇ ਵਿਰੁੱਧ ਸਨ। ਜਿਸ ਨਾਲ ਮੁਲਕ ਉੱਪਰ ਕਾਰਪੋਰੇਟਾਂ ਦਾ ਜਕੜ ਜੱਫਾ ਹੋਰ ਮਜ਼ਬੂਤ ਹੋ ਜਾਣਾ ਸੀ। ਸੋ, ਇਸ ਦਾ ਵਿਰੋਧ ਵੀ ਪੰਜਾਬ ਦੀ ਧਰਤੀ ਤੋਂ ਹੀ ਸ਼ੁਰੂ ਹੋਇਆ ਪੂਰੇ ਮੁਲਕ ਵਿੱਚ ਹਰ ਵਰਗ ਤਪਕੇ ਨੂੰ ਨਾਲ ਲੈ ਕੇ ਕਿਸਾਨ ਆਗੂ ਵੱਲੋਂ ਦਿੱਲੀ ਦੀਆਂ ਬਰੂਹਾਂ 'ਤੇ ਮੋਰਚਾ ਲਾਇਆ ਗਿਆ ਜੋ ਕਿ ਤਕਰੀਬਨ ਸਵਾ ਸਾਲ ਚੱਲਿਆ ਤੇ ਲੋਕਾਂ ਦੇ ਏਕੇ ਨਾਲ ਫਤਿਹ ਹੋਇਆ।

ਬੇਸ਼ੱਕ ਅੰਦੋਲਨ ਵਿੱਚ ਫਿਰਕਾਪ੍ਰਸਤ ਤਾਕਤਾਂ ਵੀ ਆ ਬੈਠੀਆਂ ਸਨ ਪਰ ਆਮ ਲੋਕਾਂ ਨੇ ਧਰਮ-ਨਿਰਪੱਖਤਾ 'ਤੇ ਡਟਦੇ ਹੋਏ ਇਹਨਾਂ ਤਾਕਤਾਂ ਨੂੰ ਪਛਾੜਿਆ ਅਤੇ ਆਪਣੇ ਹੱਕਾਂ ਅਤੇ ਰੋਜ਼ੀ-ਰੋਟੀ ਦੀ ਲੜਾਈ ਨੂੰ ਪਹਿਲ ਦਿੱਤੀ। ਭਾਵੇਂ ਕਿ ਕੁਝ ਕਿਸਾਨ ਜਥੇਬੰਦੀਆਂ ਆਪਣੇ ਆਪ ਨੂੰ ਧਰਮ-ਨਿਰਪੱਖ ਦੱਸਦੀਆਂ ਹਨ ਤੇ ਲੋਕਾਂ ਦੇ ਹੱਕਾਂ ਦੀ ਲੜਾਈ ਲੜਦੀਆਂ ਹਨ। ਜਦੋਂ ਕਦੇ ਵੀ ਸਰਕਾਰਾਂ ਦੇ ਜਬਰ ਖਿਲਾਫ ਮੋਰਚਾ ਲਗਦਾ ਹੈ ਤਾਂ ਸਟੇਜ ਨੂੰ ਸ਼ੁਰੂ ਕਰਨ ਲਈ ਵਿਸ਼ੇਸ਼ ਧਰਮ ਦੇ ਨਾਅਰਿਆਂ ਵੱਲ ਉੱਲਰਨ ਦੀ ਵਿਰਤੀ ਸਾਹਮਣੇ ਆਉਂਦੀ ਹੈ। ਪੰਡਾਲ ਵਿੱਚ ਆਮ ਲੋਕ ਝੰਡੇ ਫੜੀ ਆਗੂ ਦੀ ਗੱਲ ਸੁਣਨ ਲਈ ਬੈਠੇ ਹੁੰਦੇ ਹਨ ਹੋ ਸਕਦਾ ਹੈ ਉਹ ਲੋਕ ਵੱਖ-ਵੱਖ ਧਰਮਾਂ ਨਾਲ ਸੰਬੰਧਤ ਹੋਣ, ਹੋ ਸਕਦਾ ਹੈ ਕਿ ਉਹਨਾਂ ਲੋਕਾਂ ਵਿਚ ਨਾਸਤਿਕ ਲੋਕ ਵੀ ਬੈਠੇ ਹੋਣ ਪਰ ਜਦੋਂ ਅਸੀਂ ਇੱਕੋ ਧਰਮ ਦਾ ਜੈਕਾਰਾ ਲਗਾ ਦਿੰਦੇ ਹਾਂ ਤਾਂ ਪੰਡਾਲ ਵਿੱਚ ਬੈਠੇ ਵੱਖ-ਵੱਖ ਧਰਮਾਂ ਨਾਲ ਸੰਬੰਧਤ ਲੋਕਾਂ 'ਤੇ ਕੀ ਬੀਤਦੀ ਹੋਵੇਗੀ? ਬੇਸ਼ੱਕ ਪੰਡਾਲ ਵਿਚ ਬੈਠੇ ਲੋਕ ਇਸ ਦਾ ਵਿਰੋਧ ਵੀ ਨਾ ਕਰਨ ਪਰ ਸਾਨੂੰ ਤਾਂ ਕੋਈ ਅਧਿਕਾਰ ਨਹੀਂ ਕਿ ਅਸੀਂ ਉਹਨਾਂ ਦੀ ਆਜ਼ਾਦੀ 'ਤੇ ਰੋਕ ਬਣੀਏ ਤੇ ਉਹਨਾਂ ਦੇ ਨਿੱਜੀ ਮਸਲੇ ਵਿਚ ਦਖਲ ਦਈਏ। ਜਦੋਂ ਮੋਦੀ ਸਰਕਾਰ ਹਰ ਜਗ੍ਹਾ ਹਿੰਦੂ ਰਾਸ਼ਟਰ ਨੂੰ ਬੜ੍ਹਾਵਾ ਦਿੰਦੀ ਹੈ। ਆਪਣੀ ਹਰ ਸਟੇਜ ਤੋਂ "ਜੈ ਸ੍ਰੀ ਰਾਮ" ਦਾ ਨਾਅਰਾ ਲਗਾਉਂਦੀ ਹੈ ਤਾਂ ਇਨਸਾਫ-ਪਸੰਦ ਲੋਕ ਕਹਿੰਦੇ ਹਨ ਕਿ ਮੋਦੀ ਸਰਕਾਰ ਸਾਡੇ 'ਤੇ ਆਪਣਾ ਹਿੰਦੂ ਰਾਸ਼ਟਰ ਵਾਲਾ ਏਜੰਡਾ ਥੋਪਦੀ ਹੈ ਤੇ ਸਾਡੇ ਨਿੱਜੀ ਮਸਲੇ ਵਿਚ ਦਖਲ ਦਿੰਦੀ ਹੈ। ਜੇਕਰ ਮੋਦੀ ਸਰਕਾਰ ਵੱਲੋਂ ਸਾਡੇ 'ਤੇ ਧੱਕੇ ਨਾਲ ਆਪਣੇ ਧਾਰਮਿਕ ਨਾਅਰੇ ਥੋਪਣਾ ਸਹੀ ਨਹੀਂ ਹੈ ਤਾਂ ਕੀ ਅਸੀਂ ਵੀ ਉਸ ਰਸਤੇ 'ਤੇ ਹੀ ਨਹੀਂ ਜਾ ਰਹੇ ਹਾਂ? ਸੰਵਿਧਾਨ 'ਚ ਦਰਜ ਧਰਮ-ਨਿਰਪੱਖਤਾ ਦੇ ਆਧਾਰ ਉੱਤੇ 30 ਸਤੰਬਰ 2024 ਨੂੰ ਸੁਪਰੀਮ ਕੋਰਟ ਨੇ ਤਿਰੂਪਤੀ ਲੱਡੂ ਬਣਾਉਣ ਲਈ ਮਿਲਾਵਟੀ ਘਿਉ ਮਾਮਲੇ 'ਤੇ ਸੁਣਵਾਈ ਦੌਰਾਨ ਸਰਕਾਰ ਨੂੰ ਸਖਤ ਸ਼ਬਦਾਂ ਵਿਚ ਕਿਹਾ ਕਿ ਘੱਟੋ-ਘੱਟ ਰੱਬ ਨੂੰ ਤਾਂ ਸਿਆਸਤ ਤੋਂ ਦੂਰ ਹੀ ਰੱਖਿਆ ਜਾਵੇ। ਲੋਕਾਂ ਦੀ ਜਮਹੂਰੀ ਹੱਕਾਂ ਦੀ ਲੜਾਈ ਵਿਚ ਧਾਰਮਿਕ ਨਾਅਰਿਆਂ ਦੀ ਕੋਈ ਥਾਂ ਨਹੀ ਹੋਣੀ ਚਾਹੀਦੀ।

ਇਸ ਤਰ੍ਹਾਂ ਦੇ ਸੰਘਰਸ਼ਾਂ ਦੇ ਨਾਅਰੇ ਲੋਕ-ਪੱਖੀ ਹੋਣੇ ਚਾਹੀਦੇ ਹਨ ਤਾਂ ਜੋ ਕਿਸੇ ਨੂੰ ਵੀ ਉਹ ਸੰਘਰਸ਼ ਆਪਣਾ ਲੱਗੇ। ਜਿਸ 'ਤੇ ਉਹ ਆਪਣਾ ਸਹਿਯੋਗ ਵੱਧ ਚੜ੍ਹ ਕੇ ਪਾ ਸਕਣ। ਧਰਮ-ਨਿਰਪੱਖਤਾ ਦੇ ਆਧਾਰ 'ਤੇ ਕੀਤੇ ਸੰਘਰਸ਼ ਵਿਸ਼ਾਲ ਹੁੰਦੇ ਹਨ ਤੇ ਜਿੱਤ ਵੱਲ ਵਧ ਸਕਦੇ ਹੁੰਦੇ ਹਨ। ਪਿਛੋਕੜ ਵਿਚ ਕੀਤੇ ਸੰਘਰਸ਼ ਦੀ ਸੇਧ ਧਰਮ-ਨਿਰਪੱਖਤਾ ਦੀ ਸੀ ਜਿਵੇ ਪੈਪਸੂ ਮੁਜ਼ਾਰਾ ਲਹਿਰ, ਮਹਿਲ ਕਲਾਂ ਦੇ ਤਿੰਨ ਲੋਕ-ਪੱਖੀ ਆਗੂਆਂ ਦੀ ਰਿਹਾਈ ਕਰਾਉਣੀ, ਮਹਿਲ ਕਲਾਂ ਦੀ ਸ਼ਹੀਦ ਕਿਰਨਜੀਤ ਕੌਰ ਨੂੰ ਇਨਸਾਫ ਦਿਵਾਉਣ ਲਈ ਕੀਤਾ ਵਿਸ਼ਾਲ ਅੰਦੋਲਨ ਤੇ ਚੰਦਭਾਨ ਦੇ ਮਜ਼ਦੂਰਾਂ ਵੱਲੋਂ ਕੀਤੀ ਜੱਦੋ-ਜਹਿਦ, ਇਹ ਸਾਰੇ ਅੰਦੋਲਨਾਂ ਦੀ ਕਾਮਯਾਬੀ ਪਿੱਛੇ ਲੋਕਾਂ ਦਾ ਏਕਾ ਸੀ। ਉਭਾਰੇ ਜਾਂਦੇ ਨਾਅਰਿਆਂ 'ਚ ਲੋਕਾਂ ਦਾ ਜ਼ਿਕਰ ਹੋਣਾ ਚਾਹੀਦਾ ਹੈ "ਲੋਕ ਏਕਤਾ ਜ਼ਿੰਦਾਬਾਦ", "ਜੈ ਜਨਤਾ ਜੈ ਸੰਘਰਸ਼", "ਜਿੱਤ ਲੜਦੇ ਲੋਕਾਂ ਦੀ" "ਜੈ ਕਿਸਾਨ ਜੈ ਸੰਘਰਸ਼। ਇਸ ਤਰ੍ਹਾਂ ਦੇ ਨਾਅਰਿਆਂ ਨਾਲ ਲੋਕਾਂ ਦੀ ਏਕਤਾ ਹੋਰ ਵੱਡੀ ਹੋਵੇਗੀ ਤੇ ਸੰਘਰਸ਼ਾਂ ਨੂੰ ਜਿੱਤ ਵਾਲੇ ਪਾਸੇ ਲਿਜਾਣਾ ਹੋਰ ਸੁਖਾਲਾ ਹੋ ਜਾਵੇਗਾ। ਕਦਮ-ਵਰ-ਕਦਮ ਇਹ ਸੰਘਰਸ਼ ਮਨੁੱਖ ਦੇ ਹੱਥੋਂ ਮਨੁੱਖ ਦੀ ਲੁੱਟ ਨੂੰ ਖਤਮ ਕਰਨ ਦੇ ਅੰਤਿਮ ਨਿਸ਼ਾਨੇ ਵੱਲ ਵਧਣ ਰਾਹੀਂ ਹਰ ਕਿਸਮ ਦੀ ਲੁੱਟ ਤੇ ਦਾਬੇ ਤੋਂ ਮੁਕਤ ਸੰਸਾਰ ਸਿਰਜਣ ਦੇ ਸਹੀਦ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਵਧਿਆ ਜਾ ਸਕਦਾ ਹੈ। "ਸਾਰੇ ਦੇਸ਼ਾਂ ਦੇ ਦੱਬੇ ਕੁਚਲੇ ਤੇ ਮਿਹਨਤਕਸ਼ ਕਾਮਿਓ ਇੱਕ ਹੋ ਜਾਵੋ।"

# ਸੰਪਰਕ : 91155-51989

24-JUNE-PAGE-5.qxd 6/23/2025 10:44 PM Page 1



# ਪੈਨਸ਼ਨਰ ਖਜ਼ਾਨਾ ਦਫਤਰਾਂ ਅੱਗੇ 3 ਨੂੰ ਫੂਕਣਗੇ ਪੰਜਾਬ ਸਰਕਾਰ ਦੀਆਂ ਅਰਥੀਆਂ

- ਲੀਵ ਇਨਕੈਸ਼ਮੈਂਟ ਤੇ ਹੋਰ ਬਿੱਲ ਕਲੀਅਰ ਨਾ ਹੋਣ 'ਤੇ ਪੈਨਸ਼ਨਰਾਂ 'ਚ ਭਾਰੀ ਰੋਸ
- ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਵੱਲੋਂ 9 ਦੀ ਦੇਸ਼-ਵਿਆਪੀ ਹੜਤਾਲ ਦੀ ਡਟਵੀਂ ਹਮਾਇਤ



ਮੋਗਾ (ਇਕਬਾਲ ਸਿੰਘ ਖਹਿਰਾ)
ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਦੇਸ਼ ਭਰ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 9 ਜੁਲਾਈ ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ।ਇਸ ਹੜਤਾਲ ਸਬੰਧੀ ਵਿਚਾਰ ਚਰਚਾ ਕਰਨ ਵਾਸਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਇੱਥੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਦੇ ਕਾਮਰੇਡ ਸਤੀਸ਼ ਲੂੰਬਾ ਹਾਲ ਵਿੱਚ ਕਾਮਰੇਡ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ ਸੂਬਾਈ ਵਰਕਿੰਗ ਪ੍ਰਧਾਨ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਸ਼ੁਰੂ ਵਿੱਚ ਬੀਤੇ ਦਿਨੀਂ ਅਹਿਮਦਾਬਾਦ ਗੁਜਰਾਤ ਵਿਖੇ ਹੋਏ ਹਵਾਈ ਜਹਾਜ਼ ਹਾਦਸੇ ਵਿੱਚ ਸਦੀਵੀ ਵਿਛੋੜਾ ਦੇ ਗਏ 275 ਵਿਅਕਤੀਆਂ, ਸੀਨੀਅਰ ਪੱਤਰਕਾਰ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਤੇ ਹੋਰ ਵੱਖ ਵੱਖ ਵਿਅਕਤੀਆਂ ਨੂੰ ਯਾਦ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਆਗੂ ਪ੍ਰੇਮ ਚਾਵਲਾ, ਅਵਤਾਰ ਸਿੰਘ ਤਾਰੀ, ਪ੍ਰਿਤਪਾਲ ਸਿੰਘ ਪੰਡੋਰੀ, ਵਿਜੇ ਕੁਮਾਰ ਜਲੰਧਰ, ਮਨਜੀਤ ਸਿੰਘ ਮਨਸੂਰਾਂ, ਮੋਹਨਜੀਤ ਸਿੰਘ ਤੇ ਪਵਿੱਤਰ ਸਿੰਘ ਲੁਧਿਆਣਾ, ਅੰਗਰੇਜ਼ ਸਿੰਘ ਸ੍ਰੀ ਮੁਕਤਸਰ ਸਾਹਿਬ, ਸਤਪਾਲ ਸਹਿਗਲ, ਸਵਰਨ ਸਿੰਘ ਤਰਨਤਾਰਨ, ਬਲਵੰਤ ਸਿੰਘ ਸੰਧੂ ਫਿਰੋਜ਼ਪੁਰ, ਕੁਲਵੰਤ ਸਿੰਘ ਚਾਨੀ, ਸੋਮ ਨਾਥ ਅਰੋੜਾ ਫਰੀਦਕੋਟ, ਦਰਸ਼ਨ ਸਿੰਘ ਥਰੀਕੇ ਲੁਧਿਆਣਾ, ਬਚਿੱਤਰ ਸਿੰਘ ਧੋਥੜ, ਪੋਹਲਾ ਸਿੰਘ ਬਰਾੜ, ਨਸੀਬ ਸਿੰਘ ਜੜੌਤ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ ਨੇ ਸੰਬੋਧਨ ਕਰਦੇ ਹੋਏ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਆਪਣੇ ਸਵਾ ਤਿੰਨ ਸਾਲ ਦਾ ਰਾਜ ਭਾਗ ਪੂਰਾ ਕਰਨ ਤੋਂ ਬਾਅਦ ਵੀ ਪੰਜਾਬ ਦੇ ਸੱਤ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਗਏ ਸਾਰੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ।ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਆਪਣੀ ਹੈਂਕੜਬਾਜ਼ੀ ਨਾਲ ਸੰਘਰਸ਼ਸ਼ੀਲ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਮਸਲੇ ਹੱਲ ਕਰਨ ਦੀ ਥਾਂ ਅੰਦੋਲਨਾਂ ਨੂੰ ਕੁਚਲਣ ਤੇ ਬਦਨਾਮ ਕਰਨ ਦੇ ਰਾਹਾਂ 'ਤੇ ਚੱਲ ਰਹੇ ਹਨ।ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਵੱਖ-ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਵਿੱਚ ਜਨਵਰੀ 2004 ਤੋਂ ਪਹਿਲਾਂ ਭਰਤੀ ਲਗਭਗ ਦੋ ਲੱਖ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਕੀਤਾ ਗਿਆ ਵਾਅਦਾ ਅਜੇ ਤੱਕ ਹਵਾ ਵਿੱਚ ਲਟਕ ਰਿਹਾ ਹੈ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਪੈਨਸ਼ਨਰਾਂ ਲਈ ਸਿਫਾਰਸ਼ ਕੀਤਾ ਗਿਆ 2.59 ਦਾ ਗੁਣਾਂਕ ਵੀ ਲਾਗੂ ਨਹੀਂ ਕੀਤਾ ਗਿਆ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸੋਧੀਆਂ ਗਈਆਂ ਤਨਖਾਹਾਂ ਤੇ ਪੈਨਸ਼ਨਾਂ ਦਾ ਸਾਢੇ ਪੰਜਾਂ ਸਾਲਾਂ ਦਾ ਬਣਦਾ ਬਕਾਇਆ ਪੰਜਾਬ ਸਰਕਾਰ ਨੇ ਲੀਰੋ ਲੀਰ ਕਰਕੇ ਰੱਖ ਦਿੱਤਾ ਹੈ, ਡੀ ਏ ਦੀਆਂ ਚਾਰ ਕਿਸ਼ਤਾਂ ਦੇਣ ਦੇ ਮਾਮਲੇ ਵਿੱਚ ਪੰਜਾਬ ਰਾਜ ਕੇਂਦਰ ਸਰਕਾਰ ਤੇ ਬਹੁਤ ਸਾਰੇ ਰਾਜਾਂ ਨਾਲੋਂ ਬੁਰੀ ਤਰ੍ਹਾਂ ਪੱਛੜ ਗਿਆ ਹੈ।ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 13 ਫੀਸਦੀ ਦੀ ਦਰ ਨਾਲ ਮਹਿੰਗਾਈ ਦੀਆਂ ਚਾਰ ਕਿਸ਼ਤਾਂ ਪੰਜਾਬ ਸਰਕਾਰ ਵੱਲ ਬਕਾਇਆ ਪਈਆਂ ਹਨ। ਪੰਜਾਬ ਸਰਕਾਰ ਮਾਨਯੋਗ ਸਰਵਉੱਚ ਅਦਾਲਤ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਗਏ ਕਈ ਫੈਸਲਿਆਂ ਨੂੰ ਲਾਗੂ ਕਰਨ ਦੀ ਬਜਾਏ ਇਨ੍ਹਾਂ ਦੀ ਸਰਾਸਰ ਉਲੰਘਣਾ ਕਰ ਰਹੀ ਹੈ, ਜਿਸ ਦੀ ਮਿਸਾਲ 17 ਜੁਲਾਈ 2020 ਤੋਂ ਵੱਖ ਵੱਖ ਵਿਭਾਗਾਂ ਵਿੱਚ ਭਰਤੀ ਮੁਲਾਜ਼ਮਾਂ ਵਾਸਤੇ ਸਿੱਖਿਆ ਤੇ ਕਈ ਹੋਰ ਮਹਿਕਮਿਆਂ ਵੱਲੋਂ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਸਬੰਧੀ ਬਣਾਏ ਜਾ ਰਹੇ ਨਵੇਂ ਨਿਯਮਾਂ ਤੋਂ ਮਿਲਦੀ ਹੈ।ਪੰਜਾਬ ਸਰਕਾਰ ਹਰ ਹਰਬਾ ਵਰਤਕੇ ਇਹ ਫੈਸਲੇ ਲਾਗੂ ਕਰਨ ਤੋਂ ਭੱਜ ਰਹੀ ਹੈ।ਮੀਟਿੰਗ ਦੌਰਾਨ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਪੁਰਜ਼ੋਰ ਹਮਾਇਤ ਕਰਦੇ ਹੋਏ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਹੋਣ ਵਾਲੀਆਂ ਸਾਂਝੀਆਂ ਰੈਲੀਆਂ ਵਿੱਚ ਭਰਵੀਂ ਗਿਣਤੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਇਹ ਵੀ ਨਿਰਣਾ ਲਿਆ ਗਿਆ ਕਿ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ 27 ਜੂਨ ਨੂੰ ਸਵੇਰੇ 11 ਵਜੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਮਨਾਏ ਜਾ ਰਹੇ 22ਵੇਂ ਬਰਸੀ ਸਮਾਗਮ ਵਿੱਚ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਮੀਟਿੰਗ ਵਿੱਚ ਪਿਛਲੇ ਤਿੰਨ ਮਹੀਨਿਆਂ ਤੋਂ ਪੰਜਾਬ ਦੇ ਖਜ਼ਾਨਾ ਦਫਤਰਾਂ ਵਿੱਚ ਲਮਕ ਅਵਸਥਾ ਵਿੱਚ ਪਏ ਲੀਵ ਇਨਕੈਸ਼ਮੈਂਟ ਬਿੱਲਾਂ, ਮੈਡੀਕਲ ਪ੍ਰਤੀ ਪੂਰਤੀ ਬਿੱਲਾਂ, ਜੀ ਪੀ ਫੰਡ ਦੀਆਂ ਵੱਖ ਵੱਖ ਅਦਾਇਗੀਆਂ ਤੇ ਕਈ ਹੋਰ ਕਿਸਮ ਦੇ ਬਿੱਲਾਂ ਦੀਆਂ ਪੇਮੈਂਟ ਕਰਨ 'ਤੇ ਲਗਾਈਆਂ ਅਣ-ਐਲਾਨੀਆਂ ਪਾਬੰਦੀਆਂ ਖਿਲਾਫ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 3 ਜੁਲਾਈ ਨੂੰ ਪੰਜਾਬ ਦੇ ਸਮੂਹ ਖਜ਼ਾਨਾ ਦਫਤਰਾਂ ਸਾਹਮਣੇ ਰੋਸ ਪ੍ਰਦਰਸ਼ਨ ਕਰਕੇ ਵਿੱਤ ਮੰਤਰੀ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ।

ਇਸ ਤੋਂ ਇਲਾਵਾ ਕਿਰਤੀਆਂ, ਮੁਲਾਜ਼ਮਾਂ, ਪੈਨਸ਼ਨਰਾਂ ਤੇ ਇਨਸਾਫ ਪਸੰਦ ਲੋਕਾਂ ਦੇ ਹਰ ਸੰਘਰਸ਼ ਵਿੱਚ ਸਹਿਯੋਗੀ ਭਾਰਤੀ ਕਮਿਊਨਿਸਟ ਪਾਰਟੀ ਦੀ 21-25 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਕੌਮੀ ਕਾਨਫਰੰਸ ਨੂੰ ਸਫਲ ਬਣਾਉਣ ਸਬੰਧੀ ਹਰ ਪੱਖੋਂ ਸਹਿਯੋਗ ਕਰਨ ਦਾ ਨਿਰਣਾ ਲਿਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਅਜਮੇਰ ਸਿੰਘ ਪ੍ਰਧਾਨ ਮੋਗਾ, ਭੁਪਿੰਦਰ ਸਿੰਘ ਭਿੰਦਾ, ਦਲਜੀਤ ਸਿੰਘ ਜਗਰਾਉਂ, ਮਨਜੀਤ ਸਿੰਘ ਗਿੱਲ, ਅਜਮੇਰ ਸਿੰਘ ਕੈਸ਼ੀਅਰ ਮੋਗਾ, ਬਲਜੀਤ ਸਿੰਘ ਜਗਰਾਉਂ, ਜੋਗਿੰਦਰ ਸਿੰਘ, ਅਸ਼ਵਨੀ ਕੁਮਾਰ ਫਿਰੋਜ਼ਪੁਰ, ਧਰਮਵੀਰ ਜ਼ੀਰਾ, ਜੋਗਿੰਦਰ ਸਿੰਘ ਜ਼ੀਰਾ, ਸਤਨਾਮ ਸਿੰਘ, ਜਗਦੀਸ਼ ਸਿੰਘ ਜਗਰਾਉਂ, ਗੁਰਮੁੱਖ ਸਿੰਘ ਜਲੰਧਰ, ਅੰਗਰੇਜ਼ ਸਿੰਘ ਸ੍ਰੀ ਮੁਕਤਸਰ ਸਾਹਿਬ, ਮੁਖਤਿਆਰ ਸਿੰਘ ਫਿਰੋਜ਼ਪੁਰ, ਬਾਬੂ ਸਿੰਘ, ਮਹਿੰਦਰ ਸਿੰਘ ਤਰਨ ਤਾਰਨ, ਮਹਿੰਦਰ ਸਿੰਘ ਰੋਪੜ, ਬਲਵੀਰ ਸਿੰਘ, ਸੰਜੀਵ ਕੁਮਾਰ, ਅਮਰੀਕ ਸਿੰਘ ਬਟਾਲਾ, ਕੁਲਵਿੰਦਰ ਸਿੰਘ, ਚਮਕੌਰ ਸਿੰਘ ਤੇ ਗੁਰਚਰਨ ਸਿੰਘ ਆਦਿ ਸ਼ਾਮਲ ਸਨ।

# ਏ ਆਈ ਵਾਈ ਐੱਫ਼ ਵੱਲੋਂ ਬੱਧਨੀ ਖੁਰਦ 'ਚ ਕੈਂਪ ਦਾ ਆਗਾਜ਼



ਮੋਗਾ (ਇਕਬਾਲ ਸਿੰਘ ਖਹਿਰਾ)-ਸਰਵ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਮੋਗਾ ਦੀ ਪਿੰਡ ਬੱਧਨੀ ਖੁਰਦ ਬ੍ਰਾਂਚ ਵੱਲੋਂ ਯੰਗ ਪਾਇਨੀਅਰ ਟ੍ਰੇਨਿੰਗ ਕੈਂਪ ਦਾ ਅਗਜ਼ ਕੀਤਾ ਗਿਆ।ਇਸ ਕੈਂਪ ਦਾ ਉਦਘਾਟਨ ਸਰਵਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਜਗਵਿੰਦਰ ਕਾਕਾ, ਸੀਨੀਅਰ ਮੀਤ ਸਕੱਤਰ ਬੋਹੜ ਬੁੱਟਰ, ਪ੍ਰੈੱਸ ਸਕੱਤਰ ਜਸਪ੍ਰੀਤ ਕੌਰ, ਜ਼ਿਲ੍ਹਾ ਆਗੂ ਸੁਰਿੰਦਰ ਦਾਤੇਵਾਲ ਤੇ ਜਤਿੰਦਰ ਸਿੰਘ ਵੱਲੋਂ ਬੂਟਾ ਲਗਾ ਕੇ ਕੀਤਾ ਗਿਆ।ਆਗੂਆਂ ਨੇ ਦੱਸਿਆ ਕਿ ਵਿਦਿਆਰਥੀਆਂ ਲਈ ਇਹ ਵੱਖਰੇ ਤਰ੍ਹਾਂ ਦਾ ਟ੍ਰੇਨਿੰਗ ਕੈਂਪ ਹੈ, ਜਿਸ ਵਿੱਚ ਵੱਖ ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਵਿਦਿਆਰਥੀ ਆਪਣੀ ਜ਼ਿੰਦਗੀ ਨਾਲ ਸਬੰਧਤ ਚੀਜ਼ਾਂ ਬਾਰੇ ਜਾਣੂ ਹੋ ਰਹੇ ਹਨ।ਉਨ੍ਹਾਂ ਨੂੰ ਜਿੱਥੇ ਉਨ੍ਹਾਂ ਦੀਆਂ ਮਨਪਸੰਦੀ ਖੇਡਾਂ ਬਾਰੇ ਨਵੀਂ ਜਾਣਕਾਰੀ ਦਿੱਤੀ ਜਾ ਰਹੀ ਹੈ, ਉੱਥੇ ਉਨ੍ਹਾਂ ਦੇ ਬੌਧਿਕ ਵਿਕਾਸ ਲਈ ਐਕਟੀਵਿਟੀਆਂ ਜਿਵੇਂ ਕਿ ਵਿਗਿਆਨ ਨਾਲ ਸੰਬੰਧਤ ਪਰਯੋਗ, ਅੱਗ ਦੀ ਖੋਜ ਬਾਰੇ ਜਾਣਕਾਰੀ, ਪੇਂਟਿੰਗ ਦੇ ਜ਼ਰੀਏ ਰੰਗਾਂ ਤੇ ਰੋਸ਼ਨੀ ਬਾਰੇ, ਗਤਕਾ, ਚੈੱਸ ਆਦਿ ਕਰਵਾਈਆਂ ਜਾ ਰਹੀਆਂ ਹਨ। ਮਨੁੱਖੀ ਜੀਵਨ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਜਿਵੇਂ ਅੱਜ ਦਾ ਪ੍ਰਬੰਧ ਸਾਨੂੰ ਕਿਰਤ ਵਿਹੂਣੇ ਕਰ ਨਕਾਰਾ ਬਣਾਉਣਾ ਚਾਹੁੰਦਾ ਹੈ, ਪਰ ਇਸ ਦੇ ਉਲਟ ਜੇ ਅਸੀਂ ਏਕਤਾ ਨਾਲ ਹਰ ਚੀਜ਼ ਨੂੰ ਸਿੱਖ ਆਪਣੀ ਜ਼ਿੰਦਗੀ ਵਿੱਚ ਢਾਲਣ ਦੀ ਕੋਸ਼ਿਸ਼ ਕਰਾਂਗੇ ਤਾਂ ਅਸੀਂ ਇਨ੍ਹਾਂ ਬੁਰਾਈਆਂ ਖਿਲਾਫ਼ ਲੜ ਸਕਦੇ ਹਾਂ।ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸਾਡੇ ਸ਼ਹੀਦਾਂ, ਗੁਰੂਆਂ, ਉਨ੍ਹਾਂ ਦੇ ਜੀਵਨ ਆਦਿ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਵਿੱਚ ਨੈਤਿਕ ਗੁਣਾਂ ਦਾ ਵਿਕਾਸ ਕਰਨ ਲਈ ਉਨ੍ਹਾਂ ਨੂੰ ਧਰਤੀ ਹੇਠਲੇ ਪਾਣੀ ਦੀ ਸੰਭਾਲ, ਦਰੱਖਤ ਲਗਾਉਣ ਤੇ ਗੰਧਲੇ ਹੋ ਰਹੇ ਵਾਤਾਵਰਨ ਨੂੰ ਬਚਾਉਣ ਬਾਰੇ ਵੀ ਦੱਸਿਆ ਗਿਆ। ਰੋਜ਼ਾਨਾ ਬੱਚੇ ਇਸ ਕੈਂਪ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ।ਆਗੂਆਂ ਨੇ ਕਿਹਾ ਕਿ ਇਸ ਪਿੰਡ ਵਿੱਚ ਇਹ ਕੈਂਪ ਇਕ ਤਜਰਬੇ ਦੇ ਤਹਿਤ ਕੀਤਾ ਜਾ ਰਿਹਾ ਹੈ।ਜੇਕਰ ਪੰਜ ਦਿਨਾਂ ਵਿੱਚ ਇਹ ਤਜਰਬਾ ਸਫਲ ਰਿਹਾ ਤਾਂ ਆਉਣ ਵਾਲੇ ਦਿਨਾਂ ਵਿੱਚ ਮੋਗੇ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਅਜਿਹੇ ਕੈਂਪਾਂ ਦਾ ਪ੍ਰਬੰਧ ਕੀਤਾ ਜਾਵੇਗਾ ਤਾਂ ਕਿ ਨਵੀਂ ਪੀੜ੍ਹੀ ਨੂੰ ਅੱਜ ਦੇ ਇਸ ਸਰਮਾਏਦਾਰੀ ਪ੍ਰਬੰਧ ਦੀਆਂ ਕੋਝੀਆਂ ਚਾਲਾਂ ਤੋਂ ਜਾਣੂ ਕਰਵਾ ਕੇ ਨਵੇਂ ਨਰੋਏ ਸਮਾਜ ਦੀ ਉਸਾਰੀ ਲਈ ਅੱਜ ਤੋਂ ਹੀ ਤਿਆਰ ਕੀਤਾ ਜਾ ਸਕੇ ਅਤੇ ਸਮਾਜ ਵਿੱਚ ਫੈਲੀਆਂ ਅਲਾਮਤਾਂ ਤੋਂ ਇਨ੍ਹਾਂ ਨੂੰ ਬਚਾ ਕੇ ਸੁਚੱਜੇ ਵਿਦਿਆਰਥੀ ਨੌਜਵਾਨ ਬਣਾਇਆ ਜਾ ਸਕੇ।ਇਸ ਸਮੇਂ ਸਰਬ ਭਾਰਤ ਨੌਜਵਾਨ ਸਭਾ ਦੇ ਕਰਮਵੀਰ ਕੌਰ ਬਧਨੀ, ਪਿੰਡ ਦੇ ਮੋਹਤਵਰ ਗੁਰਮੀਤ ਧਾਲੀਵਾਲ, ਚਮਕੌਰ ਸਿੰਘ, ਬਲਰਾਜ ਸਿੰਘ, ਨੌਜਵਾਨ ਆਗੂ ਜਤਿੰਦਰ ਸਿੰਘ, ਜੋਤੀ ਧਾਲੀਵਾਲ ਇਸ ਕੈਂਪ ਨੂੰ ਸਫਲ ਬਣਾਉਣ ਲਈ ਭਰਪੂਰ ਸਾਥ ਦੇ ਰਹੇ ਹਨ।

## ਕਾਤਰਾਂ

### ਡੀ ਏ ਪੀ ਤੇ ਯੂਰੀਆ ਦੀ ਕਾਲਾਬਾਜ਼ਾਰੀ ਤੇ ਟੈਗਿੰਗ ਬਰਦਾਸ਼ਤ ਨਹੀਂ ਕਰਾਂਗੇ : ਵੜਿੰਗ

ਸਿਰਸਾ (ਸੁਰਿੰਦਰ ਪਾਲ ਸਿੰਘ)-ਕਿਸਾਨ ਆਗੂ ਬੰਤਾ ਸਿੰਘ ਵੜਿੰਗ, ਪ੍ਰੀਤਮ ਸਿੰਘ ਜਲਾਲਆਣਾ ਤੇ ਗੁਰਨਾਮ ਸਿੰਘ ਦਾ ਕਹਿਣਾ ਹੈ ਕਿ ਇਫਕੋ-ਕ੍ਰਿਭਕੋ, ਪੰਜੂ ਸਹਿਕਾਰੀ ਸਭਾਵਾਂ ਤੇ ਨਿੱਜੀ ਦੁਕਾਨਾਂ ਤੋਂ ਖਾਦਾਂ ਨਾਲ ਜ਼ਬਰਦਸਤੀ ਦਿੱਤੇ ਜਾਣ ਵਾਲੇ ਉਤਪਾਦਾਂ ਨੂੰ ਕਿਸਾਨ ਨਹੀਂ ਲੈਣਗੇ। ਉਨ੍ਹਾਂ ਕਿਹਾ ਕਿ ਸਿਰਸਾ ਜ਼ਿਲ੍ਹੇ ਵਿੱਚ ਰਾਜਸਥਾਨ ਤੋਂ ਸਪਲਾਈ ਕੀਤੀ ਗਈ ਇਫਕੋ ਦੀ ਸਾਗਰਿਕਾ ਖਾਦ ਦੇ ਨਮੂਨੇ ਦੀ ਉੱਚ ਪੱਧਰ 'ਤੇ ਜਾਂਚ ਕੀਤੀ ਜਾਵੇ। ਇਨ੍ਹਾਂ ਕਿਸਾਨ ਆਗੂਆਂ ਨੇ ਕਿਹਾ ਕਿ ਅਸੀਂ ਡੀਏਪੀ, ਯੂਰੀਆ ਖਾਦ ਵਿੱਚ ਕਾਲਾਬਾਜ਼ਾਰੀ ਤੇ ਟੈਗਿੰਗ ਰੋਕਣ ਲਈ ਡਿਪਟੀ ਖੇਤੀਬਾੜੀ ਡਾਇਰੈਕਟਰ ਸਿਰਸਾ ਨੂੰ ਚੇਤਾਵਨੀ ਵੀ ਦਿੱਤੀ, ਪਰ ਕੋਈ ਅਸਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਪੈਸੇ ਦੇ ਲਾਲਚ ਵਿੱਚ, ਭ੍ਰਿਸ਼ਟ ਖੇਤੀਬਾੜੀ ਵਿਭਾਗ ਸਭ ਕੁਝ ਜਾਣਨ ਦੇ ਬਾਵਜੂਦ ਆਪਣੀਆਂ ਅੱਖਾਂ ਬੰਦ ਕਰਕੇ ਬੈਠਾ ਹੈ। ਉਨ੍ਹਾਂ ਕਿਹਾ ਕਿ ਵਿਭਾਗ ਦੇ ਨੱਕ ਹੇਠ ਕਿਸਾਨਾਂ ਨੂੰ ਲੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਰੇ ਸਹਿਕਾਰੀ ਤੇ ਨਿੱਜੀ ਅੱਡਿਆਂ 'ਤੇ ਡੀਏਪੀ ਤੇ ਯੂਰੀਆ ਦੀ ਟੈਗਿੰਗ ਅਤੇ ਕਾਲਾਬਾਜ਼ਾਰੀ ਬੰਦ ਕੀਤੀ ਜਾਵੇ। ਇਸ ਮੌਕੇ ਪਿੰਡ ਕਾਲਾਂਵਾਲੀ, ਦੇਸੂ, ਅਸੀਰ, ਤੱਖਤਮਲ, ਸਿੰਘਪੁਰਾ ਦੇ ਕਿਸਾਨ ਆਗੂ ਉਨ੍ਹਾਂ ਦੇ ਨਾਲ ਸਨ।

### ਕੇਂਦਰੀ ਜੇਲ੍ਹ 'ਚੋਂ ਮੋਬਾਇਲ ਫੋਨ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਹਵਾਲਾਤੀ ਖਿਲਾਫ 52-ਏ ਪ੍ਰੀਸਿਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ 4523 ਰਾਹੀਂ ਯਾਦਵਿੰਦਰ ਸ਼ਰਮਾ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 22 ਜੂਨ 2025 ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ ਹਵਾਲਾਤੀ ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਹਰਪਾਲ ਸਿੰਘ ਵਾਸੀ ਪਿੰਡ ਪੈਡੇਵਾਲ, ਜ਼ਿਲ੍ਹਾ ਅੰਮ੍ਰਿਤਸਰ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਉਪੋ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਰਜਿਸਟ੍ਰੇਸ਼ਨ ਦੀ ਅੰਤਿਮ ਮਿਤੀ 31 ਜੁਲਾਈ : ਡੀ ਸੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਰਜਿਸਟ੍ਰੇਸ਼ਨ ਕਰਨ ਦੀ ਅੰਤਿਮ 31 ਜੁਲਾਈ 2024 ਹੈ। ਅਰਜ਼ੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਜਿਹੜੇ ਬੱਚੇ ਭਾਰਤ ਦੇ ਨਾਗਰਿਕ ਹਨ ਤੇ ਜਿਨ੍ਹਾਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਪਾਇਆ ਗਿਆ ਹੈ, ਉਹ ਬੱਚੇ ਇਸ ਪੁਰਸਕਾਰ ਯੋਜਨਾ ਅਧੀਨ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਵੈੱਬਸਾਇਟ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਦਿੱਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਹਰ ਸਾਲ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਜਿਨ੍ਹਾਂ ਵਿੱਚ ਅਸਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਧਾਰਨ ਉਪਲੱਬਧੀ ਹਾਸਲ ਕੀਤੀ ਹੋਵੇ। ਉਹ ਹੋਣਹਾਰ ਬੱਚੇ ਜਿਨ੍ਹਾਂ ਨੇ ਖੇਡਾਂ. ਸਮਾਜ ਸੇਵਾ, ਵਿਗਿਆਨ ਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ, ਉਹ ਇਸ ਵੱਕਾਰੀ ਪੁਰਸਕਾਰ ਲਈ ਅਪਲਾਈ ਕਰ ਸਕਦੇ ਹਨ।

# ਕੇਜਰੀਵਾਲ ਪੰਜਾਬੀਆਂ ਨੂੰ ਦਬਕੇ ਮਾਰਨ ਦੀ ਰਾਜਨੀਤੀ ਛੱਡ ਕੇ ਦਿੱਲੀ ਬਾਰੇ ਸੋਚੇ : ਤੇਜ ਪ੍ਰਕਾਸ਼ ਕੋਟਲੀ



ਸਾਬਕਾ ਮੰਤਰੀ ਤੇਜਪ੍ਰਕਾਸ਼ ਸਿੰਘ ਕੋਟਲੀ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰ ਕਲਾਂ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਰੱਖੀ ਮੀਟਿੰਗ ਸਮੇਂ।

ਦੋਰਾਹਾ (ਹਰਿਮੰਦਰ ਮੇਹ)-ਗਿੱਲ ਬੇਰਕਲਾਂ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਹਾਜ਼ਰੀ ਵਿੱਚ ਪਿੰਡ ਬੇਰਕਲਾਂ ਵਿਖੇ ਕਾਂਗਰਸੀ ਆਗੂਆਂ ਤੇ ਸਰਗਰਮ ਵਰਕਰਾਂ ਦੀ ਰੱਖੀ ਮੀਟਿੰਗ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਮੰਤਰੀ ਤੇਜਪ੍ਰਕਾਸ਼ ਸਿੰਘ ਕੋਟਲੀ ਨੇ ਕਿਹਾ ਕਿ ਕੇਜਰੀਵਾਲ ਪੰਜਾਬੀਆਂ ਨੂੰ ਦਬਕੇ ਮਾਰਨ ਦੀ ਗੱਲ ਛੱਡ ਕੇ ਦਿੱਲੀ ਦੀ ਜਨਤਾ ਬਾਰੇ ਸੋਚਣ ਕਿ ਕਿਉਂ ਦਿੱਲੀ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਨਕਾਰਿਆ। ਉਨ੍ਹਾ ਕਿਹਾ ਕਿ ਬਦਲਾਅ ਵਾਲੀ ਸਰਕਾਰ ਦੇ ਹਰ ਰੋਜ਼ ਨਵੇਂ ਕਾਰਨਾਮੇ ਸਾਹਮਣੇ ਆ ਰਹੇ ਹਨ, ਕਦੇ ਕਿਸੇ ਵਿਧਾਇਕ ਜਾਂ ਮੰਤਰੀ ਦਾ ਨਾਂਅ ਭ੍ਰਿਸ਼ਟਾਚਾਰ ਨਾਲ ਜੁੜਦਾ ਹੈ, ਕਦੇ ਅਸ਼ਲੀਲ ਵੀਡੀਓ ਆ ਰਹੀਆਂ ਹਨ, ਕਦੇ ਆਮ ਘਰਾਂ ਦੇ ਕਾਕੇ ਹੋਣ ਦਾ ਦਾਅਵਾ ਕਰਨ ਵਾਲੀ ਪਾਰਟੀ ਕਰੋੜਾਂ ਰੁਪਏ ਕੋਠੀਆਂ ਉਪਰ ਖਰਚ ਰਹੀ ਹੈ, ਇਹ ਪੰਜਾਬ ਦੇ ਲੋਕਾਂ ਨੂੰ ਦੱਸਣ ਕਿ ਆਮ ਘਰਾਂ ਦੇ ਕਾਕਿਆਂ ਕੋਲ ਇਨਾ ਰੁਪਿਆ ਕਿੱਥੋਂ ਆ ਰਿਹਾ? ਸਾਬਕਾ ਮੰਤਰੀ ਕੋਟਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਨੂੰ ਬੰਦ ਕਰ ਕੇ ਗਰੀਬ ਮਾਰੂ ਹੋਣ ਦਾ ਸਬੂਤ ਦਿੱਤਾ ਹੈ। ਇਸ ਮੌਕੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਦਿੱਲੀ ਦੀ ਜਨਤਾ ਦੇ ਨਕਾਰੇ ਹੋਏ ਆਗੂ ਹੁਣ ਪੰਜਾਬ 'ਤੇ ਰਾਜ ਕਰਨ ਦੇ ਸੁਪਨੇ ਵੇਖ ਰਹੇ ਹਨ, ਜਦੋਂਕਿ ਪੰਜਾਬ ਦੇ ਲੋਕ ਬਹੁਤ ਸੂਝਵਾਨ ਹਨ, ਜੋ ਕਿ ਬਾਹਰਲਿਆਂ ਨੂੰ ਕਦੇ ਮੂੰਹ ਨਹੀਂ ਲਾਉਂਦੇ। ਉਨ੍ਹਾ ਕਿਹਾ ਕਿ ਸ਼ਹੀਦ ਭਗਤ ਸਿੰਘ ਡਾਕਟਰ ਭੀਮ ਰਾਓ ਅੰਬੇਡਕਰ ਦੀਆਂ ਤਸਵੀਰਾਂ ਲਾਉਣ ਵਾਲੀ ਆਮ ਆਦਮੀ ਪਾਰਟੀ ਸਿਰਫ ਤਸਵੀਰਾਂ ਤੱਕ ਹੀ ਸੀਮਤ ਹੈ।

ਉਨ੍ਹਾ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਬਜਾਏ ਝੂਠੇ ਇਨਕਲਾਬੀ ਹੋਣ ਤੱਕ ਹੀ ਸੀਮਤ ਹੋ ਕੇ ਰਹਿ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਭੈ ਸਿੰਘ ਬੇਰਕਲਾਂ ਜਰਨਲ ਸਕੱਤਰ ਬਲਾਕ ਕਾਂਗਰਸ ਮਲੌਦ, ਸੋਹਣ ਸਿੰਘ ਕੈਨੇਡਾ, ਮੇਘ ਸਿੰਘ ਬੇਰਕਲਾਂ ਸਕੱਤਰ ਬਲਾਕ ਕਾਂਗਰਸ ਮਲੌਦ, ਅਮਰੀਕ ਸਿੰਘ ਪੰਚ, ਜਬਰ ਸਿੰਘ ਸਾਬਕਾ ਸਰਪੰਚ ਕੂਹਲੀ ਕਲਾ, ਧਲਵੰਤ ਸਿੰਘ ਬੇਰਕਲਾਂ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਵਿਅਕਤੀ ਦੇ ਖਾਤੇ 'ਚੋਂ ਟਰਾਂਜੈਕਸ਼ਨ ਰਾਹੀਂ ਅਣਪਛਾਤੇ ਨੇ 2.98 ਲੱਖ ਰੁਪਏ ਉਡਾਏ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ੀਰਾ ਵਿਖੇ ਇਕ ਵਿਅਕਤੀ ਦੇ ਖਾਤੇ ਵਿੱਚੋਂ ਅਣਪਛਾਤੇ ਵਿਅਕਤੀ ਨੇ 2 ਲੱਖ 98 ਹਜ਼ਾਰ 999 ਰੁਪਏ ਟਰਾਂਜੈਕਸ਼ਨ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਾਈਬਰ ਕ੍ਰਾਈਮ ਨੇ ਅਣਪਛਾਤੇ ਵਿਅਕਤੀ ਖਿਲਾਫ 318 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਪਰਮਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਸਤਾਰਾ ਨਗਰ ਜ਼ੀਰਾ ਤਹਿਸੀਲ ਜ਼ੀਰਾ ਨੇ ਦੱਸਿਆ ਕਿ ਉਸ ਦੇ ਖਾਤਾ ਨੰਬਰ 637210110001394 ਆਈਐੱਫਐੱਸਸੀ ਬੀਕੇਆਈਡੀ 0006372 ਵਿੱਚੋਂ 12 ਜਨਵਰੀ 2025 ਨੂੰ 99,999 ਰੁਪਏ ਟਰਾਂਜੈਕਸ਼ਨ ਆਈਡੀ 501200044927 ਰਾਹੀਂ, 13 ਜਨਵਰੀ 2025 ਨੂੰ 90,000 ਰੁਪਏ ਟਰਾਂਜੈਕਸ਼ਨ ਆਈ ਡੀ 501300096119 ਰਾਹੀਂ, 9000 ਰੁਪਏ ਟਰਾਂਜੈਕਸ਼ਨ ਆਈ ਡੀ 501300097010 ਰਾਹੀਂ ਅਤੇ 14 ਜਨਵਰੀ 2025 ਨੂੰ 99,995 ਰੁਪਏ ਟਰਾਂਜੈਕਸ਼ਨ ਆਈ ਡੀ 501400100796 ਰਾਹੀਂ (ਕੁੱਲ ਰਕਮ 2 ਲੱਖ 98 ਹਜ਼ਾਰ 994 ਰੁਪਏ) ਕੱਢਵਾ ਕੇ ਉਸ ਨਾਲ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਬਲਜੋਤ ਸਿੰਘ ਰਾਠੌਰ ਦੀ ਅਗਵਾਈ 'ਚ ਪੁਲਸ ਵੱਲੋਂ ਕਾਰਡਨ ਤੇ ਸਰਚ ਅਭਿਆਨ



ਮਾਲੇਰਕੋਟਲਾ (ਅਸਗਰ ਪਰਿਹਾਰ)-ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਅੱਜ ਡਾਇਰੈਕਟਰ ਜਨਰਲ ਪੁਲਸ, ਪੰਜਾਬ (ਚੰਡੀਗੜ੍ਹ) ਵੱਲੋਂ ਜਾਰੀ ਹੁਕਮਾਂ ਅਨੁਸਾਰ ਇੰਸਪੈਕਟਰ ਜਨਰਲ ਪੁਲਸ ਜੀ.ਆਰ.ਪੀ. ਪਟਿਆਲਾ ਬਲਜੋਤ ਸਿੰਘ ਰਾਠੌਰ ਆਈ.ਪੀ.ਐੱਸ. ਦੀ ਨਿਗਰਾਨੀ ਹੇਠ ਸੀਨੀਅਰ ਕਪਤਾਨ ਪੁਲਸ ਮਾਲੇਰਕੋਟਲਾ ਗਗਨ ਅਜੀਤ ਸਿੰਘ ਪੀ.ਪੀ.ਐੱਸ. ਵੱਲੋਂ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ, ਅਪਰਾਧਿਕ ਤੱਤਾਂ ਦੇ ਨਾਕਾਬੰਦੀ ਕਰਨ ਤੇ ਜਨਤਾ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ ਵਿਸ਼ੇਸ਼ ਕਾਰਡਨ ਤੇ ਸਰਚ ਅਭਿਆਨ ਸਥਾਨਕ ਡਰੱਗ ਹੌਟਸਪੌਰਟ ਮੁੱਹਲਾ ਜਮਾਲਪੁਰਾ ਵਿਖੇ, ਸਬ ਡਵੀਜ਼ਨ ਅਹਿਮਦਗੜ੍ਹ ਪਿੰਡ ਕੰਗਣਵਾਲ ਤੇ ਸਬ ਡਵੀਜ਼ਨ ਅਮਰਗੜ੍ਹ ਪਿੰਡ ਬਾਗੜੀਆਂ ਵਿਖੇ ਚਲਾਇਆ ਗਿਆ। ਇਸ ਮੌਕੇ ਕਪਤਾਨ ਪੁਲਸ ਇਨਵੈਸਟੀਗੇਸ਼ਨ ਸਤਪਾਲ ਸ਼ਰਮਾ, ਉਪ-ਕਪਤਾਨ ਪੁਲਸ ਇਨਵੈਸਟੀਗੇਸ਼ਨ ਸਤੀਸ਼ ਕੁਮਾਰ, ਉਪ ਕਪਤਾਨ ਪੁਲਸ ਸਪੈਸ਼ਲ ਬ੍ਰਾਂਚ ਰਣਜੀਤ ਸਿੰਘ ਵੱਲੋਂ ਸਮੇਤ 70 ਦੇ ਕਰੀਬ ਪੁਲਸ ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ। ਇਸ ਸਰਚ ਅਪ੍ਰੇਸ਼ਨ ਦੌਰਾਨ ਸ਼ੱਕੀ ਵਿਅਕਤੀਆਂ ਨੂੰ ਰਾਊਂਡ ਅੱਪ ਕੀਤਾ ਗਿਆ। ਇੰਸਪੈਕਟਰ ਜਨਰਲ ਪੁਲਸ ਜੀ.ਆਰ.ਪੀ. ਪਟਿਆਲਾ ਬਲਜੋਤ ਸਿੰਘ ਰਾਠੌਰ ਨੇ ਦੱਸਿਆ ਕਿ ਇਹ ਅਭਿਆਨ ਅਪਰਾਧੀਆਂ ਵਿੱਚ ਖੌਫ ਪੈਦਾ ਕਰਨ, ਨਾਜਾਇਜ਼ ਹਥਿਆਰਾਂ, ਨਸ਼ਾ ਤਸਕਰਾਂ ਤੇ ਨਕਲੀ ਸ਼ਰਾਬ ਆਦਿ ਦੇ ਵਿਰੁੱਧ ਚਲਾਇਆ ਗਿਆ। ਇਸ ਅਭਿਆਨ ਦੌਰਾਨ ਕਈ ਸ਼ੱਕੀ ਘਰਾਂ ਆਦਿ ਦੀ ਪੁਲਸ ਵੱਲੋਂ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਸ ਵੱਲੋਂ ਅਜਿਹੇ ਤਲਾਸ਼ੀ ਅਭਿਆਨ ਭਵਿੱਖ ਵਿੱਚ ਵੀ ਕਰਵਾਏ ਜਾਣਗੇ ਤਾਂ ਜੋ ਜ਼ਿਲ੍ਹੇ ਨੂੰ ਅਪਰਾਧ ਰਹਿਤ ਬਣਾਇਆ ਜਾਵੇ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੁਲਸ ਜਨਤਾ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਆਮ ਲੋਕਾਂ ਨੂੰ ਪੰਜਾਬ ਪੁਲਸ ਦਾ ਸਾਥ ਦੇਣ ਦੀ ਅਪੀਲ ਕੀਤੀ ਤੇ ਕਿਹਾ ਜਿਹੜੇ ਵਿਅਕਤੀ ਨਸ਼ਾ ਛੱਡਣਾ ਚਾਹੁੰਦੇ ਹਨ, ਉਹ ਅੱਗੇ ਆਉਣ ਪੁਲਸ ਪ੍ਰਸ਼ਾਸਨ ਪੂਰੀ ਤਰ੍ਹਾਂ ਸਹਾਇਤਾ ਕਰੇਗੀ।

# ਈਰਾਨ 'ਤੇ ਅਮਰੀਕੀ ਹਮਲੇ ਸਿਰੇ ਦੀ ਧੱਕੜ ਤੇ ਹਮਲਾਵਰ ਕਾਰਵਾਈ : ਲਿਬਰੇਸ਼ਨ

ਲੁਧਿਆਣਾ (ਰੈਕਟਰ ਕਥੂਰੀਆ)-ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਅਮਰੀਕਾ ਵੱਲੋਂ ਇਜ਼ਰਾਈਲ ਈਰਾਨ ਜੰਗ ਵਿੱਚ ਕੁੱਦਣ ਤੇ ਈਰਾਨ ਉੱਤੇ ਵੱਡੇ ਹਵਾਈ ਹਮਲੇ ਕਰਨ ਨੂੰ ਸਿਰੇ ਦੀ ਧੱਕੜ ਹਮਲਾਵਰ ਕਾਰਵਾਈ ਕਰਾਰ ਦਿੰਦਿਆਂ ਇਨ੍ਹਾਂ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਸੰਸਾਰ ਦੀ ਸਾਰੀਆਂ ਕੌਮਾਂਤਰੀ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਜੰਗ ਨੂੰ ਬੰਦ ਕਰਵਾਉਣ ਲਈ ਅਮਰੀਕਾ ਇਜ਼ਰਾਈਲ ਉੱਤੇ ਵੱਡਾ ਦਬਾਅ ਪਾਉਣ।ਸੀਪੀਆਈ (ਐੱਮ ਐੱਲ) ਲਿਬਰੇਸ਼ਨ ਪੰਜਾਬ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ, ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ ਤੇ ਸੂਬਾਈ ਬੁਲਾਰੇ ਸੁਖਦਰਸ਼ਨ ਸਿੰਘ ਨੱਤ ਵੱਲੋਂ ਜਾਰੀ ਇਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਇਕ ਮਹਾਂਸ਼ਕਤੀ ਅਮਰੀਕਾ ਵੱਲੋਂ ਅਪਣੇ ਕਾਲੇ ਅਤੀਤ ਨੂੰ ਦੁਹਰਾਉਂਦਿਆਂ ਇਰਾਨ ਦੀ ਪ੍ਰਭੂਸੱਤਾ ਤੇ ਆਜ਼ਾਦੀ ਉੱਤੇ ਘਿਨਾਉਣਾ ਹਮਲਾ ਹੈ, ਹਾਲਾਂਕਿ ਈਰਾਨ ਵੱਲੋਂ ਕਿਸੇ ਵੀ ਦੇਸ਼ ਖਿਲਾਫ ਕੋਈ ਹਮਲਾਵਰ ਕਾਰਵਾਈ ਨਹੀਂ ਕੀਤੀ ਗਈ।ਲਿਬਰੇਸ਼ਨ ਆਗੂਆਂ ਦਾ ਕਹਿਣਾ ਹੈ ਕਿ ਮੋਦੀ ਸਰਕਾਰ ਨੂੰ ਵੀ ਇਸ ਹਮਲੇ ਖਿਲਾਫ ਜ਼ੋਰਦਾਰ ਆਵਾਜ਼ ਉਠਾਉਣੀ ਚਾਹੀਦੀ ਹੈ, ਕਿਉਂਕਿ ਜੇਕਰ ਸਿਰਫ ਸ਼ਾਂਤਮਈ ਮੰਤਵਾਂ ਲਈ ਵੀ ਪ੍ਰਮਾਣੂ ਊਰਜਾ ਨੂੰ ਵਿਕਸਤ ਕਰਨ ਬਦਲੇ ਇਰਾਨ ਉਤੇ ਹਮਲਾ ਕੀਤਾ ਜਾ ਸਕਦਾ ਹੈ ਤਾਂ ਇਨ੍ਹਾਂ ਤਾਕਤਾਂ ਵੱਲੋਂ ਕਿਸੇ ਬਹਾਨੇ ਭਾਰਤ ਸਮੇਤ ਕਿਸੇ ਦੇਸ਼ ਨੂੰ ਕਦੇ ਵੀ ਹਮਲੇ ਦਾ ਨਿਸ਼ਾਨਾ ਬਣਾਇਆ ਜਾ ਸਕਦਾ ਹੈ, ਪਰ ਮੋਦੀ ਸਰਕਾਰ ਵੱਲੋਂ ਸ਼ਰਮਨਾਕ ਢੰਗ ਨਾਲ ਚੁੱਪ ਧਾਰਨ ਕਰਨ ਨਾਲ ਗੁੱਟ ਨਿਰਲੇਪ ਲਹਿਰ ਦੌਰਾਨ ਨਿਭਾਈ ਆਗੂ ਭੂਮਿਕਾ ਸਦਕਾ ਭਾਰਤ ਦੇ ਸੰਸਾਰ ਭਰ ਵਿੱਚ ਬਣੇ ਵਕਾਰ ਨੂੰ ਭਾਰੀ ਸੱਟ ਵੱਜੀ ਹੈ।

# ਪੁਲਸ ਜ਼ਿਆਦਤੀ ਦੇ ਸ਼ਿਕਾਰ ਦਲਿਤਾਂ ਦੀ ਵਕਾਲਤ ਲਈ ਸਤਨਾਮ ਸਿੰਘ ਗਿੱਲ ਐੱਸ ਸੀ ਕਮਿਸ਼ਨ ਦੇ ਮੈਂਬਰ ਨੂੰ ਮਿਲੇ

- ਫਰਜ਼ੀ ਵਕੂਏ ਪੜਤਾਲ ਅਧੀਨ ਲਿਆਉਣ ਲਈ ਕਮਿਸ਼ਨ ਨੇ ਭਰੀ ਹਾਮੀ



ਮੋਗਾ (ਇਕਬਾਲ ਸਿੰਘ ਖਹਿਰਾ)-ਪੁਲਸ ਜ਼ਿਆਦਤੀ ਦੀਆਂ ਵੱਧ ਰਹੀਆਂ ਘਟਨਾਵਾਂ ਨੂੰ ਲੈ ਕੇ ਦਲਿਤ ਹਲਕਿਆਂ 'ਚ ਪੈਦਾ ਹੋਈ ਡਰਾਉਣੀ ਸਥਿਤੀ ਨੂੰ ਲੈ ਕੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਗੁਰਪ੍ਰੀਤ ਸਿੰਘ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਨਾਲ ਮੁਲਾਕਾਤ ਕੀਤੀ।ਦੋਵਾਂ ਵਿਚਕਾਰ ਹੋਈ ਗੈਰ-ਰਸਮੀਂ ਮੁਲਾਕਾਤ ਦੌਰਾਨ ਨਸ਼ਿਆਂ ਦੀ ਰੋਕਥਾਮ ਦੀ ਆੜ ਹੇਠ ਪੁਲਸ ਬਣੀ ਸਿਆਸੀ ਲੀਡਰਾਂ ਦਾ ਹੱਥਠੋਕਾ ਦੇ ਵਿਸ਼ੇ ਤੋਂ ਇਲਾਵਾ ਫਰਜ਼ੀ ਵਕੂਏ ਤੇ ਪੁਲਸ ਦਾ ਰਾਜਨੀਤਕ ਟੋਲੇ ਲਈ ਬੀ ਟੀਮ ਬਣ ਕੇ ਚੱਲਣ ਦੇ ਅਹਿਮ ਮੁੱਦੇ 'ਤੇ ਵਿਸਥਾਰਪੂਰਵਕ ਚਰਚਾ ਕੀਤੀ।ਸਤਨਾਮ ਸਿੰਘ ਗਿੱਲ ਨੇ ਕਮਿਸ਼ਨ ਦੇ ਧਿਆਨ 'ਚ ਲਿਆਂਦਾ ਕਿ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਸਰਕਾਰੀ ਖਜ਼ਾਨੇ ਨੂੰ ਚੂਨਾ ਲਗਾਉਣ ਵਾਲੇ ਵਿਆਜੜੀਏ ਫਰਮਾਂ ਵੱਲੋਂ ਦਲਿਤ ਭਾਈਚਾਰੇ ਦੇ ਕੀਤੇ ਜਾ ਰਹੇ ਆਰਥਿਕ ਸ਼ੋਸ਼ਣ ਨੂੰ ਰੋਕਣ ਲਈ ਇਨਕਮ ਟੈਕਸ ਤੇ ਵਿਜੀਲੈਂਸ ਵਿਭਾਗ ਨੂੰ ਜਾਂਚ ਕਰਵਾਉਣ ਦੀ ਮੰਗ ਕੀਤੀ।ਵਿਭਾਗਾਂ ਵਿੱਚ ਦਲਿਤਾਂ ਦੀਆਂ ਪੈਂਡਿੰਗ ਦਰਖ਼ਾਸਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗਾਂ ਲੈਣ ਲਈ ਗੁਜ਼ਾਰਿਸ਼ ਵੀ ਕੀਤੀ।ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਦਲਿਤਾਂ ਦੇ ਮਾਮਲਿਆਂ 'ਚ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਪੰਜਾਬ ਪੁਲਸ ਐਰੋਸਿਟੀ ਐਕਟ ਨੂੰ ਵਰਤੋਂ 'ਚ ਨਾ ਲਿਆ ਕੇ ਵਿਆਪਕ ਪੱਧਰ 'ਤੇ ਫਰਜ਼ 'ਚ ਕੁਤਾਹੀ ਕਰ ਰਹੀ ਹੈ, ਪਰ ਕੋਈ ਕੰਪੀਟੈਂਟ ਅਥਾਰਟੀ ਇਸ ਮੁੱਦੇ ਦਾ ਸੂ ਮੋਟੋ ਨਹੀਂ ਲੈ ਰਹੀ ਹੈ।ਉਨ੍ਹਾਂ ਨੇ ਕਮਿਸ਼ਨ ਨੂੰ ਅਪੀਲ ਕੀਤੀ ਹੈ ਕਿ ਪੁਲਸ ਦੀ ਭੂਮਿਕਾ 'ਚ ਪਾਰਦਰਸ਼ਤਾ ਲਿਆਉਣ ਲਈ ਯਤਨ ਕੀਤੇ ਜਾਣ।ਸਤਨਾਮ ਸਿੰਘ ਗਿੱਲ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਨੂੰ ਤਜਵੀਜ਼ਸ਼ੁਦਾ ਸ਼ਿਕਾਇਤ ਦੀ ਕਾਪੀ ਸੌਂਪਦਿਆਂ ਕਿਹਾ ਕਿ ਪਿੰਡਾਂ 'ਚ ਦਲਿਤਾਂ ਦੇ ਹਿੱਸੇ ਦੀ ਪੰਚਾਇਤਾਂ ਦੀ ਚੱਲ ਅਚੱਲ ਜਾਇਦਾਦ ਦਾ ਰਾਖਵੇਂ ਕੋਟੇ ਮੁਤਾਬਿਕ ਹਿੱਸਾ ਅਨੁਸੂਚਿਤ ਜਾਤੀ ਦੇ ਲੋਕਾਂ ਨੂੰ ਦਿਵਾਉਣ ਲਈ ਕਮਿਸ਼ਨ ਬਣਦਾ ਫਰਜ਼ ਵੀ ਨਿਭਾਏ।ਪਿੰਡਾਂ 'ਚ ਦਲਿਤਾਂ ਦੇ ਨਾ ਤੇ ਕੱਟੀਆਂ ਫਰਜ਼ੀ ਕਲੋਨੀਆਂ ਦਾ ਸੱਚ ਜੱਗ ਜ਼ਾਹਰ ਕਰਨ ਲਈ ਸਤਨਾਮ ਸਿੰਘ ਗਿੱਲ ਨੇ ਕਮਿਸ਼ਨ ਨੂੰ ਕਲੋਨੀਆਂ ਦੇ ਦੌਰੇ ਕਰਨ ਦੀ ਸਲਾਹ ਦਿੱਤੀ।ਪਹੁੰਚੇ ਚੋਣਵੇਂ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਜੋ ਵੀ ਅਹਿਮ ਮਸਲੇ ਮੇਰੇ ਧਿਆਨ 'ਚ ਲਿਆਂਦੇ ਹਨ, ਉਨ੍ਹਾਂ 'ਤੇ ਫੌਰੀ ਐਕਸ਼ਨ ਵਾਸਤੇ ਉਹ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਮਿਲ ਕੇ ਉਨ੍ਹਾਂ ਤੋਂ ਅਧਿਕਾਰਤ ਪਰਵਾਨਗੀ ਲੈਣ ਉਪਰੰਤ ਸਰਕਾਰੀ ਮਸ਼ੀਨਰੀ ਤੋਂ ਪ੍ਰਭਾਵਿਤ ਪਰਵਾਰਾਂ ਦੀ ਸਾਰ ਵੀ ਲਵਾਂਗੇ ਤੇ ਪੁਲਸ ਜ਼ਿਆਦਤੀ ਦੇ ਮਾਮਲਿਆਂ ਨੂੰ ਸਖਤੀ ਨਾਲ ਨਜਿੱਠਣ ਲਈ ਠੋਸ ਫੈਸਲੇ ਲਵਾਂਗੇ।ਇਸ ਮੌਕੇ ਬਾਬਾ ਹਰਜਿੰਦਰ ਸਿੰਘ ਪੀ ਏ, ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਸੀਨੀਅਰ ਚੇਅਰਮੈਨ ਐਡਵੋਕੇਟ ਗੁਰਪ੍ਰੀਤ ਸਿੰਘ ਬੇਗੋਵਾਲ, ਪੀ ਏ ਗੁਰਪ੍ਰੀਤ ਸਿੰਘ ਖਾਲਸਾ, ਪੀਆਰਓ ਅੰਮ੍ਰਿਤਪਾਲ ਸਿੰਘ ਸ਼ਾਹਪੁਰ ਆਦਿ ਹਾਜ਼ਰ ਸਨ।

# ਬੱਕਰੀ ਪਾਲਕਾਂ ਨੇ ਵਿਧਾਇਕ ਨੂੰ ਦਿੱਤਾ ਮੰਗ ਪੱਤਰ



ਨਾਭਾ (ਵਰਿੰਦਰ ਵਰਮਾ)-ਪੰਜਾਬ ਦੇ ਬੱਕਰੀ ਪਾਲਕਾਂ ਨੇ ਸਕੱਤਰ ਜਸਵੀਰ ਸਿੰਘ ਰੋਹਟਾ ਦੀ ਅਗਵਾਈ 'ਚ ਮੰਗਾਂ ਸਬੰਧੀ ਵਿਧਾਇਕ ਨਾਭਾ ਗੁਰਦੇਵ ਸਿੰਘ ਦੇਵ ਮਾਨ ਨੂੰ ਮੰਗ ਪੱਤਰ ਦਿੰਦਿਆਂ ਕਿਹਾ ਕਿ ਬੇਰੁਜ਼ਗਾਰੀ ਦਾ ਸਾਹਮਣਾ ਕਰਦੇ ਹੋਏ, ਬੱਕਰੀ ਪਾਲਣ ਦਾ ਧੰਦਾ ਸ਼ੁਰੂ ਕਰਕੇ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰਨ ਲੱਗੀ ਹਾਂ।ਇਹ ਧੰਦਾ ਕਰਦਿਆਂ ਸਾਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਧੰਦੇ ਨੂੰ ਲਾਹੇਵੰਦ ਬਣਾਉਣ ਲਈ ਆਪ ਜੀ ਦਾ ਧਿਆਨ ਏਧਰ ਦਿਵਾਉਣਾ ਚਾਹੁੰਦੇ ਹਾਂ।ਇਸ ਧੰਦੇ ਨੂੰ ਪ੍ਰਫੁਲਤ ਕਰਨ ਲਈ ਕੋਈ ਵੀ ਅਦਾਰਾ ਜਾਂ ਸਰਕਾਰੀ ਬੈਂਕ ਸਾਨੂੰ ਘੱਟ ਵਿਆਜ ਵਾਲਾ ਲੋਨ ਜਾਂ ਸਬਸਿਡੀ ਵਾਲਾ ਲੋਨ ਨਹੀਂ ਦੇ ਰਿਹਾ ਹੈ।ਸੋ ਇਸ ਧੰਦੇ ਨੂੰ ਉਤਸ਼ਾਹਤ ਕਰਨ ਲਈ ਘੱਟ ਵਿਆਜ ਜਾਂ ਸਬਸਿਡੀ ਵਾਲੇ ਕਰਜ਼ੇ ਦਾ ਪ੍ਰਬੰਧ ਕਰਵਾਇਆ ਜਾਵੇ।ਬੱਕਰੀ ਪਾਲਣ ਦਾ ਧੰਦਾ ਕਰਦਿਆਂ ਸਾਡੇ ਪਸ਼ੂ ਬਿਮਾਰੀਆਂ ਜਾਂ ਕੁਦਰਤੀ ਆਫਤਾਂ ਜਾਂ ਜ਼ਹਿਰੀਲੀ ਦਵਾਈ ਵਾਲੇ ਚਾਰੇ ਜਾਂ ਸੜਕ ਪਾਰ ਕਰਦਿਆਂ ਨੁਕਸਾਨੇ ਜਾਂਦੇ ਹਨ।ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਸਾਡੇ ਪਸ਼ੂਆਂ ਦਾ ਸਰਕਾਰੀ ਤੌਰ 'ਤੇ ਮੁਫਤ ਬੀਮਾ ਕੀਤਾ ਜਾਵੇ।ਬੱਕਰੀ ਪਾਲਣ ਦੇ ਧੰਦੇ ਦੌਰਾਨ ਬਹੁਤ ਵਾਰ ਸਾਡੇ ਪਸ਼ੂ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ।ਅਸੀਂ ਬਹੁਤੇ ਬੱਕਰੀ ਪਾਲਕ ਘੱਟ ਪੜ੍ਹੇ-ਲਿਖੇ ਤੇ ਗਰੀਬ ਪਰਿਵਾਰਾਂ ਵਿੱਚੋਂ ਹਾਂ, ਇਸ ਲਈ ਅਸੀਂ ਬੇਨਤੀ ਕਰਦੇ ਹਾਂ ਕਿ ਜਿਵੇਂ ਮੱਝਾਂ ਤੇ ਗਾਵਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਂਦੀਆਂ ਹਨ, ਉਸੇ ਤਰ੍ਹਾਂ ਸਾਡੇ ਪਸ਼ੂਆਂ ਲਈ ਨੇੜਲੇ ਪਸ਼ੂ ਹਸਪਤਾਲਾਂ ਵਿੱਚ ਮੁਫਤ ਦਵਾਈਆਂ ਦਾ ਪ੍ਰਬੰਧ ਕਰਵਾਇਆ ਜਾਵੇ। ਬੱਕਰੀਆਂ ਦੀ ਖਰੀਦ ਵੇਚ ਵੱਟ ਲਈ ਪੰਜਾਬ ਵਿੱਚ ਮੱਝਾਂ ਗਾਵਾਂ ਦੀਆਂ ਪਸ਼ੂ ਮੰਡੀਆਂ ਤਰ੍ਹਾਂ ਸਰਕਾਰੀ ਸਹੂਲਤਾਂ ਨਾਲ ਲੈਸ ਮੰਡੀਆਂ ਬਣਾਈਆਂ ਜਾਣ।ਬੱਕਰੀ ਪਾਲਣ ਧੰਦੇ ਨੂੰ ਉਤਸ਼ਾਹਤ ਕਰਨ ਲਈ ਪੰਜਾਬ ਵਿੱਚ ਖਾਲੀ ਪਈਆਂ ਸਰਕ ਜ਼ਮੀਨਾਂ ਨੂੰ ਚਰਾਂਦਾਂ ਵਿੱਚ ਬਦਲਿਆ ਜਾਵੇ।

ਮੰਗ ਪੱਤਰ ਲੈਣ ਉਪਰੰਤ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਬੱਕਰੀ ਪਾਲਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਵੱਲ ਬਹੁਤ ਜਲਦੀ ਧਿਆਨ ਦਿੱਤਾ ਜਾਵੇਗਾ ਤਾਂ ਕਿ ਉਨ੍ਹਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਸਰਬਜੀਤ ਸਿੰਘ ਕਕਰਾਲਾ, ਜਗਸੀਰ ਸਿੰਘ, ਸ਼ੇਰ ਸਿੰਘ ਭੋਜੋਮਾਜਰੀ, ਸੁੱਖੀ ਰੋਹਟਾ, ਵੀਰਾਂ ਆਦਿ ਹਾਜ਼ਰ ਸਨ।

# ਬਿਜਲੀ ਦੀ ਟਰਿੱਪਿੰਗ ਕਾਰਨ ਉਦਯੋਗਪਤੀਆਂ ਦਾ ਵਫ਼ਦ ਐਕਸੀਅਨ ਨੂੰ ਮਿਲਿਆ



ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਧੂਰੀ ਤੇ ਆਲੇ ਦੁਆਲੇ ਦੇ ਉਦਯੋਗਿਕ ਇਲਾਕਿਆਂ ਵਿੱਚ ਆਏ ਦਿਨ ਹੋ ਰਹੀ ਬਿਜਲੀ ਟਰਿੱਪਿੰਗ ਕਾਰਨ ਸੰਗਰੂਰ ਡਿਸਟ੍ਰਿਕਟ ਇੰਡਸਟਰੀ ਚੈਂਬਰ ਧੂਰੀ ਦਾ ਇੱਕ ਵਫ਼ਦ ਪ੍ਰਧਾਨ ਮੁਕੇਸ਼ ਬੰਟੀ ਸਿੰਗਲਾ ਦੀ ਅਗਵਾਈ ਹੇਠ ਪਾਵਰਕਾਮ ਦੇ ਸਥਾਨਕ ਵਧੀਕ ਨਿਗਰਾਨ ਇੰਜੀਨੀਅਰ ਮਨੋਜ ਗਰਗ ਨੂੰ ਉਨ੍ਹਾਂ ਦੇ ਦਫ਼ਤਰ ਵਿੱਚ ਮਿਲਿਆ ਅਤੇ ਵਫ਼ਦ ਨੇ ਦੱਸਿਆ ਕਿ ਬਿਜਲੀ ਦੀ ਵਾਰ-ਵਾਰ ਟਰਿੱਪਿੰਗ ਕਾਰਨ ਉਦਯੋਗਿਕ ਇਕਾਈਆਂ ਨੂੰ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸੀ ਮਸਲੇ ਨੂੰ ਲੈ ਕੇ ਉਦਯੋਗਪਤੀਆਂ ਦੇ ਇਕ ਵਫ਼ਦ ਨੇ ਪਾਵਰਕਾਮ ਦੇ ਐਕਸੀਅਨ ਨੂੰ ਮਿਲ ਕੇ ਆਪਣੇ ਗੰਭੀਰ ਚਿੰਤਾਵਾਂ ਸਾਂਝੀਆਂ ਕੀਤੀਆਂ।ਵੇਰਵੇ ਜਾਰੀ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਟੀ ਸਿੰਗਲਾ ਨੇ ਦੱਸਿਆ ਕਿ ਪਿਛਲੇ ਕੁਝ ਹਫ਼ਤਿਆਂ ਤੋਂ ਸੰਗਰੂਰ ਰੋਡ, ਕਹੇਰੂ ਰੁਡ, ਕੱਚਾ ਪਹਾ, ਧੂਰਾ ਰੋਡ, ਬਾਗੜੀਆਂ ਰੋਡ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬਿਜਲੀ ਦੀ ਮਾੜੀ ਸਪਲਾਈ ਕਾਰਨ ਉਤਪਾਦਨ ਕੰਮਕਾਜ ਠੱਪ ਹੋ ਰਿਹਾ ਹੈ।ਵਿਸ਼ੇਸ਼ ਕਰਕੇ ਆਟੋਮੈਟਿਕ ਮਸ਼ੀਨਰੀ ਤੇ ਨਿਰਭਰ ਉਦਯੋਗਾਂ ਵਿੱਚ ਬਿਜਲੀ ਦੀ ਟਰਿੱਪਿੰਗ ਕਾਰਨ ਮਸ਼ੀਨਾਂ ਦੇ ਖਰਾਬ ਹੋਣ ਅਤੇ ਉਤਪਾਦਨ ਰੁਕਣ ਦੀ ਸਮੱਸਿਆ ਆ ਰਹੀ ਹੈ।ਐੱਸ.ਡੀ.ਓ ਸ਼ਹਿਰੀ ਗੁਰਦੀਪਇੰਦਰ ਸਿੰਘ ਤੇ ਐੱਸ.ਡੀ.ਓ ਦਿਹਾਤੀ ਪ੍ਰਵੀਨ ਸਿੰਗਲਾ ਦੀ ਹਾਜ਼ਰੀ ਵਿੱਚ ਹੋਈ ਮੀਟਿੰਗ ਵਿੱਚ ਵਫ਼ਦ ਨੇ ਪਾਵਰਕਾਮ ਅਧਿਕਾਰੀਆਂ ਨੂੰ ਦੱਸਿਆ ਕਿ ਬਿਜਲੀ ਦੀ ਸਪਲਾਈ ਵਾਰ-ਵਾਰ ਟਰਿੱਪ ਹੋ ਜਾਂਦੀ ਹੈ, ਜਿਸ ਨਾਲ ਨਾ ਸਿਰਫ ਉਤਪਾਦਨ ਪ੍ਰਭਾਵਤ ਹੋ ਰਿਹਾ ਹੈ, ਸਗੋਂ ਕੰਮ ਕਰ ਰਹੇ ਕ੍ਰਮਚਾਰੀਆਂ ਦੀ ਸੁਰੱਖਿਆ ਵੀ ਖਤਰੇ ਵਿੱਚ ਪੈ ਰਹੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਕਾਰਨ ਅਨੇਕ ਉਦਯੋਗਿਕ ਇਕਾਈਆਂ ਬੰਦ ਹੋਣ ਦੀ ਕੰਢੇ 'ਤੇ ਹਨ। ਪਾਵਰਕਾਮ ਦੇ ਵਧੀਕ ਨਿਗਰਾਨ ਇੰਜੀਨੀਅਰ ਮਨੋਜ ਗਰਗ ਨੇ ਵਫ਼ਦ ਦੇ ਮਿਲਣ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਬਿਜਲੀ ਸਪਲਾਈ ਵਿੱਚ ਸੁਧਾਰ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤੇ ਇਸੇ ਹਫ਼ਤੇ ਵਿੱਚ ਹੀ ਉਦਯੋਗਪਤੀਆਂ ਨੂੰ ਯਕੀਨਨ ਹੀ ਟਰਿੱਪਿੰਗ ਰਹਿਤ ਬਿਜਲੀ ਸਪਲਾਈ ਦਿੱਤੀ ਜਾਵੇਗੀ।

# ਲੁੱਟ-ਖੋਹ ਕਰਨ ਵਾਲੇ 48 ਘੰਟਿਆਂ 'ਚ ਕਾਬੂ, ਸੋਨੇ ਦੀਆਂ ਮੁੰਦਰੀਆਂ ਤੇ ਮੋਬਾਇਲ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਪੁਲਸ ਫਿਰੋਜ਼ਪੁਰ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕੀਤੀ ਹੈ। ਇੱਛੇ ਵਾਲਾ ਰੋਡ 'ਤੇ ਹੋਈ ਸਨੈਚਿੰਗ ਦੀ ਘਟਨਾ ਦੇ 48 ਘੰਟਿਆਂ ਦੇ ਅੰਦਰ-ਅੰਦਰ ਪੁਲਸ ਨੇ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸੋਨੇ ਦੀਆਂ ਦੋ ਮੁੰਦਰੀਆਂ ਤੇ ਇੱਕ ਮੋਬਾਈਲ ਫੋਨ ਬਰਾਮਦ ਕੀਤਾ ਹੈ। ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ ਪੀ ਪੀ ਐੱਸ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 17 ਜੂਨ 2025 ਨੂੰ ਸਾਗਰ ਮਲਹੋਤਰਾ ਵਾਸੀ ਗੋਲਡਨ ਇਨਕਲੇਵ ਫੇਸ-2 ਨੇ ਪੁਲਸ ਨੂੰ ਸੂਚਿਤ ਕੀਤਾ ਸੀ ਕਿ ਉਸ ਦੀ ਭੈਣ ਨੇਹਾ ਮੌਂਗਾ 'ਤੇ ਇੱਛੇਵਾਲਾ ਰੋਡ 'ਤੇ ਸਵੇਰੇ 7 ਵਜੇ ਦੋ ਮੋਟਰਸਾਈਕਲ ਸਵਾਰ ਨਾਮਾਲੂਮ ਹਥਿਆਰਬੰਦ (ਕਿਰਪਾਨ ਨਾਲ ਲੈੱਸ) ਅਪਰਾਧੀਆਂ ਨੇ ਹਮਲਾ ਕਰਕੇ ਉਸ ਦਾ ਪਰਸ ਖੋਹ ਲਿਆ, ਜਿਸ ਵਿੱਚ ਸੋਨੇ ਦੇ ਗਹਿਣੇ ਤੇ ਪੈਸੇ ਸਨ। ਸਹਾਇਕ ਥਾਣੇਦਾਰ ਅਯੂਬ ਮਸੀਹ ਥਾਣਾ ਸਿਟੀ ਫਿਰੋਜ਼ਪੁਰ ਨੇ ਤੁਰੰਤ ਕਾਰਵਾਈ ਕਰਦਿਆਂ ਮੁਕੱਦਮਾ ਨੰਬਰ 212 ਮਿਤੀ 18 ਜੂਨ 2025 ਨੂੰ ਆਈਪੀਸੀ ਦੀਆਂ ਧਾਰਾਵਾਂ 304 (2), 3(5) ਤੇ 379/34 ਅਧੀਨ ਦਰਜ ਕੀਤਾ। ਪੁਲਸ ਨੇ ਮਨੁੱਖੀ ਇੰਟੈਲੀਜੈਂਸ ਤੇ ਤਕਨੀਕੀ ਸਾਧਨਾਂ ਦੀ ਵਰਤੋਂ ਕਰਦਿਆਂ 22 ਜੂਨ 2025 ਨੂੰ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ। ਗ੍ਰਿਫਤਾਰ ਵਿਅਕਤੀਆਂ ਦੀ ਪਛਾਣ ਅਕਾਸ਼ ਉਰਫ ਕਾਸ਼ੀ ਪੁੱਤਰ ਜੈਮਸ ਵਾਸੀ ਬਸਤੀ ਆਵਾ ਤੇ ਸਲੀਮ ਉਰਫ ਕਾਲੀ ਪੁੱਤਰ ਬਿੱਟੂ ਵਾਸੀ ਬੁਰਜ ਮੱਖਣ ਸਿੰਘ ਵਾਲਾ (ਹਾਲ ਵਾਸੀ ਬਸਤੀ ਆਵਾ) ਵਜੋਂ ਹੋਈ। ਤਫਤੀਸ਼ ਦੌਰਾਨ ਪੁਲਸ ਨੇ ਦੋਸ਼ੀਆਂ ਤੋਂ ਸੋਨੇ ਦੀਆਂ ਦੋ ਲੇਡੀਜ਼ ਮੁੰਦਰੀਆਂ ਤੇ ਇਕ ਮੋਬਾਈਲ ਫੋਨ ਬਰਾਮਦ ਕੀਤਾ। ਦੋਸ਼ੀਆਂ ਨੇ ਪੰਜ ਹੋਰ ਸਨੈਚਿੰਗ ਦੀਆਂ ਵਾਰਦਾਤਾਂ ਵੀ ਕਬੂਲੀਆਂ ਹਨ, ਜਿਨ੍ਹਾਂ ਦੀ ਜਾਂਚ ਜਾਰੀ ਹੈ। ਐੱਸ ਐੱਸ ਪੀ ਨੇ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖਤ ਕਾਰਵਾਈ ਜਾਰੀ ਰਹੇਗੀ।

# ਸਰਕਾਰ ਗਊ ਤਸਕਰੀ ਤੇ ਗਊਆਂ ਦੀ ਸੁਰੱਖਿਆ ਦੇ ਪੁਖਤਾ ਉਪਰਾਲੇ ਕਰੇ : ਰਮਨ ਵਡੇਰਾ



ਸਮਰਾਲਾ (ਸੁਰਜੀਤ ਸਿੰਘ)
ਸ਼ਿਵ ਸੈਨਾ ਬਾਲ ਠਾਕਰੇ ਯੂਥ ਵਿੰਗ ਦੀ ਇੱਕ ਵਿਸ਼ੇਸ਼ ਮੀਟਿੰਗ ਅੱਜ ਸੂਬਾ ਪ੍ਰਧਾਨ ਰਮਨ ਵਡੇਰਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੰਗਠਨ ਦੀ ਮਜ਼ਬੂਤੀ ਤੇ ਸ਼ਿਵ ਸੈਨਿਕਾਂ ਦੀ ਭਰਤੀ ਮੁਹਿੰਮ ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ।ਇਸੇ ਦੌਰਾਨ ਰਮਨ ਵਡੇਰਾ ਨੇ ਜੈ ਪ੍ਰਕਾਸ਼ ਰਾਏ ਨੂੰ ਸ਼ਿਵ ਸੈਨਾ ਪ੍ਰਵਾਸੀ ਵਿੰਗ ਦਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਅਤੇ ਜੈ ਪ੍ਰਕਾਸ਼ ਨੂੰ ਸਿਰੋਪਾਓ ਭੇਟ ਕਰਕੇ ਨਵੀਂ ਨਿਯੁਕਤੀ ਦਾ ਸਵਾਗਤ ਕੀਤਾ।ਦੌਰਾਨ ਰਮਨ ਵਡੇਰਾ ਨੇ ਪਿੰਡ ਬਘੌਰ ਵਿੱਚ ਸ਼ਰਾਰਤੀ ਅਨਸਰ ਵੱਲੋਂ ਸ਼ੱਕੀ ਜਾਨਵਰ ਮਾਸ ਧਾਰਮਿਕ ਸਥਾਨ 'ਤੇ ਰੱਖਣ ਤੇ ਧਾਰਮਿਕ ਅਸਥਾਨਾਂ ਦੀ ਬੇਅਦਬੀ ਦੀ ਘਟਨਾ ਦੀ ਸਖ਼ਤ ਨਿੰਦਾ ਕੀਤੀ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਬਾਲ ਠਾਕਰੇ ਸੂਬੇ ਵਿੱਚ ਗਊ ਹੱਤਿਆ ਤੇ ਗਊ ਤਸਕਰੀ ਦੇ ਵਧ ਰਹੇ ਅਪਰਾਧਾਂ ਵਿਰੁੱਧ ਚੱਟਾਨ ਵਾਂਗ ਖੜੀ ਹੈ ਅਤੇ ਗਊ ਧਨ ਦੀ ਰੱਖਿਆ ਲਈ ਹਰ ਤਰ੍ਹਾਂ ਦੀ ਕੁਰਬਾਨੀ ਦੇਣ ਲਈ ਤਿਆਰ ਹੈ।ਪੰਜਾਬ ਵਿੱਚ ਗਊ ਤਸਕਰੀ ਦੇ ਵਧ ਰਹੇ ਮਾਮਲਿਆਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹੋਏ ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਿੰਦੂ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਗਊ ਤਸਕਰੀ ਤੇ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਜਾਣ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਗਊਆਂ ਦੀ ਗੈਰ-ਕਾਨੂੰਨੀ ਤਸਕਰੀ ਤੇ ਹੱਤਿਆ ਦੀਆਂ ਘਟਨਾਵਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ।

ਲਿਹਾਜ਼ਾ ਪ੍ਰਸ਼ਾਸਨ ਗਊ ਤਸਕਰੀ ਨੂੰ ਰੋਕਣ ਦੇ ਪੁਖਤਾ ਉਪਰਾਲੇ ਕਰੇ।ਮੰਗ ਕੀਤੀ ਕਿ ਸਰਕਾਰ ਸੰਵੇਦਨਸ਼ੀਲ ਖੇਤਰਾਂ ਵਿੱਚ ਪੁਲਸ ਫੋਰਸ ਦੀ ਤਾਇਨਾਤੀ ਕਰੇ ਅਤੇ ਗਊ ਹੱਤਿਆ ਵਿਰੁੱਧ ਕਾਨੂੰਨ ਬਣਾਵੇ।ਉਨ੍ਹਾਂ ਡੀਜੀਪੀ ਪੰਜਾਬ ਨੂੰ ਪਸ਼ੂ ਬਾਜ਼ਾਰਾਂ, ਆਵਾਜਾਈ ਵਾਹਨਾਂ ਤੇ ਸਰਹੱਦੀ ਖੇਤਰਾਂ ਤੇ ਵਿਸ਼ੇਸ਼ ਨਜ਼ਰ ਰੱਖਣ ਦੀ ਵੀ ਅਪੀਲ ਕੀਤੀ, ਤਾਂ ਜੋ ਗਊ ਤਸਕਰੀ ਨੂੰ ਰੋਕਿਆ ਜਾ ਸਕੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਮੇਂ ਸਿਰ ਸਖ਼ਤੀ ਨਾ ਵਰਤੀ ਗਈ ਤਾਂ ਅਜਿਹੀਆਂ ਘਟਨਾਵਾਂ ਪੰਜਾਬ ਦਾ ਮਾਹੌਲ ਖਰਾਬ ਕਰ ਸਕਦੀਆਂ ਹਨ।ਇਸ ਮੌਕੇ ਪਵਨ ਸਹੋਤਾ, ਵਿਸ਼ਾਲ ਝਾਂਜੀ, ਵਿੱਕੀ ਵਡੇਰਾ, ਮਨੀ ਚੋਪੜਾ, ਰਾਜੇਸ਼ ਛਾਬੜਾ, ਮਹਿੰਦਰ ਪਾਲ, ਪਰਵੀਨ ਕੁਮਾਰ, ਮਮਤਾ ਛਾਬੜਾ, ਕੁਸੁਮ ਲਤਾ, ਨਿਸ਼ਾ ਸ਼ਰਮਾ, ਸੁਮਨ, ਨੇਹਾ ਆਦਿ ਮੌਜੂਦ ਸਨ।

# 28 ਗ੍ਰਾਮ ਹੈਰੋਇਨ ਸਮੇਤ 6 ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਗਸ਼ਤ ਤੇ ਚੈਕਿੰਗ ਦੌਰਾਨ 28 ਗ੍ਰਾਮ ਹੈਰੋਇਨ ਸਮੇਤ 6 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸੀ ਤਾਂ ਦੋਸ਼ੀਆਨ ਰਫੀ ਪੁੱਤਰ ਲਾਲ ਚੰਦ ਵਾਸੀ ਬਸਤੀ ਸ਼ੇਖਾਂ ਵਾਲੀ ਫਿਰੋਜ਼ਪੁਰ ਸ਼ਹਿਰ, ਸ਼ਾਸਵੰਤ ਪੁੱਤਰ ਸਰਵਨ ਸਿੰਘ ਵਾਸੀ ਸ਼ਾਂਤੀ ਨਗਰ ਫਿਰੋਜ਼ਪੁਰ ਸ਼ਹਿਰ ਤੇ ਹਰਵਿੰਦਰ ਸਿੰਘ ਉਰਫ ਰਾਹੁਲ ਪੁੱਤਰ ਸੂਬਾ ਸਿੰਘ ਵਾਸੀ ਬਾਤੀ ਨਗਰ ਫਿਰੋਜ਼ਪੁਰ ਸ਼ਹਿਰ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 9 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਕੈਂਟ ਫਿਰੋਜ਼ਪਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ 'ਤੇ ਸੀ ਤਾਂ ਇਸ ਦੌਰਾਨ ਮੁਖਬਰ ਨੇ ਇਤਲਾਹ ਦਿੱਤੀ ਕਿ ਸਪੈਸਟੀਅਨ ਉਰਫ ਅਜੇ ਪੁੱਤਰ ਸੈਮਸਨ ਉਰਫ ਬਿੱਟੂ ਵਾਸੀ ਮਕਾਨ ਨੰਬਰ 47 ਲਾਲ ਕੁੜਤੀ ਫਿਰੋਜ਼ਪੁਰ ਕੈਂਟ ਨੂੰ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ।

ਥਾਣਾ ਸਦਰ ਫਿਰੋਜ਼ਪੁਰ ਪੁਲਿਸ ਦੇ ਐੱਸਆਈ ਤਰਸੇਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਬੱਬੂ ਪੁੱਤਰ ਅਨੈਤ ਵਾਸੀ ਖਾਈ ਫੇਮੇ ਕੀ ਨੂੰ ਖਾਈ ਵਾਲੀਆਂ ਜੌੜੀਆਂ ਨੇੜੇ ਤੋਂ 7 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਥਾਣਾ ਆਰਿਫ ਕੇ ਪੁਲਸ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਸ਼ੱਕ ਦੀ ਬਿਨਾਅ 'ਤੇ ਨੌਜਵਾਨ ਬਲਜੀਤ ਪੁੱਤਰ ਜੋਗਿੰਦਰ ਵਾਸੀ ਪਿੰਡ ਬੱਗੇ ਕੇ ਪਿੱਪਲ ਨੂੰ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

24- June - Page - 6.qxd 6/23/2025 10:37 PM Page 1



# ਆਸ਼ਾ ਵਰਕਰਾਂ ਵੱਲੋਂ ਸਿਵਲ ਸਰਜਨ ਦਫਤਰ ਅੱਗੇ ਰੋਹ ਭਰਪੂਰ ਰੈਲੀ



ਹੁਸ਼ਿਆਰਪੁਰ, (ਬਲਵੀਰ ਸੈਣੀ) ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸਿਵਲ ਸਰਜਨ ਦਫਤਰ ਹੁਸ਼ਿਆਰਪੁਰ ਅੱਗੇ ਸੰਬੰਧੀ ਦੀ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਕੌਰ ਦੀ ਅਗਵਾਈ ਹੇਠ ਇੱਕ ਵਿਸ਼ਾਲ ਜ਼ਿਲ੍ਹਾ ਪੱਧਰੀ ਰੋਸ ਰੈਲੀ ਕੀਤੀ ਗਈ। ਇਸ ਮੌਕੇ ਜ਼ਿਲ੍ਹੇ ਭਰ ਤੋਂ ਪਹੁੰਚੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਵੱਲੋਂ ਪੰਜਾਬ ਸਰਕਾਰ, ਮੁੱਖ ਮੰਤਰੀ, ਸਿਹਤ ਮੰਤਰੀ ਅਤੇ ਸਿਵਲ ਸਰਜਨ ਖਿਲਾਫ ਜਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਕੌਰ ਨੇ ਸੰਬੋਧਨ ਕਰਦਿਆਂ ਆਖਿਆ ਕਿ ਪਿਛਲੇ ਲਗਭਗ ਦੋ ਦਹਾਕਿਆਂ ਤੋਂ ਪੰਜਾਬ ਅੰਦਰ ਆਸ਼ਾ ਵਰਕਰਾਂ ਆਪਣੀਆਂ ਸੇਵਾਵਾਂ ਪੂਰੀ ਇਮਾਨਦਾਰੀ ਨਾਲ ਪ੍ਰਦਾਨ ਕਰ ਰਹੀਆਂ ਹਨ।ਆਸ਼ਾ ਵਰਕਰਾਂ ਵੱਲੋਂ ਜੱਚਾ-ਬੱਚਾ ਦੀ ਮੌਤ ਦਰ ਨੂੰ ਘਟਾਉਣ, ਸਰਕਾਰੀ ਸਹੂਲਤਾਂ ਲੋਕਾਂ ਤੱਕ ਪਹੁੰਚਾਉਣ, ਅਤੇ ਨੈਸ਼ਨਲ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਸੂਬੇ ਦੀਆਂ ਸਰਕਾਰਾਂ ਵਲੋਂ ਆਸ਼ਾ ਵਰਕਰਾਂ ਨੂੰ ਕੰਮ ਦੇ ਹਿਸਾਬ ਨਾਲ ਮਿਹਨਤਾਨਾ ਨਹੀਂ ਦਿੱਤਾ ਜਾ ਰਿਹਾ ਹੈ। ਮੌਜੂਦਾ ਆਮ ਆਦਮੀਆਂ ਦੀ ਸਰਕਾਰ ਵਲੋਂ ਤਾਂ ਆਸ਼ਾ ਵਰਕਰਾਂ ਨਾਲ ਮੀਟਿੰਗਾਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ ਹੈ। ਪ.ਸ.ਸ.ਫ. ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਜੱਥੇਬੰਦੀ ਦੇ ਮੁੱਖ ਸਲਾਹਕਾਰ ਮਨਜੀਤ ਬਾਜਵਾ ਵਲੋਂ ਸੰਬੋਧਨ ਕਰਦਿਆਂ ਕਿਹਾ ਕਿ ਕੇਵਲ ਜੱਥੇਬੰਦਕ ਸ਼ਕਤੀ ਨਾਲ ਹੀ ਮੰਗਾਂ ਦੀ ਪ੍ਰਾਪਤੀ ਕੀਤੀ ਜਾ ਸਕਦੀ ਹੈ ਅਤੇ ਸਾਂਝੇ ਸੰਘਰਸ਼ਾਂ ਸਦਕਾ ਹੀ ਸਰਕਾਰਾਂ ਨੂੰ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕਦਾ ਹੈ। ਸਿਵਲ ਸਰਜਨ ਹੁਸ਼ਿਆਰਪੁਰ ਵਲੋਂ ਰੈਲੀ ਦੇ ਰੋਹ ਨੂੰ ਦੇਖਦਿਆਂ ਆਗੂਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਆਗੂਆਂ ਵਲੋਂ ਕੀਤੀ ਗਈ ਮੰਗ ਦੇ ਤਹਿਤ ਸਿਵਲ ਸਰਜਨ ਵਲੋਂ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਸਿਵਲ ਹਸਪਤਾਲ ਵਿਖੇ ਆਸ਼ਾ ਵਰਕਰਾਂ ਲਈ ਰੈਸਟ-ਰੂਮ, ਈ.ਐਸ.ਆਈ ਹਸਪਤਾਲ ਵਿਖੇ ਆਸ਼ਾ ਵਰਕਰਾਂ ਨੂੰ ਕੀਤੇ ਜਾ ਰਹੇ ਤੰਗ-ਪ੍ਰੇਸ਼ਾਨ ਦੇ ਮਸਲਿਆਂ ਦਾ ਮੌਕੇ 'ਤੇ ਹੀ ਸਥਾਈ ਨਿਪਟਾਰਾ ਕਰ ਦਿੱਤਾ ਗਿਆ ਅਤੇ ਆਸ਼ਾ ਵਰਕਰਾਂ ਨਾਲ ਸਬੰਧਿਤ ਮੰਗਾਂ ਨੂੰ ਸਿਫਾਰਿਸ਼ ਸਹਿਤ ਉੱਚ ਅਧਿਕਾਰੀਆਂ ਤੱਕ ਪਹੁੰਚਾਉਣ ਦਾ ਵਾਅਦਾ ਕੀਤਾ।ਇਸ ਰੈਲੀ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਜਸਵੀਰ ਕੌਰ ਚੱਕੋਵਾਲ, ਰਾਜ ਕੁਮਾਰੀ ਟਾਂਡਾ, ਮਨਜੀਤ ਕੌਰ ਬੁੱਢਾਵਾੜ, ਰਸ਼ਮਾ ਰਾਣੀ ਹਾਜੀਪੁਰ, ਨਸੀਬ ਕੌਰ ਭੂੰਗਾ, ਸੁਖਵਿੰਦਰ ਕੌਰ ਈ.ਐਸ.ਆਈ. ਰਜਨੀ ਸ਼ਰਮਾ, ਰੂਬੀ ਬਾਲਾ, ਪਰਮਿੰਦਰ ਕੌਰ, ਮਨਿੰਦਰ ਕੌਰ, ਪ.ਸ.ਸ.ਫ. ਆਗੂ ਗੁਰਬਚਨ ਸਿੰਘ ਨੇ ਵੀ ਸੰਬੋਧਨ ਕੀਤਾ।

## PUBLIC NOTICE

I, Vijay Kumar S/o Mool Raj R/o H.No.WS61, Sattran Mohalla, Basti Sheikh, Jalandhar City. Affirming that I have lost Original Sale Deed bearing No.3242 Dated 23.09.2013 S.R Jalandhar-2 anywhere at Basti Sheikh on 10.06.2025 of the property situated at Plot No.342-A, Abadi Guru Ramdas Nagar Enclave (Sher Singh Colony), Basti Peer Daad Khan, Teh & Distt. Jalandhar comprised in khasra No. 46//6/2, 7/1, 14/3, 15, 16, 17/1, 24/2, 25, 28, 47//11, 19/2, 20, 51//4, 5, 47//21, 22, 50//1, 2 etc. I have lodged the complaint S.R.No.602733/2025 Dated 19.06.2025 at PSOC Div.No.5, Jalandhar. Though if any person found or any objection regarding the same. Kindly contact me Vijay Kumar Mob: 9872329883. All please note.

## PUBLIC NOTICE

It hereby informs to public at large that Ashish. has avail loan from AU SMALL FINANCE BANK LIMITED have its branch office at Hoshiarpur. Ashish S/o Shiv Shankar owned Property Measuring 5 Marla 1 Sq. Feet comprising under Khasra No. 74//21/4 Situated at Village Khwaspur, Tehsil and District Hoshiarpur. That earlier Sale Deed No.7436 dated 26.12.2012 is lost and not traceable. There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/financial institution may approach the Lalit Kakkar (Advocate) Off. : Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

## ਅਦਾਲਤੀ ਇਸ਼ਤਿਹਾਰ

**Proclamation under order 5 Rule 20 CPC**

ਬਾ ਅਦਾਲਤ ਵਰਿੰਦਰ ਭਾਟੀਆ ਤਹਿਸੀਲਦਾਰ ਬਾ ਅਖਤਿਆਰਾਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ ਜ਼ਿਲ੍ਹਾ ਲੁਧਿਆਣਾ।

ਮਿਸਲ ਨੰਬਰ 99 ਤੋਂ 103 /ਤਹਿ

ਗੁਰਸੇਵਕ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਮਸਤਾਨ ਸਿੰਘ 2. ਹਰਵਿੰਦਰ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਮਸਤਾਨ ਸਿੰਘ ਵਾਸੀਆਨ ਪਿੰਡ ਸਵੱਦੀ ਖਾਸ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ। ਸਾਇਲ

ਬਨਾਮ

ਹਰਪਾਲ ਕੌਰ ਵਿਧਵਾ ਬਲਜੀਤ ਸਿੰਘ 2. ਹਾਕਮ ਸਿੰਘ ਪੁੱਤਰ ਬਲਜੀਤ ਸਿੰਘ 3. ਮਨਮੋਹਣ ਸਿੰਘ ਪੁੱਤਰ ਪਲਵਿੰਦਰ ਸਿੰਘ 5. ਹਰਦੀਪ ਕੌਰ ਪੁੱਤਰੀ ਬਲਜੀਤ ਸਿੰਘ 6. ਗੁਰਪ੍ਰੀਤ ਸਿੰਘ ਪੁੱਤਰ ਜਗਤਾਰ ਸਿੰਘ 7. ਪ੍ਰੀਤਮ ਕੌਰ ਵਿਧਵਾ ਬੰਤ ਸਿੰਘ 8. ਅਰਸ਼ਦੀਪ ਸਿੰਘ ਪੁੱਤਰ ਗੁਰਜਿੰਦਰ ਸਿੰਘ 9. ਸਰਬਜੀਤ ਕੌਰ ਵਿਧਵਾ ਗੁਰਜਿੰਦਰ ਸਿੰਘ 10. ਗੁਰਜੋਤ ਸਿੰਘ ਪੁੱਤਰ ਗੁਰਦਰਸ਼ਨ ਸਿੰਘ 11. ਜਸਮਨਵੀਰ ਸਿੰਘ ਪੁੱਤਰ ਮਨਜੀਤ ਸਿੰਘ 12. ਗੁਰਦੀਪ ਸਿੰਘ ਪੁੱਤਰ ਹਰੀ ਸਿੰਘ 13. ਦਲਜੀਤ ਕੌਰ ਵਿਧਵਾ ਪਰਮਿੰਦਰ ਸਿੰਘ 14. ਰਵਿੰਦਰ ਸਿੰਘ ਪੁੱਤਰ ਪਰਮਿੰਦਰ ਸਿੰਘ 15 ਖੁਸ਼ਵਿੰਦਰ ਸਿੰਘ ਪੁੱਤਰ ਪਰਮਿੰਦਰ ਸਿੰਘ 16. ਗੁਰਚਰਨ ਸਿੰਘ ਪੁੱਤਰ ਗੁਰਦੀਪ ਸਿੰਘ 17. ਹਰਮਨਦੀਪ ਸਿੰਘ ਪੁੱਤਰ ਗੁਰਦੀਪ ਸਿੰਘ 18. ਬਲਵੀਰ ਕੌਰ ਵਿਧਵਾ ਗੁਰਦਰਸ਼ਨ ਸਿੰਘ 19. ਕੁਲਜੀਤ ਕੌਰ ਪੁੱਤਰੀ ਗੁਰਦਰਸ਼ਨ ਸਿੰਘ 20. ਹਰਜੰਟ ਸਿੰਘ ਪੁੱਤਰ ਗੁਰਦਰਸ਼ਨ ਸਿੰਘ 21. ਗੁਰਪ੍ਰੀਤ ਸਿੰਘ ਪੁੱਤਰ ਪਰਮਿੰਦਰ ਸਿੰਘ 22. ਜਸਵਿੰਦਰ ਕੌਰ ਪੁੱਤਰੀ ਜਤਿੰਦਰ ਸਿੰਘ 23. ਗੁਰਵਿੰਦਰ ਸਿੰਘ ਪੁੱਤਰ ਰਾਜਿੰਦਰ ਸਿੰਘ 24. ਜਗਜੀਤ ਸਿੰਘ ਪੁੱਤਰ ਰਾਜਿੰਦਰ ਸਿੰਘ 25. ਬਲਵਿੰਦਰ ਸਿੰਘ ਪੁੱਤਰ ਵਿਜੈ ਕੁਮਾਰ 26. ਬਲਵੰਤ ਸਿੰਘ ਪੁੱਤਰ ਪਰਮਜੀਤ ਸਿੰਘ 27. ਓਰੀਐਂਟਲ ਬੈਂਕ ਆਫ ਕਾਮਰਸ ਹੁਣ ਪੰਜਾਬ ਨੈਸ਼ਨਲ ਬੈਂਕ ਬਰਾਂਚ ਸਵੱਦੀ 28. ਸਟੇਟ ਬੈਂਕ ਆਫ ਪਟਿਆਲਾ ਹੁਣ ਸਟੇਟ ਬੈਂਕ ਆਫ ਇੰਡੀਆ ਬਰਾਂਚ ਸਵੱਦੀ 29. ਕੇਨਰਾ ਬੈਂਕ ਬਰਾਂਚ ਸੁਧਾਰ 30. ਓਰੀਐਂਟਲ ਬੈਂਕ ਆਫ ਕਾਮਰਸ (ਪੀ.ਐੱਨ.ਬੀ. ਮਿੱਲਰ ਗੰਜ ਲੁਧਿਆਣਾ)। ਉੱਤਰਵਾਦੀਆਨ

ਅਰਾਜੀ ਵਾਕਿਆ ਪਿੰਡ ਸਵੱਦੀ ਖਾਸ ਤਹਿਸੀਲ, ਜਗਰਾਉਂ, ਜ਼ਿਲ੍ਹਾ ਲੁਧਿਆਣਾ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦੈਅਲਮ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 30/6/2025 ਨੂੰ ਸਵੇਰੇ 10 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦੈਅਲਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਕ ਉੱਤੇ ਆਪ ਜਾਂ ਕਿਸੇ ਵਕੀਲ ਰਾਹੀਂ ਇਸ ਅਦਾਲਤ ਵਿਚ ਪੇਸ਼ ਹੋਵੇ ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 16/6/25 ਨੂੰ ਮੇਰੇ ਦਸਤਖਤਾ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 507/ਰੀਡਰ ਮਿਤੀ : 16/6/25 — ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ।

# ਪੀਰ ਬਾਬਾ ਮਦਰੀ ਸ਼ਾਹ ਸਰਕਾਰ ਦਾ 11ਵਾਂ ਸਾਲਾਨਾ ਸੂਫ਼ੀਆਨਾ ਮੇਲਾ ਕਰਵਾਇਆ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਪੀਰ ਬਾਬਾ ਮਦਰੀ ਸ਼ਾਹ ਸਰਕਾਰ ਦਾ 11ਵਾਂ ਸਾਲਾਨਾ ਸੂਫ਼ੀਆਨਾ ਮੇਲਾ ਮੁਹੱਲਾ ਟਿੱਬਾ ਸਾਹਿਬ ਨਜ਼ਦੀਕ ਪ੍ਰਭਾਤ ਚੌਕ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਇਸ ਮੌਕੇ ਮੇਲੇ ਦੇ ਪਹਿਲੇ ਦਿਨ ਮਹਿੰਦੀ ਦੇ ਝੰਡੇ ਦੀ ਰਸਮ ਕਰਨ ਉਪਰੰਤ ਕੱਵਾਲ ਇਮਰਾਨ ਸਾਬਰੀ ਦਸੂਹਾ ਅਤੇ ਸਾਥੀਆਂ ਨੇ ਕੱਵਾਲੀਆਂ ਦਾ ਗਾਇਨ ਕਰਕੇ ਸਰੋਤਿਆਂ ਨੂੰ ਮੰਤਰ ਮੁਗਧ ਕਰ ਦਿੱਤਾ। ਦੂਜੇ ਦਿਨ ਸ਼ਾਮ ਸਮੇਂ ਆਰੰਭ ਹੋਏ ਸੂਫ਼ੀਆਨਾ ਗਾਇਕੀ ਦੀ ਮਹਿਫ਼ਿਲ ਵਿਚ ਪ੍ਰਸਿੱਧ ਮਨਾਵਾ ਅਤੇ ਮਿਰਜ਼ਬਾਨੀ ਕੌਰ ਨਰਿੰਦਰ ਨੇ 'ਬੋਲ ਮਿੱਟੀ ਦੇ ਬਾਵਿਆ', 'ਨੀ ਮੈਂ ਪੀਰ ਮਨਾਵਣ ਚੱਲੀ ਆਂ', 'ਇਸ਼ਕੇ ਦੀ ਮਾਰੀ ਦੇ ਮੈਂ ਝੱਲੀ ਹੋ ਗਈ', ਪੰਜਾਬੀ ਗਾਇਕਾਂ ਤੇ ਹੋਰ ਸੂਫ਼ੀਆਨਾ ਗਾਇਕੀ ਦੇ ਕਲਾਮ ਪੇਸ਼ ਕੀਤੇ। ਇਸ ਤੋਂ ਇਲਾਵਾ ਵਿਨੋਦ ਖਾਨ, ਗੌਰਵ ਅਲਾਂਵਲਪੁਰ, ਰਾਹਨ ਅਲਾਵਲਪੁਰ ਨੇ ਵੀ ਸੂਫ਼ੀਆਨਾ ਰੰਗਤ ਵਾਲੀ ਗਾਇਕੀ ਨਾਲ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਇਸ ਮੌਕੇ ਪੀਰ ਬਾਬਾ ਮੱਦਰੀ ਸ਼ਾਹ ਸਰਕਾਰ ਪ੍ਰਬੰਧਕੀ ਕਮੇਟੀ ਨੇ ਆਈਆਂ ਹੋਈਆਂ ਸ਼ਖ਼ਸੀਅਤਾਂ, ਗਾਇਕਾਂ, ਕਲਾਕਾਰਾਂ ਤੇ ਫਕੀਰ ਲੋਕਾਂ ਨੂੰ ਸਨਮਾਨਿਤ ਕੀਤਾ। ਮੰਚ ਸੰਚਾਲਨ ਅਨਿਲ ਕੁਮਾਰ ਨੇ ਕੀਤਾ। ਇਸ ਮੌਕੇ ਓਮ ਪ੍ਰਕਾਸ਼, ਅਤੁਲ, ਅਸ਼ੋਕ ਕੁਮਾਰ, ਹੈਪੀ, ਰਾਹੁਲ, ਪੁਨੀਤ ਭੱਟੀ, ਸਾਹਿਲ, ਗੁਰਿੰਦਰਜੀਤ, ਕ੍ਰਿਸ਼, ਹਨੀ, ਰੀਨੀ, ਸੁਖਵਿੰਦਰ ਸੋਹਲ, ਰਾਜਾ, ਬਿੰਦਰ, ਸੰਜੀਵ ਕੁਮਾਰ, ਵਿਕਾਸ ਸ਼ਰਮਾ, ਸੰਜੇ, ਹਰਦੇਵ, ਪਿੰਕੀ, ਮਨੋਜ, ਰੋਹਿਤ ਕੋਹਲੀ,ਜਸਕਰਨ, ਰਵਿੰਦਰ ਸੋਹਲ, ਸਾਹਿਲ, ਪ੍ਰੀਤ, ਪ੍ਰਿੰਸ ਅਤੇ ਸੰਮਤ ਵੱਡੀ ਗਿਣਤੀ ਵਿਚ ਸ਼ਰਧਾਲੂ ਹਾਜ਼ਰ ਸਨ।


## ਉੱਤਰ ਰੇਲਵੇ

**ਭੰਡਾਰ ਦੀ ਸਪਲਾਈ ਲਈ ਨਿਵਿਦਾ ਮੰਗ**
**ਇਲੈਕਟ੍ਰੋਨਿਕ ਨਿਵਿਦਾ ਈ-ਪ੍ਰਣਾਲੀ ਦੇ ਤਹਿਤ**

ਟੈਂਡਰ ਨੋਟਿਸ ਨੰ.:-06/2025-2026 ਮਿਤੀ 19.06.2025

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਉਪ ਮੁਖ ਸਮਗਰੀ ਪ੍ਰਬੰਧਕ/ ਉਤਰ ਰੇਲਵੇ /ਭੰਡਾਰ ਡਿਪੋ/ਯਾਂਤਰਿਕ ਕਾਰਖਾਨਾ/ਅੰਮ੍ਰਿਤਸਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤ੍ਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|
| 1 | 62255145 | Slack Adjuster complete for BVCM wagon, type IRSA-600 with control rod. RDSO DRG NO: WD-82064-S-01-RC ALT 12 or latest, Item no. 01 to 48. RDSO Spec no. 07-ABR-1992 Amendment no. 5 of Sept 2016. | 480 Nos. | 21.07.25 |
| 2 | 62255139 | SET OF HEAD STOCK ASSEMBLY COMPLETE (L.H 02 nos/set & R.H 02 nos/set) FOR BVCM WAGON Drg.No. BVCM:- 803, Ref drg:- WD-15009-S-5, ALT.5 or latest, ITEM NO.3, Material Spec :- IS:5986 Fe360. | 480 Sets | 16.07.25 |

ਨਿਵਿਦਾ ਸ਼ਰਤਾਂ- ireps ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹੈ। ਸਾਰੇ ਇੱਛੁਕ ਵਿਕ੍ਰੇਤਾਵਾਂ ਨੂੰ ਈ-ਨਿਵਿਦਾ ਵਿਚ ਭਾਗ ਲੈਣ ਅਤੇ ਰਜਿਸਟਰੇਸ਼ਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਏਜੰਸੀ ਤੋਂ ਕਲਾਸ-III ਡਿਜਿਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੈ) ਕਰਨਾ ਹੋਵੇਗਾ। ਹੱਥ ਨਾਲ ਲਿਖੇ ਟੈਂਡਰ ਸਵੀਕ੍ਰਿਤ ਨਹੀਂ ਕੀਤੇ ਜਾਣਗੇ।

1883/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**AXIS BANK** Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: 'Trishul', 3rd Floor, opposite Samartheswar Temple, Law garden, Ellisbridge, Ahmadabad- 380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।


ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ/ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁ. 'ਚ) |
|---|---|---|
| 1. | 1. ਸ੍ਰੀਮਤੀ ਮਨਦੀਪ ਕੌਰ ਪੁੱਤਰੀ ਸ. ਜਸਪਾਲ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਬਲਜੀਤ ਕੌਰ ਪਤਨੀ ਜਸਪਾਲ ਸਿੰਘ (ਸਹਿ-ਕਰਜ਼ਦਾਰ) | 09 ਦਸੰਬਰ 2024/09 ਜਨਵਰੀ 2025 / 20 ਜਨਵਰੀ 2025 / ਰੁ. 19,45,795/- (ਉੱਨੀ ਲੱਖ ਪੰਜਤਾਲੀ ਹਜ਼ਾਰ ਸੱਤ ਸੌ ਪਚਾਨਵੇਂ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ :- ਬੈਨਾਮਾ ਦਸਤਾਵੇਜ਼ ਨੰ. 2019-20/146/1/5138 ਮਿਤੀ 11 ਮਾਰਚ 2020 ਅਨੁਸਾਰ ਮਨਦੀਪ ਕੌਰ ਪੁੱਤਰੀ ਸ. ਜਸਪਾਲ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਰਕਬਾ 4.5 ਮਰਲੇ (112.50 ਵਰਗ ਗਜ਼) 3 ਨਿਰਮਤ ਮਕਾਨ, ਖਸਰਾ ਨੰ. 5//16/1, 16/2, 17/3, 24/1, 25, 6//20, 21, 22, 9//1/2, 2 ਖੇਵਟ ਨੰ. 256, ਖਤੌਨੀ ਨੰ. 345, ਜਮ੍ਹਾਂਬੰਦੀ ਸਾਲ 2014-2015, ਹਦਬਸਤ ਨੰ. 211, ਬਟਾਲਾ ਗਰਬੀ, ਸ਼ਾਂਤੀ ਨਗਰ, ਨੇੜੇ ਸੁਹਾਗ ਪੈਲੇਸ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਮੇਨ ਗਲੀ, ਪੱਛਮ : ਵਰਿੰਦਰ ਕੁਮਾਰ ਦੀ ਮਾਲਕੀ, ਉੱਤਰ : ਸੋਨੀਆ ਦੀ ਮਾਲਕੀ, ਦੱਖਣ : ਗਲੀ।

24.06.2025, ਸਥਾਨ : ਲੁਧਿਆਣਾ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ


# ਉਰਦੂ ਆਮੋਜ਼ ਜਮਾਤ ਦੇ ਦਾਖ਼ਲੇ ਲਈ ਅਰਜ਼ੀਆਂ ਦੀ ਮੰਗ



ਫਗਵਾੜਾ (ਜਸਵਿੰਦਰ ਢੱਡਾ) ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਮਾਂ-ਬੋਲੀ ਪੰਜਾਬੀ ਦੇ ਵਿਕਾਸ ਦੇ ਨਾਲ-ਨਾਲ ਹੋਰਨਾਂ ਜ਼ੁਬਾਨਾਂ ਦੇ ਵਿਕਾਸ ਲਈ ਵੀ ਸਰਗਰਮ ਰਹਿੰਦਾ ਹੈ। ਇਸੇ ਲੜੀ ਤਹਿਤ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵਿਖੇ ਉਰਦੂ ਆਮੋਜ਼ ਸਿਖਲਾਈ ਸੈਸ਼ਨ ਜੁਲਾਈ-ਦਸੰਬਰ 2025 ਸ਼ੁਰੂ ਹੋਣ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਉਰਦੂ ਆਮੋਜ਼ ਦਾ ਸੈਸ਼ਨ ਦੀ ਦਾਖ਼ਲਾ ਅਤੇ ਪ੍ਰੀਖਿਆ ਫ਼ੀਸ ਯਕਮੁਸ਼ਤ 500/- ਰੁਪਏ ਨਿਸ਼ਚਿਤ ਕੀਤੀ ਗਈ ਹੈ। ਇਸ ਕੋਰਸ ਦੀ ਮਿਆਦ 6 ਮਹੀਨੇ ਅਤੇ ਕਲਾਸ ਦਾ ਸਮਾਂ ਰੋਜ਼ਾਨਾ 1 ਘੰਟਾਂ ਹੋਵੇਗਾ। ਉਹਨਾਂ ਕਿਹਾ ਕੇ ਕਿਸੀ ਵੀ ਉਮਰ ਦਾ ਵਿਅਕਤੀ ਇਸ ਕੋਰਸ ਵਿੱਚ ਦਾਖ਼ਲਾ ਲੈ ਸਕਦਾ ਹੈ ਇਸ ਤੋਂ ਇਲਾਵਾ ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਵੀ ਇਸ ਕੋਰਸ ਵਿੱਚ ਦਾਖ਼ਲਾ ਲੈ ਸਕਦੇ ਹਨ। ਇਹ ਸਿਖਲਾਈ ਕੋਰਸ (ਸਥਾਨ) ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ, ਕਪੂਰਥਲਾ ਵਿਖੇ ਸ਼ਾਮ 05.00 ਵਜੇ ਤੋਂ 06.00 ਵਜੇ ਤੱਕ ਕਰਵਾਇਆ ਜਾਂਦਾ ਹੈ। ਕੋਰਸ ਦੀ ਸਮਾਪਤੀ ਉਪਰੰਤ ਪੇਪਰ ਪਾਸ ਕਰਨ ਵਾਲੇ ਵਿਦਿਆਰਥੀ ਨੂੰ ਪੰਜਾਬ ਭਾਸ਼ਾ ਵਿਭਾਗ ਵਲੋਂ ਜਾਰੀ ਸਰਟੀਫ਼ਿਕੇਟ ਵੀ ਪ੍ਰਦਾਨ ਕੀਤਾ ਜਾਂਦਾ ਹੈ। ਉਰਦੂ ਆਮੋਜ਼ ਦੀ ਸਿਖਲਾਈ ਅਤੇ ਫਾਰਮ ਭਰਨ ਦੀ ਮਿਤੀ 30 ਜੂਨ 2025 ਤੱਕ ਰੱਖੀ ਗਈ ਹੈ। ਦਾਖ਼ਲਾ ਲੈਣ ਦੇ ਚਾਹਵਾਨ ਆਪਣਾ ਦਾਖ਼ਲਾ ਫ਼ਾਰਮ ਦਫ਼ਤਰ ਦੇ ਪਤੇ - ਕਮਰਾ ਨੰ. 404, ਚੌਥੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕਿਸੀ ਵੀ ਕੰਮਕਾਜ ਵਾਲੇ ਦਿਨ ਦਸਤੀ ਪ੍ਰਾਪਤ ਕਰ ਸਕਦੇ ਹਨ। ਦਾਖ਼ਲਾ ਫ਼ਾਰਮ ਭਰਨ ਉਪਰੰਤ 30 ਜੂਨ ਤੱਕ ਦਸਤੀ ਫ਼ਾਰਮ ਇਸ ਦਫ਼ਤਰ ਵਿਖੇ ਜਮ੍ਹਾਂ ਕਰਵਾਏ ਜਾਣ। ਇਸ ਬਾਬਤ ਹੋਰ ਜਾਣਕਾਰੀ ਲਈ ਇਸ ਦਫ਼ਤਰ ਦੇ ਕਲਰਕ ਮਨੀਸ਼ ਕੁਮਾਰ ਦੇ ਮੋਬਾਇਲ ਨੰਬਰ 62840-61290 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪੰਜਾਬ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਵਨੀਤ ਵਰਮਾ ਦਾ ਸਨਮਾਨ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)-ਪੰਜਾਬ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ ਵੱਲੋਂ ਮੋਹਾਲੀ ਨਾਲ ਸਬੰਧਤ ਵੱਖ-ਵੱਖ ਵਪਾਰਕ ਜੱਥੇਬੰਦੀਆਂ ਦੇ ਸਥਾਨਕ ਮੁੱਦਿਆਂ ਨੂੰ ਨਗਰ ਨਿਗਮ ਰਾਹੀਂ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦੇ ਧੰਨਵਾਦ ਵਜੋਂ ਇਨ੍ਹਾਂ ਸੰਸਥਾਂਵਾਂ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਨ੍ਹਾਂ 'ਚ ਫੇਜ਼ 5 ਮਾਰਕੀਟ ਦੇ ਪ੍ਰਧਾਨ ਰਾਜਪਾਲ ਚੌਧਰੀ, ਪਰਮਜੀਤ ਸਿੰਘ, ਅਮਰਜੀਤ ਸਿੰਘ ਨਾਗਪਾਲ, ਅਨੀਸ਼ ਸਿੰਗਲਾ, ਸੁਖਦੇਵ ਸਿੰਘ, ਸਤਨਾਮ ਸਿੰਘ, ਸੀਤਲ ਸਿੰਘ ਚੇਅਰਮੈਨ ਵਪਾਰ ਮੰਡਲ ਮੋਹਾਲੀ, ਅਰਵਿੰਦਰ ਸਿੰਘ ਉਦਯੋਗ ਐਸੋਸੀਏਸ਼ਨ ਅਤੇ ਗਗਨਦੀਪ ਕੁਮਾਰ, ਮਾਲ ਐਸੋਸੀਏਸ਼ਨ ਮੋਹਾਲੀ ਮੌਜੂਦ ਸਨ।ਇਨ੍ਹਾਂ ਸੰਸਥਾਂਵਾਂ ਨੇ ਵਿਨੀਤ ਵਰਮਾ ਵੱਲੋਂ ਪਿਛਲੇ ਦਿਨਾਂ 'ਚ ਫੇਜ਼ ਪੰਜ ਦੀ ਮਾਰਕੀਟ ਦੇ ਪਾਰਕਿੰਗ ਸਥਾਨ ਨੂੰ ਰੀਕਾਰਪੈਟ (ਮੁਰੰਮਤ) ਕਰਵਾਉਣ, ਫੇਜ਼ 3 ਬੀ 2 ਵਿਖੇ ਨਜਾਇਜ਼ ਰੇਹੜੀਆਂ-ਫੜੀਆਂ ਦੇ ਮੁੱਦੇ ਨੂੰ ਹੱਲ ਕਰਵਾਉਣ ਅਤੇ ਫੇਜ਼ 10 'ਚ ਗੁਰੂ ਨਾਨਕ ਸਵੀਟਸ ਬਲਾਕ ਵਾਲੀ ਮਾਰਕੀਟ ਐਂਟਰੀ ਨੂੰ ਗਮਾਡਾ ਤੋਂ ਖੁਲ੍ਹਵਾਉਣ ਆਦਿ ਦੇ ਕੰਮਾਂ 'ਚ ਨਿਗਮ ਅਤੇ ਗਮਾਡਾ ਅਧਿਕਾਰੀਆਂ ਕੋਲੋਂ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕਰਵਾਉਣ ਲਈ ਉਨ੍ਹਾਂ ਦਾ ਅਭਿਨੰਦਨ ਕੀਤਾ। ਵਰਮਾ ਨੇ ਇਸ ਮੌਕੇ ਆਪਣੀ ਪ੍ਰਤੀਬੱਧਤਾ ਪ੍ਰਗਟਾਉਂਦੇ ਹੋਏ ਕਿਹਾ ਕਿ ਪੰਜਾਬ ਟ੍ਰੇਡਰਜ਼ ਕਮਿਸ਼ਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਪਾਰੀਆਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਸਰਕਾਰੀ ਤੌਰ 'ਤੇ ਗਠਿਤ ਕੀਤੀ ਗਈ ਸੰਸਥਾ ਹੈ, ਜੋ ਹਮੇਸ਼ਾਂ ਉਨ੍ਹਾਂ ਦੇ ਹਿੱਤਾਂ 'ਤੇ ਪਹਿਰਾ ਦਿੰਦੀ ਰਹੇਗੀ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਵਰਿੰਦਰ ਭਾਟੀਆ ਤਹਿਸੀਲਦਾਰ ਬਾ ਅਖਤਿਆਰਾਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ ਜ਼ਿਲ੍ਹਾ ਲੁਧਿਆਣਾ।

ਮਿਸਲ ਨੰਬਰ 96, 104 /ਤਹਿ

1. ਸਰਬਜੀਤ ਕੌਰ ਪਤਨੀ ਕਰਮਜੀਤ ਸਿੰਘ ਪੁੱਤਰ ਨਰੰਜਣ ਸਿੰਘ ਵਾਸੀ ਪਿੰਡ ਚੌਕੀਮਾਨ, ਤਹਿਸੀਲ ਜਗਰਾਉਂ ਜ਼ਿਲ੍ਹਾ ਲੁਧਿਆਣਾ 2. ਨਰੰਜਨ ਸਿੰਘ ਪੁੱਤਰ ਰਾਮ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪਿੰਡ ਚੌਕੀਮਾਨ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ। ਸਾਇਲ

ਬਨਾਮ

1. ਕੁਲਵੰਤ ਕੌਰ ਵਿਧਵਾ ਪਿਆਰਾ ਸਿੰਘ ਪੁੱਤਰ ਚੰਨਣ ਸਿੰਘ 2. ਜਤਿੰਦਰਪਾਲ ਸਿੰਘ ਪੁੱਤਰ ਪਿਆਰਾ ਸਿੰਘ ਪੁੱਤਰ ਚੰਨਣ ਸਿੰਘ 3. ਜਸਵਿੰਦਰ ਕੌਰ ਵਿਧਵਾ ਮਲਕੀਤ ਸਿੰਘ ਪੁੱਤਰ ਕੇਹਰ ਸਿੰਘ 4. ਗੁਰਦੀਪ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਕੇਹਰ ਸਿੰਘ 5. ਕਿਰਨਦੀਪ ਕੌਰ ਪੁੱਤਰੀ ਮਲਕੀਤ ਸਿੰਘ ਪੁੱਤਰ ਕੇਹਰ ਸਿੰਘ 6. ਦਲਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਕਰਤਾਰ ਸਿੰਘ 7 ਸੁਰਿੰਦਰ ਸਿੰਘ ਪੁੱਤਰ ਉਜਾਗਰ ਸਿੰਘ ਪੁੱਤਰ ਦਿਆ ਸਿੰਘ 8. ਮੁਖਤਿਆਰ ਸਿੰਘ ਪੁੱਤਰ ਭਗਤ ਸਿੰਘ ਪੁੱਤਰ ਨੰਦ ਸਿੰਘ 9. ਸੁਖਦੇਵ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਨੰਦ ਸਿੰਘ 10. ਹਰਚੰਦ ਸਿੰਘ ਪੁੱਤਰ ਮਹਿਲਾ ਸਿੰਘ ਪੁੱਤਰ ਬੂੜ ਸਿੰਘ 12. ਨਿਰਭੈ ਸਿੰਘ ਪੁੱਤਰ ਕੇਹਰ ਸਿੰਘ ਪੁੱਤਰ ਕਰਤਾਰਾ ਸਿੰਘ 13. ਨਿਰਭੈ ਸਿੰਘ ਪੁੱਤਰ ਕੇਹਰ ਸਿੰਘ ਪੁੱਤਰ ਕਰਤਾਰਾ ਸਿੰਘ 14. ਰਣਜੀਤ ਸਿੰਘ ਪੁੱਤਰ ਕੇਹਰ ਸਿੰਘ ਪੁੱਤਰ ਕਰਤਾਰਾ ਸਿੰਘ 15. ਅਮਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕੇਹਰ ਸਿੰਘ 16. ਗੁਰਜਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕੇਹਰ ਸਿੰਘ 17. ਜਤਿੰਦਰ ਕੁਮਾਰ ਪੁੱਤਰ ਰੂਪ ਚੰਦ ਪੁੱਤਰ ਹੰਸ ਰਾਜ 18. ਕੁਲਵੰਤ ਕੌਰ ਪੁੱਤਰੀ ਕੇਹਰ ਸਿੰਘ ਪੁੱਤਰ ਕਰਤਾਰ ਸਿੰਘ 19. ਹਰਜੀਤ ਕੌਰ ਪੁੱਤਰੀ ਕੇਹਰ ਸਿੰਘ ਪੁੱਤਰ ਕਰਤਾਰ ਸਿੰਘ 20. ਭੁਪਿੰਦਰ ਕੌਰ ਪੁੱਤਰੀ ਕੇਹਰ ਸਿੰਘ ਪੁੱਤਰ ਕਰਤਾਰ ਸਿੰਘ 21. ਸੁਖਦੇਵ ਕੌਰ ਪੁੱਤਰੀ ਕੇਹਰ ਸਿੰਘ ਪੁੱਤਰ ਕਰਤਾਰ ਸਿੰਘ 22. ਬਲਰਾਜ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਇੰਦਰ ਸਿੰਘ 23. ਅਮਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਕੇਹਰ ਸਿੰਘ 24. ਰੇਸ਼ਮ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਨੰਦ ਸਿੰਘ 25. ਸਤਿੰਦਰ ਸਿੰਘ ਪੁੱਤਰ ਅਜੀਤ ਸਿੰਘ ਪੁੱਤਰ ਸੰਤਾ ਸਿੰਘ 26. ਹਰਬਸੰਤ ਕੌਰ ਵਿਧਵਾ 27 ਉਂਕਾਰ ਸਿੰਘ 28. ਜਗਮੋਹਨ ਸਿੰਘ ਪੁੱਤਰ 29. ਸਰਬਜੀਤ ਸਿੰਘ ਪੁੱਤਰਾਨ 30. ਰਜਿੰਦਰਪਾਲ ਸਿੰਘ ਪੁੱਤਰ ਪਿਆਰਾ ਸਿੰਘ ਪੁੱਤਰ ਚੰਨਣ ਸਿੰਘ 31. ਰਣਜੀਤ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਇੰਦਰ ਸਿੰਘ 32. ਸੁਜਨ ਪ੍ਰਿਆ ਪੁੱਤਰੀ ਮੁਖਤਿਆਰ ਸਿੰਘ ਪੁੱਤਰ ਨਰੈਣ ਦਾਸ 33. ਸੀਮਾ ਦੇਵੀ ਪੁੱਤਰੀ ਭੋਲਾ ਨਾਥ ਪੁੱਤਰ ਨਾਨਕ ਸਿੰਘ 34. ਜਤਿੰਦਰ ਕੌਰ ਪਤਨੀ ਇਕਬਾਲ ਸਿੰਘ ਪੁੱਤਰ ਬਲਵੰਤ ਸਿੰਘ 35. ਅਕਸੇ ਕੁਮਾਰ ਪਟਿਆਲ ਪੁੱਤਰ ਰਾਏ ਸਿੰਘ ਪਟਿਆਲ ਪੁੱਤਰ ਰੋਸ਼ਨ ਲਾਲ 36. ਰਾਹੁਲ ਕੁਮਾਰ ਪੁੱਤਰ ਭੋਲਾ ਨਾਥ ਪੁੱਤਰ ਨਾਨਕ 37. ਜਗਰਾਜ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਇੰਦਰ ਸਿੰਘ 38. ਕੁਲਦੀਪ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਨੰਦ ਸਿੰਘ 39. ਹਰਚੰਦ ਸਿੰਘ ਪੁੱਤਰ ਮਾਹਲਾ ਸਿੰਘ 40. ਸੁਨੀਤਾ ਰਾਣੀ ਪਤਨੀ ਰੂਪ ਚੰਦ ਪੁੱਤਰ ਹੰਸ ਰਾਜ 41. ਰਾਮ ਪਿਆਰੀ ਵਿਧਵਾ ਮੁਖਤਿਆਰ ਸਿੰਘ ਪੁੱਤਰ ਨਰੈਣ ਸਿੰਘ 42. ਬਲਵੀਰ ਕੌਰ ਪੁੱਤਰੀ ਮੁਖਤਿਆਰ ਸਿੰਘ 43. ਵਿਨੋਦ ਕੁਮਾਰ ਯਾਦਵ ਪੁੱਤਰ ਨੰਦ ਲਾਲ ਯਾਦਵ ਪੁੱਤਰ ਸੋਫੀ ਯਾਦਵ 44. ਸੁਖਵਿੰਦਰ ਕੌਰ ਪਤਨੀ ਗੁਰਮੀਤ ਸਿੰਘ ਪੁੱਤਰ ਸੁਰਜੀਤ ਸਿੰਘ ਸਾਰੇ ਵਾਸੀਆਨ ਪਿੰਡ ਚੌਕੀਮਾਨ, ਤਹਿਸੀਲ ਜਗਰਾਉਂ। ਉੱਤਰਵਾਦੀਆਨ

ਅਰਾਜੀ ਵਾਕਿਆ ਪਿੰਡ ਚੌਕੀਮਾਨ ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦੈਅਲਮ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 30/6/2025 ਨੂੰ ਸਵੇਰੇ 10 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦੈਅਲਮ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਕ ਉੱਤੇ ਆਪ ਜਾਂ ਕਿਸੇ ਵਕੀਲ ਰਾਹੀਂ ਇਸ ਅਦਾਲਤ ਵਿਚ ਪੇਸ਼ ਹੋਵੇ ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 16/6/25 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 509/ਰੀਡਰ ਮਿਤੀ : 16/6/25 — ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਜਗਰਾਉਂ।


**AXIS BANK** Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana - 141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### [ ਰੂਲ-8 (1)] (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਹਰੇਕ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | (1) ਸ੍ਰੀ ਵਿਜੇ ਕੁਮਾਰ ਪੁੱਤਰ ਸ੍ਰੀ ਚੰਚਲ ਸਿੰਘ (ਕਰਜ਼ਦਾਰ/ਰਹਿਣਕਾਰ) (2) ਸ੍ਰੀ ਵਿਲੀਅਮ ਮਸੀਹ ਪੁੱਤਰ ਸ੍ਰੀ ਚੰਚਲ ਸਿੰਘ (ਸਹਿ-ਕਰਜ਼ਦਾਰ) ਅਤੇ (3) ਸ੍ਰੀਮਤੀ ਰਾਜ ਪਤਨੀ ਸ੍ਰੀ ਵਿਲੀਅਮ ਮਸੀਹ (ਸਹਿ-ਕਰਜ਼ਦਾਰ/ਰਹਿਣਕਾਰ) ਸਾਰੇ ਵਾਸੀ ਪਿੰਡ ਕੋਟਲਾ ਚਾਹਲ, ਡਾਕਖਾਨਾ ਨੌਸ਼ਹਿਰਾ ਮੱਝਾ ਸਿੰਘ, ਨੇੜੇ ਗੁਰਵਿੰਦਰ ਛੀਨਾ ਕਰਿਆਨਾ ਸਟੋਰ, ਗੁਰਦਾਸਪੁਰ-143518, ਪੰਜਾਬ | ਜਾਇਦਾਦ ਪਲਾਟ ਨੰ. 232 (ਪ੍ਰਾਈਵੇਟ ਨਕਸ਼ੇ ਅਨੁਸਾਰ) ਰਕਬਾ 11 ਮਰਲੇ, ਜਿਸ ਦਾ ਰਕਬਾ 11 ਮਰਲੇ 'ਚੋਂ 2/487 ਹਿੱਸਾ, ਜੋ ਕਿ (0-2) ਕੁੱਲ ਰਕਬਾ 11 ਮਰਲੇ ਖੇਵਟ ਨੰ. 128, ਖਤੌਨੀ ਨੰ. 247 ਤੋਂ 251, | 22 ਜੁਲਾਈ 2024 | 20 ਜੂਨ 2025 | ਰੁਪਏ 24,22,799/- (ਚੌਵੀ ਲੱਖ ਬਾਈ ਹਜ਼ਾਰ ਸੱਤ ਸੌ ਨੜਿਨਵੇਂ ਰੁਪਏ ਕੇਵਲ) |

ਖਸਰਾ ਨੰ. 10 ਆਰ/7/2 (1-2), 9 ਆਰ/23/2 (0-18), 16 ਆਰ/4 ਮਿਨ (3-6), 9/1(0-1) 8/1 (7-14) 14/1(3-15), 8 ਆਰ/8/2/1 (3-10), 8/2/2 (1-15)13/1/2 (1-16) ਕਿੱਤੇ 9 ਰਕਬਾ (24-7) ਅਤੇ 3/913 ਹਿੱਸਾ ਜੋ ਕਿ ਕੁੱਲ ਖੇਤਰ ਦਾ (0-3) ਹੈ, ਖੇਵਟ ਨੰ. 129, ਖਤੌਨੀ 252-257, ਖਸਰਾ ਨੰ. 17ਆਰ/9/1(0-1) 10/1 (4-7) 16 ਆਰ/3/1 ਮਿਨ ਚੜ੍ਹਦਾ (3-6) 6 ਮਿਨ (3-0) 7 ਮਿਨ (4-0) 32/5/4 ਮਿਨ (1-2) 9 ਆਰ/24 (7-0) 26 (1-0) 16 ਆਰ /6 ਮਿਨ (2-0) 7 ਮਿਨ (3-4) 32/5/4 ਮਿਨ (1-0) 9 ਆਰ/23/2 ਮਿਨ (4-12) 16 ਆਰ/3/1 ਲਹਿੰਦਾ (2-13) 6 ਮਿਨ (3-0) 7 ਮਿਨ (0-16) 32/5/4 ਮਿਨ (1-2) 8 ਆਰ/13/1/1 ਮਿਨ (2-12) 13/1/1 ਮਿਨ (0-16) ਕਿੱਤੇ 18 ਰਕਬਾ (45-13) ਅਤੇ 1/65 ਹਿੱਸਾ, ਜੋ ਕਿ ਕੁੱਲ ਖੇਤਰ ਦਾ (0-1) ਹੈ। ਖੇਵਟ 6 ਖਤੌਨੀ 19 ਖਸਰਾ ਨੰ. 9 ਆਰ /16/1/2/2 (1-6) 17/1 (1-19) ਕਿੱਤੇ 2 ਰਕਬਾ 3-5 ਅਤੇ 3/117 ਹਿੱਸਾ, ਜੋ ਕਿ ਕੁੱਲ ਖੇਤਰ ਦਾ (0-3), ਖੇਵਟ ਨੰ. 12, ਖਤੌਨੀ ਨੰ. 27, ਖਸਰਾ ਨੰ. 16 ਆਰ/15/2 (3-9) 17 ਆਰ 11/2/1 (2-8) ਕਿੱਤੇ 2 ਰਕਬਾ (5-17) ਅਤੇ 1/20 ਹਿੱਸਾ, ਜੋ ਕਿ ਕੁੱਲ ਖੇਤਰ ਦਾ (0-1) ਖੇਵਟ ਨੰ. 180 ਖਤੌਨੀ ਨੰ. 336, ਖਸਰਾ ਨੰ. 16 ਆਰ 15/1/1 (1-0) ਅਤੇ ਕੁੱਲ ਖੇਤਰ ਦਾ 1/46 ਹਿੱਸਾ (0-1), ਖੇਵਟ ਨੰ. 267 ਖਤੌਨੀ ਨੰ. 462 ਖਸਰਾ 16 ਆਰ/15/1/2 (2-6) ਕੁੱਲ ਰਕਬਾ (0-11) ਜਮ੍ਹਾਂਬੰਦੀ ਸਾਲ 2018-2019 ਪਿੰਡ ਲੇਹਲ (ਨੇੜੇ ਕ੍ਰਿਸਟਲ ਵਾਸ ਅਤੇ ਹਰਮਨ ਡੇਅਰੀ) ਹਦਬਸਤ ਨੰ. 386, ਤਹਿਸੀਲ ਗੁਰਦਾਸਪੁਰ, ਜਿਸ ਦਾ 1/2 ਹਿੱਸਾ ਵਿਜੇ ਕੁਮਾਰ ਅਤੇ 1/2 ਹਿੱਸਾ ਸ੍ਰੀਮਤੀ ਰਾਜ ਪਤਨੀ ਵਿਲੀਅਮ ਮਸੀਹ ਦੇ ਨਾਂਅ 'ਤੇ ਬੈਨਾਮਾ ਨੰ. 2021-22/150/1/986 ਮਿਤੀ 08 ਫਰਵਰੀ 2022 ਨਾਲ ਸੰਬੰਧਤ ਸਭ ਕੁੱਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 235 ਮਾਲਕ ਸਰਬਜੀਤ ਸਿੰਘ ਸਾਈਡ 59', ਪੱਛਮ : ਰਸਤਾ 20' ਚੌੜਾ ਸਾਈਡ 59', ਉੱਤਰ : ਰਸਤਾ 20' ਚੌੜਾ ਸਾਈਡ 50' 3", ਦੱਖਣ : ਪਲਾਟ ਨੰ. 233 ਮਾਲਕ ਸਰਬਜੀਤ ਸਿੰਘ ਸਾਈਡ 50'3"

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ ਅਤੇ ਪਤਾ | ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 2. | (1) ਜੇਮਸ ਮਸੀਹ ਪੁੱਤਰ ਸੁਰਜਨ ਮਸੀਹ (ਕਰਜ਼ਦਾਰ) ਅਤੇ (2) ਸ੍ਰੀਮਤੀ ਰਾਣੀ ਪਤਨੀ ਜੇਮਸ ਮਸੀਹ (ਸਹਿ-ਕਰਜ਼ਦਾਰ/ਰਹਿਣਕਾਰ) ਦੋਵੇਂ ਵਾਸੀ ਮਕਾਨ ਨੰ. 280, ਸੈਕੇਟਰੀ ਮੁਹੱਲਾ ਵਾਰਡ ਨੰ. 16, ਸਾਹਮਣੇ ਪੁਲਸ ਲਾਈਨ, ਜ਼ਿਲ੍ਹਾ ਗੁਰਦਾਸਪੁਰ-143521 | ਬੈਨਾਮਾ ਨੰ. 2020-21/150/1/178 ਮਿਤੀ 01 ਜੁਲਾਈ 2020 ਅਨੁਸਾਰ ਸ੍ਰੀਮਤੀ ਰਾਣੀ ਪਤਨੀ ਮੇਮਜ ਮਸੀਹ ਦੇ ਨਾਂਅ | 10 ਜਨਵਰੀ 2025 | 20 ਜੂਨ 2025 | ਰੁਪਏ 7,23,606/- (ਸੱਤ ਲੱਖ ਤੇਈ ਹਜ਼ਾਰ ਛੇ ਸੌ ਛੇ ਰੁਪਏ ਕੇਵਲ) |

'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 6, ਰਕਬਾ 125 ਵਰਗ ਗਜ਼, ਖੱਤਾ ਨੰ. 12, ਖਸਰਾ ਨੰ. 12 ਆਰ-14 (6-14), 15 (0-16) ਖੱਤਾ ਨੰ. 46, 11 ਆਰ-27 (12-0) ਮਿਨ 27 (18-9) ਮਿਨ, 27 (18-5) ਮਿਨ, ਜਮ੍ਹਾਂਬੰਦੀ ਸਾਲ 2014-2015, ਸਿੱਧੂ ਇਨਕਲੇਵ, ਧਾਰੀਵਾਲ ਸ਼ਹਿਰ, ਮਾਡਲ ਟਾਊਨ, ਸੂਰਜ ਬੁਰਜ ਰੋਡ, ਨੇੜੇ ਮਾਰਕਫੈੱਡ ਗੁਦਾਮ, ਨੇੜੇ ਰੇਲਵੇ ਸਟੇਸ਼ਨ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 7, ਸਰਬਜੀਤ ਸਿੰਘ ਦੀ ਮਲਕੀਅਤ, ਪੱਛਮ : ਪਲਾਟ ਨੰ. 5, ਵੇਦ ਕੁਮਾਰ ਦੀ ਮਲਕੀਅਤ, ਉੱਤਰ : ਹੋਰਨਾਂ ਦੀ ਮਲਕੀਅਤ, ਦੱਖਣ : ਰਸਤਾ 20'

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 24.06.2025 — ਸਹੀ/ਅਧਿਕਾਰਤ ਅਫਸਰ,
ਸਥਾਨ : ਪੰਜਾਬ — ਐਕਸਿਸ ਬੈਂਕ ਲਿਮਟਿਡ





## Change of Name

I, Deepika Karra D/o Ranjit Kumar R/o VPO Kandola, Adampur, Distt. Jalandhar declare that my name is Deepika Karra. Karra is my surname and my given name is Deepika. Concerned note.

I Surjit Singh S/o Bakhshish Singh R/o Vill. Atwarapur, PO. Dandoh Distt. Hoshiarpur changed my name from Surjit Singh to Singh Surjit. All concerned please note.

I Jaskaran Singh S/o. Kewal Singh, VPO. Sathiala, Tehsil Baba Bakala, Distt. Amritsar, have changed my Name from Jaskaran Singh to Jaskaran as a given name and SINGH as a surname. Concerned Note.

I, Jagir Singh S/o Sharma Singh R/o Bhindi Saidan, PO Bhindi Saydan, Distt. Amritsar, Punjab-143110 have changed my name from Jagir Singh to Singh is my surname and Jagir is my given name.

I, Jaswinder Singh S/o Ravinder Singh R/o Block Verka, VPO Bal Khurd, Amritsar, Punjab-143601 have changed my name from Jaswinder Singh to Singh is my surname and Jaswinder is my given name.

I Jaswinder Kaur W/O Angrej Singh R/O VPO. Nangal Lubana, Teh. Bholath, Distt. Kapurthala, Punjab have changed the name of my minor Daughter from Sukhmanpreet Kaur To Kaur Sukhmanpreet (Kaur as surname). All Please Note.

I Sharndeep Kaur Nahal D/o Amarjit Singh R/o Village Darawan PO Salala Distt. Jalandhar 144102 Punjab have changed my name from Sharndeep Kaur Nahal to Sharndeep Kaur after my divorce from Hardeep Nahal.

I, Harjinder W/O Kewal Ram R/O H.No. 79, Village Mansoorpura, PO. Salala, Jalandhar -144102, Punjab, India have changed my name from Harjinder To Harjinder Kaur. All concerned please note.

I, Nidhi W/o Jatin Thakur R/o H.No.167-B, Shastri Nagar, Lawrence Road, District Amritsar have changed my name from Nidhi to Nidhi Thakur

I, Preeti Bhatia W/o Sourabh Bhatia R/o H.No.F3/450, Gali No.8, Majitha Road, Bhawani Nagar, Amritsar have changed my name from Preeti Bhatia to Priti Bhatia

I, Sukhwinder Kaur Alias Sukhi W/o Prem Singh R/o VPO Jethuwal, District Amritsar have changed my name from Sukhwinder Kaur Alias Sukhi to Sukhwinder Kaur

I, Rekha Kumari W/o Amit Gupta R/o H.No.19-B, Braham Nagar, Lawrence Road, Amritsar have changed my name from Rekha Kumari to Rekha Gupta

I, Paramjit Singh S/o Gurcharan Singh R/o 94, Baba Deep Singh Colony I/s Chatiwind Gate, Amritsar have changed my name from Paramjit Singh to Paramjeet Singh

I, Narinder Kaur W/o Manjinder Singh R/o Village Johal Raju Singh Tehsil and District Tarn Taran have changed my name from Narinder Kaur Johal to Narinder Kaur

I, Varinderjeet Singh S/o Palwinder Singh R/o VPO Cheema Khuddi Tehsil Batala Distt Gurdaspur have declare that Singh is my Surname and Varinderjeet is my Given name

I, Rubinder Kaur W/o Rupinder Singh R/o VPO Wadala Viram, Tehsil Majitha, District Amritsar have changed my name from Rubinder Kaur to Rupinder Kaur.

I,Sarabjit Kaur W/O Partap Singh R/O D-7/2472,Guru Nanak Pura Road, New Abadi, Kot Khalsa, Amritsar, Punjab have changed my name from Sarabjit Kaur to Sarbjit Kaur. Concerned note.

I, hitherto known as Manpreet S/o Ved Parkash R/o H.No. 77, Sansarpur, Jalandhar, Punjab-144024, India have changed my name and shall hereafter be known as Manpreet Singh.

I, Mahak W/O Kamal Bansal, R/o H No-110, Jindal Street, Near Balaji Mandir, Ward No-22, Mansa Punjab-151505. have changed my name and shall hereafter be Known as Mahak Bansal.

I, Maksima Topno wife of Oscar Topno resident of Bartoli, PS. Jaldega, Village Lomboi, Simdega, Jharkhand-835211 presently residing at Narula Foam Factory Gautam Nagar, Kohino OOR Wali Gali, Jalandhar, Punjab, India have changed my name from Maksima Topno to Maxima Topno. All concerned please note.

I, Kamal Kishore Krall S/O Ashwani Krall, R/o H No BC-38/2797, Near Mela Singh Depot, Bhargav Nagar, Jalandhar, Punjab- 144003, Declare that name of Mine has been wrongly written as Kamal Kishore in my minor Son Kanav Bhagat, aged about 13 Years, In his Birth Certificate. The actual name of Mine is Kamal Kishore Krall, which may be amended accordingly.

I, Mohan Singh Dhingra S/O Ganga Singh R/O H.NO. 123 New Raja Garden, Mithapur Road Jalandhar-144003, Punjab Have Changed My Name From Mohan Singh Dhingra To Mohan Singh. All Concerned Please Note.

I Victor John S/o Johan Masih R/o H.No. 230/4, Gulab Devi Road, Rattan Nagar, Jalandhar-144013, Punjab, have changed my name from Victor John to Victor . All concerned please note.

I, Gurbaksh Kaur w/o Harvinder Singh r/o H.No.41, Dilbagh Nagar, Basti Guzan, Jalandhar declare that my daughter Given name as Kirandeep, Surname as Kaur. All Please Note.

I, Bakhtawar Singh S/o Darbara Singh R/o Vill. Bashesherpur, Po. Lambra, Teh & Distt. Jalandhar, Punjab Declare that Bakhtawar Singh and Bakhtavar Singh is one and the same person.

I, Palvi Sharma W/o Raj Kumar R/o Mohalla Bedi Nagar, VPO. Bholath, Distt. Kapurthala, Punjab-144622 have changed my name from Palvi Sharma to Pallvi Sharma all concerned please note.

I, Heena Rani D/o Satnam Singh R/o Muhalla Patti, Jagir Pur, VPO. Daroli Kalan & Daroli Khurd, Distt. Jalandhar have changed my name from Heena Rani to Heena Rani Walia. All Please Note.

## Change of Name

I Jasmeen W/o Jagjit Singh R/o H.No. 20, Gate No. 03, PNB Bank Park Avenue Ext., Jalandhar, Punjab have changed my name from Jasmeen to Jasmeen Kaur. All Please Note.

I ,Harjinder Singh S/O Agya Singh VPO Bhattian, Distt. Gurdaspur have changed my name from Harjinder Singh to Singh Harjinder. Please Concerned note.

I ,Agiya Singh S/O Kesar Singh VPO Bhattian, Distt. Gurdaspur have changed my name from Agiya Singh to Agya Singh. Please Concerned note.

I, Gurwinder Pal S/o Ganga Ram R/o W. No. 06, VPO. Miani. Teh. Tanda (Hoshiarpur) Punjab declare that my given Gurwinder and my surname as Pal.

## ਨਾਂਅ ਦੀ ਬਦਲੀ

ਮੈਂ, ਅਮਨਦੀਪ ਸਿੰਘ ਵਾਸੀ ਮਕਾਨ ਨੰ. 105, ਟਾਵਰ ਇਨਕਲੇਵ, ਫੇਜ਼-3, ਡਾਕਖਾਨਾ ਵਡਾਲਾ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਅਮਨਦੀਪ ਸਿੰਘ ਤੋਂ ਬਦਲ ਕੇ ਅਮਨਦੀਪ ਸਿੰਘ ਗਿੱਲ ਸਪੁੱਤਰ ਪ੍ਰਤਾਪ ਸਿੰਘ ਗਿੱਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ। (ਆਰ)

ਮੈਂ, ਸਿਮਰਨਦੀਪ ਸਿੰਘ ਪੁੱਤਰ ਸ੍ਰੀ ਗੁਰਦੀਪ ਸਿੰਘ ਪੁੱਤਰ ਸ੍ਰੀ ਪਿਆਰਾ ਸਿੰਘ ਵਾਸੀ ਪਿੰਡ ਬਰਾੜਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਪਿੰਡ ਬਰਾੜਾ/447 ਦੇ ਮਾਲ ਰਿਕਾਰਡ ਵਿੱਚ ਮੇਰਾ ਨਾਮ ਯਾਦਵਿੰਦਰ ਸਿੰਘ ਗਲਤ ਲਿਖਿਆ ਗਿਆ ਹੈ। ਮੇਰੇ ਆਧਾਰ ਕਾਰਡ ਅਨੁਸਾਰ ਸਹੀ ਨਾਮ ਸਿਮਰਨਦੀਪ ਸਿੰਘ ਹੈ, ਜਿਸਨੂੰ ਪਿੰਡ ਬਰਾੜਾ/447 ਦੇ ਮਾਲ ਰਿਕਾਰਡ ਵਿੱਚ ਸੋਧਿਆ ਜਾਵੇ।

## ਆਮ ਸੂਚਨਾ

ਮੈਂ, ਦਿਵਿਆ ਪੁੱਤਰੀ ਜਸਵਿੰਦਰ ਲਾਲ ਵਾਸੀ ਵਾਰਡ ਨੰਬਰ 5, ਗਲੀ ਨੰਬਰ 1, ਹਰਗੋਬਿੰਦ ਨਗਰ, ਧੋਗੜੀ ਰੋਡ, ਜਲੰਧਰ, ਇਹ ਘੋਸ਼ਣਾ ਕਰਦੀ ਹਾਂ ਕਿ ਮੇਰੀ ਮਾਤਾ ਦਾ ਨਾਮ 10+2 ਸਰਟੀਫਿਕੇਟ ਵਿੱਚ 'ਨੀਨਾ' ਦਰਜ ਹੈ, ਪਰ ਆਧਾਰ ਕਾਰਡ ਅਤੇ ਹੋਰ ਸਬੂਤਾਂ ਵਿੱਚ ਉਨ੍ਹਾਂ ਦਾ ਨਾਮ 'ਨਜਮਾ' ਦਰਜ ਹੈ। ਕਿਰਪਾ ਕਰਕੇ ਮੇਰੇ 10+2 ਸਰਟੀਫਿਕੇਟ ਵਿੱਚ ਮੇਰੀ ਮਾਤਾ ਦਾ ਨਾਮ 'ਨੀਨਾ' ਦੀ ਥਾਂ 'ਨਜਮਾ' ਦਰੁਸਤ ਕੀਤਾ ਜਾਵੇ।

ਮੈਂ, ਅਜ਼ਾਦਵੀਰ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਮਕਾਨ ਨੰਬਰ 183 ਗੋਲਡਨ ਐਵੀਨਿਊ ਫੇਜ਼ 2, ਜਲੰਧਰ ਦਾ ਰਹਿਣ ਵਾਲਾ ਹਾਂ ਜੋ ਕਿ ਮਾਲ ਰਿਕਾਰਡ ਵਾਕਿਆ ਪਿੰਡ ਜਮਾਲਪੁਰ ਹ. ਬ. ਨੰਬਰ 80 ਵਿਚ ਮੇਰਾ ਨਾਂਅ ਯਾਦਵੀਰ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਬੂਟਾ ਸਿੰਘ ਗਲਤ ਦਰਜ ਹੈ, ਜਿਸ ਦੀ ਦਰੁਸਤੀ ਅਜ਼ਾਦਵੀਰ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਬੂਟਾ ਸਿੰਘ ਕੀਤੀ ਜਾਵੇ ਜੀ।

ਮੈਂ, ਮਹਿੰਦਰ ਸਿੰਘ ਪੁੱਤਰ ਸ੍ਰੀ ਜਮਨਾ ਦਾਸ ਪੁੱਤਰ ਸ੍ਰੀ ਰਣੀਆ ਰਾਮ ਵਾਸੀ ਪਿੰਡ ਫਤਿਹਪੁਰ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਪਿੰਡ ਫਤਿਹਪੁਰ/450 ਦੇ ਮਾਲ ਰਿਕਾਰਡ ਵਿੱਚ ਮੇਰੇ ਦਾਦੇ ਦਾ ਨਾਮ ਰੁਲੀਆ ਗਲਤ ਲਿਖਿਆ ਗਿਆ ਹੈ। ਮੇਰੇ ਦਾਦੇ ਦਾ ਸਹੀ ਨਾਮ ਰਣੀਆ ਰਾਮ ਹੈ, ਜਿਸਨੂੰ ਪਿੰਡ ਫਤਿਹਪੁਰ/450 ਦੇ ਮਾਲ ਰਿਕਾਰਡ ਵਿੱਚ ਸੋਧਿਆ ਜਾਵੇ।

ਮੈਂ, ਨਰਿੰਦਰ ਕੁਮਾਰ ਪੁੱਤਰ ਮਿਲਖੀ ਰਾਮ ਵਾਸੀ ਮਕਾਨ ਨੰ: 194 ਚੁਗਿੱਟੀ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਸੰਦੀਪ ਕੁਮਾਰ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਸੰਦੀਪ ਕੁਮਾਰ ਮੇਰੇ ਕਹਿਣੇ ਵਿਚ ਹੈ ਅਤੇ ਮੇਰੀ ਹਰ ਗੱਲ ਨਾਲ ਸਹਿਮਤ ਹੈ। ਮੈਂ ਉਸ ਖਿਲਾਫ ਦਿੱਤੀ ਆਪਣੀ ਬੇਦਖਲੀ ਨੋਟਿਸ ਰੱਦ ਕਰਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਦਾ ਬਰਾਬਰ ਦਾ ਹੱਕਦਾਰ ਹੋਵੇਗਾ।

ਮੈਂ, ਕੁਲਬੀਰ ਕੌਰ ਪਤਨੀ ਸ੍ਰੀ ਰਸ਼ਪਾਲ ਸਿੰਘ ਵਾਸੀ ਪਿੰਡ ਅਧਿਕਾਰੇ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਹਰਵਿੰਦਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਅਖਬਾਰ ਵਿੱਚ ਇਸ਼ਤਿਹਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਹਰਵਿੰਦਰ ਸਿੰਘ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦੀ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਿਧਾਰਥ ਅਰੋੜਾ ਪੁੱਤਰ ਸੁਨੀਲ ਅਰੋੜਾ ਵਾਸੀ 206, ਆਕਾਸ਼ ਐਵੀਨਿਊ, ਫਤਿਹਗੜ੍ਹ ਚੂੜੀਆਂ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਰਾਹੁਲ ਅਰੋੜਾ, ਉਸ ਦੀ ਪਤਨੀ ਮਹਿਕ ਖੁਰਾਨਾ ਤੇ ਇਨ੍ਹਾਂ ਦਾ ਬੱਚਾ ਦਿਵਾਂਸ ਜਿਨ੍ਹਾਂ ਨੂੰ ਮੇਰੀ ਮਾਤਾ ਰੋਜ਼ੀ ਅਰੋੜਾ ਨੇ ਬੇਦਖਲ ਕੀਤਾ ਹੋਇਆ ਹੈ। ਬੇਦਖਲ ਕਰਨ ਤੋਂ ਬਾਅਦ ਹੁਣ ਮੇਰਾ, ਮੇਰੇ ਭਰਾ ਰਾਹੁਲ ਅਰੋੜਾ, ਉਸ ਦੀ ਪਤਨੀ ਮਹਿਕ ਖੁਰਾਨਾ ਅਤੇ ਇਨ੍ਹਾਂ ਦੇ ਬੱਚੇ ਨਾਲ ਮੇਰਾ ਕੋਈ ਲੈਣ-ਦੇਣ ਨਹੀਂ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਦਰਸ਼ਨ ਸਿੰਘ ਪੁੱਤਰ ਨਰੈਣ ਸਿੰਘ ਦੇ ਨਾਮ ਚੋੜ ਸਿੱਧਵਾ ਵਿੱਚ ਚੱਲ ਰਿਹਾ ਟਿਊਬਵੈੱਲ ਕੁਨੈਕਸ਼ਨ ਖਾਤਾ AP20/1074N ਰਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਆਪਣੇ ਨਾਮ ਕਰਵਾ ਰਿਹਾ । ਇਤਰਾਜਕਰਤਾ 15 ਦਿਨਾਂ ਅੰਦਰ ਆਪਣਾ ਇਤਰਾਜ ਉਪ ਮੰਡਲ ਅਫਸਰ ਜੌੜਾ ਛੱਤਰਾਂ ਨੂੰ ਪੇਸ਼ ਕਰ ਸਕਦਾ ।

ਹਰ ਆਮ ਤੇ ਖਾਸ ਸੂਚਿਤ ਕੀਤਾ ਜਾਂਦਾ ਹੈ ਟਿਊਬਵੈੱਲ ਖਾਤਾ ਨੰਬਰ ਏ116/769 ਜੋ ਰਾਮ ਲਭਾਇਆ ਪੁੱਤਰ ਪ੍ਰੇਮ ਨਾਥ ਤੁਗਲਵਾਲ ਦੇ ਨਾਮ ਨੂੰ ਆਪਣੇ ਨਾਮ ਕਰਨ ਲਈ ਬਲਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਤੁਗਲਵਾਲ ਨੇ ਦਫਤਰ ਬੇਨਤੀ ਕੀਤੀ ਹੈ ਇਸ ਬਾਰੇ ਇਤਰਾਜ ਕਰਤਾ 15 ਦਿਨਾਂ ਦੇ ਅੰਦਰ ਅੰਦਰ ਉਪਮੰਡਲ ਅਫਸਰ ਪਾਵਰਕਾਮ ਹਰਚੋਵਾਲ ਵਿਖੇ ਇਤਰਾਜ ਕਰ ਸਕਦਾ ਹੈ ਬਾਅਦ ਵਿੱਚ ਨਹੀਂ । ਉਪਮੰਡਲ ਅਫਸਰ ਪਾਵਰਕਾਮ ਹਰਚੋਵਾਲ।

ਸੂਚਿਤ ਕੀਤਾ ਜਾਂਦਾ ਹੈ ਕਿ ਗੁਰਦਿਆਲ ਕੌਰ ਪਤਨੀ ਲੇਟ ਚਰਨਜੀਤ ਸਿੰਘ ਨੇ ਪਿੰਡ ਕਿਸ਼ਨਪੁਰ, ਜ਼ਿਲ੍ਹਾ ਜਲੰਧਰ ਵਿਖੇ ਵਾਹੀਯੋਗ ਜ਼ਮੀਨ ਸਮੇਤ ਮੋਟਰ ਕੁਨੈਕਸ਼ਨ ਨੰ: 10 ਬੀ ਐੱਚ ਪੀ ਨੰ: ਏ ਪੀ 32-1393 ਜਸਵਿੰਦਰ ਸਿੰਘ ਪੁੱਤਰ ਜਨਕਾਰ ਸਿੰਘ ਉਰਫ ਜਨਕ ਸਿੰਘ ਨੂੰ ਵੇਚ ਦਿੱਤਾ ਹੈ, ਜੋ ਕਿ ਜਸਵਿੰਦਰ ਸਿੰਘ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਵਿਚ ਪੀ ਐੱਸ ਪੀ ਸੀ ਐੱਲ ਬਿਜਲੀ ਦਫ਼ਤਰ ਭੋਗਪੁਰ-1 ਐੱਸ ਡੀ ਓ ਸਾਹਿਬ ਪਾਸ ਇਤਰਾਜ਼ ਦੇ ਸਕਦਾ ਹੈ।

## ਬੇਦਖਲੀ ਨੋਟਿਸ

ਅਸੀ, ਯੋਗਰਾਜ ਪੁੱਤਰ ਸ੍ਰੀ ਸੋਮਨਾਥ ਅਤੇ ਲੱਬੋ ਰਾਣੀ ਪਤਨੀ ਯੋਗਰਾਜ ਵਾਸੀ ਮਕਾਨ ਨੰ.1675, ਘੁਮਿਆਰਾ ਵਾਲਾ ਮੁਹੱਲਾ, ਗਲੀ ਨੰ.2, ਏਕਤਾ ਨਗਰ, ਢੱਪਈ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਕਾਸ਼ ਅਤੇ ਉਸਦੀ ਪਤਨੀ ਸਨੇਹਾ ਜੋ ਕਿ ਸਾਡੇ ਕਹਿਣੇ ਸੁਣਨੇ ਤੋਂ ਬਾਹਰ ਹਨ, ਉਨ੍ਹਾਂ ਦਾ ਵਤੀਰਾ ਸਾਡੇ ਨਾਲ ਬਹੁਤ ਮਾੜਾ ਹੈ ਅਤੇ ਸਾਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਅਸੀ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਅਤੇ ਸਾਡੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਅਸੀਂ, ਬਿਸ਼ਨ ਦਾਸ ਪੁੱਤਰ ਜਗਤ ਰਾਮ, ਹਰਮਿੰਦਰ ਕੌਰ ਪਤਨੀ ਬਿਸ਼ਨ ਦਾਸ ਵਾਸੀ ਮੁਹੱਲਾ ਪੰਡੋਰੀ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਰਬਜੀਤ ਸਿੰਘ ਤੇ ਨੂੰਹ ਕਿਰਨ ਉਰਫ ਮਾਣਾ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ ਤੇ ਕਿਸੇ ਵੀ ਤਰ੍ਹਾਂ ਦੇ ਗਲਤ ਕੰਮ ਦੇ ਉਹ ਆਪ ਜ਼ਿੰਮੇਵਾਰ ਹੋਣਗੇ। ਸੰਬੰਧਿਤ ਨੋਟ ਕਰਨ।

ਮੈਂ, ਜਸਵਿੰਦਰ ਪਾਲ ਪੁੱਤਰ ਕਰਮ ਚੰਦ ਵਾਸੀ ਪਿੰਡ ਚੱਕੋਵਾਲ ਸ਼ੇਖਾਂ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਮੰਗਲ ਸਿੰਘ ਪੁੱਤਰ ਪਾਲ ਸਿੰਘ ਵਾਸੀ ਪਿੰਡ ਨਵਾਂ ਰੰਗੜ ਨੰਗਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹੈ। ਇਸ ਨਾਲ ਲੈਣ/ਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ। ਮੇਰੇ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਰਿਹਾ।

## ਬੇਦਖਲੀ ਨੋਟਿਸ

ਮੈਂ, ਅਸ਼ੋਕ ਕੁਮਾਰ ਪੁੱਤਰ ਦੁਰਗਾ ਦਾਸ ਵਾਸੀ ਪਿੰਡ ਭੋਲ ਬਧਮਾਨੀਆ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅਵਿਨਾਸ਼ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰੋਜ਼ੀ ਅਰੋੜਾ ਪਤਨੀ ਸੁਨੀਲ ਅਰੋੜਾ ਵਾਸੀ 206, ਆਕਾਸ਼ ਐਵੀਨਿਊ, ਫਤਿਹਗੜ੍ਹ ਚੂੜੀਆਂ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਹੁਲ ਅਰੋੜਾ, ਉਸ ਦੀ ਪਤਨੀ ਮਹਿਕ ਖੁਰਾਨਾ ਤੇ ਇਨ੍ਹਾਂ ਦਾ ਬੱਚਾ ਦਿਵਾਂਸ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦੀਪ ਸਿੰਘ ਪੁੱਤਰ ਬਾਬੂ ਸਿੰਘ ਵਾਸੀ ਪਿੰਡ ਨੁਸੀ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਇਹ ਕਿ ਮੇਰਾ ਪੁੱਤਰ ਹਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਹਰਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰ ਰਿਹਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕਿਸੇ ਕਿਸਮ ਦਾ ਕੋਈ ਸੰਬੰਧ-ਵਾਸਤਾ ਨਹੀਂ ਰਹਿ ਗਿਆ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵੀਰ ਸਿੰਘ ਗਿੱਲ ਪੁੱਤਰ ਰੁਲਦੂ ਸਿੰਘ ਵਾਸੀ ਪਿੰਡ ਸੱਦਾ ਸਿੰਘ ਵਾਲਾ, ਜ਼ਿਲ੍ਹਾ ਮੋਗਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ ਗਿੱਲ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਬਲਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾ ਬਿੰਦਰ ਕੌਰ ਪਤਨੀ ਬਲਜੀਤ ਸਿੰਘ ਵਾਸੀਆਨ ਪਿੰਡ ਅਟਾਰੀ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਨਮੋਲ ਧਾਲੀਵਾਲ ਸਾਡੇ ਕਹਿਣੇ ਤੋਂ ਬਾਹਰ ਹੈ, ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਸ਼ੋਕ ਕੁਮਾਰ ਪੁੱਤਰ ਸ੍ਰੀ ਮਹਿੰਦਰ ਸਿੰਘ ਵਾਸੀ ਮਕਾਨ ਨੰ. 347, ਵਾਰਡ ਨੰ. 28, ਅਗਵਾੜ ਹਾਕਮ ਕਾ, ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰੁਣ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਜਿੰਦਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਬਿਲਾਸਪੁਰ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਾਸ਼ੋ ਬਾਈ ਪਤਨੀ ਬੂੜ ਸਿੰਘ ਵਾਸੀ ਪਿੰਡ ਚੱਕ ਅਰਨੀ ਵਾਲਾ ਉਰਫ ਕੱਟੀਆਂ ਵਾਲਾ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਰੋਜ ਰਾਣੀ ਪਤਨੀ ਲੇਟ ਜਗਸੀਰ ਸਿੰਘ ਅਤੇ ਇਨ੍ਹਾਂ ਦਾ ਲੜਕਾ ਕਾਬਲ ਸਿੰਘ ਜੋ ਸਾਡੇ ਕਹਿਣੇ ਤੋਂ ਬਾਹਰ ਹੈ ਜੋ ਗੈਰ ਕਾਨੂੰਨੀ ਕੰਮ ਕਰਦਾ ਹੈ ਅਤੇ ਮੈਂ ਅਤੇ ਮੇਰੀ ਲੜਕੀ ਇਸ ਦੀਆਂ ਆਦਤਾਂ ਤੋਂ ਤੰਗ ਆ ਕੇ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮੇਜਰ ਰਾਮ ਸਪੁੱਤਰ ਤਰਸੇਮ ਰਾਮ ਵਾਸੀ ਪਿੰਡ ਮਹਿਸਮਪੁਰ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਸ਼ਾਲ ਬੱਧਣ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚਲ ਅਚਾਰ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਸੰਬੰਧਿਤ ਨੋਟ ਕਰਨ।

ਮੈਂ, ਕੁਲਵੀਰ ਸਿੰਘ ਪੁੱਤਰ ਸ੍ਰੀ ਜੋਗਿੰਦਰ ਸਿੰਘ ਵਾਸੀ ਪਿੰਡ ਕੁਰਾਲਾ ਡਾਕਖਾਨਾ ਸੁਦਾਨਾ ਜ਼ਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਰਾਜਦੀਪ ਸਿੰਘ ਅਤੇ ਉਸਦੀ ਪਤਨੀ ਸਿਮਰਨ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬੰਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਤਲਵਿੰਦਰ ਸਿੰਘ ਪੁੱਤਰ ਸ੍ਰੀ ਜੇ ਸਿੰਘ ਵਾਸੀ ਗੈਸ ਏਜੰਸੀ ਮਕਾਨ ਨੰਬਰ 1848/8 ਮੇਨ ਰੋਡ ਆਦਮਪੁਰ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਜਗਵੀਰ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਸ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਮੁਲਤਾਨੀ ਉਰਫ ਬਲਵਿੰਦਰ ਸਿੰਘ ਮੁਲਤਾਨੀ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਬਹਾਦਰਪੁਰ ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਸਪੈਸ਼ਲ ਪਾਵਰ ਅਟਾਰਨੀ ਉੱਜਲ ਸਿੰਘ ਪੁੱਤਰ ਕਰਤਾਰ ਸਿੰਘ ਆਪਣੇ ਭਰਾ ਰਾਹੀ ਆਪਣੇ ਪੁੱਤਰ ਹਰਮਨਜੀਤ ਸਿੰਘ ਤੇ ਉਸ ਦੀ ਪਤਨੀ ਸਿਮਰਜੋਤ ਕੌਰ ਨੂੰ ਕਹਿਣੇਕਾਰ ਨਾ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਵਿਚੋ ਅੱਜ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਅਮਰਜੀਤ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪਿੰਡ, ਭੋਡੇ , ਡਾਕ ਖਾਨਾ ਤਲਵਨ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਇਸ ਦੀ ਪਤਨੀ ਕਿਰਨਦੀਪ ਕੌਰ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾਂ ਦੋਨਾਂ ਨੂੰ ਆਪਣੀ ਚੱਲ - ਅਚੱਲ ਸਾਰੀ ਜਾਇਦਾਦ ਤੋਂ ਬੇਦਖਲ ਕਰਦਾਂ ਹਾਂ । ਕੋਈ ਵੀ ਵਿਅਕਤੀ ਇਨ੍ਹਾਂ ਨਾਲ਼ ਲੇਣ ਦੇਣ ਕਰੇਂਗਾ ਤਾਂ ਉਹ ਖ਼ੁਦ ਜ਼ੁਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ ਸਵਿੰਦਰ ਕੌਰ ਪਤਨੀ ਲੇਟ ਸ: ਜਗਦੇਵ ਸਿੰਘ ਵਾਸੀ ਪਿੰਡ ਭੋਇਆ, ਫਤਿਗੜ੍ਹ, ਅੰਮ੍ਰਿਤਸਰ ਆਪਣੇ ਬੇਟੇ ਲਖਵਿੰਦਰ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਲਖਵਿੰਦਰ ਸਿੰਘ ਦੇ ਨਾਲ ਕੋਈ ਸਬੰਧ ਨਹੀ ਹੈ।

ਮੈਂ ਸੁਖਵਿੰਦਰ ਕੌਰ ਪਤਨੀ ਸੁੱਚਾ ਸਿੰਘ ਵਾਸੀ ਮਕਾਨ ਨੰ. 177, ਗੁਰੂ ਰਾਮ ਦਾਸ ਐਵੀਨਿਊ,ਮਜੀਠਾ ਰੋਡ, ਅੰਮ੍ਰਿਤਸਰ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸਦੀ ਪਤਨੀ ਸਿਮਰਨਜੀਤ ਕੌਰ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀਆਂ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਸਰਬਜੀਤ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਲਾਟ ਨੰ. 12 ਮਿਨ 13, ਗਲੀ ਨੰ.6, ਰਾਮ ਐਵੀਨਿਊ, ਰੱਖ ਸ਼ਿਕਾਰਗਾਹ ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਚਿੱਤਰ ਸਿੰਘ ਅਤੇ ਉਸਦੀ ਪਤਨੀ ਹਰਜੀਤ ਕੌਰ ਅਤੇ ਇਨ੍ਹਾਂ ਦੇ ਲੜਕੇ ਸਰਬਜੋਤ ਸਿੰਘ ਅਤੇ ਏਕਮਜੋਤ ਸਿੰਘ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਦੇ ਮਾਲਿਕ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਸਭ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਮਹਿੰਦਰ ਪਾਲ ਪੁੱਤਰ ਮਹਿਗਾ ਰਾਮ ਜਬਾਲੀਆ ਵਾਸੀ ਮੁਹੱਲਾ ਕ੍ਰਿਸ਼ਨ ਨਗਰ ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਅਤੇ ਇਸਦੀ ਪਤਨੀ ਮਨਪ੍ਰੀਤ ਕੌਰ ਦੋਨੋਂ ਮੇਰੇ ਕਹਿਣੇ, ਸੁਣਨੇ ਅਤੇ ਮੰਨਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਸਰਵਣ ਸਿੰਘ ਪੁੱਤਰ ਸੁੱਚਾ ਸਿੰਘ, ਵਾਸੀ ਵਡਾਲਾ ਖੁਰਦ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਗੁਰਲਗਨ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਕਵਲਜੀਤ ਕੌਰ ਪੁੱਤਰੀ ਮੁਖਤਾਰ ਸਿੰਘ, ਵਾਸੀ ਮੁੱਛਲ, ਤਹਿਸੀਲ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਯੁਵਰਾਜ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਹਰਭਜਨ ਸਿੰਘ ਪ੍ਰਧਾਨ ਨੂੰ ਕੀਤਾ ਸਨਮਾਨਤ



ਹੁਸ਼ਿਆਰਪੁਰ, ( ਓ ਪੀ ਰਾਣਾ) ਡੇਰਾ ਸੰਤ ਬਾਬਾ ਬੈਰਾਗ ਦਾਸ ਪਿੰਡ ਸਰੂਪ ਨਗਰ ਜਲੰਧਰ ਵਿਖੇ ਸਾਲਾਨਾ ਸਮਾਗਮ ਸਮੂਹ ਸੰਗਤ ਵਲੋਂ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਸਮਾਗਮ ਵਿਚ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੇ ਹਾਜਰੀ ਭਰੀ। ਸੰਤ ਬਾਬਾ ਬੈਰਾਗ ਦਾਸ ਬ੍ਰਹਮ ਗਿਆਨੀ ਤਪੱਸਵੀ ਸੰਤ ਮਹਾਂਪੁਰਸ਼ ਹੋਏ ਸਨ ਜਿਨਾਂ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਪ੍ਰਮੇਸ਼ਰ ਦੀ ਬੰਦਗੀ ਨਾਲ ਜੋੜਿਆ। ਇਸ ਮੌਕੇ ਅੰਮ੍ਰਿਤਸਰ, ਪਠਾਨਕੋਟ, ਹੁਸ਼ਿਆਰਪੁਰ, ਜਲੰਧਰ ਅਤੇ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਤੋਂ ਉਨ੍ਹਾਂ ਦੇ ਪੈਰੋਕਾਰ ਹਾਜਰ ਸਨ। ਪਿੰਡ ਮਾਨਾ ਤੋਂ ਸੂਬੇਦਾਰ ਹਰਭਜਨ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਮਾਨਾ ਹੁਸ਼ਿਆਰਪੁਰ ਨੂੰ ਡੇਰੇ ਦੀ ਪ੍ਰਬੰਧਕ ਕਮੇਟੀ ਅਤੇ ਸਰਪੰਚ ਮੰਗਾ ਸਿੰਘ ਵਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਰਾਜ ਕੁਮਾਰ ਮੁੱਖ ਸੇਵਾਦਾਰ, ਪਲਵਿੰਦਰ ਮਾਨਾ , ਬਾਬੂ ਰੋਸ਼ਨ ਲਾਲ, ਲੰਬਰਦਾਰ ਰਾਜ ਕੁਮਾਰ, ਜਸਬੀਰ ਸਿੰਘ, ਗੁਰਮੀਤ ਸਿੰਘ, ਸੰਤੋਖ ਸਿੰਘ, ਨਿਰੰਜਣ ਸਿੰਘ, ਤੇਜਪਾਲ, ਰਾਜਵਿੰਦਰ ਕੌਰ ਪੰਚ, ਸੁਰਿੰਦਰ ਕੌਰ, ਸਵਰਨ ਕੌਰ, ਕਿਰਨਾਂ, ਤਰਸੇਮ ਕੌਰ ਅਤੇ ਵੱਡੀ ਗਿਣਤੀ ਵਿਚ ਸੰਗਤ ਹਾਜਰ ਸੀ।


# ਸੰਘਰਸ਼ੀ ਯੋਧੇ ਦਾ ਕਿਸਾਨੀ ਮੁੱਦਿਆਂ ਲਈ ਬਹੁਤ ਘਾਟਾ ਪਿਆ:ਸ਼ਾਦੀਪੁਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )- ਕਸ਼ਮੀਰ ਸਿੰਘ ਮੁੱਖ ਬੁਲਾਰਾ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਮੌਤ ਨੇ ਦੋਆਬਾ ਦੇ ਥੰਮ ਨੇ ਇਲਾਕੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ ।ਰਛਪਾਲ ਸਿੰਘ ਸ਼ਾਦੀਪੁਰ ਮੀਤ ਪ੍ਰਧਾਨ ਨੇ ਦੱਸਿਆ ਕਿ ਕਸ਼ਮੀਰ ਸਿੰਘ ਨੇ ਦਿੱਲੀ ਅੰਦੋਲਨ ਵਿੱਚ ਇਲਾਕੇ ਵਿਚ ਕਿਸਾਨੀ ਨਾਲ ਜੋੜਿਆ ਤੇ ਇਲਾਕੇ ਦੀਆਂ ਸਮੱਸਿਆਵਾਂ ਲਈ ਹਮੇਸ਼ਾ ਤਿਆਰ ਰਹਿੰਦੇ ਸਨ। ਧਾਰਮਿਕ ਪੱਖੋਂ ਵੀ ਗੁਰੂਘਰ ਨਾਲ ਪ੍ਰੇਮ ਸੀ। ਇਸ ਸ਼ੰਘਰਸ਼ੀ ਯੋਧੇ ਦਾ ਕਿਸਾਨੀ ਮੁੱਦਿਆਂ ਲਈ ਬਹੁਤ ਘਾਟਾ ਪਿਆ ਹੈ। ਭਾਰਤੀ ਕਿਸਾਨ ਯੂਨੀਅਨ ਦੋਆਬਾ, ਪਰਵਾਰ ਦੇ ਇਸ ਦੁੱਖ ਦੀ ਘੜੀ ਵਿਚ ਸ਼ਰੀਕ ਹੁੰਦੀ ਹੈ।ਇਸ ਮੌਕੇ ਗੁਰਚੇਤਨ ਸਿੰਘ ਤੱਖਰ, ਜਸਵੰਤ ਸਿੰਘ ਕਾਹਲੋਂ, ਕੇਵਲ ਸਿੰਘ, ਰਛਪਾਲ ਸਿੰਘ ਸ਼ਾਦੀਪੁਰ, ਪ੍ਰਦੀਪ ਸਿੰਘ, ਹਰਜੀਤ ਸਿੰਘ ਢੇਸੀ, ਤਰਸੇਮ ਸਿੰਘ, ਕਸ਼ਮੀਰ ਸਿੰਘ ਪੰਨੂ, ਗੁਰਦਿਆਲ ਸਿੰਘ, ਜਸਵੀਰ ਸਿੰਘ ਸਹੋਤਾ ਹਾਜ਼ਰ ਸਨ।

# ਡਾ. ਮੁਖਰਜੀ ਦੇ ਵਿਚਾਰ ਅੱਜ ਵੀ ਪ੍ਰੇਰਨਾ ਦਾ ਸਰੋਤ - ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੋਮਵਾਰ ਨੂੰ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਬਲਿਦਾਨ ਦਿਵਸ ਮੌਕੇ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਮੁੱਖ ਮੰਤਰੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਪ੍ਰਤਿਮਾ 'ਤੇ ਪੁਸ਼ਪ ਅਰਪਿਤ ਕਰ ਨਮਨ ਕੀਤਾ ਅਤੇ ਇਸ ਦੌਰਾਨ ਪੌਧਾਰੋਪਣ ਕਰ ਵਾਤਾਵਰਣ ਸੰਰਖਣ ਦਾ ਵੀ ਸੰਦੇਸ਼ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਵਿਚਾਰ, ਬਲਿਦਾਨ ਅਤੇ ਰਾਸ਼ਟਰਭਗਤੀ ਅੱਜ ਵੀ ਹਰ ਭਾਰਤ ਵਾਸੀ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੇ ਇੱਕ ਦੇਸ਼ ਵਿੱਚ ਦੋ ਪ੍ਰਧਾਨ, ਦੋ ਨਿਸ਼ਾਨ, ਦੋ ਸੰਵਿਧਾਨ ਨਹੀਂ ਚੱਲਣਗੇ ਦੇ ਸੰਕਲਪ ਲੈ ਕੇ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਦੇ ਲਈ ਆਪਣਾ ਸੱਭ ਕੁੱਝ ਕੁਰਬਾਨ ਕੀਤਾ। ਉਨ੍ਹਾਂ ਦੇ ਅਣਥੱਕ ਯਤਨਾਂ ਨਾਲ ਜੰਮੂ-ਕਸ਼ਮੀਰ ਵਿੱਚ ਲਾਗੂ ਪਰਮਿਟ ਪ੍ਰਥਾ ਖਤਮ ਹੋਈ ਅਤੇ ਦੇਸ਼ ਦੀ ਏਕਤਾ ਨੂੰ ਮਜਬੂਤੀ ਮਿਲੀ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਦਿਖਾਏ ਮਾਰਗ 'ਤੇ ਚੱਲਦੇ ਹੋਏ ਜੰਮੂ-ਕਸ਼ਮੀਰ ਤੋਂ ਅਨੁਛੇਦ 370 ਨੂੰ ਖਤਮ ਕਰ ਅਖੰਡ ਭਾਰਤ ਦੇ ਸੰਕਲਪ ਨੂੰ ਸਾਕਾਰ ਕੀਤਾ ਹੈ।

# ਸੰਜੀਵ ਅਰੋੜਾ ਨੂੰ ਜਿੱਤਣ 'ਤੇ ਜਲਾਲਪੁਰ ਨੇ ਦਿੱਤੀ ਵਧਾਈ



ਬਲਾਚੌਰ, (ਜਸਵਿੰਦਰ ਬੈਂਸ)- ਹਲਕਾ ਲੁਧਿਆਣਾ ਵੈਸਟ ਵਿੱਚ ਜਿਮਨੀ ਚੋਣਾਂ ਵਿੱਚ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਸ਼ਾਨਦਾਰ ਜਿੱਤ 'ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਮੁਬਾਰਕਬਾਦ ਦਿੱਤੀ ਗਈ। ਉਹਨਾਂ ਕਿਹਾ ਕਿ ਇਸ ਚੋਣ ਨੇ 2027 ਲਈ ਇਹ ਗੱਲ ਸਪੱਸ਼ਟ ਕਰ ਦਿੱਤੀ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੁਬਾਰਾ ਬਣੇਗੀ ।ਉਨ੍ਹਾਂ ਨੇ ਕਿਹਾ ਕਿ ਲੁਧਿਆਣਾ ਪੱਛਮੀ ਜ਼ਿਮਨੀ ਚੋਣ 'ਚ 'ਆਪ' ਉਮੀਦਵਾਰ ਸੰਜੀਵ ਅਰੋੜਾ ਦੀ ਜਿੱਤ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ ਪੱਖੀ ਨੀਤੀਆਂ ਦੀ ਜਿੱਤ ਹੈ। ਜਲਾਲਪੁਰ ਨੇ ਲੁਧਿਆਣਾ ਪੱਛਮੀ ਦੇ ਵੋਟਰਾਂ ਦਾ ਧੰਨਵਾਦ ਕੀਤਾ।

## ਬੇਦਖਲੀ ਨੋਟਿਸ

ਮੈਂ, ਡੇਵਿਡ ਮਸੀਹ ਪੁੱਤਰ ਹੈਕ ਅਤੇ ਰਾਜਨੀ ਪਤਨੀ ਡੇਵਿਟ ਮਸੀਹ ਵਾਸੀਆਨ ਪਿੰਡ ਧੋਗੜੀ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡਾ ਪੁੱਤਰ ਸਾਹਿਲ ਅਤੇ ਸਾਡੀ ਨੂੰਹ ਰਾਧਿਕਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬੀਰੋ ਪਤਨੀ ਜਗਨ ਨਾਥ ਵਾਸੀ ਨਕੋਦਰ ਰੋਡ, ਗੁਰੂ ਅਰਜਨ ਦੇਵ ਨਗਰ, ਬੇਕਸਾਈਡ ਕ੍ਰਿਸ਼ਨਾ ਰਾਈਸ ਮਿਲ, ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਜਿੰਦਰ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਸਮਿੱਤਰ ਕੌਰ ਪਤਨੀ ਰਜੰਣ ਸਿੰਘ ਵਾਸੀ ਕਮਰਾਏ,ਤਹਿ. ਭੁਲੱਥ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦੀ ਹਾਂ ਕਿ ਮੇਰਾ ਪੁੱਤਰ ਹਰਜਿੰਦਰ ਸਿੰਘ ਅਤੇ ਨੂੰਹ ਨੇਹਾ ਦੇਵੀ ਮੇਰੇ ਕਹਿਣੇਕਾਰ ਵਿਚ ਨਹੀਂ ਹਨ, ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰਾਜ ਕੁਮਾਰ ਮਹਿਤਾ ਪੁੱਤਰ ਰਾਮ ਪ੍ਰਕਾਸ਼ ਮਹਿਤਾ ਵਾਸੀ 8 ਗੋਪਾਲ ਦਾਸ ਰੋਡ, ਕਮਲ ਪੈਲੇਸ ਦੇ ਸਾਹਮਣੇ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਉਰਫ ਗੌਰਵ ਮੇਰੇ ਕਹਿਣ ਤੋਂ ਬਾਹਰ ਹੈ ਮੈਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

24-JUNE-PAGE-7.qxd 6/23/2025 10:43 PM Page 1



## ਸੀ ਐੱਮ ਦੀ ਯੋਗਸ਼ਾਲਾ ਤਹਿਤ ਕਰਮਗੜ੍ਹ 'ਚ ਯੋਗ ਦਿਵਸ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੀ ਐੱਮ ਦੀ ਯੋਗਸ਼ਾਲਾ ਅਧੀਨ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਡਿਪਟੀ ਕਮਿਸ਼ਨਰ ਟੀ ਬੈਨਿਥ ਦੀ ਅਗਵਾਈ ਹੇਠ ਪਿੰਡ ਕਰਮਗੜ੍ਹ ਵਿਖੇ ਇੱਕ ਵਿਸ਼ੇਸ਼ ਯੋਗ ਕੈਂਪ ਲਗਾਇਆ ਗਿਆ।ਇਸ ਮੌਕੇ ਜ਼ਿਲ੍ਹਾ ਯੋਗ ਕੋਆਰਡੀਨੇਟਰ ਮੈਡਮ ਰਸ਼ਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਹਰ ਇੱਕ ਵਿਅਕਤੀ ਨੂੰ ਕਿਸੇ ਨਾ ਕਿਸੇ ਸਰੀਰ ਜਾਂ ਮਾਨਸਿਕ ਬਿਮਾਰੀਆਂ ਤੋਂ ਪੀੜਤ ਹੈ ਤਾਂ ਯੋਗਾ ਇੱਕ ਅਜਿਹਾ ਸਾਧਨ ਹੈ, ਜਿਸ ਨਾਲ ਜੁੜ ਕੇ ਨਿਰੋਗ ਜੀਵਨ ਬਤੀਤ ਕੀਤਾ ਜਾ ਸਕਦਾ ਹੈ।ਇਸ ਮੌਕੇ ਯੋਗਾ ਟ੍ਰੇਨਰ ਮੈਡਮ ਵੀਰਵੰਤੀ ਕੌਰ ਸੰਘੇੜਾ ਨੇ ਕਿਹਾ ਕਿ ਯੋਗ ਲਈ ਰੋਜ਼ਾਨਾ ਕੁਝ ਸਮਾਂ ਕੱਢ ਕੇ ਅਸੀਂ ਤੰਦਰੁਸਤ ਰਹਿ ਸਕਦੇ ਹਾਂ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿੰਡ ਵਿੱਚ ਪੂਰੀ ਤਰ੍ਹਾਂ ਤੰਦਰੁਸਤ ਜੀਵਨ ਬਤੀਤ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਹਰ ਰੋਜ਼ ਸਵੇਰੇ 8:00 ਤੋਂ 9:00 ਵਜੇ ਤੱਕ ਯੋਗਾ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਗਈਆਂ ਹਨ।ਇਸ ਮੌਕੇ ਸਰਪੰਚ ਹਰਪ੍ਰੀਤ ਕੌਰ, ਗੁਰਦੀਪ ਕੌਰ, ਪਰਮਿੰਦਰ ਕੌਰ ਤੇ ਹੋਰ ਹਾਜ਼ਰ ਸਨ।

## ਮੱਕੀ ਹੀ ਝੋਨੇ ਦਾ ਬਦਲ : ਮੁੱਖ ਖੇਤੀਬਾੜੀ ਅਫ਼ਸਰ



**ਦਿੜ੍ਹਬਾ (ਜਸਵੀਰ ਲਾਡੀ)**-ਖੇਤੀਬਾੜੀ ਮਹਿਕਮੇ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖੇਤੀ ਵਿਭਿੰਨਤਾ ਲਿਆਉਣ ਲਈ ਪੰਜਾਬ ਦੇ ਕਿਸਾਨਾਂ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ।ਇਸ ਲੜੀ ਤਹਿਤ ਅੱਜ ਪਿੰਡ ਛਾਜਲੀ ਦੇ ਕਿਸਾਨ ਧਰਮਪਾਲ ਸ਼ਰਮਾ ਦੇ ਖੇਤ ਵਿੱਚ ਚਾਰ ਏਕੜ ਮੱਕੀ ਬਿਜਾਈ ਕਰਾਈ ਗਈ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਹਰਵਿੰਦਰਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਮੱਕੀ ਨੂੰ ਝੋਨੇ ਦਾ ਬਦਲ ਦਿੱਤਾ ਜਾ ਰਿਹਾ ਹੈ।ਝੋਨੇ ਦੇ ਮੁਕਾਬਲੇ ਮੱਕੀ ਸਿਰਫ ਵੀਹ ਪ੍ਰਤੀਸ਼ਤ ਪਾਣੀ ਲੈਂਦੀ ਹੈ, ਜਿਸ ਨਾਲ ਪਾਣੀ ਦੀ ਵੱਡੀ ਪੱਧਰ 'ਤੇ ਪਾਣੀ ਦੀ ਬੱਚਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਮੱਕੀ ਦਾ ਰੇਟ ਵੀ ਸਰਕਾਰ ਵੱਲੋਂ 2400/-ਪ੍ਰਤੀ ਕੁਇੰਟਲ ਰੱਖਿਆ ਗਿਆ ਹੈ ਅਤੇ ਇਸ ਦੀ ਵੀ ਖਰੀਦ ਏਜੰਸੀ ਮਾਰਕਫੈੱਡ ਕਰੇਗਾ।ਖੇਤੀਬਾੜੀ ਮਹਿਕਮੇ ਵੱਲੋਂ ਕਿਸਾਨਾਂ ਨੂੰ ਮੱਕੀ ਬੀਜਣ ਦੀ ਸਿਫਾਰਸ਼ ਕੀਤੀ ਹੈ।ਇਸ ਮੌਕੇ ਹਰਵਿੰਦਰ ਸਿੰਘ ਭਿੰਡਾ, ਖੇਤੀਬਾੜੀ ਅਫ਼ਸਰ, ਨਰਿੰਦਰਜੀਤਪਾਲ ਸਿੰਘ ਚੀਮਾ ਖੇਤੀਬਾੜੀ ਅਫ਼ਸਰ, ਡਾ. ਇੰਦਰਜੀਤ ਸਿੰਘ ਭੱਟੀ ਖੇਤੀਬਾੜੀ ਅਫ਼ਸਰ, ਕਪਿਲ ਸ਼ਰਮਾ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਕੰਪਿਊਟਰ ਸਾਇੰਸ ਵਿਭਾਗ ਵਿਖੇ ਸਾਬਕਾ ਵਿਦਿਆਰਥੀਆਂ ਦੀ ਮਿਲਣੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਕੰਪਿਊਟਰ ਸਾਇੰਸ ਵਿਭਾਗ ਨੇ ਸਾਬਕਾ ਵਿਦਿਆਰਥੀਆਂ ਦੀ ਮਿਲਣੀ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਵੱਖ-ਵੱਖ ਬੈਚਾਂ ਦੇ ਸਾਬਕਾ ਵਿਦਿਆਰਥੀਆਂ ਲਈ ਸਮਾਗਮ ਕੀਤਾ ਗਿਆ, ਜਿਸ ਵਿੱਚ ਭਾਸ਼ਣ, ਸੱਭਿਆਚਾਰਕ ਪ੍ਰਦਰਸ਼ਨ ਤੇ ਇੰਟਰਐਕਟਿਵ ਸੈਸ਼ਨ ਸ਼ਾਮਲ ਸਨ। ਇਸ ਸਮਾਗਮ ਵਿੱਚ ਸਾਬਕਾ ਵਿਦਿਆਰਥੀਆਂ ਦੀਆਂ ਨਿੱਜੀ ਤੇ ਪੇਸ਼ੇਵਰ ਪ੍ਰਾਪਤੀਆਂ ਲਈ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਆਪਣੇ ਸੰਬੋਧਨਾਂ ਵਿੱਚ ਸਾਬਕਾ ਵਿਦਿਆਰਥੀਆਂ ਨੇ ਆਪਣੇ ਕੈਰੀਅਰ ਸਫ਼ਰ, ਤਕਨੀਕੀ ਨਵੀਨਤਾ ਦੇ ਪ੍ਰਭਾਵ ਤੇ ਉਨ੍ਹਾਂ ਦੀ ਪੇਸ਼ੇਵਰ ਪਛਾਣ ਨੂੰ ਆਕਾਰ ਦੇਣ ਵਿੱਚ ਯੂਨੀਵਰਸਿਟੀ ਦੁਆਰਾ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਬਾਰੇ ਭਾਵੁਕਤਾ ਨਾਲ ਗੱਲ ਕੀਤੀ।ਉਨ੍ਹਾਂ ਦੀਆਂ ਪ੍ਰੇਰਨਾਦਾਇਕ ਤਜਰਬਿਆਂ ਨੇ ਮੌਜੂਦਾ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।ਇਹ ਪ੍ਰੋਗਰਾਮ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਸਰਪ੍ਰਸਤੀ ਹੇਠ ਕੀਤਾ ਗਿਆ ਸੀ ਅਤੇ ਪ੍ਰੋ. (ਡਾ.) ਨਵਦੀਪ ਕੌਰ ਦੁਆਰਾ ਸੰਚਾਲਿਤ ਗਿਆ ਸੀ।ਕੰਪਿਊਟਰ ਸਾਇੰਸ ਦੇ ਸਹਾਇਕ ਪ੍ਰੋਫੈਸਰ ਡਾ. ਸ਼ੀਨਮ ਮਲਹੋਤਰਾ ਨੇ ਇਸ ਪ੍ਰੋਗਰਾਮ ਨੂੰ ਕੋਆਰਡੀਨੇਟ ਕੀਤਾ।ਡਾ. ਸਰਪ੍ਰੀਤ ਸਿੰਘ ਡੀਨ ਐਲੂਮਨੀ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਸਾਂਝਾ ਕੀਤਾ ਕਿ ਐਲੂਮਨੀ ਮੀਟ ਕੰਪਿਊਟਰ ਸਾਇੰਸ ਵਿਭਾਗ ਦੇ ਸਫ਼ਰ ਵਿੱਚ ਇੱਕ ਮਾਣਮੱਤਾ ਮੀਲ ਪੱਥਰ ਹੈ, ਜੋ ਵਿਕਾਸ, ਸ਼ੁਕਰਗੁਜ਼ਾਰੀ ਤੇ ਭਾਈਚਾਰੇ ਦੀ ਭਾਵਨਾ ਨੂੰ ਉਜਾਗਰ ਕਰਦਾ ਹੈ।

## ਸ਼ਹੀਦ ਨਿਧਾਨ ਸਿੰਘ ਘੁਡਾਣੀ ਦੀ ਬਰਸੀ ਜੋਸ਼ੋ-ਖਰੋਸ਼ ਨਾਲ ਮਨਾਈ




**ਲੁਧਿਆਣਾ (ਰੈਕਟਰ ਕਥੂਰੀਆ)**-ਕਿਸਾਨ ਯੂਨੀਅਨ ਵਿੱਚ ਲੰਬੇ ਸਮੇਂ 'ਚ ਕਿਸਾਨ ਮੰਗਾਂ ਮਨਵਾਉਣ ਲਈ ਸੰਘਰਸ਼ ਦੇ ਅਖਾੜੇ 'ਚ ਜੂਝਣ ਵਾਲੇ ਸ਼ਹੀਦ ਕਾ: ਨਿਧਾਨ ਸਿੰਘ ਉਰਫ ਬਚਨ ਸਿੰਘ ਦੀ 34ਵੀਂ ਬਰਸੀ ਉਨ੍ਹਾ ਦੇ ਜੱਦੀ ਪਿੰਡ ਘੁਡਾਣੀ ਕਲਾਂ ਵਿਖੇ ਇੰਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ। ਸ਼ਰਧਾਂਜਲੀ ਭੇਟ ਕਰਦਿਆਂ ਸੁਦਾਗਰ ਸਿੰਘ ਘੁਡਾਣੀ ਨੇ ਦੱਸਿਆ ਕਿ ਸਰਕਾਰਾਂ ਵੱਲੋਂ ਕਿਸਾਨ ਲਹਿਰ ਨੂੰ ਮੱਠੀ ਪਾਉਣ ਲਈ ਵੱਖ ਵੱਖ ਟਾਈਮ ਵੱਖ-ਵੱਖ ਫਿਰਕੂ ਖੇਡਾਂ ਦੇ ਪੱਤੇ ਚਲੇ ਹਨ, ਜਿਸ ਤਹਿਤ ਸੰਘਰਸ਼ ਕਰਨ ਵਾਲਿਆਂ ਤੇ ਹੋਰ ਇਨਸਾਫਪਸੰਦਾਂ ਨੂੰ ਮੌਤ ਦੇ ਮੂੰਹ ਧੱਕਿਆ, ਲੋਕਾਂ ਦਾ ਧਿਆਨ ਵੰਡਣ ਲਈ ਕਦੇ ਜੰਗਾਂ ਲਾਉਣ ਕਦੇ ਫਿਰਕੂ ਦੰਗੇ ਕਰਾ ਕੇ ਅਸਲ ਵਿੱਚ ਇਹ ਕਾਰਪੋਰੇਟਾਂ ਪੱਖੀ ਨੀਤੀਆਂ ਲਿਆ ਰਹੀ ਹੈ, ਜਿਸ ਕਾਰਨ ਮਹਿੰਗਾਈ, ਬੇਰੁਜ਼ਗਾਰੀ ਵੱਧ ਰਹੀ ਹੈ ਤੇ ਆਮ ਜਨਤਾ ਦਾ ਕਚੂੰਮਰ ਕੱਢਿਆ ਜਾ ਰਿਹਾ ਹੈ। ਸ਼ਹੀਦ ਨਿਧਾਨ ਸਿੰਘ ਘੁਡਾਣੀ ਦੀ ਬਰਸੀ ਮੌਕੇ ਵੀ ਜ਼ਮੀਨਾਂ ਦੀ ਐਕਵਾਇਰਮੈਂਟ ਦਾ ਮੁੱਦਾ ਛਾਇਆ ਰਿਹਾ ਤੇ ਸੰਘਰਸ਼ਾਂ ਵਿੱਚ ਤੇਜ਼ੀ ਲਿਉਣ ਦਾ ਅਹਿਦ ਲਿਆ ਗਿਆ।ਉਨ੍ਹਾਂ ਕਿਹਾ ਕਿ ਅੱਜ ਦੀਆਂ ਸਰਕਾਰਾਂ ਹਜ਼ਾਰਾਂ ਏਕੜ ਜ਼ਮੀਨਾਂ ਐਕਵਾਇਰ ਕਰਕੇ ਕਾਰਪੋਰੇਟ ਹਵਾਲੇ ਕਰਨ ਜਾ ਰਹੀ ਹੈ ਤੇ ਪੰਜਾਬ ਦੇ ਕਿਸਾਨਾਂ ਨੂੰ ਜ਼ਮੀਨਾਂ ਤੋਂ ਵਿਰਵੇ ਕੀਤਾ ਜਾ ਰਿਹਾ ਹੈ। ਆਪਣੀਆਂ ਜ਼ਮੀਨਾਂ ਤੇ ਨੌਜਵਾਨੀ ਨੂੰ ਬਚਾਉਣ ਲਈ ਸੰਘਰਸ਼ਾਂ ਦੇ ਰਾਹ ਤੁਰਨਾ ਸਮੇਂ ਦੀ ਲੋੜ ਹੈ ਤੇ ਇਹ ਹੀ ਸ਼ਹੀਦ ਨੂੰ ਸੱਚੀ ਸ਼ਰਧਾਂਜਲੀ ਹੈ।

## ਸੀ ਐੱਮ ਦੀ ਯੋਗਸ਼ਾਲਾ ਅਧੀਨ ਸ਼ਹਿਰ 'ਚ ਮਨਾਇਆ ਯੋਗ ਦਿਵਸ



**ਕੋਟ ਈਸੇ ਖਾਂ (ਅਰੋੜਾ)**-11ਵਾਂ ਅੰਤਰਰਾਸ਼ਟਰੀ ਯੋਗ ਦਿਵਸ ਸੀ ਐੱਮ ਦੀ ਯੋਗਸ਼ਾਲਾ ਅਧੀਨ ਸਥਾਨਕ ਨੇਚਰ ਪਾਰਕ ਨੇੜੇ ਗਊਸ਼ਾਲਾ ਮਸੀਤਾਂ ਰੋਡ ਕੋਟ ਈਸੇ ਖਾਂ ਵਿਖੇ ਯੋਗ ਟ੍ਰੇਨਰ ਮੈਡਮ ਸਿਮਰਜੀਤ ਕੌਰ ਤੇ ਮਾਸਟਰ ਸ਼ੁਮਾਰ ਸਿੰਘ ਦੀ ਅਗਵਾਈ ਹੇਠ ਵੱਡੇ ਪੱਧਰ 'ਤੇ ਮਨਾਇਆ ਗਿਆ, ਜਿਸ ਵਿੱਚ ਆਪ ਆਗੂ ਪ੍ਰਕਾਸ਼ ਸਿੰਘ ਰਾਜਪੂਤ, ਬਲਵੰਤ ਸਿੰਘ ਰਾਮੂਵਾਲੀਆ, ਸੁਭਾਸ਼ ਚੰਦਰ ਤੇ ਨਗਰ ਕੌਂਸਲ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਸਮੁੱਚੇ ਪ੍ਰੋਗਰਾਮ ਨੂੰ ਰਜਿੰਦਰ ਸਿੰਘ ਖਹਿਰਾ ਸਮਾਜ ਸੇਵੀ ਵੱਲੋਂ ਸੁਚੱਜੇ ਢੰਗ ਨਾਲ ਚਲਾਇਆ ਗਿਆ।ਸ਼ੁਰੂਆਤੀ ਭਾਸ਼ਣ ਉੱਘੇ ਸਮਾਜ ਸੇਵਕ ਕੇ ਕੇ ਤਿਵਾੜੀ ਨੇ ਕੀਤਾ ਅਤੇ ਯੋਗ ਦੀ ਮਹੱਤਤਾ ਬਾਰੇ ਦੱਸਿਆ। ਇਸ ਤੋਂ ਬਾਅਦ ਲੇਖਕ ਵਿਵੇਕ ਨੇ ਯੋਗ ਨੂੰ ਸਮਰਪਤ ਕਵਿਤਾ ਸੁਣਾਈ, ਜਿਸ ਦਾ ਸਰੋਤਿਆਂ ਨੇ ਭਰਪੂਰ ਸਮਰਥਨ ਕੀਤਾ।ਇਸ ਉਪਰੰਤ ਐੱਮ ਸੀ ਪ੍ਰਦੀਪ ਕੁਮਾਰ ਪਲਤਾ ਨੇ ਸਮੁੱਚੇ ਪ੍ਰੋਗਰਾਮ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ।ਗੁਰਚਰਨ ਸਿੰਘ ਪਟਵਾਰੀ, ਸੁਰਜੀਤ ਸਿੰਘ, ਪਵਨ ਕੁਮਾਰ ਵਿਵੇਕ ਕੁਮਾਰ, ਸ਼ਿਵਾਏ ਲੂਥਰਾ, ਓਮ ਪ੍ਰਕਾਸ਼, ਮਨੀਸ਼ ਕੁਮਾਰ, ਸਾਬਕਾ ਐੱਮ ਸੀ ਰਾਜਨ ਵਰਮਾ, ਟਿੰਮੀ ਸਦਿਓੜਾ, ਰਿੰਕੂ ਗੁਲਾਟੀ, ਅਮਿਤ ਕਾਲੜਾ, ਸੋਨੂੰ ਵਰਮਾ, ਨੰਨੀ ਨਾਰੰਗ, ਮੁਕੇਸ਼ ਪਲਤਾ, ਨਛੱਤਰ ਸਿੰਘ ਜੋਧਾ, ਮੋਹਨ ਲਾਲ ਤਿਵਾੜੀ, ਉਮੇਸ਼ ਯਾਦਵ, ਰੋਸ਼ਨ ਗਰੋਵਰ, ਤਿਲਕ ਰਾਜ ਸ਼ਰਮਾ, ਮਿੰਟੂ ਸੱਗੂ, ਪ੍ਰਦੀਪ ਕੁਮਾਰ ਪਲਤਾ ਯੋਗ ਸਾਧਕਾਂ ਨੇ ਯੋਗ ਕਿਰਿਆਵਾਂ ਵਿੱਚ ਭਾਗ ਲਿਆ।ਸ਼ਹਿਰ ਨਿਵਾਸੀ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਯੋਗ ਟ੍ਰੇਨਰ ਮੈਡਮ ਰਾਣੀ ਨੇ ਸਾਰੇ ਪ੍ਰੋਗਰਾਮ ਦੀ ਵਧੀਆ ਨਿਗਰਾਨੀ ਕੀਤੀ।ਇਸ ਮੌਕੇ ਯੋਗ ਟ੍ਰੇਨਰਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ ਗਈ।

## ਬੱਚਿਆਂ ਨੂੰ ਯੋਗ ਦਿਵਸ ਬਾਰੇ ਦੱਸਿਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸ਼ਹੀਦ ਸੂਬੇਦਾਰ ਅਵਤਾਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ ਦੇ ਪ੍ਰਿੰਸੀਪਲ ਗੁਰਜੀਤ ਸਿੰਘ ਨੇ ਬੱਚਿਆਂ ਨੂੰ ਯੋਗ ਦੀ ਮਹੱਤਾ ਬਾਰੇ ਦੱਸਿਆ ਕਿ ਯੋਗ ਸਰੀਰ ਨੂੰ ਫੁਰਤੀਲਾ ਬਣਾਉਂਦਾ ਹੈਠ ਜਲਦੀ ਉੱਠਣ ਦੀ ਆਦਤ ਪੈਂਦੀ ਹੈ, ਸਾਡਾ ਪਾਚਨਤੰਤਰ ਮਜ਼ਬੂਤ ਬਣਦਾ ਹੈ, ਮਾਸਪੇਸ਼ੀਆਂ ਵਿੱਚ ਲਚਕੀਲਾਪਣ ਆਉਂਦਾ ਹੈ।ਯੋਗ ਕਰਨ ਲਈ ਸ਼ੂਗਰ, ਬਲੱਡ ਪ੍ਰੈਸ਼ਰ, ਦਿਲ ਦੇ ਰੋਗ, ਸਾਹ ਦੀਆਂ ਬਿਮਾਰੀਆਂ, ਸਰਵਾਈਕਲ ਵਰਗੇ ਰੋਗਾਂ ਤੋਂ ਛੁਟਕਾਰਾ ਮਿਲਦਾ ਹੈ।ਡੀ ਪੀ ਹਰਪ੍ਰੀਤ ਸਿੰਘ ਬੱਚਿਆਂ ਨੂੰ ਆਨਲਾਈਨ ਯੋਗਾ ਕਰਾਇਆ ਤੇ ਬੱਚਿਆਂ ਨੂੰ ਯੋਗ ਕਰਨ ਦੇ ਫਾਇਦੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸਕੂਲ ਦੇ ਪ੍ਰਿੰਸੀਪਲ ਗੁਰਜੀਤ ਸਿੰਘ ਨੇ ਦੱਸਿਆ ਕਿ ਸਕੂਲ ਵੱਲੋਂ ਬੱਚਿਆਂ ਨੂੰ ਸਿਹਤ ਨੂੰ ਮੁੱਖ ਰੱਖਦਿਆਂ ਖੇਡਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।

# ਯੋਗ ਆਪਣੇ ਮੂਲ ਨਾਲੋਂ ਟੁੱਟੇ ਮਨੁੱਖ ਨੂੰ ਜੋੜਨ 'ਚ ਸਹਾਈ ਹੋ ਸਕਦੈ : ਡਾ. ਸਵਰਾਜ ਸਿੰਘ

### ਕੈਪਟਨ ਹਰਕੇਸ਼ ਸਿੰਘ ਨੇ ਯੋਗਾ ਦੇ ਆਸਣਾਂ ਦਾ ਡੈਮੋ ਦਿੱਤਾ



**ਸੰਗਰੂਰ (ਪ੍ਰਵੀਨ ਸਿੰਘ)**-ਕੌਮਾਂਤਰੀ ਯੋਗ ਦਿਵਸ ਮੌਕੇ ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਨਿਵੇਕਲੀਆਂ ਪੈੜਾਂ ਪਾਉਂਦੇ ਹੋਏ ਯੋਗ ਤੇ ਮਾਨਸਿਕ ਸਿਹਤ ਵਿਸ਼ੇ 'ਤੇ ਇੱਕ ਵਿਸ਼ਾਲ ਸੈਮੀਨਾਰ ਜਗਦੀਪ ਸਿੰਘ ਗੰਧਾਰਾ ਐਡਵੋਕੇਟ ਦੀ ਪ੍ਰਧਾਨਗੀ ਹੇਠ ਸੈਨਿਕ ਭਵਨ ਸੰਗਰੂਰ ਵਿਖੇ ਕਰਾਇਆ ਗਿਆ।ਮੁੱਖ ਵਕਤਾ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ, ਉਦਘਾਟਨ ਪਵਨ ਹਰਚੰਦਪੁਰੀ ਪ੍ਰ.ਕੇਂ.ਪੰ.ਲੇ. ਸਭਾ (ਸੇਖੋਂ), ਮੁੱਖ ਮਹਿਮਾਨ ਮੇਘ ਰਾਜ ਸ਼ਰਮਾ ਬਠਿੰਡਾ, ਡਾ. ਭਗਵੰਤ ਸਿੰਘ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ। ਭਾਸ਼ਾ ਵਿਭਾਗ ਦੇ ਸਾਬਕਾ ਡਾਇਰੈਕਟਰ ਰਛਪਾਲ ਸਿੰਘ ਗਿੱਲ ਨੂੰ ਸ਼ਰਧਾਂਜਲੀ ਉਪਰੰਤ ਆਰੰਭ ਹੋਏ ਸੈਮੀਨਾਰ ਬਾਰੇ ਗੱਲ ਕਰਦੇ ਹੋਏ ਸਭਾ ਦੇ ਪ੍ਰਧਾਨ ਡਾ. ਭਗਵੰਤ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਦੁਨੀਆ ਆਪਣੀ ਜੀਵਨ ਸ਼ੈਲੀ ਦੇ ਕਾਰਨ ਤਨਾਅ ਵਿੱਚ ਹੈ।ਇਸ ਤੋਂ ਬਚਣ ਲਈ ਭਾਰਤੀ ਦਰਸ਼ਨ ਦਾ ਮੁੱਖ ਸ਼ਾਸਤਰ ਯੋਗ ਬਹੁਤ ਉਪਯੋਗੀ ਹੈ, ਕਿਉਂਕਿ ਇਸ ਦਾ ਵਿਸ਼ੇਸ਼ ਸ਼ਾਸਤਰਾਂ ਵਿੱਚ ਵਿਸ਼ੇਸ਼ ਸਥਾਨ ਹੈ।ਸੈਮੀਨਾਰ ਵਿੱਚ ਦੋ ਪੇਪਰ ਪੜ੍ਹੇ ਗਏ।ਡਾ. ਜਗਦੀਪ ਕੌਰ ਆਹੂਜਾ ਨੇ ਯੋਗ ਤੇ ਗੁਰਮਤਿ ਵਿਚਾਰਧਾਰਾ ਦੇ ਪ੍ਰਸੰਗ ਵਿੱਚ ਗੰਭੀਰ ਚਰਚਾ ਕੀਤੀ।ਅਮਰ ਗਰਗ ਕਲਮਦਾਨ ਨੇ ਕਿਹਾ ਕਿ ਯੋਗਸ਼ਾਸਤਰ ਦਾ ਮੁੱਖ ਘਾੜਾ ਸੰਖਿਆ ਦਰਸ਼ਨ ਹੈ।ਉਹਨੇ ਕਪਿਲ ਮੁਨੀ ਦੇ ਪ੍ਰਸੰਗ ਵਿੱਚ ਯੋਗ ਸ਼ਾਸਤਰ ਦੀ ਗੱਲ ਕੀਤੀ।ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਨੇ ਕਿਹਾ ਕਿ ਅੱਜ ਪੱਛਮੀ ਸਰਮਾਏਦਾਰੀ ਦੇ ਖਪਤਕਾਰੀ ਸੱਭਿਆਚਾਰ ਦੀ ਚੂਹਾ ਦੌੜ ਵਿੱਚ ਫਸੇ ਮਨੁੱਖ ਲਈ ਆਪਣੇ ਮੂਲ ਤੋਂ ਟੁੱਟਣਾ ਮੁੱਖ ਚੁਣੌਤੀ ਤੇ ਸਮੱਸਿਆ ਬਣ ਗਿਆ ਹੈ।ਇਸ ਦੇ ਸਿੱਟੇ ਵਜੋਂ ਮਨੁੱਖ ਭੈਅ, ਚਿੰਤਾ ਤੇ ਅਸੁਰੱਖਿਆ ਦੀਆਂ ਭਾਵਨਾਵਾਂ ਦਾ ਸ਼ਿਕਾਰ ਹੋ ਗਿਆ ਹੈ।ਯੋਗਾ ਜਿਸ ਦਾ ਅਰਥ ਹੀ ਆਤਮਾ ਅਰਥਾਤ ਨਿੱਜੀ ਚੇਤਨਾ ਦਾ ਪ੍ਰਮਾਤਮਾ ਅਰਥਾਤ ਬ੍ਰਹਿਮੰਡੀ ਚੇਤਨਾ ਦਾ ਜੁੜਨਾ ਹੈ।ਇਸ ਜੋੜਨ ਦੀ ਪ੍ਰਕਿਰਿਆ ਵਿੱਚ ਯੋਗਾ ਸਹਾਈ ਹੋ ਸਕਦਾ ਹੈ।ਸਰਮਾਏਦਾਰੀ ਸਮਾਜ ਨੂੰ ਅਨੁਸ਼ਾਸਨਹੀਣਤਾ ਤੇ ਅਰਾਜਕਤਾ ਵੱਲ ਧੱਕਦੀ ਹੈ।ਯੋਗ ਦਾ ਆਪਣਾ ਇੱਕ ਅਨੁਸ਼ਾਸਨ ਹੈ, ਜਿਸ ਦਾ ਸਫਰ ਸਰੀਰਕ ਕਸਰਤ ਤੋਂ ਸ਼ੁਰੂ ਹੋ ਕੇ ਆਪਣੇ ਮਨ ਤੇ ਇੰਦਰੀਆਂ 'ਤੇ ਕਾਬੂ ਪਾ ਕੇ ਆਪਣੀ ਚੇਤਨਾ ਨੂੰ ਬ੍ਰਹਿਮੰਡੀ ਚੇਤਨਾ ਵਿੱਚ ਵਿਲੀਨ ਕਰਨ ਤੱਕ ਜਾਂਦਾ ਹੈ।

ਪਵਨ ਹਰਚੰਦਪੁਰੀ ਨੇ ਯੋਗਾ ਦੇ ਸਿਧਾਂਤਕ ਪੱਖਾਂ ਬਾਰੇ ਗੱਲ ਕੀਤੀ।ਜਗਦੀਪ ਸਿੰਘ ਗੰਧਾਰਾ ਨੇ ਯੋਗਾ ਦੇ ਅੰਤਰਰਾਸ਼ਟਰੀ ਮਹੱਤਵ ਬਾਰੇ ਅੰਕੜੇ ਪੇਸ਼ ਕੀਤੇ।ਅਨੋਖ ਸਿੰਘ ਵਿਰਕ, ਡਾ. ਇਕਬਾਲ ਸਿੰਘ, ਕੁਲਵੰਤ ਕਸਕ ਨੇ ਯੋਗ ਦੇ ਵਿਭਿੰਨ ਪਹਿਲੂਆਂ ਬਾਰੇ ਵਿਚਾਰ ਪੇਸ਼ ਕੀਤੇ।ਵਿਚਾਰ ਚਰਚਾ ਵਿੱਚ ਬਸ਼ੇਸ਼ਰ ਰਾਮ, ਦਲਬਾਰ ਸਿੰਘ ਚੱਠਾ, ਡਾ. ਰਾਜੀਵ ਪੁਰੀ, ਸੁਰਿੰਦਰਪਾਲ ਸਿੰਘ ਸਿਦਕੀ, ਮੀਤ ਸਕਰੌਦੀ, ਪਵਨ ਕੁਮਾਰ ਹੋਸ਼ੀ, ਮੇਘ ਰਾਜ ਸ਼ਰਮਾ ਬਠਿੰਡਾ ਨੇ ਭਾਗ ਲੈ ਕੇ ਇਸ ਦੀ ਉਪਯੋਗਤਾ ਨੂੰ ਸਿਖਰ 'ਤੇ ਪਹੁੰਚਾ ਦਿੱਤਾ।ਕੈਪਟਨ ਹਰਕੇਸ਼ ਸਿੰਘ ਨੇ ਯੋਗ ਦੇ ਵੱਖੋ ਵੱਖਰੇ ਆਸਣਾਂ ਦਾ ਪ੍ਰਦਰਸ਼ਨ ਕਰਕੇ ਤੰਦਰੁਸਤੀ ਲਈ ਸਰੋਤਿਆਂ ਤੇ ਦਰਸ਼ਕਾਂ ਨੂੰ ਜੀਵਨ ਸ਼ੈਲੀ ਦਾ ਅੰਗ ਬਣਾਉਣ ਲਈ ਪ੍ਰੇਰਿਆ।ਅਮਰਜੀਤ ਅਮਨ, ਹਰਵਿੰਦਰ, ਅਮਨਦੀਪ ਕੌਰ, ਸੁਰਿੰਦਰਪਾਲ ਸਿੰਘ ਸਿਦਕੀ, ਬਲਜਿੰਦਰ ਸਿੰਘ ਈਲਵਾਲ, ਗੁਲਜ਼ਾਰ ਸ਼ੌਂਕੀ, ਸਰਬਜੀਤ ਸੰਗਰੂਰਵੀ, ਜਸਵੰਤ ਸਿੰਘ ਅਸਮਾਨੀ, ਪਵਨ ਕੁਮਾਰ ਹੋਸ਼ੀ, ਮੀਤ ਸਕਰੌਦੀ, ਤੇਜ਼ ਪ੍ਰਤਾਪ ਸਿੰਘ, ਗੁਰਨਾਮ ਸਿੰਘ, ਤਾਰਾ ਸਿੰਘ, ਜਸਮੇਲ ਸਿੰਘ ਨੇ ਆਪਣੀਆਂ ਕਾਵਿ ਰਚਨਾਵਾਂ ਪੇਸ਼ ਕੀਤੀਆਂ।ਅਨੋਖ ਸਿੰਘ ਵਿਰਕ ਨੇ ਸਭ ਦਾ ਧੰਨਵਾਦ ਕੀਤਾ ਅਤੇ ਗੁਰਨਾਮ ਸਿੰਘ ਨੇ ਬੜੇ ਸੁਚੱਜੇ ਢੰਗ ਨਾਲ ਮੰਚ ਸੰਚਾਲਨਾ ਕੀਤੀ।

## ਗੜੌਲੀਆਂ ਵਿਖੇ ਦੋ ਧਿਰਾਂ ਦੇ ਹੋਏ ਝਗੜੇ 'ਚ ਕਰਾਸ ਕੇਸ ਦਰਜ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਗੜੌਲੀਆਂ ਵਿਖੇ ਦੋ ਧਿਰਾਂ ਦਰਮਿਆਨ ਹੋਏ ਕਥਿਤ ਲੜਾਈ ਝਗੜੇ ਦੇ ਮਾਮਲੇ 'ਚ ਪੁਲਸ ਨੇ ਕਰਾਸ ਕੇਸ ਦਰਜ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਿਕੰਦਰ ਸਿੰਘ ਵਾਸੀ ਪਿੰਡ ਗੜੌਲੀਆਂ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਬਿਹਾਰੀ ਮੂਲ ਦਾ ਦਿਨੇਸ਼ ਕੁਮਾਰ ਨਾਮਕ ਮਜ਼ਦੂਰ ਉਸ ਕੋਲ ਖੇਤੀਬਾੜੀ ਦਾ ਕੰਮ ਕਰਦਾ ਹੈ, ਜਿਸ ਨੂੰ ਉਸ ਦੇ ਪਿੰਡ ਦੇ ਸਪਿੰਦਰ ਸਿੰਘ ਵਗੈਰਾ ਉਸ ਕੋਲੋਂ ਭਜਾਉਣਾ ਚਾਹੁੰਦੇ ਹਨ।17 ਜੂਨ ਨੂੰ ਰਾਤ ਕਰੀਬ 9.30 ਵਜੇ ਦਿਨੇਸ਼ ਕੁਮਾਰ ਉਸ ਕੋਲ ਰੋਟੀ ਖਾ ਕੇ ਮੋਟਰ 'ਤੇ ਜਾ ਰਿਹਾ ਸੀ ਤਾਂ ਸਪਿੰਦਰ ਸਿੰਘ ਨੇ ਆਪਣੇ ਘਰ ਦੇ ਅੱਗੇ ਦਿਨੇਸ਼ ਕੁਮਾਰ ਨੂੰ ਘੇਰ ਕੇ ਉਸ ਦੀ ਡੰਡਿਆਂ ਨਾਲ ਕੁੱਟਮਾਰ ਕੀਤੀ।ਕੁੱਟਮਾਰ ਬਾਰੇ ਪਤਾ ਲੱਗਣ 'ਤੇ ਉਹ ਜਦੋਂ ਦਿਨੇਸ਼ ਨੂੰ ਥਾਰ ਗੱਡੀ 'ਚ ਬਿਠਾ ਕੇ ਦਵਾਈ ਦਿਵਾਉਣ ਲਿਜਾ ਰਿਹਾ ਸੀ ਤਾਂ ਸਪਿੰਦਰ ਸਿੰਘ, ਨਵਜੋਤ ਸਿੰਘ, ਤੇਜਿੰਦਰ ਤੇ ਕੁਲਦੀਪ ਸਿੰਘ ਨੇ ਉਸ ਦੀ ਗੱਡੀ ਘੇਰ ਲਈ ਤੇ ਉਸ 'ਤੇ ਗੰਡਾਸੀ ਦੇ ਵਾਰ ਕੀਤੇ, ਜਿਸ ਨਾਲ ਉਸ ਦੀ ਅੱਖ ਤੇ ਨੱਕ 'ਤੇ ਸੱਟ ਲੱਗੀ ਅਤੇ ਇਸੇ ਦੌਰਾਨ ਉਕਤ ਵਿਅਕਤੀਆਂ ਵੱਲੋਂ ਦਿਨੇਸ਼ ਕੁਮਾਰ ਦੀ ਫਿਰ ਕੁੱਟਮਾਰ ਕੀਤੀ ਗਈ।ਉਕਤ ਮਾਮਲੇ 'ਚ ਦੂਸਰੀ ਧਿਰ ਦੇ ਸਪਿੰਦਰ ਸਿੰਘ ਵਗੈਰਾ ਵੱਲੋਂ ਵੀ ਸਿਕੰਦਰ ਸਿੰਘ, ਦਿਨੇਸ਼ ਕੁਮਾਰ, ਮਨਦੀਪ ਸਿੰਘ ਤੇ ਵਰਿੰਦਰ ਸਿੰਘ ਵਿਰੁੱਧ ਉਨ੍ਹਾਂ ਨਾਲ ਲੜਾਈ ਝਗੜਾ ਕਰਨ ਦੇ ਦੋਸ਼ ਲਗਾਏ ਸਨ।ਇਸ ਸੰਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਖੇ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤੇ ਗਏ ਕਰਾਸ ਕੇਸ 'ਚ ਦੋਵਾਂ ਧਿਰਾਂ ਦੇ 8 ਵਿਅਕਤੀਆਂ ਨੂੰ ਨਾਮਜ਼ਦ ਕਰਕੇ ਚੁੰਨੀ ਕਲਾਂ ਚੌਕੀ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਪੀ ਜੀ ਆਈ ਵੱਲੋਂ ਸਰਜਰੀ ਟਰੇਨੀਜ਼ ਲਈ ਵਿਲੱਖਣ ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਜਨਰਲ ਸਰਜਰੀ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਵਿਗਿਆਨ ਤੇ ਕਲਾ 'ਤੇ ਅਧਾਰਤ ਇੱਕ ਵਿਲੱਖਣ ਸਾਇੰਟਿਫਿਕ ਇਲੱਸਟ੍ਰੇਸ਼ਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਰਜਰੀ ਦੇ ਰੈਜ਼ੀਡੈਂਟ ਵਿਦਿਆਰਥੀਆਂ ਤੇ ਨਵੇਂ ਸ਼ਾਮਲ ਹੋਏ ਟਰੇਨੀਜ਼ ਨੇ ਭਾਗ ਲਿਆ।ਇਹ ਵਰਕਸ਼ਾਪ ਮੈਡੀਕਲ ਐਨੀਮੇਸ਼ਨ ਤੇ ਆਡੀਓ-ਵਿਜ਼ੂਅਲ ਕ੍ਰਿਏਸ਼ਨ ਦੀ ਗੈਸਟ ਲੈਕਚਰਰ ਮਿਸ ਸ਼ਿਵਾਲੀ ਅੰਗੁਰਾਲਾ ਤੇ ਪੀਜੀਆਈ ਦੇ ਫੋਟੋਗ੍ਰਾਫੀ ਵਿਭਾਗ ਇੰਚਾਰਜ ਬ੍ਰਿਜ ਲਾਲ ਦੀ ਅਗਵਾਈ ਹੇਠ ਹੋਈ।ਮਾਹਿਰਾਂ ਨੇ ਸਾਇੰਟਿਫਿਕ ਇਲੱਸਟ੍ਰੇਸ਼ਨ ਦੇ ਵਿਕਸਤ ਹੋ ਰਹੇ ਖੇਤਰ ਨਾਲ ਸਿਖਿਆਰਥੀਆਂ ਨੂੰ ਜਾਣੂ ਕਰਵਾਇਆ।ਬ੍ਰਿਜ ਲਾਲ ਨੇ ਮੈਡੀਕਲ ਫੋਟੋਗ੍ਰਾਫੀ ਤੇ ਉਸ ਦੇ ਚਿਕਿਤਸਕ ਦਸਤਾਵੇਜ਼ੀਕਰਨ ਵਿੱਚ ਪ੍ਰਯੋਗ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ।ਡਾ. ਉਤਕਰਸ਼ ਨੇ ਵੀਡੀਓ ਐਡੀਟਿੰਗ ਤਕਨੀਕਾਂ ਉੱਤੇ ਇੰਟਰਐਕਟਿਵ ਡੈਮੋਨਸਟ੍ਰੇਸ਼ਨ ਕੀਤਾ ਤੇ ਦੱਸਿਆ ਕਿ ਅਧੁਨਿਕ ਟੂਲਜ਼ ਦੀ ਵਰਤੋਂ ਕਰਕੇ ਸਰਜਰੀ ਸਿੱਖਿਆ ਲਈ ਉੱਚ ਮਿਆਰੀ ਵਿਦਿਅਕ ਸਮੱਗਰੀ ਕਿਵੇਂ ਤਿਆਰ ਕੀਤੀ ਜਾ ਸਕਦੀ ਹੈ।

ਡਾ. ਅਰੁਣ ਵੱਲੋਂ ਇੱਕ ਛੋਟੀ ਤੇ ਤੰਦਰੁਸਤ ਮੁਕਾਬਲੇ ਦੀ ਰਚਨਾ ਕੀਤੀ ਗਈ, ਜਿਸ ਰਾਹੀਂ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਨੂੰ ਸਮੇਂ ਦੀ ਪਾਬੰਦੀ ਹੇਠ ਦਰਸਾਇਆ।ਆਖ਼ਰੀ ਸੈਸ਼ਨ ਵਿੱਚ ਡਾ. ਸਵਪਨੇਸ਼ ਕੁਮਾਰ ਸਾਹੂ ਨੇ ਥੀਸਿਸ ਲਿਖਣ ਤੇ ਅਕਾਦਮਿਕ ਰਿਸਰਚ ਵਿੱਚ ਚੈਟ ਜੀਪੀਟੀ ਦੀ ਭੂਮਿਕਾ ਉੱਤੇ ਪ੍ਰਸਤੁਤੀ ਦਿੱਤੀ, ਜਿਸ ਨੇ ਸਰਜਰੀ ਸਿੱਖਿਆ ਵਿੱਚ ਏ ਆਈ ਦੇ ਨਵੇਂ ਦਰਵਾਜ਼ੇ ਖੋਲ੍ਹੇ।ਜਨਰਲ ਸਰਜਰੀ ਦਫ਼ਤਰ ਦੇ ਸੈਮੀਨਾਰ ਰੂਮ ਵਿੱਚ ਹੋਈ ਇਸ ਵਰਕਸ਼ਾਪ ਨੇ ਨੌਜਵਾਨ ਸਰਜਨਾਂ ਵਿੱਚ ਤਕਨੀਕੀ ਹੁਨਰ ਦੇ ਨਾਲ-ਨਾਲ ਰਚਨਾਤਮਕ ਸੋਚ ਨੂੰ ਵੀ ਉਤਸ਼ਾਹਤ ਕੀਤਾ। ਹਿੱਸਾ ਲੈਣ ਵਾਲਿਆਂ ਨੇ ਇਸ ਵਰਕਸ਼ਾਪ ਨੂੰ ਇਕ ਨਵੀਨਤਮ ਅਨੁਭਵ ਦੱਸਿਆ।

## 161 ਗ੍ਰਾਮ ਹੈਰੋਇਨ, ਪਿਸਟਲ ਤੇ ਹੈਰੋਇਨ ਦਾ ਸੇਵਨ ਕਰਨ ਵਾਲੇ ਸਮੇਤ 5 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਗਸ਼ਤ ਤੇ ਚੈਕਿੰਗ ਦੌਰਾਨ 161 ਗ੍ਰਾਮ ਹੈਰੋਇਨ, ਇੱਕ ਪਿਸਟਲ ਤੇ ਹੈਰੋਇਨ ਦਾ ਸੇਵਨ ਕਰਨ ਵਾਲੇ ਸਮੇਤ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਮੁਲਜ਼ਮ ਸੁਰਿੰਦਰ ਕੁਮਾਰ ਉਰਫ ਬੱਗਾ ਪੁੱਤਰ ਅਸ਼ੋਕ ਕੁਮਾਰ ਵਾਸੀ ਗਲੀ ਮੱਸਾ ਸਿੰਘ ਵਾਲੀ, ਭਾਰਤ ਨਗਰ ਫਿਰੋਜ਼ਪੁਰ ਸ਼ਹਿਰ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਲੈਣ 'ਤੇ 35 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ 'ਤੇ ਸੀ ਤਾਂ ਇਸ ਦੌਰਾਨ ਮੁਖਬਰ ਦੀ ਇਤਲਾਹ 'ਤੇ ਵਿਕਾਸ ਉਰਫ ਗੋਰਾ ਪੁੱਤਰ ਮੰਗਲ ਵਾਸੀ ਵਾਰਡ ਨੰਬਰ 1 ਖਟੀਕ ਮੰਡੀ ਫਿਰੋਜ਼ਪੁਰ ਨੂੰ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 1 ਪੰਨੀ, 1 ਲਾਈਟਰ ਤੇ ਫੋਲਡ ਕੀਤਾ 10 ਰੁਪਏ ਦਾ ਨੋਟ ਬਰਾਮਦ ਕੀਤਾ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਮੁਖਬਰ ਨੇ ਇਤਲਾਹ ਦਿੱਤੀ ਕਿ ਸਾਗਰ ਉਰਫ ਕੁੱਲੀ ਪੁੱਤਰ ਤਰਸੇਮ ਲਾਲ ਵਾਸੀ ਖਾਈ ਫੇਮੇ ਕੀ ਹੈਰੋਇਨ ਵੇਚਣ ਦਾ ਆਦੀ ਹੈ ਤੇ ਉਹ ਅੱਜ ਵੀ ਕਿਲ੍ਹੇਵਾਲਾ ਚੌਕ ਕੋਲ ਹੈਰੋਇਨ ਵੇਚ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਗਈ ਤਾਂ ਉਕਤ ਕਥਿਤ ਦੋਸ਼ੀ ਨੂੰ 50 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ। ਥਾਣਾ ਮਮਦੋਟ ਪੁਲਸ ਦੇ ਐੱਸ ਆਈ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਬੀਤੇ ਦਿਨ ਪੁਲਸ ਪਾਰਟੀ ਸਮੇਤ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਚੰਨਾ ਸਿੰਘ ਵਾਸੀ ਪਿੰਡ ਗਾਮੇ ਵਾਲਾ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲੈਣ ਤੇ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਲਈ ਰਵਾਨਾ ਏਰੀਆ ਸੀ ਤਾਂ ਇੱਕ ਨੌਜਵਾਨ ਗੋਰਾ ਉਰਫ ਨੰਨਾ ਭੱਟੀ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਲੂਥੜ ਨੂੰ ਕਾਬੂ ਕਰਕੇ ਉਸ ਕੋਲੋਂ 70 ਗ੍ਰਾਮ ਹੈਰੋਇਨ ਤੇ ਇੱਕ ਪਿਸਟਲ 32 ਬੋਰ 'ਤੇ ਜ਼ਿੰਦਾ ਰੌਂਦ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਦਰਜ ਮੈਂਬਰਾਂ ਦੀ ਈ ਕੇ ਵਾਈ ਸੀ ਕਰਵਾਉਣ ਦੀ ਅਪੀਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਪਟਿਆਲਾ ਨੇ ਸਮੂਹ ਲਾਭਪਾਤਰੀ ਖਪਤਕਾਰਾਂ ਨੂੰ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ 2013 ਤਹਿਤ ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਦਰਜ ਮੈਂਬਰਾਂ ਦੀ ਈ-ਕੇ.ਵਾਈ.ਸੀ. ਕਰਵਾਉਣ ਦੀ ਅਪੀਲ ਕੀਤੀ ਹੈ।ਖੁਰਾਕ ਤੇ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਦੇ ਪਟਿਆਲਾ ਜ਼ਿਲ੍ਹਾ ਕੰਟਰੋਲਰ ਰੂਪਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਸਮੂਹ ਖਪਤਕਾਰਾਂ ਨੂੰ ਕਿਹਾ ਹੈ ਕਿ ਉਹ 30 ਜੂਨ ਤੱਕ ਆਪਣੀ ਈ-ਕੇ.ਵਾਈ.ਸੀ. ਲਾਜ਼ਮੀ ਕਰਵਾ ਲੈਣ, ਕਿਉਂਕਿ ਅਜਿਹਾ ਨਾ ਕਰਨ 'ਤੇ ਉਨ੍ਹਾਂ ਨੂੰ ਰਾਸ਼ਨ ਲੈਣ ਵਿੱਚ ਦਿੱਕਤਾਂ ਆ ਸਕਦੀਆਂ ਹਨ।ਡੀ.ਐੱਫ.ਐੱਸ.ਸੀ. ਨੇ ਦੱਸਿਆ ਕਿ ਉਨ੍ਹਾਂ ਵੱਲੋਂ ਰਾਜ ਦੇ ਖੁਰਾਕ ਤੇ ਸਪਲਾਈਜ਼ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਤੇ ਪ੍ਰਮੁੱਖ ਸਕੱਤਰ ਕਮ ਡਾਇਰੈਕਟਰ, ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਦੇ ਹੁਕਮਾਂ ਮੁਤਾਬਕ ਸਮੇਂ-ਸਮੇਂ 'ਤੇ ਸਮੂਹ ਸਹਾਇਕ ਖੁਰਾਕ ਤੇ ਸਪਲਾਈਜ਼ ਅਫ਼ਸਰਾਂ, ਨਿਰੀਖਕ ਇੰਚਾਰਜ (ਵੰਡ) ਤੇ ਡਿੱਪੂ ਹੋਲਡਰਾਂ ਨਾਲ ਮੀਟਿੰਗਾਂ ਕਰਕੇ ਈ-ਕੇ.ਵਾਈ.ਸੀ. ਦਾ ਕੰਮ ਮਿਤੀ 30-06-2025 ਤੱਕ ਮੁਕੰਮਲ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।ਰੂਪਪ੍ਰੀਤ ਕੌਰ ਨੇ ਡਿੱਪੂ ਹੋਲਡਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਇਲਾਕੇ ਵਿੱਚ ਪੈਂਦੇ ਖਪਤਕਾਰਾਂ ਨੂੰ ਈ-ਕੇ.ਵਾਈ.ਸੀ. ਕਰਵਾਉਣ ਲਈ ਪ੍ਰੇਰਿਤ ਕਰਨ ਤਾਂ ਜੋ ਕੋਈ ਖਪਤਕਾਰ 30 ਜੂਨ ਤੋਂ ਬਾਅਦ ਰਾਸ਼ਨ ਲੈਣ ਤੋਂ ਵਾਂਝਾ ਨਾ ਰਹਿ ਜਾਵੇ।

## ਲੁਧਿਆਣਾ ਤੇ ਗੁਜਰਾਤ 'ਚ 'ਆਪ' ਦੀ ਜਿੱਤ ਭਰੋਸੇ ਦਾ ਨਤੀਜਾ : ਡਾ. ਮਾਛੀਕੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਆਮ ਆਦਮੀ ਪਾਰਟੀ ਦੇ ਸੰਜੀਵ ਅਰੋੜਾ ਤੇ ਗੁਜਰਾਤ ਦੇ ਹਲਕੇ ਵਿਸਾਵਦਰ ਦੀ ਜ਼ਿਮਨੀ ਚੋਣ ਵੱਡੀ ਲੀਡ ਨਾਲ ਗੋਪਾਲ ਇਤਾਲੀਆ ਨੇ ਜਿੱਤ ਹਾਸਲ ਕੀਤੀ ਹੈ, ਇਹ ਆਮ ਆਦਮੀ ਪਾਰਟੀ ਦੇ ਕੀਤੇ ਕੰਮਾਂ ਤੇ ਲੁਧਿਆਣਾ ਤੇ ਵਿਸਾਵਦਰ ਵਾਸੀਆਂ ਨੇ ਮੋਹਰ ਲਾਈ ਹੈ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਡਾਕਟਰ ਬੱਬੂ ਮਾਛੀਕੇ ਤੇ ਸਰਪੰਚ ਜਗਮੋਹਨ ਸਿੰਘ ਨੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ 2027 ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਬਣੇਗੀ, ਕਿਉਂਕਿ ਭਗਵੰਤ ਮਾਨ ਇੱਕ ਇਮਾਨਦਾਰ ਮੁੱਖ ਮੰਤਰੀ ਹੈ, ਉੱਥੇ ਹੀ ਉਨ੍ਹਾਂ ਨੇ ਗੁਜਰਾਤ ਵਿੱਚ ਜੋ ਮੋਦੀ ਦਾ ਭਾਜਪਾ ਦਾ ਗੜ੍ਹ ਉੱਥੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਆਮ ਆਦਮੀ ਪਾਰਟੀ ਆਉਣ ਵਾਲੇ ਸਮੇਂ ਵਿੱਚ ਪੂਰੇ ਦੇਸ਼ ਵਿੱਚ ਸਰਕਾਰ ਬਣਾਵੇਗੀ। ਨਾਲ ਹੀ ਉਨ੍ਹਾਂ ਪੰਜਾਬ, ਲੁਧਿਆਣਾ ਪੱਛਮੀ ਵੋਟਰਾਂ ਸਪੋਟਰਾਂ ਤੇ ਗੁਜਰਾਤ, ਵਿਸਾਵਦਰ ਦੇ ਵੋਟਰਾਂ ਸਪੋਰਟਰਾਂ ਦਾ ਧੰਨਵਾਦ ਕੀਤਾ।

## ਸਮਾਜ ਸੇਵੀ ਮਹਾਸ਼ਾ ਪ੍ਰਤਿਗਿਆਪਾਲ ਨੂੰ ਸ਼ਰਧਾਂਜਲੀਆਂ




**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਮਾਜ ਸੇਵੀ ਮਹਾਸ਼ਾ ਪ੍ਰਤਿਗਿਆਪਾਲ (97) ਜੋ ਪਿਛਲੇ ਦਿਨੀਂ ਸਦੀਵੀਂ ਵਿਛੋੜਾ ਦੇ ਗਏ ਸਨ, ਨਮਿਤ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਮੰਗਲਾ ਆਸ਼ਰਮ ਵਿਖੇ ਹੋਇਆ, ਜਿੱਥੇ ਉਨ੍ਹਾਂ ਨੂੰ ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ, ਵੱਖ-ਵੱਖ ਸ਼ਹਿਰਾਂ 'ਚੋਂ ਆਏ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਤੋਂ ਇਲਾਵਾ ਇਲਾਕੇ ਦੇ ਸਰਪੰਚਾਂ, ਪੰਚਾਂ ਤੇ ਪਤਵੰਤਿਆਂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਰਧਾਂਜਲੀ ਭੇਟ ਕੀਤੀ।ਬੁਲਾਰਿਆਂ ਨੇ ਮਹਾਸ਼ਾ ਪ੍ਰਤਿਗਿਆਪਾਲ ਵੱਲੋਂ ਆਪਣੇ ਜੀਵਨ 'ਚ ਸ਼ਹਿਰ ਦੀਆਂ ਗਊਸ਼ਾਲਾਵਾਂ ਤੇ ਰਾਮਬਾਗ ਲਈ ਨਿਭਾਈਆਂ ਨਿਸ਼ਕਾਮ ਸੇਵਾਵਾਂ ਅਤੇ ਨੇਤਰ ਬੈਂਕ ਸੰਮਤੀ ਅਤੇ ਨਿਸ਼ਕਾਮ ਸੇਵਾ ਸਭਾ ਰਾਹੀਂ ਸਮਾਜ ਦੀ ਲੰਮਾ ਸਮਾਂ ਕੀਤੀ ਸੇਵਾ ਨੂੰ ਯਾਦ ਕਰਦਿਆਂ ਕਿਹਾ ਕਿ ਦੁਨੀਆ 'ਤੇ ਆਇਆ ਹਰ ਇਨਸਾਨ ਆਪਣੇ ਅਤੇ ਆਪਣੇ ਪਰਿਵਾਰ ਲਈ ਬਹੁਤ ਕੁੱਝ ਕਰਦਾ ਹੈ, ਪਰ ਉਨ੍ਹਾਂ ਸ਼ਖ਼ਸੀਅਤਾਂ ਦੀ ਯਾਦ ਲੋਕ ਮਨਾਂ 'ਚ ਲੰਮਾ ਸਮਾਂ ਤਾਜ਼ਾ ਰਹਿੰਦੀ ਹੈ, ਜੋ ਆਪਣੀ ਜ਼ਿੰਦਗੀ 'ਚ ਲੋਕਾਂ ਅਤੇ ਸਮਾਜ ਲਈ ਕੰਮ ਕਰਦੇ ਹਨ ਤੇ ਮਹਾਸ਼ਾ ਪ੍ਰਤਿਗਿਆਪਾਲ ਵੀ ਅਜਿਹੀ ਹੀ ਸਖਸ਼ੀਅਤ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਮਾਤਾ ਬੀਬੀ ਹਰਪਾਲ ਕੌਰ, ਸਾਬਕਾ ਕੈਬਨਿਟ ਮੰਤਰੀ ਵਿਜੇ ਇੰਦਰ ਸਿੰਗਲਾ, ਸਾਬਕਾ ਹਲਕਾ ਵਿਧਾਇਕ ਦਲਬੀਰ ਸਿੰਘ ਗੋਲਡੀ, ਪੰਜਾਬ ਕਾਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ, ਸਾਬਕਾ ਵਿਧਾਇਕ ਗਗਨਜੀਤ ਸਿੰਘ ਬਰਨਾਲਾ ਦੀ ਧਰਮ ਸੁਪਤਨੀ ਬੀਬੀ ਹਰਪ੍ਰੀਤ ਕੌਰ ਬਰਨਾਲਾ, ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਆਪ ਆਗੂ ਜਸਵੀਰ ਸਿੰਘ ਜੱਸੀ ਸੇਖੋਂ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਇਨਕਮ ਟੈਕਸ ਦੇ ਸੇਵਾ ਮੁਕਤ ਅਧਿਕਾਰੀ ਹਰਜੀਤ ਸਿੰਘ ਸੋਹੀ, ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਮਨਜੀਤ ਸਿੰਘ ਬਖਸ਼ੀ, ਨਗਰ ਕੌਂਸਲ ਦੀ ਪ੍ਰਧਾਨ ਸ੍ਰੀਮਤੀ ਪੁਸ਼ਪਾ ਤਾਇਲ ਤੇ ਸਾਬਕਾ ਪ੍ਰਧਾਨ ਸੰਦੀਪ ਤਾਇਲ ਜੌਲੀ, ਕਾਂਗਰਸੀ ਆਗੂ ਗੁਰਪਿਆਰ ਸਿੰਘ ਧੂਰਾ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸੁਭਮ ਸ਼ਰਮਾਂ, ਪ੍ਰੈੱਸ ਟਰੱਸਟ ਪੰਜਾਬ ਦੇ ਪ੍ਰਧਾਨ ਮਨੋਹਰ ਸਿੰਘ ਸੱਗੂ, ਪ੍ਰੈੱਸ ਫੈਡਰੇਸ਼ਨ ਆ ?ਫ ਇੰਡੀਆ ਦੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ, ਧੂਰੀ ਵਿਕਾਸ ਮੰਚ ਦੇ ਪ੍ਰਧਾਨ ਅਮਨ ਗਰਗ, ਹੰਸ ਰਾਜ ਬਜਾਜ, ਵਪਾਰ ਮੰਡਲ ਦੇ ਪ੍ਰਧਾਨ ਵਿਕਾਸ ਜੈਨ ਆਦਿ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## ਅਗਨੀਵੀਰ ਭਰਤੀ ਲਈ ਆਨਲਾਈਨ ਸਾਂਝੀ ਦਾਖਲਾ ਪ੍ਰੀਖਿਆ 30 ਤੋਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਫ਼ੌਜ ਵਿੱਚ ਸਾਲ ਸਾਲ 2025-26 ਦੀ ਅਗਨੀਵੀਰ ਦੀ ਭਰਤੀ ਲਈ ਆਨਲਾਈਨ ਸਾਂਝਾ ਦਾਖਲਾ ਪ੍ਰੀਖਿਆ (ਸੀਈਈ) 30 ਜੂਨ ਤੋਂ 10 ਜੁਲਾਈ ਤੱਕ ਨਿਰਧਾਰਤ ਕੀਤੀ ਗਈ ਹੈ।ਆਨਲਾਈਨ ਪ੍ਰੀਖਿਆ ਆਈ.ਓ.ਐਨ ਡਿਜੀਟਲ ਜ਼ੋਨ, ਬਹਾਦਰਗੜ੍ਹ, ਪਟਿਆਲਾ ਤੇ ਰਿਮਟ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵਿਖੇ ਆਯੋਜਤ ਕੀਤੀ ਜਾ ਰਹੀ ਹੈ। ਸਮਾਂ ਸਾਰਣੀ ਭਾਰਤੀ ਫੌਜ ਦੀ ਵੈੱਬਸਾਈਟ 'ਤੇ ਪ੍ਰਦਰਸ਼ਤ ਕੀਤੀ ਗਈ ਹੈ।ਉਮੀਦਵਾਰਾਂ ਦੇ ਐਡਮਿਟ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਤੇ ਆਨਲਾਈਨ ਦਾਖਲਾ ਪ੍ਰੀਖਿਆ ਦਾ ਨਤੀਜਾ ਜੁਲਾਈ 2025 ਦੇ ਮਹੀਨੇ ਵਿੱਚ ਘੋਸ਼ਿਤ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਸਾਂਝਾ ਦਾਖਲਾ ਪ੍ਰੀਖਿਆ ਪਹਿਲੇ ਪੜਾਅ ਦੀ ਭਰਤੀ ਪ੍ਰਕਿਰਿਆ ਦੇ ਰੂਪ ਵਿੱਚ ਆਯੋਜਤ ਕੀਤੀ ਜਾਂਦੀ ਹੈ, ਜਿਸ ਤੋਂ ਬਾਅਦ ਦੂਜੇ ਪੜਾਅ ਵਿੱਚ ਭਰਤੀ ਰੈਲੀਆਂ ਹੁੰਦੀਆਂ ਹਨ, ਜਿੱਥੇ ਚੁਣੇ ਗਏ ਉਮੀਦਵਾਰਾਂ ਨੂੰ ਸਾਂਝਾ ਦਾਖਲਾ ਪ੍ਰੀਖਿਆ ਵਿੱਚ ਯੋਗਤਾ ਅਨੁਸਾਰ ਸੱਦਾ ਦਿੱਤਾ ਜਾਵੇਗਾ।ਇਸ ਤੋਂ ਬਾਅਦ, ਆਨਲਾਈਨ ਸਾਂਝੀ ਦਾਖਲਾ ਪ੍ਰੀਖਿਆ ਦੇ ਨਤੀਜਿਆਂ ਤੇ ਭਰਤੀ ਰੈਲੀਆਂ ਵਿੱਚ ਕੀਤੇ ਗਏ ਸਕ੍ਰੀਨਿੰਗ ਟੈਸਟਾਂ ਵਿੱਚ ਪ੍ਰਦਰਸ਼ਨ ਦੇ ਆਧਾਰ 'ਤੇ ਅੰਤਮ ਮੈਰਿਟ ਪ੍ਰਕਾਸ਼ਤ ਕੀਤੀ ਜਾਵੇਗੀ।

## ਵਿਕਾਸ ਮਿਸ਼ਨ ਵੱਲੋਂ ਨਗਰ ਕੌਂਸਲ ਈ ਓ ਸਹੋਤਾ ਨਾਲ ਮੁਲਾਕਾਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਮਾਜ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਵਫ਼ਦ ਵੱਲੋਂ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਵਰੁਣ ਸਹੋਤਾ ਨਾਲ ਉਨ੍ਹਾਂ ਦੇ ਦਫਤਰ ਵਿਖੇ ਮੁਲਾਕਾਤ ਕੀਤੀ। ਇਸ ਮੌਕੇ ਨਗਰ ਕੌਂਸਲ ਦੇ ਸੁਪਰਡੈਂਟ ਵਿਕਰਮ ਧੂੜੀਆ, ਵੀਰਪਾਲ ਸਿੰਘ ਸੁਪਰਡੈਂਟ ਅਤੇ ਜੇ.ਈ. ਵਿਜੇ ਸ਼ਰਮਾ ਵੀ ਮੌਜੂਦ ਸਨ।

ਮੁਲਾਕਾਤ ਵੇਲੇ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਪੈਟਰਨ ਡਾ. ਸੁਰਿੰਦਰ ਗਿਰਧਰ, ਮਿਸ਼ਨ ਫੋਟੋਗ੍ਰਾਫ਼ਰ ਨਰਿੰਦਰ ਕਾਕਾ ਤੇ ਅਸ਼ੋਕ ਖੁਰਾਣਾ ਆਦਿ ਸ਼ਾਮਲ ਸਨ। ਮੁਲਾਕਾਤ ਦੌਰਾਨ ਵਫ਼ਦ ਦੀ ਮੰਗ 'ਤੇ ਬਾਵਾ ਕਲੋਨੀ ਦੀ ਲਿੰਕ ਗਲੀ ਨੰਬਰ 1 ਦੇ ਨੀਵੇਂ ਲੈਵਲ ਨੂੰ ਬਾਕੀ ਗਲੀ ਦੇ ਬਰਾਬਰ ਕਰਨ ਤੇ ਜਲਾਲਾਬਾਦ ਰੋਡ 'ਤੇ ਇੰਟਰ ਲਾਕਿੰਗ ਟਾਇਲਾਂ ਲਾਉਣ ਬਾਰੇ ਜਾਣਕਾਰੀ ਦਿੱਤੀ ਕਿ ਇਨ੍ਹਾਂ ਦੇ ਹੱਲ ਲਈ ਨਗਰ ਕੌਂਸਲ ਵੱਲੋਂ ਮਤੇ ਪਾ ਕੇ ਏ.ਡੀ.ਸੀ. (ਜ) ਨੂੰ ਭੇਜੇ ਜਾ ਚੁੱਕੇ ਹਨ। ਉਨ੍ਹਾਂ ਵੱਲੋਂ ਪ੍ਰਵਾਨਗੀ ਮਿਲਣ ਉਪਰੰਤ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ। ਇਸੇ ਤਰ੍ਹਾਂ ਉਕਤ ਗਲੀ ਤੇ ਬੁੱਧ ਵਿਹਾਰ ਦੀਆਂ ਬੰਦ ਪਈਆਂ ਲਾਇਟਾਂ ਨੂੰ ਅੱਜ ਹੀ ਚਾਲੂ ਕਰਾਉਣ ਸਬੰਧ ਈ.ਓ. ਨੇ ਵਿਸ਼ਵਾਸ ਦਿਵਾਇਆ।

ਜਲਾਲਾਬਾਦ ਰੋਡ ਉਪਰ ਬਣੇ ਰੇਲਵੇ ਬ੍ਰਿਜ ਉਪਰ ਬਣੇ ਖੱਡਿਆਂ ਨੂੰ ਭਰਨ ਅਤੇ ਸੂਏ ਦੀ ਰੇਲਿੰਗ ਠੀਕ ਕਰਵਾਉਣ ਦੇ ਮਾਮਲੇ ਨਗਰ ਕੌਂਸਲ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੇ। ਇਸੇ ਤਰ੍ਹਾਂ ਸਥਾਨਕ, ਜਲਾਲਾਬਾਦ ਰੋਡ ਸਥਿਤ ਕੌਰ ਚੰਦ ਸਟਰੀਟ ਵਿੱਚ ਜਲਦੀ ਹੀ ਨਵਾਂ ਸਫਾਈ ਕਰਮਚਾਰੀ ਲਗਾਏ ਜਾਣ ਦਾ ਵੀ ਭਰੋਸਾ ਦਿੱਤਾ ਗਿਆ। ਓ

ਸ੍ਰੀ ਢੋਸੀਵਾਲ ਨੇ ਦੱਸਿਆ ਹੈ ਕਿ ਕਰੀਬ ਅੱਧਾ ਘੰਟਾ ਚੱਲੀ ਸਦਭਾਵਨਾ ਪੂਰਨ ਇਸ ਮੁਲਾਕਾਤ ਦੌਰਾਨ ਈ.ਓ. ਨੇ ਵਫ਼ਦ ਵੱਲੋਂ ਉਠਾਏ ਨੁਕਤਿਆਂ ਨੂੰ ਗੰਭੀਰਤਾ ਤੇ ਹਮਦਰਦੀ ਨਾਲ ਸੁਣਿਆ ਤੇ ਉਨ੍ਹਾਂ ਹੱਲ ਦਾ ਪੂਰਨ ਵਿਸ਼ਵਾਸ ਦਿਵਾਇਆ। ਵਫ਼ਦ ਦੀ ਮੰਗ 'ਤੇ ਈ.ਓ ਸ੍ਰੀ ਸਹੋਤਾ ਨੇ ਸਥਾਨਕ ਮਲੋਟ ਰੋਡ ਸਥਿਤ ਮੇਨ ਬੱਸ ਸਟੈਂਡ ਦੇ ਸਾਹਮਣੇ ਡਾ. ਅੰਬੇਡਕਰ ਚੌਂਕ ਦੇ ਨਾਮ ਵਾਲੇ ਡਿਸਪਲੇ ਬੋਰਡ ਜਲਦੀ ਲਵਾਏ ਜਾਣ ਦਾ ਵਿਸ਼ਵਾਸ ਦਿਵਾਇਆ।

## ਗਰਭਵਤੀ ਔਰਤਾਂ ਨੂੰ ਸੁਰੱਖਿਅਤ ਜਣੇਪੇ ਸੰਬੰਧੀ ਕੀਤਾ ਜਾਗਰੂਕ



**ਫਰੀਦਕੋਟ (ਐਲਗਜ਼ੈਂਡਰ ਡਿਸੂਜ਼ਾ)**-ਸਿਵਲ ਹਸਪਤਾਲ ਫਰੀਦਕੋਟ ਦੇ ਜੱਚਾ-ਬੱਚਾ ਵਿਭਾਗ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਸੁਧੀਰ ਧੀਰ ਤੇ ਆਰ.ਐੱਮ.ਐੱਨ.ਸੀ.ਐੱਚ. ਕੌਂਸਲਰ ਲਵਲੀ ਚਾਵਲਾ ਨੇ ਹਾਜ਼ਰ ਗਰਭਵਤੀ ਔਰਤਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਅਭਿਆਨ ਤਹਿਤ ਹਰ ਮਹੀਨੇ ਦੀ 9 ਤੇ 23 ਤਰੀਕ ਨੂੰ ਸਰਕਾਰੀ ਸਿਹਤ ਕੇਂਦਰ ਵਿੱਚ ਗਰਭਵਤੀ ਔਰਤਾਂ ਦੀ ਵਿਸ਼ੇਸ਼ ਜਾਂਚ ਕੀਤੀ ਜਾਂਦੀ ਹੈ।ਉਨ੍ਹਾਂ ਕੇਅਰ ਕੰਪੇਨੀਅਨ ਪ੍ਰੋਗਰਾਮ ਬਾਰੇ ਵਿਸਥਾਰ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਗਰਭ ਅਵੱਸਥਾ ਦੌਰਾਨ ਖਤਰੇ ਦੇ ਚਿੰਨ੍ਹਾਂ ਤੇ ਨਿਅਮਤ ਜਾਂਚ ਸਬੰਧੀ ਵਿਸਥਾਰ ਜਾਣਕਾਰੀ ਦਿੱਤੀ।ਉਨ੍ਹਾਂ ਜਣੇਪਾ ਹਮੇਸ਼ਾ ਸਰਕਾਰੀ ਹਸਪਤਾਲ ਵਿੱਚ ਹੀ ਕਰਵਾਉਣਾ ਚਾਹੀਦਾ ਹੈ ਤਾਂ ਜੋ ਜੱਚਾ ਬੱਚਾ ਦੀ ਮੌਤ ਦਰ ਨੂੰ ਘੱਟ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਜੱਚਾ ਬੱਚਾ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਮੁਫਤ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਵਿਸ਼ਵ ਮਮਤਾ ਦਿਵਸ ਤੇ ਗੈਰ-ਸੰਚਾਰੀ ਰੋਗਾਂ ਲਈ ਪਿੰਡਾਂ ਵਿੱਚ ਲਗਾਏ ਜਾ ਰਹੇ ਸਕਰੀਨਿੰਗ ਕੈਂਪਾਂ ਬਾਰੇ ਵੀ ਲੋਕਾਂ ਨੂੰ ਸੁਚੇਤ ਕੀਤਾ।ਉਨ੍ਹਾਂ ਇਸ ਮੌਕੇ ਪਹੁੰਚੇ ਲੋਕਾਂ ਨੂੰ ਮਾਂ ਦੇ ਦੁੱਧ ਦੀ ਮਹਤਤਾ, ਬੱਚਿਆਂ ਦਾ ਸਹੀ ਵਾਧਾ ਤੇ ਵਿਕਾਸ, ਪਰਿਵਾਰ ਨਿਯੋਜਨ ਤੇ ਬੇਟੀ ਬਚਾਓ-ਬੇਟੀ ਪੜ੍ਹਾਓ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ।ਅੰਤ ਵਿੱਚ ਮਾਸ ਮੀਡੀਆ ਬਰਾਂਚ ਵੱਲੋਂ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਜਾਗਰੂਕਤਾ ਸਮੱਗਰੀ ਵੀ ਤਕਸੀਮ ਕੀਤੀ ਗਈ।

## ਆਲ ਇੰਡੀਆ ਰੇਡੀਓ ਲੁਧਿਆਣਾ ਵੱਲੋਂ ਯੋਗ ਦਿਵਸ ਮੌਕੇ ਵਰਕਸ਼ਾਪ



**ਲੁਧਿਆਣਾ (ਰੈਕਟਰ ਕਥੂਰੀਆ)**-ਆਲ ਇੰਡੀਆ ਰੇਡੀਓ ਲੁਧਿਆਣਾ ਨੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਆਪਣੇ ਕਰਮਚਾਰੀਆਂ ਲਈ ਇੱਕ ਵਿਸ਼ੇਸ਼ ਯੋਗ ਵਰਕਸ਼ਾਪ ਕਰਵਾਈ ਗਈ।ਇਸ ਪਹਿਲ ਦਾ ਉਦੇਸ਼ ਕਰਮਚਾਰੀਆਂ ਦੀ ਮਾਨਸਿਕ, ਸਰੀਰਕ ਤੇ ਭਾਵਨਾਤਮਕ ਸਿਹਤ ਨੂੰ ਸ਼ਸ਼ਕਤ ਬਣਾਉਣਾ ਤੇ ਯੋਗਾ ਰਾਹੀਂ ਅੰਦਰੂਨੀ ਸੰਤੁਲਨ ਨੂੰ ਉਤਸ਼ਾਹਤ ਕਰਨਾ ਸੀ।ਵਰਕਸ਼ਾਪ ਦੀ ਪ੍ਰਧਾਨਗੀ ਕਰਮਵੀਰ ਕਰਨ ਵੱਲੋਂ ਕੀਤੀ ਗਈ, ਜਿਨ੍ਹਾਂ ਦੀ ਪਹਿਲਕਦਮੀ ਨੇ ਇਸ ਸਾਰਥਕ ਪ੍ਰੋਗਰਾਮ ਨੂੰ ਸੰਭਵ ਬਣਾਇਆ। ਯੋਗ ਸੈਸ਼ਨ ਦਾ ਸੰਚਾਲਨ ਪੱਲਵੀ ਮਾਟਾ ਵੱਲੋਂ ਕੀਤਾ ਗਿਆ।ਆਪਣੀ ਕੋਮਲ ਤੇ ਤਜਰਬੇਕਾਰ ਅਗਵਾਈ ਹੇਠ ਪੱਲਵੀ ਮਾਟਾ ਨੇ ਵਰਕਸ਼ਾਪ ਵਿੱਚ ਭਾਗ ਲੈਣ ਵਾਲਿਆਂ ਨੂੰ ਡੂੰਘੇ ਸਾਹ, ਧਿਆਨ ਦੀਆਂ ਹਰਕਤਾਂ ਤੇ ਸਰੀਰ ਦੇ ਤਣਾਅ ਨੂੰ ਦੂਰ ਕਰਨ ਲਈ ਯੋਗ ਅਭਿਆਸਾਂ ਨਾਲ ਇੱਕ ਬੇਹੱਦ ਸ਼ਾਂਤੀਪੂਰਨ ਅਨੁਭਵ ਪ੍ਰਦਾਨ ਕੀਤਾ।ਇਸ ਵਰਕਸ਼ਾਪ ਨੇ ਸੰਦੇਸ਼ ਦਿੱਤਾ ਕਿ ਯੋਗ ਸਿਰਫ਼ ਇੱਕ ਸਰੀਰਕ ਕਸਰਤ ਨਹੀਂ ਹੈ, ਸਗੋਂ ਇੱਕ ਜੀਵਨ ਸ਼ੈਲੀ ਹੈ, ਜਿਸ ਨੂੰ ਹਰ ਕਿਸੇ ਨੂੰ ਅਪਣਾਉਣਾ ਚਾਹੀਦਾ ਹੈ।ਖਾਸ ਕਰਕੇ ਕੰਮ ਵਾਲੀਆਂ ਥਾਵਾਂ 'ਤੇ ਜਿੱਥੇ ਤਣਾਅ ਤੇ ਮਾਨਸਿਕ ਥਕਾਵਟ ਆਮ ਹੈ।ਪੱਲਵੀ ਮਾਟਾ ਦਾ ਅਭਿਆਸ ਸਰਲ, ਪ੍ਰਭਾਵਸ਼ਾਲੀ ਤੇ ਹਰ ਉਮਰ ਦੇ ਲੋਕਾਂ ਲਈ ਢੁੱਕਵਾਂ ਹੈ।ਸੈਸ਼ਨ ਤੋਂ ਬਾਅਦ, ਭਾਗੀਦਾਰਾਂ ਨੇ ਹਲਕਾ, ਸ਼ਾਂਤ ਤੇ ਊਰਜਾਵਾਨ ਮਹਿਸੂਸ ਕੀਤਾ।ਪੱਲਵੀ ਮਾਟਾ ਨਿਯਮਿਤ ਤੌਰ 'ਤੇ ਔਨਲਾਈਨ ਯੋਗ ਸੈਸ਼ਨ ਚਲਾਉਂਦੀ ਹੈ ਤੇ ਲੋਕਾਂ ਨੂੰ ਸਰੀਰਕ ਤੇ ਮਾਨਸਿਕ ਸੰਤੁਲਨ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਦੀ ਹੈ।

## ਸਿਵਲ ਸਰਜਨ ਵੱਲੋਂ ਆਮ ਆਦਮੀ ਕਲੀਨਿਕ ਦੀ ਅਚਨਚੇਤ ਚੈਕਿੰਗ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਲੋਕਾਂ ਨੂੰ ਬਿਹਤਰੀਨ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਮੱਦੇਨਜ਼ਰ ਸਿਵਲ ਸਰਜਨ ਡਾ. ਸੰਜੇ ਕਾਮਰਾ ਵੱਲੋਂ ਆਮ ਆਦਮੀ ਕਲੀਨਿਕ ਭਲਵਾਨ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਮਰੀਜ਼ਾਂ ਨਾਲ ਵੀ ਗੱਲਬਾਤ ਕੀਤੀ ਗਈ। ਡਾ. ਸੰਜੇ ਕਾਮਰਾ ਨੇ ਕਿਹਾ ਕਿ ਗਰਭਵਤੀ ਮਾਂਵਾਂ ਦੀ ਮੌਤ ਦਰ ਘੱਟ ਕਰਨ ਤੇ ਬਿਹਤਰੀਨ ਜੱਚਾ ਬੱਚਾ ਸਿਹਤ ਸੇਵਾਵਾਂ ਯਕੀਨੀ ਬਣਾਉਣ ਲਈ ਵਿਭਾਗ ਵੱਲੋਂ ਆਮ ਆਦਮੀ ਕਲੀਨਿਕ ਵਿੱਚ ਗਰਭਵਤੀ ਔਰਤਾਂ ਦੀ ਮੁਕੰਮਲ ਸਿਹਤ ਜਾਂਚ ਮੁਫ਼ਤ ਕੀਤੀ ਜਾਂਦੀ ਹੈ। ਉਨ੍ਹਾਂ ਸਮੂਹ ਸਟਾਫ਼ ਨੂੰ ਹਦਾਇਤ ਕੀਤੀ ਕਿ ਗਰਭਵਤੀ ਮਾਂਵਾਂ ਦੀ ਸਿਹਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਉਨ੍ਹਾਂ ਦੇ ਲੋੜੀਂਦੇ ਟੈਸਟ ਆਮ ਆਦਮੀ ਕਲੀਨਿਕ ਰਾਹੀਂ ਮੁਫ਼ਤ ਕਰਾਏ ਜਾਣ। ਉਨ੍ਹਾਂ ਮੌਜੂਦ ਸਮੂਹ ਕ੍ਰਮਚਾਰੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਹੋਰ ਵਧੀਆ ਸਿਹਤ ਸਹੂਲਤਾਂ ਦੇਣ ਲਈ ਯੋਗ ਉਪਰਾਲੇ ਕਰਨ ਲਈ ਕਿਹਾ। ਉਨ੍ਹਾਂ ਸਮੂਹ ਸਟਾਫ਼ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਪਰਵਾਰ ਨਿਯੋਜਨ ਤੇ ਹੋਰ ਸਿਹਤ ਪ੍ਰੋਗਰਾਮਾਂ ਸਬੰਧੀ ਆਮ ਲੋਕਾਂ 'ਚ ਵਧੇਰੇ ਜਾਗਰੂਕਤਾ ਲਿਆਉਣ ਦਾ ਸੁਨੇਹਾ ਦਿੱਤਾ ਤਾਂ ਜੁ ਲੋਕਾਂ ਨੂੰ ਸਮੂਹ ਸਿਹਤ ਪ੍ਰੋਗਰਾਮਾਂ ਤੇ ਸਕੀਮਾਂ ਦਾ ਸਮੇਂ ਸਿਰ ਪਤਾ ਚੱਲ ਸਕੇ।

## ਗੁਲ ਆਬ ਦੀ ਪਹਿਲੀ ਕਾਵਿ ਕਿਤਾਬ 'ਸੁਰਖ਼-ਆਬ' ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਵੱਲੋਂ ਕਵੀ ਗੁਲ ਆਬ ਦੀ ਪਹਿਲੀ ਕਾਵਿ ਕਿਤਾਬ 'ਸੁਰਖ਼-ਆਬ' ਜਾਰੀ ਕੀਤੀ ਗਈ। ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਕਿਹਾ ਕਿ ਗੁਲ ਆਬ ਦੀ ਪਲੇਠੀ ਕਿਤਾਬ ਜ਼ਿੰਦਗੀ ਦੇ ਛੋਟੇ ਛੋਟੇ ਅਹਿਸਾਸਾਂ ਨੂੰ ਕਾਵਿਕ ਅੰਦਾਜ਼ 'ਚ ਪ੍ਰਸਤੁਤ ਕਰਦੀ ਹੈ। ਉੱਘੇ ਨਾਵਲਕਾਰ ਅਜ਼ੀਜ਼ ਸਰੋਏ ਨੇ ਕਿਹਾ ਕਿ ਕਾਵਿ ਪੁਸਤਕ 'ਚ ਖਿਆਲਾਂ ਦੀ ਤਾਜ਼ਗੀ ਤੇ ਉੱਚੀ ਉਡਾਣ ਹੈ। ਕਵੀ ਨੇ ਘੱਟ ਸ਼ਬਦਾਂ ਵਿੱਚ ਵੱਡੀ ਗੱਲ ਆਖੀ ਹੈ। ਡਾ. ਕੁਲਦੀਪ ਚੌਹਾਨ ਨੇ ਕਿਹਾ ਕਿ ਕਵੀ ਨੇ ਆਪਣੀ ਪਹਿਲੀ ਕਿਤਾਬ 'ਚ ਬਹੁਤ ਹੀ ਸਾਦਗੀ ਨਾਲ ਆਪਣੇ ਜਜ਼ਬਿਆਂ ਨੂੰ ਪਰੋਇਆ ਹੈ। ਇਸ ਤੋਂ ਪਹਿਲਾਂ ਕਵੀ ਗੁਲ ਆਬ ਨੇ ਕਿਤਾਬ 'ਚੋਂ ਕੁੱਝ ਕਵਿਤਾਵਾਂ ਦਾ ਪਾਠ ਕੀਤਾ। ਉਨ੍ਹਾਂ ਕਿਹਾ ਕਿ ਕਵਿਤਾ ਬਿਨਾਂ ਜ਼ਖ਼ਮ ਦੇ ਹੀ ਚੀਸ ਵਰਗੀ ਕੋਈ ਸ਼ੈਅ ਹੈ। ਖੁਸ਼ੀ ਦੇ ਹੰਝੂਆਂ ਜਿਹਾ ਉਦਾਸ ਰਹਿਣ ਵਾਲਾ ਕੋਈ ਮਿਠਾ ਅਹਿਸਾਸ ਹੈ। ਕਾਵਿ ਪੁਸਤਕ ਦੇ ਰਿਲੀਜ਼ ਸਮਾਗਮ ਮੌਕੇ ਕਵੀ ਪਰਾਗ, ਗੁਰਪ੍ਰੀਤ, ਸਰਬਜੀਤ ਸਿੰਘ, ਚਮਨ ਲਾਲ ਤੇ ਅਰਸ਼ਦੀਪ ਸਿੰਘ ਨੇ ਵੀ ਇਸ ਕਿਤਾਬ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।

## ਟਰੱਕ ਯੂਨੀਅਨ ਭਗਤਾ ਦੇ ਥਾਪੇ ਅਹੁਦੇਦਾਰ ਲਾਂਭੇ, ਨਾਇਬ ਤਹਿਸੀਲਦਾਰ ਕੋਲ ਹੀ ਰਹੇਗਾ ਚਾਰਜ : ਸੂਤਰ



**ਬਠਿੰਡਾ (ਰਾਜੀਵ ਗੋਇਲ)**-ਭਗਤਾ ਭਾਈ ਕਾ ਵਿਖੇ ਟਰੱਕ ਯੂਨੀਅਨ ਦੇ ਥਾਪੇ ਗਏ ਅਹੁਦੇਦਾਰਾਂ ਨੂੰ ਪ੍ਰਸ਼ਾਸਨ ਵੱਲੋਂ ਲਾਂਭੇ ਕੀਤੇ ਜਾਣ ਦੀ ਗੱਲ ਸੂਤਰਾਂ ਤੋਂ ਪ੍ਰਾਪਤ ਹੋਈ ਹੈ।ਪਰਮਜੀਤ ਸਿੰਘ ਪੰਮਾ ਨੂੰ ਪ੍ਰਧਾਨ ਅਤੇ ਸੰਜੀਵ ਕੁਮਾਰ ਬੰਟੀ ਨੂੰ ਟਰੱਕ ਯੂਨੀਅਨ ਭਗਤਾ ਦਾ ਮੀਤ ਪ੍ਰਧਾਨ ਥਾਪਿਆ ਗਿਆ ਸੀ ਤੇ ਇਨ੍ਹਾਂ ਥਾਪੇ ਗਏ ਅਹੁਦੇਦਾਰਾਂ ਦੀ ਨਿਯੁਕਤੀ ਨੂੰ ਲੈ ਕੇ ਰੋਸ ਪ੍ਰਗਟ ਕਰਦੇ ਹੋਏ ਬਹੁਗਿਣਤੀ ਟਰੱਕ ਅਪ੍ਰੇਟਰਾਂ ਵੱਲੋਂ ਭਗਤਾ ਭਾਈ ਕਾ ਦੇ ਮੁੱਖ ਚੌਂਕ 'ਚ ਧਰਨਾ ਲਾ ਦਿੱਤਾ ਸੀ ਅਤੇ ਡੀ.ਐਸ.ਪੀ ਫੂਲ ਤੇ ਨਾਇਬ ਤਹਿਸੀਲਦਾਰ ਭਗਤਾ ਵੱਲੋਂ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਮੀਟਿੰਗ ਦੇ ਭਰੋਸੇ ਮਗਰੋਂ ਇਹ ਧਰਨਾ ਚੁਕਵਾ ਦਿੱਤਾ ਗਿਆ ਸੀ।ਇਸ ਮਸਲੇ ਨੂੰ ਲੈ ਕੇ ਯੂਨੀਅਨ ਆਗੂ ਏ.ਡੀ.ਸੀ ਬਠਿੰਡਾ ਪਾਸ ਪੁੱਜੇ, ਜਿੱਥੇ ਇਸ ਮਸਲੇ ਸੰਬੰਧੀ ਗੱਲਬਾਤ ਹੋਈ। ਆਪ ਆਗੂ ਬੂਟਾ ਸਿੰਘ ਜਲਾਲ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਇਸ ਨਿਯੁਕਤੀ ਨੂੰ ਖਾਰਜ ਕਰ ਦਿੱਤਾ ਹੈ ਤੇ ਡਿਪਟੀ ਕਮਿਸ਼ਨਰ ਬਠਿੰਡਾ ਦੇ ਛੁੱਟੀ ਤੋਂ ਮੁੜ ਡਿਊਟੀ 'ਤੇ ਪਰਤਣ ਤੱਕ ਇਹ ਚਾਰਜ਼ ਨਾਇਬ ਤਹਿਸੀਲਦਾਰ ਪਾਸ ਹੀ ਰਹੇਗਾ। ਰਿਤੇਸ਼ ਕੁਮਾਰ ਰਿੰਕੂ ਨੇ ਦੱਸਿਆ ਕਿ ਇਹ ਅਹੁਦੇਦਾਰ ਜਾਅਲੀ ਤੌਰ 'ਤੇ ਥਾਪੇ ਗਏ ਸਨ ਅਤੇ ਆਪ੍ਰੇਟਰਾਂ ਵੱਲੋਂ ਕੋਈ ਚੋਣ ਕਰਵਾਈ ਹੀ ਨਹੀਂ ਗਈ, ਸਿਰਫ਼ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ਪਾਸੋਂ ਨਜਾਇਜ਼ ਕਬਜ਼ਿਆਂ ਨੂੰ ਖਾਲੀ ਕਰਾਉਣ ਲਈ ਫੋਰਸ ਸੱਦੀ ਗਈ ਸੀ, ਜਿਸਦੀ ਗ਼ਲਤ ਵਰਤੋਂ ਕਰਦਿਆਂ ਇਹ ਅਹੁਦੇਦਾਰ ਥਾਪੇ ਗਏ ਸਨ।ਉਨ੍ਹਾਂ ਦੱਸਿਆ ਕਿ ਅਸੀਂ ਐਸ.ਐਸ.ਪੀ ਬਠਿੰਡਾ ਤੇ ਐਸ.ਡੀ.ਐਮ ਫੂਲ ਨੂੰ ਧਾਰਾ 145 ਦਾ ਉਲੰਘਣ ਕਰਨ ਅਤੇ ਨਜਾਇਜ਼ ਤੌਰ 'ਤੇ ਇਨ੍ਹਾਂ ਨਿਯੁਕਤੀਆਂ ਵਿਰੁੱਧ ਸ਼ਿਕਾਇਤ ਦੇਣ ਜਾ ਰਹੇ ਹਾਂ।ਇਸ ਮਸਲੇ ਨੂੰ ਲੈ ਕੇ ਹਲਕਾ ਵਿਧਾਇਕ ਦੇ ਪੀ.ਏ ਦਾ ਕਹਿਣਾ ਸੀ ਕਿ ਅਪ੍ਰੇਟਰਾਂ ਵੱਲੋਂ ਹੀ ਇਹ ਚੋਣ ਕੀਤੀ ਗਈ ਹੈ।ਸਾਡੀ ਅਫ਼ਸਰਾਂ ਨਾਲ ਗੱਲਬਾਤ ਹੋ ਗਈ ਹੈ, ਉਹ ਸਾਰੀ ਸਥਿਤੀ ਦੇਖ ਰਹੇ ਹਨ।

## ਇਸਲਾਮੀਆ ਗਰਲਜ਼ ਕਾਲਜ ਦੀਆਂ ਵਿਦਿਆਰਥਣਾਂ ਮੈਰਿਟ 'ਚ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਵਕਫ ਬੋਰਡ ਦੇ ਪ੍ਰਬੰਧ ਅਧੀਨ ਚੱਲਣ ਵਾਲੇ ਇਸਲਾਮੀਆ ਗਰਲਜ਼ ਕਾਲਜ ਮਾਲੇਰਕੋਟਲਾ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੈਰਿਟ ਲਿਸਟ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸ਼ਹਿਰ ਤੇ ਕਾਲਜ ਦਾ ਮਾਣ ਵਧਾਇਆ ਹੈ।ਕਾਲਜ ਦੀ ਪ੍ਰਿੰਸੀਪਲ ਡਾਕਟਰ ਰਾਹਿਲਾ ਖਾਨ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਬੀ ਏ ਦੀਆਂ ਵਿਦਿਆਰਥਣਾਂ ਫਿਜ਼ਾ ਖਾਨ ਪੁੱਤਰੀ ਅਸ਼ਰਫ ਖਾਨ ਤੇ ਮੁਸਕਾਨ ਬੇਗਮ ਪੁੱਤਰੀ ਡੋਗਰ ਖਾਂ ਨੇ ਅਧਿਆਪਕਾਂ ਦੀ ਯੋਗ ਅਗਵਾਈ 'ਚ ਆਪਣੀ ਮਿਹਨਤ ਸਦਕਾ ਵੱਡੀ ਮੱਲ ਮਾਰੀ ਹੈ, ਜੋ ਕਿ ਇਨ੍ਹਾਂ ਵਿਦਿਆਰਥਣਾਂ ਲਈ ਵੱਡੀ ਖੁਸ਼ੀ ਦਾ ਮੁਕਾਮ ਹੈ।ਇਨ੍ਹਾਂ ਵਿਦਿਆਰਥਣਾਂ ਨੂੰ ਵਧਾਈ ਦਿੰਦੇ ਹੋਏ ਡਾਕਟਰ ਰਾਹਿਲਾ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਇਨ੍ਹਾਂ ਵਿਦਿਆਰਥਣਾਂ ਨੂੰ ਵਜ਼ੀਫੇ ਦੀ ਪੇਸ਼ਕਸ਼ ਕੀਤੀ ਗਈ ਹੈ, ਜਿਸ ਨਾਲ ਕਾਲਜ ਤੇ ਸ਼ਹਿਰ ਦੇ ਹੋਰ ਵਿਦਿਆਰਥੀਆਂ ਨੂੰ ਵੀ ਮਿਹਨਤ ਕਰਕੇ ਚੰਗੇ ਅੰਕ ਪ੍ਰਾਪਤ ਕਰਨ ਦੀ ਪ੍ਰੇਰਣਾ ਮਿਲੇਗੀ।ਇਸ ਮੌਕੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਤੇ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਇਨ੍ਹਾਂ ਵਿਦਿਆਰਥਣਾਂ ਦੇ ਨਾਲ ਨਾਲ ਸਕੂਲ ਸਟਾਫ ਨੂੰ ਵੀ ਮੁਬਾਰਕਬਾਦ ਪੇਸ਼ ਕੀਤੀ।

# 29 ਅਧਿਆਪਕਾਂ ਨੂੰ ਫਾਰਗ ਕਰਨ ਦਾ ਫੈਸਲਾ ਸਰਕਾਰ ਤੁਰੰਤ ਵਾਪਸ ਲਵੇ : ਅਮਨਦੀਪ ਸ਼ਰਮਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਜੋ ਘਰ ਘਰ ਰੁਜ਼ਗਾਰ ਦੇਣ ਦੀ ਦਾਅਵੇ ਕਰਦੀ ਨਹੀਂ ਥੱਕਦੀ ਅਤੇ ਰੋਜਾਨਾ ਅਖਬਾਰਾਂ ਵਿੱਚ ਲੱਖਾਂ ਰੁਪਏ ਦੇ ਇਸ਼ਤਿਹਾਰ ਦੇ ਕੇ ਇਹ ਦਾਅਵੇ ਕਰਦੀ ਹੈ ਕਿ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਹੈ। ਇਸੇ ਸਰਕਾਰ ਨੇ ਸਮੱਗਰਾ ਸਿੱਖਿਆ ਅਧੀਨ ਕੰਟਰੈਕਟ 'ਤੇ ਰੱਖੇ ਮੁੱਖ ਅਧਿਆਪਕਾਂ ਨੂੰ ਨੌਕਰੀ ਤੋਂ ਫਾਰਗ ਕਰ ਦਿੱਤਾ ਹੈ। ਸੱਤਾ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਵਾਅਦੇ ਕਰਦੀ ਸੀ ਕਿ ਅਸੀਂ ਸਾਰੇ ਅਧਿਆਪਕ ਰੈਗੂਲਰ ਕਰਾਂਗੇ। ਵਰਨਣ ਯੋਗ ਹੈ ਕਿ ਸਰਕਾਰ ਨੇ 2013 ਵਿੱਚ 264 ਮੁੱਖ ਅਧਿਆਪਕਾਂ ਦੀ ਭਰਤੀ ਕਰਨ ਦਾ ਇਸ਼ਤਿਹਾਰ ਦਿੱਤਾ ਸੀ।ਜਿਸ ਵਿੱਚ ਭਰਤੀ ਕਰਨ ਸਮੇਂ ਵਿਭਾਗ ਤੋਂ ਤਰੁੱਟੀਆਂ ਰਹੀਆਂ।ਵਿਭਾਗ ਨੇ ਭਰਤੀ ਸਬੰਧੀ ਇਸ਼ਤਿਹਾਰ ਦੀਆਂ ਸ਼ਰਤਾਂ ਨੂੰ ਦਰ ਕਿਨਾਰ ਕਰਕੇ ਇਹ ਭਰਤੀ ਕੀਤੀ। 264 ਮੁੱਖ ਅਧਿਆਪਕ ਦੀ ਭਰਤੀ ਵਿੱਚੋ ਸਿਰਫ 205 ਮੁੱਖ ਅਧਿਆਪਕ ਰੱਖੇ ਗਏ ਅਤੇ ਉਸ ਵਿੱਚੋਂ ਵੀ 162 ਉਮੀਦਵਾਰਾਂ ਦੇ ਸਰਟੀਫਿਕੇਟ ਨਿਰਧਾਰਿਤ ਤਰੀਕ ਤੋਂ ਬਾਅਦ ਵਿੱਚ ਬਣੇ ਹੋਏ ਪਾਏ ਗਏ ਜੋ ਕਿ ਹਾਈ ਕੋਰਟ ਦੇ ਸਿੰਗਲ ਬੈਂਚ ਦੇ ਨਿਰਦੇਸ਼ਾਂ ਅਨੁਸਾਰ ਵਿਭਾਗ ਨੇ ਆਪ 162 ਉਮੀਦਵਾਰ ਛਾਂਟ ਕੇ ਹਾਈਕੋਰਟ ਨੂੰ ਦੱਸਿਆ ਕਿ ਇਹ 162 ਉਮੀਦਵਾਰ ਸਾਡੇ ਤੋਂ ਗਲਤ ਰੱਖੇ ਗਏ ਹਨ। 29 ਉਮੀਦਵਾਰਾਂ ਨੇ ਇਸ ਭਰਤੀ ਦੇ ਵਿਰੁੱਧ ਹਾਈਕੋਰਟ ਵਿੱਚ ਕੇਸ ਲਗਾਇਆ ਸੀ ਜੋ ਭਰਤੀ ਦੀਆਂ ਸਾਰੀਆਂ ਸ਼ਰਤਾਂ ਨਿਰਧਾਰਿਤ ਤਰੀਕ ਤੱਕ ਪੂਰੀਆਂ ਕਰਦੇ ਸਨ ਅਤੇ ਹਾਈ ਕੋਰਟ ਦੇ ਸਿੰਗਲ ਬੈਂਚ ਨੇ ਇਹਨਾਂ 29 ਮੁੱਖ ਅਧਿਆਪਕਾਂ ਦੇ ਹੱਕ ਵਿੱਚ ਫੈਸਲਾ ਸੁਣਾਉਂਦਿਆ 2020 ਵਿੱਚ ਇਹਨਾਂ ਨੂੰ ਭਰਤੀ ਕਰਨ ਦਾ ਹੁਕਮ ਦਿੱਤਾ ਸੀ ਕਿਉਂਕਿ ਇਹਨਾਂ 29 ਮੁੱਖ ਅਧਿਆਪਕਾਂ ਦੇ ਤਜਰਬਾ ਸਰਟੀਫਿਕੇਟਾਂ ਉੱਤੇ ਡੀ.ਈ.ਓ. ਦੇ ਹਸਤਾਖਰ ਅਪਲਾਈ ਕਰਨ ਦੀ ਆਖਰੀ ਤਰੀਕ ਤੋਂ ਪਹਿਲਾਂ ਦੇ ਸਨ ਜਦ ਕਿ ਦੂਜੀ ਧਿਰ ਦੇ ਅਪਲਾਈ ਕਰਨ ਤੋਂ ਬਾਅਦ ਦੇ ਸਨ। ਦੂਸਰੀ ਧਿਰ ਨੇ ਸਿੰਗਲ ਬੈਂਚ ਦੇ ਇਸ ਫੈਸਲੇ ਖਿਲਾਫ਼ ਹਾਈ ਕੋਰਟ ਵਿੱਚ ਡਬਲ ਬੈਂਚ 'ਤੇ ਕੇਸ ਲਗਾਇਆ। ਡਬਲ ਬੈਂਚ ਦਾ ਫੈਸਲਾ ਇਹਨਾਂ 29 ਮੁੱਖ ਅਧਿਆਪਕਾਂ ਦੇ ਹੱਕ ਵਿੱਚ ਨਹੀਂ ਆਇਆ।ਮਾਨਯੋਗ ਹਾਈਕੋਰਟ ਦੇ ਡਬਲ ਬੈਂਚ ਨੇ ਫੈਸਲਾ ਦਿੱਤਾ ਕਿ 162 ਮੁੱਖ ਅਧਿਆਪਕਾਂ ਨੂੰ ਸਰਕਾਰੀ ਨੌਕਰੀ ਕਰਦੇ ਛੇ ਸਾਲ ਹੋ ਗਏ ਹਨ ਅਤੇ ਹੁਣ ਇਹਨਾਂ ਨੂੰ ਕੱਢਿਆ ਨਹੀਂ ਜਾ ਸਕਦਾ। ਜਦ ਕਿ 29 ਮੁੱਖ ਅਧਿਆਪਕਾਂ ਨੂੰ ਵੀ ਨੌਕਰੀ ਕਰਦੇ ਹੋਏ ਪੰਜ ਸਾਲ ਹੋ ਗਏ। ਇਹ ਅਧਿਆਪਕ ਆਪਣੀ ਅਰਜੋਈ ਲੈ ਕੇ ਸੁਪਰੀਮ ਕੋਰਟ ਗਏ।



ਸੁਪਰੀਮ ਕੋਰਟ ਦੇ ਫੈਸਲੇ ਦੀ ਬਿਨਾਂ ਉਡੀਕ ਕੀਤਿਆਂ ਸਿੱਖਿਆ ਵਿਭਾਗ ਨੇ 29 ਮੁੱਖ ਅਧਿਆਪਕਾਂ ਨੂੰ ਰੁਜ਼ਗਾਰ ਤੋਂ ਵਾਂਝੇ ਕਰ ਦਿੱਤਾ। ਸਰਕਾਰ ਨੇ ਇਹਨਾਂ ਅਧਿਆਪਕਾਂ ਦਾ ਰੁਜ਼ਗਾਰ ਖੋਹ ਕੇ ਆਪਣੀਆਂ ਕਮਜ਼ੋਰੀਆਂ 'ਤੇ ਪਰਦਾ ਪਾਇਆ ਹੈ। ਗੌਰਮਿੰਟ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜ਼ਿਲ੍ਹਾ ਜੁਆਇੰਟ ਸਕੱਤਰ ਪ੍ਰਿੰਸ ਪਲਿਆਲ ਗੜਦੀਵਾਲਾ ਅਤੇ ਜ਼ਿਲ੍ਹਾ ਆਗੂ ਦਵਿੰਦਰ ਹੁਸ਼ਿਆਰਪੁਰ ਨੇ ਸਰਕਾਰ ਦੇ ਇਸ ਕਦਮ ਦੀ ਜੋਰਦਾਰ ਨਿਖੇਧੀ ਕੀਤੀ ਹੈ। ਆਗੂਆਂ ਨੇ ਕਿਹਾ ਸਰਕਾਰ ਦੋਵਾਂ ਧਿਰਾਂ ਨੂੰ ਇਨ੍ਹਾਂ ਪੋਸਟਾਂ 'ਤੇ ਰੈਗੂਲਰ ਕਰੇ। ਸਰਕਾਰ ਮੁੱਖ ਅਧਿਆਪਕਾਂ ਦੀ ਜ਼ਿੰਦਗੀ ਦੇ ਪੰਜ ਸਾਲ ਖੂਹ ਖਾਤੇ ਵਿੱਚ ਪਾ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਜਿਹੜੇ ਵੀ ਨੌਜਵਾਨਾਂ ਨੂੰ ਰੁਜ਼ਗਾਰ ਮਿਲ ਜਾਂਦਾ ਹੈ, ਸਰਕਾਰ ਨੈਤਿਕ ਜਿੰਮੇਵਾਰੀ ਸਮਝਦੀ ਹੋਈ ਉਹਨਾਂ ਕੇਸਾਂ ਵਿੱਚ ਹਮਦਰਦੀ ਨਾਲ ਵਿਚਾਰ ਕਰੇ। ਭਰਤੀ ਦੀ ਉਮਰ ਲੰਘਾਅ ਚੁੱਕੇ ਅਧਿਆਪਕ ਹੁਣ ਕਿੱਧਰ ਜਾਣ ? ਉਹਨਾਂ ਕਿਹਾ ਅਧਿਆਪਕਾਂ ਨੇ ਆਪਣੇ ਬੱਚਿਆਂ ਦੀਆਂ ਪੜ੍ਹਾਈਆਂ ਲਈ ਅਤੇ ਮਕਾਨ ਬਣਾਉਣ ਲਈ ਆਪਣੀ ਨੌਕਰੀ ਦੇ ਅਨੁਸਾਰ ਕਰਜੇ ਚੁੱਕੇ ਹੋਏ ਸਨ। ਇਹ ਪਰਵਾਰ ਹੁਣ ਗੰਭੀਰ ਆਰਥਿਕ ਸੰਕਟ ਵਿੱਚ ਫ਼ਸ ਜਾਣਗੇ। ਪ੍ਰਿਤਪਾਲ ਸਿੰਘ ਚਟਾਲਾ, ਸੰਜੀਵ ਧੂਤ, ਗੁਰਪ੍ਰੀਤ ਸਿੰਘ, ਗੁਰਮੁੱਖ ਸਿੰਘ ਬਲਾਲਾ, ਜਗਵਿੰਦਰ ਸਿੰਘ, ਅਨਿਲ ਕੁਮਾਰ,ਮਲਕੀਤ ਸਿੰਘ, ਚਰਨਜੀਤ ਸਿੰਘ, ਸਰਤਾਜ ਸਿੰਘ, ਰਮਨਦੀਪ ਕੁਮਾਰ, ਬਚਿੱਤਰ ਸਿੰਘ, ਦੀਪਕ ਕੋਂਡਲ, ਭੁਪਿੰਦਰ ਸਿੰਘ, ਨਵਤੇਜ ਸਿੰਘ, ਸਚਿਨ ਕੁਮਾਰ, ਮਨੋਜ ਕੁਮਾਰ ਸ਼ਰਮਾ, ਲਖਬੀਰ ਸਿੰਘ, ਨਵਜੋਤ ਸਿੰਘ, ਬਹਾਦਰ ਸਿੰਘ, ਮਹਿੰਦਰ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਨੇ ਕਿਹਾ ਕਿ ਸਰਕਾਰ ਇਹਨਾਂ 29 ਅਧਿਆਪਕਾਂ ਨੂੰ ਫਾਰਗ ਕਰਨ ਦਾ ਫੈਸਲਾ ਤੁਰੰਤ ਵਾਪਸ ਲਵੇ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਸਰਕਾਰ ਖਿਲਾਫ ਅਜਿਹੇ ਲੋਕ ਵਿਰੋਧੀ ਚੁੱਕੇ ਹੋਏ ਕਦਮਾਂ ਦਾ ਪਰਦਾਫਾਸ਼ ਕੀਤਾ ਜਾਵੇਗਾ ਅਤੇ ਸੰਘਰਸ਼ ਤਿੱਖਾ ਕਰਕੇ ਆਰ ਪਾਰ ਦੀ ਲੜਾਈ ਵਿੱਢੀ ਜਾਵੇਗੀ।

# ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਰਹਿਣਗੇ ਯਤਨ ਲਗਾਤਾਰ ਜਾਰੀ : ਕੁਲਵੰਤ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)**— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਬਣਾਉਣ ਦੇ ਲਈ ਲਗਾਤਾਰ ਯਤਨ ਜਾਰੀ ਹਨ ਅਤੇ ਅਗਾਂਹ ਵੀ ਜਾਰੀ ਰਹਿਣਗੇ, ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਜਿੱਥੇ ਨਸ਼ਾ ਤਸਕਰਾਂ ਨੂੰ ਪੰਜਾਬ ਭਰ ਦੇ ਵਿੱਚ ਨੱਥ ਪਾਈ ਜਾ ਰਹੀ ਰਹੀ ਹੈ, ਉੱਥੇ ਪ੍ਰਾਈਵੇਟ ਹਸਪਤਾਲਾਂ ਅਤੇ ਸੰਸਥਾਵਾਂ ਦੇ ਸਹਿਯੋਗ ਦੇ ਨਾਲ ਇਸ ਮੁਹਿੰਮ ਨੂੰ ਸਫਲਤਾਪੂਰਵਕ ਅਗਾਂਹ ਵਧਾਉਣ ਦੇ ਲਈ ਜਾਗਰੂਕਤਾ ਮੁਹਿੰਮ ਵੀ ਨਾਲੋ -ਨਾਲ ਜਾਰੀ ਹੈ, ਇਹ ਗੱਲ ਅੱਜ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਚੀਮਾ ਹਸਪਤਾਲ ਫੇਸ-4 ਵਿਖੇ ਲਗਾਏ ਗਏ ਨਸ਼ਾ ਮੁਕਤੀ ਕੈਂਪ ਦੇ ਦੌਰਾਨ ਮਰੀਜ਼ਾਂ ਨਾਲ ਗੱਲਬਾਤ ਕਰ ਰਹੇ ਸਨ, ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਤੰਦਰੁਸਤ ਪੰਜਾਬ- ਮੁਹਿੰਮ ਦੇ ਤਹਿਤ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਦੇ ਲਈ ਪ੍ਰਤੀਬੱਧ ਹੈ , ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰਾਂ ਦੇ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਸ਼ੇ ਵੇਚ ਅਤੇ ਪੰਜਾਬ ਦੀ ਜਵਾਨੀ ਨੂੰ ਖਰਾਬ ਕਰਕੇ ਕੀਤੇ ਉਹ ਸਾਰੇ ਗਏ



ਘਰ ਵੀ ਢਾਹੇ ਜਾ ਰਹੇ ਹਨ ਅਤੇ ਨਸ਼ਾ ਤਸਕਰਾਂ ਦੀ ਪ੍ਰੋਪਰਟੀ ਨੂੰ ਬਕਾਇਦਾ ਸੀਜ ਕੀਤਾ ਜਾ ਰਿਹਾ ਹੈ ,ਇੱਥੇ ਇਹ ਗੱਲ ਜ਼ਿਕਰਯੋਗ ਹੈ ਕਿ ਚੀਮਾ ਹਸਪਤਾਲ ਦੇ ਡਾਇਰੈਕਟਰ ਸੁਨੀਲ ਅਗਰਵਾਲ ਅਤੇ ਗੌਰਵ ਅਗਰਵਾਲ ਦੀ ਅਗਵਾਈ ਹੇਠ ਮੁਫਤ ਨਸ਼ਾ ਮੁਕਤੀ ਕੈਂਪ ਲਗਾਇਆ ਗਿਆ ਸੀ, ਜਿਸ ਵਿੱਚ ਸਵੇਰ ਵੇਲੇ ਤੋਂ ਹੀ ਨੌਜਵਾਨ ਅਤੇ ਉਨਾਂ ਦੇ ਨਜ਼ਦੀਕੀ ਪਹੁੰਚਣੇ ਸ਼ੁਰੂ ਹੋ ਚੁੱਕੇ ਸਨ, ਹਸਪਤਾਲ ਦੇ ਡਾਇਰੈਕਟਰ ਗੌਰਵ ਅਗਰਵਾਲ ਨੇ ਕਿਹਾ ਕਿ ਹਸਪਤਾਲ ਦੇ ਵਿੱਚ ਪੀੜਤਾਂ ਨੂੰ ਦਾਖਲ ਕਰਨ ਦੇ ਲਈ 15 ਬੈਡ ਹਸਪਤਾਲ ਦੀ ਤਰਫੋਂ ਰਾਖਵੇਂ ਰੱਖੇ ਗਏ ਹਨ, ਅਤੇ ਸਰਕਾਰ ਨੂੰ ਇਸ ਸਬੰਧੀ ਬਕਾਇਦਾ ਲਿਖਿਆ ਜਾ ਚੁੱਕਾ ਹੈ, ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਵਿੱਚ ਸਹਿਯੋਗ ਕਰਨ ਦੇ ਲਈ ਬਕਾਇਦਾ ਕੈਂਪਾਂ ਦਾ ਆਯੋਜਨ ਅਤੇ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ, ਡਾਕਟਰ ਗੌਰਵ ਅਗਰਵਾਲ ਨੇ ਕਿਹਾ ਕਿ ਅਗਾਂਹ ਵੀ ਪੰਜਾਬ ਸਰਕਾਰ ਨੂੰ ਸਹਿਯੋਗ ਕਰਨ ਦੇ ਲਈ ਅਜਿਹੇ ਮੁਫਤ ਜਾਗਰੂਕਤਾ ਕੈਂਪ ਲਗਾਏ ਜਾਂਦੇ ਰਹਿਣਗੇ, ਇਸ ਮੌਕੇ ਤੇ ਸੰਜੀਵ ਸ਼ਰਮਾ, ਡਾਕਟਰ ਮਨਤਾਜ ਕੌਰ ਢਿੱਲੋਂ , ਸਾਬਕਾ ਕੌਂਸਲਰ ਗੁਰਮੁਖ ਸਿੰਘ ਸੋਹਲ, ਡਾਕਟਰ ਕੁਲਦੀਪ ਸਿੰਘ, ਅਮਰਜੀਤ ਸਿੰਘ ਪਾਹਵਾ- ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਫੇਸ-4, ਹਰਜਿੰਦਰ ਸਿੰਘ ਸੋਹਲ ,ਪ੍ਰੇਮ ਸਿੰਘ ਢਿੱਲੋਂ, ਹਰਵਿੰਦਰ ਸਿੰਘ ਸੈਣੀ, ਹਰਪਾਲ ਸਿੰਘ ਚੰਨਾ, ਜਸਪਾਲ ਸਿੰਘ ਮਟੌਰ, ਬਲਜੀਤ ਸਿੰਘ ਹੈਪੀ, ਵੀ ਹਾਜ਼ਰ ਸਨ।

# ਲੋਕਾਂ ਨੂੰ ਗੁੰਮਰਾਹ ਕਰਨ ਲਈ ਵਿਰੋਧੀ ਧਿਰਾਂ ਕਰ ਰਹੀਆਂ ਨੇ ਮਨਘੜਤ ਬਿਆਨਬਾਜ਼ੀ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਨੂੰ ਵਿਕਸਤ ਕਰਨ ਵਿਚ ਵਿਕਾਸ ਅਥਾਰਟੀਆਂ ਸਬੰਧੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਫ਼ੈਸਲਾ ਅਹਿਮ ਭੂਮਿਕਾ ਨਿਭਾਏਗਾ ਉਕਤ ਪ੍ਰਗਟਾਵਾ ਇਕ ਪ੍ਰੈਸ ਬਿਆਨ ਰਾਹੀਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਇਥੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦੀਆਂ ਸਾਰੇ ਸਥਾਨਕ ਵਿਕਾਸ ਬੋਰਡਾਂ ਦੇ ਚੇਅਰਮੈਨ ਵਜੋਂ ਮੁੱਖ ਸਕੱਤਰ ਨੂੰ ਨਿਯੁਕਤ ਕਰਨ ਦੇ ਫੈਸਲਾ ਨਾਲ ਸੂਬੇ ਦੇ ਵਿਕਾਸ ਸਬੰਧੀ ਮਾਮਲਿਆਂ ਨੂੰ ਪ੍ਰਵਾਨਗੀ ਮਿਲਣ ਦੀ ਕਾਰਵਾਈ ਵਿਚ ਤੇਜ਼ੀ ਆਵੇਗੀ ਅਤੇ ਆਮ ਲੋਕਾਂ ਨੂੰ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਸੂਬੇ ਦੇ ਅਧਿਕਾਰੀਆਂ ਨੇ ਗੁਜਰਾਤ ਸਰਕਾਰ ਵਲੋਂ ਅਹਿਮਦਾਬਾਦ ਸ਼ਹਿਰੀ ਵਿਕਾਸ ਅਥਾਰਟੀ, ਉਤਰ ਪ੍ਰਦੇਸ਼ ਸਰਕਾਰ ਵਲੋਂ ਨੋਇਡਾ, ਮੇਰਠ, ਕਾਨਪੁਰ ਅਤੇ ਲਖਨਊ ਵਰਗੀਆਂ ਸ਼ਹਿਰੀ ਯੋਜਨਾਬੰਦੀ ਸੰਸਥਾਵਾਂ ਦੀ ਕਾਰਜਪ੍ਰਣਾਲੀ ਸਬੰਧੀ ਕੀਤੀਆਂ ਗਈ ਤਬਦੀਲੀ ਅਤੇ ਉਨ੍ਹਾਂ ਦੇ ਪ੍ਰਭਾਵਾਂ ਸਬੰਧੀ ਅਧਿਐਨ ਕੀਤਾ



ਗਿਆ ਅਤੇ ਇਸ ਮਾਡਲ ਦੇ ਪ੍ਰਭਾਵਾਂ ਨੂੰ ਚੰਗੀ ਤਰ੍ਹਾਂ ਵਾਚਣ ਉਪਰੰਤ ਇਸ ਦੇ ਸਿੱਟਿਆਂ ਸਬੰਧੀ ਸਰਕਾਰ ਨੂੰ ਜਾਣੂ ਕਰਵਾਇਆ ਗਿਆ ਜਿਸ ਤੋਂ ਬਾਅਦ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ.) ਐਕਟ ਦੀ ਧਾਰਾ 29(3) ਵਿੱਚ ਸੋਧ ਸਬੰਧੀ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫ਼ੈਸਲੇ ਨਾਲ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ), ਗ੍ਰੇਟਰ ਲੁਧਿਆਣਾ ਡਿਵੈਲਪਮੈਂਟ ਅਥਾਰਟੀ (ਗਲਾਡਾ), ਅਤੇ ਪੰਜਾਬ ਸ਼ਹਿਰੀ ਵਿਕਾਸ ਅਥਾਰਟੀ (ਪੁੱਡਾ) ਵਰਗੀਆਂ ਪ੍ਰਮੁੱਖ ਵਿਕਾਸ ਸੰਸਥਾਵਾਂ ਨਾਲ ਸਬੰਧਤ ਮਾਮਲਿਆਂ ਨੂੰ ਅਧਿਕਾਰੀ ਜਲਦ ਨੇਪਰੇ ਚਾੜ੍ਹਨਗੇ ਜਿਸ ਨਾਲ ਸਿਰਫ ਸੂਬੇ ਦੇ ਲੋਕਾਂ ਨੂੰ ਹੀ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਤਬਦੀਲੀ ਵਿਕਾਸ ਅਥਾਰਟੀਆਂ ਦੀ ਕਾਰਵਾਈ ਨੂੰ ਸੁਚਾਰੂ ਬਣਾਉਣ ਅਤੇ ਸਮੇਂ ਸਿਰ ਫੈਸਲੇ ਲੈਣ ਨੂੰ ਯਕੀਨੀ ਬਣਾਉਣ ਵਿੱਚ ਮਦਦ ਕਰੇਗੀ। ਉਨ੍ਹਾਂ ਕਿਹਾ ਕਿ ਸ਼ਕਤੀਆਂ ਦੇ ਵਿਕੇਂਦਰੀਕਰਨ ਦੀ ਦਿਸ਼ਾ ਵਿਚ ਇਕ ਵੱਡਾ ਫੈਸਲਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਵਿਕਾਸ ਅਥਾਰਟੀਆਂ ਦੀ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਮਾਲ, ਉਦਯੋਗ, ਜਲ ਸਪਲਾਈ ਅਤੇ ਸੈਨੀਟੇਸ਼ਨ ਅਤੇ ਹੋਰ ਵਿਭਾਗਾਂ ਨੂੰ ਸ਼ਾਮਲ ਕਰਨ ਦਾ ਫੈਸਲਾ ਵੀ ਅੰਤਰ-ਵਿਭਾਗੀ ਤਾਲਮੇਲ ਨੂੰ ਵਧਾਉਣ ਵਿਚ ਮਦਦਗਾਰ ਸਾਬਤ ਹੋਵੇਗਾ।




# ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬੂਟੇ ਲਗਾਏ

**ਆਦਮਪੁਰ (ਪਰਮਜੀਤ ਸਿੰਘ)**- ਬੀਤੇ ਦਿਨੀਂ ਵਿਸ਼ਵ ਭਰ ਵਿੱਚ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ । ਸੰਗਤਾਂ ਵੱਲੋਂ ਸ਼ਰਧਾਪੂਰਵਕ ਵੱਲੋਂ ਲੰਗਰ ਲਗਾਏ ਗਏ । ਪ੍ਰਿਥਵੀ ਵੈਲਫੇਅਰ ਸੋਸਾਇਟੀ ਵੱਲੋਂ , ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਬੂਟੇ ਲਗਾਏ ਗਏ । ਆਦਮਪੁਰ ਸ਼ਹਿਰ ਵਿੱਚ ਪੰਜਾਬ ਮੋਟਰ ਗੈਰਜ਼ ਦੇ ਨਜ਼ਦੀਕ, ਜਲੰਧਰ - ਹੁਸ਼ਿਆਰਪੁਰ ਮੁੱਖ ਸੜਕ ਦੇ ਕਿਨਾਰੇ ਬੂਟੇ ਲਗਾਏ । ਰਿਵਾਇਤੀ ਰੁੱਖ ਪਿੱਪਲ ਅਤੇ ਡਰੇਕ ( ਡੇਕ ) ਦਾ ਦਾ ਇਕ ਇਕ ਬੂਟਾ ਲਗਾਇਆ । ਇਸ ਮੌਕੇ 'ਤੇ ਸੋਸਾਇਟੀ ਦੇ ਪ੍ਰਧਾਨ ਹਰਿੰਦਰ ਸਿੰਘ , ਅਮਰੀਕ ਸਿੰਘ ਸਾਬੀ, ਪ੍ਰੇਮ ਪਾਲ ਸਿੰਘ , ਗੁਰਮੀਤ ਸਿੰਘ ਨਿੱਝਰ , ਜੱਸੀ ਅਤੇ ਰਾਕੇਸ਼ ਕੁਮਾਰ ਹਾਜ਼ਰ ਸਨ ।ਰਾਕੇਸ਼ ਕੁਮਾਰ ਨੇ ਇਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਦੀ ਜ਼ਿਮੇਵਾਰੀ ਲਈ ।ਹਰਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਮੁੜ ਹਰਿਆ ਭਰਿਆ ਬਣਾਉਣ ਦੀ ਲੋੜ ਹੈ ।

# ਡਾ. ਅੰਬੇਡਕਰ ਨੇ ਹਰ ਮਜ਼ਬ ਨੂੰ ਬਰਾਬਰ ਦੇ ਹੱਕ ਲੈ ਕੇ ਦਿੱਤੇ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਨੇ ਇੱਕ ਪ੍ਰੈਸ ਵਾਰਤਾ ਦੌਰਾਨ ਕਿਹਾ ਕਿ ਭਾਰਤੀ ਸੰਵਿਧਾਨ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੇ ਭਾਰਤ ਦੇ ਹਰ ਧਰਮ ਹਰ ਮਜ਼ਬ ਨੂੰ ਸੰਵਿਧਾਨ ਰਾਹੀ ਬਰਾਬਰ ਦੇ ਹੱਕ ਲੈ ਕੇ ਦਿੱਤੇ ਹਨ । ਉਹਨਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਪੂਰੇ ਪੰਜਾਬ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦੁਆਰਾ ਕੀਤੀਆਂ ਗਈਆਂ ਨਿਰਸਵਾਰਥ ਸੇਵਾਵਾਂ ਨੂੰ ਭਾਰਤ ਦੇ ਲੋਕਾਂ ਵੱਲੋਂ ਬੜੀ ਸ਼ਿੱਦਤ ਨਾਲ ਉਹਨਾਂ ਨੂੰ ਯਾਦ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਦੇ ਰਚੇਤਾ ਅਤੇ ਦੱਬੇ-ਕੁਚਲੇ ਲੋਕਾਂ ਲਈ ਲੜਨ ਵਾਲੇ



ਬਾਬਾ ਸਾਹਿਬ ਜੀ ਨੂੰ ਇੱਕ ਮਹਾਨ ਵਿਅਕਤੀ ਵਜੋਂ ਵੀ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੁਆਰਾ ਦਿੱਤੀ ਗਈ ਅਨੇਕਤਾ ਵਿੱਚ ਏਕਤਾ ਦੀ ਧਾਰਨਾ ਦਾ ਮੂਲ ਸਿਧਾਂਤ ਕਈ ਚੁਣੌਤੀਆਂ ਦੇ ਬਾਵਜੂਦ ਅੱਜ ਵੀ ਬਰਕਰਾਰ ਹੈ। ਉਹਨਾਂ ਕਿਹਾ ਕਿ ਭਾਰਤੀ ਸੰਵਿਧਾਨ ਨੂੰ ਵਰਲਡ ਦੇ ਸਭ ਤੋਂ ਵਧੀਆ ਸੰਵਿਧਾਨਾਂ ਵਿੱਚੋਂ ਇੱਕ ਮੰਨਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਵਲੋਂ ਲਿਖੇ ਸੰਵਿਧਾਨ ਵਿੱਚ ਭਾਰਤ ਦੇ ਹਰ ਨਾਗਰਿਕ,ਖਾਸ ਕਰਕੇ ਦੱਬੇ-ਕੁਚਲੇ ਲੋਕਾਂ ਦੇ ਅਧਿਕਾਰਾਂ ਦੀ ਲਗਾਤਾਰ ਰੱਖਿਆ ਦਾ ਪ੍ਰਬੰਧ ਕੀਤਾ ਹੈ। ਆਗੂਆਂ ਨੇ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਾਨੂੰ ਅਜਿਹੀ ਮਹਾਨ ਸ਼ਖਸੀਅਤ ਨੂੰ ਇੱਕ ਵਿਸ਼ੇਸ਼ ਵਰਗ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਜੀ ਦੁਆਰਾ ਬਣਾਇਆ ਗਿਆ ਸੰਵਿਧਾਨ ਸਾਰੇ ਵਰਗਾਂ ਨੂੰ ਬਰਾਬਰ ਸੁਰੱਖਿਆ ਪ੍ਰਦਾਨ ਕਰਦਾ ਹੈ। ਉਹਨਾ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਵਲੋਂ ਪਿੰਡਾਂ ਵਿੱਚ ਜਾਕੇ ਹਰੇਕ ਵਰਗ ਦੇ ਲੋਕਾਂ ਨੂੰ ਸੰਵਿਧਾਨ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਸੰਵਿਧਾਨ ਵਿਚ ਦਰਜ ਉਨ੍ਹਾਂ ਦੇ ਹੱਕਾਂ ਅਤੇ ਫ਼ਰਜ਼ਾਂ ਬਾਰੇ ਜਾਣੂ ਕਰਵਾਇਆ ਜਾਵੇਗਾ।



# ਕਰਾੜੀ ਵਿਖੇ ਬਾਬਾ ਗਿਆਨ ਦਾਸ ਦਾ ਸਾਲਾਨਾ ਮੇਲਾ ਮਨਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਮਹਾਨ ਤਪਸਵੀ ਬ੍ਰਹਮਲੀਨ ਸੰਤ ਬਾਬਾ ਗਿਆਨ ਦਾਸ ਦਾ ਸਾਲਾਨਾ ਮੇਲਾ ਪਿੰਡ ਕਰਾੜੀ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ ! ਸਵੇਰੇ ਉਹਨਾਂ ਦੀ ਸਮਾਧੀ ਉੱਪਰ ਚਾਦਰ ਚੜਾਉਣ ਦੀ ਰਸਮ ਉਪਰੰਤ ਨਿਸ਼ਾਨ ਸਾਹਿਬ ਚੜਾਏ ਗਏ ! ਵੱਖ ਵੱਖ ਗਾਇਕਾ ਵੱਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਗਿਆ ! ਪੰਮੀ ਨਕਾਲ ਪਾਰਟੀ ਕਬੂਲਪੁਰ ਵਾਲਿਆਂ ਵੱਲੋਂ ਚਿੱਤਰਹਾਰ ਅਤੇ ਕਮੇਡੀ ਪ੍ਰੋਗਰਾਮ ਪੇਸ਼ ਕੀਤਾ ਗਿਆ ! ਇਹ ਸਮੁੱਚਾ ਸਮਾਗਮ ਏਐਸਆਈ ਮੰਗਾ ਰਾਮ, ਸਰਪੰਚ ਸਰੋਜ ਬਾਲਾ, ਗੁਰਦੇਵ ਲਾਲ ਧੀਰ,ਕਰਨੈਲ ਚੰਦ, ਗੁਰਵਿੰਦਰ ਕੌਰ, ਜਸਬੀਰ ਕੌਰ ਜਸਵਿੰਦਰ( ਸਾਰੇ ਪੰਚ) ਅਤੇ ਨੰਬਰਦਾਰ ਹਰਭਜਨ ਲਾਲ ਦੀ ਦੇਖ ਰੇਖ ਹੇਠ ਕਰਵਾਇਆ ਗਿਆ ! ਇਸ ਮੌਕੇ ਸਾਬਕਾ ਸਰਪੰਚ ਸੁਰਿੰਦਰ ਕੁਮਾਰ,ਏਐਸਆਈ ਯੋਗਰਾਜ ਸਿੰਘ, ਸਾਬਕਾ ਸਰਪੰਚ ਕਮਲਜੀਤ ਸਿੰਘ, ਬਿੱਟੂ ਯੂ ਕੇ, ਲੱਭੀ ਯੂ ਕੇ, ਠਾਕੁਰ,ਮੋਨਾ, ਮਿੰਟੂ, ਕਾਕਾ ਜਸਵਿੰਦਰ, ਰਾਹੁਲ, ਪ੍ਰਧਾਨ ਰਾਮ ਪਾਲ, ਤਿੰਦ, ਬੰਤ,ਨਾਣੀ, ਜੱਸੀ,ਬਿੱਲਾ,ਸੰਨੀ,ਮਨੀ ਵਰਮਾ ਆਦਿ ਹਾਜਰ ਸਨ ! ਇਸ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਅਟੁੱਟ ਵਰਤਾਏ ਗਏ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ 'ਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿੱਚ ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਹਾਲਾਂਕਿ ਸਕੂਲ ਵਿੱਚ ਗਰਮੀ ਦੀਆਂ ਛੁੱਟੀਆਂ ਚੱਲ ਰਹੀਆਂ ਹਨ, ਫਿਰ ਵੀ ਲਗਭਗ 40 ਵਿਦਿਆਰਥੀਆਂ ਨੇ ਭਰਪੂਰ ਉਤਸ਼ਾਹ ਨਾਲ ਇਸ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਯੋਗਾ ਦੀਆਂ ਵਿਭਿੰਨ ਕਸਰਤਾਂ ਵਿੱਚ ਭਾਗ ਲਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਲਕੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਯੋਗਾ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗਾ ਨੂੰ ਸ਼ਾਮਿਲ ਕਰਨ ਦੀ ਸਲਾਹ ਦਿੱਤੀ। ਲੈਕਚਰਾਰ ਪ੍ਰਭਜੋਤ ਸਿੰਘ ਅਤੇ ਲੈਕਚਰਾਰ ਮੁਨੀਸ਼ ਮੌਦਗਿਲ ਨੇ ਬਤੌਰ ਗਾਇਡ ਇਸ ਸਮਾਗਮ ਵਿੱਚ ਸ਼ਾਮਿਲ ਭਾਗ ਲਿਆ ਜਦ ਕਿ ਪੰਜਾਬੀ ਅਧਿਆਪਿਕਾ ਹਰਮੇਸ਼ ਕੁਮਾਰੀ, ਕੰਪਿਊਟਰ ਫੈਕਲਟੀ ਸੀਮਾ, ਅੰਗਰੇਜ਼ੀ ਮਿਸਟਰੈਸ



ਅਮਨਪ੍ਰੀਤ ਕੌਰ, ਲਾਇਬ੍ਰੇਰੀਅਨ ਜਸਵਿੰਦਰ ਸਿੰਘ, ਕੈਂਪਸ ਮੈਨੇਜਰ ਗੁਰਮੇਲ ਸਿੰਘ, ਚੌਕੀਦਾਰ ਸੋਨੀ ਅਤੇ ਬਲਵੀਰ ਕੁਮਾਰ ਨੇ ਵੀ ਆਪਣੀ ਹਾਜ਼ਰੀ ਲਗਵਾਈ ਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਯੋਗਾ ਦਿਵਸ ਸਮਾਗਮ ਵਿਦਿਆਰਥੀਆਂ ਲਈ ਇੱਕ ਰੂਚੀਕਾਰ ਅਤੇ ਉਤਸ਼ਾਹਜਨਕ ਅਨੁਭਵ ਰਿਹਾ, ਜਿਸ ਰਾਹੀਂ ਉਨ੍ਹਾਂ ਨੇ ਤੰਦਰੁਸਤ ਜੀਵਨ ਦੀ ਮਹੱਤਤਾ ਨੂੰ ਸਮਝਿਆ।

# ਚਾਰ ਲੱਖ 'ਚ ਵੇਚੀ ਪੰਜਾਬੀ ਲੜਕੀ ਓਮਾਨ 'ਚ ਦੋ ਮਹੀਨੇ ਤੱਕ ਸੜਕਾਂ 'ਤੇ ਰਹੀ ਭਟਕਦੀ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਜਲੰਧਰ ਜ਼ਿਲ੍ਹੇ ਦੀ ਇੱਕ ਨੌਜਵਾਨ ਲੜਕੀ, ਜੋ ਆਪਣੇ ਪਰਵਾਰ ਦੀਆਂ ਆਰਥਿਕ ਮਜ਼ਬੂਰੀਆਂ ਕਾਰਨ ਨੌਕਰੀ ਦੀ ਖਾਤਰ ਓਮਾਨ ਗਈ ਸੀ, ਉਥੇ ਮਨੁੱਖੀ ਤਸਕਰੀ ਦਾ ਸ਼ਿਕਾਰ ਹੋ ਗਈ। ਉਸਦੀ ਆਪਣੀ ਭਾਬੀ ਨੇ ਇੱਕ ਏਜੰਟ ਨਾਲ ਮਿਲ ਕੇ ਉਸਨੂੰ ਚਾਰ ਲੱਖ ਰੁਪਏ ਵਿੱਚ ਵੇਚ ਦਿੱਤਾ। ਪੀੜਿਤ ਲੜਕੀ ਨੂੰ ਉਥੇ ਗੰਭੀਰ ਤਸ਼ੱਦਦ, ਅਣਮਨੁੱਖੀ ਸਲੂਕ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਵਾਪਿਸ ਪਰਤੀ ਪੀੜਤਾ ਨੇ ਆਪਣੀ ਹੱਡਬੀਤੀ ਦੱਸਦਿਆਂ ਕਿਹਾ ਕਿ ਉਸਨੇ ਆਪਣੇ ਘਰ ਦੀਆਂ ਮਜ਼ਬੂਰੀਆਂ ਨੂੰ ਦੇਖਦਿਆਂ ਇਹ ਸਭ ਵੀ ਸਹਿਣ ਕਰ ਲਿਆ ਸੀ ਪਰ ਹੱਦ ਉਸ ਵੇਲੇ ਹੋਈ ਜਦੋਂ ਉਸਦੀ ਬਿਨਾਂ ਵਜ੍ਹਾ ਕੁੱਟਮਾਰ ਹੋਣ ਲੱਗ ਪਈ। ਪੀੜਿਤਾ ਨੇ ਦੱਸਿਆ ਕਿ ਓਮਾਨ 'ਚ ਉਸਨੂੰ ਲੰਬੇ ਸਮੇਂ ਤੱਕ ਦਿਨ-ਰਾਤ ਕੰਮ ਕਰਨ ਲਈ ਮਜਬੂਰ ਕੀਤਾ ਗਿਆ, ਪਰ ਨਾ ਹੀ ਤਨਖਾਹ ਦਿੱਤੀ ਗਈ ਅਤੇ ਨਾ ਹੀ ਪੂਰਾ ਖਾਣਾ। ਉਸਨੇ ਦੱਸਿਆ ਕਿ ਤਸ਼ੱਦਦ ਦੇ ਵਿਰੋਧ ਉੱਤੇ ਉਸਨੂੰ ਜਾਨੋਂ ਮਾਰਨ ਦੀ ਧਮਕੀਆਂ ਦਿੱਤੀਆਂ ਗਈਆਂ ਅਤੇ ਮਰਜ਼ੀ ਦੇ ਖਿਲਾਫ ਕੰਮ ਲਈ ਮਜਬੂਰ ਕੀਤਾ ਗਿਆ। ਪੀੜਤਾ ਨੇ ਦੱਸਿਆ ਕਿ ਕਿਸੇ ਤਰ੍ਹਾਂ ਨਾਲ ਉਹ ਬਚ ਬਚਾਅ ਕਿ ਪਰਵਾਰ ਦੇ ਚੁੰਗਲ ਤੋਂ



ਨਿਕਲਣ ਤੋਂ ਬਾਅਦ ਉਸਨੂੰ ਤਕਰੀਬਨ ਦੋ ਮਹੀਨੇ ਤੱਕ ਓਮਾਨ ਦੀਆਂ ਸੜਕਾਂ ਭਟਕਣਾ ਪਿਆ ਜਿਥੇ ਉਸਦੇ ਲਈ ਕੋਈ ਸਹਾਰਾ ਨਹੀਂ ਸੀ। ਪੀੜਿਤਾ ਨੇ ਇਹ ਵੀ ਖੁਲਾਸਾ ਕੀਤਾ ਕਿ ਓਮਾਨ ਵਿੱਚ ਉਸ ਵਾਂਗ ਹੀ ਯੂਪੀ, ਬਿਹਾਰ ਅਤੇ ਪੰਜਾਬ ਦੀਆਂ ਲਗਭਗ 20 ਹੋਰ ਲੜਕੀਆਂ ਵੀ ਇੱਕ ਪਾਰਕ ਵਿੱਚ ਨਰਕ ਵਰਗੀ ਜ਼ਿੰਦਗੀ ਜੀਅ ਰਹੀਆਂ ਹਨ। ਜਿਹਨਾਂ ਦੀ ਜ਼ਿੰਦਗੀ ਹਰ ਵੇਲੇ ਖਤਰੇ ਵਿੱਚ ਹੈ। ਇੱਕ ਭਿਆਨਕ ਮੰਜ਼ਰ ਦਾ ਜ਼ਿਕਰ ਕਰਦਿਆਂ ਪੀੜਿਤਾ ਨੇ ਦੱਸਿਆ ਕਿ ਇੱਕ ਲੜਕੀ ਨੂੰ ਉਸਦੀਆਂ ਅੱਖਾਂ ਸਾਹਮਣੇ ਸਿੱਧਾ ਪਾਰਕ ਵਿਚੋਂ ਉਸਦੇ ਵਾਲਾਂ ਤੋਂ ਘਸੀਟ ਕੇ ਕਾਰ ਵਿੱਚ ਬੈਠਾ ਕੇ ਲਿਆ ਗਿਆ। ਇਸ ਘਟਨਾ ਨੇ ਉਸਦੇ ਮਨ ਨੂੰ ਪੂਰੀ ਤਰ੍ਹਾਂ ਨਾਲ ਝੰਜੋੜ ਦਿੱਤਾ ਤੇ ਉਸਦੇ ਅੰਦਰ ਵਾਪਸੀ ਦੀ ਉਮੀਦ ਨੂੰ ਖਤਮ ਕਰ ਦਿੱਤਾ। ਫਿਰ ਕਿਸੇ ਤਰੀਕੇ ਪਰਵਾਰ ਨਾਲ ਸੰਪਰਕ ਕੀਤਾ ਅਤੇ ਉਸਦੇ ਪਤੀ ਵੱਲੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸਾਰੀ ਜਾਣਕਾਰੀ ਦਿੱਤੀ।ਸੰਤ ਸੀਚੇਵਾਲ ਵੱਲੋਂ ਵਿਦੇਸ਼ ਮੰਤਰਾਲੇ ਅਤੇ ਭਾਰਤੀ ਦੂਤਾਵਾਸ ਦੀ ਮਦਦ ਨਾਲ ਤੁਰੰਤ ਕਾਰਵਾਈ ਕੀਤੀ, ਜਿਸ ਸਦਕਾ 10 ਦਿਨਾਂ ਅੰਦਰ ਹੀ ਪੀੜਿਤਾ ਦੀ ਸੁਰੱਖਿਅਤ ਵਾਪਸੀ ਸੰਭਵ ਹੋਈ। ਪੀੜਿਤਾ ਅਤੇ ਉਸਦੇ ਪਰਵਾਰ ਨੇ ਸੰਤ ਸੀਚੇਵਾਲ ਅਤੇ ਭਾਰਤੀ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ। ਸੰਤ ਸੀਚੇਵਾਲ ਨੇ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਬਿਨ ਮਾਂ ਬਾਪ ਦੀ ਧੀ ਨੂੰ ਉਸਦੀ ਹੀ ਸਖੀ ਭਾਬੀ ਵੱਲੋਂ ਇਸ ਤਰ੍ਹਾਂ ਨਾਲ ਫਸਾ ਦੇਣ ਦੇ ਮਾਮਲੇ ਨੇ ਜ਼ਾਹਿਰ ਕੀਤਾ ਹੈ ਕਿ ਲਾਲਚ ਕਿਸ ਹੱਦ ਤੱਕ ਸਾਡੇ ਮਨਾਂ ਵਿੱਚ ਹਾਵੀ ਹੋ ਗਿਆ ਹੈ। ਉਨ੍ਹਾਂ ਵਿਦੇਸ਼ ਮੰਤਰਾਲੇ ਤੇ ਭਾਰਤੀ ਦੂਤਾਵਾਸ ਦਾ ਤਹਿ ਦਿਲੋਂ ਧੰਨਵਾਦ ਕਰਦਿਆ ਕਿਹਾ ਕਿ ਜਦ ਤੱਕ ਮਨੁੱਖ ਤਸਕਰੀ ਨੂੰ ਅੰਜ਼ਾਮ ਦੇ ਰਹੇ ਅਜਿਹੇ ਗਿਰੋਹਾਂ 'ਤੇ ਸਖਤ ਕਾਰਵਾਈ ਤੇ ਲਗਾਮ ਨਹੀਂ ਲਗਾਈ ਜਾਂਦੀ, ਉਦੋਂ ਤੱਕ ਹਲਾਤਾਂ ਵਿੱਚ ਬਦਲਾਅ ਨਹੀ ਆ ਸਕਦੇ। ਉਹਨਾਂ ਪੰਜਾਬ ਦੇ ਲੋਕਾਂ ਨੂੰ ਵੀ ਅਜਿਹੇ ਗਿਰੋਹਾਂ ਤੇ ਖਾਸ ਕਰਕੇ ਰਿਸ਼ਤੇਦਾਰਾਂ ਤੋਂ ਬਚਣ ਦੀ ਅਪੀਲ ਕੀਤੀ ਜੋ ਵਿਦੇਸ਼ ਜਾਣ ਦੇ ਵੱਡੇ ਵੱਡੇ ਸੁਫਨੇ ਦਿਖਾ ਕਿ ਲੜਕੀਆਂ ਨੂੰ ਅਰਬ ਮੁਲਕਾਂ ਵਿੱਚ ਫਸਾ ਰਹੇ ਹਨ।

# ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ



**ਕਾਲਾ ਸੰਘਿਆਂ (ਮਨਜੀਤ ਮਾਨ)**- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਾ ਕਾਲਾ ਸੰਘਿਆਂ ਵਿਖੇ ਕਾਰਜਕਾਰੀ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਦੀ ਅਗਵਾਈ ਹੇਠ ਐਨ.ਐਸ.ਐਸ ਵਿਭਾਗ ਅਤੇ ਰੈਡ ਰਿਬਨ ਵਿਭਾਗ ਵੱਲੋਂ ਯੋਗਾ ਦਿਵਸ ਮਨਾਇਆ ਗਿਆ। ਜਿਸ ਵਿੱਚ ਮੈਡਮ ਡਾ. ਰਵਜੋਤ ਕੌਰ (ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ) ਨੇ ਯੋਗਾ ਦੀਆਂ ਵੱਖ-ਵੱਖ ਆਸਣ ਕਿਰਿਆਵਾਂ ਕਰਵਾਈਆਂ। ਸਰੀਰ ਨੂੰ ਫਿਟ ਰੱਖਣ ਲਈ, ਮੋਟਾਪਾ ਘਟਾਉਣ ਲਈ, ਸੰਤੁਲਿਤ ਜੀਵਨ ਨਾਲ ਸੰਬੰਧਿਤ ਵੱਖ-ਵੱਖ ਆਸਣ ਕਰਵਾਏ ਤੇ ਵਿਸ਼ੇਸ਼ ਰੂਪ ਵਿੱਚ ਜਿਹੜੇ ਸਾਡੀ ਪਾਚਨ ਪ੍ਰਣਾਲੀ ਨੂੰ ਠੀਕ ਰੱਖਦੇ ਹਨ, ਉਹਨਾਂ ਵਿਦਿਆਰਥੀਆਂ ਨੂੰ ਰੋਜਾਨਾ ਜੀਵਨ ਸ਼ੈਲੀ ਵਿੱਚ ਇਨ੍ਹਾਂ ਨੂੰ ਅਪਣਾਉਣ ਲਈ ਪ੍ਰੇਰਿਆ। ਕਾਰਜਕਾਰੀ ਪ੍ਰਿੰਸੀਪਲ ਬਲਜਿੰਦਰ ਕੌਰ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਯੋਗ ਨਾਲ ਅਸੀਂ ਫਿਟ ਹੀ ਨਹੀਂ ਰਹਾਂਗੇ ਸਗੋਂ ਵੱਖ-ਵੱਖ ਬਿਮਾਰੀਆਂ ਤੋਂ ਵੀ ਬਚੇ ਰਹਾਂਗੇ।ਪ੍ਰੋਗਰਾਮ ਇੰਚਾਰਜ ਡਾ. ਕੁਲਵਿੰਦਰ ਕੌਰ ਨੇ ਯੋਗ ਸਬੰਧੀ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਸਾਡੇ ਜੀਵਨ ਦਾ ਆਧਾਰ ਹੈ ਇਸ ਨੂੰ ਕਰਨ ਨਾਲ ਹੀ ਅਸੀਂ ਸਿਹਤਮੰਦ ਰਹਾਂਗੇ। ਇਸ ਮੌਕੇ 'ਤੇ ਡਾ. ਕੁਲਵਿੰਦਰ ਕੌਰ, ਮੈਡਮ ਇਰਮਾ, ਮੈਡਮ ਸੁਜਨ , ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਸੋਸ਼ਲ ਮੀਡੀਆ 'ਤੇ ਲਚਰਤਾ ਬਰਦਾਸ਼ਤ ਨਹੀਂ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਲੱਚਰ ਅਤੇ ਅਸ਼ਲੀਲ ਸਮੱਗਰੀ ਦੇ ਵਧ ਰਹੇ ਰੁਝਾਨ 'ਤੇ ਗੰਭੀਰ ਚਿੰਤਾ ਜਤਾਈ ਹੈ, ਜੋ ਕਿ ਬੱਚਿਆਂ ਦੀ ਮਨੋਵਿਗਿਆਨਕ ਅਤੇ ਸਮਾਜਿਕ ਸਿਹਤ ਲਈ ਸਿੱਧਾ ਖ਼ਤਰਾ ਬਣ ਰਹੀ ਹੈ। ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵੱਲੋਂ ਸੋਸ਼ਲ ਮੀਡੀਆ 'ਤੇ ਅਜਿਹੀ ਸਮੱਗਰੀ ਪੋਸਟ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨ ਲਈ ਏ.ਡੀ.ਜੀ.ਪੀ. (ਸਾਇਬਰ ਕ੍ਰਾਈਮ) ਨੂੰ ਜਾਰੀ ਕੀਤੇ ਆਦੇਸ਼ਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਦੀ ਰੱਖਿਆ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਡਾ. ਬਲਜੀਤ ਕੌਰ ਨੇ ਵਿਭਾਗ ਦੇ ਸਮੂਹ ਜ਼ਿਲ੍ਹਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਆਪਣੇ ਪੱਧਰ 'ਤੇ ਸੋਸ਼ਲ ਮੀਡੀਆ ਉੱਤੇ ਚੱਲ ਰਹੀ ਅਜਿਹੀ ਅਸ਼ਲੀਲ ਸਮੱਗਰੀ 'ਤੇ ਨਜ਼ਰ ਰੱਖੀ ਜਾਵੇ। ਜੇਕਰ ਕਿਸੇ ਵੀ ਕਿਸਮ ਦੀ ਸ਼ਿਕਾਇਤ ਜਾਂ ਜਾਣਕਾਰੀ ਮਿਲਦੀ ਹੈ, ਤਾਂ ਤੁਰੰਤ ਪੁਲਿਸ ਅਤੇ ਬਾਲ ਅਧਿਕਾਰ ਕਮਿਸ਼ਨ ਨੂੰ ਜਾਣੂ ਕਰਵਾ ਕੇ ਸਥਾਨਕ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਮਾਪਿਆਂ, ਅਧਿਆਪਕਾਂ ਅਤੇ ਨੌਜਵਾਨਾਂ ਨੂੰ ਸੁਚੇਤ ਕੀਤਾ ਜਾਵੇ।ਬੱਚਿਆਂ ਲਈ ਸੁਰੱਖਿਅਤ ਵਾਤਾਵਰਣ ਅਤੇ ਉਹਨਾਂ ਦੇ ਸਰਵਪੱਖੀ ਵਿਕਾਸ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਜੋ ਵੀ ਤੱਤ ਬੱਚਿਆਂ ਦੀ ਮਾਨਸਿਕਤਾ ਉੱਤੇ ਮਾੜਾ ਅਸਰ ਪਾਉਂਦੇ ਹਨ, ਉਹਨਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਹੋਵੇਗੀ ਅਤੇ ਉਹਨਾਂ ਨੂੰ ਕਾਨੂੰਨੀ ਤੌਰ 'ਤੇ ਉਦਾਹਰਨ ਬਣਾਇਆ ਜਾਵੇਗਾ, ਤਾਂ ਜੋ ਹੋਰ ਕਿਸੇ ਦੀ ਹਿੰਮਤ ਨਾ ਹੋਵੇ ਕਿ ਉਹ ਸੋਸ਼ਲ ਮੀਡੀਆ ਤੇ ਅਸ਼ਲੀਲ ਸਮੱਗਰੀ ਪੋਸਟ ਕਰੇ।ਡਾ. ਬਲਜੀਤ ਕੌਰ ਨੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਸੋਸ਼ਲ ਮੀਡੀਆ ਉੱਤੇ ਅਜਿਹੀ ਸਮੱਗਰੀ ਦੀ ਸਖ਼ਤ ਨਿਗਰਾਨੀ ਕੀਤੀ ਜਾਵੇ ਅਤੇ ਜੋ ਵਿਅਕਤੀ ਅਜਿਹੀ ਸਮੱਗਰੀ ਤਿਆਰ ਜਾਂ ਅਪਲੋਡ ਕਰਦੇ ਹਨ, ਉਨ੍ਹਾਂ ਖ਼ਿਲਾਫ਼ ਬੀ.ਐਨ.ਐਸ. 2023, ਆਈ.ਟੀ. ਐਕਟ 2000 ਅਤੇ ਪੀ.ਓ.ਸੀ.ਸੋ ਐਕਟ 2012 ਅਧੀਨ ਤੁਰੰਤ ਕਾਰਵਾਈ ਕੀਤੀ ਜਾਵੇ।ਮੰਤਰੀ ਨੇ ਮਾਪਿਆਂ, ਅਧਿਆਪਕਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਕੋਲ ਅਜਿਹੀ ਸਮੱਗਰੀ ਜਾਂ ਵਿਅਕਤੀਆਂ ਬਾਰੇ ਕੋਈ ਜਾਣਕਾਰੀ ਹੋਵੇ, ਤਾਂ ਬਿਨਾਂ ਦੇਰੀ ਪੁਲਿਸ ਜਾਂ ਬਾਲ ਅਧਿਕਾਰ ਕਮਿਸ਼ਨ ਨੂੰ ਜਾਣੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਬੱਚਿਆਂ ਲਈ ਇੱਕ ਸੁਰੱਖਿਅਤ, ਸਿਹਤਮੰਦ ਅਤੇ ਸਕਾਰਾਤਮਕ ਡਿਜ਼ੀਟਲ ਮਾਹੌਲ ਬਣਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

# ਵੈਟਰਨਰੀ ਇੰਸਪੈਕਟਰ ਭਲਕੇ ਦੇਣਗੇ ਜ਼ਿਲ੍ਹਾ ਪੱਧਰੀ ਧਰਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਕਾਫੀ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਜਦੋ ਜਹਿਦ ਕਰ ਰਹੇ ਹਨ। ਇਹਨਾਂ ਦੀਆਂ ਮੰਗਾਂ ਵਿੱਚ ਸਭ ਤੋਂ ਵੱਡਾ ਅੜਿੱਕਾ ਵਿਭਾਗ ਦੀ ਅਫਸਰ ਸ਼ਾਹੀ ਬਣੀ ਹੋਈ ਹੈ, ਜਦ ਕਿ ਵਿਭਾਗ ਦਾ 90% ਕੰਮ ਵੈਟਰਨਰੀ ਇੰਸਪੈਕਟਰ ਕੇਡਰ ਵੱਲੋਂ ਕੀਤਾ ਜਾਂਦਾ ਹੈ, ਭਾਵੇਂ ਡੀਵਾਰਮਿੰਗ ਕੰਪੇਨ ਹੋਵੇ, ਵੈਕਸੀਨੇਸ਼ਨ, ਐਸਕਡ ਸਕੀਮ, ਨੈਸ਼ਨਲ ਡਿਜੀਜ ਕੰਟਰੋਲ ਪ੍ਰੋਗਰਾਮ, ਬਨਾਵਟੀ ਗਰਭਦਾਨ, ਨਸਲ ਸੁਧਾਰ, ਆਦਿ ਸਾਰੀਆਂ ਸਕੀਮਾਂ ਨੂੰ ਗਰਾਊਂਡ ਲੈਵਲ 'ਤੇ ਲਾਗੂ ਕਰਨ ਵਿੱਚ, ਇਸ ਕੇਡਰ ਦੁਆਰਾ ਬਹੁਤ ਅਹਿਮ ਰੋਲ ਅਦਾ ਕੀਤਾ ਜਾ ਰਿਹਾ ਹੈ, ਪਰ ਜਦੋਂ ਮੰਗਾਂ ਦੀ ਗੱਲ ਆਉਂਦੀ ਹੈ ਤੇ ਵਿਭਾਗ ਦੀ ਅਫਸਰਸ਼ਾਹੀ ਵੈਟਨਰੀ ਇੰਸਪੈਕਟਰਾਂ ਦੀ ਅਹਿਮੀਅਤ ਨੂੰ ਇੱਕ ਪਾਸੇ ਕਰਕੇ ਸਭ ਕੁਝ ਆਪਣੀ ਝੋਲੀ ਵਿੱਚ ਪਾਉਣ ਦਾ ਯਤਨ ਕਰਦੀ ਹੈ। ਆਖਰਕਾਰ ਤੰਗ ਆ ਕੇ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਮਿਤੀ 20- 5 -2025 ਨੂੰ ਡਿਪਟੀ ਡਾਇਰੈਕਟਰ ਜ਼ਿਲ੍ਹਾ ਪੱਧਰ ਦੇ ਦਫਤਰਾਂ ਸਾਹਮਣੇ ਧਰਨ ਦੇਣ ਦਾ ਐਲਾਨ



ਕੀਤਾ ਸੀ, ਪਰ ਵਿਭਾਗ ਦੇ ਮਾਨਯੋਗ ਵਜ਼ੀਰ ਸ: ਗੁਰਮੀਤ ਸਿੰਘ ਖੁਡੀਆਂ ਨੇ 19- 5 -2025 ਨੂੰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਵਾਇਆ ਕਿ ਉਹ ਜਲਦੀ ਹੀ ਉਹਨਾਂ ਦੀਆਂ ਮੰਗਾਂ ਸਬੰਧੀ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਪੈਨਲ ਮੀਟਿੰਗ ਕਰਵਾਉਣਗੇ, ਪਰ ਇਕ ਮਹੀਨਾ ਬੀਤ ਜਾਣ ਦੇ ਬਾਵਜੂਦ ਵੀ ਇੰਸਪੈਕਟਰਾਂ ਦੇ ਕੁਝ ਪੱਲੇ ਨਾ ਪਿਆ, ਸਗੋਂ ਵਿਭਾਗ ਦੀ ਅਫਸਰਸ਼ਾਹੀ ਵੱਲੋਂ ਵੈਟਨਰੀ ਇੰਸਪੈਕਟਰਾਂ ਨਾਲ ਪਹਿਲੇ ਨਾਲੋਂ ਵੀ ਵੱਧ ਧੱਕੇਸ਼ਾਹੀ ਸ਼ੁਰੂ ਕਰ ਦਿੱਤੀ ਗਈ ਹੈ, ਹਾਲ ਹੀ ਵਿੱਚ ਸ਼ੀਪ ਫਾਰਮ ਮੱਤੇਵਾੜੇ ਵਿੱਚ ਕੰਮ ਕਰਦੇ ਇੱਕ ਵੈਟਰਨਰੀ ਇੰਸਪੈਕਟਰ ਅਰੁਣ ਕੁਮਾਰ ਨੂੰ ਮੈਡੀਕਲ ਛੁੱਟੀ ਦੌਰਾਨ ਨੌਕਰੀ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਇਸ ਨਾਲ ਕੇਡਰ ਵਿੱਚ ਉੱਚ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਵਿਰੁੱਧ ਭਾਰੀ ਰੋਸ ਪਾਇਆ ਜਾ ਰਿਹਾ ਹੈ, ਇਸ ਲਈ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਵਿਭਾਗ ਦੀ ਅਫਸਰ ਸ਼ਾਹੀ ਵਿਰੁੱਧ 25 ਜੂਨ ਨੂੰ ਜ਼ਿਲ੍ਹਾ ਪੱਧਰੀ ਧਰਨਿਆਂ ਦਾ ਐਲਾਨ ਕੀਤਾ ਹੈ। ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ, ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਅਤੇ ਗੁਰਜੀਤ ਸਿੰਘ ਸੂਬਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਉਹ 25 ਤਰੀਕ ਨੂੰ 2.30 ਵਜੇ ਤੋਂ ਲੈ ਕੇ 5 ਵਜੇ ਤੱਕ ਹਰ ਜ਼ਿਲ੍ਹੇ ਤੇ ਡਿਪਟੀ ਡਾਇਰੈਕਟਰ ਦਫਤਰਾਂ ਸਾਹਮਣੇ ਜਬਰਦਸਤ ਰੋਸ ਪ੍ਰਦਰਸ਼ਨ ਕਰਨਗੇ ਅਤੇ ਡਾਇਰੈਕਟਰ ਪਸ਼ੂ ਪਾਲਣ ਦੇ ਪੁਤਲੇ ਵੀ ਫੂਕਣਗੇ।

# ਮੁੱਖ ਸਕੱਤਰ ਨਿਯੁਕਤ ਕਰਨ ਦੀ ਸੁਖਪਾਲ ਖਹਿਰਾ ਨੇ ਕੀਤੀ ਨਿਖੇਧੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਭੁਲੱਥ ਤੋਂ ਕਾਂਗਰਸ ਵਿਧਾਇਕ ਅਤੇ ਅਖਿਲ ਭਾਰਤੀ ਕਿਸਾਨ ਕਾਂਗਰਸ ਦੇ ਚੇਅਰਮੈਨ ਸੁਖਪਾਲ ਸਿੰਘ ਖਹਿਰਾ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਇੱਕ ਅਣਹੋਣੀ ਕਦਮ ਦੀ ਸਖ਼ਤ ਨਿਖੇਧੀ ਕੀਤੀ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਥਾਂ ਇੱਕ ਗੈਰ-ਚੁਣੇ ਹੋਏ ਮੁੱਖ ਸਕੱਤਰ ਨੂੰ ਰਾਜ ਦੀਆਂ ਪ੍ਰਮੁੱਖ ਵਿਕਾਸ ਅਥਾਰਟੀਆਂ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਹਾਲ ਹੀ ਵਿੱਚ ਐਲਾਨੇ ਗਏ ਇਸ ਫੈਸਲੇ ਨੇ ਜਮਹੂਰੀ ਸਿਧਾਂਤਾਂ ਦੀ ਇਤਿਹਾਸਕ ਅਤੇ ਚਿੰਤਾਜਨਕ ਤੌਰ 'ਤੇ ਉਲੰਘਣਾ ਕੀਤੀ ਹੈ, ਕਿਉਂਕਿ ਇਸ ਨਾਲ ਚੁਣੇ ਹੋਏ ਮੁੱਖ ਮੰਤਰੀ ਨੂੰ ਹਾਸ਼ੀਏ 'ਤੇ ਧੱਕ ਕੇ ਮਹੱਤਵਪੂਰਨ ਸ਼ਾਸਨ ਸੰਬੰਧੀ ਜ਼ਿੰਮੇਵਾਰੀਆਂ ਨੂੰ ਇੱਕ ਨੌਕਰਸ਼ਾਹ ਦੇ ਹੱਥ ਵਿੱਚ ਸੌਂਪ ਦਿੱਤਾ ਗਿਆ ਹੈ।ਇੱਕ ਹੈਰਾਨਕੁਨ ਖੁਲਾਸੇ ਵਿੱਚ, ਖਹਿਰਾ ਨੇ ਕਿਹਾ, ਭਾਰਤ ਦੀ ਅਜ਼ਾਦੀ ਦੇ 75 ਸਾਲਾਂ ਵਿੱਚ ਪਹਿਲੀ ਵਾਰ, ਇੱਕ ਚੁਣਿਆ ਹੋਇਆ ਨੇਤਾ, ਮੁੱਖ ਮੰਤਰੀ ਭਗਵੰਤ ਮਾਨ, ਨੂੰ ਇੱਕ ਅਹਿਮ ਅਹੁਦੇ 'ਤੇ ਇੱਕ ਨੌਕਰਸ਼ਾਹ ਨਾਲ ਬਦਲਿਆ ਗਿਆ ਹੈ। ਇਹ ਪੰਜਾਬ ਦੀ ਜਮਹੂਰੀ ਸੰਰਚਨਾ 'ਤੇ ਸਿੱਧਾ ਹਮਲਾ ਹੈ ਅਤੇ ਇਹ ਸਪੱਸ਼ਟ ਸੰਕੇਤ ਹੈ ਕਿ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਅਸਲ ਮੁੱਖ ਮੰਤਰੀ ਦੀ ਭੂਮਿਕਾ ਸੰਭਾਲ ਲਈ ਹੈ। ਭਗਵੰਤ ਮਾਨ ਨੂੰ ਸਿਰਫ਼ ਇੱਕ ਕਠਪੁਤਲੀ ਅਤੇ ਸਜਾਵਟੀ ਮੁੱਖ ਮੰਤਰੀ ਤੱਕ ਸੀਮਤ ਕਰ ਦਿੱਤਾ ਗਿਆ ਹੈ, ਜਿਸ ਨੂੰ ਕੇਜਰੀਵਾਲ ਅਤੇ ਉਸ ਦੀ ਦਿੱਲੀ ਅਧਾਰਤ ਟੋਲੀ ਦੁਆਰਾ ਨਿਯੰਤਰਿਤ ਕੀਤਾ ਜਾ ਰਿਹਾ ਹੈ।ਖਹਿਰਾ ਨੇ ਹਾਲ ਹੀ ਦੇ ਐਲਾਨ ਵੱਲ ਇਸ਼ਾਰਾ ਕੀਤਾ, ਜਿਸ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਾਨ ਦੇ ਰੁੱਝੇ ਹੋਏ ਸਮੇਂ-ਸਾਰਣੀ ਨੂੰ ਸੰਭਾਲਣ ਦੇ ਬਹਾਨੇ ਵਜੋਂ ਜਾਇਜ਼ ਠਹਿਰਾਇਆ ਸੀ। ਉਨ੍ਹਾਂ ਨੇ ਇਸ ਨੂੰ ਕੇਜਰੀਵਾਲ ਦੇ ਪੰਜਾਬ ਦੇ ਸ਼ਾਸਨ 'ਤੇ ਵਧਦੇ ਨਿਯੰਤਰਣ ਨੂੰ ਛੁਪਾਉਣ ਦਾ ਇੱਕ ਕਮਜ਼ੋਰ ਬਹਾਨਾ ਦੱਸਿਆ। ਇਹ ਸਮੇਂ ਸਾਰਣੀ ਦੀ ਗੱਲ ਨਹੀਂ; ਇਹ ਸੱਤਾ ਦੀ ਗੱਲ ਹੈ। ਕੇਜਰੀਵਾਲ ਨੇ ਪੰਜਾਬ 'ਤੇ ਪੂਰੀ ਤਰ੍ਹਾਂ ਕਬਜ਼ਾ ਕਰ ਲਿਆ ਹੈ ਅਤੇ ਮਾਨ ਦਾ ਅਧਿਕਾਰ ਯੋਜਨਾਬੱਧ ਤਰੀਕੇ ਨਾਲ ਖਤਮ ਕਰ ਦਿੱਤਾ ਗਿਆ ਹੈ। ਪੰਜਾਬ ਦੇ ਲੋਕਾਂ ਨੇ ਬਦਲਾਅ ਲਈ ਵੋਟ ਦਿੱਤੀ ਸੀ, ਨਾ ਕਿ ਦਿੱਲੀ ਦੁਆਰਾ ਸ਼ਾਸਿਤ ਇੱਕ ਕਲੋਨੀ ਲਈ, ਖਹਿਰਾ ਨੇ ਜ਼ੋਰ ਦੇ ਕੇ ਕਿਹਾ।ਕਾਂਗਰਸ ਨੇਤਾ ਨੇ ਆਪ ਸਰਕਾਰ 'ਤੇ ਪੰਜਾਬ ਦੇ ਵੋਟਰਾਂ



ਦੇ ਭਰੋਸੇ ਨੂੰ ਧੋਖਾ ਦੇਣ ਦਾ ਦੋਸ਼ ਲਗਾਇਆ, ਜਿਨ੍ਹਾਂ ਨੇ 2022 ਵਿੱਚ ਭਗਵੰਤ ਮਾਨ ਨੂੰ ਮੁੱਖ ਮੰਤਰੀ ਵਜੋਂ ਚੁਣਿਆ ਸੀ। ਪੰਜਾਬ ਦੇ ਲੋਕਾਂ ਨੇ ਭਗਵੰਤ ਮਾਨ ਨੂੰ ਚੁਣਿਆ ਸੀ, ਨਾ ਕਿ ਕਿਸੇ ਗੈਰ-ਚੁਣੇ ਹੋਏ ਮੁੱਖ ਸਕੱਤਰ ਜਾਂ ਅਰਵਿੰਦ ਕੇਜਰੀਵਾਲ ਨੂੰ। ਕੇਜਰੀਵਾਲ ਨੂੰ ਪਰਦੇ ਪਿੱਛੋਂ ਸੰਚਾਲਨ ਕਰਨ ਦੀ ਇਜਾਜ਼ਤ ਦੇ ਕੇ, ਮਾਨ ਨੇ ਪੰਜਾਬ ਦੇ ਸਵੈਮਾਣ ਅਤੇ ਸੁਤੰਤਰਤਾ ਨੂੰ ਸਮਰਪਣ ਕਰ ਦਿੱਤਾ ਹੈ। ਇਹ ਇੱਕ ਖਤਰਨਾਕ ਮਿਸਾਲ ਹੈ ਜੋ ਲੋਕਾਂ ਦੀ ਇੱਛਾ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਦੀ ਪਵਿੱਤਰਤਾ ਨੂੰ ਕਮਜ਼ੋਰ ਕਰਦੀ ਹੈ, ਖਹਿਰਾ ਨੇ ਕਿਹਾ। ਖਹਿਰਾ ਨੇ ਕੇਜਰੀਵਾਲ ਦੀ ਪੰਜਾਬ ਦੇ ਪ੍ਰਸ਼ਾਸਨ ਵਿੱਚ ਵਧਦੀ ਦਖਲਅੰਦਾਜ਼ੀ ਦੇ ਵਿਆਪਕ ਪੈਟਰਨ 'ਤੇ ਵੀ ਰੌਸ਼ਨੀ ਪਾਈ, ਜਿਸ ਵਿੱਚ ਗੈਰ-ਪੰਜਾਬੀ ਵਫ਼ਾਦਾਰਾਂ ਨੂੰ ਮਹੱਤਵਪੂਰਨ ਅਹੁਦਿਆਂ 'ਤੇ ਨਿਯੁਕਤ ਕਰਨਾ ਅਤੇ ਸਥਾਨਕ ਆਪ ਨੇਤਾਵਾਂ ਅਤੇ ਵਰਕਰਾਂ ਨੂੰ ਹਾਸ਼ੀਏ 'ਤੇ ਧੱਕਣ ਦਾ ਜ਼ਿਕਰ ਕੀਤਾ। ਕੇਜਰੀਵਾਲ ਦੀਆਂ ਕਾਰਵਾਈਆਂ ਪੰਜਾਬ ਦੇ ਸਵੈਮਾਣ ਅਤੇ ਇਸ ਦੇ ਲੋਕਾਂ ਪ੍ਰਤੀ ਪੂਰਨ ਅਣਦੇਖੀ ਨੂੰ ਦਰਸਾਉਂਦੀਆਂ ਹਨ। ਉਹ ਆਪਣੇ ਦਿੱਲੀ ਦੇ ਸਾਥੀਆਂ ਨੂੰ ਪੰਜਾਬ ਦੀਆਂ ਸੰਸਥਾਵਾਂ ਵਿੱਚ ਪੈਰਾਸ਼ੂਟ ਨਾਲ ਉਤਾਰ ਰਿਹਾ ਹੈ, ਜਦਕਿ ਉਨ੍ਹਾਂ ਨੂੰ ਹਾਸ਼ੀਏ 'ਤੇ ਧੱਕ ਰਿਹਾ ਹੈ ਜਿਨ੍ਹਾਂ ਨੇ ਰਾਜ ਵਿੱਚ ਆਪ ਦੀ ਜਿੱਤ ਲਈ ਸੰਘਰਸ਼ ਕੀਤਾ। ਤੁਰੰਤ ਕਾਰਵਾਈ ਦੀ ਮੰਗ ਕਰਦਿਆਂ, ਖਹਿਰਾ ਨੇ ਪੰਜਾਬ ਦੇ ਮੁੱਖ ਸਕੱਤਰ, ਕੇ.ਏ.ਪੀ. ਸਿਨਹਾ, ਨੂੰ ਜਮਹੂਰੀ ਨਿਯਮਾਂ ਦਾ ਸਨਮਾਨ ਕਰਨ ਅਤੇ ਚੁਣੇ ਹੋਏ ਪ੍ਰਤੀਨਿਧੀਆਂ ਨਾਲ ਸੰਬੰਧਿਤ ਭੂਮਿਕਾਵਾਂ ਸੰਭਾਲਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਵੀ ਮੰਗ ਕੀਤੀ ਕਿ ਉਹ ਆਪਣਾ ਸਟੈਂਡ ਸਪੱਸ਼ਟ ਕਰਨ ਅਤੇ ਇਹ ਦੱਸਣ ਕਿ ਉਨ੍ਹਾਂ ਨੇ ਪੰਜਾਬ ਦਾ ਸ਼ਾਸਨ ਦਿੱਲੀ ਨੂੰ ਆਊਟਸੋਰਸ ਕਰਨ ਦੀ ਇਜਾਜ਼ਤ ਕਿਉਂ ਦਿੱਤੀ। ਜੇ ਮਾਨ ਪੰਜਾਬ ਲਈ ਖੜ੍ਹਾ ਨਹੀਂ ਹੋ ਸਕਦੇ, ਤਾਂ ਉਨ੍ਹਾਂ ਨੂੰ ਅਸਤੀਫਾ ਦੇ ਦੇਣਾ ਚਾਹੀਦਾ ਹੈ ਅਤੇ ਕਿਸੇ ਅਜਿਹੇ ਵਿਅਕਤੀ ਨੂੰ ਅੱਗੇ ਆਉਣ ਦੇਣਾ ਚਾਹੀਦਾ ਹੈ ਜਿਸ ਵਿੱਚ ਸਾਡੇ ਸੂਬੇ ਦੇ ਹਿੱਤਾਂ ਦੀ ਰਾਖੀ ਕਰਨ ਦੀ ਹਿੰਮਤ ਹੋਵੇ, ਖਹਿਰਾ ਨੇ ਕਿਹਾ।ਖਹਿਰਾ ਨੇ ਪੰਜਾਬ ਦੇ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਪਤੀ ਕੀਤੀ। ਇੱਕ ਚੁਣਿਆ ਹੋਇਆ ਪ੍ਰਤੀਨਿਧੀ ਹੋਣ ਦੇ ਨਾਤੇ, ਮੈਂ ਚੁੱਪ ਨਹੀਂ ਬੈਠਾਂਗਾ ਜਦੋਂ ਪੰਜਾਬ ਨੂੰ ਅਰਵਿੰਦ ਕੇਜਰੀਵਾਲ ਦੀ ਜਾਗੀਰ ਵਿੱਚ ਬਦਲਿਆ ਜਾ ਰਿਹਾ ਹੈ। ਅਸੀਂ ਇਸ ਲੜਾਈ ਨੂੰ ਲੋਕਾਂ, ਵਿਧਾਨ ਸਭਾ ਅਤੇ ਜਰੂਰਤ ਪੈਣ 'ਤੇ ਅਦਾਲਤਾਂ ਤੱਕ ਲੈ ਜਾਵਾਂਗੇ। ਪੰਜਾਬ ਪਾਰਦਰਸ਼ੀ, ਜਵਾਬਦੇਹ ਅਤੇ ਜਮਹੂਰੀ ਸ਼ਾਸਨ ਦਾ ਹੱਕਦਾਰ ਹੈ, ਅਤੇ ਅਸੀਂ ਉਦੋਂ ਤੱਕ ਨਹੀਂ ਰੁਕਾਂਗੇ ਜਦੋਂ ਤੱਕ ਇਹ ਬਹਾਲ ਨਹੀਂ ਹੋ ਜਾਂਦਾ।

# ਸਤਨਾਮ ਚੇਚੀ ਵੱਲੋਂ ਸ਼ਹਿਬਾਜ਼ਪੁਰ ਨੂੰ ਡੇਢ ਲੱਖ ਰੁਪਏ ਦੀ ਗਰਾਂਟ



**ਬਲਾਚੌਰ (ਜਸਵਿੰਦਰ ਬੈਂਸ)**- ਆਮ ਆਦਮੀ ਪਾਰਟੀ ਦੇ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਸਾਹਿਬਾਜਪੁਰ ਦੇ ਸ਼ਮਸਾਨ ਘਾਟ ਲਈ ਆਪਣੇ ਅਖਤਿਆਰੀ ਕੋਟੇ ਵਿੱਚੋਂ ਡੇਢ ਲੱਖ ਰੁਪਏ ਦੀ ਗ੍ਰਾਂਟ ਪਿੰਡ ਦੀ ਪੰਚਾਇਤ ਨੂੰ ਦਿੱਤੀ ਗਈ।ਇਸ ਮੌਕੇ ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਸਤਨਾਮ ਜਲਾਲਪੁਰ ਨੇ ਦੱਸਿਆ ਕਿ ਪਿੰਡ ਸਾਹਿਬਾਜਪੁਰ ਦੀ ਪੰਚਾਇਤ ਵੱਲੋਂ ਸ਼ਮਸ਼ਾਨ ਘਾਟ ਦੀ ਮੁਰੰਮਤ ਵਾਸਤੇ ਉਹਨਾਂ ਦੇ ਨਾਲ ਸੰਪਰਕ ਕੀਤਾ ਗਿਆ ਸੀ ਤੇ ਉਹਨਾਂ ਨੂੰ ਦੱਸਿਆ ਗਿਆ ਕਿ ਉਹਨਾਂ ਦੇ ਸ਼ਮਸ਼ਾਨ ਘਾਟ ਦੀ ਹਾਲਤ ਕਾਫੀ ਖਸਤਾ ਹੋ ਚੁੱਕੀ ਹੈ। ਜਿਸ ਲਈ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਦੇ ਵਿੱਚੋਂ ਸ਼ਮਸ਼ਾਨ ਘਾਟ ਵਾਸਤੇ ਡੇਢ ਲੱਖ ਰੁਪਏ ਪਿੰਡ ਦੀ ਪੰਚਾਇਤ ਨੂੰ ਦਿੱਤਾ ਗਿਆ। ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਅਤੇ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦਾ ਕੋਈ ਭੇਦਭਾਵ ਨਹੀਂ ਕੀਤਾ ਜਾਵੇਗਾ। ਸਤਨਾਮ ਜਲਾਲਪੁਰ ਨੇ ਦੱਸਿਆ ਕਿ ਇਹ ਲੋਕਾਂ ਦਾ ਪੈਸਾ ਲੋਕਾਂ ਦੇ ਹੀ ਕੰਮਾਂ 'ਤੇ ਲਗਾਇਆ ਜਾ ਰਿਹਾ ਹੈ। ਇਸ ਮੌਕੇ 'ਤੇ ਉਹਨਾਂ ਨਾਲ ਲਖਵਿੰਦਰ ਸਹਿਬਾਜ਼ਪੁਰ ਬਲਾਕ ਪ੍ਰਧਾਨ, ਬੇਬੀ ਰਾਣੀ ਸਰਪੰਚ ਸੂਬੇਦਾਰ ਹਰੀਸ਼ ਚੰਦਰ, ਦਰਸ਼ਨ ਲਾਲ, ਸ਼ੰਕਰ ਦਾਸ, ਜਲਸੂ ਰਾਮ ਕਸਾਣਾ, ਧਰਮਪਾਲ,ਕਸ਼ਮੀਰੀ ਲਾਲ, ਪਰਮਜੀਤ ਪੰਚ, ਰਾਕੇਸ਼ ਕੁਮਾਰ ਪੰਚ, ਸੁਖਦੇਵ ਚੋਹਾਣ, ਸ਼ੁਭਾਸ਼ ਚੰਦਰ, ਸਤਪਾਲ , ਕੇਸਰ ਕਸਾਣਾ, ਰੋਸ਼ਨ ਲਾਲ, ਦਵਿੰਦਰ, ਸ਼ੁਰੇਸ਼ ਮੌਜੂਦ ਸਨ।

# ਸਿਦਕਪ੍ਰੀਤ ਕੌਰ ਨੇ ਕੀਤਾ ਗੁਰੂ ਨਗਰੀ ਦਾ ਨਾਂਅ ਰੌਸ਼ਨ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ੍ਰੀ ਅਨੰਦਪੁਰ ਸਾਹਿਬ ਦੀ ਸਿਦਕ ਪ੍ਰੀਤ ਕੌਰ ਵਲੋਂ ਪ੍ਰੋਗਰਾਮ ਦੇ ਕਰਵਾਇਆ ਕਿਸਮੇਂ ਕਿਤਨਾ ਹੈ ਦਮ (ਕੇ ਕੇ ਐਂਡ ਡੀ) ਸੀਜਨ 11 ਕੰਪਨੀ ਵੱਲੋਂ ਕਰਵਾਏ ਗਏ ਟੈਲੈਂਟ ਸੋ ਸਮਾਗਮ 'ਚ ਭਾਗ ਲੈ ਕੇ ਜਿੱਥੇ ਪੂਰੇ ਪੰਜਾਬ ਦੇ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ ਪੰਜ ਤੋਂ ਅੱਠ ਸਾਲ ਦੀ ਕੈਟਾਗਰੀ ਵਿੱਚ ਉੱਥੇ ਹੀ ਪੂਰੇ ਉੱਤਰੀ ਜੋਨ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਅਗਲੇ ਪੜਾਅ ਲਈ ਕੁਆਲੀਫਾਈ ਵੀ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਸ੍ਰੀ ਗੁਰੂਕਿਰਪਾ ਮੈਡੀਕਲ ਸਟੋਰ ਦੀ ਮਲਿਕ ਰਿਤੂ ਸ਼ਰਮਾ ਅਤੇ ਬੱਚੀ ਦੇ ਪਿਤਾ ਹਰਪ੍ਰੀਤ ਸਿੰਘ ਤੇ ਮਨੀਸ਼ ਕੰਵਰ ਪਾਲ ਨੇ ਦੱਸਿਆ ਕਿ ਪਿਛਲੇ ਤਿੰਨ ਮਹੀਨੇ ਤੋਂ ਲਗਾਤਾਰ ਚੱਲ ਰਹੇ ਸ਼ੋ 'ਚ ਸਿਦਕ ਪ੍ਰੀਤ ਕੌਰ ਨੇ ਅਲੱਗ ਅਲੱਗ ਪੜਾਵਾਂ 'ਚੋਂ ਪਾਰ ਕਰਦੇ ਹੋਏ ਸਿਦਕ ਪ੍ਰੀਤ ਕੌਰ ਨੇ ਪਹਿਲਾ ਅਤੇ ਉੱਤਰੀ ਜੋਨ 'ਚ ਵੀ ਪਹਿਲਾ ਸਥਾਨ ਹਾਸਲ ਕਰਕੇ ਜਿੱਥੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦਾ ਨਾਮ ਚਮਕਾਇਆ ਹੈ ਉੱਥੇ ਹੀ ਗੁਰੂ ਨਗਰੀ ਵਿਖੇ ਸਭ ਤੋਂ ਘੱਟ ਉਮਰ ਦੀ ਟੈਲੈਂਟ ਸ਼ੋ 'ਚ ਸੱਤ ਸਾਲਾਂ ਸਿਦਕ ਪ੍ਰੀਤ ਕੌਰ ਨੇ ਇਨਾਮ ਜਿੱਤ ਕੇ ਅਨੰਦਪੁਰ ਸਾਹਿਬ ਦਾ ਪੂਰੇ ਭਾਰਤ ਵਿੱਚ ਨਾਂ ਰੌਸ਼ਨ ਕੀਤਾ। ਇਸ ਮੌਕੇ ਪਰਿਵਾਰ ਨੂੰ ਵਧਾਈਆਂ ਦੇਣ ਵਾਲੇ ਵਿੱਚ ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਐਡਵੋਕੇਟ ਅਰਵਿੰਦ ਮਿੱਤਲ, ਸਮਾਜ ਸੇਵੀ ਪ੍ਰਮੋਦ ਕੁਮਾਰ, ਡੀ ਸੀ ਬਲਾਕ ਕਾਂਗਰਸ ਦੇ ਪ੍ਰਧਾਨ ਹਿਮਾਂਸ਼ੂ ਟੰਡਨ, ਆਸ਼ੂ ਧੀਮਾਨ ਸਮਾਜ ਸੇਵੀ ਕਲੱਬ ਦੇ ਪ੍ਰਧਾਨ ਅਖਲ ਕੌਸਲ ਵਪਾਰ ਮੰਡਲ ਦੇ ਪ੍ਰਧਾਨ ਦੀਪਕ ਆਂਗਰਾ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਭੁਪਿੰਦਰ ਪਾਲ ਸਿੰਘ ਤਲਵਾੜ, ਅਮਰਿੰਦਰ ਸਿੰਘ ਚੀਮਾ, ਹਰੀਸ਼ ਲੁਟਾਵਾ, ਸੰਜੀਵ ਗੌਤਮ, ਪੰਕਜ ਸ਼ਰਮਾ, ਐਡਵੋਕੇਟ ਸਚਿਨ, ਕੌਂਸਲ ਮੰਡਲ ਪ੍ਰਧਾਨ ਐਡਵੋਕੇਟ ਸਤਵੀਰ ਰਾਣਾ, ਸਾਬਕਾ ਸਰਪੰਚ ਪਵਨ ਮਹਦਲੀ, ਸਾਬਕਾ ਮੰਡਲ ਪ੍ਰਧਾਨ ਅਜੇ ਰਾਣਾ ਤੋਂ ਇਲਾਵਾ ਹੋਰ ਵੀ ਕਈਆਂ ਵਧਾਈਆਂ ਦਿੱਤੀਆਂ।

# ਸਿੱਖਿਆ ਮੰਤਰੀ ਦੇ ਹਫਤਾਵਾਰੀ ਲੋਕ ਮਿਲਣੀ ਪ੍ਰੋਗਰਾਮ 'ਚ ਬਣਿਆ ਮੇਲੇ ਵਰਗਾ ਮਾਹੌਲ



**ਨੰਗਲ (ਸੁਰਜੀਤ ਸਿੰਘ)** ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਵਿੱਚ ਲਗਾਏ ਜਾ ਰਹੇ ਹਫਤਾਵਾਰੀ ਲੋਕ ਮਿਲਣੀ ਪ੍ਰੋਗਰਾਮ ਵਿੱਚ ਇਲਾਕੇ ਦੇ ਵੱਡੀ ਗਿਣਤੀ ਲੋਕ ਪਹੁੰਚ ਕੇ ਆਪਣੀਆਂ ਸਮੱਸਿਆਵਾਂ ਹੱਲ ਕਰਵਾ ਰਹੇ ਹਨ।ਜਨਤਾ ਦਰਬਾਰ ਵਿੱਚ ਇਲਾਕੇ ਦੇ ਸ਼ਹਿਰਾਂ/ਪਿੰਡਾਂ ਦੀਆਂ ਸਾਰੀਆਂ ਮੁਸ਼ਕਲਾਂ ਵੀ ਹੱਲ ਹੋ ਰਹੀਆਂ ਹਨ।ਸ੍ਰੀ ਬੈਂਸ ਵੱਲੋਂ ਲਗਾਤਾਰ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਲੋਕਾਂ ਨਾਲ ਨਿੱਜੀ ਤੌਰ 'ਤੇ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ।ਉਨ੍ਹਾਂ ਵੱਲੋਂ ਇਸ ਤੋਂ ਪਹਿਲਾ ਪਿੰਡਾਂ ਦੀਆਂ ਸਾਂਝੀਆਂ ਸੱਥਾਂ ਵਿੱਚ ਬੈਠ ਕੇ ਸਾਝੇ ਮਸਲੇ ਹੱਲ ਕੀਤੇ ਜਾਂਦੇ ਰਹੇ ਹਨ।ਉਨ੍ਹਾਂ ਵੱਲੋਂ ਰੋਜਾਨਾ ਤੜਕਸਾਰ ਦਰਿਆਵਾਂ ਦੇ ਕੰਢਿਆਂ ਤੇ ਜਾ ਕੇ ਹੜ੍ਹਾਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਅਤੇ ਸੰਭਾਵੀ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਵੀ ਜਾਇਜ਼ਾ ਲਿਆ ਜਾ ਚੁੱਕਿਆ ਹੈ। ਸੜਕਾਂ, ਗਲੀਆਂ, ਨਾਲੀਆਂ, ਟੋਭਿਆਂ ਦੀ ਸਫਾਈ, ਜਲ ਸਪਲਾਈ ਅਤੇ ਗੰਦੇ ਪਾਣੀ ਦੀ ਨਿਕਾਸੀ ਦੇ ਚੱਲ ਰਹੇ ਕੰਮਾਂ ਦੀ ਰਫਤਾਰ ਨੂੰ ਹੋਰ ਤੇਜ਼ ਗਤੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਜਿਹੜੇ ਇਲਾਕਾ ਵਾਸੀ ਲੋਕ ਮਿਲਣੀ ਪ੍ਰੋਗਰਾਮ ਤਹਿਤ ਪਹੁੰਚਦੇ ਹਨ, ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕਰਕੇ ਅਸੀ ਆਪਣੇ ਵਾਅਦੇ ਪੂਰੇ ਕਰ ਰਹੇ ਹਾਂ।ਇਸ ਮੌਕੇ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ, ਰਾਮ ਕੁਮਾਰ ਮੁਕਾਰੀ ਸੈਕਟਰੀ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਪਾਲ ਢਾਹੇ ਸਰਪੰਚ, ਦੀਪਕ ਬਾਂਸ, ਪੰਮੂ ਢਿੱਲੋਂ, ਐਡਵੋਕੇਟ ਨਿਸ਼ਾਤ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਸੁਮਿਤ ਤਲਵਾੜਾ, ਸਰਬਜੀਤ ਭਟੋਲੀ, ਜੱਗਾ ਬਹਿਲੂ, ਮਨਜੋਤ ਰਾਣਾ, ਸੁਖਵਿੰਦਰ ਸੇਖੋਂ, ਦਲਜੀਤ ਸਿੰਘ ਆਦਿ ਹਾਜ਼ਰ ਸਨ।

# 2027 'ਚ ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣੇਗੀ : ਸੂੰਢ



**ਬੰਗਾ (ਅਵਤਾਰ ਕਲੇਰ)** ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ।ਇਸ ਸਰਕਾਰ ਨੇ ਲੋਕਾਂ ਸਿਰਫ ਲਾਰੇ ਹੀ ਲਾਏ ਹਨ। 2027 ਚ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੰਗਾ ਵਿਖੇ ਬਲਾਕ ਕਾਂਗਰਸ ਪਾਰਟੀ ਦੀ ਮੀਟਿੰਗ ਦੌਰਾਨ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ ਨੇ ਕੀਤਾ।ਉਹਨਾਂ ਕਿਹਾ ਕਿ ਪੰਜਾਬ ਅੰਦਰ ਨਸ਼ਿਆ ਦਾ ਦੌਰ ਜਾਰੀ ਹੈ। ਵੱਡੇ ਨਸ਼ੇ ਦੇ ਸਮੱਗਲਰਾਂ ਨੂੰ ਸਰਕਾਰ ਹੱਥ ਨਹੀਂ ਪਾ ਰਹੀ।ਪੰਜਾਬ ਦੇ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਦੇਸ਼ੀ ਦੌਰਿਆਂ ਤੇ ਜ਼ੋਰ ਦਿੱਤਾ ਹੋਇਆ ਹੈ।ਮੋਦੀ ਸਰਕਾਰ ਘੱਟ ਗਿਣਤੀਆਂ ਤੇ ਜ਼ੁਲਮ ਕਰ ਰਹੀ ਹੈ।ਭਾਰਤੀ ਸੰਵਿਧਾਨ ਖ਼ਤਰੇ 'ਚ ਹੈ।ਛੇਤੀ ਹੀ ਕਾਂਗਰਸ ਪਾਰਟੀ ਵੱਲੋਂ ਬੰਗਾ ਵਿਖੇ ਸੰਵਿਧਾਨ ਬਚਾਓ ਰੈਲੀ ਕੀਤੀ ਜਾਵੇਗੀ।ਉਹਨਾਂ ਵਰਕਰਾਂ ਨੂੰ ਹੁਣ ਤੋਂ ਹੀ 2027 ਦੀਆਂ ਚੋਣਾਂ ਦੀ ਤਿਆਰੀ ਕਰਨ ਦਾ ਸੱਦਾ ਦਿੱਤਾ।ਸਤਵੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਨੇ ਦੇਸ਼ ਨੂੰ ਅਜ਼ਾਦ ਕਰਵਾਉਣ 'ਚ ਵੱਡਾ ਯੋਗਦਾਨ ਪਾਇਆ।ਪੰਜਾਬ ਲੋਕ ਅੱਜ ਵੀ ਕਾਂਗਰਸ ਪਾਰਟੀ ਦੇ ਨਾਲ ਹਨ।ਉਹਨਾਂ ਪਾਰਟੀ ਵਰਕਰਾਂ ਨੂੰ ਪਿੰਡ- ਪਿੰਡ ਜਾ ਕੇ ਲੋਕਾਂ ਨਾਲ ਸੰਪਰਕ ਕਰਨ ਲਈ ਕਿਹਾ।ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਕੁਮਾਰ ਮੰਗੂਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕ ਪੰਜਾਬ 'ਚ ਕਾਂਗਰਸ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਬਣਾਉਣ ਲਈ ਕਾਹਲੇ ਹਨ।ਉਹਨਾਂ ਪਾਰਟੀ ਵਰਕਰਾਂ ਨੂੰ ਬੂਥ ਲੈਵਲ ਦੀਆਂ ਕਮੇਟੀਆਂ ਬਣਾਉਣ ਦਾ ਸਲਾਹ ਦਿੱਤੀ ਅਤੇ ਪਾਰਟੀ ਵਰਕਰਾਂ ਨੂੰ ਰਲ ਮਿਲ ਕੇ ਕੰਮ ਕਰਨ ਲਈ ਕਿਹਾ।ਇਸ ਮੌਕੇ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ, ਅਜੇ ਕੁਮਾਰ ਮੰਗੂਪੁਰ,ਸਤਵੀਰ ਸਿੰਘ ਪੱਲੀ ਝਿੱਕੀ, ਰਜਿੰਦਰ ਸ਼ਰਮਾ, ਹਰਬੰਤ ਸਿੰਘ ਮਕਸੂਦਪੁਰ, ਕੁਲਵੰਤ ਸਿੰਘ ਬਾਂਦੀਆ, ਰਾਮ ਦਾਸ ਸਿੰਘ, ਅਮਰਜੀਤ ਕਲਸੀ, ਮਲਕੀਤ ਸਿੰਘ ਬਾਹੜੋਵਾਲ,ਡਾ ਅਮਰੀਕ ਸਿੰਘ ਸੋਢੀ, ਉਪਕਾਰ ਸਿੰਘ, ਸੁਖਵਿੰਦਰ ਸਰਪੰਚ ਢੱਢੂਹਾ, ਰਿਵਿੰਦਰ ਰੱਤੂ, ਕਸਤੂਰੀ ਲਾਲ ਕੁਲਥਮ ਤੋਂ ਇਲਾਵਾ ਪਾਰਟੀ ਵਰਕਰ ਹਾਜ਼ਰ ਸਨ।

# ਸਰਕਾਰੀ ਸਕੂਲ ਰੱਤੇਵਾਲ ਵਿਖੇ ਮਨਾਇਆ ਕੌਮਾਂਤਰੀ ਯੋਗ ਦਿਵਸ



**ਬਲਾਚੌਰ (ਜਸਵਿੰਦਰ ਬੈਂਸ)** ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੇਵਾਲ ਵਿਖੇ ਗਿਆਰਵਾਂ ਕੌਮਾਂਤਰੀ ਯੋਗ ਦਿਵਸ ਮਨਾਇਆ ਗਿਆ।ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਜਸਜੀਤ ਸਿੰਘ ਨੇ ਦੱਸਿਆ ਕਿ ਵਰਿੰਦਰ ਪਾਲ ਲੈਕਚਰਾਰ ਫਿਜੀਕਲ ਐਜੂਕੇਸ਼ਨ ਅਤੇ ਪੁਸ਼ਪਿੰਦਰ ਕੌਰ ਡੀ. ਪੀ. ਈ ਦੋਨਾਂ ਦੇ ਸਾਂਝੇ ਯਤਨਾਂ ਸਦਕਾ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਯੋਗ ਆਸਣ ਕਰਵਾਏ ਗਏ।ਯੋਗ ਕਰਵਾਉਂਦੇ ਸਮੇਂ ਹਰ ਇੱਕ ਯੋਗ ਆਸਣ ਨੂੰ ਕਰਨ ਦੇ ਸਹੀ ਤਰੀਕੇ, ਹੋਣ ਵਾਲੇ ਲਾਭ ਬਾਰੇ ਦੱਸ ਕੇ ਯੋਗ ਆਸਣਾਂ ਬਾਰੇ ਚੇਤਨਤਾ ਪੈਦਾ ਕੀਤੀ ਗਈ। ਇਸ ਮੌਕੇ ਬੋਲਦਿਆਂ ਹੋਇਆਂ ਉਹਨਾਂ ਵੱਲੋਂ ਕਿਹਾ ਗਿਆ ਕਿ ਸਰੀਰਕ ਤੰਦਰੁਸਤੀ ਲਈ ਯੋਗ ਦਾ ਜ਼ਿੰਦਗੀ ਚ ਅਹਿਮ ਯੋਗਦਾਨ ਹੈ, ਇਸ ਸਮੇਂ ਮਨੁੱਖ ਨੂੰ ਤੰਦਰੁਸਤ ਰਹਿਣ ਲਈ ਆਪਣੀ ਜ਼ਿੰਦਗੀ 'ਚ ਯੋਗ ਨੂੰ ਹਿੱਸਾ ਬਣਾਉਣਾ ਜ਼ਰੂਰੀ ਹੈ ਕਿਉਂਕਿ ਇਸ ਸਮੇਂ ਭਿਆਨਕ ਬਿਮਾਰੀਆਂ ਦਾ ਟਾਕਰਾ ਯੋਗ ਆਸਣਾ ਰਾਹੀਂ ਹੀ ਹੋ ਸਕਦਾ ਹੈ।ਸਰੀਰਕ ਤੰਦਰੁਸਤੀ ਲਈ ਜਿੱਥੇ ਕਸਰਤ ਸਹਾਈ ਹੋ ਰਹੀ ਹੈ, ਉੱਥੇ ਯੋਗ ਨਾ ਕੇਵਲ ਸਰੀਰ ਨੂੰ ਤੰਦਰੁਸਤ ਰੱਖਣ 'ਚ ਸਹਾਈ ਹੁੰਦਾ ਹੈ ਸਗੋਂ ਯੋਗ ਇਨਸਾਨ ਨੂੰ ਮਾਨਸਿਕ ਤੌਰ 'ਤੇ ਵੀ ਮਜਬੂਤ ਕਰਦਾ ਹੈ।ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਦਲਵਿੰਦਰ ਸਿੰਘ ਪਰਮਾਰ ਦਾ ਸਨਮਾਨ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)** ਖਾਲਸਾ ਅਜਨੋਹਾ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਹੈ।ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਬਰਸਾਏ ਗਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ 4 ਜਨਵਰੀ 2023 ਤੋਂ ਚਲਾਈ ਜਾ ਰਹੀ ਹੈ।ਜਿੱਥੇ ਕਿ ਪੂਰੇ ਪੰਜਾਬ ਤੋਂ ਹਿਮਾਚਲ ਪ੍ਰਦੇਸ਼ ਅਤੇ ਹਰਿਆਣੇ ਤੋਂ ਸੰਗਤਾਂ ਦਵਾਈ ਲੈਣ ਆ ਰਹੀ ਨੇ।ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਮਰੀਜ਼ਾਂ ਨੂੰ ਤੰਦਰੁਸਤੀਆਂ ਵੀ ਬਖਸ਼ ਰਹੇ ਨੇ।ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਸੰਸਥਾ ਦੀ ਟੀਮ ਵੱਲੋਂ ਇਲਾਕੇ ਦੇ ਸਮਾਜ ਸੇਵੀ ਪਿੰਡ ਮਾਇਉਪੱਟੀ ਨਿਵਾਸੀ ਦਲਵਿੰਦਰ ਸਿੰਘ ਪਰਮਾਰ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਦਲਵਿੰਦਰ ਸਿੰਘ ਪਰਮਾਰ, ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ, ਸੰਦੀਪ ਕੌਰ ਪਾਸ਼ਟਾ, ਪ੍ਰੀਆ ਨੂਰੜ, ਹਰਪ੍ਰੀਤ ਕੌਰ ਪਾਸ਼ਟਾਂ, ਸੰਤੋਸ ਕੌਰ, ਹਰਦੀਪ ਸਿੰਘ, ਰਾਮ ਲਾਲ ਅਤੇ ਹਰਦੀਪ ਕੌਰ ਆਦਿ।

# ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਕਮੇਟੀ ਦਾ ਅਜਲਾਸ ਸਫਲਤਾਪੂਰਵਕ ਸੰਪੰਨ

## ● ਸਰਬਸੰਮਤੀ ਨਾਲ ਨਰਿੰਦਰ ਸਿੰਘ ਮਾਵੀ ਪ੍ਰਧਾਨ, ਕਰਨੈਲ ਸਿੰਘ ਬਜਰੂੜ ਸਕੱਤਰ ਚੁਣੇ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਜ਼ਦੀਕੀ ਪਿੰਡ ਮਹਿਰੋਲੀ ਵਿਖੇ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਕਮੇਟੀ ਸ਼੍ਰੀ ਅਨੰਦਪੁਰ ਸਾਹਿਬ ਦਾ 18ਵਾਂ ਡੈਲੀਗੇਟ ਅਜਲਾਸ ਸਫਲਤਾ ਪੂਰਵਕ ਸਮਾਪਤ ਹੋ ਗਿਆ।ਇਸ ਇਜਲਾਸ ਵਿੱਚ ਸਰਬ ਸੰਮਤੀ ਨਾਲ ਤਹਿਸੀਲ ਕਮੇਟੀ ਦੀ ਚੋਣ ਕੀਤੀ ਗਈ।ਜਿਸ ਵਿੱਚ ਨਰਿੰਦਰ ਸਿੰਘ ਮਾਵੀ ਪ੍ਰਧਾਨ ਅਤੇ ਕਰਨੈਲ ਸਿੰਘ ਬਜ਼ਰੂੜ ਸਕੱਤਰ ਚੁਣੇ ਗਏ।ਇਸ ਅਜਲਾਸ ਦਾ ਉਦਘਾਟਨ ਜਥੇਬੰਦੀ ਦੇ ਸੂਬਾ ਸਕੱਤਰ ਬਲਜੀਤ ਸਿੰਘ ਗਰੇਵਾਲ ਨੇ ਕੀਤਾ।ਉਹਨਾਂ ਨੇ ਕਿਹਾ ਕਿ ਬੇਸ਼ੱਕ ਖੇਤੀ ਵਿਰੋਧੀ ਕਾਲੇ ਕਾਨੂੰਨ ਮੋਦੀ ਸਰਕਾਰ ਨੇ ਵਾਪਸ ਲੈ ਲਏ ਸੀ।ਪਰ ਹੁਣ ਟੇਢੇ ਢੰਗ ਨਾਲ ਇਹਨਾਂ ਕਾਨੂੰਨਾਂ ਨੂੰ ਲਾਗੂ ਕੀਤਾ ਜਾ ਰਿਹਾ। ਨਵੀਂ ਮੰਡੀਕਰਨ ਨੀਤੀ ਲਿਆ ਕੇ ਕਿਸਾਨਾਂ ਨੂੰ ਉਜਾੜਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਉਹਨਾਂ ਕਿਸਾਨਾ ਨੂੰ ਸੱਦਾ ਦਿੱਤਾ ਕਿ ਉਹ ਪਿੰਡ ਪਿੰਡ ਕਿਸਾਨ ਜਥੇਬੰਦੀ ਦੀ ਉਸਾਰੀ ਕਰਨ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਮੈਂਬਰ ਬਣਨ।ਇਸ ਮੌਕੇ ਉਹਨਾਂ ਨੇ ਇਹ ਵੀ ਕਿਹਾ ਕਿ ਦੇਸ਼ ਦਾ ਸੰਯੁਕਤ ਕਿਸਾਨ ਮੋਰਚਾ ਅਤੇ ਮਜ਼ਦੂਰ-ਟਰੇਡ ਯੂਨੀਅਨਾਂ ਸਾਂਝੇ ਤੌਰ 'ਤੇ 9 ਜੁਲਾਈ ਨੂੰ ਇੱਕ ਰੋਜ਼ਾ ਹੜਤਾਲ ਕਰ ਰਹੀਆਂ ਹਨ।ਅਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਜਥੇਬੰਦੀ ਦਾ ਝੰਡਾ ਬਜ਼ੁਰਗ ਕਿਸਾਨ ਆਗੂ ਭਜਨ ਸਿੰਘ ਸੰਦੋਆ ਨੇ ਚੜਾਇਆ।ਸਟੇਜ ਸਕੱਤਰ ਦੀ ਭੂਮਿਕਾ ਜਸਵਿੰਦਰ ਸਿੰਘ ਭੰਗਲ ਨੇ ਨਿਭਾਈ। ਇਸ ਅਜਲਾਸ ਦੀ ਪ੍ਰਧਾਨਗੀ ਬਿਕਰ ਸਿੰਘ ਮੋਠਾਪੁਰ, ਪ੍ਰਧਾਨ ਪ੍ਰੇਮ ਸਿੰਘ ਅਟਵਾਲ ਅਤੇ ਨਰਿੰਦਰ ਸਿੰਘ ਮਾਵੀ ਨੇ ਕੀਤੀ। ਨਵੀਂ 15 ਮੈਂਬਰੀ ਤਹਿਸੀਲ ਕਮੇਟੀ ਦਾ ਪੈਨਲ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ ਨੇ ਪੇਸ਼ ਕੀਤਾ। ਜਿਸ ਵਿੱਚ ਨਰਿੰਦਰ ਸਿੰਘ ਮਾਵੀ ਪ੍ਰਧਾਨ, ਕਰਨੈਲ ਸਿੰਘ ਬਜ਼ਰੂੜ ਸਕੱਤਰ, ਬਿੱਕਰ ਸਿੰਘ ਗਿੱਲ ਮੋਠਾਪੁਰ ਸੀਨੀਅਰ ਮੀਤ ਪ੍ਰਧਾਨ, ਜਗੀਰ ਸਿੰਘ ਰੌਲੀ ਜੁਆਇੰਟ ਸੈਕਟਰੀ, ਅਜਮੇਰ ਸਿੰਘ ਨੋਧੇ ਮਾਜਰਾ ਵਿੱਤ ਸਕੱਤਰ ਤੋਂ ਇਲਾਵਾ ਚਰਨ ਸਿੰਘ ਅਟਵਾਲ, ਸੂਬੇਦਾਰ ਹਰਜਾਪ ਸਿੰਘ ਭੰਗਲ, ਕੁਲਦੀਪ ਸਿੰਘ ਖਾਨਪੁਰ, ਤੇਲੂ ਰਾਮ ਬੀਕਾਪੁਰ, ਸ਼ਿੰਗਾਰਾ ਸਿੰਘ ਲਸਾੜੀ, ਰੋਸ਼ਨ ਸਿੰਘ ਸੈਣੀ ਮਾਜਰਾ, ਮੋਹਣ ਸਿੰਘ ਮਹੈਣ, ਜਸ਼ਨ ਸਿੰਘ ਬੈਂਸ ਗਰਾ, ਜੋਗਿੰਦਰ ਸਿੰਘ ਅਮਰਪੁਰ ਬੇਲਾ, ਅਮਰਜੀਤ ਸਿੰਘ ਹੋਲਗੜ ਅਤੇ ਧਰਮ ਸਿੰਘ ਬੈਂਸਾਂ ਕਮੇਟੀ ਮੈਂਬਰ ਲਏ ਗਏ। ਇਹ ਸਾਰੇ ਮੈਂਬਰ ਜਿਲਾ ਅਜਲਾਸ ਲਈ ਡੈਲੀਗੇਟ ਵੀ ਚੁਣੇ ਗਏ।

# ਦਰਬਾਰ ਜੈ ਬਾਬਾ ਪੰਜ ਪੀਰ-ਜਠੇਰੇ ਲੀਰ ਮਲਕਪੁਰ ਵਿਖੇ ਛਿੰਝ ਮੇਲਾ ਕਰਵਾਇਆ

## ● ਪਟਕੇ ਦੀ ਕੁਸ਼ਤੀ 'ਚ ਪਹਿਲਵਾਨ ਪ੍ਰਿਤਪਾਲ ਫਗਵਾੜਾ ਰਿਹਾ ਜੇਤੂ



**ਫਗਵਾੜਾ 22 ਜੂਨ (ਡਾ. ਰਮਨ)** ਦਰਬਾਰ ਜੈ ਬਾਬਾ ਪੰਜ ਪੀਰ-ਜਠੇਰੇ ਲੀਰ ਪਿੰਡ ਮਲਕਪੁਰ ਤਹਿਸੀਲ ਫਗਵਾੜਾ ਵਿਖੇ ਸਾਲਾਨਾ ਛਿੰਝ ਮੇਲਾ ਪ੍ਰਬੰਧਕ ਕਮੇਟੀ ਵਲੋਂ ਐਨ.ਆਰ.ਆਈ. ਵੀਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਜਿਸ ਵਿਚ ਇਲਾਕੇ ਭਰ ਦੇ ਨਾਮਵਰ ਪਹਿਲਵਾਨਾਂ ਨੇ ਜੋਰ ਅਜਮਾਇਸ਼ ਕੀਤੀ।ਪਟਕੇ ਦੀ ਕੁਸ਼ਤੀ 'ਚ ਪਹਿਲਵਾਨ ਪ੍ਰਿਤਪਾਲ ਫਗਵਾੜਾ ਨੇ ਬੱਗਾ ਪਹਿਲਵਾਨ ਕੁਹਾਲੀ ਨੂੰ ਸ਼ਾਨਦਾਰ ਸ਼ਿਕਸਤ ਦਿੰਦੇ ਹੋਏ ਗੁਰਜ ਅਤੇ ਨਗਦ ਰਾਸ਼ੀ ਆਪਣੇ ਨਾਂਅ ਕੀਤੀ।ਛਿੰਝ ਮੇਲੇ ਦੇ ਪ੍ਰਬੰਧਕਾਂ ਸਤਵਿੰਦਰ ਸਿੰਘ ਘੁੰਮਣ, ਬਲਜੀਤ ਸਿੰਘ ਬਾਜਵਾ, ਕੁਲਵਿੰਦਰ ਸਿੰਘ ਬਦੇਸ਼ਾ ਯੂ.ਐਸ.ਏ., ਪਰਮਜੀਤ ਸਿੰਘ ਥਾਣੇਦਾਰ, ਬਲਵਿੰਦਰ ਸਿੰਘ ਬਦੇਸ਼ਾ, ਗੁਰਦੀਪ ਸਿੰਘ ਬਦੇਸ਼ਾ ਜੇ.ਈ. ਪੰਜਾਬ ਮੰਡੀ ਬੋਰਡ ਅਤੇ ਸਤਵਿੰਦਰ ਸਿੰਘ ਘੁੰਮਣ ਨੇ ਦੱਸਿਆ ਕਿ ਹਰੇਕ ਸਾਲ ਇਹ ਛਿੰਝ ਮੇਲਾ ਕਰਵਾਇਆ ਜਾਂਦਾ ਹੈ।ਉਹਨਾਂ ਦੱਸਿਆ ਕਿ ਇਸ ਛਿੰਝ ਮੇਲੇ ਵਿਚ 100 ਤੋਂ ਵੱਧ ਪਹਿਲਵਾਨਾਂ ਨੇ ਕੁਸ਼ਤੀ ਦੇ ਜੌਹਰ ਦਿਖਾਏ।ਕਮੈਂਟਰੀ ਦੀ ਸੇਵਾ ਬਲਵਿੰਦਰ ਘੁੰਮਣ ਨੇ ਨਵੇਕਲੇ ਅੰਦਾਜ 'ਚ ਖੂਬਸੂਰਤੀ ਨਾਲ ਨਿਭਾਈ। ਇਸ ਮੌਕੇ ਸੁਰਿੰਦਰ ਸਿੰਘ ਜੇ.ਈ. ਪੰਚ, ਮਹਿੰਦਰ ਸਿੰਘ ਪੰਚ, ਲਖਵਿੰਦਰ ਸਿੰਘ ਪੰਚ, ਸੁਖਵਿੰਦਰ ਸਿੰਘ ਫੌਜੀ ਪੰਚ, ਸਾਬਕਾ ਸਰਪੰਚ ਸੁਖਵਿੰਦਰ ਸਿੰਘ, ਇੰਦਰਜੀਤ ਸਿੰਘ, ਰੂਪ ਲਾਲ, ਸੁਕੇਤਨ ਸਿੰਘ ਬਦੇਸ਼ਾ, ਹਰਵਿੰਦਰ ਸਿੰਘ ਬਦੇਸ਼ਾ, ਸੋਨੂੰ ਸਤਨਾਮੀਆ, ਹਰਿੰਦਰ ਸਿੰਘ ਲਾਡੀ, ਲਖਵਿੰਦਰ ਸਿੰਘ ਬਦੇਸ਼ਾ, ਦਲਵਿੰਦਰ ਸਿੰਘ ਬਾਜਵਾ, ਜਸਵਿੰਦਰ ਸਿੰਘ ਬਾਜਵਾ, ਨਿਰਮਲ ਸਿੰਘ, ਮਨਿੰਦਰ ਬਾਜਵਾ, ਭੁਪਿੰਦਰ ਸਿੰਘ ਘੁੰਮਣ, ਅਸ਼ੋਕ ਕੁਮਾਰ, ਪਿਆਰਾ ਲਾਲ, ਗੁਰਵਿੰਦਰ ਸਿੰਘ ਘੁੰਮਣ, ਰਾਮ ਆਸਰਾ, ਉਂਕਾਰ ਸਿੰਘ, ਮਾਸਟਰ ਗੁਰਨਾਮ ਚੰਦ ਆਦਿ ਹਾਜ਼ਰ ਸਨ।

# ਯੋਗ ਭਾਰਤ ਦੀ ਅਮੀਰ ਵਿਰਾਸਤ ਦਾ ਪ੍ਰਤੀਕ : ਸੋਮ ਪ੍ਰਕਾਸ਼



**ਫਗਵਾੜਾ (ਜਸਵਿੰਦਰ ਢੱਡਾ)** ਖੇਤਰ ਦੀ ਪ੍ਰਸਿੱਧ ਰਿਜ਼ੋਰਟ ਕਲੱਬ ਕਬਾਨਾ ਵੱਲੋਂ ਖੂਨਦਾਨ ਖੇਤਰ ਦੀ ਪ੍ਰਮੁੱਖ ਸੰਸਥਾ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ (ਰਜਿ.) ਅਤੇ ਭਾਰਤੀ ਯੋਗ ਸੰਸਥਾਨ ਫਗਵਾੜਾ ਦੇ ਸਹਿਯੋਗ ਨਾਲ 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਮਨਾਉਂਦੇ ਹੋਏ ਸਾਂਝੇ ਤੌਰ 'ਤੇ ਕਲੱਬ ਕਬਾਨਾ ਜੀ ਟੀ ਰੋਡ ਫਗਵਾੜਾ ਦੇ ਹਾਲ ਵਿੱਚ ਯੋਗ ਕਿਰਿਆਵਾਂ ਕੀਤੀਆਂ ਗਈਆਂ।ਰਿਜ਼ੋਰਟ ਵਾਇਸ ਪ੍ਰਧਾਨ ਜਯੋਤੀ ਸਿੰਘ ਅਤੇ ਕਲੱਬ ਪ੍ਰਧਾਨ ਪੰਡਿਤ ਰਾਹੁਲ ਸ਼ਰਮਾ ਦੀ ਅਗਵਾਈ ਵਿੱਚ ਆਯੋਜਿਤ ਇਸ ਵਿਸ਼ੇਸ਼ ਕੈਂਪ ਵਿੱਚ ਭਾਰਤੀ ਯੋਗ ਸੰਸਥਾਨ ਦੇ ਅਧਿਆਪਕ ਦਿਨੇਸ਼ ਸਿੰਗਲਾ ਦੀ ਦੇਖ ਰੇਖ ਵਿੱਚ ਯੋਗ ਅਭਿਆਸ ਕੀਤਾ ਗਿਆ ਅਤੇ ਆਸਣਾਂ ਦੇ ਸਰੀਰ ਉੱਪਰ ਪੈਣ ਵਾਲੇ ਸਕਾਰਾਤਮਕਿ ਪ੍ਰਭਾਵਾਂ ਦੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ।ਇਸ ਯੋਗ ਕਲਾਸ ਵਿੱਚ ਵਿਸ਼ੇਸ਼ ਰੂਪ ਵਿੱਚ ਪਹੁੰਚੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਨੇ ਵਿਚਾਰ ਸਾਂਝੇ ਕੀਤੇ ਕਿ ਯੋਗ ਸਾਡੇ ਭਾਰਤ ਨਾਲ ਜੁੜੀ ਅਮੀਰ ਵਿਰਾਸਤ ਦਾ ਪ੍ਰਤੀਕ ਹੈ ਅਤੇ ਜੀਵਨ ਜਿਉਣ ਦੀ ਸੰਪੂਰਣ ਕਲਾ ਹੈ।ਸਾਡੇ ਰਿਸ਼ੀ ਮੁਨੀਆਂ ਨੇ ਸਿਹਤਮੰਦ ਰਹਿਣ ਲਈ ਯੋਗ ਕਿਰਿਆਵਾਂ ਅਤੇ ਪ੍ਰਾਣਾਯਾਮ ਨੂੰ ਵਿਕਸਤ ਕੀਤਾ। ਹੱਡੀਆਂ ਦੇ ਮਾਹਿਰ ਡਾ. ਮੇਜਰ ਪ੍ਰਮੋਦ ਮਹਿੰਦਰ ਅਤੇ ਡਾ. ਸੌਰਵ ਉੱਪਲ ਨੇ ਕਿਹਾ ਕਿ ਨਿਯਮਤ ਯੋਗ ਅਭਿਆਸ ਕਰਨ ਨਾਲ ਸਰੀਰ ਕਈ ਅਸਾਧ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ।ਕਲੱਬ ਪ੍ਰਧਾਨ ਪੰਡਤ ਰਾਹੁਲ ਸ਼ਰਮਾ ਅਤੇ ਪ੍ਰਸਿੱਧ ਉਦਯੋਗਪਤੀ ਦੀਪਕ ਦਿਆਲ ਨੇ ਵਿਚਾਰ ਪ੍ਰਗਟ ਕੀਤ ਕਿ ਯੋਗ ਵਿਅਕਤੀ ਨੂੰ ਅਨੁਸ਼ਾਸਨ ਪ੍ਰੇਮੀ ਬਣਾਉਂਦਾ ਹੈ ਜਿਸ ਨਾਲ ਸਿਹਤਮੰਦ ਵਿਅਕਤੀ ਵਧੀਆ ਸਮਾਜ ਦੇ ਨਿਰਮਾਣ ਵਿੱਚ ਸਕਾਰਾਤਮਿਕ ਭੂਮਿਕਾਵਾਂ ਨਿਭਾਉਣ ਦੇ ਕਾਬਿਲ ਹੋ ਜਾਂਦਾ ਹੈ।ਰਿਜ਼ੋਰਟ ਉਪ ਮੈਨੇਜਰ ਜਯੋਤੀ ਸਿੰਘ ਅਤੇ ਕਲੱਬ ਦੇ ਸਾਬਕਾ ਪ੍ਰਧਾਨ ਵਿਕਰਮ ਗੁਪਤਾ ਅਤੇ ਸਕੱਤਰ ਵਿਤਿਨ ਪੁਰੀ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਹ ਪ੍ਰੋਜੈਕਟ ਨਿਯਮਤ ਰੂਪ ਵਿੱਚ ਕੀਤਾ ਜਾਵੇਗਾ।ਸਮੂਹ ਹਾਜ਼ਰ ਮੈਂਬਰਾਂ ਦਾ ਧੰਨਵਾਦ ਸਾਬਕਾ ਮੇਅਰ ਅਰੁਣ ਖੋਸਲਾ ਅਤੇ ਕਲੱਬ ਸਰਪ੍ਰਸ਼ਤ ਪ੍ਰਦੀਪ ਬੇਦੀ ਵਲੋਂ ਕੀਤਾ ਗਿਆ । ਇਸ ਮੌਕੇ ਰਣਜੀਤ ਪਾਬਲਾ, ਜੁਗਨੂ ਪੰਡਿਤ, ਰਣਵੀਰ ਪਰਮਾਰ,ਪ੍ਰੇਮ ਗੁਪਤਾ, ਨੀਰਜ ਬਖਸ਼ੀ. ਗੋਪਾਲ ਲੂੰਬਾ, ਅਜੇ ਅਗਰਵਾਲ, ਡਾ. ਅੰਜੂ ਸ਼ਰਮਾ, ਪ੍ਰਭਜੋਤ ਸਿੰਘ, ਹਾਜ਼ਰ ਸਨ ।

# ਦਰਬਾਰ ਚੋਲੀਪੁਰ ਦਾ ਸਾਲਾਨਾ ਸੂਫੀਆਨਾ ਜੋੜ ਮੇਲਾ ਸਫਲਤਾਪੂਰਵਕ ਸੰਪੰਨ



**ਅੱਡਾ ਸਰਾਂ (ਜਸਵੀਰ ਕਾਜਲ)**- ਬਾਬਾ ਹਰਸੈਹ ਅਤੇ ਬਾਬਾ ਮੇਹਰ ਸ਼ਾਹ ਦੇ ਦਰਬਾਰ ਚੋਲੀਪੁਰ ਨੇੜੇ ਪਿੰਡ ਧੁਰੀਆਂ ਸਰਾਈ ਵਿਖੇ 2 ਦਿਨਾਂ ਸਾਲਾਨਾ ਸੂਫੀਆਨਾ ਜੋੜ ਮੇਲਾ ਧੂਮ ਧਾਮ ਨਾਲ ਸੰਪੰਨ ਹੋ ਗਿਆ ਜਿਸ ਦੌਰਾਨ ਦੇਸ਼ ਵਿਦੇਸ਼ ਅਤੇ ਇਲਾਕੇ 'ਚੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਦਰਬਾਰ ਚੋਲੀਪੁਰ ਦੇ ਮੁੱਖ ਪ੍ਰਬੰਧਕ ਅਤੇ ਮੌਜੂਦਾ ਗੱਦੀਨਸ਼ੀਨ ਸੰਤ ਬਾਬਾ ਸੋਢੀ ਸ਼ਾਹ ਦੀ ਰਹਿਨੁਮਾਈ ਹੇਠ ਹੋਏ ਸਾਲਾਨਾ ਸੂਫੀਆਨਾ ਮੇਲੇ ਵਿੱਚ ਪੰਜਾਬ ਕੇਸਰੀ ਗਰੁੱਪ ਦੇ ਡਾਇਰੈਕਟਰ ਅਭਿਜੈ ਚੋਪੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਅਭਿਜੈ ਚੋਪੜਾ ਨੇ ਪਵਿੱਤਰ ਦਰਗਾਹ 'ਤੇ ਨਤ ਮਸਤਕ ਹੁੰਦੇ ਹੋਏ ਮੁੱਖ ਸੇਵਾਦਾਰ ਬਾਬਾ ਸੋਢੀ ਸ਼ਾਹ ਅਤੇ ਸਰਬੱਤ ਸੰਗਤਾਂ ਨੂੰ ਸਾਲਾਨਾ ਸੂਫੀਆਨਾ ਮੇਲੇ ਦੀ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਸ ਪਵਿੱਤਰ ਸਥਾਨ 'ਤੇ ਪਹੁੰਚ ਕੇ ਉਨ੍ਹਾਂ ਦੀ ਰੂਹ ਨੂੰ ਬਹੁਤ ਹੀ ਸਕੂਨ ਮਿਲਿਆ ਹੈ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ, ਡੀ.ਐਸ.ਪੀ ਟਾਂਡਾ ਸਿੰਘ ਬਾਜਵਾ, ਡੀ.ਐਸ.ਪੀ ਦੇਵ ਦੱਤ ਸ਼ਰਮਾ ਹੁਸ਼ਿਆਰਪੁਰ, ਡੀ.ਐਸ.ਪੀ ਰਜਿੰਦਰ ਕੁਮਾਰ, ਸਰ ਮਾਰਸ਼ਲ ਸਿੱਖਿਆ ਸੰਸਥਾਵਾਂ ਦੇ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ, ਯੂਥ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਭਾਜਪਾ ਦੇ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ, ਡਾ. ਕੁਲਦੀਪ ਸਿੰਘ, ਡਾ. ਸੰਜੀਵ ਸ਼ਰਮਾ, ਸਰਪੰਚ ਪਰਮਜੀਤ ਬਿੱਟੂ ਜੌਹਲ, ਸ਼ੁਭਮ ਸਹੋਤਾ, ਵਿਵੇਕ ਗੁਪਤਾ ਨੇ ਸਰਬੱਤ ਸੰਗਤ ਨੂੰ ਸਲਾਨਾ ਸੂਫੀਆਨਾ ਜੋੜ ਮੇਲੇ ਦੀ ਮੁਬਾਰਕਬਾਦ ਦਿੱਤੀ।ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਸੋਢੀ ਸ਼ਾਹ ਨੇ ਜੋੜ 'ਤੇ ਸੂਫੀਆਨਾ ਮੇਲੇ ਵਿੱਚ ਸਹਿਯੋਗ ਕਰਨ ਵਾਲੇ ਸਾਰੇ ਹੀ ਸੇਵਾਦਾਰਾਂ ਦਾ ਧੰਨਵਾਦ ਕਰਦੇ ਹੋਏ ਸਨਮਾਨਿਤ ਵੀ ਕੀਤਾ।

# ਕੇਂਦਰੀ ਟੀਮ ਨੇ ਜਲੰਧਰ ਜ਼ਿਲ੍ਹੇ 'ਚ ਪਾਣੀ ਦੀ ਸੰਭਾਲ ਸੰਬੰਧੀ ਪ੍ਰਾਜੈਕਟਾਂ ਦਾ ਲਿਆ ਜਾਇਜ਼ਾ



**ਜਲੰਧਰ (ਸ਼ੈਲੀ ਐਲਬਰਟ)** ਜਲ ਸ਼ਕਤੀ ਅਭਿਆਨ ਦੀ ਦੋ ਮੈਂਬਰੀ ਟੀਮ ਵੱਲੋਂ ਜ਼ਿਲ੍ਹੇ ਦਾ ਦੌਰਾ ਕਰਕੇ ਪਾਣੀ ਦੀ ਸੰਭਾਲ ਸਬੰਧੀ ਪ੍ਰਾਜੈਕਟਾਂ ਅਤੇ ਹੋਰ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ।ਆਪਣੇ ਦੌਰੇ ਦੌਰਾਨ ਕੇਂਦਰੀ ਟੀਮ, ਜਿਸ ਵਿੱਚ ਵਿੱਤੀ ਸੇਵਾਵਾਂ ਵਿਭਾਗ ਦੇ ਡਾਇਰੈਕਟਰ ਤੇ ਜਲ ਸ਼ਕਤੀ ਅਭਿਆਨ ਲਈ ਕੇਂਦਰੀ ਨੋਡਲ ਅਫ਼ਸਰ ਵਿਵੇਕ ਗੁਪਤਾ ਅਤੇ ਕੇਂਦਰੀ ਜਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਤੇ ਤਕਨੀਕੀ ਅਫ਼ਸਰ ਸੰਜੀਵ ਕੁਮਾਰ ਸ਼ਾਮਲ ਸਨ, ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦਾ ਦੌਰਾ ਕਰਕੇ ਪਾਣੀ ਦੀ ਸੰਭਾਲ ਸਬੰਧੀ ਕੀਤੇ ਜਾ ਰਹੇ ਯਤਨਾਂ ਦੀ ਸਮੀਖਿਆ ਕੀਤੀ।ਕੇਂਦਰੀ ਟੀਮ ਨੇ ਬਿਆਸ ਪਿੰਡ ਵਿਖੇ ਨਹਿਰ ਨਾਲ ਪਿੰਡ ਦੇ ਛੱਪੜ ਦੀ ਲਿੰਕਿੰਗ, ਸ਼ਕਰਪੁਰ ਤੇ ਕਡਿਆਣਾ ਵਿਖੇ ਚੈੱਕ ਡੈਮ, ਪਿੰਡ ਅਲਾਵਲਪੁਰ ਦੇ ਕਮਿਊਨਿਟੀ ਸੈਂਟਰ ਵਿਖੇ ਰੇਨ ਵਾਟਰ ਹਾਰਵੈਸਟਿੰਗ ਸਿਸਟਮ, ਸਿਕੰਦਰਪੁਰ ਤੇ ਜੰਡੂ ਸਿੰਘਾ ਵਿਖੇ ਥਾਪਰ ਮਾਡਲ ਤਲਾਬ, ਸੁਰਾਨੁੱਸੀ ਵਿਖੇ ਜੰਗਲਾਤ ਵਿਭਾਗ ਦੀ ਨਰਸਰੀ, ਪਿੰਡ ਉਦੇਸੀਆਂ ਵਿਖੇ ਸੀਵਰੇਜ ਟ੍ਰੀਟਮੈਂਟ ਪਲਾਂਟ ਦੇ ਪਾਣੀ ਨਾਲ ਸਿੰਜਾਈ ਸਬੰਧੀ ਪ੍ਰਾਜੈਕਟ, ਪਿੰਡ ਨੰਗਲ ਜੀਵਨ ਵਿਖੇ ਕੈਨਾਲ ਰੀਚਾਰਜ ਸਕੀਮ, ਪਿੰਡ ਨੂਹਮਹਿਲ ਵਿਖੇ ਤੁਪਕਾ ਸਿੰਚਾਈ ਪ੍ਰਣਾਲੀ ਸਮੇਤ ਪਾਣੀ ਦੀ ਸੁਚੱਜੀ ਵਰਤੋਂ ਸਬੰਧੀ ਹੋਰ ਪ੍ਰਾਜੈਕਟਾਂ ਨੂੰ ਗਹੁ ਨਾਲ ਵਾਚਿਆ।ਦੌਰੇ ਉਪਰੰਤ ਕੇਂਦਰੀ ਟੀਮ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪ੍ਰਸ਼ਾਸਨਿਕ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬੁੱਧੀ ਰਾਜ ਸਿੰਘ ਨੇ ਕੇਂਦਰੀ ਟੀਮ ਨੂੰ ਸਾਲ 2024-25 ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਾਣੀ ਦੀ ਸੰਭਾਲ ਲਈ ਕੀਤੇ ਗਏ ਕਾਰਜਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ।ਇਸ ਤੋਂ ਇਲਾਵਾ ਦੱਸਿਆ ਕਿ ਸਾਲ 2025-26 ਦੌਰਾਨ ਹੁਣ ਤੱਕ 354 ਛੱਪੜਾਂ ਦੀ ਸਫਾਈ ਅਤੇ ਸੁਰਜੀਤੀਕਰਨ ਕੀਤਾ ਗਿਆ ਹੈ। ਇਸੇ ਤਰ੍ਹਾਂ 23 ਚੈੱਕ ਡੈਮਾਂ ਦੀ ਉਸਾਰੀ, 9 ਨਵੇਂ ਛੱਪੜਾਂ ਦਾ ਨਿਰਮਾਣ ਤੇ ਨਹਿਰਾਂ ਨਾਲ ਲਿੰਕਿੰਗ, 62 ਰੇਨ ਵਾਟਰ ਹਾਰਵੈਸਟਿੰਗ ਸਟਰਕਚਰਾਂ ਤੋਂ ਇਲਾਵਾ 70 ਸੋਕ ਪਿੱਟ ਵੀ ਬਣਾਏ ਗਏ ਹਨ।ਦੌਰੇ ਦੌਰਾਨ ਐਕਸੀਅਨ ਬਿਸਤ ਦੋਆਬ ਜਲੰਧਰ ਦਵਿੰਦਰ ਸਿੰਘ, ਐਸ.ਡੀ.ਓ. ਗਰਾਊਂਡ ਵਾਟਰ ਜਗਵਿੰਦਰ ਸਿੰਘ, ਸਬ ਡਵੀਜ਼ਨਲ ਭੂਮੀ ਸੰਭਾਲ ਅਫ਼ਸਰ ਇੰਜ. ਲੁਪਿੰਦਰ ਕੁਮਾਰ, ਭੂਮੀ ਸੰਭਾਲ ਅਫ਼ਸਰ ਅਮਰਜੀਤ ਸਿੰਘ ਆਦਿ ਵੀ ਮੌਜੂਦ ਸਨ।

# ਰਜਿੰਦਰ ਸਿੰਘ ਨਿੱਝਰ ਨੂੰ ਸ਼ਰਧਾਂਜਲੀਆਂ



**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਨਜ਼ਦੀਕ ਪਿੰਡ ਕਡਿਆਣਾ ਦੇ ਸਾਬਕਾ ਸਰਪੰਚ ਹਰਜੋਤ ਸਿੰਘ ਨਿੱਝਰ ਦੇ ਪਿਤਾ ਰਜਿੰਦਰ ਸਿੰਘ ਨਿੱਝਰ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਸਿੰਘ ਸਭਾ ਪਿੰਡ ਕਡਿਆਣਾ ਵਿਖੇ ਪਾਏ ਗਏ। ਜਿਸ ਵਿਚ ਭਾਈ ਅਨੰਤਵੀਰ ਸਿੰਘ ਚੰਡੀਗੜ੍ਹ ਵਾਲਿਆਂ ਨੇ ਕੀਰਤਨ ਕੀਤਾ। ਉਪਰੰਤ ਵੱਖ-ਵੱਖ ਰਾਜਨੀਤਕ ਧਾਰਮਿਕ ਆਗੂ, ਜਿਨ੍ਹਾਂ 'ਚ ਪਵਨ ਕੁਮਾਰ ਟੀਨੂੰ ਚੇਅਰਮੈਨ ਕੋਆਪਰੇਟਿਵ ਸੁਸਾਇਟੀ ਪੰਜਾਬ, ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਆਦਮਪੁਰ, ਗੁਰਦਿਆਲ ਸਿੰਘ ਨਿੱਝਰ ਸੀਨੀਅਰ ਅਕਾਲੀ, ਦਲਜੀਤ ਸਿੰਘ ਮਿਨਹਾਸ ਆਦਮਪੁਰ ਕੁਆਰਡੀਨੇਟਰ ਨਸ਼ਾ ਮੁਕਤੀ, ਬਲਵੀਰ ਸਿੰਘ ਫੁਗਲਾਣਾ, ਗੁਰਦੀਪ ਸਿੰਘ ਕਾਲਰਾ , ਹਰਜੋਤ ਸਿੰਘ ਨਿੱਝਰ, ਹਰਦੀਪ ਸਿੰਘ ਨਿੱਝਰ, ਰਾਜਵਿੰਦਰ ਕੌਰ, ਗੁਰਦੇਵ ਕਰ, ਹਰਮੀਤ ਕੌਰ ਸੰਘਾ, ਜਤਿੰਦਰ ਸਿੰਘ ਸੰਘਾ, ਹਰਜੀਤ ਕੌਰ ਧਾਲੀਵਾਲ ਤੇ ਹਰਜੀਤ ਸਿੰਘ ਧਾਰੀਵਾਲ, ਹਰਦੀਪ ਸਿੰਘ ਨਿੱਝਰ, ਮੱਖਣ ਸਿੰਘ ਸਾਬਕਾ ਸਰਪੰਚ ਨਰੰਗਪੁਰ, ਹਰਕੀਤ ਸਿੰਘ ਭੇਲਾ, ਬਲਜੀਤ ਸਿੰਘ ਨਿੱਝਰ ਜਲਭੇ, ਸੁਖਜੋਤ ਭੇਲਾ, ਚਰਨਜੀਤ ਸਿੰਘ ਸ਼ੇਰੀ, ਜੋਗੀ ਗਾਂਧੀ, ਰਘਵੀਰ ਸਿੰਘ ਨਿੱਝਰ, ਸਰਪੰਚ ਲਖਬੀਰ ਸਿੰਘ, ਅਵਤਾਰ ਸਿੰਘ, ਗੁਰਮਿੰਦਰ ਸਿੰਘ ਕਿਸ਼ਨਪੁਰ, ਗੁਰਦੀਪ ਸਿੰਘ ਕਾਲਰਾ, ਸਰਪੰਚ ਜਰਨੈਲ ਸਿੰਘ ਦੂਹੜਾ, ਮਿੰਟੂ ਦੂਹੜਾ, ਰਮਨਜੀਤ ਕਡਿਆਣਾ, ਜੋਗਿੰਦਰ ਸਿੰਘ, ਬਲਰਾਜ ਸਿੰਘ, ਜਸਵਿੰਦਰ ਸਿੰਘ ਸੁੱਖੀ, ਸਮੇਤ ਪਿੰਡ ਵਾਸੀਆਂ ਤੇ ਹੋਰ ਆਗੂਆਂ, ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸਵ. ਰਜਿੰਦਰ ਸਿੰਘ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

# ਸੀ ਟੀ ਗਰੁੱਪ ਨੇ 'ਯੋਗਾ ਫਾਰ ਵਨ ਅਰਥ, ਵਨ ਹੈੱਲਥ' ਥੀਮ ਨਾਲ ਮਨਾਇਆ ਯੋਗ ਦਿਵਸ



**ਜਲੰਧਰ (ਸ਼ੈਲੀ ਐਲਬਰਟ)** ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸ਼ਾਹਪੁਰ ਅਤੇ ਮਕਸੂਦਾਨ ਕੈਂਪਸ ਤੋਂ ਲੈ ਕੇ ਸੀ.ਟੀ. ਵਰਲਡ ਸਕੂਲ ਅਤੇ ਸੀ.ਟੀ. ਪਬਲਿਕ ਸਕੂਲ ਤੱਕ, ਸਾਰਿਆਂ ਨੇ ਆਪਣੇ-ਆਪਣੇ ਸਥਾਨਾਂ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ, ਜਿਸ ਵਿੱਚ ਯੋਗ ਦੇ ਮੁੱਖ ਸਿਧਾਂਤ ਅਤੇ ਅਭਿਆਸ ਨੂੰ ਪ੍ਰੋਤਸਾਹਿਤ ਕੀਤਾ ਗਿਆ। ਇਹ ਸਮਾਗਮ ਇਸ ਸਾਲ ਦੀ ਵਿਸ਼ਵਵਿਆਪੀ ਥੀਮ, 'ਯੋਗਾ ਫੌਰ ਵਨ ਅਰਥ, ਵਨ ਹੈਲਥ' ਦੇ ਅਨੁਸਾਰ ਆਯੋਜਿਤ ਕੀਤਾ ਗਿਆ ਸੀ, ਜੋ ਕਿ ਵਿਅਕਤੀਗਤ ਤੰਦਰੁਸਤੀ ਅਤੇ ਧਰਤੀ ਦੀ ਸਿਹਤ ਵਿਚਕਾਰ ਸਬੰਧ ਨੂੰ ਉਜਾਗਰ ਕਰਦਾ ਹੈ।ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਹਿੱਤਕਾਰੀਆਂ ਨੇ ਸਿਖਲਾਈ ਪ੍ਰਾਪਤ ਇੰਸਟ੍ਰਕਟਰਾਂ ਦੁਆਰਾ ਕਰਵਾਏ ਗਏ ਯੋਗ ਸੈਸ਼ਨਾਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਇਹਨਾਂ ਸੈਸ਼ਨਾਂ ਵਿੱਚ ਨਾ ਸਿਰਫ਼ ਯੋਗ ਮੁਦਰਾਵਾਂ ਅਤੇ ਸਾਹ ਲੈਣ ਦੀਆਂ ਤਕਨੀਕਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ, ਸਗੋਂ ਆਪਣੇ ਅੰਦਰ ਅਤੇ ਕੁਦਰਤ ਨਾਲ ਸੁਮੇਲ ਦੇ ਡੂੰਘੇ ਦਰਸ਼ਨ 'ਤੇ ਵੀ ਜ਼ੋਰ ਦਿੱਤਾ ਗਿਆ। ਇਸ ਕਾਰਜਕ੍ਰਮ ਵਿੱਚ ਸੀਨੀਅਰ ਲੀਡਰਸ਼ਿਪ, ਫੈਕਲਟੀ ਅਤੇ ਅਕਾਦਮਿਕ ਹੈਡਜ਼ ਦੀ ਮੌਜੂਦਗੀ ਰਹੀ, ਜਿਨ੍ਹਾਂ ਨੇ ਸਾਰਿਆਂ ਨੂੰ ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਇਹਨਾਂ ਸਾਂਝੇ ਪ੍ਰਯਾਸਾਂ ਰਾਹੀਂ, ਸੀ.ਟੀ. ਗਰੁੱਪ ਨੇ ਸਮੁੱਚੀ ਤੰਦਰੁਸਤੀ ਅਤੇ ਟਿਕਾਊ ਜੀਵਨ ਸ਼ੈਲੀ ਪ੍ਰਤੀ ਆਪਣੀ ਪ੍ਰਤੀਬੱਧਤਾ ਨੂੰ ਦੁਹਰਾਇਆ।ਇਸ ਮੌਕੇ 'ਤੇ ਸੀ.ਟੀ. ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ, 'ਯੋਗ ਸਾਨੂੰ ਆਪਣੇ ਆਪ ਨਾਲ, ਦੂਜਿਆਂ ਨਾਲ ਅਤੇ ਧਰਤੀ ਨਾਲ ਜੋੜਦਾ ਹੈ।ਇਹ ਸਿਰਫ਼ ਇੱਕ ਸਰੀਰਕ ਕਸਰਤ ਨਹੀਂ, ਸਗੋਂ ਸੰਤੁਲਨ ਅਤੇ ਜਾਗਰੂਕਤਾ ਦਾ ਦਰਸ਼ਨ ਹੈ। ਸੀ ਟੀ ਵਿੱਚ, ਅਸੀਂ ਆਪਣੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਇਸ ਸਦੀਵੀ ਅਭਿਆਸ ਨੂੰ ਜੀਵਨ ਸ਼ੈਲੀ ਦੇ ਰੂਪ ਵਿੱਚ ਅਪਨਾਉਣ ਲਈ ਪ੍ਰੇਰਿਤ ਕਰਦੇ ਹਾਂ।'

# ਕੇ ਆਈ ਐੱਲ ਚਾਂਦ ਟਰੱਸਟ ਨੇ ਲੋੜਵੰਦ ਨੂੰ ਭੇਟ ਕੀਤੀ ਵ੍ਹੀਲ ਚੇਅਰ



**ਫਗਵਾੜਾ (ਡਾ. ਰਮਨ)** ਕੇ.ਐਲ. ਚਾਂਦ ਵੈਲਫੇਅਰ ਟਰੱਸਟ ਯੂ.ਕੇ. ਦੀ ਪੰਜਾਬ ਇਕਾਈ ਨੇ ਇਕ ਹੋਰ ਨੇਕ ਉਪਰਾਲਾ ਕਰਦੇ ਹੋਏ ਪਿੰਡ ਚੱਕ ਪ੍ਰੇਮਾ ਦੇ ਇਕ ਲੋੜਵੰਦ ਦਿਵਿਆਂਗ ਵਿਅਕਤੀ ਨੂੰ ਵ੍ਹੀਲ ਚੇਅਰ ਭੇਟ ਕੀਤੀ ਹੈ।ਟਰੱਸਟ ਦੇ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਟਰੱਸਟ ਮੈਂਬਰਾਂ ਨੇ ਵ੍ਹੀਲ ਚੇਅਰ ਭੇਟ ਕਰਦੇ ਹੋਏ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਦੌਰਾਨ ਪਿੰਡ ਦੇ ਸਰਪੰਚ ਮਨਜੀਤ ਕੌਰ ਤੋਂ ਇਲਾਵਾ ਪੰਚਾਇਤ ਮੈਂਬਰ ਸੰਤੋਸ਼ ਕੁਮਾਰੀ, ਕੁਲਵਿੰਦਰ ਕੌਰ, ਪਰਵੀਨ ਕੌਰ, ਪੂਨਮ ਅਤੇ ਰੋਜ਼ੀ ਨੇ ਟਰੱਸਟ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕੀਤੀ।ਉਹਨਾਂ ਕਿਹਾ ਕਿ ਅਜਿਹੇ ਉਪਰਾਲੇ ਲੋੜਵੰਦ ਪਰਿਵਾਰਾਂ ਲਈ ਬਹੁਤ ਲਾਹੇਵੰਦ ਸਾਬਿਤ ਹੁੰਦੇ ਹਨ। ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਨੇ ਦੇਸ਼ ਵਿਦੇਸ਼ 'ਚ ਵਸਦੇ ਸਮੂਹ ਟਰੱਸਟ ਮੈਂਬਰਾਂ, ਸਹਿਯੋਗੀਆਂ ਅਤੇ ਪਤਵੰਤਿਆਂ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਟਰੱਸਟ ਦਾ ਸੀਨੀਅਰ ਮੈਂਬਰ ਸ਼ਿੰਗਰਾ ਰਾਮ, ਜਸਵਿੰਦਰ ਸਿੰਘ ਭਗਤਪੁਰਾ, ਜਸਵਿੰਦਰ ਢੱਡਾ, ਕੈਸ਼ੀਅਰ ਆਸ਼ਾ ਰਾਣੀ ਚੁੰਬਰ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਕੈਲਵਿਨ ਚੁੰਬਰ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

# ਰੰਧਾਵਾ ਦੇ 'ਜਨਤਾ ਦਰਬਾਰ' 'ਚ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੱਲ



**ਡੇਰਾਬੱਸੀ (ਵਿਨੈ ਕੁਮਾਰ ਜੈਨ)** ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਜੱਦੀ ਪਿੰਡ ਬਾਕਰਪੁਰ ਵਿੱਚ ਹਰ ਰੋਜ਼ ਜਨਤਕ ਸੁਣਵਾਈਆਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਂਦਾ ਹੈ।ਪਿਛਲੇ ਢਾਈ ਸਾਲਾਂ ਤੋਂ ਵਿਧਾਇਕ ਰੰਧਾਵਾ ਲੋਕਾਂ ਦੀਆਂ ਸ਼ਿਕਾਇਤਾਂ ਅਤੇ ਚਿੰਤਾਵਾਂ ਸੁਣਨ ਅਤੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦੇਣ ਲਈ ਆਪਣਾ ਸਵੇਰਾ ਬਿਤਾਉਂਦੇ ਰਹੇ ਹਨ।ਹਰ ਰੋਜ਼ ਹੋਣ ਵਾਲੇ ਇਸ ਜਨਤਾ ਦਰਬਾਰ ਵਿੱਚ ਆਮ ਆਦਮੀ ਪਾਰਟੀ ਨਾਲ ਸਬੰਧਤ ਲੋਕਾਂ ਦੇ ਹੀ ਨਹੀਂ ਸਗੋਂ ਵਿਰੋਧੀ ਧਿਰਾਂ ਦੇ ਕੰਮ ਨੂੰ ਵੀ ਨਤੀਜਿਆਂ ਦੇ ਆਧਾਰ 'ਤੇ ਪਰਖਿਆ ਜਾਂਦਾ ਹੈ।ਉਨ੍ਹਾਂ ਦੇ ਸਮਰਪਣ ਨੇ ਵਿਧਾਇਕ ਰੰਧਾਵਾ ਦੀ ਆਪਣੇ ਭਾਈਚਾਰੇ ਦੀ ਸੇਵਾ ਪ੍ਰਤੀ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ।ਵਿਧਾਇਕ ਰੰਧਾਵਾ ਦੇ ਰੁਝੇਵਿਆਂ ਕਾਰਨ ਉਨ੍ਹਾਂ ਨੂੰ ਅਕਸਰ ਆਪਣੇ ਪਰਿਵਾਰ ਲਈ ਬਹੁਤ ਘੱਟ ਸਮਾਂ ਮਿਲਦਾ ਹੈ।ਹਾਲਾਂਕਿ, ਉਸਦਾ ਮੰਨਣਾ ਹੈ ਕਿ ਉਸਦੀ ਤਰਜੀਹ ਲੋਕਾਂ ਦੁਆਰਾ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਨਿਭਾਉਣਾ ਹੈ। ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ, 'ਮੈਂ ਆਪਣੇ ਭਾਈਚਾਰੇ ਦੀ ਸੇਵਾ ਕਰਨ ਦੇ ਮੌਕੇ ਲਈ ਧੰਨਵਾਦੀ ਹਾਂ ਅਤੇ ਮੈਂ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਅਤੇ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਹਰ ਸੰਭਵ ਤਰੀਕੇ ਨਾਲ ਵਚਨਬੱਧ ਹਾਂ।' ਉਨ੍ਹਾਂ ਦੇ ਜੱਦੀ ਪਿੰਡ ਬਾਕਰਪੁਰ ਵਿੱਚ ਰੋਜ਼ਾਨਾ ਜਨਤਕ ਸੁਣਵਾਈ ਡੇਰਾਬੱਸੀ ਵਿਧਾਨ ਸਭਾ ਦੇ ਲੋਕਾਂ ਲਈ ਆਪਣੀਆਂ ਸ਼ਿਕਾਇਤਾਂ ਨੂੰ ਪ੍ਰਗਟ ਕਰਨ ਅਤੇ ਨਿਪਟਾਰੇ ਦੀ ਮੰਗ ਕਰਨ ਦਾ ਇੱਕ ਪਲੇਟਫਾਰਮ ਬਣ ਗਿਆ ਹੈ।ਵਿਧਾਇਕ ਰੰਧਾਵਾ ਲੋਕਾਂ ਦੇ ਨਿੱਜੀ ਮਸਲਿਆਂ ਤੋਂ ਇਲਾਵਾ ਬੁਨਿਆਦੀ ਢਾਂਚੇ, ਸਿੱਖਿਆ ਅਤੇ ਸਿਹਤ ਸੰਭਾਲ ਵਰਗੇ ਮੁੱਦਿਆਂ ਨੂੰ ਹੱਲ ਕਰਨ ਲਈ ਸਰਗਰਮੀ ਨਾਲ ਜੁਟੇ ਹੋਏ ਹਨ। ਉਸ ਦੇ ਯਤਨਾਂ ਦੇ ਨਤੀਜੇ ਵਜੋਂ ਬਹੁਤ ਸਾਰੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਹੋਇਆ ਹੈ, ਜਿਸ ਨਾਲ ਉਸ ਨੂੰ ਸਮਾਜ ਦਾ ਸਤਿਕਾਰ ਅਤੇ ਪ੍ਰਸ਼ੰਸਾ ਮਿਲੀ ਹੈ।ਵਿਧਾਇਕ ਰੰਧਾਵਾ ਦੀ ਲੋਕ ਸੇਵਕ ਵਜੋਂ ਆਪਣੀ ਭੂਮਿਕਾ ਪ੍ਰਤੀ ਸਮਰਪਣ ਭਾਵਨਾ ਕਿਸੇ ਤੋਂ ਲੁਕੀ ਨਹੀਂ ਹੈ। ਉਨ੍ਹਾਂ ਦੀ ਰੋਜ਼ਾਨਾ ਜਨਤਕ ਸੁਣਵਾਈ ਡੇਰਾਬੱਸੀ ਵਿਧਾਨ ਸਭਾ ਦੇ ਲੋਕਾਂ ਦੀ ਸੇਵਾ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦਾ ਪ੍ਰਤੀਕ ਬਣ ਗਈ ਹੈ।

# ਇਨੋਸੈਂਟ ਹਾਰਟਸ ਨੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ



**ਜਲੰਧਰ (ਸ਼ੈਲੀ ਐਲਬਰਟ)** ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਈ ਜਾ ਰਹੀ ਦਿਸ਼ਾ - ਐਨ ਇਨੀਸ਼ੀਏਟਿਵ ਦੇ ਦੂਰਦਰਸ਼ੀ ਅਗਵਾਈ ਹੇਠ, ਇਨੋਸੈਂਟ ਹਾਰਟਸ ਗਰੁੱਪ ਨੇ ਆਪਣੇ ਸਾਰੇ ਕੈਂਪਸਾਂ ਵਿੱਚ 11ਵਾਂ ਅੰਤਰਰਾਸ਼ਟਰੀ ਯੋਗ ਦਿਵਸ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ।ਇਸ ਸਾਲ ਦੀ ਗਲੋਬਲ ਥੀਮ, 'ਯੋਗਾ ਫੋਰ ਵਨ ਅਰਥ ਵਨ ਹੈਲਥ', ਨੇ ਏਕਤਾ, ਤੰਦਰੁਸਤੀ ਅਤੇ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੇ ਗਏ ਅਰਥਪੂਰਨ ਅਤੇ ਪੁਨਰ ਸਥਾਪਨਾ ਸੈਸ਼ਨਾਂ ਦੀ ਇੱਕ ਲੜੀ ਲਈ ਇੱਕ ਮਹੌਲ ਨਿਰਧਾਰਤ ਕੀਤਾ ਗਿਆ। ਇਹ ਸਮਾਰੋਹ ਸਾਰੇ ਪੰਜ ਸਕੂਲਾਂ-ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਕਪੂਰਥਲਾ ਰੋਡ, ਅਤੇ ਨੂਰਪੁਰ ਰੋਡ , ਨਾਲ ਹੀ ਇੰਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਅਤੇ ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਲੋਹਾਰਾਂ ਵਿੱਚ ਵੀ ਆਯੋਜਿਤ ਕੀਤਾ ਗਿਆ।ਆਪਣੇ-ਆਪਣੇ ਕੈਂਪਸਾਂ ਵਿੱਚ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ, ਜਿਸ ਵਿੱਚ ਮਾਨਸਿਕਤਾ ਅਤੇ ਵਿਸ਼ਵਵਿਆਪੀ ਏਕਤਾ ਦੀ ਸੱਚੀ ਭਾਵਨਾ ਨੂੰ ਮੂਰਤੀਮਾਨ ਕੀਤਾ ਗਿਆ। ਸਮੂਹਿਕ ਅਨੁਭਵ ਨੇ ਸ਼ਾਂਤੀ ਅਤੇ ਸੰਪਰਕ ਦਾ ਮਾਹੌਲ ਬਣਾਇਆ, ਜੋ ਯੋਗ ਦੇ ਡੂੰਘੇ ਸੰਦੇਸ਼ ਨੂੰ ਤੰਦਰੁਸਤੀ ਲਈ ਇੱਕ ਵਿਸ਼ਵਵਿਆਪੀ ਸ਼ਕਤੀ ਵਜੋਂ ਗੂੰਜਦਾ ਹੈ। ਇਸ ਪਹਿਲ ਨੇ ਇੰਨੋਸੈਂਟ ਹਾਰਟਸ ਕੈਂਪਸ ਦੇ ਅਜਿਹੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਜੋ ਸੰਪੂਰਨ ਤੰਦਰੁਸਤੀ, ਭਾਵਨਾਤਮਕ ਸੰਤੁਲਨ ਅਤੇ ਅਧਿਆਤਮਿਕ ਸਦਭਾਵਨਾ ਨੂੰ ਮਹੱਤਵ ਦਿੰਦਾ ਹੈ।

24-JUNE-PAGE-10.qxd 6/23/2025 10:42 PM Page 1



## ਗੁਰੂ ਪ੍ਰੇਮ ਨਾਲ ਭਰਪੂਰ ਤਨ-ਮਨ ਹੀ ਇੱਕ ਸੇਵਕ ਦੀ ਸੱਚੀ ਪਹਿਚਾਣ : ਭਾਰਤੀ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਰਾਕਮ ਭੱਟੀ)**-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਦੇ ਸਥਾਨਕ ਆਸ਼ਰਮ ਵਿਖੇ ਸਪਤਾਹਿਕ ਸਤਿਸੰਗ ਕੀਤਾ ਗਿਆ।ਇਸ ਮੌਕੇ ਪ੍ਰਵਚਨ ਕਰਦੇ ਹੋਏ ਸ੍ਰੀ ਗੁਰੂ ਆਸ਼ੂਤੋਸ਼ ਮਹਾਰਾਜ ਦੀ ਪਰਮ ਸੇਵਿਕਾ ਸਾਧਵੀ ਪਲਕ ਭਾਰਤੀ ਨੇ ਦੱਸਿਆ ਕਿ ਗੁਰੂ ਪ੍ਰੇਮ ਇੱਕ ਅਜਿਹਾ ਅਲੌਕਿਕ ਬ੍ਰਿਖ ਹੈ, ਜਿਸ ਉੱਪਰ ਆਤਮਿਕ ਆਨੰਦ ਦੇ ਫਲ ਲੱਗਦੇ ਹਨ ਤੇ ਸੇਵਕ ਦੇ ਹਿਰਦੇ ਅੰਦਰ ਪਲਦਾ ਗੁਰੂ ਪ੍ਰੇਮ ਇੱਕ ਉਤਸਵ ਹੈ, ਉਸ ਦੇ ਜੀਵਨ ਦਾ ਸਾਰ ਹੈ।ਜਿਸ ਦੇ ਹਿਰਦੇ ਰੂਪੀ ਸਰੋਵਰ 'ਚ ਪ੍ਰੇਮ ਦੇ ਕਮਲ ਖਿੜਦੇ ਹਨ, ਉੱਥੇ ਹਮੇਸ਼ਾ ਬਹਾਰ ਬਣੀ ਰਹਿੰਦੀ ਹੈ।ਸ਼ਾਇਦ ਇਸੇ ਲਈ ਹੀ ਕਿਹਾ ਗਿਆ ਹੈ ਕਿ ਗੁਰੂ ਭਗਤ ਦੇ ਜੀਵਨ 'ਚ ਸਦਾ ਬਸੰਤ ਰਹਿੰਦੀ ਹੈ।ਗੁਰੂ ਭਗਤੀ ਨਾਲ ਭਿੱਜੇ ਨੈਣ ਤੇ ਗੁਰੂ ਪ੍ਰੇਮ ਨਾਲ ਭਰਪੂਰ ਤਨ-ਮਨ ਇਹੀ ਤਾਂ ਇੱਕ ਸੇਵਕ ਦੀ ਸੱਚੀ ਪਹਿਚਾਣ ਹਨ।ਉਨ੍ਹਾਂ ਕਿਹਾ ਕਿ ਜਿਸ ਸੇਵਕ ਦੇ ਹਿਰਦੇ ਅੰਦਰ ਆਪਣੇ ਗੁਰੂ ਲਈ ਪ੍ਰੇਮ ਹੋਇਆ ਕਰਦਾ ਹੈ, ਉਸ ਅੰਦਰ ਪਵਿੱਤਰਤਾ ਆਦਿ ਗੁਣਾਂ ਦਾ ਵਾਸ ਖ਼ੁਦ ਹੀ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜਿਸ ਪ੍ਰਕਾਰ ਇੱਕ ਨਦੀ ਜਦੋਂ ਤੱਕ ਪ੍ਰਵਾਹਮਾਨ ਬਣੀ ਰਹਿੰਦੀ ਹੈ, ਉਹ ਪਵਿੱਤਰ ਹੁੰਦੀ ਹੈ।ਰੁਕਣ ਤੋਂ ਬਾਅਦ ਉਹੀ ਪਾਣੀ ਤਲਾਬ ਵਿੱਚ ਸੜਨ ਲੱਗਦਾ ਹੈ, ਇਸ ਲਈ ਪਵਿੱਤਰਤਾ ਤੇ ਨਿਰਮਲਤਾ ਉੱਥੇ ਹੀ ਹੁੰਦੀ ਹੈ, ਜਿੱਥੇ ਪ੍ਰਵਾਹ ਹੈ, ਠਹਿਰਾਅ ਨਹੀਂ।ਮੋਹ ਠਹਿਰਾਅ ਹੈ, ਜੋ ਕਿਸੇ ਵੀ ਵਿਅਕਤੀ, ਵਸਤੂ ਤੇ ਸਥਾਨ 'ਤੇ ਠਹਿਰ ਜਾਂਦਾ ਹੈ, ਪ੍ਰੰਤੂ ਪ੍ਰੇਮ ਇੱਕ ਨਿਰੰਤਰ ਪ੍ਰਵਾਹ ਹੈ, ਜੋ ਸਾਨੂੰ ਹਰ ਵੇਲੇ ਉੱਜਲ ਤੇ ਪਵਿੱਤਰ ਬਣਾਉਂਦਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਾਮਲ ਹੋ ਕੇ ਅਲੌਕਿਕ ਪ੍ਰਵਚਨਾਂ ਨੂੰ ਸੁਣਿਆ।

## ਰੈੱਡ ਕਰਾਸ ਸੁਸਾਇਟੀ ਵੱਲੋਂ ਖੂਨਦਾਨੀਆਂ ਦਾ ਸਨਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਇਹ ਸ਼ਹਿਰ ਜੋ ਕਿ ਖੂਨਦਾਨੀਆਂ ਦਾ ਸ਼ਹਿਰ ਹੈ, ਖੂਨਦਾਨੀਆਂ ਦੀ ਨਗਰੀ ਨਾਲ ਵੀ ਮਸ਼ਹੂਰ ਹੈ।ਇੱਥੋਂ ਦੀ 12% ਅਬਾਦੀ ਖੂਨਦਾਨੀ ਹੈ ਤੇ ਏਸ਼ੀਆ ਵਿੱਚ ਪਹਿਲੇ ਨੰਬਰ 'ਤੇ ਹੈ।ਅੱਜ ਜ਼ਿਲ੍ਹਾ ਬਠਿੰਡਾ ਵਿਖੇ 100 ਵਾਰ ਤੋਂ ਵੱਧ ਖੂਨਦਾਨ ਕਰਨ ਵਾਲੇ 15 ਖੂਨਦਾਨੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਭਾਰਤੀ ਰੈੱਡ ਕਰਾਸ ਸੋਸਾਇਟੀ ਜ਼ਿਲ੍ਹਾ ਬਠਿੰਡਾ ਵੱਲੋਂ ਸਮਾਗਮ ਦੇ ਮੁੱਖ ਮਹਿਮਾਨ ਸ਼ੌਕਤ ਅਹਿਮਦ ਪਰੇ ਡਿਪਟੀ ਕਮਿਸ਼ਨਰ ਬਠਿੰਡਾ ਨੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਰਾਮਪੁਰਾ ਫੂਲ ਦੇ 9 ਖੂਨਦਾਨੀ ਸੁਰਿੰਦਰ ਗਰਗ, ਪਵਨ ਮਹਿਤਾ, ਰਾਜ ਕੁਮਾਰ ਜੋਸ਼ੀ, ਸੁੰਦਰ ਲਾਲ, ਗਿਆਨ ਤਨਵਰ, ਕਮਲੇਸ਼ ਕੁਮਾਰ ਤੇ ਸੋਹਣ ਲਾਲ ਸਨ।ਇਸ ਤੋਂ ਇਲਾਵਾ ਪੰਜਾਬ ਵਿੱਚ ਸਭ ਤੋਂ ਵੱਧ ਖੂਨ ਦਾਨ ਕਰਨ ਵਾਲੀਆਂ ਲੇਡੀਜ਼ ਖੂਨਦਾਨੀ ਸਰੋਜ ਸ਼ਾਹੀ ਤੇ ਸ਼ੀਲਾ ਦੇਵੀ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਮੈਡਮ ਪੂਨਮ ਏ.ਡੀ.ਸੀ. ਬਠਿੰਡਾ ਤੇ ਨਰਿੰਦਰ ਸਿੰਘ ਧਾਲੀਵਾਲ, ਜਤਿੰਦਰ ਭੱਲਾ (ਚੇਅਰਮੈਨ ਇਮਪਰੂਵਮੈਂਟ ਟਰਸਟ, ਬਠਿੰਡਾ), ਦਰਸ਼ਨ ਕੁਮਾਰ (ਸਕੱਤਰ ਰੈੱਡ ਕਰਾਸ) ਤੇ ਹਰਜੀਤ ਸਿੰਘ ਬਠਿੰਡਾ ਮੌਜੂਦ ਸਨ।ਉਪਰੋਕਤ ਸਾਰੇ ਪਤਵੰਤੇ ਸੱਜਣਾਂ ਨੇ ਸਾਰੇ ਖੂਨਦਾਨੀਆਂ ਨੂੰ ਵਧਾਈ ਦਿੱਤੀ ਤੇ ਇਸ ਕਾਰਜ ਨੂੰ ਹੋਰ ਪ੍ਰਫੁੱਲਤ ਕਰਨ ਦੀ ਪ੍ਰੇਰਣਾ ਦਿੱਤੀ।

## ਹੈਲਿਕਸ ਸਕੂਲ ਵੱਲੋਂ ਯੋਗਾ ਦਿਵਸ ਮੌਕੇ ਮੈਰਾਥਨ ਦੌੜ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹੈਲਿਕਸ ਆਕਸਫੋਰਡ ਸਮਾਰਟ ਸਕੂਲ ਵੱਲੋਂ ਅੰਤਰਰਾਸ਼ਟਰੀ ਯੋਗਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਇਸ ਦੌਰਾਨ ਸਵੇਰੇ ਤੜਕਸਾਰ ਸਕੂਲ ਦੇ ਵਿਹੜੇ ਵਿੱਚ ਯੋਗਾ ਦੇ ਮਾਹਰ ਅਧਿਆਪਕਾਂ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੂੰ ਯੋਗਾ ਰਾਹੀਂ ਸਿਹਤਮੰਦ ਰਹਿਣ ਦੇ ਗੁਣ ਦੱਸੇ ਗਏ।ਇਸ ਦੌਰਾਨ ਸਕੂਲ ਪ੍ਰਬੰਧਕਾਂ ਵੱਲੋਂ ਚੰਗੀ ਸਿਹਤ ਦਾ ਸੰਦੇਸ਼ ਦੇਣ ਲਈ ਮੈਰਾਥਨ ਦੌੜ ਦਾ ਆਯੋਜਨ ਕੀਤਾ ਗਿਆ।ਸਕੂਲ ਤੋਂ ਪਿੰਡ ਕਾਹਨਗੜ੍ਹ ਤੱਕ ਸੈਂਕੜਿਆਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਵੱਲੋਂ ਕੱਢੀ ਗਈ ਮੈਰਾਥਨ ਦੌੜ ਨੂੰ ਸਕੂਲ ਦੇ ਪ੍ਰਿੰਸੀਪਲ ਅਮਰਜੋਤ ਕੌਰ ਹਰੀਕਾ, ਡਾਇਰੈਕਟਰ ਦਵਿੰਦਰ ਕੌਰ ਤੇ ਵਾਈਸ ਪ੍ਰਿੰਸੀਪਲ ਮੰਨਤ ਕੌਰ ਹਰੀਕਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਮਾਪਿਆਂ ਲਈ ਕੋਲਡ ਪਲੰਜ ਗਤੀਵਿਧੀ ਕਰਵਾਈ ਗਈ, ਜਿਸ ਤਹਿਤ ਠੰਡੇ ਪਾਣੀ ਵਿੱਚ ਬੈਠ ਕੇ ਇਸ਼ਨਾਨ ਕਰਦਿਆਂ ਮਾਨਸਿਕ ਦ੍ਰਿੜ੍ਹਤਾ ਤੇ ਸਹਿਣਸ਼ੀਲਤਾ ਦਾ ਪ੍ਰਗਟਾਵਾ ਕੀਤਾ ਗਿਆ।ਪ੍ਰਿੰਸੀਪਲ ਅਮਰਜੋਤ ਕੌਰ ਹਰੀਕਾ ਨੇ ਕਿਹਾ ਕਿ ਯੋਗਾ ਪੁਰਾਤਨ ਭਾਰਤੀ ਇਲਾਜ ਪ੍ਰਣਾਲੀ ਹੈ, ਜਿਸ ਦੇ ਤਹਿਤ ਮਨੁੱਖੀ ਸਿਹਤ ਨੂੰ ਲੱਗਣ ਵਾਲੀਆਂ ਅਨੇਕਾਂ ਬਿਮਾਰੀਆਂ ਦਾ ਆਪਣੇ ਆਪ ਹੀ ਇਲਾਜ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਯੋਗਾ ਦਿਵਸ ਨੇ ਅੰਤਰਰਾਸ਼ਟਰੀ ਪੱਧਰ ਉੱਤੇ ਭਾਰਤ ਦੀ ਪਛਾਣ ਮਜ਼ਬੂਤ ਕੀਤੀ ਹੈ।

## ਸ਼ਿਵਾਲਿਕ ਸਕੂਲ ਸ਼ਿਮਲਾਪੁਰੀ ਵਿਖੇ ਮਨਾਇਆ ਯੋਗਾ ਦਿਵਸ



**ਲੁਧਿਆਣਾ (ਰੈਕਟਰ ਕਥੂਰੀਆ)**-ਅੰਤਰਰਾਸ਼ਟਰੀ ਯੋਗਸ਼ਾਲਾ ਦੇ ਬੈਨਰ ਹੇਠ ਯੋਗਾ ਦਿਵਸ ਸ਼ਿਵਾਲਿਕ ਸਕੂਲ ਸ਼ਿਮਲਾਪੁਰੀ ਵਿਖੇ ਯੋਗਾ ਟੀਚਰ ਰਮਨਦੀਪ ਕੌਰ ਗਰੇਵਾਲ ਦੀ ਅਗਵਾਈ ਤੇ ਪ੍ਰਿੰਸੀਪਲ ਗੀਟਾ ਠਾਕੁਰ ਦੀ ਨਿਗਰਾਨੀ ਹੇਠ ਮਨਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਵਾਰਡ ਨੰਬਰ 39 ਦੀ ਕੌਂਸਲਰ ਮਨਦੀਪ ਕੌਰ ਕਲੇਰ ਪਹੁੰਚੇ। ਉਨ੍ਹਾ ਕਿਹਾ ਕਿ ਯੋਗਾ ਕਰਨ ਨਾਲ ਸਿਹਤਮੰਦ ਤੇ ਖੁਸ਼ਹਾਲ ਜੀਵਨ ਜਿਊਣ ਲਈ ਸੌਖਾ ਹੁੰਦਾ ਹੈ।ਉਨ੍ਹਾ ਕਿਹਾ ਕਿ ਯੋਗ ਸਾਡੇ ਬਜ਼ੁਰਗਾਂ ਦੁਆਰਾ ਦੁਨੀਆ ਨੂੰ ਦਿੱਤਾ ਗਿਆ ਸਭ ਤੋਂ ਮਹਾਨ ਤੇ ਫ੍ਰੀ ਵਰਗਾ ਤੋਹਫਾ ਹੈ।ਆਪਣੀ ਜ਼ਿੰਦਗੀ ਵਿੱਚੋਂ ਰੋਜ਼ਾਨਾ ਘੱਟੋ-ਘੱਟ ਇੱਕ ਘੰਟਾ ਯੋਗਾ ਕਰਨਾ ਚਾਹੀਦਾ ਹੈ।ਯੋਗਾ ਮੈਡਮ ਰਮਨਦੀਪ ਕੌਰ ਗਰੇਵਾਲ ਤੇ ਪ੍ਰਿੰਸੀਪਲ ਗੀਟਾ ਠਾਕੁਰ ਨੇ ਕਿਹਾ ਕਿ ਸਿਹਤਮੰਦ ਤੇ ਖੁਸ਼ਹਾਲ ਬਣਨ ਲਈ ਯੋਗਾ ਕਲਾਸ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਖਾਣ-ਪੀਣ ਦੀਆਂ ਚੀਜ਼ਾਂ ਵੱਲ ਧਿਆਨ ਮਾਰੀਏ ਤਾਂ ਸਭ ਕੁੱਝ ਹੀ ਮਿਲਾਵਟੀ ਆ ਰਹੀਆਂ ਹਨ, ਜਿਸ ਨਾਲ ਸਿਹਤਮੰਦ ਹੋਣਾ ਬਹੁਤ ਔਖਾ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਯੋਗਾ ਤਣਾਅ, ਚਿੰਤਾ ਤੇ ਡਿਪਰੈਸ਼ਨ ਨੂੰ ਘੱਟ ਕਰਨ ਲਈ ਇੱਕ ਪ੍ਰਭਾਵਸ਼ਾਲੀ ਸਾਧਨ ਬਣ ਗਿਆ।ਵਿਧਾਇਕ ਰਜਿੰਦਰਪਾਲ ਕੌਰ ਛੀਨਾ ਦੇ ਪਤੀ ਨੇ ਵੀ ਯੋਗਸ਼ਾਲਾ ਵਿੱਚ ਹਿੱਸਾ ਲਿਆ।ਇਸ ਮੌਕੇ ਸੁਰਿੰਦਰ ਕੌਰ, ਕਮਲਪ੍ਰੀਤ ਕੌਰ, ਮਨਜੀਤ ਕੌਰ, ਪ੍ਰਿਤਪਾਲ ਕੌਰ, ਕੁਲਵਿੰਦਰ ਕੌਰ, ਬਲਵਿੰਦਰ ਕੌਰ ਤੇ ਹੋਰ ਵੀ ਯੋਗਾ ਮੈਂਬਰ ਹਾਜ਼ਰ ਸਨ।

## ਬਘੌਰ ਦੇ ਧਾਰਮਿਕ ਅਸਥਾਨ 'ਚੋਂ ਜਾਨਵਰ ਦਾ ਮਾਸ ਮਿਲਣ 'ਤੇ ਤਣਾਅ



**ਸਮਰਾਲਾ (ਸੁਰਜੀਤ ਸਿੰਘ)**-ਏਥੋਂ ਨੇੜਲੇ ਪਿੰਡ ਬਘੌਰ ਦੇ ਇੱਕ ਧਾਰਮਿਕ ਅਸਥਾਨ ਅਤੇ ਕੁਝ ਹੋਰ ਲੋਕ ਮਾਨਤਾ ਵਾਲੀਆਂ ਥਾਵਾਂ 'ਤੇ ਜਾਨਵਰ ਦਾ ਮਾਸ ਤੇ ਇਤਰਾਜ਼ਯੋਗ ਸਮੱਗਰੀ ਮਿਲਣ 'ਤੇ ਪਿੰਡ ਵਿੱਚ ਤਣਾਅ ਵਾਲੀ ਸਥਿਤੀ ਬਣੀ ਹੋਈ ਹੈ।ਇਸ ਮੁੱਦੇ ਨੂੰ ਲੈ ਕੇ ਕੁਝ ਧਾਰਮਿਕ ਸੰਗਠਨਾਂ ਨੇ ਅੱਜ ਵਰ੍ਹਦੇ ਮੀਂਹ ਵਿੱਚ ਸਥਾਨਕ ਪੁਲਸ ਸਟੇਸ਼ਨ ਅੱਗੇ ਧਰਨਾ ਦਿੱਤਾ ਅਤੇ ਨਾਅਰੇਬਾਜ਼ੀ ਕੀਤੀ।ਧਰਨਾਕਾਰੀਆਂ ਦਾ ਇਲਜ਼ਾਮ ਹੈ ਕਿ ਕਿਸੇ ਸ਼ਰਾਰਤੀ ਵਿਅਕਤੀ ਨੇ ਧਾਰਮਿਕ ਅਸਥਾਨ ਦੀ ਬੇਅਦਬੀ ਕੀਤੀ ਹੈ।ਉਨ੍ਹਾਂ ਵੱਲੋਂ ਨਾਮਜ਼ਦ ਕੀਤੇ ਦੋਸ਼ੀ ਵਿਅਕਤੀ ਨੂੰ ਫੜ੍ਹ ਕੇ ਛੱਡ ਦਿੱਤਾ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਪੁਲਸ ਦੋਸ਼ੀ ਨੂੰ ਸ਼ਲਾਖਾਂ ਪਿੱਛੇ ਨਹੀਂ ਸੁੱਟਿਆ ਜਾਂਦਾ, ਉਹ ਸੰਘਰਸ਼ ਜਾਰੀ ਰੱਖਣਗੇ।ਨਿਤੀਸ਼ ਚੌਧਰੀ ਐੱਸ ਐੱਚ ਓ ਸਮਰਾਲਾ ਨੇ ਕਿਹਾ ਕਿ ਇਸ ਸਬੰਧ ਵਿੱਚ ਪੁਲਸ ਪੜਤਾਲ ਜਾਰੀ ਹੈ।ਉਨ੍ਹਾਂ ਕਿਹਾ ਕਿ ਨਰਿੰਦਰ ਸਿੰਘ ਨਾਂਅ ਦੇ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਸੁਨਿਸ਼ਚਿਤ ਕਰਨ ਲਈ ਕਿ ਮਾਸ ਕਿਸ ਜਾਨਵਰ ਦਾ ਹੈ, ਵੈਟਰਨਰੀ ਮਾਹਰਾਂ ਦੀ ਸਹਾਇਤਾ ਲਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਸ ਪੜਤਾਲ ਮਾਮਲੇ ਦੀ ਤਹਿ ਤੱਕ ਜਾ ਕੇ ਕੀਤੀ ਜਾਵੇਗੀ।ਕਿਸੇ ਵੀ ਦੋਸ਼ੀ ਨੂੰ ਛੱਡਿਆ ਨਹੀਂ ਜਾਵੇਗਾ।ਸ਼ਿਵ ਸੈਨਾ ਬਾਲ ਠਾਕਰੇ ਦੇ ਸੂਬਾ ਯੂਥ ਪ੍ਰਧਾਨ ਰਮਨ ਵਡੇਰਾ ਨੇ ਕਿਹਾ ਕਿ ਸ਼ਰਾਰਤੀ ਅਨੁਸਾਰ ਵੱਲੋਂ ਦੋ ਫ਼ਿਰਕਿਆਂ ਵਿੱਚ ਵਿਵਾਦ ਪੈਦਾ ਕਰਨ ਦੀ ਕੋਝੀ ਹਰਕਤ ਹੈ।ਇਸ ਮੌਕੇ ਧਰਨੇ ਵਿੱਚ ਰਮਨ ਵਡੇਰਾ ਤੋਂ ਇਲਾਵਾ ਨੀਰਜ ਸਿਹਲਾ, ਸੁਖਵਿੰਦਰ ਸਿੰਘ ਖਾਲਸਾ ਭਗਵਾਨਪੁਰਾ, ਗੁਰਪ੍ਰੀਤ ਸਿੰਘ ਓਟਾਲਾਂ, ਅਮਿਤ ਮੋਦਗਿੱਲ, ਮਮਤਾ ਛਾਬੜਾ, ਮੁਕੇਸ਼ ਆਨੰਦ ਤੇ ਵਿਸ਼ਾਲ ਝਾਂਜੀ ਹਾਜ਼ਰ ਸਨ।

## ਆਸ਼ੀਰਵਾਦ ਸਕੀਮ ਦੇ 2968 ਲਾਭਪਾਤਰੀਆਂ ਨੂੰ 15.13 ਕਰੋੜ ਦੀ ਵਿੱਤੀ ਸਹਾਇਤਾ ਦਿੱਤੀ : ਡਾ. ਸੋਨਾ ਥਿੰਦ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਈਸਾਈ ਬਰਾਦਰੀ, ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਮੌਕੇ ਦਿੱਤੀ ਜਾਣ ਵਾਲੀ ਆਸ਼ੀਰਵਾਦ ਸਕੀਮ ਅਧੀਨ 51,000/-ਰੁਪਏ ਦੀ ਵਿੱਤੀ ਸਹਾਇਤਾ ਸਕੀਮ ਜ਼ਿਲ੍ਹੇ ਦੇ ਲਾਭਪਾਤਰੀਆਂ ਲਈ ਕਾਫੀ ਲਾਭਦਾਇਕ ਸਿੱਧ ਹੋ ਰਹੀ ਹੈ ਅਤੇ ਹੁਣ ਤੱਕ ਆਸ਼ੀਰਵਾਦ ਸਕੀਮ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 2968 ਲਾਭਪਾਤਰੀਆਂ ਨੂੰ 15 ਕਰੋੜ 13 ਲੱਖ 68 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਸਕੀਮ ਅਧੀਨ ਅਨੁਸੂਚਿਤ ਜਾਤੀ ਨਾਲ ਸਬੰਧਤ 1989 ਲਾਭਪਾਤਰੀਆਂ ਨੂੰ 10 ਕਰੋੜ 14 ਲੱਖ 39 ਹਜ਼ਾਰ ਤੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨਾਲ ਸਬੰਧਤ 979 ਲਾਭਪਾਤਰੀਆਂ ਨੂੰ 4 ਕਰੋੜ 99 ਲੱਖ 29 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਡੀ ਸੀ ਡਾ. ਸੋਨਾ ਥਿੰਦ ਨੇ ਦੱਸਿਆ ਕਿ ਆਸ਼ੀਰਵਾਦ ਸਕੀਮ ਅਧੀਨ ਅਨੁਸੂਚਿਤ ਜਾਤੀਆਂ, ਈਸਾਈ ਬਰਾਦਰੀ, ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀਆਂ ਲੜਕੀਆਂ, ਕਿਸੇ ਵੀ ਜਾਤੀ ਦੀਆਂ ਵਿਧਵਾਵਾਂ ਦੀਆਂ ਲੜਕੀਆਂ ਤੇ ਅਨੁਸੂਚਿਤ ਜਾਤੀ ਦੀਆਂ ਵਿਧਵਾਵਾਂ ਤੇ ਤਲਾਕਸ਼ੁਦਾ ਔਰਤਾਂ ਨੂੰ, ਉਨ੍ਹਾਂ ਦੇ ਮੁੜ ਵਿਆਹ ਸਮੇਂ 51,000/- ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।

# ਪਰਮਿੰਦਰ ਭਲਵਾਨ ਦੀ ਟੀਮ ਵੱਲੋਂ ਨਸ਼ਿਆਂ ਵਿਰੁੱਧ ਸਹਿਯੋਗ ਸ਼ਲਾਘਾਯੋਗ : ਐੱਸ ਐੱਸ ਪੀ



ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਨੂੰ ਪਰਮਿੰਦਰ ਭਲਵਾਨ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦੌਰਾਨ ਵੰਡੀਆਂ ਜਾ ਰਹੀਆਂ ਕਿਤਾਬਾਂ ਦਿੰਦੇ ਹੋਏ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ, ਜੋ ਕਿ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਹਨ, ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈੱਲ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਮੁਲਾਕਾਤ ਕੀਤੀ ਅਤੇ ਦੱਸਿਆ ਕਿ ਉਨ੍ਹਾਂ ਦੀਆਂ ਸਮਾਜ ਸੇਵੀ ਸੰਸਥਾਵਾਂ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਾ ਮੁਕਤ ਭਾਰਤ ਅਭਿਆਨ ਤੇ ਰੰਗਲਾ ਪੰਜਾਬ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਦੋ ਸਾਲਾਂ ਵਿਚ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿੱਚ ਤਕਰੀਬਨ 350 ਤੋਂ ਉੱਪਰ ਸੈਮੀਨਾਰ, ਰੈਲੀਆਂ, ਨੁੱਕੜ ਨਾਟਕਾਂ ਦਾ ਆਯੋਜਨ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰ ਚੁੱਕੀਆਂ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਉਨ੍ਹਾਂ ਦੀ ਟੀਮ ਪਿਛਲੇ 12 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 2200 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰ ਚੁੱਕੀ ਹੈ ਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰ ਰਹੀ ਹੈ।ਇਸ ਮੌਕੇ ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਡਾਇਰੈਕਟਰ ਜਨਰਲ ਆਫ਼ ਪੁਲਸ ਗੌਰਵ ਯਾਦਵ, ਡੀ ਆਈ ਜੀ ਪਟਿਆਲਾ ਰੇਂਜ ਡਾਕਟਰ ਨਾਨਕ ਸਿੰਘ ਦੀ ਅਗਵਾਈ ਹੇਠ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਬਲਿਕ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਹੀ ਅਸੀਂ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਵਿੱਚ ਸਫ਼ਲ ਹੋ ਸਕਾਂਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਤੇ ਪਬਲਿਕ ਨੂੰ ਨਸ਼ਿਆਂ ਵਿਰੁੱਧ ਜ਼ਮੀਨੀ ਪੱਧਰ 'ਤੇ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਟਿਆਲਾ ਪੁਲਸ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇਗੀ ਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ, ਅਤੇ ਅੱਗੇ ਤੋਂ ਵੀ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾਂਦੀਆਂ ਰਹਿਣਗੀਆਂ।

ਉਨ੍ਹਾਂ ਪਰਮਿੰਦਰ ਭਲਵਾਨ ਤੇ ਜਤਵਿੰਦਰ ਗਰੇਵਾਲ ਦੀ ਟੀਮ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਪਟਿਆਲਾ ਪੁਲਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਲਈ ਦਿੱਤਾ ਜਾ ਰਿਹਾ ਸਹਿਯੋਗ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਛੇੜੀ ਹੋਈ ਮੁਹਿੰਮ ਵਿੱਚ ਜ਼ਿਲ੍ਹਾ ਪਟਿਆਲਾ ਪੁਲਸ ਹਰ ਸੰਭਵ ਮਦਦ ਦੇਣ ਲਈ ਤਿਆਰ ਹੈ ਅਤੇ ਸਕੂਲਾਂ, ਕਾਲਜਾਂ, ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਜਾ ਕੇ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾਵੇਗਾ।ਇਸ ਮੌਕੇ ਪਰਮਿੰਦਰ ਭਲਵਾਨ ਤੇ ਜਤਵਿੰਦਰ ਗਰੇਵਾਲ ਨੇ ਐੱਸ ਐੱਸ ਪੀ ਪਟਿਆਲਾ ਵਰੁਣ ਸ਼ਰਮਾ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਟੀਮ ਹਮੇਸ਼ਾ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਮੁਹਿੰਮ ਦਾ ਸਾਥ ਦੇਵੇਗੀ।ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਹਾਜ਼ਰ ਸਨ।

## ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਦੇਣ ਵਾਸਤੇ ਬਣਾਏ ਨਿਯਮਾਂ ਦਾ ਜਥੇਬੰਦੀਆਂ ਵੱਲੋਂ ਸਖਤ ਵਿਰੋਧ

**ਕੋਟਕਪੂਰਾ/ਜਲਾਲਾਬਾਦ (ਰਛਪਾਲ ਭੁੱਲਰ/ਜੀਤ ਕੁਮਾਰ)**-ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ 17 ਜੁਲਾਈ 2020 ਤੋਂ ਬਾਅਦ ਕੇਂਦਰੀ ਤਨਖਾਹ ਸਕੇਲਾਂ ਵਿੱਚ ਭਰਤੀ ਹੋਏ ਮੁਲਾਜ਼ਮਾਂ ਨੇ ਪੰਜਾਬ ਦੇ ਤਨਖਾਹ ਸਕੇਲ ਲੈਣ ਲਈ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ।

ਮਾਨਯੋਗ ਹਾਈਕੋਰਟ ਵੱਲੋਂ 13 ਸਤੰਬਰ 2024 ਨੂੰ ਸਿੰਗਲ ਜੱਜ ਸਾਹਿਬਾਨ, 10 ਦਸੰਬਰ 2024 ਨੂੰ ਮਾਨਯੋਗ ਅਦਾਲਤ ਦੇ ਡਬਲ ਬੈਂਚ ਵੱਲੋਂ, 20 ਜਨਵਰੀ 2025 ਤੇ 20 ਮਾਰਚ 2025 ਨੂੰ ਮਾਨਯੋਗ ਸਰਵਉੱਚ ਅਦਾਲਤ ਵੱਲੋਂ ਪੰਜਾਬ ਸਰਕਾਰ ਦੁਆਰਾ ਪਾਈਆਂ ਗਈਆਂ ਸਪੈਸ਼ਲ ਲੀਵ ਪਟੀਸ਼ਨ ਤੇ ਰੀਵਿਊ ਪਟੀਸ਼ਨਾਂ ਨੂੰ ਖਾਰਜ ਕਰਦੇ ਹੋਏ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲੇ ਦਿੱਤੇ ਗਏ ਸਨ।ਮਾਨਯੋਗ ਅਦਾਲਤਾਂ ਦੇ ਇਨ੍ਹਾਂ ਫੈਸਲਿਆਂ ਦੇ ਬਾਵਜੂਦ ਪੰਜਾਬ ਦੇ ਵੱਖ-ਵੱਖ ਵਿਭਾਗਾਂ ਨੇ ਮੁੱਖ ਸਕੱਤਰ ਪੰਜਾਬ ਸਰਕਾਰ ਦੀਆਂ 28 ਜਨਵਰੀ 2025 ਨੂੰ ਉੱਚ ਅਧਿਕਾਰੀਆਂ ਦੀ ਮੀਟਿੰਗ ਵਿੱਚ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਪਣੇ ਵਿਭਾਗੀ ਨਿਯਮਾਂ ਵਿੱਚ ਤਬਦੀਲੀ ਕਰਕੇ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਦੇਣ ਲਈ ਹੁਕਮ ਜਾਰੀ ਕਰ ਰਹੇ ਹਨ।ਸਿੱਖਿਆ ਵਿਭਾਗ ਪੰਜਾਬ ਸਭ ਤੋਂ ਮੋਹਰੀ ਹੋ ਕੇ ਚੱਲ ਰਿਹਾ ਹੈ, ਜਿਸ ਨੇ ਬੀਤੇ ਦਿਨੀਂ 17 ਜੂਨ ਨੂੰ ਆਪਣੇ ਸੇਵਾ ਨਿਯਮਾਂ ਵਿੱਚ ਤਬਦੀਲੀ ਕਰ ਦਿੱਤੀ ਹੈ।ਇਸ ਸਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਮੈਲਡੇ ਤੇ ਗੁਰਜੀਤ ਸਿੰਘ ਘੋੜੇਵਾਹ, ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਕਰਤਾਰ ਸਿੰਘ ਪਾਲ ਅਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਬਲਕਾਰ ਵਲਟੋਹਾ ਨੇ ਕਿਹਾ ਕਿ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਪਣੇ ਵੱਖ-ਵੱਖ ਵਰਗਾਂ ਦੇ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਸਕੇਲ ਦੇਣ ਸਬੰਧੀ ਜਾਰੀ ਕੀਤੇ ਗਏ ਇਨ੍ਹਾਂ ਨਿਯਮਾਂ ਨਾਲ ਮਾਨਯੋਗ ਉੱਚ ਅਦਾਲਤਾਂ ਵੱਲੋਂ ਕੀਤੇ ਗਏ ਫੈਸਲਿਆਂ ਦੀ ਸਰਾਸਰ ਉਲੰਘਣਾ ਕੀਤੀ ਗਈ ਹੈ।ਇਹ ਨਿਯਮ ਜਾਰੀ ਹੋਣ ਨਾਲ ਪੰਜਾਬ ਦੇ ਮੁਲਾਜ਼ਮਾਂ ਦਾ ਬਹੁਤ ਵੱਡੇ ਪੱਧਰ 'ਤੇ ਵਿੱਤੀ ਨੁਕਸਾਨ ਹੋਵੇਗਾ ਤੇ ਪੰਜਾਬ ਦੇ ਮੁਲਾਜ਼ਮਾਂ ਦਾ ਪਿਛਲੇ ਕਈ ਦਹਾਕਿਆਂ ਤੋਂ ਵੱਖਰਾ ਤਨਖਾਹ ਕਮਿਸ਼ਨ ਹੋਣ ਦੀ ਮੰਗ ਵੀ ਖਟਾਈ ਵਿੱਚ ਪੈ ਜਾਵੇਗੀ।

ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫੈਸਲੇ ਖਿਲਾਫ ਪੰਜਾਬ ਦੇ ਮੁਲਾਜ਼ਮ ਆਪਣਾ ਜਥੇਬੰਦਕ ਸੰਘਰਸ਼ ਵੀ ਤਿੱਖਾ ਕਰਨਗੇ ਤੇ ਹਰ ਪ੍ਰਕਾਰ ਦੀ ਕਾਨੂੰਨੀ ਚਾਰਾਜੋਈ ਵੀ ਕਰਨਗੇ।ਆਗੂਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੋਂ ਮੰਗ ਕੀਤੀ ਹੈ ਕਿ ਲੋਕ ਹਿੱਤ ਵਿੱਚ ਮਾਨਯੋਗ ਸੁਪਰੀਮ ਕੋਰਟ ਦੇ 20 ਜਨਵਰੀ 2025 ਤੇ 28 ਮਾਰਚ 2025 ਦੇ ਫੈਸਲਿਆਂ ਨੂੰ ਪੰਜਾਬ ਦੇ ਵੱਖ-ਵੱਖ ਵਿਭਾਗਾਂ ਦੇ ਸਾਰੇ ਮੁਲਾਜ਼ਮਾਂ ਲਈ ਇੰਨ ਬਿੰਨ ਲਾਗੂ ਕੀਤਾ ਜਾਵੇ ਅਤੇ 17 ਜੁਲਾਈ 2020 ਤੋਂ ਬਾਅਦ ਹੁਣ ਤੱਕ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ ਭਰਤੀ ਹੋਏ ਸਮੂਹ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦੇਣ ਸਬੰਧੀ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਤੁਰੰਤ ਹਦਾਇਤਾਂ ਜਾਰੀ ਕੀਤੀਆਂ ਜਾਣ।

## ਸਰਹੱਦੀ ਪਿੰਡ ਕਿਲਚੇ ਦੇ ਖੇਤ 'ਚੋਂ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਹੱਦੀ ਪਿੰਡ ਕਿਲਚੇ ਦੇ ਖੇਤ ਵਿੱਚੋਂ ਬੀ ਐੱਸ ਐੱਫ ਵੱਲੋਂ ਸਰਚ ਦੌਰਾਨ ਇੱਕ ਡਰੋਨ ਬਰਾਮਦ ਕੀਤਾ ਗਿਆ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ ਓ ਪੀ ਐੱਸ/ਐਫ ਆਈ ਆਰ/ਐਫ ਸੀ ਓ ਵਾਈ/99 ਬੀਐੱਨ ਬੀ ਐੱਸ ਐੱਫ/2025 ਮਿਤੀ 21 ਜੂਨ 2025 ਵੱਲੋਂ ਆਫਸ ਆਤ ਸੀਓਵਾਈ ਕਮਾਂਡਰ 'ਐੱਫ' ਸੀਓਵਾਈ 99 ਬੀਐੱਨ ਬੀ ਐੱਸ ਐੱਫ ਕੱਸੋਕੇ, ਫਿਰੋਜ਼ਪੁਰ (ਪੀਬੀ) ਕਾਨੂੰਨ ਕਾਰਵਾਈ ਕਰਨ ਲਈ ਮੌਸੂਲ ਥਾਣਾ ਹੋਇਆ। ਜਾਂਚਕਰਤਾ ਜਸਪਾਲ ਸਿੰਘ ਨੇ ਦੱਸਿਆ ਕਿ 21 ਜੂਨ 2025 ਨੂੰ ਬੀ ਐੱਸ ਐੱਫ ਚੌਂਕੀ ਕੱਸੋਕੇ ਦੇ ਕਰਮਚਾਰੀਆਂ ਵੱਲੋਂ ਸਰਚ ਦੌਰਾਨ ਖੇਤ ਪਿੰਡ ਕਿਲਚੇ ਵਿੱਚੋਂ ਇੱਕ ਡਰੋਨ ਮਾਡਲ ਡੀ ਜੇ ਆਈ ਮਾਵਿਕ 3 ਕਲਾਸਿਕ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸਰਕਾਰ ਵਾਅਦਾ-ਖਿਲਾਫ਼ੀ ਤੇ ਲਾਰੇ ਲਾ ਕੇ ਮੁਲਾਜ਼ਮਾਂ ਨਾਲ ਖਿਲਵਾੜ ਕਰ ਰਹੀ : ਅਰੁਣ ਗਿੱਲ



**ਜਗਰਾਓਂ (ਅਮਿਤ ਖੰਨਾ)**-ਬੀਤੇ ਦਿਨੀਂ ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੂਬਾ ਪੱਧਰੀ ਨੁਮਾਇੰਦਿਆਂ ਦੀ ਇੱਕ ਅਹਿਮ ਮੀਟਿੰਗ ਲੁਧਿਆਣਾ ਸਥਿਤ ਈਸੜੂ ਭਵਨ ਵਿਖੇ ਹੋਈ। ਮੀਟਿੰਗ ਵਿੱਚ ਸ਼ਮੂਲੀਅਤ ਕਰਕੇ ਵਾਪਸ ਪਰਤੇ ਐਕਸ਼ਨ ਕਮੇਟੀ ਦੇ ਕੰਨਵੀਨਰ ਰਮੇਸ਼ ਗੈਚੰਡ ਨੇ ਪ੍ਰੈੱਸ ਵਿੱਚ ਬਿਆਨ ਜਾਰੀ ਕਰਦੇ ਹੋਏ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਮਿਤੀ 23-04-2025 ਨੂੰ ਐਕਸ਼ਨ ਕਮੇਟੀ ਨਾਲ ਪੰਜਾਬ ਦੇ ਸਮੂਹ ਮਿਊਂਸਪਲ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦਾ ਨਿਪਟਾਰਾ ਕਰਨ ਲਈ ਕੀਤੀ ਗਈ ਮੀਟਿੰਗ ਵਿੱਚ ਸਮੂਹ ਮੰਗਾਂ ਨੂੰ ਹੱਲ ਕਰਨ ਲਈ ਦੋ ਮਹੀਨੇ ਦਾ ਸਮਾਂ ਮੰਗਿਆ ਸੀ, ਜਿਸ ਦੀ ਮਿਆਦ 23 ਜੂਨ ਨੂੰ ਪੂਰੀ ਹੋ ਗਈ ਹੈ, ਪਰ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਸਾਡੀਆਂ ਮੰਗਾਂ 'ਤੇ ਕੋਈ ਵੀ ਗੌਰ ਨਹੀਂ ਕੀਤੀ ਜਾ ਰਹੀ ਹੈ, ਜਿਸ ਕਾਰਨ ਪੰਜਾਬ ਦੇ ਸਮੂਹ ਮਿਊਂਸਪਲ ਮੁਲਾਜ਼ਮਾਂ ਵਿੱਚ ਭਾਰੀ ਰੋਸ ਪੈਦਾ ਹੋ ਰਿਹਾ ਅਤੇ ਜਿਸ ਦੇ ਚਲਦੇ ਸਾਡੀ ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਖਿਲਾਫ਼ ਕੀਤੇ ਜਾਣ ਵਾਲੇ ਸੰਘਰਸ਼ਾਂ ਦੀ ਰੂਪ-ਰੇਖਾ ਤਿਆਰ ਕੀਤੀ ਗਈ, ਜਿਸ ਵਿੱਚ ਸਭ ਤੋਂ ਪਹਿਲਾਂ ਜਥੇਬੰਦੀ ਵੱਲੋਂ ਆਪਣੇ ਸਮੁੱਚੇ ਮੁਲਾਜ਼ਮਾਂ ਨੂੰ ਲਾਮਬੰਦ ਕਰਨ ਦੇ ਮਕਸਦ ਨਾਲ 23 ਜੂਨ ਤੋਂ 14 ਅਗਸਤ ਤੱਕ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ ਤੇ 16 ਅਗਸਤ ਤੋਂ 31 ਅਕਤੂਬਰ ਤੱਕ ਜ਼ਿਲ੍ਹਾ ਪੱਧਰੀ ਰੋਸ ਰੈਲੀਆਂ ਕੀਤੀਆਂ ਜਾਣਗੀਆਂ, ਫਿਰ 7 ਦਸੰਬਰ ਤੋਂ ਪਹਿਲਾਂ-ਪਹਿਲਾਂ ਸੂਬਾ ਪੱਧਰੀ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ ਤੇ ਫਿਰ ਫਰਵਰੀ 2026 ਵਿੱਚ ਰਸਤਾ ਰੋਕੋ ਅੰਦੋਲਨ ਦੇ ਪ੍ਰੋਗਰਾਮ ਵਿੱਢੇ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਉਦੋਂ ਤੋਂ ਮੁਲਾਜ਼ਮਾਂ ਨਾਲ ਵਾਰ-ਵਾਰ ਵਾਅਦਾ ਖਿਲਾਫੀ ਕਰਕੇ ਤੇ ਲਾਰੇ ਲਗਾ ਲਗਾ ਕੇ ਮੁਲਾਜ਼ਮਾਂ ਨਾਲ ਖਿਲਵਾੜ ਕਰ ਰਹੀ ਹੈ, ਜਿਸ ਤੋਂ ਦੁਖੀ ਹੋ ਕੇ ਪੰਜਾਬ ਦੇ ਮਿਊਂਸਪਲ ਕਾਮਿਆਂ ਵੱਲੋਂ ਇਹ ਸੰਘਰਸ਼ ਵਿੱਢੇ ਗਏ ਹਨ। ਮੰਗਾਂ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਨੂੰ ਜਲਦ ਪੂਰਾ ਨਹੀਂ ਕਰਦੀ ਤਾਂ ਆਗਾਮੀ ਆਉਣ ਵਾਲੇ ਸਮੇਂ ਵਿੱਚ ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵੱਲੋਂ ਇਨ੍ਹਾਂ ਸੰਘਰਸ਼ਾਂ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਸਮੇਂ ਜਥੇਬੰਦੀ ਦੇ ਸਰਪ੍ਰਸਤ ਕੁਲਵੰਤ ਸੈਣੀ ਹੁਸ਼ਿਆਰਪੁਰ, ਕੁਲਦੀਪ ਸ਼ਰਮਾ ਫਰੀਦਕੋਟ, ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਸ਼ੋਕ ਸਾਰਵਾਨ ਫਰੀਦਕੋਟ, ਨਗਰ ਪਾਲਕਾ ਕਰਮਚਾਰੀ ਸੰਗਠਨ ਪੰਜਾਬ ਦੇ ਸੀਨੀਅਰ ਵਾਈਸ ਪ੍ਰਧਾਨ ਗੋਪਾਲ ਥਾਪਰ ਤੇ ਪੰਜਾਬ ਮਿਊਂਸਪਲ ਵਰਕਰਜ਼ ਫੈਡਰੇਸ਼ਨ ਦੇ ਜਨਰਲ ਸਕੱਤਰ ਨਾਇਬ ਸਿੰਘ ਬਰਾੜ ਜੈਤੋ, ਜੀ ਐੱਮ ਸਿੰਘ ਖਰੜ, ਗੁਲਸ਼ਨ ਬਰਨਾਲਾ, ਸੰਨੀ ਭਗਾਨੀਆਂ ਨਵਾਂ ਸ਼ਹਿਰ, ਹਰਮੇਸ਼ ਬੰਗਾ, ਪ੍ਰਵੀਨ ਰਾਮਾ, ਸੋਨੂੰ ਧਵਨ, ਜਗਦੀਸ਼ ਲੁਧਿਆਣਾ, ਪੰਕਜ ਕੋਟਕਪੂਰਾ ਆਦਿ ਮੁਲਾਜ਼ਮ ਆਗੂ ਹਾਜ਼ਰ ਸਨ।

## ਛੇਵੇਂ ਪਾਤਸ਼ਾਹ ਦੇ ਨਾਂਅ 'ਤੇ ਚੱਲ ਰਹੇ ਸਕੂਲ 'ਚ ਨਿਰੰਕਾਰੀ ਸਮਾਗਮ ਨੂੰ ਪ੍ਰਵਾਨਗੀ ਦੇਣੀ ਪੰਜਾਬ ਦੇ ਹਾਲਾਤ ਨੂੰ ਭੜਕਾਉਣ ਦੀ ਕੋਝੀ ਸਾਜ਼ਿਸ਼ : ਸਹੋਲੀ

**■ ਸਮਾਗਮ ਦਾ ਜਥੇਬੰਦੀਆਂ ਵੱਲੋਂ ਕੀਤਾ ਜਾਵੇਗਾ ਸਖਤ ਵਿਰੋਧ**




**ਨਾਭਾ (ਵਰਿੰਦਰ ਵਰਮਾ)**-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਦਫਤਰ ਮੋਤੀ ਬਾਗ ਵਿਖੇ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਰੱਖੀ ਗਈ, ਜਿਸ ਵਿੱਚ ਅਕਾਲੀ ਦਲ ਸੁਤੰਤਰ ਦੇ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਪੰਜਾਬ ਨੇ ਬੜਾ ਲੰਮਾ ਸਮਾਂ ਸੰਤਾਪ ਭੋਗਿਆ, ਪ੍ਰੰਤੂ ਪਤਾ ਨਹੀਂ ਕਿਉਂ ਸਰਕਾਰਾਂ ਕਿਸ ਦੀ ਸ਼ਹਿ 'ਤੇ ਪੰਜਾਬ ਦੇ ਮਾਹੌਲ ਨੂੰ ਮੁੜ ਵਿਗਾੜਨ ਦੀ ਕਸਰ ਬਾਕੀ ਨਹੀਂ ਛੱਡ ਰਹੀਆਂ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਸ਼ਹਿਰ ਮੰਡੀ ਗੋਬਿੰਦਗੜ੍ਹ ਵਿਖੇ ਨਿਰੰਕਾਰੀਆਂ ਵੱਲੋਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਨਾਮ 'ਤੇ ਚੱਲ ਰਹੇ ਸਕੂਲ ਵਿਖੇ 26 ਜੂਨ ਨੂੰ ਰੱਖੇ ਸਮਾਗਮ ਨੂੰ ਕੋਝੀ ਸਾਜ਼ਿਸ਼ ਦੱਸਿਆ, ਜਿਸ ਨਾਲ ਸਿੱਖ ਕੌਮ ਦੇ ਮਨ ਨੂੰ ਠੇਸ ਪਹੁੰਚਾਉਣ ਲਈ ਸਰਕਾਰੀ ਸੁਰੱਖਿਆ ਤੇ ਸਰਕਾਰੀ ਪ੍ਰਵਾਨਗੀ ਦੇ ਕੇ ਅਜਿਹੇ ਅਮਲ ਕੀਤੇ ਜਾ ਰਹੇ ਹਨ, ਜਿਸ ਨਾਲ ਪੰਜਾਬ ਦੇ ਹਾਲਾਤ ਫਿਰ ਤੋਂ 1984 ਵਾਲੇ ਬਣ ਜਾਣ ਅਤੇ ਪੰਜਾਬੀਆਂ ਤੇ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਦਾ ਸਰਕਾਰ ਨੂੰ ਬਹਾਨਾ ਮਿਲੇ।ਸੰਨ 1978 ਵਿੱਚ ਵੀ ਸਰਕਾਰ ਨੇ ਅੰਮ੍ਰਿਤਸਰ ਵਿਖੇ ਨਿਰੰਕਾਰੀਆਂ ਦੀ ਹਿਫ਼ਾਜ਼ਤ ਕਰਕੇ ਤੇ ਉਨ੍ਹਾਂ ਨੂੰ ਪ੍ਰਵਾਨਗੀ ਦੇ ਕੇ ਸਿੱਖ ਕੌਮ ਵਿਰੁੱਧ ਸਮਾਗਮ ਕਰਵਾਉਂਦੇ ਹੋਏ ਢਾਈ ਦਹਾਕੇ ਤੱਕ ਪੰਜਾਬ ਦੇ ਹਾਲਾਤਾਂ ਨੂੰ ਬਲਦੀ ਅੱਗ ਵਿੱਚ ਝੋਕ ਕੇ ਰੱਖਿਆ ਅਤੇ ਇਨਸਾਨੀਅਤ ਦਾ ਘਾਣ ਕੀਤਾ ਗਿਆ। ਸਿੱਖ ਕੌਮ ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਵੱਡਮੁੱਲੀ ਸੋਚ ਵਿਰੋਧੀ ਹਕੂਮਤੀ ਪ੍ਰਸਤੀ ਨਿਰੰਕਾਰੀਆਂ ਨੂੰ ਸਾਡੇ ਖਾਲਸਾਈ ਸਥਾਨਾਂ ਵਿਚ ਸਮਾਗਮ ਕਰਨ ਤੇ ਉਨ੍ਹਾਂ ਦੀ ਸੁਰੱਖਿਆ ਕਰਕੇ ਅਜਿਹਾ ਕਰਨ ਦੇ ਹੋ ਰਹੇ ਅਮਲ ਅਤੀ ਦੁਖਦਾਇਕ ਤੇ ਪੰਜਾਬ ਨੂੰ ਫਿਰ ਤੋਂ ਇੱਕ ਦੁਖਾਂਤ ਵੱਲ ਧੱਕਣ ਵਾਲੇ ਦਿਖਾਈ ਦੇ ਰਹੇ ਹਨ ਹਨ, ਜਿਨ੍ਹਾਂ ਨੂੰ ਅਕਾਲੀ ਦਲ ਸੁਤੰਤਰ ਤੇ ਸਿੱਖ ਕੌਮ ਬਿਲਕੁਲ ਸਹਿਣ ਨਹੀਂ ਕਰੇਗੀ।ਉਨ੍ਹਾਂ ਕਿਹਾ ਕਿ ਇਸ ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਤੇ ਸਰਕਾਰ ਦੀ ਸਰਪ੍ਰਸਤੀ ਨਾਲ 26 ਜੂਨ ਨੂੰ ਕੀਤੇ ਜਾ ਰਹੇ ਨਿਰੰਕਾਰੀ ਸੰਤ ਸਮਾਗਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪ੍ਰਬੰਧਕ ਕਮੇਟੀ ਤੇ ਸਰਕਾਰ ਨੂੰ ਇਸ ਦੇ ਨਿਕਲਣ ਵਾਲੇ ਭਿਆਨਕ ਨਤੀਜਿਆਂ ਲਈ ਖਬਰਦਾਰ ਕਰਦੇ ਹਾਂ ਕਿ ਇਸ ਸਮਾਗਮ ਨੂੰ ਸਕੂਲ ਵਿੱਚੋਂ ਤੁਰੰਤ ਰੋਕਿਆ ਜਾਵੇ।ਇਸ ਮੌਕੇ ਪਰਮਜੀਤ ਸਿੰਘ ਸਹੋਲੀ, ਹਰਬੰਸ ਸਿੰਘ ਖਟੜਾ, ਸੁਰਜੀਤ ਸਿੰਘ ਬਾਬਰਪੁਰ, ਜਗਰੂਪ ਸਿੰਘ ਬੋੜਾ ਤੇ ਹੋਰ ਮੈਂਬਰ ਹਾਜ਼ਰ ਸਨ।

## 70 ਗ੍ਰਾਮ ਹੈਰੋਇਨ ਸਮੇਤ ਕਾਬੂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਡੀ ਐੱਸ ਪੀ ਮਹਿਲ ਕਲਾਂ ਜਤਿੰਦਰਪਾਲ ਸਿੰਘ, ਪੁਲਸ ਥਾਣਾ ਠੁੱਲੀਵਾਲ ਦੇ ਮੁੱਖ ਅਫ਼ਸਰ ਗੁਰਮੇਲ ਸਿੰਘ ਨੇ ਦੱਸਿਆ ਕਿ ਸ੍ਰੀ ਮੁਹੰਮਦ ਸਰਫਰਾਜ਼ ਆਲਮ ਜ਼ਿਲ੍ਹਾ ਪੁਲਸ ਮੁਖੀ ਬਰਨਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ, ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਦੇ ਹੋਏ ਥਾਣਾ ਠੁੱਲੀਵਾਲ ਨੂੰ ਮਿਲੀ ਇਤਲਾਹ ਅਨੁਸਾਰ ਕਿ ਮੁਖਤਿਆਰ ਸਿੰਘ ਉਰਫ ਮੋਹਣੀ ਸੇਖਾ ਵੱਲੋਂ ਬਾਹਰਲੇ ਏਰੀਆ ਵਿੱਚੋਂ ਨਸ਼ੀਲਾ ਪਦਾਰਥ ਹੈਰੋਇਨ ਚਿੱਟਾ ਲਿਆ ਕੇ ਥਾਣਾ ਠੁੱਲੀਵਾਲ ਦੇ ਏਰੀਆ ਵਿੱਚ ਵੇਚਣ ਦਾ ਆਦੀ ਹੈ।ਜਦੋਂ ਪੁਲਸ ਪਾਰਟੀ ਏ ਐੱਸ ਆਈ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਰੇਡ ਦੌਰਾਨ ਨੰਗਲ ਤੋਂ ਜਲੂਰ ਲਿੰਕ ਰੋਡ, ਸੂਏ ਦੇ ਪੁਲ ਨੇੜੇ ਪੁੱਜੀ ਤਾਂ ਮੁਖਤਿਆਰ ਸਿੰਘ ਨੂੰ 70 ਗ੍ਰਾਮ ਨਸ਼ੀਲਾ ਪਦਾਰਥ ਹੈਰੋਇਨ ਸਮੇਤ ਕਾਬੂ ਕੀਤਾ ਗਿਆ।ਇਸ ਸਬੰਧੀ ਥਾਣਾ ਠੁੱਲੀਵਾਲ ਵਿਖੇ ਮੁਖਤਿਆਰ ਸਿੰਘ ਉਰਫ ਮੋਹਣੀ ਵਾਸੀ ਹਰੀ ਕੀ ਪੱਤੀ ਸੇਖਾ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ।

## ਸੇਵਾ ਕੇਂਦਰਾਂ 'ਚ ਮਾਲ ਵਿਭਾਗ ਤੇ ਟਰਾਂਸਪੋਰਟ ਵਿਭਾਗ ਦੀਆਂ ਨਵੀਆਂ ਸੇਵਾਵਾਂ ਸ਼ੁਰੂ : ਡੀ ਸੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਈ-ਗਵਰਨੈਂਸ ਵਿਭਾਗ ਵੱਲੋਂ ਸੇਵਾ ਕੇਂਦਰਾਂ 'ਚ ਮਾਲ ਵਿਭਾਗ ਦੀਆਂ 6 ਨਵੀਆਂ ਸੇਵਾਵਾਂ ਤੇ ਟਰਾਂਸਪੋਰਟ ਵਿਭਾਗ ਦੀਆਂ 29 ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਡਿਜੀਟਲ ਫਰਦ, ਸੇਵਾ ਕੇਂਦਰਾਂ ਵਿੱਚੋਂ ਲਈ ਜਾ ਸਕਦੀ ਹੈ ਤੇ ਇਹ ਫਰਦ ਬਿਨੈਕਰਤਾ ਦੇ ਫੋਨ 'ਤੇ ਵਟਸਐਪ ਨੰਬਰ 'ਤੇ ਵੀ ਭੇਜੀ ਜਾਵੇਗੀ। ਇਸੇ ਤਰ੍ਹਾਂ ਵਿਰਾਸਤੀ ਇੰਤਕਾਲ ਲਈ ਸੇਵਾ ਕੇਂਦਰ ਵਿੱਚ ਅਰਜ਼ੀ ਦਿੱਤੀ ਜਾ ਸਕਦੀ ਹੈ ਤੇ ਰਜਿਸਟਰਡ ਵਸੀਕੇ ਦੇ ਆਧਾਰ ਇੰਤਕਾਲ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਫਰਦ ਬਦਰ ਦੀ ਐਂਟਰੀ ਸੇਵਾ ਕੇਂਦਰ ਵਿੱਚ ਕਰਵਾਈ ਜਾ ਸਕਦੀ ਹੈ, ਜਿਸ ਵਿੱਚ ਫਰਦ ਦੇ ਰਿਕਾਰਡ ਵਿੱਚ ਦਰੁਸਤੀ ਕਰਵਾਈ ਜਾ ਸਕਦੀ ਹੈ।ਇਸੇ ਤਰ੍ਹਾਂ ਰਪਟ ਦੀ ਐਂਟਰੀ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ, ਜਿਸ ਦੀ ਲੋਨ ਤੇ ਕੋਰਟ ਕੇਸਾਂ ਸਬੰਧੀ ਜ਼ਰੂਰਤ ਪੈਂਦੀ ਹੈ।ਉਨ੍ਹਾਂ ਦੱਸਿਆ ਕਿ ਛੇਵੀਂ ਸੇਵਾ 'ਚ ਸਬਸਕ੍ਰਿਪਸ਼ਨ ਦੀ ਨਵੀਂ ਸਰਵਿਸ ਦਿੱਤੀ ਗਈ ਹੈ। ਸੇਵਾ ਕੇਂਦਰ ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਮੈਨੇਜਰ ਕੁਲਦੀਪ ਸਿੰਘ ਤੇ ਡੀ.ਟੀ.ਸੀ. ਲਖਵਿੰਦਰ ਕੁਮਾਰ ਨੇ ਦੱਸਿਆ ਕਿ ਲੋਕਾਂ ਨੂੰ ਬਿਹਤਰ ਸੇਵਾਵਾਂ ਦੇਣ ਲਈ ਨਿਰੰਤਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਸੇਵਾਵਾਂ ਨੂੰ ਘਰ ਬੈਠੇ ਹੀ ਲੈਣ ਲਈ ਕੋਈ ਵੀ ਨਾਗਰਿਕ 1076 ਨੰਬਰ ਡਾਇਲ ਕਰ ਸਕਦਾ ਹੈ, ਜਿਸ ਤੋਂ ਬਾਅਦ ਲੋਕ ਆਪਣੇ ਸਮੇਂ ਦੇ ਅਨੁਕੂਲ, ਘਰੋਂ ਬੈਠੇ ਹੀ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇਸ ਦੀ ਵਾਧੂ ਫੀਸ ਸਿਰਫ 50 ਰੁਪਏ ਰੱਖੀ ਗਈ ਹੈ।

## ਨਹਿਰੀ ਪਾਣੀ ਬਚਾਓ ਸੁਝਾਓ ਕਮੇਟੀ ਦੇ ਮੈਂਬਰਾਂ ਦੀ ਮੀਟਿੰਗ

**ਲਾਧੂਕਾ ਡਿਸਟੀਬਿਊਟਰੀ 'ਚ ਪਾਈਆਂ ਜਾਣ ਵਾਲੀਆਂ ਕਮੀਆਂ ਨੂੰ ਦੂਰ ਕਰਨ ਦੀ ਮੰਗ**

**ਜਲਾਲਾਬਾਦ (ਜੀਤ ਕੁਮਾਰ)**-ਨਹਿਰੀ ਪਾਣੀ ਬਚਾਓ ਸੁਝਾਓ ਕਮੇਟੀ (ਸਿਚਾਈ ਹੇਠ ਰਕਬਾ ਜ਼ਿਲ੍ਹਾ ਫਿਰੋਜ਼ਪੁਰ-ਫਾਜ਼ਿਲਕਾ) ਵੱਲੋਂ ਮਾਰਕਿਟ ਕਮੇਟੀ ਦਫਤਰ ਜਲਾਲਾਬਾਦ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਕਮੇਟੀ ਮੈਂਬਰ ਅਸ਼ੋਕ ਦਹੂਜਾ, ਚੰਦਰ ਪ੍ਰਕਾਸ਼ ਕਾਲੜਾ, ਸੁਰਿੰਦਰ ਕੁਮਾਰ, ਬਲਦੇਵ ਸਰਪੰਚ, ਬਲਜਿੰਦਰ ਕੰਬੋਜ, ਹੁਕਮ ਚੰਦ, ਜਗਦੀਸ਼ ਜਗਦੀਸ਼ ਮਿੱਡਾ, ਸੰਜੀਵ ਛਾਬੜਾ, ਰਮੇਸ਼ ਸਰਪੰਚ ਆਦਿ ਮੌਜੂਦ ਸਨ। ਇਸ ਮੀਟਿੰਗ ਦੌਰਾਨ ਕਮੇਟੀ ਮੈਂਬਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿਛਲੇ ਕਰੀਬ 3 ਸਾਲਾਂ ਤੋਂ ਲਾਧੂਕਾ ਡਿਸਟੀਬਿਟਰੀ 'ਚ ਖਾਮੀਆਂ ਬਾਰੇ ਵਿਭਾਗ ਨੂੰ ਜਾਣੂ ਕਰਵਾਉਣ ਦੇ ਬਾਵਜੂਦ ਕੋਈ ਯੋਗ ਕਾਰਵਾਈ ਨਹੀਂ ਕੀਤੀ ਗਈ ਹੈ। ਕਮੇਟੀ ਆਗੂਆਂ ਨੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਕਿ ਲਾਧੂਕਾ ਰਾਜਬਾਹ ਨਹਿਰ ਦੀ ਪਿਛਲੇ 3 ਸਾਲ ਤੋਂ ਸਫਾਈ ਨਹੀਂ ਹੋਈ ਹੈ। ਪਿਛਲੇ ਸਾਲ 2024 ਦੌਰਾਨ 12 ਮੋਘੇ ਟੁੱਟ ਚੁੱਕੇ ਸਨ, ਉਨ੍ਹਾਂ ਦੀ ਰਿਪੇਅਰ ਕਰਕੇ ਤਿਆਰ ਨਹੀਂ ਕੀਤੇ ਗਏ। ਕੁਤਬਗੜ੍ਹ ਮਾਈਨਰ ਦੇ ਨਵੀਨੀਕਰਨ ਤੇ ਰੱਖ-ਰਖਾਵ ਨਹੀਂ ਹੋਇਆ। ਨਵੀਂ ਬਣਾਈ ਲਮੋਚੜ ਮਾਈਨਰ 'ਚ ਪਾਣੀ ਆਉਣ ਤੋਂ ਪਹਿਲਾਂ ਹੀ ਤਰੇੜਾਂ ਦਾ ਸ਼ਿਕਾਰ ਹੋ ਗਈ ਹੈ। ਲਮੋਚੜ ਮਾਈਨਰ ਵਿੱਚੋਂ ਮੋਘਿਆ ਵਿੱਚ ਪਾਣੀ ਜਾਣ ਦੀ ਬਜਾਏ ਸੇਮਨਾਲੀ ਵਿੱਚ ਪੈ ਰਿਹਾ ਹੈ। ਲੱਖੋ ਕੇ ਬਹਿਰਾਮ ਹੈਡ ਵਰਕਸ ਤੋਂ ਪੂਰਾ ਪਾਣੀ ਛੱਡ ਕੇ ਅੱਗੇ ਜਾ ਕੇ ਪ੍ਰਗਟ ਸਾਹਿਬ ਕੋਲ ਜੋ ਨਵੀਂ ਸਕੈਪ ਬਣਾਈ ਹੈ, ਉਥੇ ਨਹਿਰ ਵਿੱਚ ਡਾਫ ਲਾ ਕੇ ਸਕੈਪ ਨੂੰ ਪਾਣੀ ਛੱਡ ਦਿੱਤਾ ਜਾਂਦਾ ਹੈ, ਜਦੋਂਕਿ ਅੱਗੇ ਪਾਣੀ ਘਟਾ ਦਿੱਤਾ ਜਾਂਦਾ ਹੈ ਤੇ ਨਹਿਰ ਵਿੱਚ ਪਾਣੀ ਘਟਾਅ ਦਿੱਤਾ ਜਾਂਦਾ ਹੈ, ਜਿਸ ਦੇ ਕਾਰਨ ਮੋਘਿਆਂ 'ਤੇ ਅੱਗੇ ਪਾਣੀ ਪੂਰਾ ਨਹੀਂ ਆਉਂਦਾ ਹੈ। ਉਹ ਪਾਣੀ ਮੋਘਿਆਂ ਤੋਂ ਹੇਠਾਂ ਪੱਧਰ 'ਤੇ ਜਾਂਦਾ ਹੋਇਆ ਟਾਇਲਾਂ ਤੋਂ ਹੁੰਦਾ ਹੋਇਆ ਫਜ਼ੂਲ ਸੇਮ ਨਾਲੀ ਵਿੱਚ ਚਲਾ ਜਾਂਦਾ ਹੈ। ਇਸ ਨਾਲ ਪੰਜਾਬ ਸਰਕਾਰ ਤੇ ਨਹਿਰੀ ਵਿਭਾਗ ਦੀ ਕਾਰਜਸ਼ੈਲੀ ਨੂੰ ਠਿੱਬੀ ਲਾਉਣ ਦੀ ਕੋਸ਼ਿਸ਼ ਹੋ ਰਹੀ ਹੈ।

ਕਮੇਟੀ ਮੈਂਬਰਾਂ ਨੇ ਕਿਹਾ ਕਿ ਸਰਕਾਰ ਤੇ ਜਲ ਸਰੋਤ ਵਿਭਾਗ ਦੇ ਸਕੱਤਰ ਕ੍ਰਿਸ਼ਨ ਕੁਮਾਰ ਨਹਿਰੀ ਪਾਣੀ ਨੂੰ ਸੁਚਾਰੂ ਢੰਗ ਨਾਲ ਹਰੇਕ ਮੋਘਿਆਂ ਤੱਕ ਪਾਣੀ ਪਹੁੰਚਾਉਣ ਲਈ ਯਤਨਸ਼ੀਲ ਹਨ, ਪਰ ਮਹਿਕਮੇ ਦੇ ਹੇਠਲੇ ਪੱਧਰ 'ਤੇ ਲੋੜੀਂਦਾ ਸਟਾਫ ਸਰਕਾਰ ਦੀ ਕਾਰਜਸ਼ੈਲੀ ਨੂੰ ਠਿੱਬੀ ਲਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਇਸ ਲਈ ਕਮੇਟੀ ਦੀ ਮੰਗ ਹੈ ਕਿ ਲਾਧੂਕਾ ਡਿਸਟੀਬਿਊਟਰੀ ਵਿੱਚ ਪਾਈਆਂ ਜਾਣ ਵਾਲੀਆਂ ਕਮੀਆਂ ਨੂੰ ਤੁਰੰਤ ਦੂਰ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਨਹਿਰੀ ਪਾਣੀ ਸਹੀ ਢੰਗ ਨਾਲ ਮਿਲ ਸਕੇ।

## ਬਠੋਈ ਕਲਾਂ 'ਚ ਦਲਿਤ ਪਰਵਾਰਾਂ ਦੀ ਕੁੱਟਮਾਰ ਕਰਨ ਵਾਲਿਆਂ ਖਿਲਾਫ ਕਾਰਵਾਈ ਦੀ ਮੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਬਠੋਈ ਕਲਾਂ 'ਚ ਐੱਸ ਸੀ ਸਮਾਜ ਦੇ ਦਲਿਤ ਪਰਿਵਾਰਾਂ ਦਾ ਜੋ ਪੰਚਾਇਤੀ ਜ਼ਮੀਨ ਦੀ ਬੋਲੀ ਦਿੱਤੀ ਹੋਈ ਸੀ, ਦਾ ਸਰਕਾਰੀ ਮਾਮਲਾ ਵੀ ਭਰ ਦਿੱਤਾ ਗਿਆ ਸੀ ਤੇ ਉਨ੍ਹਾਂ ਕੋਲੋਂ ਕਥਾਇਦਾ ਫ਼ਸਲਾਂ ਵੀ ਕੱਟ ਕੇ ਆ ਗਈਆਂ ਸਨ।ਬੀਡੀਪੀਓ ਦਫਤਰ ਵਿੱਚ ਬਠੋਈ ਕਲਾਂ ਦੇ ਜਨਰਲ ਵਰਗ ਦੇ ਪਰਿਵਾਰਾਂ ਨੇ ਐੱਸ ਸੀ ਪਰਿਵਾਰਾਂ ਦੀ ਕੁੱਟਮਾਰ ਕੀਤੀ ਤੇ ਅਨੁਸੂਚਤ ਜਾਤੀ ਸ਼ਬਦ ਬੋਲ ਕੇ ਗਾਲੀ ਗਲੋਚ ਕੀਤਾ, ਜਿਸ ਦੇ ਲਈ ਸਮਾਜਿਕ ਜਥੇਬੰਦੀਆਂ ਵੱਲੋਂ ਸਤਿਗੁਰੂ ਰਵਿਦਾਸ ਮੰਦਰ ਪਟਿਆਲਾ ਵਿਖੇ ਇਕੱਠ ਰੱਖਿਆ ਗਿਆ ਸੀ।ਇਸ ਮੌਕੇ ਸਾਰੀਆਂ ਜਥੇਬੰਦੀਆਂ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਸੀ ਕਿ ਜਨਰਲ ਪਰਿਵਾਰਾਂ ਨੇ ਜਿਹੜੀ ਕੁੱਟਮਾਰ ਕੀਤੀ ਤੇ ਅਨੁਸੂਚਤ ਜਾਤੀ ਗਾਲੀ ਗਲੋਚ ਕੀਤਾ, ਉਨ੍ਹਾਂ 'ਤੇ ਬਣਦੀ ਕਾਰਵਾਈ ਐੱਸ ਸੀ ਐਕਟ ਤਹਿਤ ਕਰਕੇ ਅਤੇ ਜੋ ਪੰਚਾਇਤੀ ਜ਼ਮੀਨ ਦਾ ਕਬਜ਼ਾ ਕਰੀ ਬੈਠੇ ਹਨ, ਉਸ ਨੂੰ ਛੁਡਵਾ ਕੇ ਐੱਸ ਸੀ ਸਮਾਜ ਨੂੰ ਦਿੱਤਾ ਜਾਵੇ, ਪਰ ਪਟਿਆਲਾ ਪੁਲਸ ਨੇ ਕੋਈ ਵੀ ਕਾਰਵਾਈ ਨਹੀਂ ਕੀਤੀ ਤੇ ਉਹਨਾਂ ਜਥੇਬੰਦੀਆਂ ਵੱਲੋਂ ਝੋਨਾ ਲਗਾ ਦਿੱਤਾ ਗਿਆ ਹੈ।ਹੁਣ ਸਾਰੀਆਂ ਹੀ ਜਥੇਬੰਦੀਆਂ ਤੇ ਐੱਸ ਸੀ ਵਰਗ ਦੇ ਪਰਿਵਾਰਾਂ ਨੇ ਫੈਸਲਾ ਲਿਆ ਹੈ ਕਿ ਜੇਕਰ ਪੁਲਸ ਬਣਦੀ ਕਾਰਵਾਈ ਨਹੀਂ ਕਰਦੀ ਤਾਂ 24 ਜੂਨ ਨੂੰ ਬਠੋਈ ਕਲਾਂ ਵਿੱਚ ਪੰਚਾਇਤੀ ਜ਼ਮੀਨ ਦਾ ਕਬਜ਼ਾ ਲਿਆ ਜਾਵੇਗਾ।ਇਸ ਮੌਕੇ ਡਾਕਟਰ ਦਲਜੀਤ ਸਿੰਘ ਰਾਮਪੁਰਾ ਫੂਲ ਪੰਜਾਬ ਪ੍ਰਧਾਨ ਗੁਰੂ ਗਿਆਨ ਨਾਥ ਵਾਲਮੀਕਿ ਧਰਮ ਸਮਾਜ ਰਜਿਸਟਰ ਭਾਰਤ ਪਾਵਨ ਵਾਲਮੀਕ ਤੀਰਥ ਸ੍ਰੀ ਅੰਮ੍ਰਿਤਸਰ ਨੇ ਸਾਰੀ ਸੰਗਤ ਅਤੇ ਐੱਸ ਸੀ ਸਮਾਜ ਨੂੰ ਹੱਕ ਦਿਵਾਉਣ ਲਈ ਬਠੋਈ ਕਲਾਂ ਪਹੁੰਚਣ ਦੀ ਅਪੀਲ ਕੀਤੀ ਹੈ।ਤਾਂ ਜੋ ਐੱਸ ਸੀ ਸਮਾਜ ਨੂੰ ਇਨਸਾਫ ਦਿਵਾਇਆ ਜਾ ਸਕੇ।

## ਹਰ ਬੂਥ 'ਤੇ 21 ਮੈਂਬਰੀ ਕਮੇਟੀ ਬਣਾਈ ਜਾਵੇਗੀ : ਸੀਤਲ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਕਾਂਗਰਸ ਦੇ ਨਵ-ਨਿਯੁਕਤ ਕੋਆਰਡੀਨੇਟਰ ਰਾਜਵਿੰਦਰ ਸਿੰਘ ਸੀਤਲ ਨੇ ਹਲਕੇ ਦੀ ਪਹਿਲੀ ਮੀਟਿੰਗ ਹਲਕੇ ਦੇ ਸੇਵਾਦਾਰ ਤੇ ਜ਼ਿਲ੍ਹਾ ਮੀਤ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਦੀ ਅਗਵਾਈ ਹੇਠ ਭਾਈਰੂਪਾ ਵਿਖੇ ਕੀਤੀ, ਜਿਸ ਵਿੱਚ ਰਾਜਵਿੰਦਰ ਸੀਤਲ ਨੇ ਦੱਸਿਆ ਕਿ ਹਰ ਬੂਥ 'ਤੇ 21 ਮੈਂਬਰੀ ਇੱਕ ਕਮੇਟੀ ਬਣਾਈ ਜਾਵੇਗੀ, ਜਿਸ ਵਿੱਚ ਨੌਜਵਾਨਾਂ, ਬਜ਼ੁਰਗਾਂ ਤੇ ਔਰਤਾਂ ਨੂੰ ਸ਼ਾਮਲ ਕੀਤਾ ਜਾਵੇਗਾ ਤੇ ਬੂਥ ਪੱਧਰ 'ਤੇ ਹਰ ਪਾਰਟੀ ਵਰਕਰ ਦੀ ਮਿਹਨਤ ਨੂੰ ਕਾਂਗਰਸੀ ਹਾਈਕਮਾਂਡ ਤੱਕ ਪਹੁੰਚਾਉਣ ਦਾ ਕੰਮ ਕੀਤਾ ਜਾਵੇਗਾ। ਇਸ ਮੌਕੇ ਐਡਵੋਕੇਟ ਜੱਸ ਬੱਜੋਆਣਾ ਨੇ ਉਨ੍ਹਾਂ ਨੂੰ ਹਲਕੇ ਵਿੱਚ ਆਉਣ 'ਤੇ ਜੀ ਆਇਆਂ ਆਖਿਆ। ਉਨ੍ਹਾਂ ਪੰਜਾਬ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ ਸਰਕਾਰ ਨਾ ਦੀ ਕੋਈ ਚੀਜ਼ ਨਹੀਂ, ਹਰ ਵਰਗ ਸਰਕਾਰ ਤੋਂ ਦੁਖੀ ਹੈ। ਉਨ੍ਹਾਂ ਆਪਣੀ ਪਾਰਟੀ ਹਲਕੇ ਦੇ ਬਾਹਰੋਂ ਆਏ ਆਪੇ ਬਣੇ ਲੀਡਰਾਂ ਬਾਰੇ ਕਿਹਾ ਕਿ ਲੀਡਰ ਨੂੰ ਲੋਕ ਬਣਾਉਂਦੇ ਹਨ, ਪਰ ਲੋਕਾਂ ਨੂੰ ਆਪਣੇ ਪੈਸੇ 'ਤੇ ਬੜਾ ਮਾਣ ਹੈ।2027 ਵਿੱਚ ਲੋਕ ਉਨ੍ਹਾਂ ਨਾਲ ਦੁੱਖ ਸੁੱਖ ਵਿੱਚ ਖੜਨ ਵਾਲਾ ਉਮੀਦਵਾਰ ਚੁਣ ਕੇ ਦੇਣਗੇ।ਇਸ ਮੌਕੇ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ, ਐੱਸ ਸੀ ਵਿੰਗ ਦੇ ਪ੍ਰਧਾਨ ਸਰਦੂਲ ਸਿੰਘ, ਸਤਨਾਮ ਸਿੰਘ ਕੋਠਾ ਗੁਰੂ, ਜਗਸੀਰ ਧਨੋਆ ਕੋਠਾ ਗੁਰੂ, ਨਰਿੰਦਰ ਕੇਸਰ ਵਾਲਾ, ਜਗਸੀਰ ਮੈਂਬਰ ਆਕਲੀਆ ਜਲਾਲ, ਚਮਕੌਰ ਜਲਾਲ, ਅਰਸ਼ ਢਿਪਾਲੀ, ਅਵਤਾਰ ਫੂਲ, ਦਰਸ਼ਨ ਸ਼ਰਮਾ ਫੂਲ, ਹੀਰਾ ਮਲੂਕਾ, ਬਲਵਿੰਦਰ ਆਦਮਪੁਰਾ, ਚੰਦ ਸਿੰਘ ਰਾਈਆ, ਗੱਗੂ ਹਮੀਰਗੜ੍ਹ, ਗੁਰਮੇਲ ਮਹਿਰਾਜ, ਹੀਰਾ ਬੁਰਜ ਲੱਧਾ, ਗੁਰਦੀਪ ਸੇਲਬਰਾਹ, ਸੁੱਖੀ ਸੇਲਬਰਾਹ, ਸੁਖਪ੍ਰੀਤ ਘੰਡਾਬੰਨਾ, ਗੁਰਜੀਤ ਘੰਡਾਬੰਨਾ, ਰਾਜ ਮੈਂਬਰ ਸਿਧਾਨਾ, ਗੁਰਸੇਵਕ ਭਾਈਰੂਪਾ ਤੇ ਭਰਤ ਬੁਰਜ ਗਿੱਲ ਹਾਜ਼ਰ ਸਨ।

## ਨੌਜਵਾਨ ਭਾਰਤ ਸਭਾ ਝਬੇਲਵਾਲੀ ਨੇ ਛਬੀਲ ਲਗਾਈ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਆਗੂ ਗੁਰਾਂਦਿੱਤਾ ਸਿੰਘ ਝਬੇਲਵਾਲੀ, ਜਸਵਰਨ ਸਿੰਘ ਸੋਨਾ, ਰੇਸ਼ਮ ਸਿੰਘ, ਜਸਕਰਨ ਸਿੰਘ ਨੇ ਕਿਹਾ ਕਿ ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਪਿੰਡ ਦੀ ਕਮੇਟੀ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਾਉਣ ਦਾ ਫੈਸਲਾ ਕੀਤਾ ਸੀ, ਜਿਸ ਤੋਂ ਬਾਅਦ ਪਿੰਡ ਵਾਸੀਆਂ ਨੇ ਚੰਗਾ ਸਹਿਯੋਗ ਦਿੱਤਾ।ਐਤਵਾਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ ਤੱਕ ਛਬੀਲ ਲਾਈ ਗਈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਹਮੇਸ਼ਾ ਸਾਂਝੇ ਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਇਸ ਮੌਕੇ ਸੋਨਾ, ਰਿੰਕੂ ਸਿੰਘ, ਅਰਸ਼ਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਜਸ਼ਨਦੀਪ ਸਿੰਘ, ਖੁਸ਼ਕਰਨ ਸਿੰਘ, ਰਾਮ ਚੰਦ, ਨੀਲਾ ਮੈਂਬਰ, ਬੰਟੀ ਸ਼ਰਮਾ ਤੋਂ ਇਲਾਵਾ ਪਿੰਡ ਦੇ ਨੌਜਵਾਨ ਤੇ ਲੋਕ ਹਾਜ਼ਰ ਸਨ।

## ਧਾਰਮਿਕ ਜਥੇਬੰਦੀਆਂ ਵੱਲੋਂ ਪੰਜਾਬ ਭਰ 'ਚ ਹੋ ਰਹੇ ਧਰਮ ਪਰਿਵਰਤਨ 'ਤੇ ਚਿੰਤਾ ਪ੍ਰਗਟ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਸਿੱਖ, ਹਿੰਦੂ ਤੇ ਵੱਖ ਵੱਖ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਵੱਲੋਂ ਪੰਜਾਬ ਭਰ 'ਚ ਲਗਾਤਾਰ ਹੋਰ ਰਹੇ ਧਰਮ ਪਰਿਵਰਤਨ ਨੂੰ ਲੈ ਕੇ ਵੱਡੇ ਪੱਧਰ 'ਤੇ ਚਿੰਤਾ ਜਤਾਈ ਗਈ। ਆਗੂਆਂ ਦਾ ਕਹਿਣਾ ਹੈ ਕਿ ਜਿਸ ਤਰ੍ਹਾਂ ਲਗਾਤਾਰ ਹਿੰਦੂ ਤੇ ਸਿੱਖ ਧਰਮ ਵਿੱਚੋਂ ਗਰੀਬ ਤੇ ਲਾਚਾਰ ਲੋਕ ਕ੍ਰਿਸਚਨ ਬਣ ਰਹੇ ਹਨ, ਜੇਕਰ ਇਸੇ ਤਰ੍ਹਾਂ ਚੱਲਦਾ ਰਿਹਾ ਤਾਂ ਉਹ ਦਿਨ ਦੂਰ ਨਹੀਂ, ਜਿਸ ਤਰ੍ਹਾਂ ਸਾਡੇ 'ਤੇ ਈਸਟ ਇੰਡੀਆ ਕੰਪਨੀ ਰਾਹੀਂ ਅੰਗਰੇਜ਼ਾਂ ਨੇ ਰਾਜ ਕੀਤਾ ਸੀ, ਉਸੇ ਤਰ੍ਹਾਂ ਇਸ ਪੰਜਾਬ ਉੱਪਰ ਵੀ ਇਨ੍ਹਾਂ ਦਾ ਰਾਜ ਹੋਵੇਗਾ। ਇਸ ਮੌਕੇ ਨਹਿੰਗ ਜਥੇਬੰਦੀ ਦੇ ਆਗੂ ਤੇ ਹਿੰਦੂ ਧਰਮ ਨਾਲ ਸਬੰਧਤ ਜਥੇਬੰਦੀ ਦੇ ਆਗੂਆਂ ਨੇ ਬੋਲਦੇ ਹੋਏ ਕਿਹਾ ਕਿ ਇਹ ਬੜੀ ਚਿੰਤਾ ਦੀ ਗੱਲ ਹੈ ਕਿ ਜਿਸ ਤਰ੍ਹਾਂ ਪੰਜਾਬ ਵਿੱਚ ਵੱਡੇ ਪੱਧਰ 'ਤੇ ਧਰਮ ਪਰਿਵਰਤਨ ਹੋ ਰਿਹਾ ਹੈ, ਇਸ ਨੂੰ ਰੋਕਣ ਦੀ ਜ਼ਰੂਰਤ ਹੈ। ਸਾਡੇ ਹਿੰਦੂ ਸੰਗਠਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਤੇ ਖਾਸ ਕਰ ਜੋ ਗਰੀਬ ਲੋਕ ਧਰਮ ਪਰਿਵਰਤਨ ਕਰ ਰਹੇ ਹਨ, ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਚਾਹੀਦਾ ਹੈ ਤੇ ਸਰਕਾਰ ਨੂੰ ਵੀ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ। ਦੂਜੇ ਪਾਸੇ ਨਹਿੰਗ ਜਥੇਬੰਦੀਆਂ ਬੁੱਢਾ ਦਲ ਨਾਲ ਸੰਬੰਧਤ ਆਗੂ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਸਕੂਲਾਂ ਕਾਲਜਾਂ ਦੇ ਵਿੱਚ ਗਰੀਬ ਬੱਚਿਆਂ ਨੂੰ ਪੜ੍ਹਾਏ ਤੇ ਗਰੀਬ ਲੋਕਾਂ ਦਾ ਮੁਫਤ ਇਲਾਜ ਕਰਵਾਏ ਤਾਂ ਜੋ ਕਰੀਬ ਲੋਕ ਇਸ ਧਰਮ ਨਾਲ ਜੁੜੇ ਹਨ, ਉਹ ਜੁੜੇ ਰਹਿਣ। ਜਦੋਂ ਉਨ੍ਹਾਂ ਨੂੰ ਦੂਜੇ ਪਾਸੇ ਕ੍ਰਿਸਚਨ ਲੋਕ ਆਪਣੇ ਸਕੂਲਾਂ ਕਾਲਜਾਂ ਵਿੱਚ ਮੁਫਤ ਵਿੱਦਿਆ ਦਿੰਦੇ ਹਨ ਤਾਂ ਉਹ ਲਾਲਚ ਦੇ ਲਈ ਉਧਰ ਜਾਂਦੇ ਹਨ। ਸਾਡਾ ਸੰਗਠਨ ਬਹੁਤ ਦੇਰ ਤੋਂ ਇਸ ਮਾਮਲੇ ਉੱਪਰ ਕੰਮ ਕਰ ਰਿਹਾ ਹੈ, ਮੇਰੇ 'ਤੇ ਵੀ ਕਈ ਮਾਮਲੇ ਦਰਜ ਹੋ ਚੁੱਕੇ ਹਨ, ਪਰ ਮੈਂ ਫਿਰ ਵੀ ਸਰਕਾਰ ਨੂੰ ਵੀ ਬੇਨਤੀ ਕਰਾਂਗਾ ਕਿ ਇਸ ਵੱਲ ਧਿਆਨ ਦੇਣ ਦੀ ਜ਼ਰੂਰਤ ਹੈ।


LOVELY PROFESSIONAL UNIVERSITY

Jalandhar-Delhi G.T. Road, Phagwara, Distt. Kapurthala, Punjab (India) - 144411

PUBLIC NOTICE

Launch of M.A. (Clinical Psychology) Program

Lovely Professional University (LPU) is pleased to announce the launch of the M.A. (Clinical Psychology) program, approved by the Rehabilitation Council of India (RCI), for the academic session 2025–26.

This two-year RCI-approved postgraduate program is designed to equip students with rigorous clinical training, enabling them to become licensed Clinical Psychologists registered with RCI and eligible to practice in hospitals, rehabilitation centres, and recognized institutions across India.

Eligibility Criteria:
- A minimum of 55% marks in a 4-year B.A./B.Sc. degree in Psychology from a UGC-recognized university.
- For SC/ST candidates, a minimum of 50% marks is required.
- Candidates with a 3-year graduation (in Psychology) shall have to pass fourth year Bridge Course or 1st year of Master's Programme in Psychology with at least 55% marks.

Admission Process:
- LPUNEST Entrance Test (70% weightage)
- Interview (30% weightage)
- Last date to apply for LPUNEST: 5th July 2025
- Number of Seats: 10

Program Fee: ₹1,40,000 per semester

This program replaces the discontinued M.Phil. Clinical Psychology and aligns with RCI guidelines for professional clinical psychology practice.

For detailed information on the program and admission process, visit www.lpu.in or contact the LPU Admission Office at 1800-102-4431.

Registrar

# 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਦੀ ਸਫਲਤਾ ਨੂੰ ਲੈ ਕੇ ਮਜ਼ਦੂਰ/ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ

ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)-10 ਟਰੇਡ ਯੂਨੀਅਨਾਂ ਅਤੇ 50 ਤੋਂ ਵੱਧ ਮੁਲਾਜ਼ਮ ਫੈਡਰੇਸ਼ਨਾਂ ਦੇ ਸਾਂਝੇ ਸੱਦੇ 'ਤੇ 9 ਜੁਲਾਈ ਨੂੰ ਹੋਣ ਵਾਲੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਕਰਨ ਲਈ ਸੀਟੂ ਆਗੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਬੱਸ ਸਟੈਂਡ ਵਿਖੇ ਸਮੂਹ ਮਜ਼ਦੂਰ/ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕਰਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਏਟਕ ਵੱਲੋਂ ਅਮਰਜੀਤ ਸਿੰਘ ਆਸਲ, ਬ੍ਰਹਮਦੇਵ ਸ਼ਰਮਾ, ਦਸਵਿੰਦਰ ਕੌਰ, ਸੀਟੂ ਵੱਲੋਂ ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ, ਗੁਰਦੀਪ ਸਿੰਘ ਬੁਤਾਲਾ, ਪ੍ਰਤਾਪ ਸਿੰਘ ਖਾਪੜਖੇੜੀ, ਸੀ. ਟੀ. ਯੂ. ਪੰਜਾਬ ਵੱਲੋਂ ਜਗਤਾਰ ਸਿੰਘ ਕਰਮਪੁਰਾ, ਹਿੰਦ ਮਜ਼ਦੂਰ ਸਭਾ ਵੱਲੋਂ ਕੁਲਵੰਤ ਸਿੰਘ ਬਾਵਾ, ਟੈਂਪੂ ਯੂਨੀਅਨ ਤੋਂ ਤੀਰਥ ਸਿੰਘ ਕੋਹਾਲੀ, ਮਿੰਨੀ ਬੱਸ ਅਪਰੇਟਰ ਐਸੋਸੀਏਸ਼ਨ ਵੱਲੋਂ ਬਲਦੇਵ ਸਿੰਘ ਬੱਬੂ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵੱਲੋਂ ਗਗਨਦੀਪ ਸਿੰਘ, ਪ੍ਰਭਜੀਤ ਸਿੰਘ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਡਾ. ਸਤਨਾਮ ਸਿੰਘ ਅਜਨਾਲਾ, ਲਖਬੀਰ ਸਿੰਘ ਨਿਜ਼ਾਮਪੁਰਾ, ਬਲਬੀਰ ਸਿੰਘ ਮੂਧਲ ਤੇ ਸਵਿੰਦਰ ਸਿੰਘ ਮੀਰਾਂਕੋਟ ਸ਼ਾਮਿਲ ਹੋਏ, ਜਿਨ੍ਹਾਂ ਵੱਲੋਂ 9 ਜੁਲਾਈ ਨੂੰ ਅੰਮ੍ਰਿਤਸਰ ਬੱਸ ਸਟੈਂਡ ਵਿਖੇ ਵਿਸ਼ਾਲ ਇਕੱਠ ਕਰਕੇ ਇਸ ਹੜਤਾਲ ਨੂੰ ਕਾਮਯਾਬ ਕਰਨ ਦਾ ਫ਼ੈਸਲਾ ਲਿਆ ਗਿਆ।



ਉਨ੍ਹਾਂ ਦਾਅਵਾ ਕੀਤਾ ਕਿ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਇਤਿਹਾਸਕ ਹੋਵੇਗੀ, ਜੋ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਆਪਣੀਆਂ ਮਜ਼ਦੂਰ/ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀਆਂ ਬਦਲਣ ਲਈ ਮਜਬੂਰ ਕਰ ਦੇਵੇਗੀ।ਕਾ. ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ 25 ਜੂਨ ਨੂੰ ਢਪਈ ਰੋਡ ਵਿਖੇ ਇਕੱਠ ਕਰਕੇ ਜਿੱਥੇ ਮਜ਼ਦੂਰ ਵਰਗ ਨੂੰ ਇਸ ਹੜਤਾਲ 'ਚ ਸ਼ਾਮਿਲ ਹੋਣ ਲਈ ਲਾਮਬੰਦ ਕੀਤਾ ਜਾਵੇਗਾ, ਉਥੇ ਹੀ ਭਗਵੰਤ ਮਾਨ ਸਰਕਾਰ ਦਾ ਪੁਤਲਾ ਵੀ ਫੂਕਿਆ ਜਾਵੇਗਾ।

ਦੂਜੇ ਪਾਸੇ ਕਿਸਾਨ ਆਗੂ ਲਖਬੀਰ ਸਿੰਘ ਨਿਜ਼ਾਮਪੁਰਾ ਨੇ ਦੱਸਿਆ ਕਿ ਇਸ ਹੜਤਾਲ ਨੂੰ ਸਫਲ ਕਰਨ ਲਈ ਸਮੂਹ ਕਿਸਾਨ ਜਥੇਬੰਦੀਆਂ ਦੀ 24 ਜੂਨ ਨੂੰ ਜਮਹੂਰੀ ਕਿਸਾਨ ਸਭਾ ਦੇ ਦਫਤਰ ਵਿਖੇ ਹੰਗਾਮੀ ਮੀਟਿੰਗ ਕੀਤੀ ਜਾਵੇਗੀ।

ਮਿੰਨੀ ਬੱਸ ਆਪ੍ਰੇਟਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਬੱਬੂ ਨੇ ਦੱਸਿਆ ਕਿ ਬੱਸ ਸਟੈਂਡ ਵਿਖੇ ਹੋਣ ਵਾਲੀ ਇਸ ਵਿਸ਼ਾਲ ਰੈਲੀ 'ਚ ਤਕਰੀਬਨ 3 ਹਜ਼ਾਰ ਮਜ਼ਦੂਰ/ਮੁਲਾਜ਼ਮ ਸਾਥੀ ਪਹੁੰਚਣਗੇ।

# ਈ-ਰਿਕਸ਼ਾ ਤੇ ਕਾਰ ਦੀ ਟੱਕਰ 'ਚ ਔਰਤ ਦੀ ਮੌਤ, 6 ਜ਼ਖ਼ਮੀ

ਗੁਰਦਾਸਪੁਰ (ਜਨਕ ਮਹਾਜਨ)-ਸਿਵਲ ਹਸਪਤਾਲ ਬਬਰੀ ਬਾਈਪਾਸ ਨੇੜੇ ਦੁਪਹਿਰ ਸਮੇਂ 2 ਈ ਰਿਕਸ਼ਾ ਅਤੇ ਇੱਕ ਕਾਰ ਦੀ ਹੋਈ ਟੱਕਰ ਦੌਰਾਨ ਇੱਕ 8 ਮਹੀਨੇ ਦੀ ਗਰਭਵਤੀ ਮਹਿਲਾ (28) ਦੀ ਮੌਤ ਅਤੇ ਦੋ ਬੱਚਿਆਂ ਸਮੇਤ 6 ਜਣਿਆਂ 'ਤੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਈ-ਰਿਕਸ਼ਾ ਚਾਲਕ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਸਵਾਰੀਆਂ ਲੈ ਕੇ ਸਿਵਲ ਹਸਪਤਾਲ ਬਬਰੀ ਜਾ ਰਿਹਾ ਸੀ ਕਿ ਜਦੋਂ ਉਹ ਬਾਈਪਾਸ ਨਜ਼ਦੀਕ ਪਹੁੰਚਿਆ ਤਾਂ ਪਠਾਨਕੋਟ ਵਾਲੀ ਸਾਈਡ ਤੋਂ ਇਕ ਤੇਜ਼ ਰਫ਼ਤਾਰ ਕਾਰ ਆਈ ਜਿਸ ਨੇ ਰਿਕਸ਼ੇ ਨੂੰ ਟੱਕਰ ਮਾਰ ਦਿੱਤੀ। ਇਸ ਦੌਰਾਨ ਰਿਕਸ਼ਾ ਪਲਟ ਗਿਆ ਅਤੇ ਰਿਕਸ਼ੇ ਵਿਚ ਬੈਠੀ ਗਰਭਵਤੀ ਔਰਤ ਗੱਡੀ ਦੇ ਟਾਇਰ ਹੇਠਾਂ ਆ ਗਈ ਜਿਸ ਨੂੰ ਗੱਡੀ ਚੁੱਕ ਕੇ ਬੜੀ ਮੁਸ਼ਕਿਲ ਨਾਲ ਬਾਹਰ ਕੱਢਿਆ ਪਰ ਉਸ ਦੀ ਮੌਤ ਹੋ ਗਈ। ਇਸੇ ਤਰ੍ਹਾਂ ਰਿਕਸ਼ੇ ਵਿਚ ਬੈਠੀਆਂ ਬਾਕੀ ਸਵਾਰੀਆਂ ਦੇ ਵੀ ਗੰਭੀਰ ਸੱਟਾਂ ਲਗੀਆਂ। ਜ਼ਖਮੀਆਂ ਨੂੰ ਲੋਕਾਂ ਨੇ ਸਿਵਲ ਹਸਪਤਾਲ ਬਬਰੀ ਵਿਖੇ ਦਾਖਲ ਕਰਵਾਇਆ ਜਿਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਮੌਕੇ 'ਤੇ ਪਹੁੰਚੀ ਪੁਲਸ ਪਾਰਟੀ ਨੇ ਦੋਵਾਂ ਵਾਹਨਾਂ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕਾਮਰੇਡ ਸਵਰਨ ਕੌਰ ਦੇ ਤੁਰ ਜਾਣ ਨਾਲ ਕਿਰਤੀ ਵਰਗ ਨੂੰ ਬਹੁਤ ਵੱਡਾ ਘਾਟਾ ਪਿਆ : ਦੇਵੀ ਕੁਮਾਰੀ

ਤਰਨ ਤਾਰਨ (ਨਜ਼ਸ)-ਪੰਜਾਬ ਦੀ ਕਮਿਊਨਿਸਟ ਲਹਿਰ ਤੇ ਕਿਰਤੀ ਵਰਗ ਨੂੰ ਉਦੋਂ ਬਹੁਤ ਵੱਡਾ ਘਾਟਾ ਪਿਆ ਜਦੋਂ ਕਾਮਰੇਡ ਸਵਰਨ ਕੌਰ ਦਾ ਸੰਖੇਪ ਬਿਮਾਰੀ ਪਿੱਛੋਂ ਦਿਹਾਂਤ ਹੋ ਗਿਆ।ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਜ਼ਿਲ੍ਹਾ ਐਗਜ਼ੈਕਟਿਵ ਮੈਂਬਰ ਕਾਮਰੇਡ ਚਰਨ ਸਿੰਘ ਤਰਨ ਤਾਰਨ, ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਮੀਤ ਸਕੱਤਰ ਕਾਮਰੇਡ ਰਸ਼ਪਾਲ ਸਿੰਘ ਘੁਰਕਵਿੰਡ, ਸੂਬਾ ਵਰਕਿੰਗ ਕਮੇਟੀ ਮੈਂਬਰ ਕਾਮਰੇਡ ਮੇਜਰ ਸਿੰਘ ਦਾਰਾਪੁਰ, ਕਾਮਰੇਡ ਜਤਿੰਦਰ ਸਿੰਘ ਢੋਟੀਆਂ, ਕਾਮਰੇਡ ਸੋਹਣ ਸਿੰਘ ਢੋਟੀਆਂ, ਕਾਮਰੇਡ ਬਰਖਾ ਸਿੰਘ ਢੋਟੀਆਂ, ਕਾਮਰੇਡ ਦਲਬੀਰ ਕੌਰ ਢੋਟੀਆਂ ਕਾਮਰੇਡ ਬੂਟਾ ਸਿੰਘ ਢੋਟੀਆਂ, ਕਾਮਰੇਡ ਸੇਵਾ ਸਿੰਘ ਦਦੇਹਰ ਸਾਹਿਬ, ਕਾਮਰੇਡ ਸਰਦੂਲ ਸਿੰਘ ਢੋਟੀਆਂ ਅਤੇ ਕਾਮਰੇਡ ਬਲਵੰਤ ਸਿੰਘ ਢੋਟੀਆਂ ਨੇ ਪੰਜਾਬ ਖੇਤ ਮਜ਼ਦੂਰ ਸਭਾ ਅਤੇ ਭਾਰਤੀ ਕਮਿਊਨਿਸਟ ਪਾਰਟੀ ਦਾ ਝੰਡਾ ਪਾਇਆ ਅਤੇ ਕਿਹਾ ਕਿ ਸਵਰਨ ਕੌਰ ਨੇ ਆਪਣੀ ਜ਼ਿੰਦਗੀ ਦਾ ਪਲ-ਪਲ ਕਿਰਤੀ ਲਹਿਰ ਦੇ ਲੇਖੇ ਲਾਇਆ। ਉਨ੍ਹਾਂ ਹਕੂਮਤਾਂ ਦੀਆਂ ਲੋਕਾਂ ਵਿਰੋਧੀ ਨੀਤੀਆਂ ਵਿਰੁੱਧ ਲੋਕਾਂ ਦੀ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣ ਵਾਸਤੇ ਬਹੁਤ ਸਾਰੇ



ਘੋਲਾਂ ਵਿੱਚ ਹਿੱਸਾ ਲਿਆ।ਉਹ ਕਾਮਰੇਡ ਬੂਟਾ ਸਿੰਘ ਢੋਟੀਆਂ ਦੀ ਪਤਨੀ ਅਤੇ ਸ਼ਹੀਦ ਕਾਮਰੇਡ ਦਿਲਬਾਗ ਸਿੰਘ ਦੀ ਵੱਡੀ ਭਰਜਾਈ ਸੀ।ਸ਼ਹੀਦ ਕਾਮਰੇਡ ਦਿਲਬਾਗ ਸਿੰਘ ਖੇਤ ਮਜ਼ਦੂਰਾਂ ਦੇ ਉੱਘੇ ਲੀਡਰ ਸਨ ਅਤੇ ਅੰਤਲੇ ਸਾਹਾਂ ਤੱਕ ਮਜ਼ਦੂਰਾਂ ਦੀ ਬਿਹਤਰੀ ਲਈ ਸੰਘਰਸ਼ਸ਼ੀਲ ਰਹੇ।ਅੱਤਵਾਦ ਦੇ ਕਾਲੇ ਦੌਰ ਵਿੱਚ ਕਾਮਰੇਡ ਬੂਟਾ ਸਿੰਘ ਦੇ ਘਰ ਅੱਤਵਾਦੀਆਂ ਨਾਲ ਮੁਕਾਬਲਾ ਕਰਨ ਵਾਸਤੇ ਮੋਰਚਾ ਲੱਗਾ ਹੋਇਆ ਸੀ। ਕਾਮਰੇਡ ਸਵਰਨ ਕੌਰ ਆਪ ਰੈਫਲ ਚੁੱਕ ਕੇ ਰਾਤ ਦੇ ਸਮੇਂ ਪਹਿਰਾ ਦਿੰਦੀ ਰਹੀ।ਇੱਕ ਦਿਨ ਜਦੋਂ ਦਹਿਸ਼ਤਗਰਦਾਂ ਨੂੰ ਪਤਾ ਲੱਗਾ ਕਿ ਸਵਰਨ ਕੌਰ ਘਰ ਵਿੱਚ ਮੌਜੂਦ ਨਹੀਂ ਹੈ ਤਾ ਉਨ੍ਹਾਂ ਨੇ ਰਾਤ ਨੂੰ ਇਨ੍ਹਾਂ ਦੇ ਘਰ 'ਤੇ ਹਮਲਾ ਕਰ ਦਿੱਤਾ ਤੇ ਮੁਕਾਬਲੇ ਵਿੱਚ ਕਾਮਰੇਡ ਦਿਲਬਾਗ ਸਿੰਘ ਢੋਟੀਆਂ, ਕਾਮਰੇਡ ਪ੍ਰਗਟ ਸਿੰਘ ਨੰਦਪੁਰ ਅਤੇ ਬਿੱਟੂ ਸਖੀਰਾ ਨੂੰ ਸ਼ਹੀਦ ਕਰ ਦਿੱਤਾ ਅਤੇ ਕਾਮਰੇਡ ਬੂਟਾ ਸਿੰਘ ਅਤੇ ਉਨ੍ਹਾਂ ਦੇ ਬੇਟੇ ਅਮਰਜੀਤ ਸਿੰਘ ਢੋਟੀਆਂ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ।ਉਨ੍ਹਾਂ ਦੀ ਮੌਤ ਤੋਂ ਬਾਅਦ ਵੀ ਸਵਰਨ ਕੌਰ ਅਤੇ ਇਨ੍ਹਾਂ ਦੇ ਸਾਰੇ ਪਰਵਾਰ ਨੇ ਲਾਲ ਝੰਡੇ ਨੂੰ ਬੁਲੰਦ ਰੱਖਿਆ।

ਇਸ ਦੌਰਾਨ ਪਿੰਡ ਢੋਟੀਆਂ ਦੇ ਹਰਜਿੰਦਰ ਸਿੰਘ ਸਰਪੰਚ, ਗੁਰਮੀਤ ਸਿੰਘ, ਜਗਤਾਰ ਸਿੰਘ, ਜਸਬੀਰ ਸਿੰਘ, ਨਿਰਵੈਲ ਸਿੰਘ ਪੰਚਾਇਤ ਮੈਂਬਰ, ਸਵਿੰਦਰ ਸਿੰਘ ਚੇਅਰਮੈਨ, ਵਿਕਰਮਜੀਤ ਸਿੰਘ ਡੁੱਗਰੀ, ਹੀਰਾ ਸਿੰਘ, ਹਰਜਿੰਦਰ ਸਿੰਘ ਸੂਬੇਦਾਰ ਆਦਿ ਹਾਜ਼ਰ ਸਨ।ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਅਮਰਜੀਤ ਸਿੰਘ ਨੇ ਦਿਖਾਈ।ਉਨ੍ਹਾਂ ਨਮਿੱਤ ਸ਼ਰਧਾਂਜਲੀ ਸਮਾਗਮ 30 ਜੂਨ ਸੋਮਵਾਰ ਉਨ੍ਹਾਂ ਦੇ ਪਿੰਡ ਢੋਟੀਆਂ ਵਿਖੇ ਹੋਵੇਗਾ।

# ਰੰਧਾਵਾ ਨੇ ਜ਼ਿਮਨੀ ਚੋਣਾਂ ਦੀ ਜਿੱਤ 'ਤੇ ਵਧਾਈ ਦਿੱਤੀ ਅਤੇ ਵਰਕਰਾਂ ਦਾ ਮੂੰਹ ਮਿੱਠਾ ਕਰਵਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਦੇ ਲੁਧਿਆਣਾ ਪੱਛਮੀ ਤੇ ਗੁਜਰਾਤ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਹੂੰਝਾ ਫਿਰ ਜਿੱਤ ਨੂੰ ਲੈ ਕੇ ਕਸਬਾ ਡੇਰਾ ਬਾਬਾ ਨਾਨਕ ਵਿਖੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਆਪ ਆਗੂਆਂ ਵੱਲੋਂ ਜਿੱਤ ਦੀ ਖੁਸ਼ੀ ਵਿੱਚ ਆਤਸ਼ਬਾਜ਼ੀ ਚਲਾਈ, ਲੱਡੂ ਵੰਡੇ ਤੇ ਭੰਗੜਾ ਪਾ ਕੇ ਜਿੱਤ ਦੇ ਜਸ਼ਨ ਮਨਾਏ ਗਏ।ਇਸ ਮੌਕੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਰਵਾਏ ਜਾ ਰਹੇ ਕੰਮਾਂ ਤੋਂ ਖੁਸ਼ ਹੋ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੱਡਾ ਫਤਵਾ ਦਿੱਤਾ ਹੈ ਜਿਸ ਸਦਕਾ ਇਨ੍ਹਾਂ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਇੱਕ ਵਾਰ ਫਿਰ ਭਾਰੀ ਬਹੁਮਤ ਨਾਲ ਵੱਡੀ ਜਿੱਤ ਪ੍ਰਾਪਤ ਕੀਤੀ ਹੈ।ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਆਪ ਆਗੂ ਪਰਵਿੰਦਰ ਸਿੰਘ ਘਣੀਆ, ਸਰਪੰਚ ਹਰਜੀਤ ਸਿੰਘ ਠੇਠਰਕੇ, ਮੀਤ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਜਸਬੀਰ ਸਿੰਘ ਫੌਜੀ ਵਡਾਲਾ ਬਾਂਗਰ, ਐਡਵੋਕੇਟ



ਬੀਬੀ ਬਲਵਿੰਦਰ ਕੌਰ, ਪੀਏ ਲਵਪ੍ਰੀਤ ਸਿੰਘ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਸੁਖਜਿੰਦਰ ਸਿੰਘ ਪੱਖੋਕੇ, ਰਾਜਾ ਮੱਲੀ, ਮੇਜਰ ਸਿੰਘ ਠੇਠਰਕੇ, ਡਾਕਟਰ ਗੁਰਦੇਵ ਸਿੰਘ, ਡਾਕਟਰ ਅਸ਼ੋਕ ਸੋਨੀ, ਸੁਧੀਰ ਬੇਦੀ, ਸਰਪੰਚ ਸੁਖਜਿੰਦਰ ਸਿੰਘ ਜੋੜੀਆਂ ਕਲਾਂ, ਗਗਨਦੀਪ ਸਿੰਘ, ਸਰਪੰਚ ਹਰਪ੍ਰੀਤ ਸਿੰਘ ਹੈਪੀ ਬਹਿਲੋਲਪੁਰ, ਰਾਜੂ ਹਰਦਰਵਾਲ, ਸਰਪੰਚ ਹੀਰਾ ਸਿੰਘ, ਜੇ ਈ ਬਲਜੀਤ, ਜਸਵਿੰਦਰ ਸਿੰਘ, ਇੰਦਰਜੀਤ ਸਿੰਘ, ਪੂਜਾ, ਬਲਵਿੰਦਰ ਸਿੰਘ, ਸਰਪੰਚ ਦਲਬੀਰ ਸਿੰਘ ਰਾਜੇਕੇ, ਸਰਪੰਚ ਨਿਰਮਲ ਮਸੀਹ, ਸਰਪੰਚ ਸ਼ਰਨਜੀਤ ਸਿੰਘ, ਰਮੇਸ਼ ਬੱਬਰ, ਸਰਬਜੀਤ ਸਿੰਘ ਰਾਜੇਕੇ, ਹਰਦੇਵ ਸਿੰਘ ਹਰੂਵਾਲ, ਸਰਪੰਚ ਸਤਨਾਮ ਸਿੰਘ ਬਾਜਵਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਰਕਰ ਹਾਜ਼ਰ ਸਨ

# ਸੇਖਵਾਂ ਨੇ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਜਿੱਤਣ 'ਤੇ ਪਾਰਟੀ ਹਾਈਕਮਾਨ ਤੇ ਵਲੰਟੀਅਰਾਂ ਨੂੰ ਵਧਾਈ ਦਿੱਤੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਜਗਰੂਪ ਸਿੰਘ ਸੇਖਵਾਂ (ਹਲਕਾ ਇੰਚਾਰਜ ਕਾਦੀਆਂ) ਨੇ ਲੁਧਿਆਣਾ ਪੱਛਮੀ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਹੋਈ ਰਿਕਾਰਡਤੋੜ ਸ਼ਾਨਦਾਰ ਜਿੱਤ ਲਈ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਵਲੰਟੀਅਰਾਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਪੱਛਮੀ ਹਲਕੇ ਦੇ ਲੋਕਾਂ ਨੇ ਇੱਕ ਇਮਾਨਦਾਰ ਤੇ ਨੇਕ ਇਨਸਾਨ ਨੂੰ ਚੁਣ ਕੇ ਸਹੀ ਫੈਸਲਾ ਲਿਆ ਹੈ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਅੱਜ ਦੀ ਇਹ ਜਿੱਤ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਆਮ ਆਦਮੀ ਪਾਰਟੀ ਦੇ ਸੂਬੇ ਵਿੱਚ ਮੁੜ ਸੱਤਾ ਵਿੱਚ ਆਉਣ ਦਾ ਸਪਸ਼ਟ ਸੰਕੇਤ ਹੈ। ਉਨ੍ਹਾਂ ਕਿਹਾ ਕਿ ਇਹ ਜਿੱਤ ਦਰਸਾਉਂਦੀ ਹੈ ਕਿ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੰਮਾਂ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਬੇਹੱਦ ਖੁਸ਼ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਪੰਜਾਬ ਸਰਕਾਰ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਦਿਨ ਰਾਤ ਬਿਨਾਂ ਭੇਦਭਾਵ ਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ ਅਤੇ ਲੋਕ ਸੇਵਾ ਦੇ ਇਹ ਕਾਰਜ ਭਵਿੱਖ ਵਿੱਚ ਵੀ ਜਾਰੀ ਰਹਿਣਗੇ।

# ਨੌਜਵਾਨਾਂ ਨੂੰ ਬਾਣੀ ਤੇ ਬਾਣੇ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਮੁਹਿੰਮ ਚਲਾਵੇ:ਕੁਲਵੰਤ ਕੋਟਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਗਤਕਾ ਦਿਵਸ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਕੋਟਲਾ ਗੁੱਜਰਾਂ ਵਿੱਚ ਮਨਾਇਆ ਗਿਆ। ਇਸ ਸਮੇਂ ਨੌਜਵਾਨਾਂ ਨੇ ਬੜੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਭਾਈ ਕੁਲਵੰਤ ਸਿੰਘ ਕੋਟਲਾ ਗੁੱਜਰਾਂ ਨੇ ਕਿਹਾ ਕਿ ਹਰੇਕ ਪਿੰਡ ਦੇ ਵਿੱਚ ਨੌਜਵਾਨਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਲੋਕਲ ਗੁਰਦੁਆਰਿਆਂ ਦੀਆਂ ਕਮੇਟੀਆਂ ਵੱਲੋਂ ਗਤਕਾ ਸਿੱਖਣ ਲਈ ਪ੍ਰੇਰਨਾ ਦੇਣ ਅਤੇ ਇਸ ਲਈ ਯੋਗ ਪ੍ਰਬੰਧ ਕੀਤੇ ਜਾਣ। ਉਨ੍ਹਾਂ ਆਖਿਆ ਕਿ ਜਿੱਥੇ ਅੱਜ ਬਾਣੀ ਤੇ ਬਾਣੇ ਦੀ ਲੋੜ ਹੈ, ਉਥੇ ਸਭ ਤੋਂ ਪਹਿਲਾਂ ਗਤਕਾ ਸਿੱਖਣਾ ਵੀ ਅਤੀ ਜ਼ਰੂਰੀ ਹੈ, ਜਿਵੇਂ ਕਿ ਪੁਰਾਤਨ ਸਮੇਂ ਵਿੱਚ ਮੁਸਲਮਾਨ ਹਕੂਮਤ ਭਾਰਤ ਵਿੱਚ ਕਿਸੇ ਵੀ ਗੈਰ ਮੁਸਲਮਾਨ ਨੂੰ ਘੋੜੇ ਦੀ ਸਵਾਰੀ ਨਹੀਂ ਸੀ ਕਰਨ ਦਿੰਦੀ। ਉਨ੍ਹਾਂ ਕਿਹਾ ਕਿ ਉਸ ਸਮੇਂ ਸ਼ਰਤ ਸੀ ਕਿ ਜਿਸ ਨੇ ਘੋੜੇ ਦੀ ਸਵਾਰੀ ਕਰਨੀ ਹੈ, ਉਸਨੂੰ ਤਲਵਾਰ ਰੱਖਣੀ ਪੈਣੀ ਹੈ ਅਤੇ ਉਹ ਸਭ ਤੋਂ ਪਹਿਲਾਂ ਮੁਸਲਮਾਨ ਧਰਮ ਵਿੱਚ ਸ਼ਾਮਲ ਹੋ ਕੇ ਆਪਣੀ ਸੁੰਨਤ ਕਰਾ ਕੇ ਆਵੇ। ਇਸ ਸ਼ਰਤ ਅਤੇ ਲੋਕਾਂ 'ਤੇ ਜ਼ੁਲਮ ਹੁੰਦਾ ਵੇਖ ਕੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਦੋ ਤਲਵਾਰਾਂ ਪਹਿਨੀਆਂ ਤੇ ਸਿੱਖਾਂ ਨੂੰ ਤਲਵਾਰ ਰੱਖਣ ਦਾ ਹੁਕਮ ਕੀਤਾ। ਉਨ੍ਹਾਂ ਘੋੜੇ ਦਿੱਤੇ, ਬਾਜ ਦਿੱਤੇ, ਤਾਜ ਦਿੱਤੇ ਤਾਂ ਇਸ ਤਰ੍ਹਾਂ



ਮੁਗਲੀਆ ਹਕੂਮਤ ਦੇ ਕੋਲੋਂ ਭਾਰਤ ਦੇ ਦੱਬੇ ਕੁਚਲੇ ਲੋਕਾਂ ਨੂੰ ਆਜ਼ਾਦੀ ਦਿਵਾਈ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾਵੇ ਅਤੇ ਬਾਣੀ ਤੇ ਬਾਣੇ ਨਾਲ ਜੋੜਿਆ ਜਾਵੇ। ਇਸ ਮੌਕੇ ਡਾ. ਬਿਕਰਮਜੀਤ ਸਿੰਘ, ਪਵਨਦੀਪ ਸਿੰਘ, ਜੋਧਾ ਸਿੰਘ, ਮਲਕੀਤ ਸਿੰਘ, ਸ਼ਮਸ਼ੇਰ ਸਿੰਘ, ਗੁਰਮੇਲ ਸਿੰਘ, ਸਕੱਤਰ ਸਿੰਘ, ਭਾਈ ਹਰਮੀਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਜਰਮਨਜੀਤ ਸਿੰਘ, ਭਾਈ ਸ਼ੁਭਦੀਪ ਸਿੰਘ, ਬਖਤਾਵਰ ਸਿੰਘ, ਬੱਬੂ ਸਿੰਘ, ਬੀਬੀ ਸੁਖਵਿੰਦਰ ਕੌਰ, ਬੀਬੀ ਨਰਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਤਾਜ ਸਿੰਘ ਅਤੇ ਹੋਰ ਹਾਜ਼ਰ ਸਨ।

# ਲੁਧਿਆਣਵੀਆਂ ਨੇ ਮਾਨ ਸਰਕਾਰ ਦੇ ਲੋਕ ਹਿਤੈਸ਼ੀ ਫੈਸਲਿਆਂ 'ਤੇ ਮੋਹਰ ਲਾਈ: ਸੰਧੂ, ਢਿੱਲੋਂ

ਚੋਹਲਾ ਸਾਹਿਬ (ਰਮਨ ਚੱਢਾ)-ਲੁਧਿਆਣਾ ਪੱਛਮੀ 'ਚ 19 ਜੂਨ ਨੂੰ ਹੋਈ ਜ਼ਿਮਨੀ ਚੋਣ ਜਿਸ ਦਾ ਨਤੀਜਾ 23 ਜੂਨ ਨੂੰ ਆਇਆ, ਵਿੱਚ ਲੁਧਿਆਣਾ ਪੱਛਮੀ ਦੇ ਸੂਝਵਾਨ ਵੋਟਰਾਂ ਨੇ ਪਿਛਲੇ ਸਾਢੇ ਤਿੰਨ ਸਾਲ ਤੋਂ ਪੰਜਾਬ ਤੇ ਪੰਜਾਬੀਆਂ ਦੀ ਸੇਵਾ ਕਰ ਰਹੀ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਸਰਕਾਰ ਵੱਲੋਂ ਪੰਜਾਬ ਤੇ ਪੰਜਾਬੀਆਂ ਦੇ ਭਲੇ ਲਈ ਕੀਤੇ ਨੇਕ ਕਾਰਜਾਂ 'ਤੇ ਮੋਹਰ ਲਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਨੂੰ 10 ਹਜ਼ਾਰ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਵਿਰੋਧੀਆਂ ਦੇ ਦੰਦ ਖੱਟੇ ਕਰ ਦਿੱਤੇ। ਇਹ ਗੱਲ ਹਲਕਾ ਖਡੂਰ ਸਾਹਿਬ ਦੇ ਨੌਜਵਾਨ ਤੇ ਹਰਕੀਰਤ ਸਿੰਘ ਕਰਨ ਪੀਏ, ਸੀਨੀਅਰ ਆਗੂ ਡਾਕਟਰ ਉਪਕਾਰ ਸਿੰਘ ਸੰਧੂ ਤੇ ਪਰਦੀਪ ਕੁਮਾਰ ਢਿੱਲੋਂ ਖਾਦ ਸਟੋਰ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀ। ਡਾਕਟਰ ਉਪਕਾਰ ਸਿੰਘ ਸੰਧੂ ਤੇ ਢਿੱਲੋਂ ਨੇ ਕਿਹਾ ਕਿ ਇਸ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੀ ਪੰਜਾਬ ਦੇ ਯੂਥ ਪ੍ਰਧਾਨ ਤੇ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਲੁਧਿਆਣਾ ਪੱਛਮੀ ਦੇ ਵੋਟਰਾਂ ਨੇ ਆਮ ਆਦਮੀ ਪਾਰਟੀ ਵੱਲ ਪ੍ਰੇਰਿਤ ਕਰਕੇ ਇਸ ਸ਼ਾਨਦਾਰ ਲੀਡ ਵਿੱਚ



ਵਾਧਾ ਕੀਤਾ ਲਾਲਪੁਰਾ ਤੇ ਉਨ੍ਹਾਂ ਦੀ ਟੀਮ ਵੋਟਰਾਂ ਨੇ ਘਰ-ਘਰ ਜਾ ਕੇ ਚੋਣ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ ਸਾਰੀਆਂ ਹੀ ਵਿਰੋਧੀ ਧਿਰਾਂ ਕੋਲ ਕੋਈ ਮੁੱਦਾ ਨਹੀਂ ਰਿਹਾ ਕਿਉਂਕਿ ਸਾਡੀ ਸਰਕਾਰ ਨੂੰ ਹਰੇਕ ਵਰਗ ਦੀ ਭਲਾਈ ਤੇ ਨੇਕ ਕੰਮ ਕਰਕੇ ਸਾਰੇ ਪੰਜਾਬੀਆਂ ਨੂੰ ਸੁੱਖ ਸਹੂਲਤਾਂ ਦਿੱਤੀਆਂ। ਇਸ ਉਪਰੰਤ ਹਰਕੀਰਤ ਸਿੰਘ ਨੇ ਕਿਹਾ ਕਿ ਇਸ ਜ਼ਿਮਨੀ ਚੋਣ ਨੇ 2027 ਦੀ ਹੋ ਰਹੀ ਚੋਣ ਵਿੱਚ ਆਮ ਆਦਮੀ ਪਾਰਟੀ ਦਾ ਦੂਸਰੀ ਵਾਰ ਸਰਕਾਰ ਬਣਨ ਦਾ ਮਜ਼ਬੂਤ ਮੁੱਢ ਬੰਨ੍ਹ ਦਿੱਤਾ। ਪੰਜਾਬ ਦੇ ਲੋਕ ਇਸੇ ਤਰ੍ਹਾਂ ਪੰਜਾਬ 'ਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ।

# ਚੋਰ ਨਵੀਂ ਕੀਤੀ ਵਾਇਰਿੰਗ 'ਚੋਂ ਬਿਜਲੀ ਦੀ ਤਾਰ ਕੱਢ ਕੇ ਰਫੂਚੱਕਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੀ ਦੇਰ ਰਾਤ ਕਰੀਬ 2 ਤੋਂ 2.5 ਵਜੇ ਦੇ ਲਗਭਗ ਕਾਦੀਆਂ ਦੇ ਮੁਹੱਲਾ ਧਰਮਪੁਰਾ ਵਿਖੇ ਬਣ ਰਹੇ ਨਵੇਂ ਮਕਾਨ ਵਿੱਚੋਂ ਇੱਕ ਚੋਰ ਦੇ ਵੱਲੋਂ ਬੜੀ ਹੁਸ਼ਿਆਰੀ ਦੇ ਨਾਲ ਘਰ ਦੇ ਅੰਦਰ ਵਾਇਰਿੰਗ ਹੋਈ ਤਾਰ ਨੂੰ ਕੰਧਾਂ ਵਿੱਚੋਂ ਕੱਢ ਕੇ ਲੈ ਗਏ।

ਇਹ ਸਾਰੀ ਘਟਨਾ ਨਜ਼ਦੀਕ ਲੱਗੇ ਇੱਕ ਕੈਮਰੇ ਦੇ ਵਿੱਚ ਕੈਦ ਹੋਈ ਹੈ ਜਿਸ ਵਿੱਚ ਚੋਰ ਦੀਆਂ ਤਸਵੀਰਾਂ ਕੈਦ ਹੋਈਆਂ ਅਤੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਮਕਾਨ ਮਾਲਕ ਨਰੈਣਾ ਸਿੰਘ ਵਾਸੀ ਮਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਕਿ ਉਹ ਆਪਣੀ ਬੇਟੀ ਦੇ ਲਈ ਆਪਣੀ ਕੋਠੀ ਦੇ ਬਿਲਕੁਲ ਸਾਹਮਣੇ ਹੀ ਨਵੀਂ ਕੋਠੀ ਨੂੰ ਤਿਆਰ ਕਰਵਾ ਰਹੇ ਹਨ ਜਿੱਥੇ ਕਿ ਬੀਤੇ ਦਿਨਾਂ ਤੋਂ ਬਿਜਲੀ ਦੀ ਵਾਇਰਿੰਗ ਦਾ ਕੰਮ ਚੱਲ ਰਿਹਾ ਹੈ।

ਸਵੇਰੇ ਜਦੋਂ ਵਾਇਰਿੰਗ ਕਰਨ ਵਾਲਾ ਆਇਆ ਤਾਂ ਉਸ ਨੇ ਦੇਖਿਆ ਕਿ ਕੰਧਾਂ ਵਿੱਚੋਂ ਤਾਰਾਂ ਨੂੰ ਕੱਢਿਆ ਗਿਆ ਹੈ। ਜਦੋਂ ਉਸਨੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕੀਤਾ ਤਾਂ ਉਨ੍ਹਾਂ ਨੇ ਦੇਖਿਆ ਕਿ ਚੋਰ ਕੰਧਾਂ ਵਿੱਚੋਂ ਤਾਰ ਕੱਢ ਕੇ ਲੈ ਗਏ ਹਨ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਕਰੀਬ 70 ਤੋਂ 75 ਹਜ਼ਾਰ ਰੁਪਏ ਦੇ ਲਗਭਗ ਬਿਜਲੀ ਦੀ ਤਾਰ ਚੋਰੀ ਕੀਤੀ ਗਈ ਹੈ।ਉਨ੍ਹਾਂ ਨੇ ਇਸ ਸਬੰਧੀ ਲਿਖਤੀ ਸ਼ਿਕਾਇਤ ਥਾਣਾ ਕਾਦੀਆਂ ਨੂੰ ਦੇ ਦਿੱਤੀ ਹੈ।ਸਬੰਧਤ ਕਾਦੀਆਂ



ਥਾਣੇ ਦੀ ਪੁਲਸ ਵੱਲੋਂ ਇਸ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ।ਹੁਣ ਦੇਖਣਾ ਇਹ ਹੋਵੇਗਾ ਕਿ ਸੀਸੀਟੀਵੀ ਕੈਮਰੇ ਦੀ ਮਦਦ ਦੇ ਨਾਲ ਕੀ ਪੁਲਸ ਚੋਰ ਤੱਕ ਪਹੁੰਚਦੀ ਹੈ ਜਾਂ ਫਿਰ ਚੋਰ ਇਸੇ ਤਰ੍ਹਾਂ ਹੀ ਬੇਖੌਫ ਹੋ ਕੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਰਹਿਣਗੇ ।

# 'ਆਪ' ਦੀ ਲੁਧਿਆਣਾ ਜ਼ਿਮਨੀ ਚੋਣ 'ਚ ਹੋਈ ਜਿੱਤ ਦੀ ਖੁਸ਼ੀ 'ਚ ਲੱਡੂ ਵੰਡੇ

ਕਲਾਨੌਰ (ਮਨਦੀਪ ਕੋਹਲੀ)-ਲੁਧਿਆਣਾ ਜ਼ਿਮਨੀ ਚੋਣ ਵਿੱਚ ਹੋਈ ਆਮ ਆਦਮੀ ਪਾਰਟੀ ਦੀ ਜਿੱਤ ਦੀ ਖੁਸ਼ੀ ਵਿੱਚ ਕਲਾਨੌਰ ਤੋਂ ਬਲਾਕ ਪ੍ਰਧਾਨ ਇੰਦਰਜੀਤ ਭਾਰਲ ਦੀ ਅਗਵਾਈ ਵਿੱਚ ਲੱਡੂ ਵੰਡੇ ਗਏ। ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਇੰਦਰਜੀਤ ਭਾਰਲ ਅਤੇ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਹਰਦੀਪ ਮਠਾਰੂ ਨੇ ਕਿਹਾ ਕਿ ਇਹ ਤਾਂ ਸਭ ਨੂੰ ਪਤਾ ਹੀ ਸੀ ਕਿ ਜਿੱਤ ਤਾਂ ਆਮ ਆਦਮੀ ਪਾਰਟੀ ਦੀ ਹੀ ਹੋਣੀ ਹੈ ਕਿਉਂਕਿ ਲੋਕਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਆਮ ਆਦਮੀ ਪਾਰਟੀ ਦੇ ਕੰਮਾਂ ਤੋਂ ਸੰਤੁਸ਼ਟੀ ਪ੍ਰਗਟਾਈ ਹੈ। ਅੱਗੇ ਗੱਲਬਾਤ ਕਰਦੇ ਆਂ ਉਨ੍ਹਾਂ ਨੇ ਕਿਹਾ ਕਿ ਇਕੱਲੇ ਪੰਜਾਬ ਦੀ ਲੁਧਿਆਣਾ ਪੱਛਮੀ ਸੀਟ ਤੋਂ ਹੀ ਜ਼ਿਮਨੀ ਚੋਣ ਨਹੀਂ ਜਿੱਤੀ ਸਗੋਂ ਗੁਜਰਾਤ ਵਿੱਚ ਹੋਈਆਂ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੇ ਮਨ ਬਣਾ ਲਿਆ ਹੈ ਕਿ 2027 ਵਿੱਚ ਵੀ ਆਮ ਆਦਮੀ ਪਾਰਟੀ ਹੀ ਪੰਜਾਬ ਵਿੱਚ ਸਰਕਾਰ ਬਣਾਏਗੀ ਕਿਉਂਕਿ ਲੋਕਾਂ ਦਾ ਭਾਰਤੀ ਜਨਤਾ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ



ਪਾਰਟੀ ਦੀਆਂ ਸਰਕਾਰਾਂ ਤੋਂ ਮੋਹ ਭੰਗ ਹੋ ਚੁੱਕਾ ਹੈ। ਇਸ ਮੌਕੇ ਬਲਾਕ ਪ੍ਰਧਾਨ ਕਲਾਨੌਰ ਇੰਦਰਜੀਤ ਭਾਰਲ, ਯੂਥ ਆਗੂ ਹਰਦੀਪ ਮਠਾਰੂ, ਸੋਸ਼ਲ ਮੀਡੀਆ ਕਲਾਨੌਰ ਚੰਚਲ ਕੁਮਾਰ, ਮਨਦੀਪ ਸਿੰਘ ਬੁਲਾਰੀਆ, ਬਲਵਿੰਦਰ ਸਿੰਘ ਮੱਲੀ, ਰਾਜੂ ਕਲਾਨੌਰ ਆਦਿ ਵੀ ਹਾਜ਼ਰ ਸਨ

# ਜ਼ਮੀਨ ਹੇਠਲੇ ਪਾਣੀ ਨੂੰ ਬਚਾਉਣ ਲਈ ਬਰਸਾਤੀ ਮੱਕੀ ਹੇਠ ਰਕਬਾ ਵਧਾਉਣ ਦੀ ਜ਼ਰੂਰਤ: ਡਾ. ਅਮਰੀਕ ਸਿੰਘ

ਬਟਾਲਾ, ਜੂਨ (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਵਲੋਂ ਜ਼ਿਲਾ ਗੁਰਦਾਸਪੁਰ ਵਿਚ ਝੋਨੇ ਹੇਠੋ ਰਕਬਾ ਕੱਢ ਕੇ ਮੱਕੀ ਹੇਠ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ 2000 ਹੈਕਟੇਅਰ ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਵਾਈ ਜਾਵੇਗੀ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਕਿਸਾਨਾਂ ਨੂੰ ਸਹਿਯੋਗ ਦੇਣਾ ਚਾਹੀਦਾ । ਇਹ ਪ੍ਰਗਟਾਵਾ ਬਲਾਕ ਸ੍ਰੀ ਹਰਗੋਬਿੰਦਪੁਰ ਦੇ ਪਿੰਡ ਭਾਮ ਵਿਚ ਕਿਸਾਨ ਹਰਭਜਨ ਸਿੰਘ ਵਲੋਂ 3 ਏਕੜ ਰਕਬੇ ਵਿੱਚ ਬਿਜਾਈ ਕੀਤੀ ਮੱਕੀ ਦੀ ਫ਼ਸਲ ਜਾਇਜ਼ਾ ਲੈਣ ਸਮੇਂ ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਗੱਲਬਾਤ ਕਰਦਿਆਂ ਕੀਤਾ।ਜ਼ਿਲਾ ਗੁਰਦਾਸਪੁਰ ਵਿਚ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਝੋਨੇ ਦੀ ਕਾਸ਼ਤ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ, ਜਿਸ ਕਾਰਨ ਭਵਿੱਖ ਵਿਚ ਖੇਤੀ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਦੱਸਿਆ ਕਿ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ 2000 ਹੈਕਟੇਅਰ ਰਕਬੇ ਵਿੱਚ ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਪ੍ਰੋਜੈਕਟ ਤਹਿਤ ਜੋ ਕਿਸਾਨ ਝੋਨੇ ਦੀ ਖੇਤੀ ਕਰਨ ਦੀ ਬਿਜਾਏ ਸਾਉਣੀ ਰੁੱਤ ਵਾਲੀ ਮੱਕੀ ਦੀ ਕਾਸ਼ਤ ਕਰੇਗਾ ਉਨਾਂ ਨੂੰ ਪ੍ਰਤੀ ਹੈਕ 17500 ਰੁਪਏ ਬਤੌਰ ਪ੍ਰੋਤਸਾਹਨ ਰਾਸ਼ੀ ਵਜੋਂ ਸਿੱਧੇ ਬੈਂਕ ਖਾਤਿਆਂ ਵਿਚ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਜੋ ਕਿਸਾਨ ਬਹਾਰ ਰੁੱਤੇ ਬੀਜੀ ਮੱਕੀ ਦੀ ਕਟਾਈ ਕਰ ਰਹੇ ਹਨ, ਉਹ ਝੋਨਾ ਲਾਉਣ ਦੀ ਬਿਜਾਏ ਸਾਉਣੀ ਰੁੱਤ ਦੀ ਮੱਕੀ ਦੀ ਬਿਜਾਈ ਕਰਨੀ ਚਾਹੀਦੀ ਹੈ ਅਤੇ ਜੂਨ ਮਹੀਨੇ ਦੇ ਅਖੀਰ ਤੱਕ ਮੱਕੀ ਦੀ ਕਾਸ਼ਤ ਕੀਤੀ ਜਾ



ਸਕਦੀ ਹੈ ।ਬਲਾਕ ਖੇਤੀਬਾੜੀ ਅਫ਼ਸਰ ਡਾ.ਸ਼ਾਹਬਾਜ ਸਿੰਘ ਚੀਮਾ ਨੇ ਦੱਸਿਆ ਕਿ ਸਾਉਣੀ ਰੁੱਤ ਦੀ ਮੱਕੀ ਦੀ ਫਸਲ ਤੋਂ ਵਧੇਰੇ ਪੈਦਾਵਾਰ ਲੈਣ ਲਈ ਪੰਜਾਬ ਖ਼ੇਤੀਬਾੜੀ ਯੂਨੀਵਰਸਿਟੀ ਦੁਆਰਾ ਸਿਫਾਰਸ਼ ਤਕਨੀਕਾਂ ਅਪਨਾਉਣੀਆ ਚਾਹੀਦੀਆਂ ਹਨ।ਉਨ੍ਹਾਂ ਦੱਸਿਆ ਕਿ ਜੇਕਰ ਝੋਨੇ ਤੋਂ ਹੁੰਦੇ ਮੁਨਾਫ਼ੇ ਦੇ ਬਰਾਬਰ ਮੱਕੀ ਦੀ ਫ਼ਸਲ ਤੋਂ ਲੈਣਾ ਹੈ ਤਾਂ ਪ੍ਰਤੀ ਏਕੜ 33000 ਬੂਟਿਆਂ ਦੀ ਗਿਣਤੀ ਨੂੰ ਯਕੀਨੀ ਬਣਾਉਣ ਲਈ ਮੱਕੀ ਦੀ ਬਿਜਾਈ ਨੁਮੈਟਿਕ ਪਲਾਂਟਰ ਜਾਂ ਵੱਟਾਂ ਤੇ ਚੋਗ ਕੇ ਜਾਂ ਮੱਕੀ ਦੀ ਬਿਜਾਈ ਕਰਨ ਵਾਲੀ ਡਰਿੱਲ ਨਾਲ ਕਰਨੀ ਚਾਹੀਦੀ ਹੈ।ਇਸ ਮੌਕੇ ਮਨਪ੍ਰੀਤ ਸਿੰਘ ਖ਼ੇਤੀਬਾੜੀ ਵਿਸਥਾਰ ਅਫ਼ਸਰ ਤੋਂ ਇਲਾਵਾ ਨਰਿੰਦਰ ਸਿੰਘਹਰਦੀਪ ਸਿੰਘ, ਧਨਵੰਤ ਸਿੰਘ, ਸੁਖਵਿੰਦਰ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਕਿਸਾਨ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਸੁਖਮਨੀ ਕਾਲੋਨੀ ਸੰਗਤਪੁਰਾ ਰੋਡ 'ਤੇ ਗਲੀ ਦਾ ਨੀਂਹ ਪੱਥਰ ਰੱਖਿਆ

ਬਟਾਲਾ, ਜੂਨ (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਕਰਵਾਏ ਜਾ ਰਹੇ ਵਿਕਾਸ ਕੰਮਾਂ ਤਹਿਤ ਵਾਰਡ ਨੰਬਰ 22 ਸੁਖਮਨੀ ਕਾਲੋਨੀ ਸੰਗਤਪੁਰਾ ਰੋਡ ਵਿਖੇ 3 ਨੰਬਰ ਗਲੀ ਦਾ ਨੀਂਹ ਪੱਥਰ ਰੱਖਿਆ ਗਿਆ।ਵਿਕਾਸ ਕਾਰਜ ਸ਼ੁਰੂ ਕਰਨ ਉਪਰੰਤ ਲੋਕਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਸੌਂਪੀ ਹੈ, ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾਣ ਅਤੇ ਉਹ ਖੁਦ ਲੋਕਾਂ ਕੋਲ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰ ਰਹੇ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ ਅਤੇ ਲੋਕ ਇਸ ਕਾਰਜ ਦੀ ਸਰਾਹਨਾ ਕਰ ਰਹੇ ਹਨ।ਇਸੇ ਤਰ੍ਹਾਂ ਗੁਰਦਾਸਪੁਰ ਤੋਂ ਬਟਾਲਾ ਸ਼ਹਿਰ ਵਿੱਚ ਵੜਦਿਆਂ ਅਤੇ ਅੰਮ੍ਰਿਤਸਰ ਤੋਂ ਬਟਾਲਾ ਵਿਖੇ ਐਂਟਰੀ ਕਰਦਿਆਂ ਖੂਬਸੂਰਤ ਚੌਕ ਉਸਾਰੇ ਗਏ ਹਨ।ਜਲੰਧਰ ਵੱਲੋਂ ਬਟਾਲਾ ਆਉਂਦਿਆਂ ਵੀ ਸ਼ਾਨਦਾਰ ਗੇਟ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ।ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ



ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ, ਜਿਸ ਦਾ ਜਲਦ ਉਦਘਾਟਨ ਕੀਤਾ ਜਾ ਰਿਹਾ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾਉਣ ਲਈ ਉਸਾਰੀ ਦਾ ਕੰਮ ਚੱਲ ਰਿਹਾ ਹੈ।ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਗਲੀਆਂ ਦੇ ਨਿਰਮਾਣ ਕਾਰਜ ਚੱਲ ਰਹੇ ਹਨ ਅਤੇ ਜਿਨ੍ਹਾਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਰਹਿ ਗਿਆ ਹੈ, ਉਥੇ ਵੀ ਜਲਦ ਕੰਮ ਸ਼ੁਰੂ ਕਰਵਾਇਆ ਜਾਵੇਗਾ।

# ਗੁਜਰਾਤ ਤੇ ਲੁਧਿਆਣਾ 'ਚ ਜ਼ਿਮਨੀ ਚੋਣਾਂ ਜਿੱਤਣ 'ਤੇ ਬਾਗੋ ਬਾਗ ਹੋਏ 'ਆਪ' ਦੇ ਵਰਕਰਾਂ ਜਸ਼ਨ ਮਨਾਏ

ਪਠਾਨਕੋਟ (ਦਵਿੰਦਰ ਸਿੰਘ)-ਆਮ ਆਦਮੀ ਪਾਰਟੀ ਨੇ ਗੁਜਰਾਤ ਤੇ ਲੁਧਿਆਣਾ ਵੈਸਟ ਦੀਆਂ ਜ਼ਿਮਨੀ ਚੋਣਾਂ ਜਿੱਤ ਕੇ ਵਿਕਾਸ ਦੀ ਰਾਜਨੀਤੀ 'ਤੇ ਮੋਹਰ ਲਗਾਉਂਦਿਆਂ ਆਮ ਆਦਮੀ ਪਾਰਟੀ ਦੀ ਸਪੋਰਟ ਕੀਤੀ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਅੰਦਰ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਆਮ ਆਦਮੀ ਪਾਰਟੀ ਦੀ ਜਿੱਤ ਦੀ ਖੁਸ਼ੀ ਮਨਾਉਂਦਿਆਂ ਕੀਤਾ। ਜ਼ਿਕਰਯੋਗ ਹੈ ਕਿ ਗੁਜਰਾਤ ਅਤੇ ਲੁਧਿਆਣਾ ਅੰਦਰ ਆਮ ਆਦਮੀ ਪਾਰਟੀ ਦੀ ਜਿੱਤ ਨੂੰ ਲੈ ਕੇ ਵਰਕਰਾਂ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪਠਾਨਕੋਟ, ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਬਲਾਕ ਪ੍ਰਧਾਨ ਪਵਨ ਕੁਮਾਰ ਫੌਜੀ, ਬਲਾਕ ਪ੍ਰਧਾਨ ਬਲਜਿੰਦਰ ਕੌਰ, ਬਲਾਕ ਪ੍ਰਧਾਨ ਸੰਦੀਪ ਕੁਮਾਰ, ਖੁਸਬੀਰ ਕਾਟਲ, ਅੰਮਿਤ ਕੁਮਾਰ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਲੁਧਿਆਣਾ ਵੈਸਟ ਦੇ ਵੋਟਰਾਂ ਦਾ ਅਸੀਂ ਬਹੁਤ ਬਹੁਤ ਧੰਨਵਾਦ ਕਰਦੇ ਹਾਂ।ਉਨ੍ਹਾਂ ਨੇ ਕਿਹਾ ਕਿ ਲੋਕਾਂ ਨੇ ਵਿਕਾਸ



ਦੀ ਰਾਜਨੀਤੀ ਦੇ ਉਤੇ ਜਿਹੜਾ ਆਮ ਆਦਮੀ ਪਾਰਟੀ ਦੀ ਸਪੋਰਟ ਕੀਤੀ ਹੈ।

ਇਸ ਤੋਂ ਦੋ ਗੱਲਾਂ ਨਿਕਲ ਕੇ ਸਾਹਮਣੇ ਆਉਂਦੀਆਂ ਨੇ ਜਿੱਥੇ ਇੱਕ ਪਾਸੇ ਲੁੱਟਮਾਰ ਰਾਜਨੀਤੀ ਦੀ ਹਾਰ ਹੋਈ ਹੈ ਉੱਥੇ ਹੀ ਦੂਜੇ ਪਾਸੇ ਅਮਨ ਪਸੰਦ ਤੇ ਵਿਕਾਸ ਦੀ ਰਾਜਨੀਤੀ ਦੀ ਜਿੱਤ ਹੋਈ ਹੈ।ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਇਸ ਖੁਸ਼ੀ ਦੇ ਮੌਕੇ ਵਿਧਾਨ ਸਭਾ ਹਲਕਾ ਭੋਆ ਦੇ ਵਰਕਰਾਂ ਨੇ ਜਿੱਥੇ ਲੱਡੂ ਵੰਡੇ ਹਨ, ਉੱਥੇ ਇੱਕ ਦੂਜੇ ਨਾਲ ਖੁਸ਼ੀਆਂ ਸਾਂਝੀਆਂ ਕਰਕੇ ਭੰਗੜੇ ਪਾਏ ਹਨ।

# ਈ ਟੀ ਓ ਨੇ ਦੋ ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਪਿਛਲੇ ਕਰੀਬ ਸਾਢੇ ਤਿੰਨ ਸਾਲਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਮੁੜ ਲੀਹਾਂ ਤੇ ਲਿਆਂਦਾ ਹੈ ਅਤੇ ਆਉਂਦੇ ਸਾਲਾਂ ਦੌਰਾਨ ਵੀ ਸੂਬੇ ਦੇ ਵਿਕਾਸ ਵਿਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈਟੀਓ ਨੇ ਹਲਕਾ ਜੰਡਿਆਲਾ ਗੁਰੂ ਵਿਖੇ ਕਰੀਬ 2 ਕਰੋੜ ਰੁਪਏ ਦੀ ਲਾਗਤ ਨਾਲ ਹੁਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਉਪਰੰਤ ਕੀਤਾ। ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਨੇ ਕਿਹਾ ਕਿ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਕੋਈ ਵੀ ਪਿੰਡ ਵਿਕਾਸ ਪੱਖੋਂ ਸੱਖਣਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿੰਡ ਸਰਜਾ ਵਿਖੇ 63.58 ਲੱਖ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਹਾਲ ਦੀ ਉਸਾਰੀ ਕੀਤੀ ਜਾਵੇਗੀ ਅਤੇ ਇਸ ਦੇ ਨਾਲ ਹੀ 73.78 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਸਰਜਾ ਵਿਖੇ ਹੀ ਛੱਪੜ ਦੀ ਰਿਟੇਨਿੰਗ ਵਾਲ ਦੀ ਵੀ ਮੁੜ ਉਸਾਰੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਲੋਕਾਂ ਦੀ ਬੜੇ ਚਿਰਾਂ ਤੋਂ ਮੰਗ ਸੀ ਕਿ ਪਿੰਡ ਬੰਡਾਲਾ ਦੇ ਸ਼ਮਸ਼ਾਨਘਾਟ ਦੀ ਮੁਰੰਮਤ ਕਰਵਾਈ



ਜਾਵੇ। ਇਸ ਲਈ 38.93 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਬੰਡਾਲਾ ਦੇ ਸ਼ਮਸ਼ਾਨ ਘਾਟ ਦੀ ਵੀ ਮੁਰੰਮਤ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਸਾਰੇ ਵਿਕਾਸ ਆਉਂਦੇ 6 ਮਹੀਨਿਆਂ ਵਿਚ ਪੂਰੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਲੋਕਾਂ ਨੂੰ ਹਰ ਸਹੂਲਤ ਦੇਣ ਲਈ ਵਚਨਬੱਧ ਹੈ।

# ਸੰਜੀਵ ਅਰੋੜਾ ਦੀ ਜਿੱਤ 'ਆਪ' ਦੇ ਵਰਕਰਾਂ ਦੀ ਸਖਤ ਮਿਹਨਤ ਦਾ ਨਤੀਜਾ: ਬੀਬੀ ਸਰਬਜੀਤ ਕੌਰ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਲੁਧਿਆਣਾ ਪੱਛਮੀ ਤੋਂ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਵੱਲੋਂ ਵੱਡੀ ਲੀਡ ਨਾਲ ਹਾਸਲ ਕੀਤੀ ਜਿੱਤ ਆਮ ਆਦਮੀ ਪਾਰਟੀ ਦੇ ਵਰਕਰਾਂ ਆਗੂਆਂ ਵੱਲੋਂ ਕੀਤੀ ਗਈ ਸਖਤ ਮਿਹਨਤ ਦਾ ਨਤੀਜੇ ਨਾਲ ਜਿਤ ਨੇ ਜੋਸ ਪੈਦਾ ਕੀਤਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਮਹਿਲਾ ਆਗੂ ਸਰਬਜੀਤ ਕੌਰ ਜੰਡਿਆਲਾ ਗੁਰੂ ਨੇ ਮਹਿਲਾ ਵਰਕਰਾਂ ਨਾਲ ਮੁਹੱਲੇ ਦੀਆਂ ਮੁਸ਼ਕਲਾਂ ਪ੍ਰਤੀ ਵਿਚਾਰ-ਵਟਾਂਦਰਾ ਕਰਦਿਆਂ ਹੋਇਆ ਅੱਗੇ ਕਿਹਾ ਕਿ ਲੁਧਿਆਣਾ ਦੀ ਜਿਮਨੀ ਚੋਣ ਇਹ ਦਰਸਾਉਂਦੀ ਹੈ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ ਹਨ ਅਤੇ 2027 ਵਿੱਚ ਵੀ ਭਾਰੀ ਬਹੁਮਤ ਨਾਲ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ ਅਤੇ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਅਤੇ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਵੱਲੋਂ ਪੰਜਾਬ ਵਾਸੀਆਂ ਨਾਲ ਕੀਤੇ ਵਾਅਦੇ ਨਿਭਾਏ ਜਾ ਰਹੇ ਹਨ ਅਤੇ ਹਰੇਕ ਵਰਗ ਦੇ ਆਮ ਅਤੇ ਖਾਸ ਨੂੰ 600 ਯੂਨਿਟ ਬਿਨਾਂ ਸਰਤ ਮੁਆਫ ਕੀਤੇ ਗਏ ਹਨ ਅਤੇ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਨੂੰ ਵੀ ਚੌੜਾ ਕੀਤਾ ਗਿਆ ਹੈ ਅਸਲ ਵਿੱਚ ਨੀਤੀ ਦੇ ਨਾਲ ਨਾਲ ਸਰਕਾਰ ਦੀ ਨੀਅਤ ਵੀ ਸਾਫ ਹੈ ਅੱਗੇ ਸਰਬਜੀਤ ਕੌਰ ਨੇ ਕਿਹਾ ਕਿ ਅਸੀਂ ਆਮ ਆਦਮੀ ਪਾਰਟੀ ਦੇ ਹਰੇਕ ਆਗੂ ਵਰਕਰ ਨੂੰ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ,ਐਮ ਐਲ ਏ



ਸੰਜੀਵ ਅਰੋੜਾ ਜੀ ਅਤੇ ਸਮੂਹ ਕੈਬਨਿਟ ਨੂੰ ਵਧਾਈ ਦਿੰਦੇ ਹਾਂ। ਇਸ ਮੌਕੇ ਤੇ ਮਹਿਲਾ ਆਗੂ ਸਰਬਜੀਤ ਕੌਰ ਦਾ ਲੱਡੂਆਂ ਨਾਲ ਮਹੁੱਲਾ ਵਾਸੀਆਂ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਤੇ ਸੁਨੀਤਾ ਮਹਾਜਨ, ਸਵੇਤਾ ਵਿਨਾਇਕ, ਦਲਬੀਰ ਕੌਰ, ਨਰਿੰਦਰ ਕੌਰ, ਕੁਲਦੀਪ ਕੌਰ, ਕੰਵਲਜੀਤ ਕੌਰ, ਦਵਿੰਦਰ ਕੌਰ, ਸਿੰਦੋ, ਸੁਖਵਿੰਦਰ ਕੌਰ, ਸਇੰਦਰ ਕੌਰ, ਗੁਰਪ੍ਰੀਤ ਕੌਰ, ਕੁਲਵੰਤ ਕੌਰ, ਹਰਪ੍ਰੀਤ ਕੌਰ, ਅੰਜੂ ਮਹਾਜਨ, ਸਾਰੇ ਮਹੱਲਾ ਪੁਰਾਣਾ ਦਰਵਾਜਾ ਨਿਵਾਸੀਆਂ ਆਮ ਆਦਮੀ ਪਾਰਟੀ ਦੀ ਇਤਿਹਾਸਕ ਜਿਮਨੀ ਚੋਣ ਜਿੱਤਣ ਦੀ ਖੁਸ਼ੀ ਮਨਾਈ।

# ਦੋ ਧਿਰਾਂ ਦਰਮਿਆਨ ਹੋਏ ਲੜਾਈ ਝਗੜੇ 'ਚ ਕਰਾਸ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਦੀ ਸਟਾਰ ਕਲੋਨੀ 'ਚ ਦੋ ਧਿਰਾਂ ਦਰਮਿਆਨ ਹੋਏ ਕਥਿਤ ਲੜਾਈ ਝਗੜੇ ਦੇ ਮਾਮਲੇ 'ਚ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਕਰਾਸ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਰਜਨੀਸ਼ ਕੁਮਾਰ ਉਰਫ ਰਮਨ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਸਨ ਕਿ ਐਕਟਿਵਾ ਸਕੂਟਰ ਤੇ ਆ ਰਹੇ ਕਬੀਰ ਬੱਤਰਾ ਨੇ ਸਕੂਟਰ ਉਸ ਕੋਲੋਂ ਖਹਿ ਕੇ ਲੰਘਾਇਆ ਤਾਂ ਉਸਨੇ ਕਹਿ ਦਿੱਤਾ ਕਿ ਕੀ ਤੈਨੂੰ ਦਿਸਦਾ ਨਹੀਂ ਜਿਸ 'ਤੇ ਕਬੀਰ ਘਰ ਦੇ ਅੰਦਰੋਂ ਲੋਹੇ ਦੀ ਰਾਡ ਕੱਢ ਲਿਆਇਆ ਜਿਸ ਦੇ ਨਾਲ ਉਸਦੇ ਮਾਤਾ ਪਿਤਾ ਤੇ ਇੱਕ ਹੋਰ ਨਾਮਾਲੂਮ ਵਿਅਕਤੀ ਵੀ ਸਨ ਨੇ ਉਸਦੇ ਰਾਡ ਮਾਰੀ ਤੇ ਉਸਨੂੰ ਹੇਠਾਂ ਸੁੱਟ ਕੇ ਉਸਦੇ ਘਸੁੰਨ ਮੁੱਕੇ ਵੀ ਮਾਰੇ।ਦੂਸਰੀ ਧਿਰ ਦੇ ਗੋਵਿਲ ਬੱਤਰਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਕਿ ਰਜਨੀਸ਼ ਕੁਮਾਰ ਨੇ ਉਸਦੀ, ਉਸਦੀ ਪਤਨੀ ਅਤੇ ਲੜਕੇ ਦੀ ਕੁੱਟਮਾਰ ਕੀਤੀ ਹੈ।ਦੋਵਾਂ ਧਿਰਾਂ ਦੇ ਬਿਆਨ ਦਰਜ ਕਰਨ ਉਪਰੰਤ ਮਾਮਲੇ 'ਚ ਕਰਾਸ ਕੇਸ ਦਰਜ ਕਰਕੇ ਸਰਹਿੰਦ ਮੰਡੀ ਚੌਕੀ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਐੱਲ ਪੀ ਯੂ ਵੱਲੋਂ '2025 ਬੈਚ' ਨੂੰ 100 ਕਰੋੜ ਤੋਂ ਵੱਧ ਦੇ ਸਕਾਲਰਸ਼ਿਪ ਪ੍ਰਦਾਨ

ਜਲੰਧਰ (ਸ਼ੈਲੀ ਐਲਬਰਟ)ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ 100 ਕਰੋੜ ਤੋਂ ਵੱਧ ਦੇ ਸਕਾਲਰਸ਼ਿਪ ਪ੍ਰਦਾਨ ਕਰਕੇ ਆਪਣੇ ਆਉਣ ਵਾਲੇ 2025 ਬੈਚ ਦੀ ਅਕਾਦਮਿਕ ਸੰਭਾਵਨਾ ਅਤੇ ਇੱਛਾਵਾਂ ਦਾ ਜਸ਼ਨ ਮਨਾਇਆ। ਐਲਪੀਯੂ ਨੇ ਹਜ਼ਾਰਾਂ ਯੋਗ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਪ੍ਰਦਾਨ ਕੀਤੀ, ਜਿਨ੍ਹਾਂ ਵਿੱਚੋਂ 3,000 ਤੋਂ ਵੱਧ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪ੍ਰੋਗਰਾਮ ਫੀਸ ਦਾ 70% ਤੱਕ ਮੁਆਫ਼ ਕਰ ਦਿੱਤਾ ਗਿਆ। ਪ੍ਰੋਗਰਾਮ ਵਿੱਚ ਲਗਭਗ 1,000 ਵਿਦਿਆਰਥੀਆਂ ਨੂੰ 100% ਟਿਊਸ਼ਨ ਅਤੇ ਹੋਸਟਲ ਫੀਸ ਮੁਆਫ਼ ਕਰਨ ਦੇ ਸਕਾਲਰਸ਼ਿਪ ਪ੍ਰਾਪਤ ਹੋਏ ਅਤੇ ਉਨ੍ਹਾਂ ਦੀ ਬੇਮਿਸਾਲ ਯੋਗਤਾ ਅਤੇ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ।ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣੀ ਜੀਵਨ ਯਾਤਰਾ; ਇੱਕ ਛੋਟੀ ਕੁੜੀ ਦੇ ਰੂਪ ਵਿੱਚ ਜਹਾਜ਼ ਉਡਾਉਣ ਦੇ ਸੁਪਨੇ ਤੋਂ ਲੈ ਕੇ ਭਾਰਤੀ ਹਵਾਈ ਸੈਨਾ ਵਿੱਚ ਇੱਕ ਸਫਲ ਪਾਇਲਟ ਬਣਨ ਤੱਕ ਨੂੰ ਸਾਂਝਾ ਕਰਕੇ ਪ੍ਰੇਰਿਤ ਕੀਤਾ। ਉਸਨੇ ਸਾਂਝਾ ਕੀਤਾ, 'ਮੇਰਾ ਸਫ਼ਰ ਫੁੱਲਾਂ ਦੀ ਸੇਜ ਨਹੀਂ ਸੀ। ਮੇਰੇ ਹਿੱਸੇ ਦੀਆਂ ਮੁਸ਼ਕਲਾਂ ਆਈਆਂ, ਪਰ ਮੇਰੇ ਕੋਲ ਹਮੇਸ਼ਾ ਟੀਚੇ ਅਤੇ ਹਿੰਮਤ ਸੀ ਜੋ ਮੈਨੂੰ ਅੱਗੇ ਵਧਾਉਂਦੀ ਰਹੀ।' ਉਸਨੇ ਵਿਦਿਆਰਥੀਆਂ ਨੂੰ ਨਿਡਰਤਾ ਨਾਲ ਆਪਣੇ ਅਸਲ ਟੀਚਿਆਂ ਦਾ ਪਿੱਛਾ ਕਰਨ ਲਈ ਉਤਸ਼ਾਹਿਤ ਕੀਤਾ, ਇਹ ਕਹਿੰਦੇ ਹੋਏ, 'ਤੁਸੀਂ ਭਾਵੇਂ ਜੋ ਵੀ ਬਣਨਾ ਚਾਹੁੰਦੇ ਹੋ; ਭਾਵੇਂ ਉਹ ਪੇਂਟਰ, ਅਦਾਕਾਰ ਜਾਂ ਪਾਇਲਟ ਹੋਵੇ; ਬਸ ਬਣੋ। ਕਿਸੇ ਹੋਰ ਨੂੰ ਆਪਣੇ ਲਈ ਫੈਸਲਾ ਨਾ ਲੈਣ ਦਿਓ।' ਵਿਦਿਆਰਥੀਆਂ ਨਾਲ ਗੱਲ ਕਰਦੇ ਹੋਏ, ਉਸਨੇ ਕਿਹਾ, 'ਆਪਣੀ ਜ਼ਿੰਦਗੀ ਦਾ ਕੰਟਰੋਲ ਆਪਣੇ ਕੋਲ ਰੱਖੋ। ਆਪਣੇ ਸਮੇਂ ਦੀ ਰਚਨਾਤਮਕ ਵਰਤੋਂ ਕਰੋ, ਇੱਕ ਉਦੇਸ਼ ਰੱਖੋ ਅਤੇ



ਆਪਣੇ ਦਿਮਾਗ ਨੂੰ ਸਿਖਲਾਈ ਦਿਓ; ਇਹ ਆਪਣਾ ਸਭ ਤੋਂ ਵਧੀਆ ਪ੍ਰਦਰਸ਼ਨ ਕਰੇਗਾ। ਆਪਣੇ ਟੀਚੇ ਨਿਰਧਾਰਤ ਕਰੋ ਅਤੇ ਆਪਣੀ ਜ਼ਿੰਦਗੀ ਦੀ ਕਿਸ਼ਤੀ ਨੂੰ ਦਿਸ਼ਾ ਦਿਓ ਤਾਂ ਜੋ ਤੁਸੀਂ ਚੱਕਰਾਂ ਵਿੱਚ ਨਾ ਘੁੰਮਦੇ ਰਹੋ।' ਮਾਪਿਆਂ ਨੂੰ ਉਸਦੀ ਦਿਲੋਂ ਸਲਾਹ ਸੀ; 'ਆਪਣੇ ਬੱਚਿਆਂ ਦਾ ਸਮਰਥਨ ਕਰੋ। ਉਨ੍ਹਾਂ ਨੂੰ ਦੱਸੋ ਕਿ ਉਹ ਸਭ ਤੋਂ ਵਧੀਆ ਹਨ। ਉਨ੍ਹਾਂ ਨੂੰ ਕੀਮਤੀ ਮਹਿਸੂਸ ਕਰਵਾਓ ਤਾਂ ਜੋ ਉਹ ਕਿਤੇ ਹੋਰ ਪ੍ਰਸ਼ੰਸਾ ਦੀ ਭਾਲ ਨਾ ਕਰਨ। ਜੇ ਤੁਸੀਂ ਉਨ੍ਹਾਂ ਲਈ ਆਪਣਾ ਦਿਲ ਖੋਲ੍ਹਦੇ ਹੋ, ਤਾਂ ਉਹ ਕਦੇ ਵੀ ਆਪਣਾ ਰਸਤਾ ਨਹੀਂ ਗੁਆਉਗੇ।'ਐਲਪੀਯੂ ਦੇ ਵਜ਼ੀਫ਼ਿਆਂ ਦੀ ਵਿਸ਼ਾਲ ਸ਼੍ਰੇਣੀ ਅਕਾਦਮਿਕ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਨਵੀਨਤਾ ਅਤੇ ਭਾਈਚਾਰਕ ਸੇਵਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਮਾਨਤਾ ਦਿੰਦੀ ਹੈ। ਸਕੂਲ ਬੋਰਡ, ਯੂਨੀਵਰਸਿਟੀ ਅਤੇ ਰਾਸ਼ਟਰੀ ਪੱਧਰ ਦੀਆਂ ਪ੍ਰੀਖਿਆਵਾਂ ਜਿਵੇਂ ਕਿ ਜੇਈਈ, ਨੀਟ, ਸੀਯੂਈਟੀ ਅਤੇ ਸੀਏਟੀ ਵਿੱਚ ਉੱਚ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪੂਰੀ ਵਜ਼ੀਫ਼ੇ, ਟਿਊਸ਼ਨ ਅਤੇ ਹੋਸਟਲ ਫੀਸਾਂ ਦੀ ਛੋਟ ਸਮੇਤ ਪ੍ਰਤੀ ਵਿਦਿਆਰਥੀ ਲਗਭਗ ?14 ਲੱਖ ਦੀ ਸਕਾਲਰਸ਼ਿਪ ਦਿੱਤੀ ਗਈ ਹੈ।ਡਾ. ਅਸ਼ੋਕ ਕੁਮਾਰ ਮਿੱਤਲ, ਐਮਪੀ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਦਾ ਕੈਂਪਸ ਵਿੱਚ ਆਉਣ ਦਾ ਸਵਾਗਤ ਕੀਤਾ। ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਐਲਪੀਯੂ ਵਿਖੇ, ਸਾਡਾ ਟੀਚਾ ਹਮੇਸ਼ਾ ਹਰ ਯੋਗ ਵਿਦਿਆਰਥੀ ਲਈ ਸਿੱਖਿਆ ਨੂੰ ਕਿਫਾਇਤੀ ਅਤੇ ਪਹੁੰਚਯੋਗ ਬਣਾਉਣਾ ਰਿਹਾ ਹੈ; ਭਾਵੇਂ ਉਨ੍ਹਾਂ ਦਾ ਪਿਛੋਕੜ ਕੋਈ ਵੀ ਹੋਵੇ।' ਇਸ ਤੋਂ ਇਲਾਵਾ, ਆਪਣੇ ਔਨਲਾਈਨ ਪਲੇਟਫਾਰਮ ਰਾਹੀਂ, ਐਲਪੀਯੂ ਜੈ ਜਵਾਨ (ਆਪ੍ਰੇਸ਼ਨ ਸਿੰਦੂਰ) ਪਹਿਲਕਦਮੀ ਦੇ ਤਹਿਤ ਹਥਿਆਰਬੰਦ ਸੈਨਾਵਾਂ ਦੇ ਕਰਮਚਾਰੀਆਂ ਨੂੰ 100% ਸਕਾਲਰਸ਼ਿਪ ਦੀ ਪੇਸ਼ਕਸ਼ ਕਰਦਾ ਹੈ।

ਇਸ ਸਮਾਗਮ ਵਿੱਚ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੇ ਐਲਪੀਯੂ ਦੇ ਗਲੋਬਲ ਬੁਨਿਆਦੀ ਢਾਂਚੇ ਨੂੰ ਦੇਖਿਆ, ਯੂਨੀਵਰਸਿਟੀ ਦੇ ਨੇਤਾਵਾਂ ਨਾਲ ਗੱਲਬਾਤ ਕੀਤੀ, ਅਤੇ ਇੱਕ ਸਮਾਵੇਸ਼ੀ, ਜੀਵੰਤ ਅਕਾਦਮਿਕ ਭਾਈਚਾਰੇ ਵਿੱਚ ਸ਼ਾਮਲ ਹੋ ਗਏ; ਜੋ ਭਾਰਤ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚੋਂ ਇੱਕ ਵਿੱਚ ਆਪਣੀ ਪਰਿਵਰਤਨਸ਼ੀਲ ਯਾਤਰਾ ਸ਼ੁਰੂ ਕਰਨ ਲਈ ਤਿਆਰ ਹੈ।

# ਅਮਰੀਕਾ ਸੰਸਾਰ ਨੂੰ ਜੰਗ ਦੀ ਭੱਠੀ 'ਚ ਝੋਕ ਰਿਹਾ : ਪਾਸਲਾ

**ਜਲੰਧਰ: (ਰਾਜੇਸ਼ ਥਾਪਾ, ਸ਼ੈਲੀ ਐਲਬਰਟ)-** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਕੇਂਦਰੀ ਕਮੇਟੀ ਦੇ ਚੇਅਰਮੈਨ ਕਾਮਰੇਡ ਕੇ. ਗੰਗਾਧਰਨ ਅਤੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ

**● ਈਰਾਨ ਨਾਲ ਡਟ ਕੇ ਖਲੋਵੇ ਭਾਰਤ ਦੀ ਸਰਕਾਰ : ਗੰਗਾਧਰਨ**



ਪਾਸਲਾ ਨੇ ਅੱਜ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਅਮਰੀਕਾ ਵਲੋਂ ਈਰਾਨ 'ਤੇ ਕੀਤੇ ਗਏ ਭਿਆਨਕ ਜੰਗੀ ਹਮਲੇ ਦੀ ਕਰੜੀ ਨਿਖੇਧੀ ਕਰਦਿਆਂ ਕਿਹਾ ਹੈ ਕਿ ਅਮਰੀਕਾ ਨੇ ਆਪਣੀ ਇਸ ਅਨੈਤਿਕ ਤੇ ਭੜਕਾਊ ਕਾਰਵਾਈ ਨਾਲ ਨਾ ਕੇਵਲ ਸਮੁੱਚੇ ਏਸ਼ੀਆਈ ਮਹਾਂਦੀਪ ਨੂੰ ਜੰਗ ਦੀ ਭੱਠੀ 'ਚ ਝੋਕ ਦਿੱਤਾ ਹੈ, ਬਲਕਿ ਉਹਦਾ ਇਹ ਦਹਿਸ਼ਤੀ ਕਾਰਾ ਸੰਸਾਰ ਅਮਨ ਲਈ ਵੀ ਗੰਭੀਰ ਖਤਰੇ ਖੜ੍ਹੇ ਕਰਨ ਦਾ ਸਬਬ ਬਣੇਗਾ। ਗੰਗਾਧਰਨ ਅਤੇ ਪਾਸਲਾ ਨੇ ਕਿਹਾ ਹੈ ਕਿ ਸਾਰਾ ਸੰਸਾਰ ਇਹ ਜਾਣਦਾ ਹੈ ਕਿ ਇਜ਼ਰਾਈਲ, ਜਿਸ ਦੀ ਹਿਮਾਇਤ 'ਚ ਅਮਰੀਕਾ ਈਰਾਨ ਖਿਲਾਫ਼ ਨਿੱਤਰਿਆ ਹੈ, ਪ੍ਰਮਾਣੂ ਬੰਬ ਬਣਾ ਚੁੱਕਾ ਹੈ। ਇਹੋ ਨਹੀਂ ਇਜ਼ਰਾਈਲ, ਸੰਸਾਰ ਭਰ ਦੇ ਅਮਨ ਦੇ ਚਾਹਵਾਨ ਲੋਕਾਂ ਅਤੇ ਯੂ.ਐਨ.ਓ. ਸਮੇਤ ਸਾਰੇ ਕੌਮਾਂਤਰੀ ਅਦਾਰਿਆਂ ਨੂੰ ਠੁੱਠ ਦਿਖਾ ਕੇ ਨਾ ਕੇਵਲ ਫਲਸਤੀਨੀਆਂ ਦਾ ਨਸਲਘਾਤ ਤੇ ਉਜਾੜ ਜਾਰੀ ਰੱਖ ਰਿਹਾ ਹੈ ਬਲਕਿ ਇਸ ਨੇ ਮੱਧ ਪੂਰਬ ਦੇ ਸਾਰੇ ਦੇਸ਼ ਜੰਗ ਦੀ ਭੱਠੀ ਵਿਚ ਝੋਕ ਦਿੱਤੇ ਹਨ। ਇਸ ਦੇ ਉਲਟ ਅਮਰੀਕਾ ਦਾ ਖੁਫੀਆ ਵਿਭਾਗ ਦੀ ਪ੍ਰਮੁੱਖ ਤੁਲਸੀ ਗਾਬਾਰਡ ਇਸੇ ਸਾਲ ਘੱਟੋ-ਘੱਟ ਤਿੰਨ ਵਾਰ ਕਹਿ ਚੁੱਕੀ ਹੈ ਕਿ ਈਰਾਨ ਨੇ ਨਾ ਪਰਮਾਣੂ ਬੰਬ ਬਣਾਇਆ ਹੈ ਤੇ ਨਾ ਹੀ ਇਹ ਬਣਾਉਣ ਦੇ ਕਾਬਲ ਹੈ।ਆਈ.ਏ.ਈ.ਏ (ਕੌਮਾਂਤਰੀ ਪ੍ਰਮਾਣੂ ਊਰਜਾ ਏਜੰਸੀ) ਦਾ ਡਾਇਰੈਕਟਰ ਜਨਰਲ ਰਫਾਇਲ ਗ੍ਰੋਸੀ ਵੀ ਦੋ ਦਿਨ ਪਹਿਲਾਂ ਕਹਿ ਚੁੱਕਾ ਹੈ ਕਿ ਈਰਾਨ ਕੋਈ ਪ੍ਰਮਾਣੂ ਬੰਬ ਨਹੀਂ ਬਣਾ ਰਿਹਾ ਬਲਕਿ ਪ੍ਰਮਾਣੂ ਬਿਜਲੀ ਪੈਦਾਵਾਰ ਦੇ ਆਪਣੇ ਸਾਰੇ ਅਦਾਰਿਆਂ ਦੀ ਜਾਂਚ-ਪੜਤਾਲ 'ਚ ਹਰ ਪੱਖੋਂ ਸਹਿਯੋਗ ਦੇ ਰਿਹਾ ਹੈ। ਈਰਾਨ, ਪ੍ਰਮਾਣੂ ਪ੍ਰਸਾਰ ਰੋਕਣ ਵਾਲੀ ਕੌਮਾਂਤਰੀ ਸੰਧੀ (ਐਨ ਪੀ ਟੀ) 'ਤੇ ਵੀ ਦਸਤਖ਼ਤ ਕਰ ਚੁੱਕਾ ਹੈ ਅਤੇ ਯੂ.ਐਨ.ਓ. ਦੇ ਪੰਜ ਸਥਾਈ ਮੈਂਬਰਾਂ ਰੂਸ, ਚੀਨ, ਫਰਾਂਸ, ਬ੍ਰਿਟੇਨ, ਅਮਰੀਕਾ ਨਾਲ ਹੋਏ ਸਮਝੌਤੇ ਜੇਸੀਪੀਓਏ 'ਚ ਕਦੀ ਵੀ ਪ੍ਰਮਾਣੂ ਬੰਬ ਨਾ ਬਣਾਉਣ ਦੀ ਗਰੰਟੀ ਦੇ ਚੁੱਕਾ ਹੈ।ਸਾਥੀ ਪਾਸਲਾ ਅਤੇ ਗੰਗਾਧਰਨ ਨੇ ਭਾਰਤ ਸਰਕਾਰ ਤੋਂ ਅਮਰੀਕਾ ਦੀ ਇਸ ਦਾਦਾਗਿਰੀ ਖਿਲਾਫ ਡਟਵਾਂ ਅਸੂਲੀ ਸਟੈਂਡ ਲੈਣ ਦੀ ਮੰਗ ਕਰਦਿਆਂ ਦੇਸ਼ ਵਾਸੀਆਂ ਨੂੰ ਜੰਗਬਾਜ਼ ਜੁੰਡਲੀ ਖਿਲਾਫ ਸ਼ਕਤੀਸ਼ਾਲੀ ਅਮਨ ਲਹਿਰ ਖੜ੍ਹੀ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਪਾਰਟੀ ਇਕਾਈਆਂ ਨੂੰ ਜੰਗ ਵਿਰੋਧੀ ਐਕਸ਼ਨ ਜਥੇਬੰਦ ਕਰਨ ਅਤੇ ਟਰੰਪ ਤੇ ਨੇਤਨਯਾਹੂ ਦੇ ਪੁਤਲੇ ਸਾੜੇ ਜਾਣ ਦਾ ਸੱਦਾ ਦਿੱਤਾ ਹੈ।

# ਬੰਦ ਪਏ ਐਲਗਰਾ ਪੁਲ ਦੀ ਮਨਾਈ ਦੂਜੀ ਬਰਸੀ

**● ਲੋਕਾਂ ਨੂੰ ਇਲਾਕਾ ਬਚਾਉਣ ਲਈ ਸੰਘਰਸ਼ 'ਚ ਕੁੱਦਣ ਦਾ ਦਿੱਤਾ ਸੱਦਾ**



**ਨੰਗਲ :** ਸਵਾਂ ਨਦੀ ਤੇ ਐਲਗਰਾ ਪੁਲ ਦੇ ਅੱਜ ਬੰਦ ਹੋਏ ਨੂੰ ਦੋ ਸਾਲ ਦਾ ਸਮਾਂ ਬੀਤ ਜਾਣ 'ਤੇ ਇਲਾਕਾ ਸੰਘਰਸ਼ ਕਮੇਟੀ ਦੇ ਸੱਦੇ 'ਤੇ ਦੂਜੀ ਬਰਸੀ ਮਨਾਈ ਗਈ। ਜਿਸ ਵਿੱਚ ਇਲਾਕੇ ਦੇ ਮੋਹਤਬਰ, ਸੂਝਵਾਨ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਗਿਆਨੀ ਜਸਵੰਤ ਸਿੰਘ ਬੈਂਸ ਨੇ ਅਰਦਾਸ ਕਰਕੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਕਿ ਉਹ ਬਿਨਾਂ ਕਿਸੇ ਦੇਰੀ ਤੋਂ ਐਲਗਰਾ ਪੁਲ ਦੀ ਰਿਪੇਅਰ ਦਾ ਕੰਮ ਸ਼ੁਰੂ ਕਰੇ। ਇਸ ਮੌਕੇ ਇਲਾਕਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ, ਟਿੱਕਾ ਯਸ਼ਵੀਰ ਚੰਦ, ਕਾਮਰੇਡ ਸੁਰਜੀਤ ਸਿੰਘ ਢੇਰ, ਖੁਸ਼ਹਾਲ ਸਿੰਘ ਕਲਮਾ, ਹਰਪਾਲ ਸਿੰਘ ਭੱਲੜੀ, ਸੂਬੇਦਾਰ ਕੁਲਵੰਤ ਸਿੰਘ ਭਲਾਣ, ਕਸ਼ਮੀਰ ਸਿੰਘ ਨੰਗਲੀ, ਰਾਣਾ ਰਣਬਹਾਦਰ ਸਿੰਘ ਨੇ ਕਿਹਾ ਕਿ ਮਾਈਨਿੰਗ ਦੀ ਭੇਟ ਚੜ੍ਹਿਆ ਪੁਲ ਪਿਛਲੇ ਦੋ ਸਾਲਾਂ ਤੋਂ ਬੰਦ ਕਰ ਦਿੱਤਾ ਗਿਆ ਹੈ। ਪਰ ਕੈਬਨਿਟ ਮੰਤਰੀ ਅਤੇ ਰੋਪੜ ਦੇ ਵਿਧਾਇਕ ਹਰ ਸਮੇਂ ਟੈਂਡਰ ਹੋਣ ਦੀ ਗੱਲ ਕਰਦੇ ਹਨ। ਪਰ ਅੱਜ ਤੱਕ ਕੋਈ ਵੀ ਕੰਮ ਸ਼ੁਰੂ ਨਹੀਂ ਹੋਇਆ। ਇਸ ਪੁਲ ਦੇ ਬੰਦ ਹੋਣ ਕਾਰਨ ਜਿਹੜਾ ਰਸਤਾ ਪੰਜ ਮਿੰਟ ਵਿੱਚ ਤੈਅ ਹੁੰਦਾ ਸੀ, ਉਸ ਨੂੰ ਅੱਜ ਪੌਣੇ ਘੰਟੇ ਤੋਂ ਉੱਪਰ ਸਮਾਂ ਲੱਗ ਰਿਹਾ ਹੈ। ਖਰਚਾ ਵੀ ਵਧ ਰਿਹਾ ਹੈ। ਇਥੋਂ ਤੱਕ ਕਿ ਇਸ ਸਵਾਂ ਨਦੀ 'ਚ ਬਣਾਏ ਆਰਜ਼ੀ ਪੁਲ ਦੇ ਕਾਰਨ ਕਦੇ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਸੰਘਰਸ਼ ਕਮੇਟੀ ਦੇ ਮੈਂਬਰਾਂ ਨੇ ਚਿੰਤਾ ਜ਼ਾਹਿਰ ਕੀਤੀ ਕਿ ਇਲਾਕੇ ਦੇ ਪੁਲ ਗੈਰ ਕਾਨੂੰਨੀ ਮਾਈਨਿੰਗ ਦੇ ਭੇਟ ਚੜ੍ਹ ਰਹੇ ਹਨ। ਉਹਨਾਂ ਨੂੰ ਦੂਜੇ ਪੁਲਾਂ ਦੀ ਵੀ ਚਿੰਤਾ ਸਤਾ ਰਹੀ ਹੈ, ਕਿ ਇਸੇ ਤਰ੍ਹਾਂ ਉਹ ਵੀ ਪੁਲ ਬੰਦ ਨਾ ਹੋ ਜਾਣ। ਇੱਥੇ ਇਹ ਵੀ ਖਾਸ ਦੱਸਣ ਜੋ ਗੱਲ ਹੈ ਕਿ ਬੇਲਿਆਂ ਵਿੱਚ ਜਿਹੜੇ ਪੁਲ ਬਣਾਏ, ਉਹ ਕਾਰ ਸੇਵਾ ਵਾਲੇ ਬਾਬਿਆਂ ਨੇ ਬਣਾਏ। ਉਹਨਾਂ ਦੀ ਵੀ ਹੋਂਦ ਨੂੰ ਖਤਰਾ ਬਣਦਾ ਜਾ ਰਿਹਾ ਹੈ।ਸੰਘਰਸ਼ ਕਮੇਟੀ ਨੇ ਇਸ ਮੌਕੇ ਜੁੜੇ ਇਕੱਠ 'ਚ ਮੈਂਬਰਾਂ ਨੇ ਕਿਹਾ ਕਿ ਸਵਾਂ ਨਦੀ, ਖੇੜਾ- ਕਲਮੋਟ, ਹਰਸਾ ਬੇਲਾ ਤਾਂ ਗੈਰ ਕਾਨੂੰਨੀ ਮਾਈਨਿੰਗ ਦੀ ਭੇਟ ਚੜ੍ਹ ਗਏ ਹਨ ਤੇ ਹੁਣ ਸਰਕਾਰ ਸਤਲੁਜ ਦਰਿਆ ਵਿੱਚ ਡੀਸਿਲਟਿੰਗ ਦੇ ਨਾਂ 'ਤੇ ਗੈਰ ਕਾਨੂੰਨੀ ਮਾਈਨਿੰਗ ਕਰਨੀ ਚਾਹ ਰਹੀ ਹੈ।ਹਰ ਤਰ੍ਹਾਂ ਨਾਲ ਪਿੰਡਾਂ ਦੀਆਂ ਪੰਚਾਇਤਾਂ ਤੇ ਡੀਸਿਲਟਿੰਗ ਕਰਨ ਦੇ ਹੱਕ ਵਿੱਚ ਮਤੇ ਪੁਆਏ ਜਾ ਰਹੇ ਹਨ। ਇੱਥੋਂ ਤੱਕ ਕਿ ਅਧਿਕਾਰੀ ਵਿਰੋਧ ਵਿੱਚ ਮਤਾ ਨਹੀਂ ਪਾਣ ਦੇ ਰਹੇ। ਇਸ ਲਈ ਸਰਕਾਰੀ ਤੰਤਰ ਦਾ ਸਵਾਂ ਨਦੀ ਤੇ ਸਤਲੁਜ ਦਰਿਆ ਤੇ ਇੱਕ ਬਹੁਤ ਵੱਡਾ ਹਮਲਾ ਗਿਣੀ ਮਿਣੀ ਸਾਜ਼ਿਸ਼ ਤਹਿਤ ਕੀਤਾ ਜਾ ਰਿਹਾ ਹੈ। ਸੰਘਰਸ਼ ਕਮੇਟੀ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਹਰ ਸਰਕਾਰੀ ਜਬਰ ਜ਼ੁਲਮ ਦਾ ਮੁਕਾਬਲਾ ਕਰਨ ਲਈ ਇੱਕਜੁੱਟ ਹੋਣ ਤੇ ਸੰਘਰਸ਼ ਤੋਂ ਬਿਨਾਂ ਕੋਈ ਵੀ ਹੱਲ ਨਹੀਂ ਹੋ ਸਕਦਾ। ਸੰਘਰਸ਼ ਕਮੇਟੀ ਨੇ ਇੱਕ ਵਾਰ ਫਿਰ ਇਲਾਕੇ ਦੇ ਕੈਬਨਿਟ ਮੰਤਰੀ ਅਤੇ ਵਿਧਾਇਕ ਨੂੰ ਕਿਹਾ ਕਿ ਉਹ ਇਸ ਪੁੱਲ ਦੀ ਉਸਾਰੀ ਲਈ ਬਣਦਾ ਯੋਗਦਾਨ ਪਾਣ ਤੇ ਡੀਸਿਲਟਿੰਗ ਦੇ ਨਾਂ ਤੇ ਮਾਈਨਿੰਗ ਨੂੰ ਰੋਕਣ ਦੇ ਹੁਕਮ ਜਾਰੀ ਕਰਨ। ਹਾਜ਼ਰ ਲੋਕਾਂ ਨੇ ਇਕੱਠ ਵਿੱਚ ਇਹ ਵੀ ਕਸਮਾਂ ਖਾਧੀਆਂ ਕਿ ਉਹ ਕਿਸੇ ਵੀ ਹਾਲਤ ਵਿੱਚ ਡੀਸਿਲਟਿੰਗ ਦੇ ਨਾਂ 'ਤੇ ਸਤਲੁਜ ਦਰਿਆ ਵਿੱਚ ਮਾਈਨਿੰਗ ਨਹੀਂ ਹੋਣ ਦੇਣਗੇ। ਇਸ ਮੌਕੇ ਜਸਪਾਲ ਸਿੰਘ ਫੌਜੀ, ਹਰਜੀਤ ਸਿੰਘ ਵਿਰਕ, ਕੁਲਦੀਪ ਸਿੰਘ ਬੇਲਾ, ਦਿਲਬਾਗ ਸਿੰਘ ਬੇਲਾ, ਜਸਵੀਰ ਸਿੰਘ, ਸਰਪੰਚ ਰਘਵੀਰ ਸਿੰਘ, ਪਿਆਰਾ ਸਿੰਘ ਭਲਾਣ, ਗੁਰਚਰਨ ਸਿੰਘ ਤਰਫ ਮਜਾਰੀ, ਮਾਸਟਰ ਤਰਸੇਮ ਸਿੰਘ ਮਜਾਰੀ ਤੋਂ ਇਲਾਵਾ ਹੋਰ ਬਹੁਤ ਸਾਰੇ ਲੋਕ ਹਾਜ਼ਰ ਸਨ।

# 'ਲੈਂਡ ਪੂਲਿੰਗ ਪਾਲਸੀ ਅਧੀਨ ਜ਼ਮੀਨਾਂ ਕਿਸੇ ਵੀ ਕੀਮਤ 'ਤੇ ਨਹੀਂ ਦਿੱਤੀਆਂ ਜਾਣਗੀਆਂ'



**ਸੁਲਤਾਨਪੁਰ ਲੋਧੀ (ਹਨੀ)-** ਪੰਜਾਬ ਸਰਕਾਰ ਵੱਲੋਂ ਬਣਾਈ ਗਈ ਲੈਂਡ ਪੂਲਿੰਗ ਪਾਲਸੀ ਜਿਸ ਵਿੱਚ ਪਿੰਡ ਅੱਲਾਦਾਦ ਚੱਕ, ਮਾਛੀ ਜੋਆ, ਮੁਕਟ ਰਾਮ ਵਾਲਾ ਆਦਿ ਪਿੰਡਾਂ ਦੀ ਜ਼ਮੀਨ ਐਕਵਾਇਰ ਕਰਨ ਲਈ ਜੋ ਅਖ਼ਬਾਰਾਂ ਰਾਹੀਂ ਜਾਣਕਾਰੀ ਪ੍ਰਾਪਤ ਹੋਈ ਸੀ ਜਿਸ ਵਿੱਚ ਇਨ੍ਹਾਂ ਪਿੰਡਾਂ ਦੇ 70 ਏਕੜ ਦੇ ਕਰੀਬ ਰਕਬੇ ਨੂੰ ਇਸ ਪਾਲਸੀ ਅਧੀਨ ਲਿਆ ਗਿਆ ਹੈ। ਇਸ ਦੇ ਵਿਰੋਧ ਵਿੱਚ ਪ੍ਰਭਾਵਿਤ ਕਿਸਾਨਾਂ ਵੱਲੋਂ ਇੱਕ ਮੀਟਿੰਗ ਪਿੰਡ ਅੱਲਾਦਾਦ ਚੱਕ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਇਸ ਪਾਲਸੀ ਤੋਂ ਪ੍ਰਭਾਵਿਤ ਤਕਰੀਬਨ 35 ਤੋਂ 40 ਕਿਸਾਨ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਇਕੱਠੇ ਹੋਏ ਕਿਸਾਨਾਂ ਨੇ ਇਸ ਲੈਂਡ ਪੂਲਿੰਗ ਪਾਲਿਸੀ ਦਾ ਪੁਰਜ਼ੋਰ ਵਿਰੋਧ ਕੀਤਾ। ਕਿਸਾਨਾਂ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਇਹਨਾਂ ਪਿੰਡਾਂ ਵਿੱਚ ਛੋਟੇ ਛੋਟੇ ਕਿਸਾਨ ਆਪਣੀ ਜ਼ਮੀਨ ਵਿੱਚ ਖੇਤੀ ਕਰਕੇ ਆਪਣਾ ਅਤੇ ਆਪਣੇ ਪਰਵਾਰ ਦਾ ਗੁਜ਼ਾਰਾ ਕਰ ਰਹੇ ਹਨ ਤੇ ਉਹ ਕਿਸੇ ਵੀ ਕੀਮਤ 'ਤੇ ਆਪਣੀ ਮਾਂ ਨਾਲੋਂ ਪਿਆਰੀਆਂ ਜ਼ਮੀਨਾਂ ਸਰਕਾਰ ਨੂੰ ਦੇਣ ਲਈ ਤਿਆਰ ਨਹੀਂ ਹਨ। ਮੀਟਿੰਗ ਵਿੱਚ ਕਿਸਾਨਾਂ ਨੇ ਇੱਕ ਆਵਾਜ਼ ਵਿੱਚ ਕਿਹਾ ਕਿ ਸੁਲਤਾਨਪੁਰ ਲੋਧੀ ਵਿੱਚ ਪਹਿਲਾਂ ਹੀ ਬਹੁਤ ਜ਼ਿਆਦਾ ਕਲੋਨੀਆਂ ਬਣੀਆਂ ਹੋਈਆਂ ਹਨ ਜੋ ਕਿ ਪਹਿਲਾਂ ਹੀ ਖਾਲੀ ਪਈਆਂ ਹਨ ਤੇ ਇਸ ਤੋਂ ਇਲਾਵਾ ਸਾਲ 2000 ਵਿੱਚ ਪੁੱਡਾ ਵੱਲੋਂ ਜੋ ਅਰਬਨ ਅਸਟੇਟ ਸੁਲਤਾਨਪੁਰ ਲੋਧੀ ਵਿੱਚ ਬਣਾਈ ਗਈ ਸੀ ਉਸ ਦੇ ਵੀ 50 ਫੀਸਦੀ ਦੇ ਕਰੀਬ ਪਲਾਟ ਖਾਲੀ ਪਏ ਹਨ। ਪਿਛਲੇ ਲੰਮੇ ਸਮੇਂ ਤੋਂ ਹੋਂਦ ਵਿੱਚ ਆਈ ਪੁਡਾ ਕਲੋਨੀ ਵੀ ਬਿਹਤਰ ਸਹੂਲਤਾਂ ਤੋਂ ਵਾਂਝੀ ਹੈ ਜਿਸ ਵਿੱਚ ਸੜਕਾਂ, ਪਾਰਕ, ਸੀਵਰੇਜ ਦੀ ਵੱਡੀ ਸਮੱਸਿਆ, ਚਾਰਦੀਵਾਰੀ ਆਦਿ ਨਾਲ ਇਥੋਂ ਦੇ ਵਸਨੀਕ ਜੂਝ ਰਹੇ ਹਨ ਅਤੇ ਵਾਰ-ਵਾਰ ਸਰਕਾਰ ਤੱਕ ਆਪਣੀ ਪਹੁੰਚ ਕਰਦੇ ਹੋਏ ਮੰਗਾਂ ਸਬੰਧੀ ਜਾਣੂ ਕਰਵਾਉਂਦੇ ਹਨ ਪਰ ਅਜੇ ਤੱਕ ਇਹ ਪੁੱਡਾ ਕਲੋਨੀ ਪੂਰੀ ਤਰ੍ਹਾਂ ਡਿਵੈਲਪ ਨਹੀਂ ਹੋ ਸਕੀ ਤਾਂ ਫਿਰ ਹੋਰ ਕਿਸੇ ਕਲੋਨੀ ਦਾ ਸੁਲਤਾਨਪੁਰ ਲੋਧੀ ਏਰੀਏ ਵਿੱਚ ਬਣਾਉਣਾ ਕੋਈ ਢੁਕਵੀਂ ਗੱਲ ਨਹੀਂ ਹੈ।ਇਸ ਦਾ ਕਾਰਨ ਇਹ ਵੀ ਹੈ ਕਿ ਸੁਲਤਾਨਪੁਰ ਲੋਧੀ ਰੂਰਲ ਏਰੀਆ ਹੈ ਤੇ ਇਸ ਦੀ ਆਬਾਦੀ ਬਹੁਤ ਘੱਟ ਹੈ, ਇਸ ਲਈ ਇੱਥੇ ਨਵੀਂ ਅਰਬਨ ਸਟੇਟ ਦੀ ਕੋਈ ਜ਼ਰੂਰਤ ਨਹੀਂ ਹੈ। ਕਿਸਾਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਸਾਡੀਆਂ ਜ਼ਮੀਨਾਂ ਹਥਿਆਉਣ ਲਈ ਕੋਈ ਜ਼ਬਰਦਸਤੀ ਕੀਤੀ ਤਾਂ ਇਸ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ ਤੇ ਸਾਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਕਿਸਾਨ ਲਖਵਿੰਦਰ ਸਿੰਘ ਅੱਲਾਦਾਦ ਚੱਕ, ਸੁਖਦੇਵ ਸਿੰਘ ਜੱਜ, ਰੇਸ਼ਮ ਸਿੰਘ ਮੁਕਟਰਾਮ ਵਾਲਾ, ਦਿਲਬਾਗ ਸਿੰਘ, ਬਲਕਾਰ ਸਿੰਘ, ਸ਼ਿੰਗਾਰਾ ਸਿੰਘ, ਨਿਰਵੈਰ ਸਿੰਘ, ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ ਮਾਛੀ ਜੋਆ,ਸਿਮਰਨਜੀਤ ਸਿੰਘ, ਜਸਪ੍ਰੀਤ ਸਿੰਘ, ,ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਬੇਲਾ ਕਾਲਜ ਨੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ

**ਸ਼੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)** ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਪੋਸਟ ਗਰੈਜੂਏਟ ਕਾਲਜ ਅਤੇ ਫਾਰਮੇਸੀ ਕਾਲਜ ਬੇਲਾ ਵਿਖੇ ਭਾਰਤ ਸਰਕਾਰ ਦੇ 'ਦੀ ਮਨਿਸਟਰੀ ਆਫ਼ ਆਯੂਸ਼' ਵੱਲੋਂ ਯੋਗ ਸੰਗਮ ਤਹਿਤ ਕਰਵਾਏ ਜਾ ਰਹੇ ਪ੍ਰੋਗਰਾਮ ਨੂੰ ਮੁੱਖ ਰੱਖਦਿਆਂ ਸਰੀਰਿਕ ਸਿੱਖਿਆ ਵਿਭਾਗ, ਐਨ.ਸੀ.ਸੀ. (ਆਰਮੀ ਅਤੇ ਨੇਵੀ ਵਿੰਗ) ਐਨ.ਐਸ.ਐਸ. ਅਤੇ ਇੰਸਟੀਚਿਊਟ ਆਫ਼ ਇਨੋਵੇਸ਼ਨ ਕਾਊਂਸਲ ਦੇ ਸਹਿਯੋਗ ਨਾਲ ਅੰਤਰ ਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਇਸ ਵਰ੍ਹੇ ਇਹ ਯੋਗ ਦਿਵਸ 'ਯੋਗ ਫਾਰ ਵਨ ਅਰਥ, ਵਨ ਹੈਲਥ' ਦੇ ਥੀਮ ਤਹਿਤ ਮਨਾਇਆ ਗਿਆ। ਇਸ ਮੌਕੇ ਪ੍ਰੋ. ਅਮਰਜੀਤ ਸਿੰਘ ਤੇ ਪ੍ਰੋ. ਪਰਮਿੰਦਰ ਕੌਰ ਦੀ ਅਗਵਾਈ ਅਧੀਨ ਸਮੂਹ ਅਧਿਆਪਕ ਸਾਹਿਬਾਨ ਨੇ ਯੋਗ ਆਸਣ ਕੀਤੇ ਅਤੇ ਵਿਦਿਆਰਥੀਆਂ ਨੇ ਆਨ ਲਾਈਨ ਗਤੀਵਿਧੀਆਂ ਰਾਹੀਂ ਇਸ ਵਿੱਚ ਹਿੱਸਾ ਲਿਆ।ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਯੋਗ ਸਾਧਨਾ ਮਨ, ਆਤਮਾ ਅਤੇ ਸਰੀਰ ਨੂੰ ਇੱਕ ਸੁਰ ਕਰਕੇ ਬਿਹਤਰੀਨ ਵਿਅਕਤੀਤਵ ਦੇ ਵਿਕਾਸ ਲਈ ਬੇਹੱਦ ਜ਼ਰੂਰੀ ਹੈ। ਯੋਗ ਸਾਧਨਾ ਨਾਲ ਹੀ ਮਨੁੱਖੀ ਸਿਹਤ ਅਤੇ ਮਨੁੱਖੀ ਚੌਗਿਰਦੇ ਵਿੱਚ ਸੰਤੁਲਨ ਬਣਾਉਣਾ ਸਰਲ ਅਤੇ ਸੰਭਵ ਹੋ ਸਕਦਾ ਹੈ। ਡਾ. ਸੈਲੇਸ਼ ਸ਼ਰਮਾ, ਡਾਇਰੈਕਟਰ ਫਾਰਮੇਸੀ ਕਾਲਜ ਨੇ ਸਮੂਹ ਸਟਾਫ਼



ਅਤੇ ਵਿਦਿਆਰਥੀਆਂ ਨੂੰ ਅੰਤਰ ਰਾਸ਼ਟਰੀ ਯੋਗ ਦਿਵਸ ਦੀ ਵਧਾਈ ਦਿੱਤੀ ਅਤੇ ਸਭਨਾਂ ਨੂੰ ਨਿਰੋਗੀ ਕਾਇਆ ਲਈ ਰੋਜ਼ਾਨਾ ਆਪਣੀ ਮਾਨਸਿਕ, ਸਰੀਰਕ ਅਤੇ ਅਧਿਆਤਮਕ ਸਿਹਤ ਨੂੰ ਤਵੱਜੋਂ ਦੇਣ ਦੀ ਨਸੀਹਤ ਕੀਤੀ।ਇਸ ਵਿੱਚ 50 ਦੇ ਕਰੀਬ ਸਟਾਫ਼ ਮੈਂਬਰਾਂ ਅਤੇ 100 ਵਿਦਿਆਰਥੀਆਂ ਨੇ ਆਨ ਲਾਈਨ ਮਾਧਿਅਮ ਜ਼ਰੀਏ ਆਪਣੀ ਭਾਗੀਦਾਰੀ ਕੀਤੀ। ਇਸ ਮੌਕੇ ਡਾ. ਮਮਤਾ ਅਰੋੜਾ, ਪ੍ਰੋ. ਸੁਨੀਤਾ ਰਾਣੀ, ਡਾ. ਸੰਦੀਪ ਕੌਰ ਅਤੇ ਦੋਨਾਂ ਸੰਸਥਾਵਾਂ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਹੈਰੋਇਨ ਦਾ ਸੇਵਨ ਕਰਨ ਵਾਲੇ ਦੋ ਗ੍ਰਿਫ਼ਤਾਰ

**ਕਪੂਰਥਲਾ (ਮਨਜੀਤ ਮਾਨ)-** ਥਾਣਾ ਢਿਲਵਾਂ ਦੀ ਪੁਲਸ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਹੈਰੋਇਨ ਦਾ ਸੇਵਨ ਕਰਨ ਵਾਲੇ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਢਿਲਵਾਂ ਦੇ ਇੰਚਾਰਜ ਦਵਿੰਦਰਬੀਰ ਸਿੰਘ ਨੇ ਦੱਸਿਆ ਕਿ ਏ.ਐਸ.ਆਈ ਪਰਮਜੀਤ ਸਿੰਘ ਪੁਲਸ ਪਾਰਟੀ ਨਾਲ ਗਸ਼ਤ ਦੌਰਾਨ ਰੇਲਵੇ ਫਾਟਕ ਦੇ ਨੇੜੇ ਪਹੁੰਚੇ ਤਾਂ ਉਨ੍ਹਾਂ ਨੂੰ ਇੱਕ ਸੂਚਨਾ ਮਿਲੀ ਕਿ ਦੋ ਨੌਜਵਾਨ ਪੁਰਾਣੇ ਪੁਲ ਦੇ ਹੇਠਾਂ ਝਾੜੀਆਂ ਵਿੱਚ ਲੁਕ ਕੇ ਨਸ਼ੀਲੇ ਪਦਾਰਥਾਂ ਦਾ ਸੇਵਨ ਕਰ ਰਹੇ ਹਨ। ਉਨ੍ਹਾਂ ਨੇ ਦੱਸੀ ਗਈ ਜਗ੍ਹਾ 'ਤੇ ਛਾਪਾ ਮਾਰਿਆ ਅਤੇ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਵਾਲੇ ਦੋ ਨੌਜਵਾਨਾਂ ਨੂੰ ਫੜ ਲਿਆ। ਉਨ੍ਹਾਂ ਦਾ ਨਾਂਅ ਅਤੇ ਪਤਾ ਪੁੱਛਣ 'ਤੇ ਉਨ੍ਹਾਂ ਨੇ ਆਪਣੀ ਪਛਾਣ ਆਕਾਸ਼ ਅਤੇ ਅਰਸ਼ਦੀਪ ਸਿੰਘ ਵਾਸੀ ਚੱਕੋਕੀ ਥਾਣਾ ਢਿਲਵਾਂ ਵਜੋਂ ਦੱਸੀ। ਉਕਤ ਪਾਸੋਂ ਇੱਕ ਚਾਂਦੀ ਦਾ ਕਾਗਜ਼, ਦਸ ਰੁਪਏ ਦਾ ਨੋਟ ਅਤੇ ਇੱਕ ਲਾਈਟਰ ਬਰਾਮਦ ਕੀਤਾ ਗਿਆ। ਇਸ ਸਬੰਧੀ ਥਾਣਾ ਢਿਲਵਾਂ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਦੋ ਦਿਨਾ ਮੇਲਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ਼ੇਰੇ ਖੁਦਾ ਬਾਬਾ ਮੀਆਂ ਰਹਿਮਤ ਸ਼ਾਹ ਦਾ 40ਵਾਂ ਸਾਲਾਨਾ ਦੋ ਦਿਨਾਂ ਮੇਲਾ ਜੋੜ ਮੇਲਾ ਪਿੰਡ ਮਹਾਲੋਂ ਤੇ ਗੁਜਰਪੁਰ ਨਗਰ ਵਾਸੀਆਂ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਧੂਮਧਾਮ ਨਾਲ ਮਨਾਇਆ ਗਿਆ। ਦਰਬਾਰ ਦੇ ਸੇਵਾਦਾਰ ਸਖੀ ਪਾਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਨੇਕ ਸਿੰਘ ਵਾਲੀਆ ਪ੍ਰਧਾਨ ਸੈਕਟਰੀ ਇਕਬਾਲ ਸਿੰਘ ਮਜਾਰਾਂ ਵਾਲੇ ਮੰਨਜ਼, ਡਲੀ ਨੇ ਦੱਸਿਆ ਕਿ ਪਹਿਲਾ ਮੁਬਾਰਕ ਮਹਿਫ਼ਲੀ ਦੀ ਰਸਮ ਅਦਾ ਕੀਤੀ ਗਈ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ ਚਿਰਾਗ ਅਤੇ ਚਾਦਰ ਦੀ ਰਸਮ ਕੀਤੀ ਗਈ। ਸ਼ਿਰਕ ਗੀਟਾ ਸਿੰਘ ਮਹਿਫਲ, ਸੂਫ਼ੀ ਕਵਾਲੀਆਂ ਪ੍ਰੋਗਰਾਮ ਪੇਸ਼ ਕਰਕੇ ਕਵਾਲ ਪਾਰਟੀਆਂ ਵੱਲੋਂ ਹਾਜ਼ਰੀ ਲਗਵਾਈ ਗਈ। ਸਵੇਰੇ ਸਮੁੱਚੇ ਨਗਰ ਦੀ ਖ਼ੁਸ਼ਹਾਲੀ ਅਤੇ ਸੁੱਖ ਸ਼ਾਂਤੀ ਲਈ ਫਰਿਆਦ ਕੀਤੀ ਗਈ ਅਤੇ ਪੰਜਾਬ ਦੇ ਮਸ਼ਹੂਰ ਕਲਾਕਾਰ ਗਾਇਕ ਇਸਰਾਏਲ ਗੁਲਾਮ ਅਲੀ, ਸੱਤੀ ਸਿਤਾਰਾਂ, ਐਸ ਐਸ ਸੂਫ਼ੀ ਨਬੀ ਰੂਹਾਨੀ ਕਵਾਲ, ਪੰਜਾਬੀ ਸੱਭਿਆਚਾਰ ਵਿਰਸ ਭੰਡਾਰ ਗਰੁੱਪ ਕਵਾਲੀਆਂ, ਗੀਤਾਂ ਰਾਹੀਂ ਮਨੋਰੰਜਨ ਕੀਤਾ। ਹਰਨੇਕ ਸਿੰਘ, ਇਕਬਾਲ ਸਿੰਘ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਕੁਰਾਹੇ ਪੈ ਰਹੀ ਹੈ, ਜੋ ਕਿ ਇਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਕਿਉਂਕਿ ਬੰਦਗੀ ਤੋਂ ਬਗੈਰ ਬੰਦਾ ਮਿੱਟੀ ਦੇ ਸਮਾਨ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਰੀਰਕ ਕਸਰਤ ਤੋਂ ਬਗੈਰ ਦੇਵੇਂ ਪੰਜੇ ਹਨ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਰੋਸ ਮਾਰਚ ਸੰਬੰਧੀ ਮੀਟਿੰਗਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 5 ਜੁਲਾਈ ਨੂੰ ਕੱਢੇ ਜਾ ਰਹੇ ਰੋਸ ਮਾਰਚ ਦੀਆਂ ਤਿਆਰੀਆਂ ਸੰਬੰਧੀ ਮੀਟਿੰਗਾਂ ਦੀ ਲੜੀ ਵਜੋਂ ਪਿੰਡ ਬਹਿਲਾਣਾ, ਗੁਰਪ੍ਰੀਤ ਸਿੰਘ ਸੋਮਲ, ਜੋਗਾ ਸਿੰਘ, ਗੁਰਮੁਖ ਸਿੰਘ, ਹਰਭਜਨ ਸਿੰਘ, ਅਮਰਜੀਤ ਸਿੰਘ, ਪ੍ਰਿਤਪਾਲ ਸਿੰਘ, ਬਲਦੇਵ ਸਿੰਘ, ਸਵਰਨ ਸਿੰਘ ਆਦਿ ਨੇ



ਖੁੱਡਾ ਲਾਹੌਰਾ, ਖੁੱਡਾ ਜੱਸੂ, ਮਲੋਆ ਅਤੇ ਬੁੜੈਲ ਵਿਖੇ ਮੀਟਿੰਗਾਂ ਕੀਤੀਆਂ ਗਈਆਂ ਜਿਨ੍ਹਾਂ ਵਿੱਚ ਅਹੁਦੇਦਾਰਾਂ ਵੱਲੋਂ ਲੋਕਾਂ ਨੂੰ ਰੋਸ ਮਾਰਚ ਵਿੱਚ ਸ਼ਮੂਲੀਅਤ ਕਰਨ ਪ੍ਰਤੀ ਲਾਮਬੰਦ ਕੀਤਾ ਗਿਆ।ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਹੱਲੋਮਾਜਰਾ, ਜਨਰਲ ਸਕੱਤਰ ਦੇਵੀ ਦਿਆਲ ਸ਼ਰਮਾ, ਸਰਪ੍ਰਸਤ ਬਾਬਾ ਸਾਧੂ ਸਿੰਘ ਸਾਰੰਗਪੁਰ, ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਕਿਹਾ ਕਿ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਇਸ ਖਿੱਤੇ ਦੀ ਮਾਂ ਬੋਲੀ ਪੰਜਾਬੀ ਭਾਸ਼ਾ ਨੂੰ ਬੁਰੀ ਤਰ੍ਹਾਂ ਨਜ਼ਰਅੰਦਾਜ਼ ਕਰ ਚੁੱਕਾ ਹੈ। ਮੰਚ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਕਿ ਇੱਥੋਂ ਦੀ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਪੰਜਾਬੀ ਹੋਣੀ ਚਾਹੀਦੀ ਹੈ ਪ੍ਰੰਤੂ ਇੱਥੇ ਸਮੇਂਲੂ-ਸਮੇਂ 'ਤੇ ਆਏ ਪ੍ਰਸ਼ਾਸਕ ਅਤੇ ਹੋਰ ਉੱਚ ਅਧਿਕਾਰੀ ਪੰਜਾਬੀ ਭਾਸ਼ਾ ਲਾਗੂ ਨਹੀਂ ਕਰ ਰਹੇ ਹਨ।ਮੰਚ ਵੱਲੋਂ ਆਪਣੇ ਸੰਘਰਸ਼ਾਂ ਦੀ ਲੜੀ ਤਹਿਤ ਹੁਣ 5 ਜੁਲਾਈ ਨੂੰ ਪ੍ਰਸ਼ਾਸਨ ਦੇ ਖਿਲਾਫ਼ ਰੋਸ ਮਾਰਚ ਰੱਖਿਆ ਗਿਆ ਹੈ ਜਿਸ ਵਿੱਚ ਵੱਧ ਤੋਂ ਵੱਧ ਲੋਕੀਂ ਸ਼ਾਮਲ ਹੋਣ ਤਾਂ ਜੋ ਚੰਡੀਗੜ੍ਹ ਪ੍ਰਸ਼ਾਸਨ ਦਾ ਪਿੱਟ ਸਿਆਪਾ ਕੀਤਾ ਜਾ ਸਕੇ ਅਤੇ ਪੰਜਾਬੀ ਭਾਸ਼ਾ ਦੀ ਅਵਾਜ਼ ਪ੍ਰਸ਼ਾਸਨ ਦੇ ਕੰਨਾਂ ਤੱਕ ਪਹੁੰਚਾਈ ਜਾ ਸਕੇ। ਉਨ੍ਹਾਂ ਦੱਸਿਆ ਕਿ 5 ਜੁਲਾਈ ਨੂੰ ਸੈਕਟਰ 34 ਦੇ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਇਹ ਰੋਸ ਮਾਰਚ ਵੱਖ-ਵੱਖ ਸੈਕਟਰਾਂ ਵਿੱਚੋਂ ਦੀ ਹੁੰਦਾ ਹੋਇਆ ਸੈਕਟਰ 7 ਦੇ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਵੇਗਾ। ਪਿੰਡ ਬਹਿਲਾਣਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ ਔਰਤਾਂ ਨੇ ਸ਼ਮੂਲੀਅਤ ਕੀਤੀ ਜਿੱਥੇ ਕਿ ਮਲਕੀਅਤ ਸਿੰਘ, ਸੁਸ਼ੀਲ ਕੌਰ, ਗੁਰਬਖਸ਼ ਸਿੰਘ ਨੰਬਰਦਾਰ ਆਦਿ ਨੇ ਅਹੁਦੇਦਾਰਾਂ ਨੂੰ ਭਰੋਸਾ ਦਿੱਤਾ ਕਿ 5 ਜੁਲਾਈ ਨੂੰ ਪਿੰਡ ਵਿੱਚੋਂ ਲੋਕੀਂ ਆਪੋ ਆਪਣੀਆਂ ਕਾਰਾਂ, ਮੋਟਰਸਾਈਕਲਾਂ ਅਤੇ ਸਕੂਟਰਾਂ ਉਤੇ ਸਵਾਰ ਹੋ ਕੇ ਰੋਸ ਮਾਰਚ ਵਿੱਚ ਸ਼ਾਮਲ ਹੋਣਗੇ।

# ਨਰਿੰਦਰ ਕਾਲੀਆ ਵੱਲੋਂ ਡਾਇਰੈਕਟ ਕੀਤੇ ਗੀਤ ਜਲਦੀ ਹੋਣਗੇ ਰਿਲੀਜ਼

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਗਾਇਕ ਸੁੱਖਰਾਜ ਨਾਰੰਗ ਦੇ ਨਵੇਂ 2 ਸਿਗਲ ਟਰੈਕਾਂ ਦੇ ਵੀਡੀਓ ਮੁਕੰਮਲ ਹੋ ਗਈ ਹੈ।ਪ੍ਰੋਡਿਊਸਰ ਸਨੀ ਬੱਲ ਯੂ ਕੇ ਤੇ ਗੈਰੀ ਯੂ. ਕੇ ਨੇ ਸਪੈਸ਼ਲ ਤੌਰ 'ਤੇ ਇੰਗਲੈਂਡ ਤੋਂ ਵਤਨ ਫੇਰੀ ਪਾਈ ਹੈ। ਗਾਣਿਆਂ ਦਾ ਨਾਂਅ ਇੰਗਲੈਂਡ ਅਤੇ ਇੱਕੋ ਫਾਇਰ ਹੈ।ਉਨ੍ਹਾਂ ਕਿਹਾ ਕਿ ਇੰਗਲੈਂਡ ਗਾਣਾ ਇਸ ਮਹੀਨੇ ਦੇ ਆਖਰ ਤੱਕ ਰਿਲੀਜ਼ ਕੀਤਾ ਜਾਵੇਗਾ ਅਤੇ ਇੱਕੋ ਫਾਇਰ ਗਾਣਾ ਜੁਲਾਈ ਮਹੀਨੇ ਰਿਲੀਜ਼ ਕੀਤਾ ਜਾਵੇਗਾ, ਜਿਸ ਦੇ ਵੀਡੀਓ ਯਾਰ ਨਰਿੰਦਰ (ਨਰਿੰਦਰ ਕਾਲੀਆ) ਨੇ ਡਾਇਰੈਕਟ ਕੀਤੇ ਹਨ। ਇਹ ਪੰਜਾਬ ਫਿਲਮ ਸਿਟੀ ਚੰਡੀਗੜ੍ਹ ਵਿੱਚ ਸ਼ੂਟ ਕੀਤੇ ਗਏ ਹਨ ਜੋ ਕਿ ਏ ਬੱਲ ਰਿਕਾਰਡਜ਼ ਦੇ ਯੂਟਿਊਬ ਚੈਨਲ 'ਤੇ ਰਿਲੀਜ਼ ਹੋਣਗੇ।



# ਸੁਖਦੀਪ ਦੁਸਾਰ ਨੇ ਮੋਹਾਲੀ ਵਾਕ 'ਚ ਲੋਕਾਂ ਨੂੰ ਸਿਖਾਇਆ ਯੋਗ



**ਮੋਹਾਲੀ (ਗੁਰਜੀਤ ਬਿੱਲਾ)** ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ ਸੈਲੀਬਰਿਟੀ ਯੋਗ ਟਰੇਨਰ ਸੁਖਦੀਪ ਦੁਸਾਰ ਵੱਲੋ ਲੋਕਾਂ ਨੂੰ ਯੋਗ ਟਰੇਨਿੰਗ ਦਿਤੀ ਗਈ।ਇਸ ਮੌਕੇ ਯੋਗ ਟਰੇਨਰ ਸੁਖਦੀਪ ਦੁਸਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਯੋਗ ਸਾਧਨਾ ਨਾਲ ਸਾਡਾ ਤਨ ਅਤੇ ਮਨ ਤੰਦਰੁਸਤ ਰਹਿੰਦਾ ਹੈ।ਉਹਨਾਂ ਨੇ ਕਿਹਾ ਕੀ ਯੋਗ ਕਰਨ ਨਾਲ ਇਨਸਾਨ ਬਹੁਤ ਸਾਰੀਆਂ ਬਿਮਾਰੀਆਂ ਤੋਂ ਨਿਜ਼ਾਤ ਪਾਈ ਜਾ ਸਕਦੀ ਹੈ।ਉਹਨਾਂ ਕਿਹਾ ਕੀ ਪਹਿਲਾ ਯੋਗ ਸਿਰਫ ਬਜ਼ੁਰਗਾਂ ਅਤੇ ਕੰਮਕਾਜੀ ਮਹਿਲਾਵਾਂ ਤੱਕ ਹੀ ਸੀਮਤ ਸੀ।ਪਰ ਅਜੋਕੇ ਸਮੇਂ ਵਿੱਚ ਯੋਗ ਨੇ ਨੌਜਵਾਨਾਂ ਅਤੇ ਬੱਚਿਆਂ ਤੇ ਵੀ ਆਪਣਾ ਬਹੁਤ ਪ੍ਰਭਾਵ ਪਾਇਆ ਹੈ।ਉਹਨਾਂ ਦੱਸਿਆ ਕੀ ਹਿਮਾਚਲ ਦੀਆਂ ਪਹਾੜੀਆਂ ਤੇ ਗੋਰੇ ਲੋਕ ਆਮ ਯੋਗਾ ਕਰਦੇ ਵਿਖਾਈ ਦੇਣਗੇ।ਇਸ ਮੌਕੇ ਵਰਦਾਨ ਆਯੁਰਵੇਦਾ ਦੇ ਐਮ ਡੀ ਸੁਭਾਸ਼ ਗੋਇਲ ਨੇ ਯੋਗ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸੁਖਦੀਪ ਦੁਸਾਰ ਲੋਕਾਂ ਨੂੰ ਜਗਾਉਣ ਦਾ ਕੰਮ ਕਰ ਰਿਹਾ। ਉਹਨਾਂ ਕਿਹਾ ਕਿ ਆਯੁਰਵੇਦ ਅਤੇ ਯੋਗ ਦਾ ਸੰਗਮ ਹਮੇਸ਼ਾ ਤੋਂ ਹੀ ਰਿਹਾ ਹੈ।ਇਸ ਮੌਕੇ ਉੱਘੇ ਪੰਜਾਬੀ ਗਾਇਕ ਗੁਰਕਿਰਪਾਲ ਸੂਰਾਪੁਰੀ ਨੇ ਕਿਹਾ ਯੋਗ ਨੇ ਕਿਸੇ ਬਹਾਨੇ ਸਾਨੂੰ ਆਪਣੇ ਆਪ ਨਾਲ ਜੋੜ ਦਿੱਤਾ।ਉਹਨਾਂ ਕਿਹਾ ਕਿ ਜਿੰਮ ਨਾਲੋਂ ਵੀ ਇਹ ਬਹੁਤ ਵਧੀਆ ਐਕਸਰਸਾਈਜ਼ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਯੋਗ ਕਰਨਾ ਚਾਹੀਦਾ ਹੈ।

# ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਮਨਾਇਆ ਯੋਗਾ ਦਿਵਸ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਬੀ.ਕੇ ਇੰਟਰਨੈਸ਼ਨਲ ਕੋਨਵੈਂਟ ਸਕੂਲ, ਵਾੜਾ ਜੋਧ ਸਿੰਘ ਵੱਲੋਂ 'ਅੰਤਰਰਾਸ਼ਟਰੀ ਯੋਗ ਦਿਵਸ' ਦੇ ਮੌਕੇ ਆਨਲਾਈਨ ਯੋਗ ਕਲਾਸ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਸਪੋਰਟਸ ਅਧਿਆਪਕ ਸੰਦੀਪ ਸਰ ਵੱਲੋਂ ਵਿਦਿਆਰਥੀਆਂ ਨੂੰ ਆਨਲਾਈਨ ਯੋਗ ਕਰਵਾਇਆ ਗਿਆ।ਵੱਖ ਵੱਖ ਯੋਗ ਮੁਦਰਾਵਾਂ ਰਾਹੀਂ ਵਿਦਿਆਰਥੀਆਂ ਨੂੰ ਯੋਗ ਅਭਿਆਸ ਦੇ ਲਾਭ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਦੇ ਨਾਲ ਉਹਨਾਂ ਦੇ ਮਾਤਾ ਪਿਤਾ, ਸਕੂਲ ਦੇ ਸਾਰੇ ਅਧਿਆਪਕ, ਪ੍ਰਿੰਸੀਪਲ ਨੇ ਵੀ ਇਸ



ਆਨਲਾਈਨ ਯੋਗਾ ਕਲਾਸ ਵਿੱਚ ਭਾਗ ਲਿਆ। ਪ੍ਰਿੰਸੀਪਲ ਸ਼੍ਰੀਮਤੀ ਨੀਤੀਮਾ ਨੇ ਇਸ ਮੌਕੇ ਤੇ ਸੰਦੇਸ਼ ਦਿੰਦੇ ਹੋਏ ਕਿਹਾ ਕਿ ਮਾਨਸਿਕ ਅਤੇ ਸ਼ਰੀਰਿਕ ਤੰਦਰੁਸਤੀ ਲਈ ਯੋਗ ਨੂੰ ਆਪਣੇ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਖਾਸ ਕਰ ਵਿਦਿਆਰਥੀਆਂ ਦੇ ਪੜ੍ਹਾਈ ਵਿੱਚ ਧਿਆਨ ਕੇਂਦਰਿਤ ਕਰਨ ਲਈ ਯੋਗ ਅਭਿਆਸ ਬਹੁਤ ਜ਼ਰੂਰੀ ਹੈ।

# ਰਾਤ ਵੇਲੇ ਚੋਰਾਂ ਨੇ ਘਰ ਨੂੰ ਬਣਾਇਆ ਨਿਸ਼ਾਨਾ



**ਫਿਲੌਰ (ਨਿਰਮਲ)-** ਦਰਸ਼ਨ ਸਿੰਘ ਸੈਂਹਬੀ (ਪ੍ਰਧਾਨ ਲਘੂ ਉਦਯੋਗ) ਵਾਸੀ ਫਿਲੌਰ ਨੇ ਦੱਸਿਆ ਕਿ ਬੀਤੀ ਰਾਤ ਚੋਰ ਘਰ ਦੀਆਂ ਖਿੜਕੀਆਂ ਦਰਵਾਜ਼ੇ ਰਾਹੀਂ ਦਾਖ਼ਲ ਹੋਕੇ 2 ਲਾਕਰ ਅਤੇ ਨਗਦੀ 70 ਤੋਂ 80 ਹਜ਼ਾਰ ਰੁਪਏ ਲੈਕੇ ਫ਼ਰਾਰ ਹੋ ਗਏ। ਚੋਰੀ ਸਬੰਧੀਤੜਕਸਾਰ ਪਤਾ ਲੱਗਾ ਜਦੋਂ ਆਪਣੇ ਕਮਰੇ 'ਚੋਂ ਬਾਹਰ ਆਇਆ। ਇਸ ਸਬੰਧ ਵਿੱਚ ਥਾਣਾ ਫਿਲੌਰ ਵਿਖੇ ਰਿਪੋਰਟ ਦਰਜ ਕਰਾਈ ਗਈ, ਪੁਲਸ ਨੇ ਮੌਕੇ 'ਤੇ ਪੁੱਜ ਕੇ ਅਗਲੇਰੀ ਕਾਰਵਾਈ ਦਾ ਭਰੋਸਾ ਦਿਵਾਇਆ।

# ਲਾਇਲਪੁਰ ਖ਼ਾਲਸਾ ਕਾਲਜ ਨੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ




**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਐਨ.ਐਸ.ਐਸ. ਯੂਨਿਟ ਨੇ ਨਹਿਰੂ ਯੁਵਾ ਕੇਂਦਰ, ਜਲੰਧਰ ਅਤੇ ਰੈੱਡ ਰਿਬਨ ਕਲੱਬ, ਐਲ ਕੇ ਸੀ ਦੇ ਸਹਿਯੋਗ ਨਾਲ ਇੱਕ ਧਰਤੀ, ਇੱਕ ਸਿਹਤ ਲਈ ਯੋਗ ਵਿਸ਼ੇ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਇੱਕ ਯੋਗ ਸੈਸ਼ਨ ਦਾ ਆਯੋਜਨ ਕੀਤਾ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਇਸ ਸਮਾਗਮ ਵਿਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਯੋਗ ਭਾਰਤ ਦੀ ਵਿਰਾਸਤ ਹੈ ਜਿਸਦੀ ਪ੍ਰਸਿੱਧੀ ਦੁਨੀਆਂ ਵਿਚ ਫੈਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਤੇਜ਼ੀ ਨਾਲ ਵਧ ਰਹੇ ਸੰਸਾਰ ਵਿੱਚ ਜਿੱਥੇ ਤਣਾਅ ਅਤੇ ਅਲਗਾਵ ਮਨੁੱਖੀ ਸਰੀਰ 'ਤੇ ਬੁਰਾ ਪ੍ਰਭਾਵ ਪਾ ਰਹੇ ਹਨ, ਯੋਗ ਮਨ, ਸਰੀਰ ਅਤੇ ਆਤਮਾ ਨੂੰ ਸੰਤੁਲਿਤ ਕਰਨ ਲਈ ਇੱਕ ਮਹੱਤਵਪੂਰਨ ਹੱਲ ਹੈ। ਸੈਸ਼ਨ ਦੌਰਾਨ, ਸ਼ਾਹ, ਲਚਕਤਾ ਅਤੇ ਮਾਸਪੇਸ਼ੀਆਂ ਦੀ ਤਾਕਤ 'ਤੇ ਕੇਂਦ੍ਰਿਤ ਸੂਰਜ ਨਮਸਕਾਰ, ਪ੍ਰਾਣਾਯਾਮ, ਤਾੜ-ਆਸਣ, ਤ੍ਰਿਕੋਣ ਆਸਣ, ਸ਼ਵ ਆਸਣ ਆਦਿ ਵਰਗੇ ਯੋਗ ਆਸਣ ਕੀਤੇ ਗਏ। ਐਨ.ਐਸ.ਐਸ. ਵਲੰਟੀਅਰਾਂ, ਵਿਦਿਆਰਥੀਆਂ ਅਤੇ ਸਟਾਫ ਨੇ ਇੱਕਸੁਰਤਾ ਨਾਲ ਆਸਣ ਕੀਤੇ। ਐਨ.ਐਸ.ਐਸ. ਚੀਫ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਇਹ ਯੋਗ ਸੈਸ਼ਨ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਨਿਰਦੇਸ਼ਾਂ ਹੇਠ ਆਯੋਜਿਤ ਕੀਤਾ ਗਿਆ ਸੀ। ਇਸ ਸਮਾਗਮ ਦੌਰਾਨ, ਟ੍ਰੇਨਰ ਸਾਕਸ਼ੀ ਸ਼ਰਮਾ ਨੇ ਆਸਣ ਕਰਦੇ ਹੋਏ, ਆਸਣ ਕਰਨ ਦੇ ਸਹੀ ਤਰੀਕੇ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰ ਅਤੇ ਮਨ 'ਤੇ ਪ੍ਰਭਾਵ ਬਾਰੇ ਦੱਸਿਆ। ਇਸ ਰੂਹ ਨੂੰ ਸਕੂਨ ਦੇਣ ਵਾਲੇ ਅਨੁਭਵ ਵਿੱਚ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀਮਤੀ ਨੇਹਾ ਸ਼ਰਮਾ, ਡੀਨ ਸਪੋਰਟਸ ਡਾ. ਰਸ਼ਪਾਲ ਸਿੰਘ ਸੰਧੂ, ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਬਲਰਾਜ ਕੌਰ, ਪ੍ਰੋ. ਅਮਿਤਾ ਸ਼ਾਹੀਦ, ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਸੰਜੀਵ ਕੁਮਾਰ ਆਨੰਦ, ਡਾ. ਹਰੀਓਮ ਵਰਮਾ, ਪ੍ਰੋ. ਅਹੂਜਾ ਸੰਦੀਪ, ਡਾ. ਦਿਨਕਰ ਸ਼ਰਮਾ, ਡਾ. ਪ੍ਰਿਆਕ ਸ਼ਾਰਧਾ, ਡੀਨ ਸੱਭਿਆਚਾਰਕ ਮਾਮਲੇ ਡਾ. ਪਲਵਿੰਦਰ ਸਿੰਘ, ਡਾ. ਮੰਜੂ ਜੋਸ਼ੀ, ਪੰਜਾਬੀ ਵਿਭਾਗ ਦੇ ਮੁਖੀ ਡਾ. ਸੁਰਿੰਦਰ ਪਾਲ ਮੰਡ, ਡਾ. ਅਜੀਤਪਾਲ ਸਿੰਘ, ਡਾ. ਸਰਬਜੀਤ ਸਿੰਘ, ਡਾ. ਹਰਜਿੰਦਰ ਕੌਰ, ਡਾ. ਰਵਨੀਤ ਕੌਰ, ਡਾ. ਨੀਤਿਕਾ ਚੁੱਘ, ਪ੍ਰੋ. ਸਿਮਰਨਜੀਤ ਸਿੰਘ, ਪ੍ਰੋ. ਅਜੇ ਕੁਮਾਰ, ਪ੍ਰੋ. ਮਨਵੀਰ ਪਾਲ, ਪ੍ਰੋ. ਸੋਨੂੰ ਗੁਪਤਾ, ਪ੍ਰੋ. ਵਨੀਤ ਗੁਪਤਾ, ਪ੍ਰਿੰਸੀਪਲ ਦੇ ਪੀ.ਏ. ਸੁਰਿੰਦਰ ਕੁਮਾਰ ਚਲੋਤਰਾ, ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਯੋਗ ਦਿਵਸ ਮਨਾਇਆ

**ਕਪੂਰਥਲਾ (ਹਨੀ)-** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ । ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ । ਯੋਗਾ ਦਿਵਸ 'ਤੇ ਕੁਝ ਸਪੈਸ਼ਲ ਕਰਦਿਆਂ ਪਹਿਲਾਂ ਵਿਦਿਆਰਥੀਆਂ ਨੇ ਹਰ ਰੋਜ਼ ਯੋਗਾ ਕਰਨ ਦਾ ਸੰਕਲਪ ਲਿਆ। ਇਸ ਮੌਕੇ ਬੱਚਿਆਂ ਨੇ ਬਹੁਤ ਸਾਰੇ ਯੋਗ ਆਸਨ ਕੀਤੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ



ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਂਗਾ ਨੇ ਕਿਹਾ ਕਿ ਯੋਗ ਸਾਨੂੰ ਸਰੀਰਕ ਅਤੇ ਮਾਨਸਿਕ ਸ਼ਕਤੀ ਪ੍ਰਦਾਨ ਕਰਦਾ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਹੀ ਹਰ ਰੋਜ਼ ਯੋਗ ਕਰਨਾ ਚਾਹੀਦਾ ਹੈ।



ਜੈ ਮਾਂ ਜਾਗਰਣ ਕਮੇਟੀ ਲੋਹੀਆਂ ਖਾਸ ਵੱਲੋਂ ਅਯੋਧਿਆ, ਪ੍ਰਿਆਗਰਾਜ, ਕਾਸ਼ੀ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ 71ਵੀਂ ਬੱਸ ਯਾਤਰਾ ਵੱਲੋਂ ਪ੍ਰਾਚੀਨ ਸ਼ਿਵ ਮੰਦਿਰ ਤੋਂ ਪੂਜਾ ਅਰਚਨਾ ਤੋਂ ਬਾਅਦ ਵਿੱਚ ਮਹੰਤ ਸ੍ਰੀ ਸ਼ਿਵਗਰੀ ਜੀ ਵੱਲੋਂ ਯਾਤਰਾ ਦੀ ਬੱਸ ਰਵਾਨਾ ਕੀਤੀ ਗਈ। ਮੌਕੇ ਤੇ ਮਹੰਤ ਗੋਪਾਲ ਗਿਰੀ, ਪੰਡਿਤ ਵਿਸ਼ਨੂੰ, ਪੰਡਿਤ ਪਾਰਸ, ਪੰਡਿਤ ਰਘੂਬੀਰ ਹਾਜਰ ਸਨ।

# ਨਸ਼ੀਲੀਆਂ ਗੋਲੀਆਂ ਤੇ ਹੈਰੋਇਨ ਸਣੇ ਕਾਬੂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)-** ਸਿਟੀ ਪੁਲਸ ਨੇ ਨਸ਼ੀਲੀਆਂ ਗੋਲੀਆਂ ਸਣੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਖਿਲਾਫ਼ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕੀਤਾ ਹੈ। ਐਸ.ਐਚ.ਓ ਊਸ਼ਾ ਰਾਣੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਸ ਨੇ ਸਤਲੁਜ ਹਸਪਤਾਲ ਦੇ ਲਾਗਿਉਂ ਇੱਕ ਨੌਜਵਾਨ ਨੂੰ ਕਾਬੂ ਕਰਕੇ ਉਸ ਪਾਸੋਂ 75 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ ਹਨ। ਕਾਬੂ ਕੀਤੇ ਵਿਅਕਤੀ ਦੀ ਪਛਾਣ ਤੇਜਵੀਰ ਸਿੰਘ ਉਰਫ਼ ਪਟਵਾਰੀ ਉਰਫ਼ ਰਿਸੂ ਪੁੱਤਰ ਦਲਬੀਰ ਸਿੰਘ ਵਾਸੀ ਮਾਡਲ ਟਾਊਨ ਖਿਲਾਫ਼ ਵਜੋਂ ਹੋਈ ਹੈ।ਇਸੇ ਤਰ੍ਹਾਂ ਸਤਨਾਮਪੁਰਾ ਪੁਲਸ ਨੇ ਨਸ਼ੇ ਦਾ ਸੇਵਨ ਕਰਦੇ ਹੋਏ ਇੱਕ ਵਿਅਕਤੀ ਨੂੰ ਕਾਬੂ ਕਰਕੇ ਕੇਸ ਦਰਜ ਕੀਤਾ ਹੈ। ਕਾਬੂ ਕੀਤੇ ਵਿਅਕਤੀ ਦੀ ਪਛਾਣ ਪਰਮਜੀਤ ਸਿੰਘ ਉਰਫ਼ ਮਿੱਠੂ ਪੁੱਤਰ ਕੁਲਦੀਪ ਸਿੰਘ ਵਾਸੀ ਬਸੰਤ ਨਗਰ ਵਜੋਂ ਹੋਈ ਹੈ। ਇਸੇ ਤਰ੍ਹਾਂ ਸਦਰ ਕਪੂਰਥਲਾ ਨੇ ਸਾਹਿਜਪਾਲ ਸਿੰਘ ਪੁੱਤਰ ਪ੍ਰਿੰਸ ਪੁੱਤਰ ਸੁਖਦੇਵ ਮਹਿਰਾ ਵਾਸੀ ਆਲਮਗੀਰ ਕਾਲਾ ਸੰਘਿਆ ਨੂੰ ਕਾਬੂ ਕਰਕੇ 7 ਗ੍ਰਾਮ ਹੈਰੋਇਨ ਤੇ 30 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ ਹਨ। ਇਸੇ ਤਰ੍ਹਾਂ ਸੁਭਾਨਪੁਰ ਪੁਲਸ ਨੇ ਰਣਧੀਰ ਸਿੰਘ ਉਰਫ਼ ਧੀਰਾ ਪੁੱਤਰ ਇੰਨਸਪੈਕਟਰ ਸਿੰਘ ਵਾਸੀ ਲੱਖਣ ਖੋਲੇ ਪਾਸੋਂ 6 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਹੈ।

**ਜਨਮ ਦਿਨ ਮੁਬਾਰਕ**



ਸਮਰੱਥ ਸਿੰਘ
ਪਿਤਾ : ਹਰਪ੍ਰੀਤ ਸਿੰਘ
ਮਾਤਾ : ਬਲਜੀਤ ਕੌਰ
ਵਾਸੀ : ਕਾਦੀਆਂ



ਕੁਵਮ ਜਿੰਦਲ
ਪਿਤਾ : ਅਮਨ ਜਿੰਦਲ
ਮਾਤਾ : ਅਮੀਸ਼ਾ
ਵਾਸੀ : ਰਾਮਪੁਰਾ ਫੂਲ

# ਲੈਂਡ ਪੂਲਿੰਗ ਸਕੀਮ ਰੱਦ ਕਰਵਾਉਣ ਸੰਬੰਧੀ ਪੰਜਾਬ ਸਰਕਾਰ ਨਾਲ 26 ਨੂੰ ਹੋਵੇਗੀ ਮੀਟਿੰਗ : ਰਾਣਾ

**ਬਲਾਚੌਰ (ਜਸਵਿੰਦਰ ਬੈਂਸ)-** ਸਮੁੱਚੇ ਪੰਜਾਬ ਅੰਦਰ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ ਅਤੇ ਆਮ ਲੋਕਾਂ ਵੱਲੋਂ ਲੈਂਡ ਪੂਲਿੰਗ ਸਕੀਮ ਦਾ ਵਿਰੋਧ ਕੀਤਾ ਜਾ ਰਿਹਾ ਹੈ। ਜਿਸ ਸਬੰਧੀ ਖੇਤ ਬਚਾਓ, ਰੁਜ਼ਗਾਰ ਬਚਾਓ ਅਤੇ ਪਿੰਡ ਬਚਾਓ ਮੁਹਿੰਮ ਤਹਿਤ ਪੰਜਾਬ ਸਰਕਾਰ ਨਾਲ 26 ਜੂਨ ਨੂੰ ਵਿਸ਼ੇਸ਼ ਮੀਟਿੰਗ ਕੀਤੀ ਜਾਵੇਗੀ।



ਇਹ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਬਲਦੇਵ ਸਿੰਘ ਬੱਲੀ ਜ਼ਿਲ੍ਹਾ ਆਗੂ ਅਤੇ ਕਰਨੈਲ ਸਿੰਘ ਭੱਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਦੱਸਿਆ ਕਿ 26 ਜੂਨ ਨੂੰ ਪੀੜਤ ਲੋਕਾਂ ਦੇ ਆਗੂਆਂ ਵੱਲੋਂ ਕਾਮਰੇਡ ਤਰਸੇਮ ਸਿੰਘ ਜੋਧਾ ਸਾਬਕਾ ਵਿਧਾਇਕ ਅਤੇ ਜਨਰਲ ਸਕੱਤਰ ਭਾਈ ਲਾਲੋ ਲੋਕ ਮੰਚ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਖੇਤੀਬਾੜੀ ਮੰਤਰੀ ਨਾਲ ਗੱਲਬਾਤ ਕੀਤੀ ਜਾਵੇਗੀ ਅਤੇ ਲੈਂਡ ਪੂਲਿੰਗ ਸਕੀਮ ਨੂੰ ਵਾਪਸ ਲੈਣ ਦੀ ਮੰਗ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਸਾਥੀ ਤਰਸੇਮ ਸਿੰਘ ਜੋਧਾ ਦੀ ਅਗਵਾਈ ਹੇਠ ਪੀੜਤ ਲੋਕਾਂ ਨੇ ਮੁੱਖ ਮੰਤਰੀ ਪੰਜਾਬ ਨੂੰ ਇੱਕ ਮੰਗ ਪੱਤਰ ਦਿੱਤਾ ਸੀ ਜਿਸ ਦੇ ਸਿੱਟੇ ਵਜੋਂ 26 ਜੂਨ ਦੀ ਮੀਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਲਗਪਗ ਸਾਰੇ ਪੰਜਾਬ ਦੇ ਵੱਡੇ ਸ਼ਹਿਰਾਂ ਦੇ ਨਾਲ ਲੱਗਦੇ ਪਿੰਡਾਂ ਦੀ ਜ਼ਮੀਨ ਲੈਂਡ ਪੂਲਿੰਗ ਸਕੀਮ ਰਾਹੀਂ ਇਕਵਾਇਰ ਕਰਕੇ ਸ਼ਹਿਰੀ ਕਲੋਨੀਆਂ ਦੀ ਉਸਾਰੀ ਕੀਤੀ ਜਾਵੇਗੀ ਜਿਸ ਦਾ ਵੱਡੇ ਪੱਧਰ 'ਤੇ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅੰਦਰ 383 ਏਕੜ ਜ਼ਮੀਨ ਇਕਵਾਇਰ ਕੀਤੀ ਜਾ ਰਹੀ ਹੈ। ਆਗੂਆਂ ਨੇ ਪੰਜਾਬ ਦੀਆਂ ਸਮੂਹ ਇਨਸਾਫ ਪਸੰਦ ਜਥੇਬੰਦੀਆਂ, ਲੋਕਾਂ ਅਤੇ ਰਾਜਨੀਤਿਕ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਵੱਧ ਚੜ੍ਹ ਕੇ ਸਮਰਥਨ ਕਰਨ।

# ਸਹੁਰੇ ਪਰਵਾਰ ਦੇ 6 ਮੈਂਬਰਾਂ 'ਤੇ ਕੇਸ ਦਰਜ, 2 ਗ੍ਰਿਫਤਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਮੰਗੇਤਰ ਵੱਲੋਂ ਕੈਨੇਡਾ ਲੈ ਕੇ ਜਾਣ ਦਾ ਝਾਂਸਾ ਦੇ ਕੇ ਬਾਅਦ ਵਿੱਚ ਮੁੱਕਰ ਜਾਣ ਦੇ ਦੁੱਖ ਨੂੰ ਨਾ ਝੱਲਦੇ ਹੋਏ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਸੈਲਾ ਕਲਾਂ ਨਿਵਾਸੀ ਇੱਕ ਨੌਜਵਾਨ ਨੇ ਆਪਣੀ ਜਾਨ ਦੇ ਦਿੱਤੀ । ਇਸ ਸਬੰਧੀ ਪੁਲਸ ਨੇ ਮ੍ਰਿਤਕ ਨੌਜਵਾਨ ਦੇ ਸਹੁਰੇ ਪਰਵਾਰ ਦੇ ਛੇ ਮੈਂਬਰਾਂ ਖਿਲਾਫ ਕੇਸ ਦਰਜ ਕਰਕੇ ਸੱਸ ਅਤੇ ਸਹੁਰੇ ਨੂੰ ਗ੍ਰਿਫਤਾਰ ਕਰ ਲਿਆ ਹੈ।ਮ੍ਰਿਤਕ ਨੌਜਵਾਨ ਦੇ ਪਿਤਾ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਨੌਜਵਾਨ ਬੇਟੇ ਕਰਨਵੀਰ ਸਿੰਘ (24) ਦੀ ਮੰਗਣੀ ਜ਼ਿਲ੍ਹਾ ਬਟਾਲਾ ਦੇ ਪਿੰਡ ਬੁਰਜ ਅਰਾਈਆਂ ਦੀ ਲੜਕੀ ਨਵਜੋਤ ਕੌਰ ਨਾਲ ਹੋਈ । ਉਹਨਾਂ ਨੇ ਦੱਸਿਆ ਕਿ ਮੰਗਣੀ ਤੋਂ ਪਹਿਲਾਂ ਦੋਵਾਂ ਪਰਵਾਰਾਂ ਦੀ ਹੋਈ ਸਹਿਮਤੀ ਮੁਤਾਬਕ ਕੁੜੀ ਨੂੰ ਸਟੱਡੀ ਵੀਜ਼ਾ 'ਤੇ ਕਨੇਡਾ ਭੇਜਣ ਅਤੇ ਮੰਗਣੇ 'ਤੇ ਹੋਣ ਵਾਲੇ ਸਾਰੇ ਖਰਚੇ ਅਸੀਂ ਕਰਨੇ ਸੀ ਜਿਸ ਮੁਤਾਬਕ ਟਾਂਡੇ ਦੇ ਇੱਕ ਪੈਲਸ ਵਿੱਚ ਸਾਲ 2022 ਨੂੰ ਮੰਗਣੇ ਦਾ ਪ੍ਰੋਗਰਾਮ ਹੋਇਆ ਜਿਸ ਦਾ ਸਾਰਾ ਖਰਚਾ ਉਨ੍ਹਾਂ ਵੱਲੋਂ ਕੀਤਾ ਗਿਆ ਅਤੇ ਉਸ ਤੋਂ ਬਾਅਦ ਵੀ ਉਹਨਾਂ ਵੱਲੋਂ ਸਾਰਾ ਖਰਚਾ ਕਰਕੇ ਕੁੜੀ ਨੂੰ ਕਾਲਜ ਦੀਆਂ ਫੀਸਾਂ ਸਮੇਤ ਟਿਕਟਾਂ ਲੈ ਕੇ ਕਨੇਡਾ ਮੁੰਡੇ ਦੇ ਮਾਮੇ ਕੋਲ ਭੇਜਿਆ ਪਰ ਹੁਣ ਪਿਛਲੇ ਡੇਢ ਸਾਲ ਤੋਂ ਕੁੜੀ ਨੇ ਨਵਜੋਤ ਕੌਰ ਨੇ ਪਰੇਸ਼ਾਨ ਕੀਤਾ ਹੋਇਆ ਸੀ ਕਿ ਛੇ-ਸੱਤ ਲੱਖ ਰੁਪਏ ਲਾ ਕੇ ਉਸਦੇ ਭਰਾ ਪ੍ਰਭਜੋਤ ਨੂੰ ਵੀ ਕੈਨੇਡਾ ਭੇਜਿਆ ਜਾਵੇ। ਉਸ ਦਾ ਵੀ ਸਾਰਾ ਖਰਚਾ ਅਸੀਂ ਕੀਤਾ ਤੇ ਉਹ ਕਨੇਡਾ ਤੋਂ ਅੱਗੇ ਅਮਰੀਕਾ ਨਿਕਲ ਗਿਆ ਜਿਸ ਤੋਂ ਬਾਅਦ ਕੁੜੀ ਨੇ ਮੁੰਡੇ ਨਾਲ ਗੱਲ ਕਰਨੀ ਬੰਦ ਕਰ ਦਿੱਤੀ । ਜਦੋਂ ਉਹਨਾਂ ਦੇ ਕੈਨੇਡਾ ਰਹਿੰਦੇ ਰਿਸ਼ਤੇਦਾਰਾਂ ਨੇ ਪੁੱਛਗਿੱਛ ਕੀਤੀ ਤਾਂ ਉਸ ਦੀ ਅੱਗੋਂ ਕਿਸੇ ਹੋਰ ਮੁੰਡੇ ਨਾਲ ਦੋਸਤੀ ਨਿਕਲੀ ਅਤੇ ਕੁੜੀ ਨੇ ਸਾਡੇ ਮੁੰਡੇ ਨਾਲ ਰਿਸ਼ਤਾ



ਰੱਖਣ ਤੋਂ ਇਨਕਾਰ ਕਰਦੇ ਹੋਏ ਉਸ ਦਾ ਨੰਬਰ ਬਲੈਕ ਲਿਸਟ ਵਿੱਚ ਪਾ ਦਿੱਤਾ । ਜਦੋਂ ਇਸ ਮਾਮਲੇ ਬਾਰੇ ਕੁੜੀ ਦੇ ਪਰਵਾਰ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਮੰਨਿਆ ਕਿ ਉਹ ਪੈਸੇ ਵਾਪਸ ਕਰ ਦੇਣਗੇ ਜਿਸ ਲਈ 31 ਮਈ ਦਾ ਟਾਈਮ ਨਿਰਧਾਰਿਤ ਕੀਤਾ ਗਿਆ। ਪਰ ਇਹ ਟਾਈਮ ਦੇਣ ਤੋਂ ਬਾਅਦ ਵੀ ਉਹ ਮੁਕਰ ਗਏ। ਜਿਸ ਤੋਂ ਪਰੇਸ਼ਾਨ ਹੋ ਕੇ ਕਰਨਵੀਰ ਨੇ ਬੀਤੇ ਦਿਨ ਆਪਣੀ ਜਾਨ ਦੇ ਦਿੱਤੀ । ਥਾਣਾ ਮਾਹਿਲਪੁਰ ਦੇ ਮੁਖੀ ਗਗਨਦੀਪ ਸਿੰਘ ਸੇਖੋਂ ਨੇ ਦੱਸਿਆ ਕਿ ਕੁਲਵਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਸੈਲਾਂ ਕਲਾਂ ਵਲੋਂ ਪੁਲਸ ਨੂੰ ਦਿੱਤੀ ਦਰਖਾਸਤ 'ਚ ਦੱਸਿਆ ਕਿ ਉਸ ਦਾ ਵੱਡਾ ਲੜਕਾ ਕਰਨਵੀਰ ਸਿੰਘ ਉਮਰ ਕਰੀਬ 24 ਸਾਲ ਦੀ ਮਿਤੀ 15.05.2022 ਨੂੰ ਕਸਬਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਨਵਜੋਤ ਕੌਰ ਪੁੱਤਰੀ ਬਲਵਿੰਦਰ ਸਿੰਘ ਵਾਸੀ ਬੁਰਜ ਅਰਾਈਆਂ ਥਾਣਾ ਕਿਲਾ ਲਾਲ ਸਿੰਘ ਜ਼ਿਲ੍ਹਾ ਬਟਾਲਾ ਨਾਲ ਮੰਗਣੀ ਹੋਈ ਸੀ । ਜੋ ਇਸ ਮੰਗਣੀ ਦਾ ਸਾਰਾ ਖਰਚ ਕਰੀਬ 50,000 ਰੁਪਏ ਕੀਤੇ ਸਨ ਅਤੇ ਇਹ ਰਿਸ਼ਤਾ ਲਖਵਿੰਦਰ ਸਿੰਘ ਅਤੇ ਉਸ ਦੀ ਪਤਨੀ ਬੇਵੀ ਵਾਸੀਆਨ ਜੁਹਰਾ ਥਾਣਾ ਭੋਗਪੁਰ ਜ਼ਿਲ੍ਹਾ ਜਲੰਧਰ ਦਿਹਾਤੀ ਨੇ ਵਿਚੋਲੇ ਬਣ ਕੇ ਕਰਵਾਇਆ ਸੀ। ਉਨ੍ਹਾਂ ਦੱਸਿਆ ਕਿ ਨਵਜੋਤ ਕੌਰ ਨੇ ਆਈਲੈਟ ਕੀਤੀ ਹੋਈ ਸੀ, ਜਿਸਦੇ 6.5 ਬੈਂਡ ਸਨ, ਸਾਡਾ ਇਹਨਾਂ ਨਾਲ ਜ਼ਬਾਨੀ ਐਗਰੀਮੈਂਟ ਹੋਇਆ ਸੀ ਕਿ ਲੜਕੀ ਨਵਜੋਤ ਕੌਰ ਕੈਨੇਡਾ ਜਾ ਕੇ ਉਸਦੇ ਲੜਕੇ ਕਰਨਵੀਰ ਸਿੰਘ ਨੂੰ ਕੈਨੇਡਾ ਲੈ ਕੇ ਜਾਵੇਗੀ। ਉਨ੍ਹਾਂ ਦੱਸਿਆ ਕਿ ਲੜਕੀ ਨਵਜੋਤ ਕੌਰ ਨੂੰ ਕੈਨੇਡਾ ਭੇਜਣ ਲਈ ਸਾਡਾ ਕਰੀਬ 26-27 ਲੱਖ ਰੁਪਏ ਲੱਗ ਗਏ ਪਰ ਨਾ ਹੀ ਉਸਦਾ ਲੜਕਾ ਵਿਦੇਸ਼ ਲੈ ਕੇ ਗਈ ਨਾ ਹੀ ਪੈਸੇ ਵਾਪਸ ਕੀਤੇ ਜਿਸ 'ਤੇ ਉਸਦਾ ਲੜਕਾ ਟੈਂਸ਼ਨ ਵਿੱਚ ਰਹਿਣ ਲੱਗ ਪਿਆ ਅਤੇ 19/20 ਜੂਨ ਦੀ ਦਰਮਿਆਨੀ ਰਾਤ ਨੂੰ ਕੋਈ ਜ਼ਹਿਰੀਲੀ ਚੀਜ਼ ਖਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ।ਲੜਕੇ ਨੇ ਨਵਜੋਤ ਕੌਰ ਪੁੱਤਰੀ ਬਲਵਿੰਦਰ ਸਿੰਘ, ਪਭਜੋਤ ਸਿਘ ਪੁੱਤਰ ਬਲਵਿੰਦਰ ਸਿੰਘ, ਬਲਵਿੰਦਰ ਸਿੰਘ ਪੁੱਤਰ ਗਿਆਨ ਸਿੰਘ, ਰਾਜਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀਆਨ ਪਿੰਡ ਬੁਰਜ ਅਰਾਈਆਂ ਥਾਣਾ ਕਿਲਾ ਲਾਲ ਸਿੰਘ ਜ਼ਿਲ੍ਹਾ ਬਟਾਲਾ, ਲਖਵਿੰਦਰ ਸਿੰਘ ਅਤੇ ਉਸ ਦੀ ਪਤਨੀ ਬੇਵੀ 'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਇਸ ਮੌਕੇ ਪਿੰਡ ਦੇ ਸਰਪੰਚ ਗੁਰਲਾਲ ਸੈਲਾ ਨੇ ਦੱਸਿਆ ਕਿ ਕੁੜੀ ਦੇ ਸਾਰੇ ਪਰਵਾਰ ਨੇ ਹਮ ਸਲਾਹ ਹੋ ਕੇ ਮੁੰਡੇ ਦੇ ਪਰਵਾਰ ਨਾਲ ਧੋਖਾਦੇਹੀ ਕੀਤੀ ਹੈ ਉਹਨਾਂ ਨੂੰ ਇਨਸਾਫ ਮਿਲਣਾ ਚਾਹੀਦਾ ਹੈ । ਉਹਨਾਂ ਮੰਗ ਕੀਤੀ ਕਿ ਬਾਕੀ ਰਹਿੰਦੇ ਪਰਵਾਰਕ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਜਾਵੇ ਅਤੇ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ।